ਵੀਰਵਾਰ, 5 ਜੂਨ, 2025
24 ਜੇਠ {ਨਾਨਕਸ਼ਾਹੀ 557 / ਬਿਕਰਮੀ 2082}
ਜਿਲਦ/VOL. : 74
ਅੰਕ/NO. : 4

# ਰੋਜ਼ਾਨਾ ਨਵਾਂ ਜ਼ਮਾਨਾ

DAILY NAWAN ZAMANA • THURSDAY, 5 JUNE, 2025
ਜਲੰਧਰ

'ਨਵਾਂ ਜ਼ਮਾਨਾ' ਦੇ ਫ਼ੋਨ ਨੰਬਰ

| | |
|---|---|
| ਪੁੱਛ-ਗਿੱਛ (ਰਿਸੈਪਸ਼ਨ) | 0181-5097300 |
| ਇਸ਼ਤਿਹਾਰ ਵਿਭਾਗ | 0181-5097302 |
| ਸਾਹਿਤ ਸੰਪਾਦਕ (ਐਤਵਾਰਤਾ) | 0181-5097305 |
| ਕੰਪਿਊਟਰ ਰੂਮ | 0181-5097310 |
| ਵੈੱਬ ਟੀ ਵੀ | 0181-5133160 |

nawan zamana TV

ਕੀਮਤ/PRICE : 5.00 ਰੁਪਏ Regd. No : L-4/Pb-JL-0023/2024-26, (R.N.I.)-00068/57 E-mail : nawanzamana@gmail.com www.nawanzamana.in ਸਫ਼ੇ : 12

## ਆਈ ਐੱਸ ਆਈ ਤੇ ਰਾਅ ਦਾ ਮੇਲਜੋਲ ਦਹਿਸ਼ਤਗਰਦੀ ਘਟਾ ਸਕਦੈ : ਬਿਲਾਵਲ



**ਨਿਊ ਯਾਰਕ** : ਪਾਕਿਸਤਾਨ ਪੀਪਲਜ਼ ਪਾਰਟੀ ਦੇ ਚੇਅਰਮੈਨ ਤੇ ਸਾਬਕਾ ਵਿਦੇਸ਼ ਮੰਤਰੀ ਬਿਲਾਵਲ ਭੁੱਟੋ ਜ਼ਰਦਾਰੀ ਨੇ ਕਿਹਾ ਹੈ ਕਿ ਭਾਰਤ ਤੇ ਪਾਕਿਸਤਾਨ ਦੀਆਂ ਇੰਟੈਲੀਜੈਂਸ ਏਜੰਸੀਆਂ ਵਿਚਾਲੇ ਮਿਲਵਰਤਨ ਦੱਖਣੀ ਏਸ਼ੀਆ ਵਿੱਚ ਦਹਿਸ਼ਤਗਰਦੀ ਨੂੰ ਕਾਫੀ ਘਟਾ ਸਕਦਾ ਹੈ। ਹਾਲੀਆ ਭਾਰਤ-ਪਾਕਿਸਤਾਨ ਟਕਰਾਅ ਤੋਂ ਬਾਅਦ ਹਮਾਇਤ ਜੁਟਾਉਣ ਨਿਕਲੇ ਬਿਲਾਵਲ ਨੇ ਸੰਯੁਕਤ ਰਾਸ਼ਟਰ ਹੈੱਡਕੁਆਰਟਰ ਵਿਖੇ ਮੰਗਲਵਾਰ ਪ੍ਰੈੱਸ ਕਾਨਫਰੰਸ ਵਿੱਚ ਕਿਹਾ, 'ਮੈਨੂੰ ਪੂਰਾ ਭਰੋਸਾ ਹੈ ਕਿ ਜੇਕਰ ਆਈ ਐੱਸ ਆਈ (ਇੰਟਰ ਸਰਵਿਸਿਜ਼ ਇੰਟੈਲੀਜੈਂਸ) ਤੇ ਰਾਅ (ਰਿਸਰਚ ਐਂਡ ਅਨੈਲੇਸਿਜ਼ ਵਿੰਗ) ਇਨ੍ਹਾਂ ਤਾਕਤਾਂ ਨਾਲ ਇਕੱਠੀਆਂ ਲੜਨ ਲਈ ਤਿਆਰ ਹੋ ਜਾਣ ਤਾਂ ਅਸੀਂ ਭਾਰਤ ਤੇ ਪਾਕਿਸਤਾਨ ਵਿੱਚ ਦਹਿਸ਼ਤਗਰਦੀ 'ਚ ਕਾਫੀ ਕਮੀ ਦੇਖ ਸਕਦੇ ਹਾਂ।'

ਬਿਲਾਵਲ ਦਾ ਇਹ ਬਿਆਨ ਉਦੋਂ ਆਇਆ ਹੈ, ਜਦੋਂ ਸ਼ਸ਼ੀ ਥਰੂਰ ਦੀ ਅਗਵਾਈ ਵਿੱਚ ਭਾਰਤੀ ਸੰਸਦ ਮੈਂਬਰਾਂ ਦਾ ਸਰਬ ਪਾਰਟੀ ਵਫਦ ਅਗਲੇ ਦੋ ਦਿਨ ਅਮਰੀਕੀ ਕਾਂਗਰਸ ਦੇ ਮੈਂਬਰਾਂ, ਪ੍ਰਸ਼ਾਸਨ ਦੇ ਅਧਿਕਾਰੀਆਂ, ਥਿੰਕ ਟੈਂਕਾਂ ਤੇ ਮੀਡੀਆ ਨੂੰ ਪਾਕਿਸਤਾਨ ਦੀਆਂ ਸਾਜ਼ਿਸ਼ਾਂ ਤੋਂ ਜਾਣੂ ਕਰਾਉਣ ਲਈ ਪੁੱਜਣ ਵਾਲਾ ਹੈ। ਬਿਲਾਵਲ ਨੇ ਸੰਸਾਰ ਭਾਈਚਾਰੇ ਨੂੰ ਇਹ ਵੀ ਸੱਦਾ ਦਿੱਤਾ ਕਿ ਉਹ ਦੱਖਣੀ ਏਸ਼ੀਆ ਵਿੱਚ ਦਿਲਚਸਪੀ ਲਵੇ, ਕਿਉਂਕਿ ਹਾਲੀਆ ਲੜਾਈਬੰਦੀ ਤੋਂ ਬਾਅਦ ਪ੍ਰਮਾਣੂ ਹਥਿਆਰਾਂ ਨਾਲ ਲੈਸ ਦੋਹਾਂ ਗੁਆਂਢੀਆਂ ਵਿਚਾਲੇ ਟਕਰਾਅ ਦਾ ਰਿਸਕ ਵਧਿਆ ਹੈ, ਖਤਮ ਨਹੀਂ ਹੋਇਆ। ਉਨ੍ਹਾ ਕਿਹਾ, 'ਕੌਮਾਂਤਰੀ ਭਾਈਚਾਰੇ ਦੇ ਦਖਲ ਅਤੇ ਖਾਸ ਤੌਰ 'ਤੇ ਅਮਰੀਕੀ ਰਾਸ਼ਟਰਪਤੀ ਡੋਨਾਲਡ ਟਰੰਪ ਤੇ ਵਿਦੇਸ਼ ਮੰਤਰੀ ਮਾਰਕੋ ਰੂਬੀਓ ਦੀ ਅਗਵਾਈ ਵਾਲੀ ਟੀਮ ਵੱਲੋਂ ਨਿਭਾਏ ਗਏ ਰੋਲ ਨਾਲ ਲੜਾਈਬੰਦੀ ਹੋ ਸਕੀ। ਇਹ ਸਵਾਗਤਯੋਗ ਪਹਿਲਾ ਕਦਮ ਹੈ, ਪਰ ਸਿਰਫ ਪਹਿਲਾ ਹੀ ਕਦਮ।'

## ਜਸ਼ਨਾਂ 'ਚ ਰੁਲ ਗਈਆਂ ਜਿੰਦਾਂ



ਬੇਂਗਲੁਰੂ : ਰਾਇਲ ਚੈਲੰਜ ਬੇਂਗਲੁਰੂ ਦੇ ਆਈ ਪੀ ਐੱਲ ਟਰਾਫੀ ਜਿੱਤਣ ਦੀ ਖੁਸ਼ੀ ਵਿੱਚ ਮਨਾਏ ਜਾ ਰਹੇ ਜਸ਼ਨ ਦੌਰਾਨ ਬੁੱਧਵਾਰ ਇੱਥੋਂ ਨੇੜੇ ਐੱਮ ਚਿੰਨਾਸਵਾਮੀ ਸਟੇਡੀਅਮ ਵਿਖੇ ਭਗਦੜ ਵਿੱਚ ਇੱਕ ਮਹਿਲਾ ਤੇ ਇੱਕ ਮੁੰਡੇ ਸਣੇ 10 ਤੋਂ ਵੱਧ ਲੋਕ ਮਾਰੇ ਗਏ ਤੇ 50 ਤੋਂ ਵੱਧ ਜ਼ਖਮੀ ਹੋ ਗਏ। ਲੋਕ ਸਟੇਡੀਅਮ ਦੇ ਅੰਦਰ ਵੜਨ ਦੀ ਕੋਸ਼ਿਸ਼ ਕਰ ਰਹੇ ਸਨ। ਕਰਨਾਟਕ ਦੇ ਉੱਪ ਮੁੱਖ ਮੰਤਰੀ ਡੀ ਕੇ ਸ਼ਿਵ ਕੁਮਾਰ ਨੇ ਇਸ ਤ੍ਰਾਸਦੀ 'ਤੇ ਮੁਆਫੀ ਮੰਗਦਿਆਂ ਕਿਹਾ ਕਿ ਪੰਜ ਹਜ਼ਾਰ ਤੋਂ ਵੱਧ ਪੁਲਸਮੈਨ ਤਾਇਨਾਤ ਕੀਤੇ ਗਏ ਸਨ, ਪਰ ਨੌਜਵਾਨ ਸੰਭਾਲੇ ਨਹੀਂ ਗਏ। ਉਨ੍ਹਾਂ 'ਤੇ ਲਾਠੀਚਾਰਜ ਵੀ ਨਹੀਂ ਕਰ ਸਕਦੇ ਸਾਂ। ਸਟੇਡੀਅਮ ਦੇ ਅੰਦਰ ਟਿਕਟਾਂ ਤੇ ਪਾਸਾਂ ਵਾਲੇ ਜਾ ਸਕਦੇ ਸਨ, ਪਰ ਲੋਕ ਬਹੁਤ ਇਕੱਠੇ ਹੋ ਗਏ।

## 20 ਮੁਲਾਜ਼ਮਾਂ ਤੱਕ ਵਾਲੇ ਦੁਕਾਨਦਾਰਾਂ ਤੇ ਵਪਾਰੀਆਂ ਦੇ ਹੱਕ 'ਚ ਵੱਡਾ ਫੈਸਲਾ

**ਚੰਡੀਗੜ੍ਹ, (ਗੁਰਜੀਤ ਬਿੱਲਾ/ ਕ੍ਰਿਸ਼ਨ ਗਰਗ)**-ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਬੁੱਧਵਾਰ ਹੋਈ ਕੈਬਨਿਟ ਦੀ ਮੀਟਿੰਗ ਵਿੱਚ 95 ਫੀਸਦੀ ਛੋਟੇ ਕਾਰੋਬਾਰਾਂ ਉਤੇ ਲਗਦੀਆਂ ਸ਼ਰਤਾਂ ਨੂੰ ਘਟਾਉਂਦਿਆਂ ਤੇ ਕਾਰੋਬਾਰ ਨੂੰ ਸੁਖਾਲਾ ਬਣਾਉਣ ਲਈ ਪੰਜਾਬ ਦੁਕਾਨ ਤੇ ਵਪਾਰਕ ਅਦਾਰੇ ਐਕਟ 1958 ਵਿੱਚ ਸੋਧ ਦੀ ਮਨਜ਼ੂਰੀ ਦੇ ਦਿੱਤੀ ਗਈ।

ਮੁੱਖ ਮੰਤਰੀ ਦਫ਼ਤਰ ਦੇ ਬੁਲਾਰੇ ਨੇ ਦੱਸਿਆ ਕਿ ਇਸ ਪ੍ਰਗਤੀਸ਼ੀਲ ਸੋਧ ਮੁਤਾਬਕ 20 ਤੱਕ ਮੁਲਾਜ਼ਮਾਂ ਵਾਲੇ ਸਾਰੇ ਅਦਾਰਿਆਂ ਨੂੰ ਹੁਣ ਇਸ ਐਕਟ ਦੀਆਂ ਸਾਰੀਆਂ ਤਜਵੀਜ਼ਾਂ ਤੋਂ ਛੋਟ ਹੋਵੇਗੀ।ਇਸ ਕਦਮ ਨਾਲ ਪੰਜਾਬ ਭਰ ਦੇ ਲੱਖਾਂ ਦੁਕਾਨ ਮਾਲਕਾਂ ਨੂੰ ਸਿੱਧਾ ਲਾਭ ਮਿਲਣ ਦੀ ਸੰਭਾਵਨਾ ਹੈ, ਹਾਲਾਂਕਿ ਅਜਿਹੇ ਅਦਾਰਿਆਂ ਨੂੰ ਆਪਣਾ ਕਾਰੋਬਾਰ ਸ਼ੁਰੂ ਕਰਨ ਜਾਂ ਇਸ ਐਕਟ ਦੇ ਲਾਗੂ ਹੋਣ ਦੇ ਛੇ ਮਹੀਨਿਆਂ ਦੇ ਅੰਦਰ-ਅੰਦਰ ਕਿਰਤ ਵਿਭਾਗ ਕੋਲ ਸੰਬੰਧਤ ਜਾਣਕਾਰੀ ਜਮ੍ਹਾਂ ਕਰਵਾਉਣ ਦੀ ਲੋੜ ਹੋਵੇਗੀ।

ਮੁਲਾਜ਼ਮਾਂ ਦੀਆਂ ਤਨਖ਼ਾਹਾਂ ਵਿੱਚ ਵਾਧੇ ਲਈ ਇਕ ਤਿਮਾਹੀ ਵਿੱਚ ਓਵਰਟਾਈਮ ਦੀ ਪ੍ਰਵਾਨਗੀ ਦੇ ਘੰਟੇ 50 ਤੋਂ ਵਧਾ ਕੇ 144 ਕਰ ਦਿੱਤੇ ਗਏ ਹਨ। ਇਸ ਤੋਂ ਇਲਾਵਾ ਰੋਜ਼ਾਨਾ ਦੇ ਕੰਮਕਾਜ ਦਾ ਸਮਾਂ 10 ਤੋਂ ਵਧਾ ਕੇ 12 ਘੰਟੇ ਕਰ ਦਿੱਤਾ ਗਿਆ, ਜਿਸ ਵਿੱਚ ਆਰਾਮ ਲਈ ਸਮਾਂ ਵੀ ਸ਼ਾਮਲ ਹੈ। ਇਸ ਦੇ ਨਾਲ-ਨਾਲ ਮੁਲਾਜ਼ਮਾਂ ਨੂੰ ਰੋਜ਼ਾਨਾ 9 ਘੰਟਿਆਂ ਜਾਂ ਹਫ਼ਤੇ ਵਿੱਚ 48 ਘੰਟਿਆਂ ਤੋਂ ਵੱਧ ਸਮੇਂ ਉੱਤੇ ਨਿਯਮਤ ਦਰ ਤੋਂ ਦੁੱਗਣੀ ਦਰ ਨਾਲ ਭੁਗਤਾਨ ਕਰਨਾ ਲਾਜ਼ਮੀ ਹੋਵੇਗਾ।

20 ਜਾਂ ਵੱਧ ਮੁਲਾਜ਼ਮਾਂ ਵਾਲੇ ਅਦਾਰਿਆਂ ਨੂੰ ਹੁਣ ਅਰਜ਼ੀ ਜਮ੍ਹਾਂ ਕਰਵਾਉਣ ਦੇ 24 ਘੰਟਿਆਂ ਦੇ ਅੰਦਰ-ਅੰਦਰ ਰਜਿਸਟ੍ਰੇਸ਼ਨ ਲਈ ਮਨਜ਼ੂਰੀ ਖ਼ੁਦ-ਬ-ਖ਼ੁਦ ਮਿਲੀ ਹੋਈ ਮੰਨੀ ਜਾਵੇਗੀ। ਇਸ ਸੋਧ ਤਹਿਤ 20 ਮੁਲਾਜ਼ਮਾਂ ਤੱਕ ਵਾਲੇ ਅਦਾਰਿਆਂ ਨੂੰ ਸਿਰਫ਼ ਮੁੱਢਲੀ ਜਾਣਕਾਰੀ ਦੇਣ ਦੀ ਲੋੜ ਹੋਵੇਗੀ ਅਤੇ ਉਨ੍ਹਾਂ ਨੂੰ ਰਜਿਸਟਰ ਦੀ ਲੋੜ ਨਹੀਂ ਹੋਵੇਗੀ। ਇਸ ਦੇ ਨਾਲ-ਨਾਲ ਧਾਰਾ 21 ਤੇ 26 ਅਧੀਨ ਜੁਰਮਾਨਿਆਂ ਨੂੰ ਵੀ ਤਰਕਸੰਗਤ ਕਰਦਿਆਂ ਘੱਟ ਤੋਂ ਘੱਟ ਜੁਰਮਾਨਾ 25 ਰੁਪਏ ਤੋਂ ਇਕ ਹਜ਼ਾਰ ਰੁਪਏ ਅਤੇ ਵੱਧ ਤੋਂ ਵੱਧ ਜੁਰਮਾਨਾ 100 ਰੁਪਏ ਤੋਂ ਵਧਾ ਕੇ 30 ਹਜ਼ਾਰ ਰੁਪਏ ਕਰ ਦਿੱਤਾ ਗਿਆ ਹੈ।

ਪ੍ਰੇਸ਼ਾਨੀਆਂ ਘਟਾਉਣ ਤੇ ਕਾਰੋਬਾਰਾਂ ਨੂੰ ਸ਼ਰਤਾਂ ਦੀ ਪਾਲਣਾ ਲਈ ਸਮਾਂ ਦੇਣ ਵਾਸਤੇ ਪਹਿਲੀ ਤੇ ਦੂਜੀ ਉਲੰਘਣਾ ਤੇ ਇਸ ਤੋਂ ਬਾਅਦ ਦੀ ਉਲੰਘਣਾ ਵਿਚਾਲੇ ਸੁਧਾਰ ਲਈ ਤਿੰਨ ਮਹੀਨਿਆਂ ਦਾ ਸਮਾਂ ਦਿੱਤਾ ਜਾਵੇਗਾ। ਉਲੰਘਣਾ ਦੀ ਕੰਪਾਊਂਡਿੰਗ ਲਈ ਪ੍ਰਵਾਨਗੀ ਦੇਣ ਵਾਸਤੇ ਨਵੀਂ ਧਾਰਾ 26-ਏ ਵੀ ਲਿਆਂਦੀ ਗਈ ਹੈ, ਤਾਂ ਕਿ ਇਸ ਐਕਟ ਨੂੰ ਅਪਰਾਧ ਦੀ ਸ਼੍ਰੇਣੀ ਤੋਂ ਬਾਹਰ ਰੱਖਿਆ ਜਾਵੇ ਅਤੇ ਦੁਕਾਨਦਾਰਾਂ ਨੂੰ ਅਦਾਲਤਾਂ ਦੇ ਚੱਕਰਾਂ ਤੋਂ ਛੁਟਕਾਰਾ ਮਿਲੇ। ਇਸ ਤੋਂ ਇਲਾਵਾ ਕਿਰਤੀਆਂ ਦੇ ਹਿੱਤਾਂ ਦੀ ਸੁਰੱਖਿਆ ਲਈ ਵੱਖ-ਵੱਖ ਕਿਰਤ ਕਾਨੂੰਨਾਂ ਰਾਹੀਂ ਮੁਹੱਈਆ ਸਾਰੇ ਅਧਿਕਾਰਾਂ ਦੀ ਪਾਲਣਾ ਹੋਵੇਗੀ।

## ਜੰਗ ਜਿੱਤ ਲੈਣ ਤੋਂ ਬਾਅਦ ਸ਼ੇਖੀਆਂ ਮਾਰਨ ਦੀ ਕੀ ਲੋੜ : ਮਾਨ



**ਚੰਡੀਗੜ੍ਹ** : ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਨੇ ਭਾਜਪਾ ਵਿਰੁੱਧ 'ਇੱਕ ਰਾਸ਼ਟਰ, ਇੱਕ ਪਤੀ' ਟਿੱਪਣੀ ਕਰਨ ਤੋਂ ਇੱਕ ਦਿਨ ਬਾਅਦ ਬੁੱਧਵਾਰ 'ਅਪ੍ਰੇਸ਼ਨ ਸਿੰਧੂਰ' ਵਿੱਚ ਸਫਲਤਾ ਦੇ ਕੇਂਦਰ ਦੇ ਦਾਅਵਿਆਂ 'ਤੇ ਸਵਾਲ ਉਠਾਏ ਹਨ। ਮਾਨ ਨੇ ਕਿਹਾ, "ਇਹ ਸਾਫ ਹੋ ਗਿਆ ਹੈ ਕਿ ਭਾਜਪਾ ਸਰਕਾਰ ਨੇ ਹਰ ਘਰ ਵਿੱਚ 'ਸਿੰਧੂਰ' ਭੇਜਣ ਦੀ ਆਪਣੀ ਯੋਜਨਾ ਕਿਉਂ ਵਾਪਸ ਲੈ ਲਈ।"

ਉਨ੍ਹਾ ਕਿਹਾ, 'ਜਦੋਂ ਤੁਸੀਂ ਜੰਗ ਜਿੱਤ ਲੈਂਦੇ ਹੋ, ਤਾਂ ਤੁਹਾਡੀ ਜਿੱਤ ਜੱਗ ਜ਼ਾਹਰ ਹੁੰਦੀ ਹੈ ਅਤੇ ਇਸ ਬਾਰੇ ਸ਼ੇਖੀਆਂ ਮਾਰਨ ਦੀ ਕੋਈ ਲੋੜ ਨਹੀਂ ਹੁੰਦੀ।'

ਮਾਨ ਨੇ ਸਿੰਗਾਪੁਰ ਵਿੱਚ ਚੀਫ ਆਫ ਡਿਫੈਂਸ ਸਟਾਫ (ਸੀ ਡੀ ਐੱਸ) ਅਨਿਲ ਚੌਹਾਨ ਦੇ ਬਿਆਨ ਦੀ ਵੀ ਆਲੋਚਨਾ ਕੀਤੀ। ਉਨ੍ਹਾ ਕਿਹਾ ਕਿ ਸੀ ਡੀ ਐੱਸ ਨੇ ਮੰਨਿਆ ਹੈ ਕਿ ਸਾਡੇ ਜੈੱਟ ਡੇਗੇ ਗਏ ਸਨ। ਉਨ੍ਹਾ ਨਾਲ ਹੀ ਕਿਹਾ, 'ਸੀ ਡੀ ਐੱਸ ਨੇ ਕਿਹਾ ਕਿ ਮਾਮਲਾ ਇਹ ਨਹ ਕਿ ਕਿੰਨੇ ਜੰਗੀ ਜਹਾਜ਼ ਡੁੰਡੇ ਗਏ ਸਨ, ਸਗੋਂ ਇਹ ਕਿ ਉਹ ਕਿਉਂ ਡੇਗੇ ਗਏ ਸਨ। ਉਹ ਖੁਦ ਇਹ ਦਾਅਵੇ ਕਰ ਰਹੇ ਹਨ ਅਤੇ ਫਿਰ ਮੇਰੇ 'ਤੇ ਪਾਕਿਸਤਾਨ ਦਾ ਪੱਖ ਲੈਣ ਦਾ ਦੋਸ਼ ਲਾਇਆ ਜਾ ਰਿਹਾ ਹੈ। ਮਾਨ ਨੇ ਇਹ ਗੱਲ ਕੇਂਦਰੀ ਰੇਲਵੇ ਰਾਜ ਮੰਤਰੀ ਰਵਨੀਤ ਬਿੱਟੂ ਦੇ ਬਿਆਨ ਦਾ ਜਵਾਬ ਦਿੰਦਿਆਂ ਕਹੀ।

ਝਗੜਾ ਉਦੋਂ ਸ਼ੁਰੂ ਹੋਇਆ, ਜਦੋਂ ਮਾਨ ਨੇ ਭਾਜਪਾ 'ਤੇ ਅਪ੍ਰੇਸ਼ਨ ਸਿੰਧੂਰ ਦੀ ਸਫਲਤਾ ਦੇ ਨਾਂਅ 'ਤੇ ਵੋਟਾਂ ਮੰਗਣ ਦਾ ਦੋਸ਼ ਲਗਾਇਆ। ਇਸ ਤੋਂ ਬਾਅਦ ਬਿੱਟੂ ਨੇ ਉਨ੍ਹਾ 'ਤੇ ਪਾਕਿਸਤਾਨ ਨਾਲ ਖੜ੍ਹੇ ਹੋਣ ਦਾ ਦੋਸ਼ ਲਗਾਇਆ।

### ਜੈਨ ਤੇ ਸਿਸੋਦੀਆ ਤਲਬ

**ਨਵੀਂ ਦਿੱਲੀ** : ਦਿੱਲੀ ਸਰਕਾਰ ਦੀ ਭ੍ਰਿਸ਼ਟਾਚਾਰ ਵਿਰੋਧੀ ਸ਼ਾਖਾ (ਏ ਸੀ ਬੀ) ਨੇ ਸਰਕਾਰੀ ਸਕੂਲਾਂ ਵਿੱਚ ਕਲਾਸਰੂਮਾਂ ਦੀ ਉਸਾਰੀ 'ਚ ਕਥਿਤ ਭ੍ਰਿਸ਼ਟਾਚਾਰ ਦੇ ਮਾਮਲੇ ਵਿੱਚ 'ਆਪ' ਆਗੂ ਮਨੀਸ਼ ਸਿਸੋਦੀਆ ਅਤੇ ਸਤੇਂਦਰ ਜੈਨ ਨੂੰ ਤਲਬ ਕੀਤਾ ਹੈ। ਜੈਨ ਨੂੰ 6 ਜੂਨ ਨੂੰ, ਜਦੋਂ ਕਿ ਸਿਸੋਦੀਆ ਨੂੰ 9 ਜੂਨ ਨੂੰ ਸੱਦਿਆ ਗਿਆ ਹੈ।

ਇਹ ਸੰਮਨ ਦਿੱਲੀ ਦੇ ਸਰਕਾਰੀ ਸਕੂਲਾਂ ਵਿੱਚ 12,000 ਤੋਂ ਵੱਧ ਕਲਾਸਰੂਮਾਂ ਜਾਂ ਅਰਧ-ਸਥਾਈ ਢਾਂਚਿਆਂ ਦੇ ਨਿਰਮਾਣ ਵਿੱਚ 2,000 ਕਰੋੜ ਰੁਪਏ ਦੀਆਂ ਵਿੱਤੀ ਬੇਨੇਮੀਆਂ ਦੇ ਦੋਸ਼ਾਂ ਦੇ ਆਧਾਰ 'ਤੇ 30 ਅਪਰੈਲ ਨੂੰ ਦਰਜ ਐੱਫ ਆਈ ਆਰ ਤੋਂ ਬਾਅਦ ਜਾਰੀ ਕੀਤੇ ਗਏ ਹਨ।

### ਹਰਜੀਤ ਢੱਡਾ ਕਤਲ ਕੇਸ 'ਚ ਦੋ ਗ੍ਰਿਫਤਾਰ

**ਵੈਨਕੂਵਰ** : ਪੀਲ ਪੁਲਸ ਨੇ ਬਰੈਂਪਟਨ ਵਿੱਚ 14 ਮਈ ਨੂੰ ਹਰਜੀਤ ਸਿੰਘ ਢੱਡਾ ਦੀ ਹੱਤਿਆ ਕਰਨ ਵਾਲੇ ਕਥਿਤ ਮੁਲਜ਼ਮਾਂ 'ਚੋਂ ਦੋ ਨੂੰ ਬ੍ਰਿਟਿਸ਼ ਕੋਲੰਬੀਆ ਦੇ ਸ਼ਹਿਰ ਡੈਲਟਾ ਤੋਂ ਉੱਥੋਂ ਦੀ ਪੁਲਸ ਦੀ ਮਦਦ ਨਾਲ ਗ੍ਰਿਫਤਾਰ ਕਰ ਲਿਆ ਹੈ। ਇਨ੍ਹਾਂ ਦੀ ਪਛਾਣ ਅਮਨ ਅਤੇ ਦਿੱਗਵਿਜੇ (ਦੋਵੇਂ 21 ਸਾਲ) ਵਜੋਂ ਹੋਈ ਹੈ। ਪੀਲ ਪੁਲਸ ਦੇ ਡਿਪਟੀ ਚੀਫ ਨਿਸ਼ਾਨ ਦੁਰਾਹਲਪਾ ਨੇ ਦੱਸਿਆ ਕਿ ਹੱਤਿਆਰਿਆਂ ਨੇ ਢੱਡਾ ਨੂੰ ਮਾਰਨ ਤੋਂ ਪਹਿਲਾਂ ਉਸ ਦੀਆਂ ਗਤੀਵਿਧੀਆਂ ਦੀ ਰੇਕੀ ਕੀਤੀ, ਫਿਰ ਇੱਕ ਵਾਹਨ ਚੋਰੀ ਕੀਤਾ ਤੇ ਉਸ ਨੂੰ ਮਾਰਨ ਤੋਂ ਬਾਅਦ ਭੱਜਦੇ ਹੋਏ ਵਾਹਨ ਥੋੜ੍ਹੀ ਦੂਰ ਛੱਡ ਦਿੱਤਾ ਤੇ ਫਰਾਰ ਹੋ ਗਏ।



### ਸਾਬਕਾ ਫੌਜੀ ਨੇ ਪੁੱਤਰ ਮਾਰਿਆ, ਪਤਨੀ ਜ਼ਖਮੀ

**ਦੋਰਾਹਾ** : ਨੇੜਲੇ ਪਿੰਡ ਬੁਆਣੀ 'ਚ ਰਿਟਾਇਰਡ ਫੌਜੀ ਬਲਜਿੰਦਰ ਸਿੰਘ ਘਰੇਲੂ ਕਲੇਸ਼ ਤੋਂ ਪ੍ਰੇਸ਼ਾਨ ਹੋ ਕੇ ਆਪਣੇ ਲਾਇਸੈਂਸੀ ਰਿਵਾਲਵਰ ਨਾਲ ਪਤਨੀ ਤੇ ਪੁੱਤਰ 'ਤੇ ਗੋਲੀਆਂ ਚਲਾ ਕੇ ਭੱਜ ਗਿਆ। ਪੁੱਤਰ ਜਗਮੀਤ ਸਿੰਘ ਦੀ ਮੌਤ ਹੋ ਗਈ, ਜਦੋਂ ਕਿ ਪਤਨੀ ਬਲਵਿੰਦਰ ਕੌਰ ਦੀ ਹਾਲਤ ਗੰਭੀਰ ਹੈ। ਡੀ ਐੱਸ ਪੀ ਪਾਇਲ ਹੇਮੰਤ ਮਲਹੋਤਰਾ ਨੇ ਕਿਹਾ ਕਿ ਫੌਜੀ ਨੂੰ ਛੇਤੀ ਹੀ ਗ੍ਰਿਫਤਾਰ ਕਰ ਲਿਆ ਜਾਵੇਗਾ।



## ਬਣਾਈ 'ਮੁਕੱਦਰ ਕਾ ਸਿਕੰਦਰ' ਪਰ ਨਿਕਲੀ 'ਮੋਦੀ ਕਾ ਸਰੰਡਰ' : ਕਾਂਗਰਸ



**ਨਵੀਂ ਦਿੱਲੀ** : ਕਾਂਗਰਸ ਨੇ ਬੁੱਧਵਾਰ ਕਿਹਾ ਕਿ ਇਹ ਸੋਚਣਾ ਗਲਤ ਹੈ ਕਿ ਨਰਿੰਦਰ ਮੋਦੀ ਭਾਰਤ ਹੈ ਤੇ ਭਾਰਤ ਨਰਿੰਦਰ ਮੋਦੀ ਹੈ। ਉਸ ਨੇ ਇਹ ਬਿਆਨ ਰਾਹੁਲ ਵੱਲੋਂ ਮੋਦੀ 'ਤੇ ਟਰੰਪ ਅੱਗੇ ਆਤਮਸਮਪਰਣ ਕਰਕੇ ਲੜਾਈਬੰਦੀ ਕਰਨ ਦਾ ਦੋਸ਼ ਲਾਉਣ ਤੋਂ ਬਾਅਦ ਭਾਜਪਾ ਵੱਲੋਂ ਰਾਹੁਲ ਦੀ ਕੀਤੀ ਜਾ ਰਹੀ ਨਿੰਦਾ ਦੇ ਸੰਦਰਭ ਵਿੱਚ ਦਿੱਤਾ ਹੈ। ਕਾਂਗਰਸ ਦੇ ਮੀਡੀਆ ਤੇ ਪਬਲੀਸਿਟੀ ਡਿਪਾਰਟਮੈਂਟ ਦੇ ਮੁਖੀ ਪਵਨ ਖੇੜਾ ਨੇ ਦਾਅਵਾ ਕੀਤਾ ਕਿ ਰਾਹੁਲ ਨੇ ਇਹ ਗੱਲ ਉਜਾਗਰ ਕੀਤੀ ਸੀ ਕਿ ਮੋਦੀ ਨੇ ਕਿਵੇਂ ਗੋਡੇ ਟੇਕੇ, ਜਦਕਿ ਲੋੜ 'ਵਿਸ਼ਵ ਗੁਰੂ' ਨੂੰ ਡਟਣ ਦੀ ਸੀ।

ਖੇੜਾ ਨੇ ਪ੍ਰੈੱਸ ਕਾਨਫਰੰਸ ਵਿੱਚ ਕਿਹਾ ਕਿ ਭਾਜਪਾ ਵਾਲੇ ਆਪਣੇ ਹੀਰੋ ਲਈ ਪਿਛਲੇ 11 ਸਾਲਾਂ ਤੋਂ 'ਮੁਕੱਦਰ ਕਾ ਸਿਕੰਦਰ' ਫਿਲਮ ਬਣਾ ਰਹੇ ਸਨ, ਪਰ ਜਦੋਂ ਫਿਲਮ ਤਿਆਰ ਹੋਈ ਤਾਂ ਇਹ 'ਨਰਿੰਦਰ ਕਾ ਸਰੰਡਰ' ਨਿਕਲੀ। ਦਰਅਸਲ ਬਹਾਦਰੀ ਦਾ ਕੋਈ ਇੰਜੈਕਸ਼ਨ ਨਹੀਂ ਹੁੰਦਾ, ਇਹ ਵਿਅਕਤੀ ਦੇ ਕਿਰਦਾਰ ਨਾਲ ਪੈਦਾ ਹੁੰਦੀ ਹੈ। ਭਾਜਪਾ ਤੇ ਆਰ ਐੱਸ ਐੱਸ ਦਾ ਇਤਿਹਾਸ ਬੁਜ਼ਦਿਲਾਂ ਵਾਲਾ ਰਿਹਾ ਹੈ। ਉਨ੍ਹਾ ਦੋਸ਼ ਲਾਇਆ ਕਿ ਪਿਛਲੇ ਕੁਝ ਸਾਲਾਂ ਤੋਂ ਨੇਪਾਲ ਵਿੱਚ ਭਾਰਤ ਵਿਰੋਧੀ ਭਾਵਨਾਵਾਂ ਰਹੀਆਂ ਹਨ, ਜਿਸ ਦਾ ਨਤੀਜਾ ਉਸ ਦੇ ਚੀਨ ਦੇ ਕਰੀਬ ਹੋਣ ਵਿੱਚ ਨਿਕਲਿਆ ਹੈ, ਜਦਕਿ 10 ਸਾਲ ਪਹਿਲਾਂ ਅਜਿਹਾ ਨਹੀਂ ਸੀ। ਜੇ ਇਹ ਸਰੰਡਰ ਪਾਲਿਸੀ (ਗੋਡੇ ਟੇਕੂ ਨੀਤੀ) ਨਹੀਂ ਤਾਂ ਕੀ ਹੈ ? ਨਰਿੰਦਰ ਮੋਦੀ ਕੌਮਾਂਤਰੀ ਮਾਲੀ ਫੰਡ (ਆਈ ਐੱਮ ਐੱਫ) ਨੂੰ ਪਾਕਿਸਤਾਨ ਨੂੰ ਕਰਜ਼ਾ ਦੇਣ ਤੋਂ ਨਹੀਂ ਰੋਕ ਸਕੇ। ਇਸੇ ਤਰ੍ਹਾਂ ਏਸ਼ੀਅਨ ਡਿਵੈੱਲਪਮੈਂਟ ਬੈਂਕ (ਏ ਡੀ ਬੀ) ਦੇ ਚੀਫ, ਜਿਹੜੇ ਇੱਕ ਜੂਨ ਨੂੰ ਨਰਿੰਦਰ ਮੋਦੀ ਨੂੰ ਮਿਲੇ, ਨੇ ਤਿੰਨ ਜੂਨ ਨੂੰ ਪਾਕਿਸਤਾਨ ਨੂੰ 80 ਕਰੋੜ ਡਾਲਰ ਦੇ ਦਿੱਤੇ। ਉਨ੍ਹਾ ਕਿਹਾ ਕਿ ਸਥਿਤੀ ਅਜਿਹੀ ਬਣ ਗਈ ਹੈ ਕਿ ਜਦ ਉਹ (ਸਰਕਾਰ) ਚੀਨ ਬਾਰੇ ਗੱਲ ਕਰਦੇ ਹਨ ਤਾਂ ਉਸ ਨੂੰ ਕਲੀਨ ਚਿੱਟ ਦੇ ਦਿੰਦੇ ਹਨ। ਉਹ ਚੀਨ ਦਾ ਨਾਂਅ ਨਹੀ ਲੈਂਦੇ ਅਤੇ ਉੱਤਰ-ਪੂਰਬੀ ਭਾਰਤ ਦੇ ਲੋਕਾਂ ਦੀ ਦਿੱਖ ਦਾ ਮਖੌਲ ਉਡਾਉਂਦੇ ਹਨ ਤੇ ਭਗਵਾਨ ਗਣੇਸ਼ ਦਾ ਅਪਮਾਨ ਕਰਦੇ ਹਨ। ਕਹਿੰਦੇ ਹਨ ਕਿ ਗਣੇਸ਼ ਜੀ ਦੀਆਂ ਅੱਖਾਂ ਛੋਟੀਆਂ ਹਨ ਤੇ ਖੁੱਲ੍ਹਦੀਆਂ ਨਹੀਂ। ਨਰਿੰਦਰ ਮੋਦੀ ਇਹ ਨੀਤੀ ਕਿਉਂ ਨਹੀਂ ਬਣਾਉਂਦੇ ਕਿ ਚੀਨ ਤੋਂ ਮਾਲ ਨਹੀਂ ਖਰੀਦਿਆ ਜਾਵੇਗਾ ?

ਰਾਹੁਲ ਨੇ ਮੰਗਲਵਾਰ ਭੋਪਾਲ ਵਿੱਚ ਕਿਹਾ ਸੀ ਕਿ ਜਦੋਂ ਟਰੰਪ ਨੇ ਫੋਨ ਕਰਕੇ ਕਿਹਾ, 'ਮੋਦੀ ਜੀ ਤੁਸੀਂ ਕੀ ਕਰ ਰਹੇ ਹੋ ? ਨਰਿੰਦਰ, ਸਰੰਡਰ।' ਮੋਦੀ ਜੀ ਨੇ ਜੀ ਹਜ਼ੂਰ ਕਹਿ ਕੇ ਟਰੰਪ ਦਾ ਹੁਕਮ ਮੰਨ ਲਿਆ। ਰਾਹੁਲ ਨੇ ਲੋਕਾਂ ਨੂੰ 1971 ਚੇਤੇ ਕਰਾਉਂਦਿਆਂ ਕਿਹਾ ਕਿ ਉਦੋਂ ਫੋਨ ਨਹੀਂ ਆਇਆ ਸੀ, ਅਮਰੀਕਾ ਨੇ ਸੱਤਵਾਂ ਜੰਗੀ ਬੇੜਾ, ਹਥਿਆਰ ਤੇ ਏਅਰਕਰਾਫਟ ਕੈਰੀਅਰ ਘੱਲਿਆ ਸੀ, ਪਰ ਇੰਦਰਾ ਗਾਂਧੀ ਨੇ ਸਰੰਡਰ ਨਹੀਂ ਕੀਤਾ ਅਤੇ ਕਿਹਾ ਕਿ ਉਹ ਕੌਮੀ ਹਿੱਤ ਦੇ ਹਿਸਾਬ ਨਾਲ ਚੱਲੇਗੀ। ਉਦੋਂ ਵੇਲੇ ਦੇ ਕਾਂਗਰਸ ਪ੍ਰਧਾਨ ਡੀ ਕੇ ਬਰੂਆ ਨੇ 1974 ਵਿੱਚ ਕਿਹਾ ਸੀ ਕਿ ਇੰਡੀਆ ਇੰਦਰਾ ਹੈ ਤੇ ਇੰਦਰਾ ਇੰਡੀਆ ਹੈ। ਬਰੂਆ ਨੇ ਪ੍ਰਧਾਨ ਮੰਤਰੀ ਪ੍ਰਤੀ ਵਫਾਦਾਰੀ ਦਿਖਾਈ ਸੀ, ਪਰ ਆਪੋਜ਼ੀਸ਼ਨ ਨੇ ਇਸ ਨੂੰ ਚਮਚਾਗਿਰੀ ਦੱਸਿਆ ਸੀ। ਭਾਜਪਾ ਨੇ ਮੋਦੀ ਦੇ ਸਰੰਡਰ ਕਰਨ ਦੀ ਗੱਲ 'ਤੇ ਰਾਹੁਲ 'ਤੇ 'ਅਪ੍ਰੇਸ਼ਨ ਸਿੰਧੂਰ' ਨੂੰ ਛੁਟਿਆਉਣ ਦਾ ਦੋਸ਼ ਲਾਇਆ ਹੈ। ਭਾਜਪਾ ਦੇ ਬੁਲਾਰੇ ਸ਼ਹਿਜ਼ਾਦ ਪੂਨਾਵਾਲਾ ਨੇ ਕਿਹਾ ਕਿ ਰਾਹੁਲ 'ਗਲੋਬਲ ਬਲੰਡਰ' ਤੇ 'ਪਾਕਿਸਤਾਨ ਕਾ ਬੁਆਇ ਵੰਡਰ' ਹਨ। ਖੇੜਾ ਨੇ ਕਿਹਾ ਕਿ ਜਦੋਂ ਬਹਾਦਰ ਭਾਰਤੀ ਫੌਜ ਨੇ ਪਾਕਿਸਤਾਨ ਦੇ ਗੋਡੇ ਲੁਆ ਦਿੱਤੇ ਤਾਂ ਟਰੰਪ ਦੇ ਫੋਨ 'ਤੇ ਮੋਦੀ ਨੇ ਸਰੰਡਰ ਕਰਕੇ ਲੜਾਈਬੰਦੀ ਕਰ ਦਿੱਤੀ। ਟਰੰਪ ਹੁਣ ਤੱਕ ਕਹਿ ਰਹੇ ਹਨ ਕਿ ਉਨ੍ਹਾ ਵਪਾਰ ਬੰਦ ਕਰਨ ਦੀ ਧਮਕੀ ਦੇ ਕੇ ਭਾਰਤ ਤੇ ਪਾਕਿਸਤਾਨ ਦੀ ਲੜਾਈਬੰਦੀ ਕਰਵਾਈ, ਪਰ ਮੋਦੀ ਚੁੱਪ ਹਨ, ਉਹ ਬੋਲਣਗੇ ਵੀ ਨਹੀਂ, ਕਿਉਂਕਿ 'ਨਾਮ ਹੈ ਨਰਿੰਦਰ, ਕਾਮ ਹੈ ਸਰੰਡਰ।' ਇਹੀ ਅਸਲੀਅਤ ਤੇ ਸੱਚ ਹੈ।

ਉਨ੍ਹਾ ਕਿਹਾ, 'ਅਸੀਂ ਰੈਲੀਆਂ ਦੇ ਪ੍ਰੇਮ ਚੋਪੜਾ ਨੂੰ ਪੁੱਛਦੇ ਹਾਂ ਕਿ ਉਹ ਟਰੰਪ ਦੇ ਦਾਅਵਿਆਂ ਦਾ ਜਵਾਬ ਕਿਉਂ ਨਹੀਂ ਦਿੰਦੇ। ਸਵਾਲ ਕਰਨ ਵਾਲਿਆਂ ਨੂੰ ਪਾਕਿਸਤਾਨ ਦੀ ਬੋਲੀ ਬੋਲਣ ਵਾਲੇ ਗਰਦਾਨਿਆ ਜਾ ਰਿਹਾ ਹੈ।' ਉਨ੍ਹਾ ਭਾਜਪਾ ਦੀ ਨੁਕਤਾਚੀਨੀ ਦਾ ਜਵਾਬ ਦਿੰਦਿਆਂ ਕਿਹਾ, 'ਇਹ ਨਾ ਸੋਚੋ ਕਿ ਨਰਿੰਦਰ ਮੋਦੀ ਇੰਡੀਆ ਹੈ ਤੇ ਇੰਡੀਆ ਨਰਿੰਦਰ ਮੋਦੀ ਹੈ। ਇਹ ਸੋਚਣਾ ਗਲਤ ਹੈ। ਨਰਿੰਦਰ ਮੋਦੀ ਦੇਸ਼ ਦੇ ਪ੍ਰਧਾਨ ਮੰਤਰੀ ਹਨ, ਪਰ ਦੇਸ਼ ਨਹੀਂ।' ਉਨ੍ਹਾ ਇਹ ਵੀ ਕਿਹਾ ਕਿ ਮੋਦੀ ਨੇ ਡਾਇਲਾਗ ਬੋਲਣ ਤੇ ਭਾਸ਼ਣ ਕਰਨ ਦੀ ਟਰੇਨਿੰਗ ਪਰੇਸ਼ ਰਾਵਲ ਤੋਂ ਲਈ ਹੈ।

## ਏ ਆਈ ਦੀ ਦੁਰਵਰਤੋਂ ਕਰਕੇ ਅੱਲੜ੍ਹ ਦੀ ਜਾਨ ਲੈ ਲਈ



**ਨਿਊਯਾਰਕ** : ਏ ਆਈ ਰਾਹੀਂ ਤਿਆਰ ਕੀਤੀ ਗਈ ਇਤਰਾਜ਼ਯੋਗ ਤਸਵੀਰ ਸੰਬੰਧੀ ਵਸੂਲੀ ਦਾ ਸੰਦੇਸ਼ ਮਿਲਣ ਤੋਂ ਬਾਅਦ ਟੈਕਸਾਸ ਦੇ 16 ਸਾਲਾ ਅੱਲ੍ਹੜ ਨੇ ਖੁਦਕੁਸ਼ੀ ਕਰ ਲਈ। ਐਲੀਜਾਹ ਹੀਕੌਕ ਇੱਕ ਖੁਸ਼ ਅਤੇ ਜੋਸ਼ੀਲਾ ਕਿਸ਼ੋਰ ਸੀ। ਉਸ ਵਿੱਚ ਡਿਪਰੈਸ਼ਨ ਜਾਂ ਆਤਮਹੱਤਿਆ ਦੇ ਰੁਝਾਨ ਦੇ ਕੋਈ ਸੰਕੇਤ ਨਹੀਂ ਸਨ।

ਉਸ ਨੂੰ ਇੱਕ ਧਮਕੀ-ਭਰੇ ਸੰਦੇਸ਼ ਦੇ ਨਾਲ ਉਸ ਦੀ ਇਤਰਾਜ਼ਯੋਗ ਤਸਵੀਰ ਪ੍ਰਾਪਤ ਹੋਈ। ਇਹ ਤਸਵੀਰ ਉਸ ਦੇ ਦੋਸਤਾਂ ਅਤੇ ਪਰਵਾਰ ਨੂੰ ਭੇਜਣ ਤੋਂ ਰੋਕਣ ਲਈ ਲੱਗਭੱਗ 2.5 ਲੱਖ ਰੁਪਏ (3,000 ਡਾਲਰ) ਦਾ ਭੁਗਤਾਨ ਕਰਨ ਦੀ ਮੰਗ ਕੀਤੀ ਗਈ ਸੀ। ਇਹ ਮੈਸੇਜ਼ ਪ੍ਰਾਪਤ ਹੋਣ ਤੋਂ ਬਾਅਦ ਪੈਦਾ ਹੋਏ ਸਹਿਮ ਨੇ ਉਸ ਨੂੰ ਆਪਣੀ ਜਾਨ ਲੈਣ ਲਈ ਮਜਬੂਰ ਕਰ ਦਿੱਤਾ। ਖੁਦਕੁਸ਼ੀ ਤੋਂ ਤਿੰਨ ਮਹੀਨਿਆਂ ਤੋਂ ਵੱਧ ਸਮੇਂ ਬਾਅਦ 16 ਸਾਲਾ ਐਲੀਜਾਹ ਹੀਕੌਕ ਦਾ ਪਰਵਾਰ ਇਨਸਾਫ ਦੀ ਮੰਗ ਕਰ ਰਿਹਾ ਹੈ। ਪੁਲਸ ਦੇ ਅਨੁਸਾਰ 28 ਫਰਵਰੀ ਨੂੰ ਐਲੀਜਾਹ ਦੀ ਮੌਤ ਉਸ ਸਮੇਂ ਹੋਈ ਜਦੋਂ ਉਸ ਨੇ ਖੁਦ ਨੂੰ ਗੋਲੀ ਮਾਰ ਲਈ।

ਰਿਪੋਰਟ ਅਨੁਸਾਰ ਮਾਪਿਆਂ (ਜੌਨ ਬਰਨੇਟ ਅਤੇ ਸ਼ੈਨਨ ਹੀਕੌਕ) ਨੇ ਉਸ ਦੇ ਸਮਾਰਟਫੋਨ ਦੀ ਜਾਂਚ ਕੀਤੀ ਅਤੇ ਉਨ੍ਹਾਂ ਨੂੰ ਅਜਿਹੇ ਸੁਨੇਹੇ ਮਿਲੇ ਜਿੱਥੇ ਉਨ੍ਹਾਂ ਦਾ ਪੁੱਤਰ ਇਸ ਬਲੈਕਮੇਲਿੰਗ ਦਾ ਸ਼ਿਕਾਰ ਸੀ। ਸੈਕਸਟੋਰਸ਼ਨ ਔਨਲਾਈਨ ਬਲੈਕਮੇਲ ਦਾ ਇੱਕ ਰੂਪ ਹੈ, ਜਿੱਥੇ ਸ਼ਿਕਾਰੀ ਪੀੜਤਾਂ ਦੀਆਂ ਇਤਰਾਜ਼ਯੋਗ ਤਸਵੀਰਾਂ ਸਾਂਝੀਆਂ ਕਰਨ ਦੀ ਧਮਕੀ ਦਿੰਦੇ ਹਨ ਅਤੇ ਪੈਸਿਆਂ ਦੀ ਮੰਗ ਕਰਦੇ ਹਨ। 2021 ਤੋਂ ਸੈਕਸਟੋਰਸ਼ਨ ਕਾਰਨ ਅਮਰੀਕਾ ਵਿਚ ਘੱਟੋ-ਘੱਟ 20 ਨੌਜਵਾਨਾਂ ਨੇ ਖੁਦਕੁਸ਼ੀ ਕਰ ਲਈ ਹੈ।

## ਸੰਸਦ ਦਾ ਮੌਨਸੂਨ ਸੈਸ਼ਨ 21 ਜੁਲਾਈ ਤੋਂ, ਫੌਰੀ ਸੱਦਣ ਦੀ ਮੰਗ ਰੱਦ

**ਨਵੀਂ ਦਿੱਲੀ** : ਸੰਸਦੀ ਮਾਮਲਿਆਂ ਬਾਰੇ ਕੇਂਦਰੀ ਮੰਤਰੀ ਕਿਰਨ ਰਿਜੀਜੂ ਨੇ ਬੁੱਧਵਾਰ ਐਲਾਨ ਕੀਤਾ ਕਿ ਸੰਸਦ ਦਾ ਮੌਨਸੂਨ ਸੈਸ਼ਨ 21 ਜੁਲਾਈ ਤੋਂ ਸ਼ੁਰੂ ਹੋਵੇਗਾ ਅਤੇ 12 ਅਗਸਤ ਤੱਕ ਚੱਲੇਗਾ। ਸੰਸਦ ਦੇ ਦੋਵੇਂ ਸਦਨ ਤਿੰਨ ਮਹੀਨਿਆਂ ਤੋਂ ਵੱਧ ਸਮੇਂ ਦੇ ਵਕਫੇ ਤੋਂ ਬਾਅਦ 21 ਜੁਲਾਈ ਨੂੰ ਸਵੇਰੇ 11 ਵਜੇ ਜੁੜਨਗੇ।

ਵਿਰੋਧੀ ਧਿਰ ਦੇ ਆਗੂ ਭਿਆਨਕ ਪਹਿਲਗਾਮ ਅੱਤਵਾਦੀ ਹਮਲੇ ਤੋਂ ਬਾਅਦ ਦੀਆਂ ਘਟਨਾਵਾਂ ਬਾਰੇ ਸੰਸਦ ਦਾ ਵਿਸ਼ੇਸ਼ ਸੈਸ਼ਨ ਬੁਲਾਉਣ ਦੀ ਮੰਗ ਕਰ ਰਹੇ ਸਨ, ਪਰ ਸਰਕਾਰ ਨੇ ਇਹ ਮੰਗ ਨਹੀਂ ਮੰਨੀ ਹੈ।

ਕਾਂਗਰਸ ਪ੍ਰਧਾਨ ਮਲਿਕਾਰਜੁਨ ਖੜਗੇ ਨੇ ਰਾਹੁਲ ਗਾਂਧੀ, ਪ੍ਰਿਅੰਕਾ ਗਾਂਧੀ, ਟੀ ਐੱਮ ਸੀ ਸੰਸਦ ਮੈਂਬਰ ਅਭਿਸ਼ੇਕ ਬੈਨਰਜੀ ਸਮੇਤ ਪ੍ਰਮੁੱਖ ਵਿਰੋਧੀ ਆਗੂਆਂ ਵੱਲੋਂ ਸਹੀਬੰਦ ਪੱਤਰ ਦਾ ਹਵਾਲਾ ਦਿੰਦਿਆਂ ਐਕਸ 'ਤੇ ਪਾਈ ਇੱਕ ਪੋਸਟ ਵਿੱਚ ਫਿਰ ਕਿਹਾ ਹੈ, "ਅਸੀਂ, 'ਇੰਡੀਆ' ਗੱਠਜੋੜ ਦੇ ਆਗੂ ਸੰਸਦ ਦਾ ਇੱਕ ਵਿਸ਼ੇਸ਼ ਸੈਸ਼ਨ ਬੁਲਾਉਣ ਦੀ ਆਪਣੀ ਸਮੂਹਕ ਅਤੇ ਜ਼ਰੂਰੀ ਬੇਨਤੀ ਨੂੰ ਦੁਹਰਾਉਂਦੇ ਹਾਂ।"

## ਭਲਕੇ ਕਿਸਾਨ ਸਭਾ ਵੱਲੋਂ ਰੋਸ ਮੁਜ਼ਾਹਰਾ

**ਜਲੰਧਰ, (ਗਿਆਨ ਸੈਦਪੁਰੀ)**-ਕੁਲ ਹਿੰਦ ਕਿਸਾਨ ਸਭਾ ਵੱਲੋਂ 6 ਜੂਨ ਨੂੰ ਪੁਲਸ ਵਧੀਕੀਆਂ ਵਿਰੁੱਧ ਮਹਿਤਪੁਰ ਵਿਖੇ ਰੋਸ ਮੁਜ਼ਾਹਰਾ ਕੀਤਾ ਜਾਵੇਗਾ। ਕੁਲ ਹਿੰਦ ਕਿਸਾਨ ਸਭਾ ਦੀ ਪੰਜਾਬ ਇਕਾਈ ਦੇ ਪ੍ਰਧਾਨ ਬਲਦੇਵ ਸਿੰਘ ਨਿਹਾਲਗੜ੍ਹ, ਜਨਰਲ ਸਕੱਤਰ ਬਲਕਰਨ ਸਿੰਘ ਬਰਾੜ, ਕਾਰਜਕਾਰੀ ਪ੍ਰਧਾਨ ਮਹਾਂਵੀਰ ਸਿੰਘ ਪੱਟੀ ਅਤੇ ਸੀਨੀਅਰ ਮੀਤ ਪ੍ਰਧਾਨ ਸੂਰਤ ਸਿੰਘ ਧਰਮਕੋਟ ਨੇ ਸਾਂਝੇ ਪ੍ਰੈੱਸ ਬਿਆਨ ਰਾਹੀਂ ਕਿਹਾ ਕਿ ਪਿਛਲੇ ਲੰਬੇ ਅਰਸੇ ਤੋਂ ਪੁਲਸ ਵੱਲੋਂ ਕਿਰਤੀ ਲੋਕਾਂ ਦੇ ਹਰ ਵਰਗ 'ਤੇ ਜਬਰ ਜਾਰੀ ਹੈ। ਇਸ ਦੀ ਧਾਰ ਹੋਰ ਤਿੱਖੀ ਹੁੰਦੀ ਜਾ ਰਹੀ ਹੈ। ਜਬਰ ਦੀ ਇਸ ਧਾਰ ਨੂੰ ਖੁੰਢੀ ਕਰਨ ਲਈ ਸੰਘਰਸ਼ ਹੀ ਇੱਕੋ-ਇੱਕ ਰਾਹ ਹੈ। ਕੁਲ ਹਿੰਦ ਕਿਸਾਨ ਸਭਾ ਜ਼ਿਲ੍ਹਾ ਜਲੰਧਰ ਦੇ ਪ੍ਰਧਾਨ ਸੰਦੀਪ ਅਰੋੜਾ ਵਿਰੁੱਧ ਕੇਸ ਦਰਜ ਕਰਨ ਦੀ ਗੱਲ ਕਰਦਿਆਂ ਆਗੂਆਂ ਨੇ ਕਿਹਾ ਕਿ ਪੈਸਿਆਂ ਦੇ ਲੈਣ-ਦੇਣ ਦੇ ਮਾਮਲੇ ਨੂੰ ਪੁਲਸ ਨੇ ਸਿਆਸੀ ਰੰਗਤ ਦੇ ਕੇ ਆਗੂ ਦਾ ਚਰਿੱਤਰ ਘਾਤ ਕਰਨ ਦੀ ਕੋਸ਼ਿਸ਼ ਕੀਤੀ ਹੈ। ਇਸ ਮਸਲੇ ਨੂੰ ਲੈ ਕੇ ਕਿਸਾਨ ਸਭਾ ਅੰਦਰ ਪੁਲਸ ਵਿਰੁੱਧ ਭਾਰੀ ਰੋਸ ਹੈ। ਕਿਸਾਨ ਆਗੂਆਂ ਨੇ ਕਮਿਊਨਿਸਟ ਧਿਰਾਂ, ਇਲਾਕੇ ਅਤੇ ਕਸਬੇ ਦੇ ਲੋਕਾਂ ਨੂੰ ਅਪੀਲ ਕੀਤੀ ਹੈ ਕਿ 6 ਜੂਨ ਨੂੰ ਕੀਤੇ ਜਾ ਰਹੇ ਰੋਸ ਮੁਜ਼ਾਹਰੇ ਵਿੱਚ ਵੱਡੀ ਪੱਧਰ 'ਤੇ ਸ਼ਮੂਲੀਅਤ ਕੀਤੀ ਜਾਵੇ। ਆਗੂਆਂ ਨੇ ਅੱਗੇ ਕਿਹਾ ਕਿ ਸੰਦੀਪ ਅਰੋੜਾ ਨੂੰ ਇਨਸਾਫ਼ ਨਾ ਮਿਲਣ ਦੀ ਸੂਰਤ ਵਿੱਚ ਅਗਲਾ ਪ੍ਰੋਗਰਾਮ ਉਲੀਕਿਆ ਜਾਵੇਗਾ।

## ਅੱਜ-ਨਾਮਾ

ਭਾਰਤ-ਪਾਕਿ ਵਿਚਾਲੇ ਜੋ ਹੋਈ ਖਹਿਬੜ,
ਚੱਲਣੀ ਗੋਲੀ ਫਿਰ ਹੋਈ ਸੀ ਬੰਦ ਮੀਆਂ।
ਏਧਰ-ਓਧਰ ਦੁਵੱਲਾ ਨੁਕਸਾਨ ਹੋਇਆ,
ਵਪਾਰੀ ਦੇਸ਼ਾਂ ਨੇ ਪਰਖ ਲਏ ਸੰਦ ਮੀਆਂ।
ਗੋਲੀਬੰਦੀ ਜਦ ਹੋ ਗਈ ਸਰਹੱਦ ਉੱਪਰ,
ਲੀਡਰ ਲੱਗ ਪਏ ਚਾੜ੍ਹਨ ਸੀ ਚੰਦ ਮੀਆਂ।
ਚੁਣ-ਚੁਣ ਦੂਸ਼ਣ ਦੁਵੱਲੇ ਸੀ ਕਈ ਲਾਏ,
ਗਲੀ-ਬਾਜ਼ਾਰ ਸਭ ਸੁੱਟਿਆ ਗੰਦ ਮੀਆਂ।
ਪਾਰਲੀਮੈਂਟ ਦਾ ਲੱਗਾ ਹੈ ਆਉਣ ਸੈਸ਼ਨ,
ਲੀਡਰ ਕਰਨਗੇ ਪੂਰੀ ਸਭ ਕਸਰ ਮੀਆਂ।
ਮਾਨਸਿਕ ਪੱਖੋਂ ਤਾਂ ਦੁਖੀ ਆ ਆਮ ਬੰਦਾ,
ਕੋਈ ਨਾ ਲੀਡਰਾਂ ਨੂੰ ਹੁੰਦਾ ਅਸਰ ਮੀਆਂ।

-ਤੀਸ ਮਾਰ ਖਾਂ

## ਜੱਜਾਂ ਦੇ ਦੁਰਵਿਹਾਰ ਨੂੰ ਫੈਸਲਾਕੁੰਨ ਢੰਗ ਨਾਲ ਨਜਿੱਠਿਆ ਜਾਣਾ ਚਾਹੀਦੈ : ਚੀਫ ਜਸਟਿਸ



**ਨਵੀਂ ਦਿੱਲੀ** : ਸੁਪਰੀਮ ਕੋਰਟ ਦੇ ਚੀਫ ਜਸਟਿਸ ਬੀ ਆਰ ਗਵਈ ਨੇ ਐਲਾਨ ਕੀਤਾ ਹੈ ਕਿ ਉਹ ਸੇਵਾਮੁਕਤੀ ਮਗਰੋਂ ਕੋਈ ਵੀ ਸਰਕਾਰੀ ਅਹੁਦਾ ਜਾਂ ਜ਼ਿੰਮੇਵਾਰੀ ਨਹੀਂ ਲੈਣਗੇ। ਉਨ੍ਹਾ ਅਜੇ ਤਿੰਨ ਹਫਤੇ ਪਹਿਲਾਂ ਚੀਫ ਜਸਟਿਸ ਵਜੋਂ ਅਹੁਦਾ ਸੰਭਾਲਿਆ ਹੈ ਤੇ 23 ਨਵੰਬਰ ਨੂੰ ਸੇਵਾਮੁਕਤ ਹੋ ਜਾਣਾ ਹੈ।

ਅਲਾਹਾਬਾਦ ਹਾਈ ਕੋਰਟ ਦੇ ਜਸਟਿਸ ਯਸ਼ਵੰਤ ਵਰਮਾ ਨੂੰ ਉਨ੍ਹਾ ਦੀ ਰਿਹਾਇਸ਼ 'ਤੇ ਮਿਲੀ ਬੇਹਿਸਾਬੀ ਨਕਦੀ ਮਾਮਲੇ ਵਿੱਚ ਦੋਸ਼ੀ ਠਹਿਰਾਏ ਜਾਣ ਤੋਂ ਬਾਅਦ ਉਨ੍ਹਾ ਨੂੰ ਹਟਾਉਣ ਲਈ ਕੀਤੀ ਜਾ ਰਹੀ ਚਾਰਾਜੋਈ ਦਰਮਿਆਨ ਚੀਫ ਜਸਟਿਸ ਗਵਈ ਨੇ ਜੱਜਾਂ ਦੇ ਦੁਰਵਿਹਾਰ ਨਾਲ ਨਜਿੱਠਣ ਲਈ 'ਤੇਜ਼, ਫੈਸਲਾਕੁੰਨ ਅਤੇ ਪਾਰਦਰਸ਼ੀ ਕਾਰਵਾਈ' ਦੀ ਹਮਾਇਤ ਕੀਤੀ ਹੈ।

ਉਨ੍ਹਾ ਮੰਗਲਵਾਰ ਸ਼ਾਮੀਂ ਯੂ ਕੇ ਸੁਪਰੀਮ ਕੋਰਟ ਵਿੱਚ 'ਨਿਆਂਪਾਲਿਕਾ ਦੀ ਵੈਧਤਾ ਤੇ ਜਨਤਕ ਭਰੋਸਾ ਕਾਇਮ ਰੱਖਣ' ਦੇ ਵਿਸ਼ੇ 'ਤੇ ਗੋਲਮੇਜ਼ ਵਿਚਾਰ-ਚਰਚਾ ਦੌਰਾਨ ਕਿਹਾ, "ਜੇ ਕੋਈ ਜੱਜ ਸੇਵਾਮੁਕਤੀ ਤੋਂ ਫੌਰੀ ਮਗਰੋਂ ਸਰਕਾਰੀ ਅਹੁਦਾ ਜਾਂ ਜ਼ਿੰਮੇਵਾਰੀ ਲੈਂਦਾ ਹੈ, ਜਾਂ ਚੋਣਾਂ ਲੜਨ ਲਈ ਬੈਂਚ ਤੋਂ ਅਸਤੀਫਾ ਦੇ ਦਿੰਦਾ ਹੈ, ਤਾਂ ਇਹ ਨੈਤਿਕਤਾ ਨਾਲ ਜੁੜੇ ਅਹਿਮ ਫਿਕਰਾਂ ਨੂੰ ਉਜਾਗਰ ਕਰਦਾ ਹੈ ਅਤੇ ਜਨਤਕ ਜਾਂਚ ਨੂੰ ਸੱਦਾ ਦਿੰਦਾ ਹੈ।" ਉਨ੍ਹਾ ਕਿਹਾ, "ਇੱਕ ਜੱਜ ਵੱਲੋਂ ਸਿਆਸੀ ਅਹੁਦੇ ਲਈ ਚੋਣ ਲੜਨ ਨਾਲ ਨਿਆਂਪਾਲਿਕਾ ਦੀ ਆਜ਼ਾਦੀ ਅਤੇ ਨਿਰਪੱਖਤਾ ਬਾਰੇ ਗੰਭੀਰ ਸ਼ੰਕੇ ਖੜ੍ਹੇ ਹੋ ਸਕਦੇ ਹਨ, ਕਿਉਂਕਿ ਇਸ ਨੂੰ ਹਿੱਤਾਂ ਦੇ ਟਕਰਾਅ ਜਾਂ ਸਰਕਾਰ ਦਾ ਪੱਖ ਲੈਣ ਦੀ ਕੋਸ਼ਿਸ਼ ਵਜੋਂ ਦੇਖਿਆ ਜਾ ਸਕਦਾ ਹੈ।"

ਉਨ੍ਹਾ ਕਿਹਾ, "ਸੇਵਾਮੁਕਤੀ ਤੋਂ ਬਾਅਦ ਅਜਿਹੇ ਕੰਮਾਂ ਦਾ ਸਮਾਂ ਅਤੇ ਖਸਲਤ ਨਿਆਂਪਾਲਿਕਾ ਦੀ ਇਮਾਨਦਾਰੀ ਵਿੱਚ ਲੋਕਾਂ ਦੇ ਵਿਸ਼ਵਾਸ ਨੂੰ ਕਮਜ਼ੋਰ ਕਰ ਸਕਦੀ ਹੈ, ਕਿਉਂਕਿ ਇਹ ਇੱਕ ਧਾਰਨਾ ਪੈਦਾ ਕਰ ਸਕਦੀ ਹੈ ਕਿ ਨਿਆਂਇਕ ਫੈਸਲੇ ਭਵਿੱਖ ਵਿੱਚ ਸਰਕਾਰੀ ਨਿਯੁਕਤੀਆਂ ਜਾਂ ਰਾਜਨੀਤਕ ਸ਼ਮੂਲੀਅਤ ਦੀ ਸੰਭਾਵਨਾ ਤੋਂ ਪ੍ਰਭਾਵਤ ਹੋ ਸਕਦੇ ਹਨ।"

ਉਨ੍ਹਾ ਕਿਹਾ, "ਇਹੀ ਵਜ੍ਹਾ ਹੈ ਕਿ ਮੈਂ ਅਤੇ ਮੇਰੇ ਬਹੁਤ ਸਾਰੇ ਸਾਥੀਆਂ ਨੇ ਜਨਤਕ ਤੌਰ 'ਤੇ ਅਹਿਦ ਲਿਆ ਹੈ ਕਿ ਸੇਵਾਮੁਕਤੀ ਤੋਂ ਬਾਅਦ ਕਿਸੇ ਵੀ ਸਰਕਾਰੀ ਭੂਮਿਕਾ ਜਾਂ ਅਹੁਦਿਆਂ ਨੂੰ ਸਵੀਕਾਰ ਨਹੀਂ ਕਰਾਂਗੇ। ਇਹ ਵਚਨਬੱਧਤਾ ਨਿਆਂਪਾਲਿਕਾ ਦੀ ਭਰੋਸੇਯੋਗਤਾ ਅਤੇ ਆਜ਼ਾਦੀ ਨੂੰ ਕਾਇਮ ਰੱਖਣ ਦੀ ਕੋਸ਼ਿਸ਼ ਹੈ।"

ਕਾਬਿਲੇਗੌਰ ਹੈ ਕਿ ਭਾਰਤ ਵਿੱਚ ਜੱਜਾਂ ਦੀ ਸੇਵਾਮੁਕਤੀ ਲਈ ਉਮਰ ਹੱਦ ਨਿਰਧਾਰਤ ਹੈ। ਹਾਈ ਕੋਰਟ ਦੇ ਜੱਜ 62 ਸਾਲ ਦੀ ਉਮਰ ਤੇ ਸੁਪਰੀਮ ਕੋਰਟ ਦੇ 65 ਸਾਲ ਦੀ ਉਮਰ ਵਿੱਚ ਸੇਵਾਮੁਕਤ ਹੁੰਦੇ ਹਨ। ਹਾਲਾਂਕਿ, ਬਹੁਤ ਸਾਰੇ ਜੱਜ ਸੇਵਾਮੁਕਤੀ ਤੋਂ ਬਾਅਦ ਦੀਆਂ ਭੂਮਿਕਾਵਾਂ/ਅਹੁਦਿਆਂ ਨੂੰ ਸਵੀਕਾਰ ਕਰਦੇ ਹਨ। ਬਹੁਤ ਸਾਰੇ ਸੇਵਾਮੁਕਤ ਜੱਜ ਕੌਮੀ ਮਨੁੱਖੀ ਅਧਿਕਾਰ ਕਮਿਸ਼ਨ ਅਤੇ ਰਾਜ ਮਨੁੱਖੀ ਅਧਿਕਾਰ ਕਮਿਸ਼ਨਾਂ ਸਮੇਤ ਵੱਖ-ਵੱਖ ਟ੍ਰਿਬਿਊਨਲਾਂ ਅਤੇ ਕਮਿਸ਼ਨਾਂ ਦੇ ਚੇਅਰਪਰਸਨ ਅਤੇ ਮੈਂਬਰਾਂ ਵਜੋਂ ਨਿਯੁਕਤ ਹਨ।

ਮਾਰਚ 2020 ਵਿੱਚ ਉਦੋਂ ਵਿਵਾਦ ਖੜ੍ਹਾ ਹੋ ਗਿਆ ਸੀ ਜਦੋਂ ਸਾਬਕਾ ਚੀਫ ਜਸਟਿਸ ਰੰਜਨ ਗੋਗੋਈ ਨੇ ਰਾਜ ਸਭਾ ਲਈ ਆਪਣੀ ਨਾਮਜ਼ਦਗੀ ਸਵੀਕਾਰ ਕੀਤੀ ਸੀ। ਜਸਟਿਸ ਗੋਗੋਈ ਨੇ ਰਾਮ ਜਨਮ ਭੂਮੀ-ਬਾਬਰੀ ਮਸਜਿਦ ਬਾਰੇ ਫੈਸਲਾ ਸੁਣਾਉਣ ਵਾਲੇ ਪੰਜ ਜੱਜਾਂ ਦੇ ਸੰਵਿਧਾਨਕ ਬੈਂਚ ਦੀ ਅਗਵਾਈ ਕੀਤੀ ਸੀ।

ਫਰਵਰੀ 2023 ਵਿੱਚ ਜਸਟਿਸ ਐੱਸ. ਅਬਦੁਲ ਨਜ਼ੀਰ, ਜੋ ਅਯੁੱਧਿਆ ਦਾ ਫੈਸਲਾ ਸੁਣਾਉਣ ਵਾਲੇ ਪੰਜ ਜੱਜਾਂ ਦੀ ਬੈਂਚ ਦਾ ਹਿੱਸਾ ਸਨ, ਨੂੰ ਸੁਪਰੀਮ ਕੋਰਟ ਦੇ ਜੱਜ ਵਜੋਂ ਸੇਵਾਮੁਕਤੀ ਤੋਂ ਬਾਅਦ ਆਂਧਰਾ ਪ੍ਰਦੇਸ਼ ਦਾ ਰਾਜਪਾਲ ਨਿਯੁਕਤ ਕੀਤਾ ਗਿਆ ਸੀ। ਜਸਟਿਸ ਪੀ ਸਦਾਸ਼ਿਵਮ ਨੂੰ ਸਤੰਬਰ 2014 ਵਿੱਚ ਕੇਰਲਾ ਦਾ ਰਾਜਪਾਲ ਨਿਯੁਕਤ ਕੀਤਾ ਗਿਆ ਸੀ। 1978 ਵਿੱਚ, ਜਸਟਿਸ ਮੁਹੰਮਦ ਹਿਦਾਇਤੁੱਲਾ ਨੂੰ ਭਾਰਤ ਦਾ ਉਪ ਰਾਸ਼ਟਰਪਤੀ ਚੁਣਿਆ ਗਿਆ ਸੀ।

ਸੁਪਰੀਮ ਕੋਰਟ ਦੇ ਜੱਜਾਂ ਵੱਲੋਂ ਸਵੈ-ਇੱਛਾ ਨਾਲ ਜਾਇਦਾਦਾਂ ਦੇ ਖੁਲਾਸੇ ਬਾਰੇ ਗੱਲ ਕਰਦੇ ਹੋਏ ਚੀਫ ਜਸਟਿਸ ਨੇ ਕਿਹਾ ਕਿ ਇਹ ਵਧੇਰੇ ਜਵਾਬਦੇਹੀ ਨੂੰ ਉਤਸ਼ਾਹਤ ਕਰਨ ਦੇ ਨਾਲ-ਨਾਲ ਨੈਤਿਕ ਲੀਡਰਸ਼ਿਪ ਦੀ ਮਿਸਾਲ ਬਣੇਗਾ ਅਤੇ ਪਾਰਦਰਸ਼ਤਾ ਰਾਹੀਂ ਸੰਸਥਾ ਵਿੱਚ ਲੋਕਾਂ ਦੇ ਵਿਸ਼ਵਾਸ ਨੂੰ ਵਧਾਏਗਾ।

## ਯੂਟਿਊਬਰ ਜਾਸੂਸੀ ਦੇ ਦੋਸ਼ 'ਚ ਗ੍ਰਿਫਤਾਰ



**ਚੰਡੀਗੜ੍ਹ (ਗੁਰਜੀਤ ਬਿੱਲਾ)** ਮੁਹਾਲੀ ਦੇ ਸਟੇਟ ਸਪੈਸ਼ਲ ਅਪਰੇਸ਼ਨ ਸੈੱਲ ਨੇ ਰੂਪਨਗਰ ਦੇ ਪਿੰਡ ਮਾਹਲਾਂ ਦੇ ਯੂਟਿਊਬਰ ਜਸਬੀਰ ਸਿੰਘ ਨੂੰ ਗ੍ਰਿਫਤਾਰ ਕਰਕੇ ਵੱਡੇ ਜਾਸੂਸੀ ਤੇ ਦਹਿਸ਼ਤੀ ਨੈੱਟਵਰਕ ਦਾ ਪਰਦਾਫਾਸ਼ ਕਰਨ ਦਾ ਦਾਅਵਾ ਕੀਤਾ ਹੈ। ਡੀ ਜੀ ਪੀ ਗੌਰਵ ਯਾਦਵ ਨੇ ਦੱਸਿਆ ਕਿ ਜਸਬੀਰ ਸਿੰਘ, ਜੋ 'ਜਾਨ ਮਾਹਲ' ਨਾਂਅ ਦਾ ਯੂਟਿਊਬ ਚੈਨਲ ਚਲਾਉਂਦਾ ਹੈ, ਦੇ ਦੇਸ਼ ਵਿਰੋਧੀ ਸਰਗਰਮੀਆਂ 'ਚ ਸ਼ਾਮਲ ਵਿਅਕਤੀਆਂ ਨਾਲ ਸੰਬੰਧਾਂ ਬਾਰੇ ਪਤਾ ਲੱਗਾ ਹੈ। ਜਾਂਚ ਦੌਰਾਨ ਸਾਹਮਣੇ ਆਇਆ ਹੈ ਕਿ ਜਸਬੀਰ ਪੀ ਆਈ ਓ ਸ਼ਾਕਿਰ ਉਰਫ ਜੱਟ ਰੰਧਾਵਾ ਨਾਲ ਨੇੜਿਓਂ ਜੁੜਿਆ ਹੋਇਆ ਸੀ, ਜੋ

ਬਾਕੀ ਸਫ਼ਾ 2 'ਤੇ

5-June-PAGE-1.qxd 6/4/2025 10:44 PM Page 2



## ਸ਼ੇਅਰ ਬਾਜ਼ਾਰੀ ਠੱਗ ਜੈਪੁਰ ਤੋਂ ਗ੍ਰਿਫ਼ਤਾਰ

● 5 ਲੱਖ 26 ਹਜ਼ਾਰ ਦੀ ਕੀਤੀ ਸੀ ਧੋਖਾਧੜੀ



**ਸਿਰਸਾ (ਸੁਰਿੰਦਰ ਪਾਲ ਸਿੰਘ)** ਸਾਈਬਰ ਧੋਖਾਧੜੀ ਕਰਨ ਵਾਲਿਆਂ ਵਿਰੁੱਧ ਚਲਾਈ ਜਾ ਰਹੀ ਵਿਸ਼ੇਸ਼ ਮੁਹਿੰਮ ਤਹਿਤ ਕਾਰਵਾਈ ਕਰਦੇ ਹੋਏ ਸਿਰਸਾ ਦੀ ਸਾਈਬਰ ਕ੍ਰਾਇਮ ਥਾਣਾ ਪੁਲਸ ਨੇ ਰਾਜਸਥਾਨ ਦੇ ਜੋਤਵਾੜਾ ਜੈਪੁਰ ਤੋਂ ਇੱਕ ਮੁਲਜ਼ਮ ਨੂੰ 5 ਲੱਖ 26 ਹਜ਼ਾਰ ਰੁਪਏ ਦੀ ਸਾਈਬਰ ਧੋਖਾਧੜੀ ਮਾਮਲੇ ਵਿੱਚ ਗ੍ਰਿਫ਼ਤਾਰ ਕਰ ਲਿਆ ਹੈ। ਸਾਈਬਰ ਥਾਣੇ ਦੇ ਐਸ ਇੰਸਪੈਕਟਰ ਸੁਭਾਸ਼ ਚੰਦਰ ਨੇ ਦੱਸਿਆ ਕਿ ਸਿਰਸਾ ਦੇ ਤਵਿੰਦਰ ਸਿੰਘ ਨੇ ਆਪਣੀ ਸ਼ਿਕਾਇਤ ਵਿੱਚ ਪੁਲਸ ਨੂੰ ਦੱਸਿਆ ਕਿ ਪਿਛਲੇ ਸਮੇਂ ਅਣਪਛਾਤੇ ਨੰਬਰਾਂ ਤੋਂ ਉਸਦੇ ਵਟਸਐਪ 'ਤੇ ਇੱਕ ਲਿੰਕ ਆਇਆ ਅਤੇ ਜਿਵੇਂ ਹੀ ਉਸਨੇ ਲਿੰਕ 'ਤੇ ਕਲਿੱਕ ਕੀਤਾ ਤਾਂ ਉਸਨੂੰ ਆਈਪੀਓ ਅਤੇ ਸ਼ੇਅਰ ਬਾਜ਼ਾਰ ਵਿੱਚ ਨਿਵੇਸ਼ ਕਰਕੇ ਥੋੜ੍ਹੇ ਸਮੇਂ ਵਿੱਚ ਵੱਡਾ ਮੁਨਾਫਾ ਕਮਾਉਣ ਦੀ ਪੇਸ਼ਕਸ਼ ਕੀਤੀ ਗਈ। ਤਵਿੰਦਰ ਸ਼ੇਅਰ ਬਾਜ਼ਾਰ ਵਿੱਚ ਪੈਸੇ ਲਾ ਕੇ ਵੱਡਾ ਮੁਨਾਫ਼ਾ ਕਮਾਉਣ ਦੇ ਲਾਲਚ ਵਿੱਚ ਫਸ ਗਿਆ ਤੇ ਆਈਪੀਓ ਖਰੀਦਣ ਲਈ ਸ਼ੇਅਰ ਬਾਜ਼ਾਰ ਵਿੱਚ ਪੈਸੇ ਲਾਉਣ ਲੱਗ ਪਿਆ। ਸ਼ੁਰੂ ਵਿੱਚ ਉਸਦੇ ਖਾਤੇ ਵਿੱਚ ਲਾਏ ਗਏ ਪੈਸੇ ਨਾਲੋਂ ਚਾਰ ਗੁਣਾ ਜ਼ਿਆਦਾ ਮੁਨਾਫ਼ਾ ਮਿਲਣ ਲੱਗਿਆ ਤਾਂ ਉਸ ਨੇ ਜ਼ਿਆਦਾ ਨਿਵੇਸ਼ ਕਰਨਾ ਸ਼ੁਰੂ ਕਰ ਦਿੱਤਾ। ਕੁਝ ਸਮੇਂ ਬਾਅਦ ਜਦੋਂ ਉਸ ਨੇ ਪੈਸੇ ਕਢਵਾਉਣ ਲਈ ਲਿੰਕ 'ਤੇ ਕਲਿੱਕ ਕੀਤਾ ਤਾਂ ਲਿੰਕ ਪੂਰੀ ਤਰ੍ਹਾਂ ਬੰਦ ਹੋ ਗਿਆ। ਫਿਰ ਉਸ ਨੂੰ ਅਹਿਸਾਸ ਹੋਇਆ ਕਿ ਉਸ ਨਾਲ 5 ਲੱਖ 26 ਹਜ਼ਾਰ ਰੁਪਏ ਦੀ ਰਕਮ ਦੀ ਠੱਗੀ ਹੋ ਗਈ ਹੈ। ਇਸ ਉਪਰੰਤ ਉਸ ਨੇ ਸਾਈਬਰ ਸਟੇਸ਼ਨ ਵਿੱਚ ਮਾਮਲਾ ਦਰਜ ਕਰਾਇਆ। ਪੁਲਸ ਟੀਮ ਨੇ ਮਹੱਤਵਪੂਰਨ ਜਾਣਕਾਰੀ ਦੇ ਆਧਾਰ 'ਤੇ ਮੁਲਜ਼ਮ ਸੋਹੇਲ ਖਾਨ ਨਿਵਾਸੀ ਸੰਜੇ ਨਗਰ ਜੋਤਵਾੜਾ, ਜੈਪੁਰ ਰਾਜਸਥਾਨ ਨੂੰ ਗ੍ਰਿਫ਼ਤਾਰ ਕਰਕੇ ਅਦਾਲਤ ਵਿੱਚ ਪੇਸ਼ ਕਰਕੇ ਜੇਲ੍ਹ ਭੇਜ ਦਿੱਤਾ ਹੈ।

## ਕਾਨੂੰਗੋ ਦੀ ਖਾਲੀ ਹੋਈ ਪੋਸਟ ਭਰੀ ਜਾਵੇ : ਨੱਥਾ ਸਿੰਘ



**ਜਲਾਲਾਬਾਦ (ਜੀਤ ਕੁਮਾਰ)** ਸੀ.ਪੀ.ਆਈ.ਐਮ. ਦੇ ਜ਼ਿਲ੍ਹਾ ਕੌਂਸਲ ਮੈਂਬਰ ਕਾਮਰੇਡ ਨੱਥਾ ਸਿੰਘ ਨੇ ਦੱਸਿਆ ਕਿ ਤਹਿਸੀਲ ਜਲਾਲਾਬਾਦ ਦੇ ਖੁੜੰਜ ਸਰਕਲ ਦੇ ਕਾਨੂੰਗੋ ਰਿਟਾਇਰਡ ਹੋ ਜਾਣ ਕਾਰਨ ਇਸ ਸਰਕਲ ਦਾ ਕਾਨੂੰਗੋ ਨਹੀਂ ਹੈ, ਜਿਸਦੇ ਚੱਲਦੇ ਲੋਕਾਂ ਦੇ ਇੰਤਕਾਲ, ਨਿਸ਼ਾਨਦੇਹੀ ਤੇ ਹੋਰ ਜ਼ਮੀਨੀ ਮਸਲੇ ਅਟਕੇ ਪਏ ਹਨ, ਜਿਸ ਕਾਰਨ ਲੋਕਾਂ ਦੀ ਖੱਜਲਖੁਆਰੀ ਹੋ ਰਹੀ ਹੈ। ਉਨ੍ਹਾਂ ਕਿਹਾ ਕਿ ਇਸ ਸਮੱਸਿਆ ਨੂੰ ਲੈ ਕੇ ਉਹ ਜਲਾਲਾਬਾਦ ਦੇ ਐਸ.ਡੀ.ਐਮ. ਨੂੰ ਮਿਲ ਕੇ ਇਸ ਸਰਕਲ 'ਚ ਕਾਨੂੰਗੋ ਦੀ ਤੈਨਾਤੀ ਕਰਨ ਦੀ ਮੰਗ ਕੀਤੀ ਗਈ ਹੈ। ਉਨ੍ਹਾਂ ਡਿਪਟੀ ਕਮਿਸ਼ਨਰ ਦੇ ਧਿਆਨ ਵਿੱਚ ਇਹ ਮਸਲਾ ਲਿਆਉਂਦਿਆਂ ਮੰਗ ਕੀਤੀ ਹੈ ਕਿ ਲੋਕਾਂ ਦੀਆਂ ਸਮੱਸਿਆਵਾਂ ਨੂੰ ਮੁੱਖ ਰੱਖਦਿਆਂ ਜਲਦੀ ਤੋਂ ਜਲਦੀ ਖੁੜੰਜ ਸਰਕਲ ਵਿੱਚ ਕਾਨੂੰਗੋ ਲਾਇਆ ਜਾਵੇ ਤਾਂ ਜੁ ਲੋਕਾਂ ਦੇ ਜ਼ਮੀਨੀ ਮਸਲੇ ਹੱਲ ਹੋ ਸਕਣ ਅਤੇ ਲੋਕ ਹੋ ਰਹੀ ਖੱਜਲਖੁਆਰੀ ਤੋਂ ਬਚ ਸਕਣ।

## ਚਾਰ ਪਿੰਡਾਂ ਨੂੰ 50 ਸਾਲ ਬਾਅਦ ਲੱਗਾ ਨਹਿਰੀ ਪਾਣੀ, ਜੌੜਾਮਾਜਰਾ ਵੱਲੋਂ ਉਦਘਾਟਨ



**ਸਮਾਣਾ/ਪਟਿਆਲਾ (ਰਾਜਿੰਦਰ ਸਿੰਘ ਥਿੰਦ)** ਪਿੰਡ ਲਲੌਛੀ, ਫਤਿਹਮਾਜਰੀ, ਅਚਰਾਲ ਕਲਾਂ ਤੇ ਅਚਰਾਲ ਖੁਰਦ ਦੇ ਕਿਸਾਨਾਂ ਵਿੱਚ ਉਸ ਵੇਲੇ ਖੁਸ਼ੀ ਦੀ ਲਹਿਰ ਦੌੜ ਗਈ, ਜਦੋਂ ਉਨ੍ਹਾਂ ਦੇ ਖੇਤਾਂ ਨੂੰ ਸਿੰਚਾਈ ਲਈ ਕਰੀਬ 50 ਸਾਲਾਂ ਬਾਅਦ ਨਹਿਰੀ ਪਾਣੀ ਦੀ ਸਪਲਾਈ ਨਸੀਬ ਹੋਈ।ਕਿਸਾਨਾਂ ਨੇ ਹਲਕਾ ਵਿਧਾਇਕ ਚੇਤਨ ਸਿੰਘ ਜੌੜਾਮਾਜਰਾ ਤੇ ਸਿੰਚਾਈ ਵਿਭਾਗ ਦੇ ਅਧਿਕਾਰੀਆਂ ਦਾ ਮੂੰਹ ਮਿੱਠਾ ਕਰਾ ਕੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਅਤੇ ਪੰਜਾਬ ਸਰਕਾਰ ਦਾ ਧੰਨਵਾਦ ਕੀਤਾ।ਕਰੀਬ 1.27 ਕਰੋੜ ਰੁਪਏ ਦੀ ਲਾਗਤ ਨਾਲ ਕਰੀਬ 1100 ਏਕੜ ਰਕਬੇ ਦੀ ਸਿੰਚਾਈ ਲਈ ਸੂਏ ਦੇ ਖਾਲੇ ਪੱਕੇ ਕੀਤੇ ਗਏ ਹਨ, ਜਿਸ ਦਾ ਧਰਤੀ ਹੇਠਲੇ ਪਾਣੀ ਨੂੰ ਬਚਾਉਣ ਲਈ ਵੱਡਾ ਲਾਭ ਮਿਲੇਗਾ। ਇਸ ਮੌਕੇ 592 ਏਕੜ ਰਕਬੇ ਸਿੰਚਾਈ ਵਾਲਾ ਪਾਣੀ ਦੇਣ ਲਈ ਮਾਈਨਰ ਨੰਬਰ 2 ਨਵਾਡਾ ਰਜਵਾਹਾ ਵਿੱਚੋਂ ਆਰ.ਡੀ. 13714 ਖੱਬਾ ਪਾਸਾ, 9860 ਫੁੱਟ ਸੂਏ ਨੂੰ 74 ਲੱਖ ਦੀ ਲਾਗਤ ਨਾਲ ਪੱਕਾ ਕਰਨ ਤੇ 410 ਏਕੜ ਰਕਬੇ ਨੂੰ ਪਾਣੀ ਦੇਣ ਲਈ ਆਰ.ਡੀ. 13714 ਸੱਜਾ ਪਾਸਾ, 7274 ਫੁੱਟ ਸੂਏ ਨੂੰ 55 ਲੱਖ ਰੁਪਏ ਦੀ ਲਾਗਤ ਨਾਲ ਪੱਕਾ ਕਰਨ ਦਾ ਉਦਘਾਟਨ ਕਰਦਿਆਂ ਵਿਧਾਇਕ ਜੌੜਾਮਾਜਰਾ ਨੇ ਕਿਹਾ ਕਿ ਪੰਜਾਬ ਸਰਕਾਰ ਨੇ ਧਰਤੀ ਹੇਠਲਾ ਪਾਣੀ ਬਚਾਉਣ ਲਈ ਵੱਡੀ ਪਹਿਲਕਦਮੀ ਕੀਤੀ ਹੈ। ਜੌੜਾਮਾਜਰਾ ਨੇ ਕਿਹਾ ਕਿ ਪਿਛਲੀਆਂ ਸਰਕਾਰਾਂ ਦੀ ਨਾਲਾਇਕੀ ਕਰਕੇ ਸੂਏ ਦੇ ਖਾਲੇ ਨਜਾਇਜ਼ ਕਬਜ਼ਿਆਂ ਹੇਠ ਆ ਗਏ ਸਨ ਤੇ ਪੰਜਾਬ ਦਾ ਨਹਿਰੀ ਪਾਣੀ ਸਿੰਚਾਈ ਬਹੁਤ ਘੱਟ ਵਰਤਿਆਂ ਜਾਣ ਲੱਗਿਆ, ਜਿਸ ਦਾ ਲਾਭ ਮਿਲੀਭੁਗਤ ਕਰਕੇ ਹਰਿਆਣਾ ਤੇ ਹੋਰ ਰਾਜਾਂ ਨੂੰ ਹੁੰਦਾ ਰਿਹਾ, ਜਦਕਿ ਪੰਜਾਬ ਦੇ ਕਿਸਾਨ ਆਪਣੀ ਧਰਤੀ ਹੇਠਲਾ ਪਾਣੀ ਮੁਕਾਉਣ ਕਿਨਾਰੇ ਪੁੱਜ ਗਏ ਸਨ।ਉਨ੍ਹਾਂ ਕਿਹਾ ਕਿ ਹੁਣ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਆਪਣੇ ਹਿੱਸੇ ਦਾ ਕਰੀਬ 80 ਫ਼ੀਸਦੀ ਨਹਿਰੀ ਪਾਣੀ ਵਰਤਣ ਲੱਗਿਆ ਹੈ, ਜਿਸ ਨਾਲ ਧਰਤੀ ਹੇਠਲੇ ਪਾਣੀ ਦੀ ਬਚਤ ਦੇ ਨਾਲ ਨਾਲ ਮੋਟਰ ਨਾ ਚੱਲਣ ਕਾਰਨ ਬਿਜਲੀ ਦੀ ਵੀ ਬੱਚਤ ਹੋਣ ਲੱਗੀ ਹੈ।

## ਸ਼੍ਰੋਮਣੀ ਕਮੇਟੀ ਗੁਰਦੁਆਰਾ ਪ੍ਰਬੰਧਾਂ ਨੂੰ ਬਿਹਤਰ ਬਣਾਉਣ ਲਈ ਵਚਨਬੱਧ : ਗੜ੍ਹੀ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)** ਗੁਰਦੁਆਰਾ ਸ੍ਰੀ ਦੂਖ ਨਿਵਾਰਨ ਸਾਹਿਬ ਪਟਿਆਲਾ ਦੇ ਮੈਨੇਜਰ ਭਾਗ ਸਿੰਘ ਰਾਜਪੁਰਾ ਵੱਲੋਂ ਜਾਰੀ ਹੁਕਮਾਂ ਅਨੁਸਾਰ ਪਰਮਜੀਤ ਸਿੰਘ ਪੰਮਾ (ਪਨੌਦੀਆਂ) ਨੂੰ ਗੁਰਦੁਆਰਾ ਸਾਹਿਬ ਵਿੱਚ ਬਿਲਡਿੰਗ ਸਟੋਰ ਇੰਚਾਰਜ ਨਿਯੁਕਤ ਕੀਤਾ ਗਿਆ ਹੈ।ਉਨ੍ਹਾਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਅੰਤ੍ਰਿੰਗ ਕਮੇਟੀ ਮੈਂਬਰ ਜਥੇਦਾਰ ਸੁਰਜੀਤ ਸਿੰਘ ਗੜ੍ਹੀ ਦੀ ਮੌਜੂਦਗੀ 'ਚ ਅਹੁਦਾ ਸੰਭਾਲ ਲਿਆ। ਸੁਰਜੀਤ ਸਿੰਘ ਗੜ੍ਹੀ ਦਾ ਕਹਿਣਾ ਸੀ ਕਿ ਸ਼੍ਰੋਮਣੀ ਕਮੇਟੀ ਗੁਰਦੁਆਰਾ ਪ੍ਰਬੰਧਾਂ ਨੂੰ ਹੋਰ ਵਧੇਰੇ ਬਿਹਤਰ ਬਣਾਉਣ ਲਈ ਵਚਨਬੱਧ ਹੈ।ਉਨ੍ਹਾਂ ਦਾ ਕਹਿਣਾ ਸੀ ਕਿ ਸ਼੍ਰੋਮਣੀ ਕਮੇਟੀ ਦੀ ਧਾਰਮਿਕ ਕਾਰਜਾਂ ਤੋਂ ਇਲਾਵਾ ਵਿੱਦਿਅਕ ਖੇਤਰ 'ਚ ਵੀ ਚੋਖਾ ਯੋਗਦਾਨ ਪਾਇਆ ਜਾ ਰਿਹਾ ਹੈ।ਇਸ ਦੇ ਨਾਲ ਹੀ ਹੋਰ ਸਮਾਜ ਸੇਵਾ ਦੇ ਕਾਰਜ ਵੀ ਜਾਰੀ ਹਨ।

## ਇਨੋਵਾ ਹਾਦਸੇ ਦੇ ਮ੍ਰਿਤਕ ਬੱਚਿਆਂ ਦੇ ਪਰਵਾਰਾਂ ਨੇ ਕੱਢਿਆ ਮੋਮਬੱਤੀ ਮਾਰਚ

**ਪਟਿਆਲਾ (ਰਾਜਿੰਦਰ ਥਿੰਦ)** ਕੁੱਝ ਦਿਨ ਪਹਿਲਾਂ ਪਟਿਆਲਾ ਰੋਡ 'ਤੇ ਇਨੋਵਾ ਕਾਰ ਹਾਦਸੇ ਵਿਚ ਸੱਤ ਸਕੂਲੀ ਬੱਚਿਆਂ ਤੇ ਡਰਾਈਵਰ ਦੀ ਮੌਤ ਹੋ ਗਈ ਸੀ।ਇਸ ਮਾਮਲੇ ਵਿਚ



ਤਕਰੀਬਨ 26 ਦਿਨ ਬੀਤ ਜਾਣ ਦੇ ਬਾਵਜੂਦ ਕਥਿਤ ਮੁਲਜ਼ਮ ਟਿੱਪਰ ਮਾਲਕ ਨੂੰ ਗ੍ਰਿਫਤਾਰ ਨਹੀਂ ਕੀਤਾ ਗਿਆ, ਜਿਸ ਦੇ ਰੋਸ ਵਜੋਂ ਅਤੇ ਇਨਸਾਫ਼ ਦੀ ਮੰਗ ਨੂੰ ਲੈ ਕੇ ਮ੍ਰਿਤਕ ਬੱਚਿਆਂ ਦੇ ਪਰਵਾਰਾਂ ਨੇ ਸਾਬਕਾ ਵਿਧਾਇਕ ਰਾਜਿੰਦਰ ਸਿੰਘ ਸਮਾਣਾ ਦੀ ਅਗਵਾਈ ਹੇਠ ਸ਼ਹਿਰ ਵਿਚ ਕੈਂਡਲ ਮਾਰਚ ਕੱਢਿਆ।ਮਾਰਚ ਵਿਚ ਸ਼ਹਿਰ ਦੇ ਹਰ ਵਰਗ ਦੇ ਹਜ਼ਾਰਾਂ ਲੋਕ ਹਿੱਸਾ ਲੈਣ ਆਏ।ਲੋਕਾਂ ਨੇ ਸੁਧਾਂਜਲੀ ਦੀਆਂ ਮੋਮਬਤੀਆਂ ਹੱਥਾਂ ਵਿਚ ਫੜ ਕੇ ਟਿੱਪਰ ਮਾਲਕ ਨੂੰ ਗ੍ਰਿਫਤਾਰ ਕਰਨ ਦੀ ਮੰਗ ਕੀਤੀ।ਇਸ ਮੌਕੇ ਮਾਪੇ ਸਚਿਨ ਲੂੰਬਾ, ਕਰਨ ਸੱਚਦੇਵਾ, ਰਾਜੀਵ ਸੱਚਦੇਵਾ ਤੇ ਮੋਹਿਤ ਬਾਂਸਲ ਨੇ ਕਿਹਾ ਕਿ 26 ਦਿਨ ਬੀਤ ਚੁੱਕੇ ਹਨ ਤੇ ਸਾਡੇ ਬੱਚਿਆਂ ਨੂੰ ਇਨਸਾਫ਼ ਨਹੀਂ ਮਿਲ ਸਕਿਆ, ਜਿਸ ਦੇ ਤਹਿਤ ਸਮੂਹ ਕੈਂਡਲ ਮਾਰਚ ਕਰਦੇ ਹੋਏ ਮਾਪੇ ਤੇ ਸ਼ਹਿਰ ਨਿਵਾਸੀ। ਸ਼ਹਿਰ ਨਿਵਾਸੀਆਂ ਦੇ ਸਹਿਯੋਗ ਨਾਲ ਕੈਂਡਲ ਮਾਰਚ ਕੱਢਿਆ ਗਿਆ ਹੈ।ਉਨ੍ਹਾਂ ਕਿਹਾ ਕਿ ਸ਼ਹਿਰ ਨਿਵਾਸੀਆਂ ਦੇ ਸਹਿਯੋਗ ਨਾਲ ਸਾਡੇ ਬੱਚਿਆਂ ਨੂੰ ਇਨਸਾਫ਼ ਜ਼ਰੂਰ ਮਿਲੇਗਾ।ਉਨ੍ਹਾਂ ਕਿਹਾ ਕਿ ਜਦੋਂ ਤੱਕ ਸਾਡੇ ਬੱਚਿਆਂ ਨੂੰ ਇਨਸਾਫ਼ ਨਹੀਂ ਮਿਲਦਾ, ਉਦੋਂ ਤੱਕ ਤਹਿਸੀਲ ਰੋਡ ਨਜ਼ਦੀਕ ਪ੍ਰਸ਼ਾਸਨ ਵਿਰੁੱਧ ਧਰਨਾ ਜਾਰੀ ਰਹੇਗਾ।

## ਅੰਮ੍ਰਿਤਪਾਲ ਸਿੰਘ 'ਤੇ ਲੱਗਾ ਐਨ ਐਸ ਏ ਰੱਦ ਕਰਨ ਦੀ ਮੰਗ

**ਨਿਹਾਲ ਸਿੰਘ ਵਾਲਾ (ਲਵਲੀ ਕੁਮਾਰ)** ਅਕਾਲੀ ਦਲ ਵਾਰਿਸ ਪੰਜਾਬ ਦੇ ਪਾਰਟੀ ਵੱਲੋਂ ਭਾਈ ਅੰਮ੍ਰਿਤਪਾਲ ਸਿੰਘ ਖਾਲਸਾ ਦੀ ਰਿਹਾਈ ਲਈ ਅਤੇ ਉਨ੍ਹਾਂ ਉੱਪਰ ਲੱਗਾ ਐਨਐਸਏ ਰੱਦ ਕਰਨ ਲਈ ਸੂਬੇ ਭਰ ਵਿੱਚ ਰੋਹ ਭਰਪੂਰ ਰੈਲੀਆਂ ਕੀਤੀਆਂ ਜਾ ਰਹੀਆਂ ਹਨ।ਸਾਬਕਾ ਪੁਲਸ ਕਪਤਾਨ ਪ੍ਰਿਥੀਪਾਲ ਸਿੰਘ ਬਟਾਲਾ ਨੇ ਕਿਹਾ ਕਿ ਭਾਈ ਅੰਮ੍ਰਿਤਪਾਲ ਸਿੰਘ ਖਾਲਸਾ ਨੂੰ ਲੋਕਾਂ ਨੇ ਚੁਣਿਆ ਹੈ, ਜਿੱਤੇ ਹੋਏ ਸੰਸਦ ਨੂੰ ਜੇਲ੍ਹ ਵਿੱਚ ਡੱਕੀ ਰੱਖਣਾ ਬੇਇਨਸਾਫ਼ੀ ਹੈ।ਉਨ੍ਹਾਂ ਕਿਹਾ ਕਿ ਭਾਈ ਖਾਲਸਾ ਦੀ ਲੜਾਈ ਨਸ਼ਿਆਂ ਖਿਲਾਫ਼ ਸੀ, ਉਹ ਨੌਜਵਾਨੀ ਨੂੰ ਸਹੀ ਰਸਤੇ ਉੱਪਰ ਲਾ ਰਹੇ ਸਨ।ਇਸ ਕਰਕੇ ਜਵਾਨੀ ਉਨ੍ਹਾਂ ਨਾਲ ਹੈ।ਤੀਜੀ ਵਾਰ ਐਨ ਐਸ ਏ ਵਧਾਉਣਾ ਕਿੱਥੋਂ ਦੀ ਇਨਸਾਫ਼ੀ ਹੈ। ਪ੍ਰਿਥੀਪਾਲ ਸਿੰਘ ਬਟਾਲਾ ਨੇ ਕਿਹਾ ਕਿ ਸਾਜ਼ਿਸ਼ ਤਹਿਤ ਭਾਈ ਅੰਮ੍ਰਿਤਪਾਲ ਸਿੰਘ ਨੂੰ ਰਿਹਾਅ ਨਹੀਂ ਕੀਤਾ ਜਾ ਰਿਹਾ।ਪੰਜਾਬ ਦੀ ਜਵਾਨੀ, ਪੰਜਾਬ ਦੇ ਲੋਕ ਭਾਈ ਅੰਮ੍ਰਿਤਪਾਲ ਸਿੰਘ ਦੇ ਨਾਲ ਹਨ।ਪ੍ਰਿਥੀਪਾਲ ਸਿੰਘ ਨੇ ਕਿਹਾ ਕਿ ਵੱਡੀ ਗਿਣਤੀ ਵਿੱਚ ਲੋਕ ਅਕਾਲੀ ਦਲ ਵਾਰਿਸ ਪੰਜਾਬ ਦੇ, ਪਾਰਟੀ ਦਾ ਸਾਥ ਦੇ ਰਹੇ ਹਨ ਤੇ ਉਹ ਭਾਈ ਅੰਮ੍ਰਿਤਪਾਲ ਸਿੰਘ ਦੀ ਰਿਹਾਈ ਕਰਾਉਣ ਵਿੱਚ ਜ਼ਰੂਰ ਸਫ਼ਲ ਹੋਣਗੇ।



## ਗੌਰਵ ਗੋਇਲ ਵੱਲੋਂ ਨਸ਼ਾ ਮੁਕਤੀ ਲਈ ਉਪਰਾਲੇ ਜਾਰੀ



**ਲਹਿਰਾਗਾਗਾ (ਪਵਨ ਸ਼ਰਮਾ)** ਕੈਬਨਿਟ ਮੰਤਰੀ ਐਡਵੋਕੇਟ ਬਰਿੰਦਰ ਗੋਇਲ ਦਾ ਬੇਟਾ ਗੌਰਵ ਗੋਇਲ ਮੰਤਰੀ ਦੇ ਸਿਆਸੀ ਰੁਝੇਵਿਆਂ ਦੇ ਚੱਲਦੇ ਹਲਕੇ ਦੇ ਪਿੰਡ-ਪਿੰਡ ਜਾ ਕੇ ਜਨਤਾ, ਖਾਸ ਕਰ ਨੌਜਵਾਨਾਂ ਨੂੰ ਨਸ਼ਿਆਂ ਵਿਰੁੱਧ ਜਾਗਰੂਕ ਕਰਦਾ ਹੋਇਆ ਨੌਜਵਾਨਾਂ ਦੇ ਰੋਲ ਮਾਡਲ ਵਜੋਂ ਉਭਰ ਰਿਹੈ। ਪਿਛਲੇ ਕੁਝ ਦਿਨਾਂ ਵਿੱਚ ਹੀ ਗੌਰਵ ਗੋਇਲ ਵੱਲੋਂ ਆਪਣੇ ਕਾਬਲ ਸਾਥੀ ਗੁਰਲਾਲ ਸਿੰਘ ਸਾਬਕਾ ਕੌਂਸਲਰ ਦੇ ਨਾਲ ਹਲਕੇ ਦੇ ਦਰਜਨਾਂ ਪਿੰਡਾਂ ਅੰਦਰ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਤਹਿਤ ਜਿੱਥੇ ਲੋਕਾਂ ਨੂੰ ਨਸ਼ੇ ਨਾ ਕਰਨ ਦੀ ਸਹੁੰ ਚੁਕਾਈ ਗਈ ,ਉੱਥੇ ਨੌਜਵਾਨਾਂ ਨੂੰ ਖੇਡਾਂ, ਧਾਰਮਿਕ ਤੇ ਸਮਾਜ ਸੇਵੀ ਕੰਮਾਂ ਵੱਲ ਪ੍ਰੇਰਿਤ ਕੀਤਾ ਜਾ ਰਿਹਾ ਹੈ। ਗੌਰਵ ਗੋਇਲ ਨੇ ਕਿਹਾ ਕਿ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਨੂੰ ਪਿੰਡਾਂ ਵਿੱਚ ਭਾਰੀ ਜਨ ਸਮਰਥਨ ਮਿਲ ਰਿਹਾ ਹੈ।ਨੌਜਵਾਨ ਪੰਜਾਬ ਸਰਕਾਰ ਦੀ ਉਕਤ ਮੁਹਿੰਮ ਨਾਲ ਜੁੜ ਰਹੇ ਹਨ। ਉਨ੍ਹਾਂ ਇਹ ਵੀ ਕਿਹਾ ਕਿ ਕਿਸੇ ਵੀ ਨਸ਼ਾ ਸਮਗਲਰ ਨੂੰ ਕਿਸੇ ਵੀ ਕੀਮਤ 'ਤੇ ਬਖ਼ਸ਼ਿਆ ਨਹੀਂ ਜਾਵੇਗਾ। ਨਸ਼ੇ ਸਾਡੀ ਨੌਜਵਾਨੀ ਨੂੰ ਬਰਬਾਦ ਕਰ ਰਹੇ ਹਨ, ਨਸ਼ੇ ਦੇ ਕਾਰਨ ਘਰਾਂ ਦੇ ਘਰ ਬਰਬਾਦ ਹੋ ਗਏ, ਪਰ ਪੰਜਾਬ ਸਰਕਾਰ ਨੇ ਨਿਸ਼ਚਾ ਕੀਤਾ ਹੈ ਕਿ ਨਸ਼ਿਆਂ ਦੇ ਕਾਰਨ ਕਿਸੇ ਵੀ ਪਰਵਾਰ ਨੂੰ ਬਰਬਾਦ ਨਹੀਂ ਹੋਣ ਦੇਣਾ, ਨਸ਼ਾ ਸਮਗਲਰਾਂ ਵਿਰੁੱਧ ਸਖਤ ਤੋਂ ਸਖਤ ਕਾਰਵਾਈ ਕੀਤੀ ਜਾ ਰਹੀ ਹੈ ਅਤੇ ਸਰਕਾਰ ਨਸ਼ੇ ਦੀ ਦਲ ਦਲ ਵਿੱਚ ਫਸੇ ਨੌਜਵਾਨਾਂ ਦਾ ਇਲਾਜ ਕਰਾਏਗੀ ਅਤੇ ਰੁਜ਼ਗਾਰ ਲਈ ਹਰ ਸੰਭਵ ਮਦਦ ਕਰੇਗੀ।

## ਆਦਰਸ਼ ਸਕੂਲ ਸ਼ਹਿਜ਼ਾਦਾ ਸੰਤ ਸਿੰਘ ਦੇ ਹੋਣਹਾਰ ਵਿਦਿਆਰਥੀ ਸਨਮਾਨਤ

**ਜੀਰਾ (ਪਰਮਜੀਤ ਸਿੰਘ ਧੰਜੂ)** ਆਦਰਸ਼ ਸੀਨੀਅਰ ਸੈਕੰਡਰੀ ਸਕੂਲ ਸ਼ਹਿਜ਼ਾਦਾ ਸੰਤ ਸਿੰਘ ਵਿਖੇ ਸਕੂਲ ਦੇ ਹੋਣਹਾਰ ਵਿਦਿਆਰਥੀਆਂ ਨੂੰ ਸਨਮਾਨਤ ਕਰਨ ਲਈ ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋਂ ਇੱਕ ਵਿਸ਼ੇਸ਼ ਸਮਾਗਮ ਕਰਾਇਆ ਗਿਆ। ਸਕੂਲ ਪ੍ਰਬੰਧਕਾਂ ਨੇ ਕਿਹਾ ਕਿ ਵਿਦਿਆਰਥੀਆਂ ਵਿੱਚ ਬਾਰ੍ਹਵੀਂ ਸਾਇੰਸ ਗਰੁੱਪ ਵਿੱਚੋਂ ਤਕਦੀਰ ਕੌਰ ਸੰਧੂ 97 ਫੀਸਦੀ ਅੰਕ ਪ੍ਰਾਪਤ ਕਰਕੇ ਪਹਿਲੇ ਸਥਾਨ ਤੇ ਲਵਪ੍ਰੀਤ ਕੌਰ 89 ਫੀਸਦੀ ਅੰਕ ਪ੍ਰਾਪਤ ਕਰਕੇ ਦੂਜੇ ਸਥਾਨ 'ਤੇ, ਜਦੋਂਕਿ ਜਸ਼ਨਪ੍ਰੀਤ ਕੌਰ ਨੇ 83 ਫ਼ੀਸਦੀ ਅੰਕ ਪ੍ਰਾਪਤ ਕਰਕੇ ਤੀਜਾ ਸਥਾਨ ਪ੍ਰਾਪਤ ਕੀਤਾ ਹੈ।ਇਸੇ ਤਰ੍ਹਾਂ ਆਰਟਸ ਗਰੁੱਪ ਵਿੱਚ ਮਨਪ੍ਰੀਤ ਕੌਰ ਨੇ ਪਹਿਲਾ, ਹਰਮੀਤ ਕੌਰ ਨੇ ਦੂਜਾ ਤੇ ਸੁਨੇਹਾ ਨੇ ਤੀਜਾ ਸਥਾਨ ਪ੍ਰਾਪਤ ਕੀਤਾ। ਕਾਮਰਸ ਗਰੁੱਪ ਵਿੱਚੋਂ ਸਮਸ਼ੇਰ ਸਿੰਘ ਨੇ ਪਹਿਲਾ, ਕਰਨਵੀਰ ਸਿੰਘ ਨੇ ਦੂਜਾ, ਜਦੋਂਕਿ ਪ੍ਰਭਜੋਤ ਸਿੰਘ ਤੇ ਮਨਜਿੰਦਰ ਕੌਰ ਤੀਜੇ ਸਥਾਨ 'ਤੇ ਰਹੇ।ਇਸੇ ਤਰ੍ਹਾਂ ਦਸਵੀਂ ਦੀ ਪ੍ਰੀਖਿਆ ਵਿੱਚ ਸੁਮਨਦੀਪ ਕੌਰ ਸੰਧੂ ਨੇ ਪਹਿਲਾ, ਕਮਲਪ੍ਰੀਤ ਕੌਰ ਨੇ ਦੂਜਾ ਤੇ ਕੰਵਲਦੀਪ ਕੌਰ ਨੇ ਤੀਜਾ ਸਥਾਨ ਪ੍ਰਾਪਤ ਕੀਤਾ।ਅੱਠਵੀਂ ਦੀ ਪ੍ਰੀਖਿਆ ਵਿੱਚੋਂ ਮੁਸਕਾਨ ਨੇ ਪਹਿਲਾ ਜਸਮੀਤ ਕੌਰ ਨੇ ਦੂਜਾ ਅਤੇ ਮਹਿਕਦੀਪ ਕੌਰ ਨੇ ਤੀਜਾ ਸਥਾਨ ਪ੍ਰਾਪਤ ਕੀਤਾ । ਪੰਜਵੀਂ ਦੀ ਪ੍ਰੀਖਿਆ ਵਿੱਚੋਂ ਨੰਨਤਪਰੀਤ ਕੌਰ ਨੇ ਪਹਿਲਾ, ਹੁਸਨਪ੍ਰੀਤ ਕੌਰ ਨੇ ਦੂਜਾ ਤੇ ਕ੍ਰਿਸ਼ਟੀ ਭੱਟੀ ਨੇ ਤੀਜਾ ਸਥਾਨ ਪ੍ਰਾਪਤ ਕਰਨ ਵਿੱਚ ਸਫ਼ਲਤਾ ਹਾਸਲ ਕੀਤੀ।ਇਨ੍ਹਾਂ ਸਾਰੇ ਵਿਦਿਆਰਥੀਆਂ ਨੂੰ ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋਂ ਵਿਸ਼ੇਸ਼ ਤੌਰ 'ਤੇ ਸਨਮਾਨਤ ਕੀਤਾ ਗਿਆ।ਇਸ ਮੌਕੇ ਪ੍ਰਿੰਸੀਪਲ ਮੈਡਮ ਰਮਨਜੀਤ ਮਹਿਤਾ ਨੇ ਵਿਦਿਆਰਥੀਆਂ ਤੇ ਉਨ੍ਹਾਂ ਦੇ ਮਾਪਿਆਂ ਨੂੰ ਵਧਾਈ ਦਿੰਦਿਆਂ ਵਿਦਿਆਰਥੀਆਂ ਦੇ ਚੰਗੇ ਭਵਿੱਖ ਦੀ ਕਾਮਨਾ ਕੀਤੀ।



## ਸਿਵਲ ਹਸਪਤਾਲ 'ਚ ਗੋਡੇ ਬਦਲਣ ਦੇ ਅਪ੍ਰੇਸ਼ਨ ਸਫ਼ਲਤਾਪੂਰਵਕ ਸ਼ੁਰੂ

**ਤਲਵੰਡੀ ਸਾਬੋ (ਜਗਦੀਪ ਗਿੱਲ)** ਰੰਗਲਾ ਪੰਜਾਬ ਬਣਾਉਣ ਦੇ ਟੀਚੇ ਨੂੰ ਮੁੱਖ ਰੱਖਦੇ ਹੋਏ ਪ੍ਰੋ ਬਲਜਿੰਦਰ ਕੌਰ ਐਮ ਐਲ ਏ ਦੇ ਦਿਸ਼ਾ-ਨਿਰਦੇਸ਼ ਤਹਿਤ ਤੇ ਸੀਨੀਅਰ ਮੈਡੀਕਲ ਅਫ਼ਸਰ ਡਾ ਰਵੀ ਕਾਂਤ ਵੱਲੋਂ ਕੀਤੇ ਜਾ ਰਹੇ ਨਿਰੰਤਰ ਉਪਰਾਲਿਆਂ ਸਦਕਾ ਤਲਵੰਡੀ ਸਾਬੋ ਵਿਖੇ ਹੱਡੀਆਂ ਤੇ ਜੋੜਾਂ ਦੇ ਮਾਹਰ ਡਾਕਟਰ ਡਾ ਅਨਿਲ ਗਰਗ ਵੱਲੋਂ ਗੋਡੇ ਬਦਲਣ ਦੇ ਅਪ੍ਰੇਸ਼ਨ ਸ਼ੁਰੂ ਕਰ ਦਿੱਤੇ ਗਏ ਹਨ। ਡਾ ਅਨਿਲ ਗਰਗ ਵੱਲੋਂ 2 ਜੂਨ ਨੂੰ ਸਫ਼ਲਤਾਪੂਰਵਕ ਗੋਡਾ ਬਦਲਿਆ ਗਿਆ ਹੈ।ਉਨ੍ਹਾਂ ਦੱਸਿਆ ਕਿ ਆਯੁਸ਼ਮਾਨ ਭਾਰਤ ਸਕੀਮ ਅਧੀਨ ਬਿਨਾਂ ਖਰਚਾ ਗੋਡੇ ਬਦਲਣ ਦੇ ਅਪ੍ਰੇਸ਼ਨ ਸ਼ੁਰੂ ਕਰ ਦਿੱਤੇ ਗਏ ਹਨ।ਉਨ੍ਹਾਂ ਨੇ ਦੱਸਿਆ ਕਿ ਸੀਨੀਅਰ ਮੈਡੀਕਲ ਅਫ਼ਸਰ ਡਾ. ਰਵੀ ਕਾਂਤ ਦੇ ਪੂਰਣ ਸਹਿਯੋਗ ਸਦਕਾ ਅਪ੍ਰੇਸ਼ਨ ਲਈ ਲੋੜੀਂਦੇ ਬੰਦੋਬਸਤ ਕੀਤੇ ਗਏ ਤਾਂ ਜੁ ਲੋਕਾਂ ਨੂੰ ਸੁਚਾਰੂ ਢੰਗ ਨਾਲ ਸਿਹਤ ਸਹੂਲਤਾਂ ਦਿੱਤੀਆਂ ਜਾ ਸਕਣ।



## ਰੌਂਤਾ 'ਚ ਨਸ਼ਾ ਵਿਰੋਧੀ ਰੈਲੀ

**ਨਿਹਾਲ ਸਿੰਘ ਵਾਲਾ (ਲਵਲੀ ਮਾਛੀਕੇ)** ਆਮ ਆਦਮੀ ਪਾਰਟੀ ਵੱਲੋਂ ਸ਼ੁਰੂ ਕੀਤੀ ਮੁਹਿੰਮ ਯੁੱਧ ਨਸ਼ਿਆਂ ਵਿਰੁੱਧ ਤਹਿਤ ਪਿੰਡ ਰੌਂਤਾ 'ਚ ਨਸ਼ਾ ਵਿਰੋਧੀ ਪ੍ਰੋਗਰਾਮ ਕੀਤਾ ਗਿਆ, ਜਿਸ ਨੂੰ ਸੰਬੋਧਨ ਕਰਦਿਆਂ ਅੰਮ੍ਰਿਤਪਾਲ ਸਿੰਘ ਦੀਨਾ ਨੇ ਕਿਹਾ ਕਿ ਨਸ਼ਾ ਬਹੁਤ ਭੈੜੀ ਬਿਮਾਰੀ ਹੈ, ਜਿਸ ਨਾਲ ਘਰ ਪਰਵਾਰ, ਰਿਸ਼ਤੇ ਤੇ ਵਿਅਕਤੀ ਦਾ ਵਿਅਕਤੀਤਵ ਤਬਾਹ ਹੋ ਜਾਂਦਾ ਹੈ ਤੇ ਆਰਥਿਕ ਪੱਖੋਂ ਵੀ ਮੰਗਤਾ ਬਣਾ ਦਿੰਦਾ ਹੈ। ਜੋ ਪ੍ਰੇਸ਼ਾਨੀ ਜ਼ਲੀਲਤਾ ਨਸ਼ਾ ਕਰਦੇ ਨੌਜਵਾਨ ਦੇ ਪਰਵਾਰ ਨੂੰ ਝੱਲਣੀ ਪੈਂਦੀ ਹੈ, ਉਹੀ ਸਮਝ ਸਕਦੇ ਹਨ। ਉਨ੍ਹਾਂ ਕਿਹਾ ਕਿ ਆਓ ਸਾਰੇ ਇਕੱਠੇ ਹੋ ਕੇ ਆਮ ਆਦਮੀ ਪਾਰਟੀ ਦੀ ਇਸ ਮੁਹਿੰਮ ਦਾ ਸਾਥ ਦੇ ਕੇ ਪਿੰਡਾਂ ਨੂੰ ਨਸ਼ਾ ਮੁਕਤ ਕਰੀਏ। ਇਸ ਸਮੇਂ ਬੀ.ਡੀ.ਪੀ.ਓ ਤੇ ਟੀਮ ਐਸ.ਐਮ.ਓ ਤੇ ਟੀਮ ਖੇਤੀਬਾੜੀ ਵਿਭਾਗ, ਆਸ਼ਾ ਵਰਕਰ ਵੀ ਮੌਜੂਦ ਸਨ।



## ਰਛਪਾਲ ਸਿੰਘ ਗਿੱਲ ਦੇ ਅਕਾਲ ਚਲਾਣੇ 'ਤੇ ਸੋਗ ਦੀ ਲਹਿਰ

**ਸੰਗਰੂਰ (ਪ੍ਰਵੀਨ ਸਿੰਘ)** ਭਾਸ਼ਾ ਵਿਭਾਗ ਪੰਜਾਬ ਦੇ ਸਾਬਕਾ ਡਾਇਰੈਕਟਰ ਰਛਪਾਲ ਸਿੰਘ ਗਿੱਲ ਦੇ ਕੈਨੇਡਾ ਵਿਖੇ ਸਵਰਗਵਾਸ ਹੋ ਜਾਣ ਤੇ ਸਾਹਿਤਕ, ਸਮਾਜਕ, ਅਕਾਦਮਿਕ ਤੇ ਸੱਭਿਆਚਾਰਕ ਖੇਤਰਾਂ ਵਿੱਚ ਸ਼ੋਕ ਦੀ ਲਹਿਰ ਦੌੜ ਗਈ ਹੈ।ਇਸ ਸਬੰਧੀ ਸਾਹਿਤਕਾਰਾਂ, ਬੁੱਧੀਜੀਵੀਆਂ, ਚਿੰਤਕਾਂ ਦੀ ਇੱਕ ਸ਼ੋਕ ਇਕੱਤਰਤਾ ਡਾ. ਸਵਰਾਜ ਸਿੰਘ ਵਿਸ਼ਵ ਚਿੰਤਕ ਦੀ ਪ੍ਰਧਾਨਗੀ ਹੇਠ ਹੋਈ, ਜਿਸ ਵਿੱਚ ਡਾ. ਤੇਜਵੰਤ ਮਾਨ, ਅਨੋਖ ਸਿੰਘ ਵਿਰਕ, ਜਗਦੀਪ ਸਿੰਘ, ਡਾ. ਭਗਵੰਤ ਸਿੰਘ, ਜੋਗਿੰਦਰ ਕੌਰ ਅਗਨੀਹੋਤਰੀ, ਅਮਰਗਰਗ ਕਲਮਦਾਨ, ਡਾ. ਜਗਦੀਪ ਕੌਰ, ਕੁਲਵੰਤ ਕਸਕ, ਡਾ. ਨਰਵਿੰਦਰ ਸਿੰਘ ਕੌਸ਼ਲ, ਗੁਰਨਾਮ ਸਿੰਘ, ਤੇਜਾ ਸਿੰਘ ਤਿਲਕ, ਡਾ. ਈਸ਼ਵਰਦਾਸ ਸਿੰਘ ਮਹਾਂਮੰਡਲੇਸ਼ਵਰ, ਸਵਾਮੀਰਾਜ ਸ਼ਰਮਾ, ਰਵੇਲ ਸਿੰਘ ਭਿੰਡਰ, ਡਾ. ਖੁਸ਼ਹਾਲ ਸਿੰਘ, ਜਸਪਾਲ ਸਿੰਘ ਸਿੱਧੂ, ਡਾ. ਹਰਵਿੰਦਰ ਸਿੰਘ ਭੱਟੀ, ਬਲਵਿੰਦਰ ਭੱਟੀ, ਜੋਗਾ ਸਿੰਘ, ਗੁਲਜ਼ਾਰ ਸਿੰਘ ਸ਼ੌਂਕੀ, ਦਰਸ਼ਨ ਖੋਖਰ, ਸੁਰਿੰਦਰਪਾਲ ਸਿੰਘ ਸਿਦਕੀ ਡਾ. ਮੇਘਾ ਸਿੰਘ ਆਦਿ ਅਨੇਕਾਂ ਸਾਹਿਤਕਾਰਾਂ ਨੇ ਸ਼ਮੂਲੀਅਤ ਕੀਤੀ। ਇਸ ਸ਼ੋਕ ਇਕੱਤਰਤਾ ਵਿੱਚ ਰਛਪਾਲ ਸਿੰਘ ਗਿੱਲ ਦੇ ਮਾਂ ਬੋਲੀ ਪੰਜਾਬੀ ਲਈ ਕੀਤੇ ਅਣਥੱਕ ਯਤਨਾਂ ਨੂੰ ਯਾਦ ਕੀਤਾ।ਭਾਸ਼ਾ ਵਿਭਾਗ ਪੰਜਾਬ ਦੁਆਰਾ ਇਨਸਾਈਕਲੋਪੀਡੀਆ ਬ੍ਰਿਟੈਨਿਕਾ ਦੀ ਤਰਜ਼ 'ਤੇ 15 ਜਿਲਦਾਂ ਵਿੱਚ ਤਿਆਰ ਕੀਤੇ ਪੰਜਾਬੀ ਵਿਸ਼ਵ ਕੋਸ਼ ਨੂੰ ਉਨ੍ਹਾਂ ਦਾ ਲਾਸਾਨੀ ਪ੍ਰੋਜੈਕਟ ਦੱਸਿਆ। ਪੰਜਾਬ ਕੋਸ਼ ਉਨ੍ਹਾਂ ਦੀ ਹੋਰ ਵੱਡੀ ਦੇਣ ਹੈ। ਵਿਭਾਗੀ ਪੁਸਤਕ ਪ੍ਰਕਾਸ਼ਨਾਵਾਂ ਤੇ ਰਸਾਲਿਆਂ ਦੇ ਮਿਆਰ ਵਿੱਚ ਕੀਤੇ ਗਏ ਸੁਧਾਰਾਂ ਦੀ ਚਰਚਾ ਕੀਤੀ ਗਈ। ਇਸਦੇ ਨਾਲ ਹੀ ਸਾਹਿਤਕਾਰਾਂ ਦੇ ਠਹਿਰਨ ਲਈ ਬਣਾਏ ਸਾਹਿਤ ਸਦਨ ਦੀ ਉਨ੍ਹਾਂ ਦੀ ਦੇਖ-ਰੇਖ ਹੇਠ ਚੜ੍ਹਤ ਵਾਲੇ ਸਮੇਂ ਬਾਰੇ ਵੀ ਚਰਚਾ ਕੀਤੀ ਗਈ।ਪੰਜਾਬ ਤੋਂ ਬਾਹਰਲੇ ਸੂਬਿਆਂ ਦੇ ਲੇਖਕਾਂ ਨੇ ਉਨ੍ਹਾਂ ਦੀ ਨਿਗਰਾਨੀ ਹੇਠ ਕਰਾਏ ਗਏ ਸਮਾਗਮਾਂ ਖਾਸਕਰ ਦੇਹਰਾਦੂਨ, ਨੈਨੀਤਾਲ ਤੇ ਨਾਗਪੁਰ ਦੀ ਚਰਚਾ ਕਰਦੇ ਹੋਏ ਉਨ੍ਹਾਂ ਦੇ ਉਸਾਰੂ ਕਾਰਜਾਂ ਦੀ ਪ੍ਰਸੰਸਾ ਕਰਦੇ ਹੋਏ ਆਪਣੀਆਂ ਸੰਵੇਦਨਾਵਾਂ ਪ੍ਰਗਟ ਕੀਤੀਆਂ। ਡਾ. ਭਗਵੰਤ ਸਿੰਘ ਨੇ ਦੱਸਿਆ ਕਿ ਕੇਂਦਰੀ ਪੰਜਾਬੀ ਲੇਖਕ ਸਭਾ ਰਜਿ. ਸੇਖੋਂ ਦੇ ਪ੍ਰਧਾਨ ਪਵਨ ਹਰਚੰਦਪੁਰੀ ਤੇ ਜਨਰਲ ਸਕੱਤਰ ਪ੍ਰੋ. ਸੰਧੂ ਵਰਿਆਣਵੀ ਸਰਪ੍ਰਸਤ ਡਾ. ਤੇਜਵੰਤ ਮਾਨ, ਡਾ. ਦੀਪਕ, ਮਨਮੋਹਨ ਸਿੰਘ ਤੇ ਸਮੂਹ ਅਹੁਦੇਦਾਰਾਂ ਨੇ ਰਛਪਾਲ ਸਿੰਘ ਗਿੱਲ ਦੇ ਚਲਾਣੇ 'ਤੇ ਗਹਿਰੇ ਸ਼ੋਕ ਦਾ ਪ੍ਰਗਟਾਵਾ ਕੀਤਾ ਹੈ। ਇਸੇ ਤਰ੍ਹਾਂ ਵਿਰਾਸਤ ਫਾਊਂਡੇਸ਼ਨ ਵੈਨਕੂਵਰ ਦੇ ਭੁਪਿੰਦਰ ਸਿੰਘ ਮੱਲ੍ਹੀ ਤੇ ਸਾਊਥ ਏਸ਼ੀਆ ਰਿਵਿਊ ਸੰਪਾਦਕ ਸੁੱਚਾ ਦੀਪਕ ਨੇ ਵੀ ਆਪਣੀਆਂ ਸੰਵੇਦਨਾਵਾਂ ਪੇਸ਼ ਕੀਤੀਆਂ ਹਨ।

## ਨਗਰ ਨਿਗਮ ਨੇ ਸ਼ੁਰੂ ਕੀਤਾ ਪਾਇਲਟ ਪ੍ਰੋਜੈਕਟ

● 19 ਰੈਕ ਪਿੱਕਰ ਕਰ ਰਹੇ 2 ਵਾਰਡਾਂ ਨੂੰ ਕੂੜਾ ਮੁਕਤ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)** ਮੇਅਰ ਕੁੰਦਨ ਗੋਗੀਆ ਵੱਲੋਂ ਨਗਰ ਨਿਗਮ ਵਿਖੇ ਕਮਿਸ਼ਨਰ ਪਰਮਵੀਰ ਸਿੰਘ ਤੇ ਨਿਗਮ ਦੇ ਹੋਰ ਅਧਿਕਾਰੀਆਂ ਨਾਲ ਪਟਿਆਲਾ ਸ਼ਹਿਰ ਦੀ ਸੁੰਦਰਤਾ ਨੂੰ ਜਲਦ ਬਹਾਲ ਕਰਨ ਲਈ ਲੰਮੀ ਚਰਚਾ ਕੀਤੀ ਗਈ, ਜਿਸ ਵਿੱਚ ਘਰਾਂ ਵਿੱਚੋਂ ਕੂੜਾ ਚੁੱਕਣ ਵਾਲੇ ਰੈਕ ਪਿੱਕਰ ਦੀ ਆਰਥਿਕਤ ਹਾਲਤ ਸੁਧਾਰਨ ਤੇ ਉਨਾਂ ਨੂੰ ਮੋਟੀਵੇਟ ਕਰ ਕੇ ਪਟਿਆਲੇ ਨੂੰ ਕੂੜਾ ਮੁਕਤ ਬਨਾਉਣ ਬਾਰੇ ਵਿਸ਼ੇਸ਼ ਗੱਲਬਾਤ ਹੋਈ। ਮਹਿਕਮੇ ਦੇ ਹੈੱਲਥ ਅਫ਼ਸਰ, ਸੈਨਟਰੀ ਇੰਸਪੈਕਟਰਜ ਤੇ ਸਾਰੇ ਕਮਿਊਨਟੀ ਫੈਸਿਲੀਲੇਟਰ ਵੀ ਮੌਜੂਦ ਰਹੇ। ਮੀਟਿੰਗ ਤੋਂ ਬਾਅਦ ਮੇਅਰ ਕੁੰਦਨ ਗੋਗੀਆ ਨੇ ਦੱਸਿਆ ਕਿ ਸ਼ਹਿਰ ਦੀ ਸੁੰਦਰਤਾ ਮੁੜ ਬਹਾਲ ਕਰਨਾ ਉਨ੍ਹਾਂ ਦਾ ਮੁੱਖ ਟੀਚਾ ਹੈ, ਜਿਸ ਲਈ ਸ਼ਹਿਰ ਦੇ 17 ਨੰਬਰ ਤੇ 55 ਨੰਬਰ ਵਾਰਡ ਵਿੱਚ ਪਾਇਲਟ ਪੋਜੈਕਟ ਸ਼ੁਰੂ ਕੀਤਾ ਗਿਆ ਹੈ, ਜਿਸ ਨੂੰ ਜਲਦ ਪੂਰੇ ਪਟਿਆਲੇ ਵਿੱਚ ਸ਼ੁਰੂ ਕੀਤਾ ਜਾਵੇਗਾ। ਉਨ੍ਹਾਂ ਪ੍ਰੋਜੈਕਟ ਬਾਰੇ ਦੱਸਿਆ ਕਿ ਇਸ ਵਿੱਚ ਕੂੜਾ ਚੁੱਕਣ ਵਾਲੇ ਕਿਸੇ ਵੀ ਸੈਕੰਡਰੀ ਪੁਆਇੰਟ 'ਤੇ ਕੂੜਾ ਗਿਰਾਉਣ ਦੀ ਬਜਾਏ ਕੂੜਾ ਡੰਪ 'ਤੇ ਹੀ ਗਿਰਾਉਣਗੇ, ਕਿਉਂਕਿ ਪਹਿਲਾ ਸਕੈਡਰੀ ਪੁਆਇੰਟ 'ਤੇ ਕੂੜਾ ਆਦਿ ਕਾਫੀ ਖਿੱਲਰਨ ਨਾਲ ਲੋਕਾਂ ਨੂੰ ਕਾਫੀ ਦਿੱਕਤ ਆ ਰਹੀ ਸੀ। ਇਨ੍ਹਾਂ ਸੈਕੰਡਰੀ ਪੁਆਇੰਟ ਨੂੰ ਖਤਮ ਕਰਨ ਲਈ ਅਧਿਕਾਰੀਆਂ ਨੂੰ ਹੁਕਮ ਜਾਰੀ ਕਰ ਦਿੱਤੇ ਗਏ ਹਨ। ਮੇਅਰ ਕੁੰਦਨ ਗੋਗੀਆ ਨੇ ਕਿਹਾ ਵਾਰਡ ਨੰਬਰ 17 ਵਿੱਚ 10 ਰੈਕ ਪਿੱਕਰ ਤੇ 55 ਨੰਬਰ ਵਾਰਡ 9 ਰੈਕ ਪਿੱਕਰ ਤੋਂ ਇਲਾਵਾ ਨਗਰ ਨਿਗਮ ਦੇ ਮੋਟੀਵੇਟਰ ਕਰੀਬ 3000 ਘਰਾਂ ਨੂੰ ਪਹਿਲਾਂ ਕੂੜਾ ਮੁਕਤ ਬਨਾਉਣ ਦੀ ਸ਼ੁਰੂਆਤ ਕਰ ਰਹੇ ਹਨ।ਇਸ ਪ੍ਰੋਜੈਕਟ ਨਾਲ ਜਿੱਥੇ ਲੋਕਾਂ ਨੂੰ ਵੱਡਾ ਫਾਇਦਾ ਮਿਲੇਗਾ, ਉੱਥੇ ਘਰਾਂ ਵਿੱਚੋਂ ਕੂੜਾ ਚੁੱਕਣਾ ਬਦਲੇ ਮਿਲਣ ਵਾਲੇ ਪੈਸਿਆਂ ਨੂੰ ਨਗਰ ਨਿਗਮ ਦੇ ਮੁਲਾਜ਼ਮਾਂ ਇਕੱਠਾ ਕਰਕੇ ਬਿਨਾਂ ਕਿਸੇ ਬ੍ਰਾਕਰ ਤੋਂ ਇਨਾਂ ਰੈਕ ਪਿੱਕਰਾਂ ਨੂੰ ਤਨਖਾਹ ਦੇ ਰੂਪ ਵਿੱਚ ਦੇਣਗੇ।ਇਸ ਤੋਂ ਇਲਾਵਾ 1000 ਤੋਂ 1500 ਰੁਪਏ ਵਾਧੂ ਰਾਸ਼ੀ ਵੀ ਸਿੱਧੇ ਤੌਰ 'ਤੇ ਇਨ੍ਹਾਂ ਰੈਕ ਪਿੱਕਰਾਂ ਨੂੰ ਨਗਰ ਨਿਗਮ ਵੱਲੋਂ ਦਿੱਤੀ ਜਾਵੇਗੀ।

## 26 ਗ੍ਰਾਮ ਹੈਰੋਇਨ ਸਮੇਤ 5 ਤਸਕਰ ਕਾਬੂ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)** ਜ਼ਿਲ੍ਹਾ ਪੁਲਸ ਵੱਲੋਂ ਗਸ਼ਤ ਤੇ ਚੈਕਿੰਗ ਦੌਰਾਨ 26 ਗ੍ਰਾਮ ਹੈਰੋਇਨ ਸਮੇਤ 5 ਵਿਅਕਤੀਆਂ ਨੂੰ ਗ੍ਰਿਫਤਾਰ ਕੀਤਾ ਗਿਆ ਹੈ। ਉਨ੍ਹਾਂ ਖਿਲਾਫ ਵੱਖ-ਵੱਖ ਥਾਣਿਆਂ ਵਿੱਚ ਐੱਨ.ਡੀ.ਪੀ.ਐੱਸ ਐਕਟ ਤਹਿਤ ਮਾਮਲੇ ਦਰਜ ਕੀਤੇ ਗਏ ਹਨ। ਸਹਾਇਕ ਥਾਣੇਦਾਰ ਸੁਖਬੀਰ ਸਿੰਘ ਨੇ ਦੱਸਿਆ ਕਿ ਥਾਣਾ ਸਦਰ ਫਿਰੋਜ਼ਪੁਰ ਦੀ ਪੁਲਸ ਨੇ ਮੁਖਬਰੀ ਦੇ ਆਧਾਰ 'ਤੇ ਕਿੱਕਰਾਂ ਦੀਆਂ ਝਾੜੀਆਂ ਨੇੜੇ ਕਿਲੇ ਵਾਲਾ ਚੌਂਕ ਤੋਂ 10 ਗ੍ਰਾਮ ਹੈਰੋਇਨ ਸਮੇਤ ਅਮਨਦੀਪ, ਕਰਨ ਤੇ ਜਗਦੀਪ ਸਿੰਘ ਨੂੰ ਕਾਬੂ ਕੀਤਾ। ਇਹ ਤਿੰਨੋਂ ਵਿਅਕਤੀ ਵੱਖ-ਵੱਖ ਥਾਂਵਾਂ ਦੇ ਨਿਵਾਸੀ ਹਨ ਤੇ ਕੋਟਕਪੂਰਾ ਨਾਲ ਸਬੰਧਤ ਹਨ। ਇਸੇ ਤਰ੍ਹਾਂ ਥਾਣਾ ਆਰਿਫ ਕੇ ਦੇ ਸਹਾਇਕ ਥਾਣੇਦਾਰ ਨਿਰਮਲ ਸਿੰਘ ਦੀ ਅਗਵਾਈ ਹੇਠ ਚੱਲ ਰਹੀ ਗਸ਼ਤ ਦੌਰਾਨ ਦਾਣਾ ਮੰਡੀ ਕੋਲੋਂ ਅੰਗਰੇਜ਼ ਸਿੰਘ ਨੂੰ 5 ਗ੍ਰਾਮ ਹੈਰੋਇਨ ਸਮੇਤ ਫੜਿਆ ਗਿਆ। ਉਹ ਪੁਲਸ ਨੂੰ ਦੇਖ ਕੇ ਭੱਜਣ ਦੀ ਕੋਸ਼ਿਸ਼ ਕਰ ਰਿਹਾ ਸੀ, ਪਰ ਸ਼ਮਸ਼ੇਰ ਨੂੰ ਕਾਬੂ ਕਰ ਲਿਆ ਗਿਆ। ਇਸ ਤੋਂ ਇਲਾਵਾ ਥਾਣਾ ਮੱਲਾਂਵਾਲਾ ਦੀ ਪੁਲਸ ਨੇ ਲਵਪ੍ਰੀਤ ਸਿੰਘ ਉਰਫ ਲੱਭੂ ਨੂੰ 11 ਗ੍ਰਾਮ ਹੈਰੋਇਨ ਸਮੇਤ ਗ੍ਰਿਫ਼ਤਾਰ ਕੀਤਾ, ਜੋ ਦਾਣਾ ਮੰਡੀ ਵਿਚ ਪੁਲਿਸ ਦੀ ਗੱਡੀ ਦੇਖ ਕੇ ਭੱਜਣ ਲੱਗਾ ਸੀ। ਪੁਲਸ ਵੱਲੋਂ ਸਾਰੇ ਦੋਸ਼ੀਆਂ ਖਿਲਾਫ ਸਖ਼ਤ ਕਾਨੂੰਨੀ ਕਾਰਵਾਈ ਅਮਲ ਵਿਚ ਲਿਆਂਦੀ ਗਈ ਹੈ ਤੇ ਮਾਮਲੇ ਦੀ ਗੰਭੀਰਤਾ ਨਾਲ ਜਾਂਚ ਜਾਰੀ ਹੈ।

## ਸ਼ਹੀਦ ਊਧਮ ਸਿੰਘ ਸਕੂਲ ਆਫ਼ ਐਮੀਨੈਂਸ 'ਚ ਸਮਰ ਕੈਂਪ ਲਾਇਆ




**ਸੁਨਾਮ, (ਅਸ਼ੋਕ ਬਾਂਸਲ, ਹਾਕਮ ਭੱਟੀ)** ਪੰਜਾਬ ਸਕੂਲ ਸਿੱਖਿਆ ਵਿਭਾਗ ਦੇ ਆਦੇਸ਼ ਅਨੁਸਾਰ 26 ਮਈ ਤੋਂ 3 ਜੂਨ ਤੱਕ ਸਮਰ ਕੈਂਪ ਸ਼ਹੀਦ ਊਧਮ ਸਿੰਘ ਸਕੂਲ ਆਫ਼ ਐਮੀਨੈਂਸ ਸੁਨਾਮ ਊਧਮ ਸਿੰਘ ਵਾਲਾ ਵਿੱਖੇ ਪ੍ਰਿੰਸੀਪਲ ਅਨਿਲ ਜੈਨ ਦੀ ਅਗਵਾਈ ਵਿੱਚ ਲਾਇਆ ਗਿਆ, ਜਿਸ ਵਿੱਚ 6 ਵੀ ਤੋਂ 10 ਵੀ ਤੱਕ ਦੇ 100 ਵਿਦਿਆਰਥੀਆਂ ਨੇ ਹਿੱਸਾ ਲਿਆ। ਉਨ੍ਹਾਂ ਨੇ ਸਮਰ ਕੈਂਪ ਦੌਰਾਨ ਡਰਾਇੰਗ ਅਤੇ ਪੇਂਟਿੰਗ, ਪੋਸਟਰ ਮੇਕਿੰਗ, ਗੀਡਿੰਗ, ਸੁੰਦਰ ਲਿਖਾਈ, ਕਾਗਜ ਤੋਂ ਅਲੱਗ-ਅਲੱਗ ਤਰ੍ਹਾਂ ਦੀਆਂ ਸੁੰਦਰ ਚੀਜਾਂ, ਸਕਿੱਟ, ਨਾਟਕ, ਵਾਤਾਵਰਨ ਸਬੰਧੀ ਭਾਸ਼ਣ ਪ੍ਰਤੀਯੋਗਿਤਾ, ਨਸ਼ੇ ਵਿਰੁੱਧ ਰੈਲੀ ਅਤੇ ਐਕਟੀਵਿਟੀ ਕਾਰਵਾਈ।ਇੰਟਰ ਸਟੇਟ ਭਾਸ਼ਾ ਸਬੰਧੀ ਗਿਆਨ ਦੇਣ ਲਈ ਸਰਕਾਰ ਵੱਲੋਂ ਜੋ ਦਿਸ਼ਾ ਨਿਰਦੇਸ਼ ਆਏ, ਉਨ੍ਹਾਂ ਦੀ ਪਾਲਣਾ ਕਰਦੇ ਹੋਏ ਤੇਲਗੂ ਭਾਸ਼ਾ ਬਾਰੇ ਜਾਣਕਾਰੀ, ਤੇਲਗੂ ਭਾਸ਼ਾ ਵਿੱਚ ਦਿਨਾਂ ਦੇ ਨਾਂਅ, ਐਲ ਈ ਡੀ ਪੈਨਲ 'ਤੇ ਤੇਲੰਗਾਨਾ ਵਾਰੇ ਜਾਣਕਾਰੀ, ਉਥੋਂ ਦੇ ਸੱਭਿਆਚਾਰ, ਡਾਂਸ, ਇਤਿਹਾਸਿਕ ਸਥਾਨਾਂ, ਫ਼ਸਲਾਂ ਬਾਰੇ ਖੁੱਲ੍ਹ ਕੇ ਜਾਣਕਾਰੀ ਦਿੱਤੀ ਗਈ।

## ਲੁਧਿਆਣਾ 'ਚ ਪਾਵਰਕਾਮ ਟ੍ਰਾਂਸਕੋ ਪੈਨਸ਼ਨਰ ਯੂਨੀਅਨ ਵੱਲੋਂ 'ਆਪ' ਉਮੀਦਵਾਰ ਦਾ ਡਟ ਕੇ ਵਿਰੋਧ ਕੀਤਾ ਜਾਵੇਗਾ: ਆਗੂ



**ਮਹਿਲ ਕਲਾਂ (ਬਲਵਿੰਦਰ ਵਜੀਦਕੇ,ਪ੍ਰਦੀਪ ਲੋਹਗੜ੍ਹ)**- ਪਾਵਰਕਾਮ ਐਂਡ ਟ੍ਰਾਂਸਕੋ ਪੈਨਸ਼ਨ ਯੂਨੀਅਨ ਪੰਜਾਬ (ਰਜਿ.) ਦੀ ਅਹਿਮ ਮੀਟਿੰਗ ਸਬ ਡਵੀਜ਼ਨ ਮਹਿਲ ਕਲਾਂ, ਠੁੱਲੀਵਾਲ ਦੇ ਪ੍ਰਧਾਨ ਕੇਵਲ ਸਿੰਘ ਧਾਲੀਵਾਲ ਦੀ ਅਗਵਾਈ ਹੇਠ ਹੋਈ। ਇਸ ਮੌਕੇ ਪੈਨਸ਼ਨਰਾਂ ਵੱਲੋਂ ਪੰਜਾਬ ਸਰਕਾਰ ਵਿਰੁੱਧ ਨਾਅਰੇਬਾਜ਼ੀ ਕਰਦਿਆਂ ਆਪਣੀਆਂ ਲੰਬੇ ਸਮੇਂ ਤੋਂ ਲਟਕਦੀਆਂ ਹੱਕੀ ਜਾਇਜ਼ ਮੰਗਾਂ ਨੂੰ ਪੂਰੀਆਂ ਕਰਨ ਦੀ ਮੰਗ ਕੀਤੀ। ਇਸ ਮੌਕੇ ਸੂਬਾ ਵਿੱਤ ਸਕੱਤਰ ਸੁਖਜੰਟ ਸਿੰਘ ਬਰਨਾਲਾ, ਜ਼ਿਲ੍ਹਾ ਆਗੂ ਸੁਖਦੇਵ ਸਿੰਘ ਜਲੂਰ, ਸਾਥੀ ਪਾਰਸ ਮਹਿਲ ਕਲਾਂ ਨੇ ਕਿਹਾ ਕਿ ਪੰਜਾਬ ਸਰਕਾਰ ਅਤੇ ਮੈਨੇਜਮੈਂਟ ਵੱਲੋਂ ਪੈਨਸ਼ਨਰਾਂ ਦੀਆਂ ਜਾਇਜ਼ ਮੰਗਾਂ ਨੂੰ ਪੂਰਾ ਕਰਨ ਦੀ ਬਜਾਏ ਬਹਾਨੇਬਾਜ਼ੀ ਨਾਲ ਟਾਲਿਆ ਜਾ ਰਿਹਾ ਹੈ। ਆਗੂਆਂ ਦੱਸਿਆ ਕੀਤਾ ਕਿ ਲੁਧਿਆਣਾ ਪੱਛਮੀ ਜ਼ਿਮਨੀ ਚੋਣ 'ਚ ਸਰਕਾਰ ਦਾ ਡਟ ਕੇ ਵਿਰੋਧ ਕਰਨ ਲਈ 14 ਜੂਨ ਨੂੰ ਲੁਧਿਆਣਾ ਵਿਖੇ ਰੋਸ ਪ੍ਰਦਰਸ਼ਨ ਕੀਤਾ ਜਾਵੇਗਾ। ਇਸ ਐਕਸ਼ਨ ਚ ਭਰਵੀ ਸ਼ਮੂਲੀਅਤ ਯਕੀਨੀ ਬਣਾਉਣ ਲਈ ਪੈਨਸ਼ਨਰਾਂ ਦੀਆਂ ਡਿਊਟੀਆਂ ਵੰਡ ਕੇ ਜਿੰਮੇਵਾਰੀ ਸੌਂਪੀ ਗਈ।।ਉਨ੍ਹਾਂ ਮੰਗ ਕੀਤੀ ਕਿ ਪੁਰਾਣੀ ਪੈਨਸ਼ਨ ਸਕੀਮ ਤੁਰੰਤ ਬਹਾਲ ਕੀਤੀ ਜਾਵੇ, ਛੇਵੇਂ ਤਨਖਾਹ ਕਮਿਸ਼ਨ ਅਤੇ ਡੀ.ਏ. ਦੇ ਬਕਾਏ ਜਾਰੀ ਕੀਤੇ ਜਾਣ, ਅਤੇ ਮੈਡੀਕਲ ਕੈਸ਼ਲੈੱਸ ਸਕੀਮ ਨੂੰ ਦੁਬਾਰਾ ਲਾਗੂ ਕੀਤਾ ਜਾਵੇ। ਕੇਂਦਰ ਸਰਕਾਰ ਵਿਰੁੱਧ 9 ਜੁਲਾਈ ਨੂੰ ਹੋਣ ਵਾਲੀ ਦੇਸ਼ ਵਿਆਪੀ ਹੜਤਾਲ ਨੂੰ ਸਫਲ ਬਣਾਉਣ ਲਈ ਹੁਣੇ ਤੋਂ ਹੀ ਤਿਆਰੀਆਂ ਸ਼ੁਰੂ ਕਰਕੇ ਕਾਫਲੇ ਬੰਨ੍ਹ ਕੇ ਸ਼ਾਮਲ ਹੋਣ ਦਾ ਸੱਦਾ ਦਿੱਤਾ ।ਆਗੂਆਂ ਨੇ ਸਮੂਹ ਪੈਨਸ਼ਨਰਾਂ ਨੂੰ ਆਪਣੀਆਂ ਹੱਕੀ ਜਾਇਜ਼ ਮੰਗਾਂ ਦੀ ਪ੍ਰਾਪਤੀ ਲਈ ਸੰਘਰਸ਼ਾਂ ਦਾ ਹਿੱਸਾ ਬਨਣ ਦੀ ਅਪੀਲ ਕੀਤੀ। ਇਸ ਮੌਕੇ ਆਗੂ ਬਿੱਕਰ ਸਿੰਘ ਛੀਨੀਵਾਲ, ਸਾਧੂ ਸਿੰਘ, ਸ਼ਿਆਮ ਸਿੰਘ ਖੇੜੀ, ਮਲਕੀਤ ਸਿੰਘ ਸਹੌਰ, ਦਰਸ਼ਨ ਸਿੰਘ ਕਲਾਲ ਮਾਜਰਾ, ਸੁਰਜੀਤ ਸਿੰਘ ਖਿਆਲੀ, ਦਰਸ਼ਨ ਸਿੰਘ ਜੌਹਲ, ਹਰਬੰਸ ਸਿੰਘ ਬਾਜਵਾ, ਸ਼ਮਸ਼ੇਰ ਸਿੰਘ ਹਮੀਦੀ, ਜਗਮੇਲ ਸਿੰਘ ਛੀਨੀਵਾਲ ਆਦਿ ਹਾਜ਼ਰ ਸਨ।

## 1108 ਕਿਲੋ ਨਕਲੀ ਘਿਓ ਤੇ 27 ਹਜ਼ਾਰ 700 ਲੀਟਰ ਨਕਲੀ ਦੁੱਧ ਬਰਾਮਦ

**ਸਿਰਸਾ (ਸੁਰਿੰਦਰ ਪਾਲ ਸਿੰਘ)** ਸੀਐਮ ਫਲਾਇੰਗ ਟੀਮ ਵੱਲੋਂ ਪਿੰਡ ਮਟੂਵਾਲਾ ਵਿਖੇ ਸਿਹਾਗ ਡੇਅਰੀ 'ਤੇ ਛਾਪਾ ਮਾਰ ਕੇ ਵੱਡੀ ਮਾਤਰਾ ਵਿੱਚ 1108 ਕਿਲੋਗ੍ਰਾਮ ਨਕਲੀ ਘਿਓ ਤੇ 27 ਹਜ਼ਾਰ 700 ਲੀਟਰ ਨਕਲੀ ਦੁੱਧ ਬਰਾਮਦ ਕੀਤਾ ਗਿਆ ਹੈ। ਇਸ ਕਾਰਵਾਈ ਨਾਲ ਪੂਰੇ ਇਲਾਕੇ ਦੇ ਡੇਅਰੀ ਸੰਚਾਲਕਾਂ ਦੇ ਕੰਨ ਖੜੇ ਹੋ ਗਏ ਹਨ। ਸੀਐਮ ਫਲਾਇੰਗ ਟੀਮ ਇੰਚਾਰਜ ਸੁਨੈਨਾ ਨੇ ਕਿਹਾ ਕਿ ਟੀਮ ਨੂੰ ਸੂਚਨਾ ਮਿਲੀ ਸੀ ਕਿ ਸਿਹਾਗ ਡੇਅਰੀ ਵਿੱਚ ਵੱਡੀ ਮਾਤਰਾ ਵਿੱਚ ਦੁੱਧ ਤੇ ਘਿਓ ਦੇ ਮਿਲਾਵਟੀ ਹੋਣ ਦਾ ਸ਼ੱਕ ਹੈ। ਟੀਮ ਨੇ ਮੌਕੇ 'ਤੇ ਛਾਪਾ ਮਾਰ ਕੇ ਡੇਅਰੀ ਦੇ ਅਹਾਤੇ ਵਿੱਚ ਦੋ ਦੁੱਧ ਦੇ ਟੈਂਕਰਾਂ ਵਿੱਚ 19 ਹਜ਼ਾਰ 700 ਲੀਟਰ ਸਪਰੇਟਾ ਦੁੱਧ, ਦੂਜੇ ਵਿੱਚ 6 ਹਜ਼ਾਰ ਲੀਟਰ ਗਾਂ ਦਾ ਦੁੱਧ ਅਤੇ ਪਿਕਅੱਪ ਵਿੱਚ 2 ਹਜ਼ਾਰ ਲੀਟਰ ਗਾਂ ਦਾ ਦੁੱਧ ਬਰਾਮਦ ਕਰਨ ਤੋਂ ਬਿਨਾਂ 870 ਕਿਲੋਗ੍ਰਾਮ ਬਿਨਾਂ ਪੈਕ ਕੀਤਾ ਘਿਓ ਤੇ 238 ਕਿਲੋਗ੍ਰਾਮ ਪੈਕ ਕੀਤਾ ਘਿਓ ਬਰਾਮਦ ਕਰਕੇ ਉਨ੍ਹਾਂ ਨੂੰ ਜਾਂਚ ਲਈ ਪ੍ਰਯੋਗਸ਼ਾਲਾ ਭੇਜ ਦਿੱਤਾ ਹੈ। ਸਿਹਾਗ ਡੇਅਰੀ ਸੰਚਾਲਕ ਪਿੰਡ ਮੱਟੂਵਾਲਾ ਦੇ ਵਸਨੀਕ ਰਾਜਿੰਦਰ ਨੇ ਪੁੱਛ ਗਿੱਛ ਦੌਰਾਨ ਟੀਮ ਨੂੰ ਦੱਸਿਆ ਕਿ ਉਹ ਸਿਰਸਾ ਅਤੇ ਰਾਜਸਥਾਨ ਦੇ ਵੱਖ-ਵੱਖ ਖੇਤਰਾਂ ਤੋਂ ਦੁੱਧ ਇਕੱਠਾ ਕਰਕੇ ਡੇਅਰੀ ਵਿੱਚ ਲਿਆਉਂਦਾ ਹੈ। ਉੱਥੇ ਘਿਓ ਨੂੰ ਕਰੀਮ ਕੱਢ ਕੇ ਤਿਆਰ ਕੀਤਾ ਜਾਂਦਾ ਹੈ ਅਤੇ ਬਾਕੀ ਸਪਰੇਟਾ ਦੁੱਧ ਪੰਜਾਬ ਤੇ ਮੇਵਾਤ ਵਿੱਚ ਵੇਚਿਆ ਜਾਂਦਾ ਹੈ। ਸੀਐਮ ਫਲਾਇੰਗ ਇੰਚਾਰਜ ਸੁਨੈਨਾ ਨੇ ਕਿਹਾ ਕਿ ਇਹ ਕਾਰਵਾਈ ਨਾਂ ਸਿਰਫ਼ ਮਿਲਾਵਟਖੋਰਾਂ ਲਈ ਚੇਤਾਵਨੀ ਹੈ, ਬਲਕਿ ਆਮ ਲੋਕਾਂ ਦੀ ਸਿਹਤ ਦੀ ਰੱਖਿਆ ਲਈ ਸਰਕਾਰ ਦੀ ਵਚਨਬੱਧਤਾ ਨੂੰ ਵੀ ਦਰਸਾਉਂਦੀ ਹੈ।



## ਨੌਜਵਾਨ ਨੇ ਦਰੱਖਤ ਨਾਲ ਲਟਕ ਕੇ ਕੀਤੀ ਖੁਦਕੁਸ਼ੀ

**ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)** ਠੁੱਲੀਵਾਲ ਨੇੜਿਓਂ ਲੰਘਦੀ ਡਰੇਨ ਦੀ ਪਟੜੀ ਉੱਪਰ ਇੱਕ ਨੌਜਵਾਨ ਵੱਲੋਂ ਦਰੱਖਤ ਨਾਲ ਫਾਹਾ ਲੈ ਕੇ ਆਪਣੀ ਜੀਵਨ ਲੀਲਾ ਸਮਾਪਤ ਕਰ ਲੈਣ ਦੀ ਦੁਖਦਾਈ ਖਬਰ ਮਿਲੀ ਹੈ।ਘਟਨਾ ਦਾ ਪਤਾ ਲੱਗਦਿਆਂ ਹੀ ਪੁਲਸ ਨੇ ਲਾਸ਼ ਨੂੰ ਆਪਣੇ ਕਬਜ਼ੇ 'ਚ ਲੈ ਲਿਆ ਹੈ। ਮ੍ਰਿਤਕ ਨੌਜਵਾਨ ਦੀ ਪਛਾਣ ਬਹਾਦਰ ਸਿੰਘ (27) ਪੁੱਤਰ ਸੁਖਦੇਵ ਸਿੰਘ ਵਾਸੀ ਪਿੰਡ ਹਰਦਾਸਪੁਰਾ (ਥਾਣਾ ਮਹਿਲ ਕਲਾਂ) ਵਜੋਂ ਹੋਈ ਹੈ।ਪਤਾ ਲੱਗਾ ਹੈ ਕਿ ਨੌਜਵਾਨ ਨੇ ਕਾਰ ਦੀ ਬੈਲਟ ਨੂੰ ਆਪਣੇ ਗਲ਼ ਪਾ ਕੇ ਡਰੇਨ ਦੀ ਸੁੰਨਸਾਨ ਪਟੜੀ ਉਪਰ ਖੜੇ ਦਰੱਖਤ ਨਾਲ ਲਟਕ ਕੇ ਦੁਖਦਾਈ ਘਟਨਾ ਨੂੰ ਅੰਜਾਮ ਦਿੱਤਾ। ਥਾਣਾ ਮੁਖੀ ਨੇ ਦੱਸਿਆ ਕਿ ਮ੍ਰਿਤਕ ਨੌਜਵਾਨ ਦੇ ਪਰਵਾਰਕ ਮੈਂਬਰਾਂ ਵੱਲੋਂ ਬਿਆਨ ਦਰਜ ਕਰਾਏ ਜਾਣ ਤੋਂ ਬਾਅਦ ਹੀ ਅਗਲੀ ਕਾਨੂੰਨੀ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ। ਦੱਸਣਯੋਗ ਹੈ ਕਿ ਪਿੰਡ ਹਰਦਾਸਪੁਰਾ (ਬਰਨਾਲਾ) ਵਿਖੇ ਗੁਰਦੁਆਰਾ ਸਾਹਿਬ ਗੁਰੂ ਰਵਿਦਾਸ ਨੇੜੇ ਲੰਘੀ 27 ਮਈ ਨੂੰ ਦੋ ਧਿਰਾਂ ਵਿਚਕਾਰ ਵਾਪਰੀ ਵਿਵਾਦਪੂਰਨ ਘਟਨਾ ਦੇ ਸਬੰਧ 'ਚ ਪੁਲਸ ਥਾਣਾ ਮਹਿਲ ਕਲਾਂ ਵਿਖੇ ਦਰਜ ਪਰਚੇ ਵਿੱਚ ਮ੍ਰਿਤਕ ਨੌਜਵਾਨ ਬਹਾਦਰ ਸਿੰਘ ਹਰਦਾਸਪੁਰਾ ਨੂੰ ਮੁੱਖ ਦੋਸ਼ੀ ਵਜੋਂ ਨਾਮਜ਼ਦ ਕੀਤਾ ਗਿਆ ਸੀ। ਪੁਲਸ ਵੱਲੋਂ ਵੱਖ-ਵੱਖ ਟੀਮਾਂ ਦੇ ਰੂਪ 'ਚ ਛਾਪੇਮਾਰੀ ਕਰਕੇ ਬਹਾਦਰ ਸਿੰਘ ਸਮੇਤ ਨਾਮਜ਼ਦ ਸਾਰੇ ਦੋਸ਼ੀਆਂ ਦੀ ਭਾਲ ਸ਼ੁਰੂ ਕੀਤੀ ਜਾ ਰਹੀ ਸੀ।



## ਲਵ ਮੈਰਿਜ ਦੀ ਰੰਜਿਸ਼ 'ਚ ਨੌਜਵਾਨ ਦੀ ਕੁੱਟਮਾਰ, 6 ਵਿਅਕਤੀਆਂ ਖ਼ਿਲਾਫ ਮਾਮਲਾ ਦਰਜ

**ਫ਼ਿਰੋਜ਼ਪੁਰ (ਅਸ਼ੋਕ ਸ਼ਰਮਾ)** ਲਵ ਮੈਰਿਜ ਨੂੰ ਲੈ ਕੇ ਪੈਦਾ ਹੋਈ ਰੰਜਿਸ਼ ਇਕ ਨੌਜਵਾਨ ਲਈ ਕੁੱਟਮਾਰ ਦਾ ਕਾਰਨ ਬਣ ਗਈ। ਜ਼ਿਲ੍ਹਾ ਫ਼ਿਰੋਜ਼ਪੁਰ ਦੇ ਥਾਣਾ ਸਿਟੀ ਪੁਲਿਸ ਨੇ ਇੱਕ ਵਿਅਕਤੀ ਨੂੰ ਸੜਕ 'ਤੇ ਰੋਕ ਕੇ ਕੁੱਟਣ ਦੇ ਮਾਮਲੇ ਵਿੱਚ ਤਿੰਨ ਨਾਮਜ਼ਦ ਵਿਅਕਤੀਆਂ ਅਤੇ ਤਿੰਨ ਅਣਪਛਾਤਿਆਂ ਖਿਲਾਫ ਗੰਭੀਰ ਧਾਰਾਵਾਂ ਤਹਿਤ ਮਾਮਲਾ ਦਰਜ ਕਰ ਲਿਆ ਹੈ। ਸ਼ਿਕਾਇਤਕਰਤਾ ਅਰੁਨਦੀਪ ਸ਼ਰਮਾ ਪੁੱਤਰ ਰਾਜ ਕੁਮਾਰ ਵਾਸੀ ਬੱਗੇ ਕੇ ਪਿੱਪਲ ਨੇ ਪੁਲਸ ਨੂੰ ਦਿੱਤੇ ਬਿਆਨਾਂ ਵਿੱਚ ਦੱਸਿਆ ਕਿ 27 ਮਈ ਨੂੰ ਉਹ ਆਪਣਾ ਨਿੱਜੀ ਕੰਮ ਨਿਪਟਾ ਕੇ ਸ਼ਾਮ 5.30 ਵਜੇ ਮੁੜ ਆਪਣੇ ਪਿੰਡ ਵਾਪਸ ਜਾ ਰਿਹਾ ਸੀ। ਜਦੋਂ ਉਹ ਗੋਬਰ ਮੰਡੀ ਕੋਲ ਪਹੁੰਚਿਆ ਤਾਂ ਤਿੰਨ ਨਾਮਜ਼ਦ ਵਿਅਕਤੀ ਪੂਰਨ ਸਿੰਘ, ਬਾਵਾ ਤੇ ਗੋਰਾ ਅਤੇ ਤਿੰਨ ਹੋਰ ਅਣਪਛਾਤੇ ਵਿਅਕਤੀਆਂ ਨੇ ਉਸ ਨੂੰ ਰੋਕ ਕੇ ਹਮਲਾ ਕਰ ਦਿੱਤਾ। ਉਸ ਦਾ ਕਹਿਣਾ ਹੈ ਕਿ ਉਕਤ ਵਿਅਕਤੀ ਉਸ ਨਾਲ ਇਸ ਗੱਲ ਦੀ ਰੰਜਿਸ਼ ਰੱਖਦੇ ਸਨ ਕਿ ਉਸ ਨੇ ਉਨ੍ਹਾਂ ਦੇ ਮਾਮੇ ਦੀ ਲੜਕੀ ਨਾਲ ਵਾਰਸਾਂ ਦੀ ਰਜ਼ਾਮੰਦੀ ਤੋਂ ਬਿਨਾਂ ਲਵ ਮੈਰਿਜ ਕਰਾਈ ਸੀ। ਇਸ ਕਾਰਨ ਉਕਤ ਲੋਕ ਉਸ ਨੂੰ ਪਿੰਡ ਛੱਡਣ ਦੀ ਧਮਕੀ ਦਿੰਦੇ ਰਹੇ ਸਨ, ਪਰ ਜਦੋਂ ਉਸ ਨੇ ਪਿੰਡ ਨਹੀਂ ਛੱਡਿਆ, ਤਾਂ ਸਾਜ਼ਿਸ਼ ਕਰਕੇ ਉਸ ਦੀ ਕੁੱਟਮਾਰ ਕੀਤੀ ਗਈ। ਮਾਮਲੇ ਦੀ ਜਾਂਚ ਕਰ ਰਹੇ ਸਹਾਇਕ ਥਾਣੇਦਾਰ ਅਯੂਬ ਮਸੀਹ ਨੇ ਦੱਸਿਆ ਕਿ ਅਰੁਨਦੀਪ ਦੇ ਬਿਆਨਾਂ ਵਿੱਚ ਦੋਸ਼ੀਅਨ ਖਿਲਾਫ 126 (2), 115 (2), 351 (2), 351 (3), 191 (3) ਅਤੇ 190 ਬੀ.ਐੱਨ.ਐੱਸ ਤਹਿਤ ਕੇਸ ਦਰਜ ਕਰ ਲਿਆ ਗਿਆ ਹੈ। ਪੁਲਸ ਵੱਲੋਂ ਅੱਗੇ ਦੀ ਜਾਂਚ ਜਾਰੀ ਹੈ।

## ...ਸਫ਼ਾ 1 ਦੇ ਬਾਕੀ

### ਯੂਟਿਊਬਰ ਜਾਸੂਸੀ ਦੇ ਦੋਸ਼ 'ਚ ਗ੍ਰਿਫਤਾਰ...

ਦਹਿਸ਼ਤਗਰਦੀ ਦੀ ਹਮਾਇਤ ਵਾਲੇ ਜਾਸੂਸੀ ਨੈੱਟਵਰਕ ਦਾ ਮੁੱਖ ਸਰਗਨਾ ਸੀ। ਜਸਬੀਰ ਹਰਿਆਣਾ ਅਧਾਰਤ ਯੂਟਿਊਬਰ ਜਿਓਤੀ ਮਲਹੋਤਰਾ, ਜਿਸ ਨੂੰ ਹਾਲ ਹੀ ਵਿੱਚ ਜਾਸੂਸੀ ਦੇ ਦੋਸ਼ਾਂ ਹੇਠ ਗ੍ਰਿਫ਼ਤਾਰ ਕੀਤਾ ਗਿਆ ਸੀ, ਅਤੇ ਪਾਕਿਸਤਾਨੀ ਨਾਗਰਿਕ ਅਹਿਸਾਨ-ਉਰ-ਰਹੀਮ ਉਰਫ ਦਾਨਿਸ਼ (ਜਿਸ ਨੂੰ ਪਾਕਿਸਤਾਨ ਹਾਈ ਕਮਿਸ਼ਨ 'ਚੋਂ ਕੱਢ ਦਿੱਤਾ ਗਿਆ ਸੀ) ਨਾਲ ਨਿਯਮਤ ਸੰਪਰਕ ਵਿੱਚ ਸੀ।

ਡੀ ਜੀ ਪੀ ਨੇ ਕਿਹਾ ਕਿ ਜਸਬੀਰ ਨੇ ਦਾਨਿਸ਼ ਦੇ ਸੱਦੇ 'ਤੇ ਦਿੱਲੀ ਵਿੱਚ ਆਯੋਜਿਤ ਪਾਕਿਸਤਾਨ ਦੇ ਕੌਮੀ ਦਿਹਾੜੇ ਵਿੱਚ ਸ਼ਿਰਕਤ ਕੀਤੀ ਸੀ, ਜਿੱਥੇ ਉਹ ਕਥਿਤ ਤੌਰ 'ਤੇ ਪਾਕਿਸਤਾਨੀ ਫੌਜ ਦੇ ਅਧਿਕਾਰੀਆਂ ਅਤੇ ਖੁਫੀਆ ਸਰਗਰਮੀਆਂ ਨਾਲ ਜੁੜੇ ਵੱਖ-ਵੱਖ ਵਲੌਗਰਜ਼ ਨੂੰ ਮਿਲਿਆ ਸੀ। ਇਹ ਵੀ ਪਤਾ ਲੱਗਾ ਕਿ ਉਸ ਨੇ ਤਿੰਨ ਵਾਰ (2020, 2021 ਅਤੇ 2024 'ਚ) ਪਾਕਿਸਤਾਨ ਦੀ ਯਾਤਰਾ ਕੀਤੀ ਸੀ।

ਯਾਦਵ ਨੇ ਕਿਹਾ ਕਿ ਜਾਂਚ ਦੌਰਾਨ ਜ਼ਬਤ ਕੀਤੇ ਗਏ ਉਸ ਦੇ ਇਲੈਕਟਰਾਨਿਕ ਯੰਤਰਾਂ ਵਿੱਚ ਕਈ ਪਾਕਿਸਤਾਨ-ਅਧਾਰਤ ਸੰਪਰਕ ਸਨ, ਜਿਨ੍ਹਾਂ ਸਾਰਿਆਂ ਦੀ ਹੁਣ ਵਿਆਪਕ ਫੋਰੈਂਸਿਕ ਜਾਂਚ ਕੀਤੀ ਜਾ ਰਹੀ ਹੈ। ਮਲਹੋਤਰਾ ਦੀ ਗ੍ਰਿਫਤਾਰੀ ਤੋਂ ਬਾਅਦ, ਜਸਬੀਰ ਨੇ ਕਥਿਤ ਤੌਰ 'ਤੇ ਪਤਾ ਲੱਗਣ ਤੋਂ ਬਚਣ ਲਈ ਨੈੱਟਵਰਕ ਦੇ ਮੈਂਬਰਾਂ ਨਾਲ ਆਪਣੇ ਸੰਚਾਰ ਰਿਕਾਰਡ ਮਿਟਾਉਣ ਦੀ ਕੋਸ਼ਿਸ਼ ਕੀਤੀ। ਉਸ ਵਿਰੁੱਧ ਸਟੇਟ ਸਪੈਸ਼ਲ ਆਪ੍ਰੇਸ਼ਨ ਸੈੱਲ ਮੁਹਾਲੀ ਵਿੱਚ ਐੱਫ ਆਈ ਆਰ ਦਰਜ ਕੀਤੀ ਗਈ ਹੈ। ਜਸਬੀਰ ਦੇ 10 ਲੱਖ ਤੋਂ ਵੱਧ ਸਬਸਕ੍ਰਾਈਬਰ ਦੱਸੇ ਜਾਂਦੇ ਹਨ।

## ਬਰਸਟ ਨੇ ਟੀ-20 ਕ੍ਰਿਕਟ ਟੂਰਨਾਮੈਂਟ 'ਚ ਖਿਡਾਰੀਆਂ ਦਾ ਵਧਾਇਆ ਹੌਸਲਾ

**ਸਮਾਣਾ (ਇਕਬਾਲ ਸਿੰਘ ਬੱਲ, ਗੁਰਪਿਆਰ ਸਿੰਘ ਬੱਲ)** ਖੇਡਾਂ ਸਾਡੇ ਸਰੀਰਕ ਅਤੇ ਮਾਨਸਿਕ ਵਿਕਾਸ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਉਂਦੀਆਂ ਹਨ ਤੇ ਸਰੀਰ ਨੂੰ ਤੰਦਰੁਸਤ ਤੇ ਮਜ਼ਬੂਤ ਬਣਾਉਂਦੀਆਂ ਹਨ।ਖੇਡਾਂ ਵਿਅਕਤੀ ਨੂੰ ਫਿਟ ਅਤੇ ਐਕਟਿਵ ਰੱਖਦੀਆਂ ਹਨ, ਜਿਸ ਨਾਲ ਬਿਮਾਰੀਆਂ ਤੋਂ ਬਚਾਅ ਹੁੰਦਾ ਹੈ।ਇਨ੍ਹਾਂ ਵਿਚਾਰਾ ਦਾ ਪ੍ਰਗਟਾਵਾ ਹਰਚੰਦ ਸਿੰਘ ਬਰਸਟ ਚੇਅਰਮੈਨ ਪੰਜਾਬ ਮੰਡੀ ਬੋਰਡ ਵੱਲੋਂ ਪਹਿਲੇ ਆਲ ਇੰਡੀਆ ਸਟੇਟ ਐਗਰੀਕਲਚਰਲ ਮਾਰਕੀਟਿੰਗ ਬੋਰਡਜ਼ ਟੀ-20 ਕ੍ਰਿਕਟ ਟੂਰਨਾਮੈਂਟ ਦੌਰਾਨ ਕੀਤਾ ਗਿਆ। ਹਰਚੰਦ ਸਿੰਘ ਬਰਸਟ ਨੇ ਹਰਿਆਣਾ ਸਟੇਟ ਐਗਰੀਕਲਚਰਲ ਮਾਰਕੀਟਿੰਗ ਬੋਰਡ ਵੱਲੋਂ ਤਾਊ ਦੇਵੀ ਲਾਲ ਸਟੈਡੀਅਮ, ਪੰਚਕੂਲਾ ਵਿਖੇ ਆਯੋਜਿਤ ਟੀ-20 ਕ੍ਰਿਕਟ ਟੂਰਨਾਮੈਂਟ ਵਿੱਚ ਵਿਸ਼ੇਸ਼ ਮਹਿਮਾਨ ਵੱਜੋਂ ਸ਼ਿਰਕਤ ਕੀਤੀ।ਇਸ ਦੌਰਾਨ ਬਰਸਟ ਵੱਲੋਂ ਸਮੂਹ ਖਿਡਾਰੀਆਂ ਨੂੰ ਮਿਲ ਕੇ ਉਨ੍ਹਾਂ ਦਾ ਹੌਸਲਾ ਵਧਾਇਆ ਗਿਆ ਅਤੇ ਚੰਗਾ ਪ੍ਰਦਰਸ਼ਨ ਕਰਨ ਵਾਸਤੇ ਸ਼ੁਭਕਾਮਨਾਵਾਂ ਦਿੱਤੀਆਂ ਗਈਆਂ।ਉਨ੍ਹਾਂ ਕਿਹਾ ਕਿ ਟੂਰਨਾਮੈਂਟ ਵਿੱਚ ਭਾਗ ਲੈਣ ਵਾਲੀਆਂ ਸਾਰੀਆਂ ਟੀਮਾਂ ਨੇ ਸਖ਼ਤ ਮਿਹਨਤ ਕੀਤੀ ਹੈ, ਜੋ ਸ਼ਲਾਘਾਯੋਗ ਹੈ।ਜਿੱਤ ਜਾਂ ਹਾਰ ਖੇਡ ਦਾ ਹਿੱਸਾ ਹੈ, ਪਰ ਅਸਲ ਜਿੱਤ ਉਦੋਂ ਹੁੰਦੀ ਹੈ, ਜਦੋਂ ਸਾਰੇ ਪੂਰੇ ਜੋਸ਼ ਨਾਲ ਖੇਡਦੇ ਹਨ ਅਤੇ ਆਪਣਾ ਸਰਵੋਤਮ ਪ੍ਰਦਰਸ਼ਨ ਕਰਦੇ ਹਨ। ਪੰਜਾਬ ਮੰਡੀ ਬੋਰਡ ਦੇ ਚੇਅਰਮੈਨ ਨੇ ਕਿਹਾ ਕਿ ਖੇਡਾਂ ਜਿੱਥੇ ਮਾਨਸਿਕ ਸ਼ਾਂਤੀ ਦਿੰਦੀਆਂ ਹਨ, ਉੱਥੇ ਹੀ ਤਣਾਅ ਅਤੇ ਚਿੰਤਾ ਨੂੰ ਘੱਟ ਕਰਦੀਆਂ ਹਨ ਅਤੇ ਇਕਾਗਰਤਾ ਨੂੰ ਵਧਾਉਂਦੀਆਂ ਹਨ। ਇਸ ਨਾਲ ਟੀਮ ਵਰਕ ਅਤੇ ਅਨੁਸ਼ਾਸਨ ਵੀ ਵਿਕਸਤ ਹੁੰਦਾ ਹੈ। ਉਨ੍ਹਾਂ ਸਾਰਿਆਂ ਨੂੰ ਅਪੀਲ ਕੀਤੀ ਕਿ ਉਹ ਖੁੱਦ ਵੀ ਅਤੇ ਆਪਣੇ ਬੱਚਿਆਂ ਨੂੰ ਵੀ ਖੇਡਾਂ ਵਿੱਚ ਵੱਧ-ਚੜ੍ਹ ਕੇ ਭਾਗ ਲੈਣ ਲਈ ਪ੍ਰੇਰਿਤ ਕਰਨ। ਟੂਰਨਾਮੈਂਟ ਵਿੱਚ ਪੰਜਾਬ ਮੰਡੀ ਬੋਰਡ ਦੀ ਟੀਮ ਨੇ ਜਿੱਤ ਨਾਲ ਆਪਣੀ ਸ਼ੁਰੂਆਤ ਕੀਤੀ ਅਤੇ ਉਤਰਾਖੰਡ ਮਾਰਕੀਟਿੰਗ ਬੋਰਡ ਦੀ ਟੀਮ ਨੂੰ 10 ਵਿਕਟਾਂ ਨਾਲ ਹਰਾਇਆ। ਸ. ਹਰਚੰਦ ਸਿੰਘ ਬਰਸਟ ਨੇ ਪੰਜਾਬ ਮੰਡੀ ਬੋਰਡ ਦੀ ਟੀਮ ਨੂੰ ਮੈਚ ਜਿੱਤਣ ਤੇ ਵਧਾਈਆਂ ਦਿੱਤੀਆਂ ਅਤੇ ਅੱਗੇ ਵੀ ਇਸੇ ਤਰ੍ਹਾਂ ਚੰਗਾ ਪ੍ਰਦਰਸ਼ਨ ਕਰਨ ਲਈ ਪ੍ਰੇਰਿਤ ਕੀਤਾ। ਇਸ ਮੌਕੇ ਮੰਡੀ ਬੋਰਡ ਦੇ ਅਧਿਕਾਰੀ ਅਤੇ ਕ੍ਰਮਚਾਰੀ ਵੀ ਮੌਜੂਦ ਰਹੇ।



## ਕਮਲਜੀਤ ਬਰਾੜ ਵੱਲੋਂ ਡੋਰ-ਟੂ-ਡੋਰ ਮੀਟਿੰਗਾਂ ਸ਼ੁਰੂ

**ਬਾਘਾ ਪੁਰਾਣਾ (ਮਨੀ ਸਿੰਗਲਾ)**

ਜਿਵੇਂ-ਜਿਵੇਂ ਪੰਜਾਬ ਵਿਧਾਨ ਸਭਾ ਦੀਆਂ ਚੋਣਾਂ ਨੇੜੇ ਆ ਰਹੀਆਂ ਹਨ, ਉਵੇਂ-ਉਵੇਂ ਰਾਜਨੀਤਕ ਪਾਰਟੀਆਂ ਵੱਲੋਂ ਵਿਧਾਨ ਸਭਾ ਹਲਕਿਆਂ ਵਿਚ ਚੋਣਾਂ ਲੜਨ ਦੇ ਚਾਹਵਾਨ ਵੀ ਆਪਣੇ-ਆਪਣੇ ਹਲਕਿਆਂ ਵਿਚ ਸਰਗਰਮ ਹੋਣ ਲੱਗ ਪਏ ਹਨ।ਜੇਕਰ ਪੰਜਾਬ ਵਿਧਾਨ ਸਭਾ ਹਲਕਾ ਮੋਗਾ ਜ਼ਿਲੇ ਦੇ ਬਾਘਾ ਪੁਰਾਣਾ ਦੀ ਗੱਲ ਕੀਤੀ ਜਾਵੇ ਤਾਂ ਸਾਬਕਾ ਮੰਤਰੀ ਅਤੇ ਹਲਕਾ ਬਾਘਾ ਪੁਰਾਣਾ ਦੇ ਸਾਬਕਾ ਵਿਧਾਇਕ ਨਿਧੜਕ ਜਰਨੈਲ ਦਰਸ਼ਨ ਸਿੰਘ ਬਰਾੜ ਦੇ ਫ਼ਰਜ਼ੰਦ ਕਮਲਜੀਤ ਸਿੰਘ ਬਰਾੜ ਵੱਲੋਂ ਹਲਕੇ ਵਿੱਚ ਡੋਰ ਟੂ ਡੋਰ ਪਿੰਡਾਂ 'ਚ ਜੋ ਮੀਟਿੰਗਾਂ ਕਰਨ ਦਾ ਸਿਲਸਿਲਾ ਸ਼ੁਰੂ ਕੀਤਾ ਹੈ। ਕਮਲਜੀਤ ਸਿੰਘ ਬਰਾੜ ਦੇ ਮੈਦਾਨ 'ਚ ਉਤਰਨ ਦੇ ਨਾਲ ਉਨ੍ਹਾਂ ਦੇ ਸਮਰਥਕ ਬਾਗੋ-ਬਾਗੋ ਹਨ, ਕਿਉਂਕਿ 2022 ਦੀਆਂ ਚੋਣਾਂ ਤੋਂ ਬਾਅਦ ਉਹ ਵੀ ਚੁੱਪ ਵੱਟੀ ਬੈਠੇ ਸੀ ਤੇ ਹੁਣ ਕਮਲਜੀਤ ਸਿੰਘ ਬਰਾੜ ਦੇ ਮੈਦਾਨ ਵਿਚ ਆਉਣ ਨਾਲ ਉਨ੍ਹਾਂ ਦੇ ਚਿਹਰਿਆਂ 'ਤੇ ਚਮਕ ਆ ਗਈ। ਕਮਲਜੀਤ ਸਿੰਘ ਬਰਾੜ ਵੱਲੋਂ ਪਿੰਡਾਂ ਅੰਦਰ ਕੀਤੀਆਂ ਜਾ ਰਹੀਆਂ ਮੀਟਿੰਗਾਂ ਦੇ ਤਹਿਤ ਪਿੰਡ ਲੰਗੇਆਣਾ ਨਵਾਂ ਵਿਚ ਕਾਂਗਰਸ ਪਾਰਟੀ ਦੇ ਯੂਥ ਆਗੂ ਮਨਵੀਰ ਸਿੰਘ ਬਰਾੜ ਵੱਲੋਂ ਰੱਖੀ ਗਈ ਮੀਟਿੰਗ ਵਿਚ ਕਮਲਜੀਤ ਸਿੰਘ ਬਰਾੜ ਵਿਸ਼ੇਸ਼ ਤੌਰ 'ਤੇ ਪੁੱਜੇ ਅਤੇ ਜਿਨ੍ਹਾਂ ਨੂੰ ਸੁਣਨ ਦੇ ਲਈ ਵੱਡੀ ਗਿਣਤੀ ਵਿਚ ਪਿੰਡ ਲੰਗੇਆਣਾ ਨਵਾਂ ਦੇ ਵਾਸੀਆਂ ਦੇ ਇਲਾਵਾ ਆਸ-ਪਾਸ ਦੇ ਪਿੰਡਾਂ ਦੇ ਵਸਨੀਕਾਂ ਨੇ ਵੀ ਮੀਟਿੰਗ ਵਿਚ ਸ਼ਮੂਲੀਅਤ ਕਰ ਕੇ ਦਰਸ਼ਨ ਸਿੰਘ ਬਰਾੜ ਤੇ ਕਮਲਜੀਤ ਸਿੰਘ ਬਰਾੜ ਦਾ ਸਮਰਥਨ ਕਰਨ ਦਾ ਐਲਾਨ ਕੀਤਾ।



ਨਵਾਂ ਜ਼ਮਾਨਾ
ਪੋਸਟ ਬਾਕਸ ਨੰ. 134

Printed and Published by Gurmit Singh Shugli for Arjan Singh Gargaj Foundation, Jalandhar printed at Nawan Zamana Printers, Nehru Garden Road, Jalandhar and published at Nawan Zamana office, Nehru Garden Road, Jalandhar. Editor: Chand Singh @ Chand Fatehpuri

ਸੰਪਾਦਕ : ਚੰਦ ਸਿੰਘ ਉਰਫ ਚੰਦ ਫਤਿਹਪੁਰੀ * ਪੀ ਆਰ ਬੀ ਐਕਟ ਤਹਿਤ ਖਬਰਾਂ ਦੀ ਚੋਣ ਲਈ ਜ਼ਿੰਮੇਵਾਰ। ਪ੍ਰਕਾਸ਼ਕ ਤੇ ਛਾਪਕ ਗੁਰਮੀਤ ਸਿੰਘ ਸ਼ੁਗਲੀ ਨੇ ਨਵਾਂ ਜ਼ਮਾਨਾ ਪ੍ਰਿੰਟਰਜ਼, ਨਹਿਰੂ ਗਾਰਡਨ ਰੋਡ, ਜਲੰਧਰ ਤੋਂ ਛਪਵਾ ਕੇ ਅਰਜਨ ਸਿੰਘ ਗੜਗੱਜ ਫਾਊਂਡੇਸ਼ਨ, ਨਹਿਰੂ ਗਾਰਡਨ ਰੋਡ, ਜਲੰਧਰ ਲਈ ਪ੍ਰਕਾਸ਼ਤ ਕੀਤਾ।

ਫੋਨ ਨੰਬਰ ਪ੍ਰਬੰਧਕੀ ਵਿਭਾਗ : 0181-5097300, ਸਮਾਚਾਰ ਵਿਭਾਗ : 0181-5097310, ਈ-ਮੇਲ : nawanzamana@gmail.com * Web : www.nawanzamana.in

CMYK

# ਨਸ਼ਾ ਤਸਕਰ ਨੂੰ ਫੜਨ ਗਈ ਪੁਲਸ 'ਤੇ ਹਮਲਾ

## ਤਿੰਨ ਘੰਟੇ ਤੱਕ ਚੱਲੇ ਹਾਈ ਵੋਲਟੇਜ ਡਰਾਮੇ ਤੋਂ ਬਾਅਦ ਪੁਲਸ ਬੇਰੰਗ ਪਰਤੀ

**ਕਾਦੀਆਂ (ਯਾਦਵਿੰਦਰ ਸਿੰਘ ਮਲਹੋਤਰਾ)**

ਪੁਲਸ ਥਾਣਾ ਕਾਦੀਆਂ ਅਧੀਨ ਪੈਂਦੇ ਪਿੰਡ ਮੁਰਾਦਪੁਰ ਦੇ ਵਿੱਚ ਕਾਦੀਆਂ ਪੁਲਸ ਜਦੋਂ ਪਿੰਡ ਵਿੱਚ ਇੱਕ ਨਸ਼ਾ ਤਸਕਰ ਨੂੰ ਗ੍ਰਿਫਤਾਰ ਕਰਨ ਦੇ ਲਈ ਪਹੁੰਚੀ ਤਾਂ ਉਥੇ ਮੌਜੂਦ ਮੁਜਰਮ ਅਤੇ ਉਸਦੇ ਪੁੱਤ ਵੱਲੋਂ ਕੋਠੇ ਤੇ ਚੜ੍ਹ ਕੇ ਹਾਈ ਵੋਲਟੇਜ ਡਰਾਮਾ ਸ਼ੁਰੂ ਕਰ ਦਿੱਤਾ ਜਿਸ ਦੌਰਾਨ ਮੁਜਰਮ ਦੇ ਵੱਲੋਂ ਪੁਲਸ 'ਤੇ ਹਮਲਾ ਕੀਤਾ ਗਿਆ ਅਤੇ ਇਸ ਹਮਲੇ ਦੌਰਾਨ ਦੋ ਪੁਲਸ ਮੁਲਾਜ਼ਮ ਜ਼ਖਮੀ ਹੋ ਗਏ।ਪ੍ਰਾਪਤ ਜਾਣਕਾਰੀ ਅਨੁਸਾਰ ਕਾਦੀਆਂ ਪੁਲਸ ਦੇ ਵੱਲੋਂ ਬੀਤੇ ਦਿਨੀਂ ਪਿੰਡ ਕੰਡੀਲਾ ਦੇ ਮਨਪ੍ਰੀਤ ਸਿੰਘ ਨੂੰ 5 ਗ੍ਰਾਮ ਹੈਰੋਇਨ ਸਮੇਤ ਗ੍ਰਿਫਤਾਰ ਕੀਤਾ ਗਿਆ ਅਤੇ ਉਸ ਦੀ ਪੁੱਛਗਿਛ ਤੇ ਮਨਪ੍ਰੀਤ ਨੇ ਮੰਨਿਆ ਕਿ ਉਸ ਨੇ ਇਹ ਹੈਰੋਇਨ ਪਿੰਡ ਮੁਰਾਦਪੁਰ ਦੇ ਬਾਊ ਨਾਮਕ ਵਿਅਕਤੀ ਦੇ ਕੋਲੋਂ ਲਿਆਂਦੀ ਹੈ।ਇਸ ਦੌਰਾਨ ਹੋਰ ਜਾਣਕਾਰੀ ਸਾਂਝੀ ਕਰਦੇ ਹੋਏ ਥਾਣਾ ਕਾਦੀਆਂ ਦੇ ਐੱਸਐੱਚਓ ਇੰਸਪੈਕਟਰ ਗੁਰਮੀਤ ਸਿੰਘ ਨੇ ਦੱਸਿਆ ਕਿ ਉਹ ਪਿੰਡ ਮੁਰਾਦਪੁਰ ਦੇ ਬਾਊ ਨਾਮਕ ਵਿਅਕਤੀ ਜਿਸ ਦੇ ਖਿਲਾਫ ਪਹਿਲਾਂ ਵੀ 10 ਮੁਕੱਦਮੇ ਦਰਜ ਹਨ ਅਤੇ ਮਨਪ੍ਰੀਤ ਜਿਸਦੇ ਕੋਲੋਂ 5 ਗ੍ਰਾਮ ਹੈਰੋਇਨ ਫੜੀ ਗਈ ਸੀ ਅਤੇ ਉਸਨੇ ਇਹ ਹੈਰੋਇਨ ਬਾਊ ਨਾਮਕ ਵਿਅਕਤੀ ਪਿੰਡ ਮੁਰਾਦਪੁਰ ਦੇ ਕੋਲੋਂ ਖਰੀਦੀ ਸੀ, ਜਿਸ ਤੋਂ ਬਾਅਦ ਪੁਲਸ ਵੱਲੋਂ ਇਸ ਨੂੰ ਗ੍ਰਿਫਤਾਰ ਕਰਨ ਦੇ ਲਈ ਉਸਦੇ ਘਰ ਪਹੁੰਚੀ। ਮੁਜਰਮ ਅਤੇ ਉਸਦੇ ਲੜਕੇ ਵੱਲੋਂ ਕੋਠੇ 'ਤੇ ਚੜ੍ਹ ਕੇ ਪੁਲਸ ਉਪਰ ਇੱਟਾਂ ਰੋੜੇ ਚਲਾਏ ਜਿਸ ਦੌਰਾਨ ਦੋ ਪੁਲਸ ਮੁਲਾਜ਼ਮ ਜ਼ਖਮੀ ਹੋਏ ਜਿਨ੍ਹਾਂ ਨੂੰ ਸਥਾਨਕ ਸਰਕਾਰੀ ਹਸਪਤਾਲ ਵਿੱਚ ਦਾਖਲ ਕਰਵਾਇਆ ਗਿਆ।ਪੁਲਸ ਅਧਿਕਾਰੀ ਨੇ ਅੱਗੇ ਦੱਸਿਆ ਕਿ ਦੋ ਢਾਈ ਘੰਟੇ ਦੌਰਾਨ ਪੁਲਸ ਵੱਲੋਂ ਇਨ੍ਹਾਂ ਨੂੰ ਫੜਨਾ ਚਾਹਿਆ ਪਰ ਇਨ੍ਹਾਂ ਦੋਵਾਂ ਪਿਓ ਪੁੱਤ ਨੇ ਕੋਠੇ ਉਪਰ ਤੇਜ਼ਧਾਰ ਹਥਿਆਰ ਅਤੇ ਇੱਟਾਂ ਰੋੜੇ ਰੱਖੇ ਹੋਏ ਸਨ। ਕਾਫੀ ਸੰਘਰਸ਼ ਤੋਂ ਬਾਅਦ ਪੁਲਸ ਪਾਰਟੀ ਵਾਪਸ ਚਲੀ ਗਈ। ਪੁਲਸ ਅਧਿਕਾਰੀ ਨੇ ਦੱਸਿਆ ਕਿ ਜਲਦੀ ਹੀ ਇਨ੍ਹਾਂ ਮੁਜਰਮਾਂ ਨੂੰ ਗ੍ਰਿਫਤਾਰ ਕੀਤਾ ਜਾਵੇਗਾ ਕਿਉਂਕਿ ਨਸ਼ਾ ਤਸਕਰਾਂ ਨੂੰ ਕਿਸੇ ਵੀ ਕੀਮਤ 'ਤੇ ਬਖਸ਼ਿਆ ਨਹੀਂ ਜਾਵੇਗਾ।ਉਨ੍ਹਾਂ ਕਿਹਾ ਕਿ ਜੋ ਇਨ੍ਹਾਂ ਨੇ ਪੁਲਸ ਮੁਲਾਜ਼ਮਾਂ ਦੇ ਉਪਰ ਹਮਲਾ ਕੀਤਾ ਉਸ ਦੇ ਆਧਾਰ 'ਤੇ ਵੀ ਇਨ੍ਹਾਂ ਦੇ ਖਿਲਾਫ ਸਖਤ ਕਾਨੂੰਨੀ ਕਾਰਵਾਈ ਕੀਤੀ ਜਾਵੇਗੀ।ਹਾਈ ਵੋਲਟੇਜ ਡਰਾਮੇ ਦੌਰਾਨ ਜਿੱਥੇ ਪੁਲਸ ਨੂੰ ਬੇਰੰਗ ਪਰਤਣਾ ਪਿਆ ਉਥੇ ਹੀ ਇਹ ਸਵਾਲ ਖੜੇ ਹੋ ਗਏ ਕਿ ਪੁਲਸ ਇਨ੍ਹਾਂ ਨੂੰ ਕਿਉਂ ਨਹੀਂ ਫੜ ਸਕੀ।

ਉਧਰ ਦੂਜੇ ਪਾਸੇ ਮੁਜਰਮਾਂ ਨੇ ਕੋਠੇ 'ਤੇ ਚੜ੍ਹ ਕੇ ਇਹ ਵੀ ਕਿਹਾ ਕਿ ਸਾਡੇ ਉਪਰ ਪੁਲਸ ਦੇ ਵੱਲੋਂ ਝੂਠੇ ਪਰਚੇ ਪਾਏ ਜਾ ਰਹੇ ਹਨ।ਪੁਲਸ ਅਧਿਕਾਰੀ ਨੇ ਅੱਗੇ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਸ਼ੁਰੂ ਕੀਤੇ ਗਏ ਯੁੱਧ ਨਸ਼ਿਆਂ ਵਿਰੁੱਧ ਦੇ ਚਲਦਿਆਂ ਐੱਸਐੱਸਪੀ ਬਟਾਲਾ ਸੁਹੇਲ ਕਾਸਿਮ ਮੀਰ ਦੇ ਵੱਲੋਂ ਨਸ਼ਿਆਂ ਵਿਰੁੱਧ ਵਿੱਢੀ ਮੁਹਿੰਮ ਦੇ ਚੱਲਦਿਆਂ ਅਤੇ ਨਸ਼ਿਆਂ ਦੇ ਸੌਦਾਗਰਾਂ ਨੂੰ ਜੇਲਾਂ ਵਿੱਚ ਬੰਦ ਕਰਨ ਲਈ ਚਲਾਈ ਗਈ ਮੁਹਿੰਮ ਦੇ ਚਲਦਿਆਂ ਇਹ ਕਾਰਵਾਈ ਕੀਤੀ ਗਈ ਹੈ।ਉਨ੍ਹਾਂ ਕਿਹਾ ਕਿ ਕਿਸੇ ਵੀ ਨਸ਼ਾ ਤਸਕਰ ਨੂੰ ਕਾਦੀਆਂ ਥਾਣੇ ਅਧੀਨ ਕਿਸੇ ਵੀ ਥਾਂ ਤੇ ਨਸ਼ਾ ਨਹੀਂ ਵੇਚਣ ਦਿੱਤਾ ਜਾਵੇਗਾ।ਜੇਕਰ ਕੋਈ ਅਜਿਹਾ ਕਰਦਾ ਹੈ ਤਾਂ ਉਸ ਦੇ ਖਿਲਾਫ ਪੁਲਸ ਸਖਤ ਕਾਰਵਾਈ ਕਰੇਗੀ।

# ਮਲਟੀ ਸਕਿੱਲ ਡਿਵੈਲਪਮੈਂਟ ਸੈਂਟਰ ਬਣਿਆ ਚਿੱਟਾ ਹਾਥੀ

## 6 ਕਰੋੜ ਦੀ ਲਾਗਤ ਨਾਲ ਬਣੇ ਦੋਵੇਂ ਹੋਸਟਲਾਂ ਨੇ ਧਾਰਿਆ ਖੰਡਰ ਦਾ ਰੂਪ

**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)**

ਉਦਯੋਗਿਕ ਸਿਖਲਾਈ ਸੰਸਥਾ ਹੁਸ਼ਿਆਰਪੁਰ ਕਰੀਬ 25 ਏਕੜ ਜਗ੍ਹਾ ਵਿੱਚ ਸੰਨ 1962 ਤੋਂ ਜਲੰਧਰ ਰੋਡ 'ਤੇ ਸਥਿਤ ਹੈ। ਜਿਸ ਵਿੱਚ ਦੋ ਹੋਰ ਸੰਸਥਾਵਾਂ ਬੇਸਿਕ ਟਰੇਨਿੰਗ ਸੈਂਟਰ ਅਤੇ ਉਦਯੋਗਿਕ ਸਿਖਲਾਈ ਸਕੂਲ (ਲੜਕੇ) ਵੀ ਚੱਲ ਰਹੀਆਂ ਹਨ। ਕੰਪਲੈਕਸ ਵਿੱਚ ਡਾਇਰੈਕਟਰ ਜਨਰਲ ਇੰਪਲਾਇਮੈਂਟ ਅਤੇ ਟਰੇਨਿੰਗ ਨਵੀਂ ਦਿੱਲੀ ਵੱਲੋਂ ਜਾਰੀ ਨਿਯਮਾਂ ਅਤੇ ਮਿਆਰ ਦੀ ਅਣਦੇਖੀ ਕਰਦਿਆਂ ਕੇਂਦਰ ਸਰਕਾਰ ਵਲੋਂ ਜਾਰੀ 12 ਕਰੋੜ ਦੀ ਲਾਗਤ ਨਾਲ ਇੱਕ ਹੋਰ ਸੰਸਥਾ ਮਲਟੀ ਸਕਿਲ ਡਿਵੈਲਪਮੈਂਟ ਸੈਂਟਰ ਹੁਸ਼ਿਆਰਪੁਰ ਬਣਾਈ ਗਈ। ਜਿਸ ਲਈ ਤਿੰਨ ਬਿਲਡਿੰਗਾਂ ਦੀ ਜ਼ਰੂਰਤ ਸੀ। ਇੱਕ ਬਿਲਡਿੰਗ ਵਿੱਚ ਪੜ੍ਹਾਈ, ਸਿਖਲਾਈ ਅਤੇ ਪ੍ਰਬੰਧਕੀ ਬਲਾਕ ਵਜੋਂ ਕੰਮ ਕਰਨਾ ਸੀ ਅਤੇ ਦੂਸਰੀਆਂ ਦੋ ਬਿਲਡਿੰਗਾਂ ਲੜਕੇ ਅਤੇ ਲੜਕੀਆਂ ਦੇ ਲਈ ਹੋਸਟਲ ਵਜੋਂ ਵਰਤੋਂ ਵਿੱਚ ਲਿਆਂਦੇ ਜਾਣੇ ਸਨ। ਸੰਨ 2016-17 ਵਿੱਚ ਨਿਯਮਾਂਵਲੀ ਅਨੁਸਾਰ ਨਵੀਆਂ ਅਤਿ ਆਧੁਨਿਕ ਬਿਲਡਿੰਗਾਂ ਬਣਾਈਆਂ, ਮਸ਼ੀਨਰੀ, ਟੂਲਜ਼ ਇਕਊਪਮੈਂਟ, ਹਰ ਤਰ੍ਹਾਂ ਦਾ ਫਰਨੀਚਰ, ਬੈਡ, ਬਿਸਤਰੇ ਆਦਿ ਨਾਲ ਲੈੱਸ ਮਲਟੀ ਸਕਿਲ ਡਿਵੈਲਪਮੈਂਟ ਸੈਂਟਰ ਹੁਸ਼ਿਆਰਪੁਰ ਸਥਾਪਿਤ ਹੋਇਆ। ਪ੍ਰਬੰਧਕੀ ਵਿੰਗ ਤੇ ਕਰੀਬ 6 ਕਰੋੜ ਅਤੇ ਦੋਨਾਂ ਹੋਸਟਲਾਂ ਤੇ 6 ਕਰੋੜ ਖਰਚ ਕੇ ਤਿੰਨੇ ਹੀ ਬਿਲਡਿੰਗਾਂ ਬਹੁਤ ਵਧੀਆਂ ਬਣੀਆਂ ਜਿਸ ਵਿੱਚ ਸਿਖਲਾਈ ਦੇ ਕੇ ਸਮੁੱਚੇ ਪੰਜਾਬ ਦੀਆਂ ਫੈਕਟਰੀਆਂ ਦੇ ਅਣ-ਸਕਿਲ ਵਰਕਰਾਂ ਨੂੰ ਵੱਖ ਵੱਖ ਟਰੇਡਾਂ ਦੇ ਸ਼ਾਰਟ ਟਰਮ ਕੋਰਸਾਂ ਰਾਹੀ ਸਿਖਲਾਈ ਕਰਵਾ ਕੇ ਸੈਮੀ ਸਕਿਲਡ ਵਰਕਰ ਤਿਆਰ ਕੀਤੇ ਜਾਣੇ ਸਨ। ਪਰ ਫੈਕਟਰੀ ਮਾਲਕਾਂ ਵਲੋਂ ਸਾਥ ਨਾ ਦੇਣ ਕਾਰਨ ਸਕੀਮ ਦੇ ਸ਼ੁਰੂ ਵਿੱਚ ਹੀ ਦਮ ਤੋੜ ਗਈ। ਸ਼ੁਰੂ ਦੇ ਪਹਿਲੇ ਸਾਲ 1-2 ਟਰੇਡਾਂ ਦੇ ਕੇਵਲ 1-2 ਬੈਜ ਹੀ ਬੜੀ ਮੁਸ਼ਕਲ ਨਾਲ ਚੱਲ ਸਕੇ। ਕਿਉਂਕਿ ਫੈਕਟਰੀਆਂ ਦੇ ਮਾਲਕਾਂ ਵਲੋਂ ਇਸ ਸੈਂਟਰ ਨੂੰ ਅਣ-ਸਕਿਲਡ ਵਰਕਰ ਸਿਖਲਾਈ ਲਈ ਭੇਜੇ ਹੀ ਨਹੀਂ ਗਏ। ਜਿਸ ਕਰਕੇ ਇਹ ਸਕੀਮ ਪਹਿਲੇ ਸਾਲ ਹੀ ਬੰਦ ਹੋ ਗਈ। ਫਿਰ ਇੱਥੇ ਦੋ ਮੰਜ਼ਿਲਾ ਲੜਕਿਆਂ ਦੇ ਹੋਸਟਲ 'ਚ ਕੇਵਲ ਪਹਿਲੇ ਬੈਚ ਦੇ 15 ਤੋਂ 20 ਦੇ ਕਰੀਬ ਸਿਖਿਆਰਥੀ ਲੜਕੇ ਹੀ ਹੋਸਟਲ ਵਿੱਚ ਰਹੇ ਸਨ। ਉਸ ਸਮੇਂ ਹੋਸਟਲ ਵਾਰਡਨ ਵੀ ਸ਼ਾਇਦ ਕੰਟ੍ਰੈਕਟ ਬੇਸ 'ਤੇ ਹੀ ਰੱਖੇ ਹੋਣਗੇ। ਸ਼ਾਰਟ ਟਰਮ ਕੋਰਸ ਬੰਦ ਹੋਣ ਨਾਲ ਹੋਸਟਲ ਵਿੱਚ ਲੜਕੇ ਆਉਣੇ ਬੰਦ ਹੋ ਗਏ। ਪਰ ਇਨ੍ਹਾਂ ਨਵੀਆਂ ਬਣੀਆਂ ਬਿਲਡਿੰਗਾਂ ਦੀ ਸਾਂਭ ਸੰਭਾਲ ਲਈ ਕਿਸੇ ਵਿਭਾਗ ਨੂੰ ਹੈਂਡ ਓਵਰ ਕਰਨ ਦਾ ਪ੍ਰਬੰਧ ਸਥਾਨਿਕ ਪ੍ਰਸ਼ਾਸਨ ਵਲੋਂ ਨਹੀਂ ਕੀਤਾ ਗਿਆ।ਮਲਟੀ ਸਕਿਲ ਡਿਵੈਲਪਮੈਂਟ ਸੈਂਟਰ ਹੁਸ਼ਿਆਰਪੁਰ ਦੇ ਸ਼ਾਰਟ ਟਰਮ ਕੋਰਸਾਂ ਦੀ ਸਿਖਲਾਈ ਬੰਦ ਹੋਣ ਉਪਰੰਤ ਇਹ ਬਣੀ ਸਮੁੱਚੀ ਬਿਲਡਿੰਗ ਤੇ ਆਈ.ਟੀ.ਆਈ ਹੁਸ਼ਿਆਰਪੁਰ ਦੇ ਪ੍ਰਸ਼ਾਸਨ ਨੂੰ ਸਪੁਰਦ ਕਰਨੀ ਬਣਦੀ ਸੀ ਕਿਉਕਿ ਇਹ ਬਿਲਡਿੰਗਾਂ ਆਈ.ਟੀ.ਆਈ. ਹੁਸ਼ਿਆਰਪੁਰ ਦੇ ਕੰਪਲੈਕਸ ਵਿੱਚ ਬਣੀਆਂ ਸਨ। ਪਰ ਅਜਿਹਾ ਨਹੀ ਕੀਤਾ ਗਿਆ। ਕੇਵਲ ਪ੍ਰਬੰਧਕੀ ਬਲਾਕ ਦੀ ਉਪਰਲੀ ਬਿਲਡਿੰਗ ਦੇ ਕੁੱਝ ਹਿੱਸੇ ਵਿੱਚ ਜ਼ਿਲ੍ਹਾ ਰੋਜ਼ਗਾਰ ਅਤੇ ਕਾਰੋਬਾਰ ਬਿਊਰੋ ਹੁਸ਼ਿਆਰਪੁਰ ਦੇ ਦਫਤਰ ਵਲੋਂ ਸਥਾਨਕ ਪ੍ਰਸ਼ਾਸਨ ਦੀ ਮਦਦ ਨਾਲ ਆਪਣਾ ਦਫਤਰ ਚਲਾਇਆ ਜਾ ਰਿਹਾ ਹੈ। ਇਸ ਦੇ ਉਪਰ ਦੇ ਕੁੱਝ ਕਮਰੇ, ਥੱਲੇ ਗਰਾਉਂਡ ਫਲੋਰ 'ਤੇ ਬਣੀ ਬਿਲਡਿੰਗ ਅਤੇ ਅਤਿ ਆਧੁਨਿਕ ਹੋਸਟਲਾਂ ਦੀਆਂ 2 ਬਿਲਡਿੰਗਾਂ ਕਿਸੇ ਦੇ ਸੁਪਰਦ ਕਰਨ ਦੀ ਬਜਾਏ ਜਿੰਦਰੇ ਲਾ ਦਿੱਤੇ ਗਏ। ਇਨ੍ਹਾਂ ਬਿਲਡਿੰਗ ਦੀ ਦੇਖ ਰੇਖ ਵੀ ਕਿਸੇ ਨੂੰ ਨਹੀਂ ਸੌਂਪੀ ਗਈ। ਅੱਜ ਜਦੋ ਸਾਡੇ ਸਥਾਨਕ ਪੱਤਰਕਾਰ ਨੇ ਹੋਸਟਲਾਂ ਦਾ ਨਿੱਜੀ ਨਿਰੀਖਣ ਕੀਤਾ ਤਾਂ ਵੇਖਿਆ ਤੇ ਬਾਹਰੋਂ ਇਉਂ ਜਾਪ ਰਿਹਾ ਸੀ ਜਿਵੇਂ ਇਹ ਹੋਸਟਲ ਨਹੀਂ ਕਿਸੇ ਪੁਰਾਣੇ ਸਥਾਨਕ ਖੰਡਰਾਂ ਦੀਆਂ ਬਿਲਡਿੰਗਾਂ ਹੋਣ। ਇਨ੍ਹਾਂ ਬਿਲਡਿੰਗਾਂ ਦੇ ਮੁੱਖ ਪ੍ਰਵੇਸ਼ ਦੁਆਰ 'ਤੇ ਵੱਡੇ ਵੱਡੇ ਕਾਨਿਆਂ ਦੇ ਬੂਝੇ ਉਗੇ ਹੋਏ ਹਨ। ਉੱਥੋ ਲੰਘ ਕੇ ਬਿਲਡਿੰਗ ਦੇ ਅੰਦਰ ਜਾਣਾ ਕੋਈ ਸੌਖੀ ਗੱਲ ਨਹੀਂ ਹੈ। ਜਦੋਂ ਲੜਕਿਆਂ ਦੇ ਹੋਸਟਲ ਦੀ ਬਿਲਡਿੰਗ ਦੇ ਅੰਦਰ ਦਾ ਹਾਲ ਵੇਖਿਆ ਤਾਂ ਅੰਦਰ ਵੜਦਿਆਂ ਹੀ ਹੋਸਟਲ ਦੇ ਮੇਨ ਗੇਟ ਗਾਇਬ ਸਨ ਅਤੇ ਸ਼ੀਸ਼ਿਆਂ ਦੀ ਭੰਨਤੋੜ ਕੀਤੀ ਹੋਈ ਸੀ ਅਤੇ ਲਾਬੀ ਵਿੱਚ ਕੋਈ ਵੀ ਪੱਖਾ ਲੱਗਾ ਵਿਖਾਈ ਨਹੀਂ ਦਿੱਤਾ। ਜਦੋਂ ਲਾਬੀ ਦੇ ਸੱਜੇ ਹੱਥ ਕੰਧ ਉੱਪਰ ਲੱਗੀਆਂ ਤਿੰਨਾਂ ਫਲੈਕਸ ਬੋਰਡਾਂ ਉਪਰ ਮਨਿਸਟਰੀ ਆਫ ਰੂਰਲ ਡਿਵੈਲਪਮੈਂਟ, ਗੌਰਮਿੰਟ ਆਫ ਇੰਡੀਆ ਲਿਖਿਆ ਹੋਇਆ ਸੀ। ਜਿਸ ਤੋਂ ਸਾਫ ਹੈ ਕਿ ਹੋਸਟਲਾਂ ਦੀਆਂ ਬਿਲਡਿੰਗਾਂ ਸਥਾਨਕ ਏ ਡੀ ਸੀ ਵਿਕਾਸ ਹੁਸ਼ਿਆਰਪੁਰ ਦੇ ਅਧੀਨ ਹੀ ਹੋਣਗੀਆਂ। ਇਨ੍ਹਾਂ ਹੀ ਬੋਰਡਾਂ ਉਪਰ ਅੰਕਿਤ ਵੇਰਵੇ ਅਨੁਸਾਰ ਹੋਸਟਲ ਦੇ ਕੁੱਲ 24 ਕਮਰੇ, 14 ਥੱਲੇ ਅਤੇ 14 ਹੀ ਦੂਸਰੀ ਮੰਜ਼ਿਲ 'ਤੇ ਹਨ। ਦੋਵਾਂ ਹੀ ਮੰਜ਼ਿਲਾਂ ਵਿੱਚ ਸਥਾਪਿਤ 24 ਕਮਰਿਆਂ, ਹਾਲ ਕਮਰਿਆਂ ਅਤੇ ਕੰਟੀਨਾਂ ਅੰਦਰ ਲੱਗੇ ਹੋਏ ਸਾਰੇ ਬਿਜਲੀ ਦੇ ਪੱਖੇ ਚੋਰੀ ਹੋ ਗਏ ਜਾਪਦੇ ਹਨ, ਬਿਜਲੀ ਦੀ ਵਾਇਰਿੰਗ, ਬਿਜਲੀ ਸਵਿੱਚ ਬੋਰਡ, ਵਾਟਰ ਪਿਊਰੀ ਫਾਇਰ ਸਿਸਟਮ, ਬਾਥਰੂਮਾਂ ਤੇ ਵਾਸ਼ਰੂਮਾਂ ਦੀਆਂ ਟੂਟੀਆਂ, ਪਾਈਪਾਂ ਵੀ ਚੋਰੀ ਹੋਈਆਂ ਜਾਪਦੀਆਂ ਹਨ, ਦਰਵਾਜ਼ੇ ਖਿੜਕੀਆਂ, ਸ਼ੀਸ਼ੇ, ਲੈਟਰੀਨਾਂ ਦੀ ਸੀਟਾਂ, ਮਿਰਰ, ਸਭ ਬੁਰੀ ਤਰ੍ਹਾਂ ਤੋੜੇ ਹੋਏ ਹਨ। ਅਜਿਹਾ ਹੀ ਹਾਲ ਲੜਕੀਆਂ ਦੇ ਹੋਸਟਲ ਦਾ ਵੀ ਹੈ।ਨਵੀਆਂ ਬਣੀਆਂ ਖੰਡਰ ਨੁਮਾਂ ਬਿਲਡਿੰਗਾਂ ਦਾ ਇਹ ਹਾਲ ਕਿਸੇ ਜ਼ਿੰਮੇਵਾਰ ਵਿਭਾਗ ਨੂੰ ਨਾ ਸੌਂਪਣ ਅਤੇ ਮਾੜੇ ਸਥਾਨਕ ਪ੍ਰਸਾਸਨਕ ਪ੍ਰਬੰਧ ਦਾ ਨਤੀਜਾ ਜਾਪਦਾ ਹੈ। ਅੱਜਕੱਲ੍ਹ ਇਹ ਬਿਲਡਿੰਗਾਂ ਨਸ਼ੇੜੀਆਂ ਲਈ ਸਵਰਗ ਬਣੀਆਂ ਹੋਈਆਂ ਹਨ। ਇਨ੍ਹਾਂ ਦੇ ਚੁਫੇਰੇ ਪੂਰਾ ਜੰਗਲ ਬਣਿਆ ਹੋਇਆ ਹੈ। ਇਨ੍ਹਾਂ ਬਿਲਡਿੰਗਾਂ ਵਿੱਚ ਰਾਤ ਸਮੇਂ ਤਾਂ ਕੀ, ਦਿਨ ਸਮੇਂ ਵੀ ਜਾਣ ਤੋਂ ਡਰ ਲਗਦਾ ਹੈ। ਸ਼ਾਇਦ ਇਸ ਦਾ ਫਾਇਦਾ ਲੈ ਕੇ ਹੀ ਚੋਰ ਇਨ੍ਹਾਂ ਬਿਲਡਿੰਗਾਂ ਦਾ ਸਮਾਨ ਚੋਰੀ ਕਰਨ ਵਿੱਚ ਕਾਮਯਾਬ ਹੋਇਆ ਹੋਵੇ।ਜਦੋਂ ਇਸ ਸਬੰਧੀ ਸਥਾਨਕ ਆਈ.ਟੀ.ਆਈ. ਸਥਿਤ ਮਲਟੀ ਸਕਿਲ ਡਿਵੈਲਪਮੈਂਟ ਸੈਂਟਰ ਹੁਸ਼ਿਆਰਪੁਰ ਦੀ ਪ੍ਰਬੰਧਕੀ ਬਲਾਕ ਦੀ ਬਿਲਡਿੰਗ ਅਤੇ ਹੋਸਟਲਾਂ ਦੀ ਖਸਤਾ ਹਾਲਤ ਦੇ ਸਬੰਧ ਵਿੱਚ ਆਈ.ਟੀ.ਆਈ. ਹੁਸ਼ਿਆਰਪੁਰ ਦੇ ਕਾਰਜਕਾਰੀ ਪ੍ਰਿੰਸੀਪਲ ਗੁਰਨਾਮ ਸਿੰਘ ਨੂੰ ਪੁੱਛਣ 'ਤੇ ਉਨ੍ਹਾਂ ਦੱਸਿਆ ਕਿ ਉਕਤ ਸਾਰੀਆਂ ਬਿਲਡਿੰਗਾਂ ਸਾਡੇ ਪ੍ਰਸ਼ਾਸਨ ਦੇ ਅਧੀਨ ਨਹੀਂ। ਉਨ੍ਹਾਂ ਦਸਿਆਂ ਕਿ ਮਲਟੀ ਸਕਿਲ ਡਿਵੈਲਪਮੈਂਟ ਸੈਂਟਰ ਹੁਸ਼ਿਆਰਪੁਰ ਦੀ ਸਿਖਲਾਈ ਮੁਕੰਮਲ ਬੰਦ ਹੋਣ ਉਪਰੰਤ ਇਹ ਬਿਲਡਿੰਗਾਂ ਸਾਡੇ ਕੰਪਲੈਕਸ ਵਿੱਚ ਬਣੀਆਂ ਹੋਣ ਕਰਕੇ ਪ੍ਰਿੰਸੀਪਲ ਆਈ.ਟੀ.ਆਈ. ਨੂੰ ਹੀ ਸਪੁਰਦ ਕਰਨੀਆਂ ਬਣਦੀਆਂ ਸਨ ਕਿਉਂਕਿ ਸਾਡੇ ਕੋਲ ਸਿਖਲਾਈ ਪ੍ਰਾਪਤ ਕਰਦੇ ਸਿਖਿਆਰਥੀਆਂ ਕੋਲ ਥਿਊਰੀ ਰੂਮਾਂ ਦੀ ਬਹੁਤ ਵੱਡੀ ਘਾਟ ਹੈ। ਇਸ ਤਰ੍ਹਾਂ ਜੇ ਇਹ ਬਿਲਡਿੰਗਾਂ ਆਈ.ਟੀ.ਆਈ. ਨੂੰ ਸਪੁਰਦ ਕੀਤੀਆਂ ਜਾਂਦੀਆਂ ਤਾਂ ਕਮਰਿਆਂ ਦੀ ਘਾਟ ਪੂਰੀ ਹੋਣ ਦੇ ਨਾਲ ਨਾਲ ਇਨ੍ਹਾਂ ਦੀ ਸਹੀ ਢੰਗ ਨਾਲ ਸਾਂਭ ਸੰਭਾਲ ਵੀ ਹੋ ਸਕਦੀ ਸੀ। ਉਨ੍ਹਾਂ ਕਿਹਾ ਕਿ ਜੇਕਰ ਅੱਜ ਵੀ ਮਲਟੀ ਸਕਿਲ ਡਿਵੈਲਪਮੈਂਟ ਸੈਂਟਰ ਹੁਸ਼ਿਆਰਪੁਰ ਦੀ ਸਮੁੱਚੀ ਬਿਲਡੰਗ ਪ੍ਰਬੰਧਕੀ ਬਲਾਕ ਸਮੇਤ ਹੋਸਟਲ ਦੇ ਦੋਵੇ ਬਲਾਕ ਦੀਆਂ ਬਿਲਡਿੰਗਾਂ ਆਈ ਟੀ ਆਈ ਹੁਸ਼ਿਆਰਪੁਰ ਦੇ ਪ੍ਰਿੰਸੀਪਲ ਨੂੰ ਹੈਂਡਓਵਰ ਕਰ ਦਿੱਤੀਆਂ ਜਾਣ ਤਾਂ ਆਈ.ਟੀ ਆਈ ਹੁਸ਼ਿਆਰਪੁਰ ਦੇ ਸਿਖਿਆਰਥੀਆਂ ਲਈ ਪ੍ਰਬੰਧਕੀ ਬਲਾਕ ਵਿੱਚ ਵਰਕਸ਼ਾਪਾਂ ਅਤੇ ਹੋਸਟਲ ਦੇ ਕਮਰਿਆਂ ਨੂੰ ਥਿਊਰੀ ਰੂਮਾਂ ਵਜੋਂ ਵਰਤੋਂ ਵਿੱਚ ਲਿਆ ਕੇ ਸਿਖਲਾਈ ਦੇ ਮਿਆਰ ਵਿੱਚ ਸੁਧਾਰ ਕੀਤਾ ਜਾ ਸਕਦਾ ਹੈ ਅਤੇ ਬਿਲਡਿੰਗਾਂ ਦੀ ਵਰਤੋਂ ਸੁਚੱਜੇ ਢੰਗ ਕੀਤੀ ਜਾ ਸਕਦੀ ਹੈ ਅਤੇ ਲੋੜੀਦੇ ਨਵੇਂ ਕੋਰਸ ਵੀ ਖੋਲ੍ਹੇ ਜਾ ਸਕਦੇ ਹਨ। ਆਈ.ਟੀ.ਆਈ. ਵਿੱਚ ਮੌਜੂਦਾ ਸਟਾਫ ਨੂੰ ਥੋੜ੍ਹਾ ਬਹੁਤ ਇਨਸੈਂਟਿਵ ਦੇ ਕੇ ਸ਼ਾਰਟ ਟਰਮ ਕੋਰਸ ਵੀ ਚਲਾਏ ਜਾ ਸਕਦੇ ਹਨ ਜਿਸ ਮਕਸਦ ਲਈ ਇਹ ਬਿਲਡਿੰਗਾਂ ਬਣਾਈਆਂ ਗਈਆਂ ਸਨ। ਉਸ ਮਕਸਦ ਨੂੰ ਵੀ ਪੂਰਾ ਕੀਤਾ ਜਾ ਸਕਦਾ ਸੀ।ਇਸ ਸਾਰੇ ਮਸਲੇ ਬਾਰੇ ਸਥਾਨਕ ਪ੍ਰਸ਼ਾਸਨ ਦਾ ਪੱਖ ਲੈਣ ਲਈ ਜਦੋਂ ਵਧੀਕ ਡਿਪਟੀ ਕਮਿਸ਼ਨਰ (ਵਿਕਾਸ) ਨਿਕਾਸ ਕੁਮਾਰ ਨਾਲ ਉਨ੍ਹਾਂ ਦੇ ਮੋਬਾਈਲ ਨੰਬਰ 'ਤੇ ਪੱਤਰਕਾਰਾਂ ਵੱਲੋਂ ਪਿਛਲੇ ਦੋ ਤਿੰਨ ਦਿਨਾਂ ਵਿੱਚ ਕਰੀਬ 8-10 ਫੋਨ ਕਰਨ ਦੇ ਬਾਵਜੂਦ ਇਸ ਲੋਕ ਸੇਵਕ ਅਧਿਕਾਰੀ ਵੱਲੋਂ ਫੋਨ ਅਟੈਂਡ ਕਰਨ ਜਾਂ ਵਾਪਸ ਫੋਨ ਕਰਨ ਵਿੱਚ ਕੋਈ ਦਿਲਚਸਪੀ ਨਹੀਂ ਦਿਖਾਈ ਗਈ ਜਿਸ ਤੋਂ ਸਹਿਜੇ ਹੀ ਅੰਦਾਜ਼ਾ ਲਾਇਆ ਜਾ ਸਕਦਾ ਹੈ ਕਿ ਉਕਤ ਅਧਿਕਾਰੀ ਆਪਣੀ ਡਿਊਟੀ ਨਿਭਾਉਣ ਪ੍ਰਤੀ ਕਿੰਨਾ ਕੁ ਸੰਜੀਦਾ ਅਤੇ ਗੰਭੀਰ ਹੈ।



# ਚੀ.ਫ਼ ਖ਼ਾਲਸਾ ਦੀਵਾਨ ਵੱਲੋਂ ਗੁਟਕਾ ਸਾਹਿਬ ਦੀ ਹੋਈ ਬੇਅਦਬੀ ਦੀ ਨਿਖੇਧੀ

**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)**

ਚੀਫ਼ ਖ਼ਾਲਸਾ ਦੀਵਾਨ ਵੱਲੋਂ ਸ੍ਰੀ ਦਰਬਾਰ ਸਾਹਿਬ ਨੇੜੇ ਗੁਟਕਾ ਸਾਹਿਬ ਦੀ ਹੋਈ ਬੇਅਦਬੀ ਦੀ ਸਖ਼ਤ ਸ਼ਬਦਾਂ ਵਿਚ ਨਿਖੇਧੀ ਕੀਤੀ ਗਈ।ਜਾਰੀ ਬਿਆਨ ਵਿੱਚ ਚੀਫ਼ ਖ਼ਾਲਸਾ ਦੀਵਾਨ ਦੇ ਪ੍ਰਧਾਨ ਡਾ. ਇੰਦਰਬੀਰ ਸਿੰਘ ਨਿੱਜਰ ਨੇ ਦੁੱਖ ਅਤੇ ਚਿੰਤਾ ਦਾ ਪ੍ਰਗਟਾਵਾ ਕਰਦਿਆਂ ਕਿਹਾ ਕਿ ਆਸਥਾ ਦੇ ਕੇਂਦਰ ਸ੍ਰੀ ਦਰਬਾਰ ਸਾਹਿਬ ਦੇ ਨੇੜੇ ਕਿਸੇ ਸਿਰ ਫਿਰੇ ਵੱਲੋਂ ਗੁਟਕਾ ਸਾਹਿਬ ਦੀ ਪਵਿੱਤਰ ਬਾਣੀ ਦੀ ਯੋਜਨਾਬੱਧ ਤਰੀਕੇ ਨਾਲ ਕੀਤੀ ਗਈ ਬੇਅਦਬੀ ਦੀ ਘਟਨਾ ਸਿੱਖ ਭਾਈਚਾਰੇ ਲਈ ਚਿੰਤਾ ਦਾ ਵਿਸ਼ਾ ਹੈ ਜਿਸ ਨਾਲ ਸਮੁੱਚੀ ਸਿੱਖ ਸੰਗਤਾਂ ਦੀਆਂ ਧਾਰਮਿਕ ਭਾਵਨਾਵਾਂ ਨੂੰ ਠੇਸ ਪੁੱਜੀ ਹੈ।ਚੀਫ਼ ਖ਼ਾਲਸਾ ਦੀਵਾਨ ਦੇ ਪ੍ਰਧਾਨ ਡਾ. ਇੰਦਰਬੀਰ ਸਿੰਘ ਨਿੱਜਰ, ਮੀਤ ਪ੍ਰਧਾਨ ਸੰਤੋਖ ਸਿੰਘ ਸੇਠੀ, ਮੀਤ ਪ੍ਰਧਾਨ ਜਗਜੀਤ ਸਿੰਘ, ਸਥਾਨਕ ਪ੍ਰਧਾਨ ਕੁਲਜੀਤ ਸਿੰਘ ਸਾਹਨੀ, ਆਨਰੇਰੀ ਸਕੱਤਰ ਸਵਿੰਦਰ ਸਿੰਘ ਕੱਥੂਨੰਗਲ, ਆਨਰੇਰੀ ਸਕੱਤਰ ਰਮਨੀਕ ਸਿੰਘ, ਐਡੀ.ਆਨਰੇਰੀ ਸਕੱਤਰ ਜਸਪਾਲ ਸਿੰਘ ਢਿੱਲੋਂ, ਐਡੀ. ਆਨਰੇਰੀ ਸਕੱਤਰ/ਮੁੱਖ ਦਫ਼ਤਰ ਮੈਂਬਰ ਇੰਚਾਰਜ ਹਰਵਿੰਦਰ ਪਾਲ ਸਿੰਘ ਚੁੱਘ, ਐਡੀ.ਆਨਰੇਰੀ ਸਕੱਤਰ ਹਰਿੰਦਰਪਾਲ ਸਿੰਘ ਸੇਠੀ, ਆਨਰੇਰੀ ਜਾਇੰਟ ਸਕੱਤਰ ਇੰਜੀ. ਜਸਪਾਲ ਸਿੰਘ ਦੀਵਾਨ ਅਹੁਦੇਦਾਰਾਂ ਨੇ ਚਿੰਤਾ ਪ੍ਰਗਟ ਕਰਦਿਆਂ ਕਿਹਾ ਕਿ ਆਏ ਦਿਨ ਬੇਅਦਬੀਆਂ ਰਾਹੀਂ ਸੰਗਤਾਂ ਦੀਆਂ ਧਾਰਮਿਕ ਭਾਵਨਾਵਾਂ ਨੂੰ ਭੜਕਾਉਣ ਪਿੱਛੋਂ ਇਕ ਯੋਜਨਾਤਮਕ ਸਾਜਿਸ਼ ਹੈ ਜਿਸ ਨੂੰ ਬੇਨਕਾਬ ਕਰਨਾ ਅਤਿਅੰਤ ਜ਼ਰੂਰੀ ਹੈ।ਦੀਵਾਨ ਅਹੁਦੇਦਾਰਾਂ ਅਤੇ ਮੈਂਬਰ ਸਾਹਿਬਾਨ ਨੇ ਪੁਲਸ ਪ੍ਰਸ਼ਾਸਨ ਵੱਲੋਂ ਘਟਨਾ ਦੀ ਡੂੰਘਾਈ ਨਾਲ ਜਾਂਚ ਪੜਤਾਲ ਕਰਕੇ ਸਿੱਖ ਵਿਰੋਧੀ ਸਾਜਿਸ਼ਾਂ ਪਿੱਛੇ ਸਰਗਰਮ ਤਾਕਤਾਂ ਨੂੰ ਛੇਤੀ ਸਾਹਮਣੇ ਲਿਆਉਣ ਲਈ ਵਿਸ਼ੇਸ਼ ਉਪਰਾਲੇ ਕਰਨ ਦੀ ਲੋੜ੍ਹ ਤੇ ਜ਼ੋਰ ਦਿੱਤਾ।ਉਨ੍ਹਾਂ ਅਜਿਹੇ ਪਾਪੀ ਦੋਸ਼ੀਆਂ ਨੂੰ ਮਿਸਾਲੀ ਸਜ਼ਾ ਦੇਣਾ ਵੀ ਜ਼ਰੂਰੀ ਦੱਸਿਆ ਤਾਂ ਜੋ ਭਵਿੱਖ ਵਿਚ ਕੋਈ ਵੀ ਅਜਿਹੀ ਮੰਦਭਾਗੀ ਘਟਨਾ ਨੂੰ ਅੰਜਾਮ ਦੇਣ ਦਾ ਹੌਸਲਾ ਨਾ ਕਰ ਸਕੇ।

# ਵਿਦੇਸ਼ ਭੇਜਣ ਦਾ ਝਾਂਸਾ ਦੇ ਕੇ ਠੱਗੀ ਮਾਰਨ ਵਾਲੇ ਏਜੰਟਾਂ ਖ਼ਿਲਾਫ਼ ਮਾਮਲੇ ਦਰਜ

**ਗੁਰਦਾਸਪੁਰ, (ਜਨਕ ਮਹਾਜਨ)**-ਥਾਣਾ ਧਾਰੀਵਾਲ ਪੁਲਿਸ ਨੇ ਦੋ ਵੱਖ-ਵੱਖ ਮਾਮਲਿਆਂ ਵਿਚ ਵਿਦੇਸ਼ ਭੇਜਣ ਦੇ ਨਾਮ 'ਤੇ ਠੱਗੀ ਮਾਰਨ ਵਾਲੇ ਝੂਠੇ ਏਜੰਟਾਂ ਖ਼ਿਲਾਫ਼ ਮਾਮਲੇ ਦਰਜ ਕੀਤੇ ਹਨ। ਪੁਲਸ ਨੇ ਜਾਂਚ ਦੌਰਾਨ ਪਾਇਆ ਕਿ ਸ਼ਿਕਾਇਤ ਕਰਤਾ ਮਨਦੀਪ ਸਿੰਘ ਪੁੱਤਰ ਅਜੀਤ ਸਿੰਘ ਵਾਸੀ ਪਿੰਡ ਫਤਿਹਨੰਗਲ ਥਾਣਾ ਧਾਰੀਵਾਲ ਦੇ ਭਣੇਵੇ ਯੁਵਰਾਜ ਸਿੰਘ ਪੁੱਤਰ ਸਰਵਣ ਸਿੰਘ ਵਾਸੀ ਪਿੰਡ ਹਸਨਪੁਰ ਡੇਹਰਾ ਨੂੰ ਅਸਟ੍ਰੇਲੀਆ ਭੇਜਣ ਦਾ ਝਾਂਸਾ ਦੇ ਕੇ 13 ਲੱਖ ਰੁਪਏ ਜਸਪਾਲ ਸਿੰਘ ਪੁੱਤਰ ਫੁੰਮਣ ਸਿੰਘ ਵਾਸੀ ਪਛੀਏਵਾਲ ਜ਼ਿਲ੍ਹਾ ਕਪੂਰਥਲਾ ਵੱਲੋਂ ਲਏ ਗਏ। ਉਕਤ ਏਜੰਟ ਨੇ ਪੀੜਤ ਦੇ ਭਾਣਜੇ ਨੂੰ ਨਾ ਤਾਂ ਪੈਸੇ ਵਾਪਸ ਕੀਤੇ ਅਤੇ ਨਾ ਹੀ ਵਿਦੇਸ਼ ਭੇਜਿਆ। ਥਾਣਾ ਧਾਰੀਵਾਲ ਪੁਲਸ ਨੇ ਜਸਪਾਲ ਸਿੰਘ ਪੁੱਤਰ ਫੁੰਮਣ ਸਿੰਘ ਵਾਸੀ ਪਛੀਏਵਾਲ ਜ਼ਿਲਾ ਕਪੂਰਥਲਾ ਅਤੇ ਨਾ-ਮਾਲੂਮ ਵਿਅਕਤੀ ਖ਼ਿਲਾਫ਼ ਵਿਦੇਸ਼ ਭੇਜਣ ਦਾ ਝਾਂਸਾ ਦੇ ਕੇ ਠੱਗੀ ਕਰਨ ਦੇ ਦੋਸ਼ਾਂ ਤਹਿਤ ਮਾਮਲਾ ਦਰਜ ਕੀਤਾ ਹੈ। ਇਸੇ ਤਰ੍ਹਾਂ ਇਕ ਹੋਰ ਮਾਮਲੇ ਵਿਚ ਪੁਲਸ ਨੇ ਕੀਤੀ ਜਾਂਚ ਪੜਤਾਲ ਵਿਚ ਪਾਇਆ ਕਿ ਲਖਵਿੰਦਰ ਸਿੰਘ ਪੁੱਤਰ ਚੈਂਚਲ ਸਿੰਘ ਵਾਸੀ ਪਿੰਡ ਉਗਰ ਖੈੜਾ ਜ਼ਿਲ੍ਹਾ ਗੁਰਦਾਸਪੁਰ ਦੀ ਲੜਕੀ ਮਨਦੀਪ ਕੌਰ ਨੂੰ ਕੈਨੇਡਾ ਭੇਜਣ ਲਈ ਸਾਹਿਲ ਪੁੱਤਰ ਅਸ਼ਵਨੀ ਕੁਮਾਰ, ਅੰਸ਼ੂ ਪਤਨੀ ਸਾਹਿਲ ਵਾਸੀ ਕ੍ਰਿਸ਼ਨਾ ਨਗਰ, ਨਿਤਿਸ਼ ਗੁਪਤਾ ਪੁੱਤਰ ਰਾਜ ਕਪੂਰ ਵਾਸੀ ਦਿੱਲੀ, ਸਵਰਨਜੀਤ ਕੌਰ ਪਤਨੀ ਸ਼ੇਰ ਸਿੰਘ ਵਾਸੀ ਮੋਹਾਲੀ ਵੱਲੋਂ 25 ਲੱਖ ਰੁਪਏ ਦੀ ਠੱਗੀ ਮਾਰੀ ਗਈ ਹੈ। ਉਕਤ ਏਜੰਟਾਂ ਨੇ ਪੀੜਤ ਦੀ ਲੜਕੀ ਨੂੰ ਨਾ ਤਾਂ ਵਿਦੇਸ਼ ਭੇਜਿਆ ਨਾ ਹੀ ਪੈਸੇ ਵਾਪਸ ਕੀਤੇ। ਪੁਲਸ ਨੇ ਠੱਗੀ ਮਾਰਨ ਵਾਲੇ ਉਕਤ ਏਜੰਟਾਂ ਖ਼ਿਲਾਫ਼ ਮਾਮਲਾ ਦਰਜ ਕਰਕੇ ਅਗਲੇਰੀ ਕਾਰਵਾਈ ਆਰੰਭ ਕਰ ਦਿੱਤੀ ਹੈ।

# ਪੰਚਾਇਤੀ ਜ਼ਮੀਨ 'ਤੇ ਕਬਜ਼ਾ ਕਰਨ ਵਾਲਿਆਂ ਖਿਲਾਫ ਸਖਤ ਕਾਨੂੰਨੀ ਕਾਰਵਾਈ ਕਰਨ ਦੀ ਮੰਗ

**ਸੁਲਤਾਨਪੁਰ ਲੋਧੀ (ਬਲਵਿੰਦਰ ਸਿੰਘ ਧਾਲੀਵਾਲ)**

ਬਲਾਕ ਸੁਲਤਾਨਪੁਰ ਲੋਧੀ ਦੇ ਪਿੰਡ ਸ਼ਾਹਦੁੱਲਾਪੁਰ ਦੇ ਨਿਵਾਸੀਆਂ ਵੱਲੋਂ ਬੀ ਡੀ ਪੀ ਓ ਸੁਲਤਾਨਪੁਰ ਲੋਧੀ ਨੂੰ ਇੱਕ ਸ਼ਿਕਾਇਤ ਸੌਂਪਦਿਆਂ ਪੰਚਾਇਤੀ ਜ਼ਮੀਨ ਉੱਤੇ ਕਬਜ਼ਾ ਕਰਨ ਅਤੇ ਸਬਮਰਸੀਬਲ ਇੰਜਨ ਗਾਇਬ ਕਰਨ ਵਾਲਿਆਂ ਖਿਲਾਫ ਸਖਤ ਕਾਨੂੰਨੀ ਕਾਰਵਾਈ ਕਰਨ ਦੀ ਮੰਗ ਕੀਤੀ ਗਈ। ਇਸ ਲਿਖਿਤ ਸ਼ਿਕਾਇਤ ਵਿੱਚ ਮੈਂਬਰ ਪੰਚਾਇਤ ਹਰਦੀਪ ਸਿੰਘ, ਰਾਜਵਿੰਦਰ ਕੌਰ, ਗਿਆਨੋ ਆਦਿ ਸਮੇਤ ਸਮੂਹ ਨਗਰ ਨਿਵਾਸੀ ਪਿੰਡ ਸ਼ਾਹਦੁੱਲਾਪੁਰ ਨੇ ਮੰਗ ਕੀਤੀ ਕਿ ਪੰਚਾਇਤ ਦੀ ਸ਼ਾਮਲਾਤ ਜ਼ਮੀਨ 'ਤੇ ਕਬਜ਼ਾ ਕਰਕੇ ਉਸ ਵਿੱਚੋਂ ਇੰਜਣ ਅਤੇ ਪਿੰਡ ਦੇ ਹੀ ਕੁੱਝ ਵਿਅਕਤੀਆਂ ਵੱਲੋਂ ਕਥਿਤ ਤੌਰ 'ਤੇ ਦੋ ਕਨਾਲ ਜ਼ਮੀਨ 'ਤੇ ਕਬਜ਼ਾ ਕਰ ਲਿਆ ਹੈ ਅਤੇ ਉਕਤ ਵਿਅਕਤੀਆਂ ਵੱਲੋਂ ਸਬਮਰਸੀਬਲ ਬੋਰ ਚੋਰੀ ਕਰਨ ਅਤੇ ਪੰਚਾਇਤ ਦੇ ਲੱਗੇ ਹੋਏ 9 ਰੁੱਖ ਸਮੇਤ ਵਣ ਵਿਭਾਗ ਦੇ ਜੰਗਲੇ ਚੋਰੀ ਕੀਤੇ ਹਨ। ਸ਼ਿਕਾਇਤ ਵਿੱਚ ਉਹਨਾਂ ਅੱਗੇ ਦੱਸਿਆ ਕਿ ਪਿਛਲੇ ਸਮੇਂ ਦੌਰਾਨ ਇਸ ਜ਼ਮੀਨ ਦੀ ਨਿਸ਼ਾਨਦੇਹੀ ਕਰਵਾ ਕੇ ਮੌਕੇ ਸ਼ਾਮਲਾਤ ਜ਼ਮੀਨ ਨੂੰ ਰਸਤਾ ਲਗਾ ਕੇ ਜ਼ਮੀਨ ਵੀ ਛਡਵਾਈ ਗਈ ਸੀ ਪਰ ਬੀਤੇ ਸ਼ਨੀਵਾਰ ਨੂੰ ਸਾਨੂੰ ਪਤਾ ਲੱਗਾ ਕਿ ਉਸ ਸ਼ਾਮਲਾਤ ਜ਼ਮੀਨ ਦੀ ਵੱਟ 'ਤੇ ਲੱਗੇ 9 ਰੁੱਖ ਸਮੇਤ ਜੰਗਲੇ ਵਣ ਵਿਭਾਗ ਪੰਜਾਬ ਨੂੰ ਕੱਟ ਕੇ ਵੱਟ ਨੂੰ ਪੱਧਰ ਕਰਕੇ ਆਪਣੀ ਜ਼ਮੀਨ ਵਿੱਚ ਰਲਾ ਲਿਆ ਹੈ। ਜਦਕਿ ਇਸ ਜ਼ਮੀਨ ਨੂੰ ਪ੍ਰਾਪਤ ਕਰਨ ਲਈ ਸਿਵਲ ਕੋਰਟ ਸੁਲਤਾਨਪੁਰ ਲੋਧੀ ਵਲੋਂ ਪੰਚਾਇਤ/ਸਾਬਕਾ ਸਰਪੰਚ ਆਦਿ ਦੇ ਹੱਕ ਵਿੱਚ ਫੈਸਲਾ ਹੋ ਚੁੱਕਾ ਹੈ ਅਤੇ ਕੇਸ ਬੰਦ ਕਰ ਦਿੱਤਾ ਗਿਆ ਸੀ ਪਰ ਅਦਾਲਤ ਦੇ ਹੁਕਮਾਂ ਨੂੰ ਛਿੱਕੇ ਟੰਗ ਕੇ ਕੁਝ ਵਿਅਕਤੀਆਂ ਵੱਲੋਂ ਪੰਚਾਇਤ ਦੀ ਸ਼ਾਮਲਾਤ ਜ਼ਮੀਨ 'ਤੇ ਕਬਜ਼ਾ ਕਰਕੇ ਉਸ ਵਿੱਚੋਂ ਇੰਜਣ ਅਤੇ ਬੋਰ ਚੋਰੀ ਕਰਨ ਅਤੇ ਪੰਚਾਇਤ ਦੇ ਲੱਗੇ ਹੋਏ 9 ਰੁੱਖ ਸਮੇਤ ਵਣ ਵਿਭਾਗ ਦੇ ਜੰਗਲੇ ਚੋਰੀ ਕੀਤੇ ਇੰਜਣ ਬੋਰ ਆਦਿ ਸਮਾਨ ਆਪਣੀ ਹਵੇਲੀ ਵਿੱਚ ਰੱਖ ਲਿਆ ਹੈ। ਇਹਨਾਂ ਖਿਲਾਫ ਕਾਰਵਾਈ ਕਰਕੇ ਪੰਚਾਇਤ ਦੀ ਜ਼ਮੀਨ ਦਾ ਕਬਜਾ ਵਾਪਸ ਪੰਚਾਇਤ ਨੂੰ ਦਿੱਤਾ ਜਾਵੇ ਅਤੇ ਇਹਨਾ ਖਿਲਾਫ ਚੋਰੀ ਕਰਨ ਅਤੇ ਰੁੱਖਾਂ ਨੂੰ ਨੁਕਸਾਨ ਪਹੁੰਚਾਉਣ ਸਬੰਧੀ ਮਾਮਲਾ ਦਰਜ ਕੀਤਾ ਜਾਵੇ।



# ਪੰਜਾਬ ਰੋਡਵੇਜ਼ ਦੀਆਂ ਕੁਝ ਬੱਸਾਂ ਅੱਡਿਆਂ 'ਚ ਜਾਂਦੀਆਂ ਹੀ ਨਹੀਂ, ਟਰਾਂਸਪੋਰਟ ਮੰਤਰੀ ਜਾਂਚ ਕਰਵਾਉਣ

**ਗੁਰਦਾਸਪੁਰ, (ਜਨਕ ਮਹਾਜਨ)**

ਪੰਜਾਬ ਸਰਕਾਰ ਵਲੋਂ ਲੋਕਾਂ ਦੀ ਸਹੂਲਤ ਲਈ ਚਲਾਈਆਂ ਜਾ ਰਹੀਆਂ ਰੋਡਵੇਜ਼ ਦੀਆਂ ਬੱਸਾਂ ਵਿਚੋਂ ਕੁੱਝ ਕੁ ਬੱਸਾਂ ਅੱਡਿਆਂ 'ਤੇ ਨਾ ਜਾਣ ਕਰਕੇ ਸਵਾਰੀਆਂ ਨੂੰ ਭਾਰੀ ਖੱਜਲ ਖੁਆਰ ਹੋਣ ਦੇ ਨਾਲ-ਨਾਲ ਪ੍ਰਾਈਵੇਟ ਬੱਸਾਂ ਵਿਚ ਸਫ਼ਰ ਕਰਨ ਲਈ ਮਜਬੂਰ ਹੋਣਾ ਪੈਂਦਾ ਹੈ। ਇਥੋਂ ਤੱਕ ਕਿ ਜਿਹੜੀਆਂ ਰੋਡਵੇਜ਼ ਦੀਆਂ ਬੱਸਾਂ ਵੱਖ-ਵੱਖ ਰੂਟਾਂ 'ਤੇ ਚਲਦੀਆਂ ਹਨ, ਉਨ੍ਹਾਂ ਦੀ ਹਾਲਤ ਵੀ ਕਾਫ਼ੀ ਖਸਤਾ ਦੇਖਣ ਨੂੰ ਮਿਲਦੀ ਹੈ ਅਤੇ ਸਵਾਰੀਆਂ ਰੋਡਵੇਜ਼ ਦੀ ਬੱਸ ਵਿਚ ਬੈਠਣ ਤੋਂ ਵੀ ਗੁਰੇਜ਼ ਕਰਦੀਆਂ ਹਨ ਅਤੇ ਰੋਡਵੇਜ਼ ਦੀਆਂ ਬੱਸਾਂ ਵਿਚ ਕਿਰਾਇਆ ਮਾਫ਼ ਹੋਣ ਕਾਰਨ ਸਿਰਫ਼ ਜਨਾਨਾ ਸਵਾਰੀਆਂ ਹੀ ਬੈਠਣ ਨੂੰ ਤਰਜੀਹ ਦਿੰਦੀਆਂ ਹਨ ਜਦੋਂਕਿ ਪ੍ਰਾਈਵੇਟ ਬੱਸਾਂ ਵਾਲੇ ਆਪਣੀਆਂ ਬੱਸਾਂ 'ਚ ਸਵਾਰੀਆਂ ਪੂਰੀ ਤਰ੍ਹਾਂ ਭਰ ਕੇ ਆਉਂਦੇ ਜਾਂਦੇ ਹਨ ਜਿਸ ਕਾਰਨ ਪੰਜਾਬ ਸਰਕਾਰ ਦੇ ਖ਼ਜ਼ਾਨੇ ਨੂੰ ਵੀ ਵੱਡਾ ਖੋਰਾ ਲੱਗ ਰਿਹਾ ਹੈ। ਕੁਝ ਰੋਡਵੇਜ਼ ਦੀਆਂ ਬੱਸਾਂ ਦੀ ਹਾਲਤ ਖ਼ਰਾਬ ਹੋਣ ਕਰਕੇ ਇਹ ਸੜਕਾਂ 'ਤੇ ਖ਼ਾਲੀ ਫਿਰਦੀਆਂ ਨਜ਼ਰ ਆਉਂਦੀਆਂ ਹਨ। ਇਸ ਸਬੰਧੀ ਗੱਲਬਾਤ ਕਰਦਿਆਂ ਕੁਝ ਸਵਾਰੀਆਂ ਨੇ ਦੱਸਿਆ ਕਿ ਕੁਝ ਸਰਕਾਰੀ ਬੱਸਾਂ ਦੇ ਡਰਾਈਵਰ ਅਤੇ ਕੰਡਕਟਰਾਂ ਦੀ ਪ੍ਰਾਈਵੇਟ ਬੱਸਾਂ ਵਾਲਿਆਂ ਨਾਲ ਕਥਿਤ ਮਿਲੀਭੁਗਤ ਹੋਣ ਕਾਰਨ ਉਹ ਰੋਡਵੇਜ਼ ਦੀਆਂ ਬੱਸਾਂ ਨੂੰ ਸਮੇਂ ਸਿਰ ਅੱਡਿਆਂ 'ਤੇ ਨਹੀਂ ਜਿਥੇ ਪਹੁੰਚਾਉਂਦੇ ਅਤੇ ਸਵਾਰੀਆਂ ਨੂੰ ਅੱਡੇ ਤੋਂ ਪਿਛੇ ਉਤਾਰ ਕੇ ਖ਼ੁਦ ਬਾਹਰੋਂ-ਬਾਹਰ ਹੀ ਨਿਕਲ ਜਾਂਦੇ ਹਨ। ਸਵਾਰੀਆਂ ਨੇ ਟਰਾਂਸਪੋਰਟ ਮੰਤਰੀ ਪੰਜਾਬ ਲਾਲਜੀਤ ਸਿੰਘ ਭੁੱਲਰ ਪਾਸੋਂ ਮੰਗ ਕੀਤੀ ਕਿ ਰੋਡਵੇਜ ਦੀਆਂ ਬੱਸਾਂ ਦੀ ਹਾਲਤ ਸੁਧਾਰਨ ਦੇ ਨਾਲ-ਨਾਲ ਇਨ੍ਹਾਂ ਬੱਸਾਂ ਦੀ ਸਮਾਂ ਸਾਰਨੀ ਚੈੱਕ ਕਰਨ ਤੋਂ ਇਲਾਵਾ ਡਰਾਈਵਰਾਂ ਅਤੇ ਕਡੰਕਟਰਾਂ ਨੂੰ ਸ਼ਖਤ ਹਦਾਇਤਾਂ ਕੀਤੀਆਂ ਜਾਣ ਕਿ ਬੱਸਾਂ ਬੱਸ ਅੱਡਿਆਂ ਤੋਂ ਸਵਾਰੀਆਂ ਲੈ ਕੇ ਹੀ ਆਉਣ ਅਤੇ ਜਾਣ ਤਾਂ ਜੋ ਰੋਡਵੇਜ਼ ਘਾਟੇ ਦੀ ਬਜਾਏ ਮੁਨਾਫ਼ੇ ਵੱਲ ਜਾ ਸਕੇ।



# 'ਏ. ਆਈ. ਤੇ ਰਚਨਾਤਮਕਤਾ' ਵਿਸ਼ੇ 'ਤੇ ਵਰਕਸ਼ਾਪ ਕਰਵਾਈ

**ਅੰਮ੍ਰਿਤਸਰ, (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)**

ਖਾਲਸਾ ਕਾਲਜ ਦੇ ਸਕੂਲ ਆਫ਼ ਕੰਪਿਊਟਰ ਸਾਇੰਸ ਐਂਡ ਐਪਲੀਕੇਸ਼ਨਜ਼ ਵੱਲੋਂ ਇੰਸਟੀਚਿਊਟਸ ਇਨੋਵੇਸ਼ਨ ਕੌਂਸਲ (ਆਈ. ਆਈ. ਸੀ.) ਦੇ ਸਹਿਯੋਗ ਨਾਲ ਰਾਸ਼ਟਰੀ ਤਕਨਾਲੋਜੀ ਦਿਵਸ ਨੂੰ ਸਮਰਪਿਤ 'ਏ. ਆਈ. ਅਤੇ ਰਚਨਾਤਮਕਤਾ' ਵਿਸ਼ੇ 'ਤੇ ਵਰਕਸ਼ਾਪ ਕਰਵਾਈ ਗਈ।ਕਾਲਜ ਪ੍ਰਿੰਸੀਪਲ ਡਾ. ਆਤਮ ਸਿੰਘ ਰੰਧਾਵਾ ਦੇ ਦਿਸ਼ਾ-ਨਿਰਦੇਸ਼ਾਂ 'ਤੇ ਉਕਤ ਵਰਕਸ਼ਾਪ ਦਾ ਸੰਚਾਲਨ ਥਿੰਕ ਨੈਕਸਟ ਟੈਕਨਾਲੋਜੀਜ਼ ਪ੍ਰਾਈਵੇਟ ਲਿਮਟਿਡ ਮੋਹਾਲੀ ਤੋਂ ਬਿਜ਼ਨਸ ਡਿਵੈਲਪਮੈਂਟ ਮੈਨੇਜਰ ਇੰਜ: ਬਲਰਾਮ ਸਿੰਘ ਦੁਆਰਾ ਕੀਤਾ ਗਿਆ।ਇਸ ਮੌਕੇ ਪ੍ਰਿੰ: ਡਾ. ਰੰਧਾਵਾ ਨੇ ਮੁਖੀ ਸਕੂਲ ਆਫ਼ ਕੰਪਿਊਟਰ ਸਾਇੰਸ ਐਂਡ ਐਪਲੀਕੇਸ਼ਨਜ਼ ਪ੍ਰੋ: ਸੁਖਵਿੰਦਰ ਕੌਰ ਅਤੇ ਪ੍ਰੋਗਰਾਮ ਦੇ ਸਹਿ-ਸੰਯੋਜਕ ਪ੍ਰੋ. ਪ੍ਰਭਜੋਤ ਕੌਰ ਨਾਲ ਮਿਲ ਕੇ ਇੰਜ: ਬਲਰਾਮ ਸਿੰਘ ਨੂੰ ਫੁੱਲਾਂ ਦਾ ਗੁਲਦਸਤਾ ਭੇਂਟ ਕਰਕੇ ਸਵਾਗਤ ਕੀਤਾ। ਇਸ ਮੌਕੇ ਇੰਜ: ਬਲਰਾਮ ਸਿੰਘ ਨੇ ਵਿਚਾਰ ਸਾਂਝੇ ਕਰਦਿਆਂ ਆਰਟੀਫੀਸ਼ੀਅਲ ਇੰਟੈਲੀਜੈਂਸ, ਮਸ਼ੀਨ ਲਰਨਿੰਗ ਅਤੇ ਪਾਈਥਨ ਵਰਗੀਆਂ ਨਵੀਨਤਮ ਤਕਨਾਲੋਜੀਆਂ ਸਬੰਧੀ ਵਿਸਥਾਰਪੂਰਵਪਕ ਚਾਨਣਾ ਪਾਇਆ।ਉਨ੍ਹਾਂ ਨੇ ਇਨ੍ਹਾਂ ਨਵੀਨਤਮ ਪਲੇਟਫਾਰਮਾਂ ਦੀ ਵਰਤੋਂ ਵੱਖ-ਵੱਖ ਕਿਸਮਾਂ ਦੇ ਡੈਸਕਟਾਪ, ਵੈੱਬ ਅਤੇ ਮੋਬਾਈਲ ਐਪਲੀਕੇਸ਼ਨ ਬਣਾਉਣ ਲਈ ਕਿਵੇਂ ਕੀਤੀ ਜਾ ਸਕਦੀ ਹੈ ਜੋ ਅੱਜਕੱਲ੍ਹ ਪ੍ਰਸਿੱਧ ਹਨ ਤੋਂ ਇਲਾਵਾ ਚੈਟ ਜੀ. ਪੀ. ਟੀ. ਸਬੰਧੀ ਵੀ ਚਰਚਾ ਕੀਤੀ।ਇਸ ਮੌਕੇ ਪ੍ਰਿੰ: ਡਾ. ਰੰਧਾਵਾ ਨੇ ਇੰਜ: ਬਲਰਾਮ ਸਿੰਘ ਦਾ ਸੂਝਵਾਨ ਸੈਸ਼ਨ ਲਈ ਧੰਨਵਾਦ ਕਰਦਿਆਂ ਵਿਦਿਆਰਥੀਆਂ ਨੂੰ ਪੇਸ਼ੇਵਰ ਦੁਨੀਆ ਦੀਆਂ ਚੁਣੌਤੀਆਂ ਲਈ ਤਿਆਰ ਕਰਨ 'ਚ ਅਜਿਹੇ ਸਮਾਗਮਾਂ ਦੀ ਮਹੱਤਤਾ 'ਤੇ ਜ਼ੋਰ ਦਿੱਤਾ। ਇਸ ਮੌਕੇ ਪ੍ਰੋ. ਸੁਖਵਿੰਦਰ ਕੌਰ ਨੇ ਉਦਯੋਗ ਦੇ ਮਿਆਰਾਂ ਅਨੁਸਾਰ ਵਰਕਸ਼ਾਪਾਂ ਦਾ ਆਯੋਜਨ ਕਰਕੇ ਵਿਦਿਆਰਥੀਆਂ ਦੀ ਰੁਜ਼ਗਾਰ ਯੋਗਤਾ ਨੂੰ ਵਧਾਉਣ ਲਈ ਸੰਸਥਾ ਦੀ ਵਚਨਬੱਧਤਾ ਨੂੰ ਵੀ ਦੁਹਰਾਇਆ।ਇਸ ਦੌਰਾਨ ਪ੍ਰਿੰ: ਡਾ. ਰੰਧਾਵਾ ਨੇ ਇੰਜ. ਬਲਰਾਮ ਨੂੰ ਯਾਦਗਾਰੀ ਚਿੰਨ੍ਹ ਭੇਟ ਕਰਕੇ ਸਨਮਾਨਿਤ ਵੀ ਕੀਤਾ।



# ਰਾਗੀ ਭਾਈ ਇੰਦਰਜੀਤ ਸਿੰਘ ਖਾਲਸਾ ਦੇ ਦਿਹਾਂਤ 'ਤੇ ਦੁੱਖ ਦਾ ਇਜ਼ਹਾਰ

**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)**-ਸਿੱਖ ਪੰਥ ਦੇ ਮਹਾਨ ਕੀਰਤਨੀਏ ਭਾਈ ਇੰਦਰਜੀਤ ਸਿੰਘ ਖਾਲਸਾ ਜੋ ਪ੍ਰਚਾਰ ਦੌਰੇ 'ਤੇ ਅਮਰੀਕਾ ਤੋਂ ਇੰਗਲੈਂਡ ਗਏ ਹੋਏ ਸਨ, ਦਿਲ ਦਾ ਦੌਰਾ ਪੈ ਜਾਣ ਕਾਰਨ ਉਹ ਅਕਾਲ ਚਲਾਣਾ ਕਰ ਗਏ ਹਨ। ਨਿਹੰਗ ਸਿੰਘਾਂ ਦੀ ਸਿਰਮੌਰ ਸੰਸਥਾ ਸ਼੍ਰੋਮਣੀ ਪੰਥ ਅਕਾਲੀ ਬੁੱਢਾ ਦਲ ਦੇ ਮੁਖੀ ਸਿੰਘ ਸਾਹਿਬ ਜਥੇਦਾਰ ਬਾਬਾ ਬਲਬੀਰ ਸਿੰਘ ਅਕਾਲੀ 96 ਕਰੋੜੀ ਨੇ ਗਹਿਰੇ ਦੁੱਖ 'ਤੇ ਅਫਸੋਸ ਦਾ ਇਜ਼ਹਾਰ ਕੀਤਾ ਹੈ। ਉਨ੍ਹਾਂ ਕਿਹਾ ਕਿ ਸ੍ਰੀ ਹਰਿਮੰਦਰ ਸਾਹਿਬ ਦੇ ਹਜ਼ੂਰੀ ਰਾਗੀ ਰਹੇ ਭਾਈ ਇੰਦਰਜੀਤ ਸਿੰਘ ਖਾਲਸਾ ਦੀਆਂ ਗੁਰਮਤਿ ਪ੍ਰਤੀ ਨਿਭਾਈਆਂ ਸੇਵਾਵਾਂ ਸ਼ਲਾਘਾਯੋਗ ਹਨ, ਲੰਮਾ ਸਮਾਂ ਉਨ੍ਹਾਂ ਗੁਰੂ ਦਰ ਤੇ ਕੀਰਤਨ ਰਾਹੀਂ ਸੇਵਾ ਕੀਤੀ।ਉਨ੍ਹਾਂ ਦੇ ਦਿਹਾਂਤ ਨਾਲ ਨਾ ਪੂਰਿਆ ਜਾਣ ਵਾਲਾ ਘਾਟਾ ਪਿਆ ਹੈ।ਬੁੱਢਾ ਦਲ ਦ ਗੁਰਮਤਿ ਸਮਾਗਮਾਂ ਵਿੱਚ ਉਹ ਅਕਸਰ ਕੀਰਤਨ ਦੀ ਹਾਜ਼ਰੀ ਭਰਦੇ ਰਹੇ ਹਨ।ਉਨ੍ਹਾਂ ਨੇ ਅਕਾਲ ਪੁਰਖ ਦੇ ਦਰ ਅਰਦਾਸ ਕੀਤੀ ਕਿ ਵਿਛੜੀ ਰੂਹ ਨੂੰ ਆਪਣੇ ਚਰਨਾਂ 'ਚ ਨਿਵਾਸ ਬਖਸ਼ਣ ਤੇ ਪਿੱਛੇ ਪਰਿਵਾਰ, ਸਾਕ ਸਨੇਹੀਆਂ ਤੇ ਰਿਸ਼ਤੇਦਾਰਾਂ ਨੂੰ ਭਾਣਾ ਮੰਨਣ ਦਾ ਬਲ ਬਖਸ਼ਣ।

# ਜੀ ਆਰ ਡੀ ਕੌਨਵੈਂਟ ਸਕੂਲ ਅਜਨਾਲਾ ਦੀਆਂ ਤਿੰਨ ਕੁੜੀਆਂ ਵੱਲੋਂ ਕਬੱਡੀ 'ਚ ਤੀਜਾ ਸਥਾਨ ਹਾਸਲ



**ਅਜਨਾਲਾ (ਸੁਖਤਿੰਦਰ ਸਿੰਘ ਰਾਜੂ)**

ਪੰਜਾਬ ਕਬੱਡੀ ਐਸੋਸੀਏਸ਼ਨ ਵੱਲੋਂ ਪਹਿਲੀ ਅੰਡਰ 18 ਸਟੇਟ ਚੈਂਪੀਅਨਸ਼ਿਪ ਕਬੱਡੀ ਨੈਸ਼ਨਲ ਸਟਾਈਲ ਫਰੀਦਕੋਟ ਵਿੱਚ 01-06-25 ਨੂੰ ਕਾਰਵਾਈ ਗਈ ਜਿਸ ਵਿੱਚ ਅੰਮ੍ਰਿਤਸਰ ਦੀਆਂ ਲੜਕੀਆਂ ਨੇ ਤੀਸਰਾ ਸਥਾਨ ਹਾਸਲ ਕੀਤਾ ਜਿਸ ਵਿੱਚ ਤਿੰਨ ਵਿਦਿਆਰਥਣਾਂ ਜੀ. ਆਰ. ਡੀ. ਕੌਨਵੈਂਟ ਸਕੂਲ ਅਜਨਾਲਾ ਜਿਨ੍ਹਾਂ ਦੇ ਨਾਮ ਇਸ ਪ੍ਰਕਾਰ ਹਨ ਕਰਨਦੀਪ ਕੌਰ (ਬਾਰ੍ਹਵੀਂ), ਹਰਮਨਦੀਪ ਕੌਰ (ਗਿਆਰਵੀਂ), ਰਾਜਦੀਪ ਕੌਰ (ਨੌਵੀਂ) ਨੇ ਜਿੱਤ ਕੇ ਆਪਣੇ ਮਾਪਿਆਂ ਅਤੇ ਸਕੂਲ ਦਾ ਨਾਮ ਰੌਸ਼ਨ ਕੀਤਾ।ਕਰਨਦੀਪ ਕੌਰ ਨੇ ਪਹਿਲਾਂ ਵੀ ਨੈਸ਼ਨਲ ਪੱਧਰ ਤੇ ਖੇਡ ਕੇ ਬਹੁਤ ਸਾਰੇ ਇਨਾਮ ਹਾਸਲ ਕੀਤੇ ਹਨ।ਕਬੱਡੀ ਨੈਸ਼ਨਲ ਸਟਾਈਲ ਦੇ ਕੋਚ ਰਣਜੀਤ ਸਰ ਹਰ ਸਾਲ ਵਿਦਿਆਰਥੀਆਂ ਨੂੰ ਬਹੁਤ ਮਿਹਨਤ ਕਰਾਉਂਦੇ ਹਨ।ਜੀ. ਆਰ. ਡੀ. ਕੌਨਵੈਂਟ ਸੀਨੀਅਰ ਸਕੈਂਡਰੀ ਸਕੂਲ ਅਜਨਾਲਾ ਵਿੱਚ ਕਬੱਡੀ ਤੋਂ ਇਲਾਵਾ ਕ੍ਰਿਕਟ, ਗਤਕਾ, ਕਰਾਟੇ ਆਦਿ ਹੋਰ ਵੀ ਬਹੁਤ ਸਾਰੀਆਂ ਖੇਡਾਂ ਕਰਵਾਈਆਂ ਜਾਂਦੀਆਂ ਹਨ ਅਤੇ ਬੱਚੇ ਵੱਧ-ਚੜ੍ਹ ਕੇ ਇੰਨ੍ਹਾਂ ਖੇਡਾਂ ਵਿੱਚ ਭਾਗ ਲੈਂਦੇ ਹਨ।ਸਕੂਲ ਦੇ ਪ੍ਰਿੰਸੀਪਲ ਗੁਰਦਰਸ਼ਨ ਬਜਾਜ ਨੇ ਜੇਤੂ ਵਿਦਿਆਰਥਣਾਂ ਨੂੰ ਬਹੁਤ ਬਹੁਤ ਵਧਾਈ ਦਿੱਤੀ ਤੇ ਉਨ੍ਹਾਂ ਦਾ ਬਣਦਾ ਸਨਮਾਨ ਵੀ ਉਨ੍ਹਾਂ ਨੂੰ ਦਿੱਤਾ।ਐੱਮ. ਡੀ. ਮੈਡਮ ਸੰਤੋਸ਼ ਬਜਾਜ ਨੇ ਵਿਦਿਆਰਥਣਾਂ ਨੂੰ ਪ੍ਰੇਰਿਤ ਕੀਤਾ ਕਿ ਉਹ ਅੱਗੇ ਤੋਂ ਹੋਰ ਜ਼ਿਆਦਾ ਖੇਡਾਂ ਪ੍ਰਤੀ ਉਤਸ਼ਾਹ ਨੂੰ ਵਧਾਉਣ ਤੇ ਜ਼ਿੰਦਗੀ ਵਿੱਚ ਸਫਲਤਾ ਹਾਸਲ ਕਰਨ।ਇਸ ਮੌਕੇ ਸਕੂਲ ਦੇ ਪ੍ਰਿੰਸੀਪਲ ਗੁਰਦਰਸ਼ਨ ਬਜਾਜ, ਐੱਮ. ਡੀ. ਮੈਡਮ ਸੰਤੋਸ਼ ਬਜਾਜ, ਕਬੱਡੀ ਕੋਚ ਰਣਜੀਤ ਸਿੰਘ, ਦਿਲਪ੍ਰੀਤ ਮੈਡਮ, ਰੇਨੂੰ ਮੈਡਮ, ਕਵਿਤਾ ਮੈਡਮ, ਯੂਸਫ, ਗੁਰਜਿੰਦਰ ਸਿੰਘ ਅਤੇ ਹਰਦੀਪ ਸਰ ਆਦਿ ਸ਼ਾਮਿਲ ਸਨ।

# ਬਲੇਰ ਖ਼ਾਨਪੁਰ ਤੋਂ ਚੋਰੀ ਕਰਦੇ ਦੋ ਚੋਰ ਕਾਬੂ

**ਕਾਲਾ ਸੰਘਿਆਂ (ਮਨਜੀਤ ਮਾਨ)**

ਸਥਾਨਕ ਕਸਬੇ ਦੇ ਨਜ਼ਦੀਕੀ ਪਿੰਡ ਬਲੇਰ ਤੋਂ ਦਿਨ ਦਿਹਾੜੇ ਦੋ ਨੌਜਵਾਨ ਚੋਰੀ ਦੀ ਘਟਨਾ ਨੂੰ ਅੰਜਾਮ ਦਿੰਦੇ ਲੋਕਾਂ ਵੱਲੋਂ ਫ਼ੜ ਕੇ ਕਾਲ਼ਾ ਸੰਘਿਆਂ ਪੁਲਸ ਹਵਾਲੇ ਕਰਨ ਦਾ ਸਮਾਚਾਰ ਪ੍ਰਾਪਤ ਹੋਇਆ ਹੈ। ਕਾਲ਼ਾ ਸੰਘਿਆਂ ਪੁਲਸ ਚੌਂਕੀ ਦੇ ਇੰਚਾਰਜ ਏ ਐਸ ਆਈ ਲਖਵੀਰ ਸਿੰਘ ਨੇ ਪੱਤਰਕਾਰਾਂ ਨੂੰ ਦੱਸਿਆ ਕਿ ਬਲੇਰ ਖ਼ਾਨਪੁਰ ਵਾਸੀ ਮਹਿੰਦਰ ਸਿੰਘ ਪੁੱਤਰ ਨਾਜ਼ਰ ਸਿੰਘ ਨੇ ਪੁਲਸ ਨੂੰ ਲਿਖ਼ਤੀ ਸ਼ਿਕਾਇਤ ਵਿੱਚ ਦੱਸਿਆ ਕਿ ਉਸ ਦੇ ਘਰ ਦੇ ਸਾਹਮਣੇ ਹੀ ਉਹਨਾਂ ਦੀ ਹਵੇਲੀ ਹੈ ਜਿਥੇ ਉਹਨਾਂ ਦੇ ਕਮਰੇ, ਸ਼ੈਡ ਅਤੇ ਬਾਥਰੂਮ ਵਗੈਰਾ ਬਣੇ ਹੋਏ ਹਨ ਅਤੇ ਜਦੋਂ ਉਹ ਅਚਾਨਕ ਹੀ ਦੁਪਹਿਰ ਵੇਲੇ ਹਵੇਲੀ ਗੇੜਾ ਮਾਰਨ ਗਿਆ ਤਾਂ ਉਸ ਨੇ ਵੇਖਿਆ ਕਿ ਦੋ ਨੌਜਵਾਨ ਬੋਰੇ ਵਿੱਚ ਕੁੱਝ ਸਮਾਨ ਲੈ ਕੇ ਕੰਧ ਟੱਪ ਕੇ ਭੱਜਣ ਦੀ ਕੋਸ਼ਿਸ਼ ਕਰ ਰਹੇ ਸਨ ਜਿਸ 'ਤੇ ਮਹਿੰਦਰ ਸਿੰਘ ਨੇ ਰੌਲਾ ਪਾਇਆ ਅਤੇ ਮੌਕੇ 'ਤੇ ਲੋਕ ਇਕੱਠੇ ਹੋਏ ਅਤੇ ਦੋਵੇਂ ਨੌਜਵਾਨਾਂ ਨੂੰ ਕਾਬੂ ਕੀਤਾ ਅਤੇ ਇਹਨਾਂ ਕੋਲ ਮੌਜੂਦ ਬੋਰੇ ਵਿੱਚ ਹਵੇਲੀ ਵਿੱਚ ਬਣੇ ਬਾਥਰੂਮ ਦੀਆਂ ਟੂਟੀਆਂ ਵਗੈਰਾ ਸਮਾਨ ਪਾਇਆ ਗਿਆ। ਇਕੱਤਰ ਲੋਕਾਂ ਨੇ ਚੋਰਾਂ ਦਾ ਕੰਬਲ਼ ਕੁਟਾਪਾ ਚਾੜ੍ਹਿਆ ਅਤੇ ਮੌਕੇ ਤੇ ਕਾਲਾ ਸੰਘਿਆਂ ਪੁਲਸ ਨੂੰ ਬੁਲਾ ਕੇ ਦੋਵਾਂ ਚੋਰਾਂ ਨੂੰ ਪੁਲਿਸ ਹਵਾਲੇ ਕੀਤਾ। ਚੌਂਕੀ ਇੰਚਾਰਜ ਨੇ ਦੱਸਿਆ ਕਿ ਕਾਬੂ ਕੀਤੇ ਵਿਅਕਤੀਆਂ ਦੀ ਪਹਿਚਾਣ ਅਵਿਨਾਸ਼ ਉਰਫ਼ ਅਭੀ ਪੁੱਤਰ ਸ਼ਿੰਦਾ ਵਾਸੀ ਔਜਲਾ ਫਾਟਕ ਕਪੂਰਥਲਾ ਅਤੇ ਵਿਸ਼ਾਲ ਕੁਮਾਰ ਪੁੱਤਰ ਜਸਵੀਰ ਸਿੰਘ ਵਾਸੀ ਪਿੰਡ ਫੂਲੇਵਾਲ ਕਪੂਰਥਲਾ ਵਜੋਂ ਹੋਈ। ਉਹਨਾਂ ਕਿਹਾ ਕਿ ਚੋਰੀ ਦੌਰਾਨ ਮੌਕੇ ਤੋਂ ਫ਼ੜੇ ਦੋਵਾਂ ਨੌਜਵਾਨਾਂ 'ਤੇ ਬਣਦੀ ਕਾਰਵਾਈ ਕਰਕੇ ਜੇਲ੍ਹ ਭੇਜ ਦਿੱਤਾ ਗਿਆ ਹੈ।



# ਕਰੁਨੇਸ਼ ਕੁਮਾਰ ਪੰਜਾਬ ਐਂਡ ਸਿੰਧ ਬੈਂਕ ਬਰਾਂਚ ਛੇਹਰਟਾ ਤੇ ਕਾਲਾ ਘਨੂੰਪੁਰ ਦੇ ਨਵੇਂ ਸੀਨੀਅਰ ਮੈਨੇਜਰ



**ਅੰਮ੍ਰਿਤਸਰ (ਅਰੋੜਾ)**

ਪੰਜਾਬ ਐਂਡ ਸਿੰਧ ਬੈਂਕ ਦੇ ਸੀਨੀਅਰ ਮੈਨੇਜਰ ਕਰੁਨੇਸ਼ ਕੁਮਾਰ ਨੇ ਪੰਜਾਬ ਐਂਡ ਸਿੰਧ ਬੈਂਕ ਬਰਾਂਚ ਛੇਹਰਟਾ ਅਤੇ ਕਾਲਾ ਘਨੂੰਪੁਰ ਦੀ ਜ਼ਿੰਮੇਵਾਰੀ ਸੰਭਾਲੀ ਹੈ।ਕਰੁਨੇਸ਼ ਕੁਮਾਰ ਇਸ ਤੋਂ ਪਹਿਲਾਂ ਜੰਡਿਆਲਾ ਗੁਰੂ ਬੈਂਕ ਵਿਖੇ ਤਾਇਨਾਤ ਸਨ।ਉਨ੍ਹਾਂ ਦੇ ਕਾਰਜ ਕਾਲ 'ਚ ਜੰਡਿਆਲਾ ਗੁਰੂ ਬਰਾਂਚ ਬਹੁਤ ਪ੍ਰਗਤੀ ਤੇ ਰਿਹਾ।ਉਨ੍ਹਾਂ ਦਾ ਕਾਰਜ ਕਾਲ ਪੂਰਾ ਹੋਣ 'ਤੇ ਉਨ੍ਹਾਂ ਨੂੰ ਬਰਾਂਚ ਛੇਹਰਟਾ ਅਤੇ ਕਾਲਾ ਘਨੂੰਪੁਰ ਦੀ ਜ਼ਿੰਮੇਵਾਰੀ ਸੌਂਪੀ ਗਈ।ਹੁਣ ਉਨ੍ਹਾਂ ਨੂੰ ਬੈਂਕ ਸ਼ਾਖਾ ਵਿਖੇ ਉਨ੍ਹਾਂ ਦੇ ਆਗਮਨ ਨੂੰ ਲੈ ਕੇ ਸਾਰੇ ਸਟਾਫ਼ ਨੇ ਉਨ੍ਹਾਂ ਦਾ ਭਰਪੂਰ ਸਵਾਗਤ ਕੀਤਾ। ਇਸ ਮੌਕੇ ਕਰੁਨੇਸ਼ ਕੁਮਾਰ ਨੇ ਬੈਂਕ ਸਟਾਫ਼ ਅਤੇ ਮੌਜੂਦਾ ਗਾਹਕਾਂ ਨੂੰ ਵਿਸ਼ਵਾਸ ਦਵਾਇਆ ਕਿ ਉਹ ਉਨ੍ਹਾਂ ਸਾਰਿਆਂ ਦੇ ਸਹਿਯੋਗ ਨਾਲ ਇਨ੍ਹਾਂ ਦੋਵਾਂ ਬਰਾਂਚਾਂ ਨੂੰ ਜ਼ਿਆਦਾ ਤਰੱਕੀ 'ਤੇ ਲੈ ਕੇ ਜਾਣ ਦਾ ਯਤਨ ਕਰਨਗੇ।ਹਰੇਕ ਬੈਂਕ ਗਾਹਕ ਦੀ ਸਮੱਸਿਆ ਦਾ ਸਮਾਧਾਨ ਪਹਿਲ ਦੇ ਆਧਾਰ 'ਤੇ ਕੀਤਾ ਜਾਵੇਗਾ।ਇਸ ਮੌਕੇ ਬੈਂਕ ਅਫਸਰ ਮੈਡਮ ਨਵਨੀਤ ਕੌਰ, ਮੈਡਮ ਕਿਰਨ ਕੁਮਾਰੀ, ਸੀ. ਐੱਸ.. ਏ. ਮਨਪ੍ਰੀਤ ਕੌਰ, ਬਰਾਂਚ ਦੇ ਹਾਊਸ ਕੀਪਰ ਰਾਜ ਕੁਮਾਰ ਰਾਜੂ, ਹਾਊਸ ਕੀਪਰ ਰਵੀ ਕੁਮਾਰ, ਸਹਾਇਕ ਪਾਲੀ ਆਦਿ ਮੌਜੂਦ ਸਨ।

# ਸ਼੍ਰੀ ਹੇਮਕੁੰਡ ਸਾਹਿਬ ਦੇ ਦਰਸ਼ਨਾਂ ਨੂੰ ਸੰਗਤਾਂ ਹੁੰਮ ਹੁਮਾ ਕੇ ਪਹੁੰਚ ਰਹੀਆਂ ਹਨ : ਬਾਬਾ ਲਾਡੀ

**ਅਜਨਾਲਾ (ਸਖਿਤਿੰਦਰ ਸਿੰਘ ਰਾਜੂ)**

ਸ੍ਰੀ ਹੇਮਕੁੰਡ ਸਾਹਿਬ ਲੰਗਰ ਸੇਵਾ ਸੋਸਾਇਟੀ ਅਜਨਾਲਾ ਜੋ ਹਰ ਸਾਲ ਹੇਮਕੁੰਡ ਸਾਹਿਬ ਦੀ ਯਾਤਰਾ ਦੌਰਾਨ ਲੰਗਰ ਦੀ ਸੇਵਾ ਕਰਦੀ ਹੈ, ਇਸ ਸਾਲ ਵੀ ਅਜਨਾਲਾ ਤੋਂ 24 ਮਈ ਨੂੰ ਜੋ ਲੰਗਰ ਰਵਾਨਾ ਹੋਇਆ ਸੀ ਉਹ ਲੰਗਰ ਰਿਸ਼ੀ ਕੇਸ ਤੋਂ ਤਕਰੀਬਨ 50 ਕਿਲੋਮੀਟਰ ਅੱਗੇ ਵਸੀਲੀ ਖਾਲ ਵਿਖੇ ਚੱਲ ਰਿਹਾ ਹੈ। ਅਜਨਾਲਾ ਦੇ ਸੇਵਾਦਾਰ ਬਾਬਾ ਲਾਡੀ ਨੇ ਦੱਸਿਆ ਕਿ ਇਸ ਵਾਰ ਵੀ ਹਰ ਸਾਲ ਦੀ ਤਰ੍ਹਾਂ ਸੰਗਤਾਂ ਹੁੰਮ ਹੁਮਾ ਕੇ ਹੇਮਕੁੰਡ ਸਾਹਿਬ ਪਹੁੰਚ ਰਹੀਆਂ ਹਨ ਅਤੇ ਪ੍ਰਸ਼ਾਸਨ ਨੇ ਬਹੁਤ ਵਧੀਆ ਪ੍ਰਬੰਧ ਕੀਤੇ ਹੋਏ ਹਨ। ਮੌਸਮ ਵੀ ਬਹੁਤ ਵਧੀਆ ਅਤੇ ਸੰਗਤਾਂ ਨੂੰ ਕਿਸੇ ਤਰ੍ਹਾਂ ਦੀ ਵੀ ਕੋਈ ਦਿੱਕਤ ਨਹੀਂ ਆਉਂਦੀ। ਇਸ ਕਰਕੇ ਬਾਬਾ ਲਾਡੀ ਨੇ ਸੰਗਤਾਂ ਨੂੰ ਹੁੰਮ-ਹੁਮਾ ਕੇ ਪਹੁੰਚਣ ਦੀ ਅਪੀਲ ਕੀਤੀ। ਇਸ ਮੌਕੇ ਉਨ੍ਹਾਂ ਨਾਲ ਸੰਗਤਾਂ ਨੂੰ ਇਸ ਮੌਕੇ ਸਰਵਣ ਸਿੰਘ ਨੇਪਾਲ, ਸੁੱਖਾ ਸਿੰਘ ਦੀਨਾ ਵਾਲੀ, ਗੁਰਮੇਤ ਸਿੰਘ, ਗੁਰਮੇਲ ਸਿੰਘ ਭਿੰਡੀ ਸੈਦਾਂ, ਸਰਬਜੀਤ ਸਿੰਘ, ਪਿੰਦਰ ਸਿੰਘ, ਸਰਬਜੀਤ ਸਿੰਘ, ਮੰਗਾ ਸਿੰਘ, ਚੰਨਾ ਸਿੰਘ, ਆਕਾਸ਼ਦੀਪ ਸਿੰਘ, ਬਲਵਿੰਦਰ ਅਤੇ ਬਲਜਿੰਦਰ ਸਿੰਘ ਹਾਜ਼ਰ ਸਨ।



# ਵਿਕਸਿਤ ਖੇਤੀਬਾੜੀ ਸੰਕਲਪ ਅਭਿਆਨ ਦੇ ਤਹਿਤ ਵੱਖ-ਵੱਖ ਪਿੰਡਾਂ 'ਚ ਪ੍ਰੋਗਰਾਮ ਕਰਵਾਏ

**ਗੁਰਦਾਸਪੁਰ, (ਜਨਕ ਮਹਾਜਨ)**

ਪੰਜਾਬ ਖੇਤੀਬਾੜੀ ਯੂਨੀਵਰਸਿਟੀ ਦੇ ਕ੍ਰਿਸ਼ੀ ਵਿਗਿਆਨ ਕੇਂਦਰ ਗੁਰਦਾਸਪੁਰ ਵੱਲੋਂ ਵਿਕਸਤ ਖੇਤੀਬਾੜੀ ਸੰਕਲਪ ਅਭਿਆਨ ਤਹਿਤ ਵੱਖ-ਵੱਖ ਪਿੰਡਾਂ ਭੋਪਰ ਸੈਦਾਂ, ਚੌਹਾਨ, ਔਜਲਾ, ਕੋਟਲੀ ਰੈਲਾ, ਲਾਧੂਪੁਰ, ਮਾਨ ਚੋਪੜਾ, ਮਾੜੇ, ਸਹਾਏਪੁਰ, ਸ਼ੰਕਰਪੁਰਾ, ਡਡਿਆਲਾ ਨੱਤ, ਤੇਜਾ ਕਲਾਂ, ਤੇਜਾ ਖੁਰਦ, ਕੋਟ ਮੌਲਵੀ, ਪਰਾਚਾ, ਅਲੀਸ਼ੇਰ, ਅਮੀਪੁਰ ਵਿਖੇ ਕਿਸਾਨ ਜਾਗਰੂਕਤਾ ਪ੍ਰੋਗਰਾਮ ਆਯੋਜਿਤ ਕੀਤੇ ਗਏ। ਇਹ ਪ੍ਰੋਗਰਾਮ ਕ੍ਰਿਸ਼ੀ ਵਿਗਿਆਨ ਕੇਂਦਰ ਦੇ ਸਹਿਯੋਗੀ ਨਿਰਦੇਸ਼ਕ ਡਾ. ਸਰਬਜੀਤ ਸਿੰਘ ਔਲਖ ਦੀ ਅਗਵਾਈ ਹੇਠ ਨੇਪਰੇ ਚਾੜ੍ਹੇ ਗਏ। ਇਸ ਮੌਕੇ ਡਾ. ਸਤਵਿੰਦਰਜੀਤ ਕੌਰ, ਸਹਿਯੋਗੀ ਪ੍ਰੋਫੈਸਰ (ਭੂਮੀ ਵਿਗਿਆਨ) ਨੇ ਮਿੱਟੀ ਦੀ ਪਰਖ ਅਤੇ ਖਾਦ ਪ੍ਰਬੰਧ ਬਾਰੇ, ਡਾ. ਅਨਿਲ ਕੁਮਾਰ ਖੋਖਰ, ਸਹਾਇਕ ਪ੍ਰੋਫੈਸਰ (ਫ਼ਸਲ ਵਿਗਿਆਨ) ਨੇ ਝੋਨੇ ਦੀਆਂ ਉਤਮ ਕਿਸਮਾਂ, ਪਨੀਰੀ ਦੀ ਦੇਖਭਾਲ ਸਬੰਧੀ, ਡਾ. ਯਾਮਿਨੀ ਸ਼ਰਮਾ, ਸਹਾਇਕ ਪ੍ਰੋਫੈਸਰ (ਬਾਗ਼ਬਾਨੀ) ਨੇ ਸਬਜ਼ੀਆਂ ਅਤੇ ਫਲਾਂ ਦੀ ਕਾਸ਼ਤ ਸਬੰਧੀ, ਡਾ. ਰਾਜਵਿੰਦਰ ਕੌਰ, ਸਹਾਇਕ ਪ੍ਰੋਫੈਸਰ (ਪੌਦ ਸੁਰੱਖਿਆ) ਨੇ ਝੋਨੇ ਅਤੇ ਬਾਸਮਤੀ ਵਿੱਚ ਬੀਜ ਦੀ ਸੋਧ ਅਤੇ ਸਾਉਣੀ ਦੀਆਂ ਫ਼ਸਲਾਂ ਵਿੱਚ ਕੀੜੇ ਮਕੌੜੇ ਅਤੇ ਬਿਮਾਰੀਆਂ ਦੀ ਰੋਕਥਾਮ ਬਾਰੇ ਅਤੇ ਡਾ ਅੰਕੁਸ਼ ਪਰੋਚ, ਸਹਾਇਕ ਪ੍ਰੋਫੈਸਰ (ਪਸ਼ੂ ਵਿਗਿਆਨ) ਨੇ ਪਸ਼ੂਆਂ ਦੀ ਗਰਮੀ ਵਿੱਚ ਸਾਂਭ-ਸੰਭਾਲ ਅਤੇ ਹੋਰ ਲੱਗਣ ਵਾਲੀਆਂ ਬਿਮਾਰੀਆਂ ਬਾਰੇ ਜਾਣਕਾਰੀ ਦਿੱਤੀ। ਇਸ ਮੌਕੇ ਕਿਸਾਨਾਂ ਨੂੰ ਖੇਤੀਬਾੜੀ ਸਾਹਿਤ ਵੀ ਵੰਡਿਆ ਗਿਆ। ਇਨ੍ਹਾਂ ਕੈਂਪਾਂ ਵਿੱਚ ਖੇਤੀਬਾੜੀ ਨਾਲ ਸਬੰਧਿਤ ਵਿਭਾਗਾਂ ਦੇ ਨੁਮਾਇੰਦਿਆਂ ਨੇ ਵੀ ਭਾਗ ਲਿਆ ਅਤੇ ਕਿਸਾਨ ਭਲਾਈ ਸਕੀਮਾਂ ਬਾਰੇ ਜਾਣਕਾਰੀ ਦਿੱਤੀ।



# ਬੇਅਦਬੀ ਦੀ ਘਟਨਾ ਦਾ ਐਡਵੋਕੇਟ ਧਾਮੀ ਨੇ ਲਿਆ ਸਖ਼ਤ ਨੋਟਿਸ

**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)**-ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਸ੍ਰੀ ਦਰਬਾਰ ਸਾਹਿਬ ਦੇ ਨਜ਼ਦੀਕ ਗੁਟਕਾ ਸਾਹਿਬ ਦੀ ਬੇਅਦਬੀ ਦੀ ਘਟਨਾ ਦੀ ਸਖ਼ਤ ਸ਼ਬਦਾਂ ਵਿੱਚ ਨਿਖੇਧੀ ਕੀਤੀ ਹੈ।ਇਸ ਘਟਨਾ ਨੂੰ ਸਿੱਖ ਕੌਮ ਦੀਆਂ ਧਾਰਮਿਕ ਭਾਵਨਾਵਾਂ ਨੂੰ ਠੇਸ ਪਹੁੰਚਾਉਣ ਵਾਲਾ ਅਤੇ ਅਤਿ ਨਿੰਦਣਯੋਗ ਕਰਾਰ ਦਿੰਦਿਆਂ ਐਡਵੋਕੇਟ ਧਾਮੀ ਨੇ ਦੋਸ਼ੀ ਵਿਅਕਤੀ ਵਿਰੁੱਧ ਸਖ਼ਤ ਤੋਂ ਸਖ਼ਤ ਕਾਰਵਾਈ ਅਤੇ ਮਿਸਾਲੀ ਸਜ਼ਾ ਦੀ ਮੰਗ ਕੀਤੀ ਹੈ।ਐਡਵੋਕੇਟ ਧਾਮੀ ਨੇ ਕਿਹਾ ਕਿ ਗੁਰਬਾਣੀ ਸਿੱਖ ਕੌਮ ਦੀ ਅਧਿਆਤਮਿਕ ਸ਼ਕਤੀ ਦਾ ਸੋਮਾ ਹੈ।ਗੁਰਬਾਣੀ ਦੀ ਬੇਅਬਦੀ ਦੀਆਂ ਅਜਿਹੀਆਂ ਘਟਨਾਵਾਂ ਸਿੱਖ ਸੰਗਤ ਦੀਆਂ ਭਾਵਨਾਵਾਂ ਨੂੰ ਗਹਿਰੀ ਚੋਟ ਪਹੁੰਚਾਉਂਦੀਆਂ ਹਨ।ਉਨ੍ਹਾਂ ਕਿਹਾ ਕਿ ਚਾਹੀਦਾ ਤਾਂ ਇਹ ਹੈ ਕਿ ਘਟਨਾ ਦੇ ਪਿੱਛੇ ਜੋ ਮੁੱਖ ਦੋਸ਼ੀ ਜਾਂ ਸਾਜ਼ਿਸ਼ਕਰਤਾ ਹਨ, ਉਨ੍ਹਾਂ ਨੂੰ ਵੀ ਸਾਹਮਣੇ ਲਿਆਂਦਾ ਜਾਵੇ, ਪ੍ਰੰਤੂ ਵਾਰ ਵਾਰ ਬੇਅਦਬੀ ਦੀਆਂ ਘਟਨਾਵਾਂ ਤੋਂ ਬਾਅਦ ਸਰਕਾਰ ਵੱਲੋਂ ਦੋਸ਼ੀਆਂ ਨੂੰ ਮਾਨਸਿਕ ਰੋਗੀ ਕਹਿ ਦੇਣਾ ਵੀ ਇੱਕ ਵੱਡੀ ਸਾਜ਼ਿਸ਼ ਹੈ। ਉਨ੍ਹਾਂ ਪੁਲਸ ਪ੍ਰਸ਼ਾਸਨ ਨੂੰ ਜ਼ੋਰ ਦੇ ਕੇ ਕਿਹਾ ਕਿ ਇਸ ਮਾਮਲੇ ਦੀ ਡੂੰਘਾਈ ਨਾਲ ਜਾਂਚ ਕੀਤੀ ਜਾਵੇ ਅਤੇ ਸਾਰੇ ਸੰਭਾਵੀ ਪਹਿਲੂਆਂ ਨੂੰ ਧਿਆਨ ਵਿੱਚ ਰੱਖਦਿਆਂ ਸੱਚਾਈ ਸਾਹਮਣੇ ਲਿਆਂਦੀ ਜਾਵੇ।ਐਡਵੋਕੇਟ ਧਾਮੀ ਨੇ ਕਿਹਾ ਕਿ ਜੂਨ ਮਹੀਨੇ ਦਾ ਪਹਿਲਾ ਹਫ਼ਤਾ ਸਿੱਖ ਕੌਮ ਲਈ ਇਤਿਹਾਸਕ ਅਤੇ ਭਾਵਨਾਤਮਕ ਤੌਰ 'ਤੇ ਅਤਿ ਸੰਵੇਦਨਸ਼ੀਲ ਹੁੰਦਾ ਹੈ। ਅਜਿਹੇ ਸਮੇਂ ਵਿੱਚ ਗੁਟਕਾ ਸਾਹਿਬ ਦੀ ਬੇਅਦਬੀ ਵਰਗੀ ਘਟਨਾ ਵਾਪਰਨਾ ਸਿੱਖ ਕੌਮ ਦੇ ਜ਼ਖ਼ਮਾਂ ਨੂੰ ਹੋਰ ਡੂੰਘਾ ਕਰਦਾ ਹੈ ਅਤੇ ਸੰਗਤ ਵਿੱਚ ਰੋਹ ਅਤੇ ਰੋਸ ਦੀ ਭਾਵਨਾ ਨੂੰ ਵਧਾਉਂਦਾ ਹੈ।

# ਨਸ਼ਾ ਮੁਕਤੀ ਯਾਤਰਾ ਤਹਿਤ ਪਿੰਡ ਮਾਹਲ ਤੇ ਗੋਸਲ 'ਚ ਲੋਕਾਂ ਨੂੰ ਨਸ਼ਿਆਂ ਵਿਰੁੱਧ ਸਹੁੰ ਚੁਕਾਈ



**ਗੁਰਦਾਸਪੁਰ, (ਜਨਕ ਮਹਾਜਨ)**

ਪੰਜਾਬ ਸਰਕਾਰ ਵਲੋਂ ਚਲਾਈ ਜਾ ਰਹੀ ਮੁਹਿੰਮ 'ਯੁੱਧ ਨਸ਼ਿਆਂ ਵਿਰੁੱਧ ਤਹਿਤ ਪਿੰਡਾਂ ਅਤੇ ਸ਼ਹਿਰਾਂ ਵਿੱਚ ਨਸ਼ਾ ਮੁਕਤੀ ਮੀਟਿੰਗਾਂ ਦਾ ਸਿਲਸਿਲਾ ਜਾਰੀ ਹੈ। ਇਸੇ ਲੜੀ ਤਹਿਤ ਵਿਧਾਇਕ ਗੁਰਦੀਪ ਸਿੰਘ ਰੰਧਾਵਾ ਵੱਲੋਂ ਬੀਤੀ ਸ਼ਾਮ ਵਿਧਾਨ ਸਭਾ ਹਲਕਾ ਡੇਰਾ ਬਾਬਾ ਨਾਨਕ ਦੇ ਪਿੰਡ ਮਾਹਲ ਤੇ ਗੋਸਲ ਵਿੱਚ ਜਾਗਰੂਕਤਾ ਸਭਾਵਾਂ ਦੌਰਾਨ ਹਾਜ਼ਰੀਨ ਨੂੰ ਨਸ਼ਿਆਂ ਵਿਰੁੱਧ ਸਹੁੰ ਚੁਕਾਈ ਗਈ। ਇਸ ਮੌਕੇ ਜਨਤਕ ਸਭਾਵਾਂ ਨੂੰ ਸੰਬੋਧਨ ਹੁੰਦੇ ਹੋਏ ਵਿਧਾਇਕ ਗੁਰਦੀਪ ਸਿੰਘ ਰੰਧਾਵਾ ਨੇ ਕਿਹਾ ਕਿ ਪੰਜਾਬ ਸਰਕਾਰ ਵਲੋਂ ਚਲਾਈ ਜਾ ਰਹੀ ਇਸ ਮੁਹਿੰਮ ਦਾ ਲੋਕਾਂ ਵੱਲੋਂ ਭਰਪੂਰ ਸਮਰਥਨ ਕੀਤਾ ਜਾ ਰਿਹਾ ਹੈ ਅਤੇ ਅਸੀਂ ਸਾਰੇ ਮਿਲ ਨਸ਼ਿਆਂ ਵਿਰੁੱਧ ਇਸ ਯੁੱਧ ਨੂੰ ਜਿੱਤ ਕੇ ਹੀ ਰਹਾਂਗੇ। ਉਨ੍ਹਾਂ ਕਿਹਾ ਕਿ ਇਹ 'ਨਸ਼ਾ ਮੁਕਤੀ ਯਾਤਰਾ' ਕੋਈ ਸਿਆਸੀ ਯਾਤਰਾ ਨਹੀਂ, ਸਗੋਂ ਨਸ਼ੇ ਦੇ ਖ਼ਾਤਮੇ ਦਾ ਸਮਾਜਿਕ ਸੰਕਲਪ ਹੈ। ਉਨ੍ਹਾਂ ਕਿਹਾ ਕਿ ਪੰਜਾਬ ਨੂੰ ਨਸ਼ਾ ਮੁਕਤ ਕਰਨ ਦੀ ਲੜਾਈ ਪਿੰਡ-ਪਿੰਡ ਤੋਂ ਸ਼ੁਰੂ ਹੋ ਚੁੱਕੀ ਹੈ, ਜਿਸ ਤਹਿਤ ਹਰੇਕ ਪਿੰਡ ਵਾਸੀ ਆਪਣੇ ਪਿੰਡ ਦਾ ਪਹਿਰੇਦਾਰ ਬਣ ਰਿਹਾ ਹੈ। ਉਨ੍ਹਾਂ ਕਿਹਾ ਕਿ ਨਸ਼ਾ ਤਸਕਰਾਂ ਨੂੰ ਕਿਸੇ ਕਿਸਮ ਦੀ ਸਿਆਸੀ ਸਰਪ੍ਰਸਤੀ ਨਹੀਂ ਮਿਲੇਗੀ ਤੇ ਨਾ ਹੀ ਉਨ੍ਹਾਂ ਦੀ ਕੋਈ ਜ਼ਮਾਨਤ ਦੇਵੇਗਾ। ਉਨ੍ਹਾਂ ਪ੍ਰਸ਼ਾਸਨ ਦੇ ਅਧਿਕਾਰੀਆਂ ਨੂੰ ਨਸ਼ਿਆਂ ਦਾ ਕਾਰੋਬਾਰ ਕਰਨ ਵਾਲਿਆਂ ਵਿਰੁੱਧ ਸਖ਼ਤੀ ਨਾਲ ਕਾਰਵਾਈ ਕਰਨ ਲਈ ਕਿਹਾ। ਇਸ ਮੌਕੇ ਐੱਸਡੀਐੱਮ ਡੇਰਾ ਬਾਬਾ ਨਾਨਕ ਗੁਰਮਿੰਦਰ ਸਿੰਘ, ਹਲਕਾ ਕੋਆਰਡੀਨੇਟਰ ਅਰਸ਼ਦੀਪ ਸਿੰਘ ਸਮੇਤ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ, ਵਿਲੇਜ ਡਿਫੈਂਸ ਕਮੇਟੀਆਂ ਦੇ ਮੈਂਬਰ, ਪੰਚ-ਸਰਪੰਚ ਅਤੇ ਵੱਡੀ ਗਿਣਤੀ ਪਿੰਡ ਵਾਸੀ ਤੇ ਇਲਾਕੇ ਦੇ ਮੁਹਤਬਰ ਹਾਜ਼ਰ ਸਨ।

6-June-PAGE-4.qxd 6/4/2025 10:53 PM Page 1

ਨਵਾਂ ਜ਼ਮਾਨਾ
ਵੀਰਵਾਰ, 5 ਜੂਨ 2025

# ਚੀਫ ਜਸਟਿਸ ਗਵਈ ਦਾ ਫੈਸਲਾ

ਸੁਪਰੀਮ ਕੋਰਟ ਦੇ ਚੀਫ ਜਸਟਿਸ ਬੀ ਆਰ ਗਵਈ ਨੇ ਕਿਹਾ ਹੈ ਕਿ ਉਹ ਰਿਟਾਇਰ ਹੋਣ ਦੇ ਬਾਅਦ ਕੋਈ ਵੀ ਸਰਕਾਰੀ ਅਹੁਦਾ ਨਹੀਂ ਲੈਣਗੇ। ਹਾਲਾਂਕਿ ਹੋਰ ਵੀ ਜੱਜਾਂ ਨੇ ਅਜਿਹੇ ਐਲਾਨ ਕੀਤੇ ਸਨ ਅਤੇ ਅਹੁਦੇ ਨਹੀਂ ਲਏ ਸਨ, ਪਰ ਚੀਫ ਜਸਟਿਸ ਗਵਈ ਦਾ ਐਲਾਨ ਇਸ ਕਰਕੇ ਅਹਿਮ ਹੈ ਕਿ ਉਨ੍ਹਾ ਚੀਫ ਜਸਟਿਸ ਦੇ ਅਹੁਦੇ ’ਤੇ ਹੁੰਦਿਆਂ ਇਹ ਐਲਾਨ ਕੀਤਾ ਹੈ। ਬਰਤਾਨੀਆ ਦੀ ਸੁਪਰੀਮ ਕੋਰਟ ’ਚ ਇੱਕ ਗੋਲਮੇਜ਼ ਚਰਚਾ ਦੌਰਾਨ ਚੀਫ ਜਸਟਿਸ ਗਵਈ ਨੇ ਕਿਹਾ ਕਿ ਰਿਟਾਇਰਮੈਂਟ ਦੇ ਤੁਰੰਤ ਬਾਅਦ ਜੱਜਾਂ ਵੱਲੋਂ ਸਰਕਾਰੀ ਅਹੁਦੇ ਲੈਣਾ ਜਾਂ ਚੋਣਾਂ ਲੜਨਾ ਨਿਆਂ ਪਾਲਿਕਾ ਦੀ ਆਜ਼ਾਦੀ ਤੇ ਨਿਰਪੱਖਤਾ ’ਤੇ ਗੰਭੀਰ ਸਵਾਲ ਉਠਾਉਂਦਾ ਹੈ। ਨਿਆਂ ਪਾਲਿਕਾ ਦੀ ਵੈਧਤਾ ਲੋਕਾਂ ਦੇ ਵਿਸ਼ਵਾਸ ’ਤੇ ਨਿਰਭਰ ਕਰਦੀ ਹੈ, ਜਿਸ ਨੂੰ ਆਜ਼ਾਦੀ, ਨਿਰਪੱਖਤਾ ਤੇ ਪਾਰਦਰਸ਼ਤਾ ਨਾਲ ਹਾਸਲ ਕੀਤਾ ਜਾ ਸਕਦਾ ਹੈ। ਜੇ ਕੋਈ ਜੱਜ ਰਿਟਾਇਰਮੈਂਟ ਦੇ ਤੁਰੰਤ ਬਾਅਦ ਸਰਕਾਰੀ ਅਹੁਦਾ ਸਵੀਕਾਰ ਕਰਦਾ ਹੈ ਜਾਂ ਚੋਣ ਲੜਦਾ ਹੈ ਤਾਂ ਇਹ ਧਾਰਨਾ ਬਣ ਜਾਂਦੀ ਹੈ ਕਿ ਉਸ ਦੇ ਫੈਸਲੇ ਭਵਿੱਖ ਦੇ ਸਿਆਸੀ ਜਾਂ ਸਰਕਾਰੀ ਲਾਭ ਦੀ ਉਮੀਦ ਨਾਲ ਪ੍ਰਭਾਵਤ ਸਨ। ਇਸ ਨਾਲ ਲੋਕਾਂ ਦਾ ਨਿਆਂ ਪਾਲਿਕਾ ’ਤੇ ਭਰੋਸਾ ਕਮਜ਼ੋਰ ਹੁੰਦਾ ਹੈ।

ਅਜਿਹੇ ਜੱਜ ਹੋਏ ਹਨ, ਜਿਨ੍ਹਾਂ ਰਿਟਾਇਰਮੈਂਟ ਦੇ ਤੁਰੰਤ ਬਾਅਦ ਸਰਕਾਰੀ ਅਹੁਦੇ ਜਾਂ ਸੰਸਦ ਦੀ ਮੈਂਬਰੀ ਲਈ। ਇਨ੍ਹਾਂ ਵਿੱਚ ਸਾਬਕਾ ਚੀਫ ਜਸਟਿਸ ਰੰਜਨ ਗੋਗੋਈ, ਜਸਟਿਸ ਅਰੁਣ ਮਿਸ਼ਰਾ ਤੇ ਜਸਟਿਸ ਆਦਰਸ਼ ਕੁਮਾਰ ਗੋਇਲ ਸ਼ਾਮਲ ਹਨ, ਪਰ ਚੀਫ ਜਸਟਿਸ ਗਵਈ ਵਾਂਗ ਅਹੁਦਾ ਨਾ ਲੈਣ ਦਾ ਐਲਾਨ ਕਰਨ ਵਾਲੇ ਜਸਟਿਸ ਮਦਨ ਵੀ ਲੋਕੁਰ ਦਾ ਨਾਂਅ ਬਹੁਤ ਆਦਰ ਨਾਲ ਲਿਆ ਜਾਂਦਾ ਹੈ, ਜਿਨ੍ਹਾ ਕੋਈ ਅਹੁਦਾ ਨਹੀਂ ਲਿਆ ਤੇ ਆਮ ਲੋਕਾਂ ਦੇ ਮੁੱਦਿਆਂ ’ਤੇ ਬੇਬਾਕ ਰਾਇ ਰੱਖਦੇ ਹਨ ਤੇ ਸਮਾਜੀ ਕਾਰਕੁਨ ਵਾਲੀ ਜ਼ਿੰਦਗੀ ਜੀ ਰਹੇ ਹਨ। ਰੰਜਨ ਗੋਗੋਈ ਨਵੰਬਰ 2019 ਵਿੱਚ ਰਿਟਾਇਰ ਹੋਏ ਸਨ ਤੇ ਅਗਲੇ ਸਾਲ ਮਾਰਚ ਵਿੱਚ ਉਨ੍ਹਾ ਨੂੰ ਰਾਜ ਸਭਾ ਦਾ ਮੈਂਬਰ ਨਾਮਜ਼ਦ ਕਰ ਦਿੱਤਾ ਗਿਆ। ਅਯੁੱਧਿਆ ਮਾਮਲੇ ’ਤੇ ਅੰਤਮ ਫੈਸਲਾ ਦੇਣ ਵਾਲੀ ਪੰਜ ਮੈਂਬਰੀ ਬੈਂਚ ਦੇ ਉਹ ਮੁਖੀ ਸਨ। ਹਾਲਾਂਕਿ ਸੁਪਰੀਮ ਕੋਰਟ ਨੇ ਕਿਹਾ ਕਿ ਮਸਜਿਦ ਡੇਗਣੀ ਗਲਤ ਸੀ, ਪਰ ਉਸ ਨੇ ਜ਼ਮੀਨ ਮੰਦਰ ਬਣਾਉਣ ਲਈ ਸਰਕਾਰ ਨੂੰ ਸੌਂਪ ਦਿੱਤੀ। ਜਸਟਿਸ ਅਰੁਣ ਮਿਸ਼ਰਾ ਦੇ ਅਡਾਨੀ ਗਰੁੱਪ ਦੇ ਹੱਕ ਵਿੱਚ ਫੈਸਲੇ ਚਰਚਾ ਵਿੱਚ ਰਹੇ। ਰਿਟਾਇਰਮੈਂਟ ਦੇ ਬਾਅਦ ਉਨ੍ਹਾ ਕੌਮੀ ਮਨੁੱਖੀ ਅਧਿਕਾਰ ਕਮਿਸ਼ਨ ਦੇ ਚੇਅਰਪਰਸਨ ਦਾ ਅਹੁਦਾ ਸੰਭਾਲ ਲਿਆ।

ਹਾਲਾਂਕਿ ਕਿਸੇ ਜੱਜ ਨੂੰ ਰਿਟਾਇਰਮੈਂਟ ਦੇ ਬਾਅਦ ਸਰਕਾਰੀ ਅਹੁਦਾ ਲੈਣ ਤੋਂ ਰੋਕਣ ਵਾਲਾ ਕੋਈ ਕਾਨੂੰਨ ਨਹੀਂ, ਪਰ ਇਖਲਾਕ ਦਾ ਤਕਾਜ਼ਾ ਹੈ ਕਿ ਉਨ੍ਹਾਂ ਨੂੰ ਸਰਕਾਰੀ ਸਹੂਲਤਾਂ ਦਾ ਮੋਹ ਛੱਡ ਦੇਣਾ ਚਾਹੀਦਾ ਹੈ। ਜੇ ਉਨ੍ਹਾਂ ਸਰਗਰਮ ਜ਼ਿੰਦਗੀ ਜਿਊਣੀ ਹੈ ਤਾਂ ਉਹ ਆਮ ਲੋਕਾਂ ਦੇ ਅੰਦੋਲਨਾਂ ਦਾ ਹਿੱਸਾ ਬਣ ਸਕਦੇ ਹਨ।

## ਸੋ-ਕਾਲਡ ਮਨੁੱਖ

ਨਸਲ ਮੇਰੀ ਆਦਮ ਅਖਵਾਉਂਦੀ,
ਕੁੱਲ ਦੁਨੀਆ ’ਤੇ ਰਾਜ ਚਲਾਉਂਦੀ।
ਚੰਨ ’ਤੇ ਪੁੱਜ ਕੇ ਮੈਂ ਬੜਾ ਹੀ ਮਾਣ ਕਰਾਂ,
ਮੈਂ ਸਿਰਜਣਹਾਰ ਹਾਂ ਇਮਾਰਤੀ ਸੁੱਖਾਂ ਦਾ।
ਭਾਵੇਂ ਕਾਤਲ ਹਾਂ ਉੱਚੇ-ਸੁੱਚੇ ਰੁੱਖਾਂ ਦਾ,
ਮੇਰਾ ਕਰਮ ਐ ਬੇਜ਼ੁਬਾਨਾਂ ਨੂੰ ਬੇ-ਘਰ ਕਰਨਾ,
ਕੁਝ ਵੀ ਹੋ ਜਾਵੇ, ਪੀੜ ਪਰਾਈ ਤੋਂ ਕੀ ਡਰਨਾ।
ਮੈਂ ਕਾਰਖਾਨੇ ਲਾ ਕੇ ਔਖੇ ਸਾਹਾਂ ਦਾ ਕਾਰੋਬਾਰ ਕਰਾਂ,
ਗੰਦ ਵਹਾਵਾਂ, ਨਿਰਮਲ ਪਾਣੀਆਂ ’ਤੇ ਮਾਰ ਕਰਾਂ।
ਕਲਮ ਜੋ ਮੇਰੇ ਅੱਗੇ ਚੁੱਕੇ, ਮੈਂ ਮੂੰਹ ਬੰਦ ਕਰ ਦਿੱਤੇ ਸਭ ਦੇ ਨੇ,
ਕੋਈ ਮੇਰਾ ਕੀ ਕਰ ਲਊਗਾ, ਹਾਕਮ ਤਾਂ ਮੇਰੇ ਹੀ ਵੱਲ ਦੇ ਨੇ।
ਪਲਾਸਟਿਕ ਦੀ ਉਪਜ ਵੀ ਮੇਰੀ ਏ, ਜ਼ਹਿਰਾਂ ’ਚੋਂ ਉੱਤਮ ਖੋਜ,
ਮੇਰੀ ਨਸਲ ਦੇ ਮੂਰਖ ਸਾਥੀ, ਵਰਤ ਰਹੇ ਨੇ ਜਿਸ ਨੂੰ ਰੋਜ਼।
ਕਸਰ ਕੋਈ ਨਾ ਛੱਡਣੀ ਇਸ ਨਾਲ ਧਰਤ ਸ਼ਿੰਗਾਰਨ ਦੀ,
ਆਉਣ ਵਾਲੀਆਂ ਨਸਲਾਂ ਨੂੰ ਕੈਂਸਰ ਨਾਲ ਮਾਰਨ ਦੀ।
ਜਾਨਵਰ ਆਖਾਂ ਮੈਂ ਹਰ ਇੱਕ ਜੀਵ ਨੂੰ ਆਪਣੇ ਆਪ ਨੂੰ ਛੱਡ ਕੇ,
ਬੁੱਚੜਾਂ ਵਾਲੇ ਕੰਮ ਨੇ ਮੇਰੇ,
ਕਿੰਨੇ ਜੀਵ ਅਲੋਪ ਨੇ ਕਰਤੇ ਮੈਂ ਧਰਤੀ ਦੇ ਵਿੱਚ ਗੱਡ ਕੇ।
ਫੇਰ ਵੀ ਸੋ-ਕਾਲਡ ਮਨੁੱਖ ਦਾ ਤਗਮਾ ਗਲ ਵਿੱਚ ਮੇਰੇ ਛਣਕੇ,
ਵਾਤਾਵਰਣ ਨੂੰ ਮੈਂ ਕੀ ਜਾਣਾ, ਮੈਂ ਤਾਂ ਜੰਮਿਆ ਅਕਿਰਤਘਣ ਬਣ ਕੇ।

- ਜਸਪਾਲ ਸਿੰਘ, 94781-29390

# ਪੰਜਾਬ ਦੀ ਤਬਾਹੀ ਲਈ ਜ਼ਿੰਮੇਵਾਰ ਕਾਰਕਾਂ ਦੀ ਨਿਸ਼ਾਨਦੇਹੀ ਜ਼ਰੂਰੀ

ਜਦੋਂ ਪੰਜਾਬ ਵਿੱਚ ਕਿਸੇ ਵੀ ਕਿਸਮ ਦੀਆਂ ਚੋਣਾਂ ਆਉਂਦੀਆਂ ਹਨ, ਪੰਜਾਬ ਦੇ ਨੇਤਾ ਪੰਜਾਬ ਦੇ ਮੁੱਦਿਆਂ, ਮਸਲਿਆਂ, ਪੰਜਾਬ ਨਾਲ਼ ਹੋਏ ਵਿਤਕਰਿਆਂ ਦੀ ਗੱਲ ਕਰਦੇ ਹਨ, ਪਰ ਫਿਰ ਚੁੱਪ ਧਾਰ ਲੈਂਦੇ ਹਨ।

ਪੰਜਾਬ ਦੇ ਦਰਿਆਵਾਂ ਦੇ ਪਾਣੀਆਂ ਦਾ ਮਸਲਾ ਹੋਵੇ, ਭਾਖੜਾ ਨੰਗਲ ਡੈਮ ’ਚੋਂ ਪਾਣੀ ਛੱਡਣ ਦਾ ਮਾਮਲਾ ਹੋਵੇ, ਪੰਜਾਬ ਨੂੰ ਚੰਡੀਗੜ੍ਹ ਸੌਂਪਣ ਦੀ ਗੱਲ ਹੋਵੇ, ਨਸ਼ਿਆਂ ਦੀ ਭਰਮਾਰ, ਨੌਜਵਾਨਾਂ ’ਚ ਵਧ ਰਹੀ ਬੇਰੁਜ਼ਗਾਰੀ ਦਾ ਭਖ਼ਦਾ ਮਸਲਾ ਹੋਵੇ, ਕਿਸਾਨਾਂ ਨੂੰ ਫਸਲਾਂ ਦਾ ਘੱਟੋ-ਘੱਟ ਸਮਰਥਨ ਮੁੱਲ ਦੇਣ ਦੀ ਗੱਲ ਹੋਵੇ ਜਾਂ ਮਜ਼ਦੂਰਾਂ, ਖੇਤ ਮਜ਼ਦੂਰਾਂ, ਬੇਰੁਜ਼ਗਾਰਾਂ ਲਈ ਰੁਜ਼ਗਾਰ ਜਾਂ ਉਹਨਾਂ ਲਈ ਘੱਟੋ-ਘੱਟ ਮਿਹਨਤਾਨਾ ਦੇਣ ਦਾ ਮਸਲਾ ਹੋਵੇ, ਇਸ ਸੰਬੰਧੀ ਚਰਚਾ, ਬਿਆਨਬਾਜ਼ੀ ਕਰਕੇ ਸਿਆਸੀ ਧਿਰਾਂ ਦੇ ਢੁੱਠਾਂ ਵਾਲ਼ੇ ਨੇਤਾ ਆਪਣੇ ਮਨ ਦਾ ਗ਼ੁਬਾਰ ਕੱਢਦੇ ਹਨ, ਇੱਕ-ਦੂਜੇ ਨੂੰ ਨਿੰਦਦੇ ਹਨ ਤੇ ਫਿਰ ਮੂੰਹ ਸੀਊਂ ਲੈਂਦੇ ਹਨ।

ਕੇਂਦਰ ਪੰਜਾਬ ਨਾਲ ਕੋਈ ਧੱਕਾ ਕਰਦਾ ਹੈ, ਆਪਣੀ ਪਾਰਟੀ ਦੇ ਨਿਯਮਾਂ, ਅਸੂਲਾਂ ਅਤੇ ਤਾਕਤ ਦੀ ਪ੍ਰਾਪਤੀ ਦੀ ਬਿੱਲੀ ਝਾਕ ’ਚ ਉਹ ਚੰਗਾ ਜਾਂ ਮਾੜਾ, ਸਿੱਧਾ ਜਾਂ ਵਿੰਗਾ ਬਿਆਨ ਲੋਕਾਂ ਤੋਂ ਚੰਮ ਬਚਾਉਣ ਖਾਤਰ ਦਾਗ ਦਿੰਦੇ ਹਨ ਅਤੇ ਆਪਣੇ-ਆਪ ਨੂੰ ਸੁਰਖ਼ਰੂ ਹੋ ਗਿਆ ਮਹਿਸੂਸ ਕਰਦੇ ਹਨ। ਕੀ ਇਹ ਉਹਨਾਂ ਦੀ ਸਾਜ਼ਿਸ਼ੀ ਚੁੱਪੀ ਨਹੀਂ? ਕੀ ਇਹ ਵੋਟਾਂ ਬਟੋਰਨ ਜਾਂ ਕੁਰਸੀ ਹਥਿਆਉਣ ਲਈ ਵਰਤਿਆ ਦਾਅ-ਪੇਚ ਨਹੀਂ?

ਸ਼ਹਿਰ ਚੰਡੀਗੜ੍ਹ ਪੰਜਾਬ ਦਾ ਹੈ, ਪੰਜਾਬ ਦੀ ਰਾਜਧਾਨੀ ਹੈ। ਬਿਨਾਂ ਸ਼ੱਕ ਇਹ ਪੰਜਾਬ ਦਾ ਰਹਿਣਾ ਚਾਹੀਦਾ ਹੈ, ਪਰ ਪਿਛਲੇ ਕਈ ਦਹਾਕਿਆਂ ਤੋਂ ਕੀ ਚੰਡੀਗੜ੍ਹ ਦੇ ਪੰਜਾਬ ’ਚ ਰਲੇਵੇਂ ਲਈ ਕਿਸੇ ਧਿਰ ਨੇ ਯਤਨ ਕੀਤਾ? ਚੰਡੀਗੜ੍ਹ ਪੰਜਾਬ ਦੇ ਦਰਜਨਾਂ ਪਿੰਡਾਂ ਨੂੰ ਉਜਾੜ ਕੇ ਬਣਾਇਆ ਗਿਆ ਹੈ।

ਇਹ ਸਾਰੇ ਪਿੰਡ ਪੰਜਾਬੀ ਬੋਲਦੇ ਪਿੰਡ ਸਨ। ਪਿੰਡਾਂ ਦੇ ਲੋਕਾਂ ਦੀ ਜ਼ਮੀਨ ਹਥਿਆਈ ਗਈ। ਉਹਨਾਂ ਦੇ ਉਜਾੜੇ ਉਪਰੰਤ ਉਹਨਾਂ ਦੇ ਮੁੜ-ਵਸੇਬੇ ਲਈ ਕਿੰਨੇ ਕੁ ਉਪਰਾਲੇ ਹੋਏ?

ਸਿਤਮ ਦੇਖੋ! ਪਿਛਲੇ ਦਿਨੀ ਪੰਜਾਬ ਦੇ ਇਤਿਹਾਸ, ਸੱਭਿਆਚਾਰਕ ਅਤੇ ਸੰਵਿਧਾਨਕ ਵਿਰਾਸਤ ਦੀ ਪ੍ਰਤੀਕ ਪੰਜਾਬ ਯੂਨੀਵਰਸਿਟੀ ਚੰਡੀਗੜ੍ਹ ਦਾ ਨਾਂਅ ਬਦਲਣ ਲਈ ਤੇ ਨਾਂਅ ਪੰਜਾਬ ਅਤੇ ਹਰਿਆਣਾ ਯੂਨੀਵਰਸਿਟੀ ਚੰਡੀਗੜ੍ਹ ਰੱਖਣ ਦੀ ਮੰਗ ਪੰਜਾਬ ਯੂਨੀਵਰਸਿਟੀ ਚੰਡੀਗੜ੍ਹ ਦੀ ਯੂਨੀਅਨ ਦੇ ਪ੍ਰਧਾਨ ਵੱਲੋਂ ਰੱਖ ਦਿੱਤੀ ਗਈ, ਕਿਸ ਦੇ ਇਸ਼ਾਰੇ ’ਤੇ? ਸੂਝਵਾਨ ਵਿਦਿਆਰਥੀਆਂ ਦੇ ਦਬਾਅ ’ਚ ਇਹ ਮੰਗ ਵਾਪਸ ਲੈਣੀ ਪਈ, ਪਰ ਸਵਾਲ ਪੈਦਾ ਹੁੰਦਾ ਹੈ ਕਿ ਪੰਜਾਬ ਦੀ ਹਰ ਚੀਜ਼ ਹਥਿਆਉਣ ਅਤੇ ਪੰਜਾਬ ਨੂੰ ਬੇਰੰਗ ਕਰਨ ਦੀ ਸਾਜ਼ਿਸ਼ ਕਿੱਥੋਂ ਘੜੀ ਜਾ ਰਹੀ ਹੈ?

ਪੰਜਾਬ ਵਿੱਚ ਵੱਡੀ ਗਿਣਤੀ ’ਚ ਯੂ ਪੀ., ਐੱਮ ਪੀ., ਬਿਹਾਰ ਅਤੇ ਜੰਮੂ-ਕਸ਼ਮੀਰ ਤੋਂ ਲੋਕ ਮਜ਼ਦੂਰੀ ਲਈ ਆਉਂਦੇ ਹਨ। ਇਹ ਪੰਜਾਬ ਦੇ ਖੇਤੀ ਅਤੇ ਇੰਡਸਟਰੀ ਖੇਤਰ ਦੀ ਲੋੜ ਵੀ ਹੈ, ਪਰ ਜਿਸ ਢੰਗ ਨਾਲ਼ ਉਹਨਾਂ ਵੱਲੋਂ ਕਰੋੜਾਂ ਰੁਪਏ ਪੰਜਾਬ ਤੋਂ ਬਾਹਰ ਆਪਣੇ ਰਾਜਾਂ ਨੂੰ, ਆਪਣੇ ਘਰਾਂ ਨੂੰ ਭੇਜੇ ਜਾ ਰਹੇ ਹਨ, ਪੰਜਾਬ ’ਚ ਆਧਾਰ ਕਾਰਡ ਬਣਾ ਕੇ ਇੱਥੇ ਹੀ ਜ਼ਮੀਨਾਂ ਜਾਂ ਰਿਹਾਇਸ਼ੀ ਪ੍ਰਾਪਰਟੀ ਖਰੀਦ ਕੇ ਪੱਕਾ ਵਸੇਬਾ ਕੀਤਾ ਜਾ ਰਿਹਾ ਹੈ ਅਤੇ ਪੰਜਾਬ ਦੇ ਸੱਭਿਆਚਾਰ ਨੂੰ ਬੇਰੰਗ ਕੀਤਾ ਜਾ ਰਿਹਾ ਹੈ ਕੀ ਇਸ ਪਿੱਛੇ ਕੋਈ ਖ਼ਾਸ ਮੰਤਵ ਨਹੀਂ?



ਗੁਰਮੀਤ ਸਿੰਘ ਪਲਾਹੀ

ਕੀ ਪੰਜਾਬ ਦੀ ਕਿਸੇ ਸਿਆਸੀ ਧਿਰ ਨੇ ਪੰਜਾਬ ’ਚ ਬਾਹਰੋਂ ਆਏ ਲੋਕਾਂ ਨੂੰ ਪੱਕੀ ਰਿਹਾਇਸ਼ ਦੇਣ, ਪਲਾਟ ਜਾਂ ਜਾਇਦਾਦ ਖਰੀਦਣ ਉੱਤੇ ਰੋਕ ਲਗਾਉਣ ਦੀ ਮੰਗ ਕੀਤੀ ਹੈ ਜਾਂ ਇਸ ਸਥਿਤੀ ’ਤੇ ਕਦੇ ਵਿਚਾਰ ਕੀਤਾ ਹੈ ਕਿ ਪੰਜਾਬੀ ਪੰਜਾਬੋਂ ਪ੍ਰਵਾਸ ਕਰ ਜਾਣਗੇ ਤੇ ਬਾਹਰਲੇ ਸੂਬਿਆਂ ਦੇ ਲੋਕ ਇੱਥੇ ਆ ਕੇ ਪੱਕਾ ਵਸੇਬਾ ਕਰਕੇ ਪੰਜਾਬ ਦੇ ਸੱਭਿਆਚਾਰ ਅਤੇ ਬੋਲੀ ਉੱਤੇ ਵੱਡਾ ਹਮਲਾ ਕਰਨਗੇ।

ਕੀ ਕਦੇ ਪੰਜਾਬ ਦੀ ਕਿਸੇ ਸਿਆਸੀ ਧਿਰ ਨੇ ਪੰਜਾਬ ’ਚ ਸਰਕਾਰੀ ਨੌਕਰੀਆਂ ਜਾਂ ਵੱਡੇ ਉਦਯੋਗਾਂ ’ਚ ਪੰਜਾਬੀ ਨੌਜਵਾਨਾਂ ਲਈ 100 ਫੀਸਦੀ ਨੌਕਰੀਆਂ ਦੇਣ ਦੀ ਗੱਲ ਕੀਤੀ ਹੈ?

ਹੈਰਾਨੀ ਤਾਂ ਇਹ ਵੀ ਹੈ ਕਿ ਮੌਜੂਦਾ ਸਰਕਾਰ ਵੱਲੋਂ ਵੱਡੇ ਸਰਕਾਰੀ ਅਹੁਦੇ ਪੰਜਾਬੋਂ ਬਾਹਰ ਦੇ ਬੁੱਧੀਮਾਨ, ਸਿਆਣੇ ਲੋਕਾਂ ਨੂੰ ਬਖ਼ਸ਼ੇ ਜਾ ਰਹੇ ਹਨ, ਪੰਜਾਬ ਪਲਿਊਸ਼ਨ ਕੰਟਰੋਲ ਬੋਰਡ ਦੇ ਚੇਅਰਮੈਨ ਦਾ ਅਹੁਦਾ, ਪੰਜਾਬ ਹਿਊਮਨ ਰਾਈਟਸ ਕਮਿਸ਼ਨ ਦੇ ਚੇਅਰਮੈਨ ਦੇ ਅਹੁਦੇ ਸਮੇਤ ਕਈ ਹੋਰ ਅਹੁਦੇ ਬਾਹਰਲਿਆਂ ਨੂੰ ਬਖ਼ਸ਼ੇ ਗਏ। ਇਥੋਂ ਤੱਕ ਕਿ ਪੰਜਾਬ ਸਕੂਲ ਸਿੱਖਿਆ ਬੋਰਡ ਦੇ ਚੇਅਰਮੈਨ ਦਾ ਅਹੁਦਾ ਵੀ। ਕੀ ਪੰਜਾਬ ’ਚ ਬੁੱਧੀਮਾਨ, ਸਿਆਣੇ, ਚਿੰਤਕ, ਮਾਹਰ ਮੁੱਕ ਗਏ ਹਨ? ਕੀ ਸੱਚਮੁੱਚ ਉਹ ਸਿਆਣੇ ਨਹੀਂ, ਨਿਤਾਣੇ ਹੋ ਗਏ ਹਨ? ਉਹ ਸੱਚ-ਹੱਕ ਖਾਤਰ ਬੋਲਣੋ ਵੀ ਰਹਿ ਗਏ ਹਨ?

ਪੰਜਾਬ ਹਿਤੈਸ਼ੀ ਬਹੁਤੀਆਂ ਸੰਸਥਾਵਾਂ ਬਣੀਆਂ ਹਨ, ਬਹੁਤ ਬਣ ਵੀ ਰਹੀਆਂ ਹਨ: ਚੇਤਨਾ ਮੰਚ, ਚਿੰਤਕ ਮੰਚ, ਜਾਗ੍ਰਿਤੀ ਮੰਚ, ਲੇਖਕ ਮੰਚ, ਮਨੁੱਖੀ ਅਧਿਕਾਰ ਮੰਚ ਤੇ ਪਤਾ ਨਹੀਂ ਕਿੰਨੇ ਹੋਰ, ਪਰ ਲਗਭਗ ਸਭ ਖ਼ਬਰਾਂ ਤੱਕ ਹੀ ਸੀਮਤ ਹਨ। ਸਾਂਝਾ ਪਲੇਟਫ਼ਾਰਮ ਉਸ ਹਾਲਤ ਵਿੱਚ ਪੰਜਾਬ ’ਚ ਕਿਉਂ ਨਹੀਂ ਉਸਾਰਿਆ ਜਾ ਰਿਹਾ, ਜਦੋਂ ਪੰਜਾਬ ਲੁੱਟਿਆ, ਕੁੱਟਿਆ ਅਤੇ ਤਬਾਹ ਕੀਤਾ ਜਾ ਰਿਹਾ ਹੈ! ਕੀ ਅਸਲ ਵਿੱਚ ਹੀ ਪੰਜਾਬ ਸਿਆਣੇ ਲੋਕਾਂ ਤੋਂ ਵਾਂਝਾ ਹੋ ਗਿਆ ਹੈ?

ਪੰਜਾਬ ’ਚ ਛੁੱਟੀਆਂ ’ਚ ਸਮਰ, ਕੈਂਪ ਦੌਰਾਨ ਤੇਲਗੂ ਭਾਸ਼ਾ ਦੀ ਆਨਲਾਈਨ ਪੜ੍ਹਾਈ ਲਾਗੂ ਕਰਨ ਪਿੱਛੇ ਕੀ ਮਨਸ਼ਾ ਹੈ? ਕੀ ਇਹ ਕੇਂਦਰ ਵੱਲੋਂ ਆਪਣੇ ਆੜੀ ਚੰਦਰ ਬਾਬੂ ਨਾਇਡੂ ਨੂੰ ਖ਼ੁਸ਼ ਕਰਨ ਦੀ ਤਰਕੀਬ ਤਾਂ ਨਹੀਂ?

ਹਾਲਾਂਕਿ ਇਹ ਵੀ ਕਿਹਾ ਜਾ ਰਿਹਾ ਹੈ ਕਿ ਖੇਤਰੀ ਭਾਸ਼ਾਵਾਂ ਨੂੰ ਪੂਰੇ ਦੇਸ਼ ’ਚ ਵਾਰੋ-ਵਾਰੀ ਸਿਰ ਪੜ੍ਹਾਇਆ ਜਾਏਗਾ। ਕੀ ਪੰਜਾਬ ਸਰਕਾਰ ਨੇ ਕੇਂਦਰ ਸਰਕਾਰ ਤੋਂ ਪੁੱਛਿਆ ਹੈ ਕਿ ਖੇਤਰੀ ਭਾਸ਼ਾ ਪੰਜਾਬੀ ਕਿਹੜੇ ਸੂਬੇ ’ਚ ਕਦੋਂ ਪੜ੍ਹਾਈ ਜਾਣੀ ਹੈ ਜਾਂ ਕਦੇ ਸੋਚਿਆ ਹੈ ਕਿ ਆਪਣੇ ਸੂਬੇ ਵਿੱਚ ਪੰਜਾਬੀ ਨਾਲ ਵਿਤਕਰਾ ਕਰਨ ਵਾਲੇ, ਪੰਜਾਬੀ ਬੋਲਣ ਤੇ ਵਿਦਿਆਰਥੀਆਂ ਨੂੰ ਸਜ਼ਾਵਾਂ ਦੇਣ ਵਾਲੇ ਪਬਲਿਕ ਸਕੂਲਾਂ ਅਤੇ ਅੰਗਰੇਜ਼ੀ ਨੂੰ ਉਤਸ਼ਾਹਤ ਕਰਨ ਵਾਲੇ ਆਪਣੀ ਮਾਂ ਬੋਲੀ ਪੰਜਾਬੀ ਦੇ ਵੈਰੀਆਂ ਨਾਲ਼ ਕਿਵੇਂ ਨਜਿੱਠਣਾ ਹੈ? ਬਣਦਾ ਤਾਂ ਇਹ ਹੈ ਕਿ ਪੰਜਾਬ ਆਪਣੀ ਮਾਂ-ਬੋਲੀ ਪੰਜਾਬੀ ਅਤੇ ਪੰਜਾਬੀ ਸੱਭਿਆਚਾਰ ਦੀ ਪ੍ਰਫੁੱਲਤਾ ਖਾਤਰ ਦੱਖਣੀ ਰਾਜਾਂ ਵਾਂਗ ਨਵੀਂ ਸਿੱਖਿਆ ਨੀਤੀ ਨੂੰ ਰੱਦ ਕਰੇ, ਜਦ ਕਿ ਪੰਜਾਬ ਦਾ ਬੁੱਧੀਜੀਵੀ ਵਰਗ ਇਸ ਗੱਲ ਦੀ ਮੰਗ ਲਗਾਤਾਰ ਕਰ ਰਿਹਾ ਹੈ ਤਾਂ ਫਿਰ ਕੇਂਦਰ ਦੀ ਇਸ ਨੀਤੀ ਨੂੰ ਪਿਛਲੇ ਦਰਵਾਜ਼ਿਓਂ ਲਾਗੂ ਕਰਨ ਦੀ ਇਹ ਪੰਜਾਬ ਸਰਕਾਰ ਦੀ ਕੋਈ ਯੋਜਨਾ ਹੈ?

ਲੇਖਕਾਂ ਨੂੰ ਛੱਡ ਕੇ ਕੀ ਬਾਕੀ ਪੜ੍ਹੇ-ਲਿਖੇ ਪੰਜਾਬੀਆਂ ਦੀ ਬੋਲੀ ਪੰਜਾਬੀ ਹੈ? ਅੱਠਵੀਂ, ਦਸਵੀਂ ਦੀਆਂ ਬੋਰਡ ਪ੍ਰੀਖਿਆਵਾਂ ’ਚ ਕਾਫ਼ੀ ਵਿਦਿਆਰਥੀ ਪੰਜਾਬੀ ਵਿਸ਼ੇ ’ਚੋਂ ਫੇਲ੍ਹ ਹੋਏ ਹਨ। ਕਾਰਨ? ਪੰਜਾਬੀ ਅਧਿਆਪਕਾਂ ਦੀ ਸਕੂਲਾਂ ’ਚ ਕਮੀ ਹੈ। ਕਈ ਮਿਡਲ ਸਕੂਲ ਇਹੋ ਜਿਹੇ ਹਨ, ਜਿੱਥੇ ਛੇਵੀਂ ਤੋਂ ਅੱਠਵੀਂ ਤੱਕ ਜਮਾਤਾਂ ਨੂੰ ਪੜ੍ਹਾਉਣ ਲਈ ਸਿਰਫ਼ ਇੱਕ ਅਧਿਆਪਕ ਹੈ, ਸਾਇੰਸ ਜਾਂ ਅੰਗਰੇਜ਼ੀ ਦਾ, ਪਰ ਪੰਜਾਬੀ ਅਧਿਆਪਕ ਹੈ ਹੀ ਨਹੀਂ। ਕੀ ਇਹ ਮਾਂ-ਬੋਲੀ ਨਾਲ਼ ਵਿਤਕਰਾ ਨਹੀਂ? ਪੰਜਾਬ ਭਾਸ਼ਾ ਦੇ ਆਧਾਰ ’ਤੇ ਬਣਿਆ ਪੰਜਾਬੀ ਸੂਬਾ ਹੈ, ਇੱਥੇ ਹਰ ਸਕੂਲ ’ਚ ਪੰਜਾਬੀ ਭਾਸ਼ਾ ਅਧਿਆਪਕ ਕਿਉਂ ਨਹੀਂ? ਕਿਉਂ ਨਹੀਂ ਦਫ਼ਤਰਾਂ ’ਚ ਸਿਰਫ਼ ਪੰਜਾਬੀ ਬੋਲੀ ਦੀ ਵਰਤੋਂ ਕੀਤੀ ਜਾਂਦੀ? ਕਿਉਂ ਨਹੀਂ ਅਦਾਲਤਾਂ ’ਚ ਪੰਜਾਬੀ ਬੋਲੀ ਲਾਗੂ ਕੀਤੀ ਜਾਂਦੀ? ਜਦ ਕਿ ਪੰਜਾਬ ਤੇ ਹਰਿਆਣਾ ਹਾਈ ਕੋਰਟ ਚੰਡੀਗੜ੍ਹ ਵੱਲੋਂ ਹੇਠਲੀਆਂ ਅਦਾਲਤਾਂ ’ਚ ਪੰਜਾਬੀ ਬੋਲੀ ਲਾਗੂ ਕਰਨ ਲਈ 117 ਪੰਜਾਬੀ ਸਟੈਨੋਗ੍ਰਾਫ਼ਰਾਂ ਦੀਆਂ ਪੋਸਟਾਂ ਮੰਗੀਆਂ ਗਈਆਂ। ਦੂਰਦਰਸ਼ਨ ਜਲੰਧਰ, ਜੋ ਪੰਜਾਬ ਦੀ ਬੋਲੀ ਪੰਜਾਬੀ, ਪੰਜਾਬ ਦੇ ਸੱਭਿਆਚਾਰ ਦੇ ਪ੍ਰਚਾਰ ਤੇ ਪ੍ਰਸਾਰ ਲਈ ਬਣਾਇਆ ਗਿਆ ਸੀ, ਅੱਜ ਇਸ ਨੂੰ ਗ੍ਰਹਿਣ ਲੱਗਿਆ ਹੋਇਆ ਹੈ। ਪ੍ਰੋਗਰਾਮ ਅਫ਼ਸਰਾਂ ਦੀ ਘਾਟ ਹੈ। ਨਵੇਂ ਪ੍ਰੋਗਰਾਮ ਨਹੀਂ ਬਣ ਰਹੇ। ਬਸ ਡੰਗ-ਟਪਾਊ ਕੰਮ ਹੋ ਰਿਹਾ ਹੈ। ਇਹੋ ਹਾਲ ਜਲੰਧਰ ਰੇਡੀਓ ਆਕਾਸ਼ਵਾਣੀ ਦਾ ਹੈ, ਜੋ ਕਦੇ ਪੰਜਾਬੀਆਂ ਦੀ ਜਾਨ ਹੋਇਆ ਕਰਦਾ ਸੀ। ਕੀ ਕਦੇ ਕਿਸੇ ਨੇ ਇਸ ਦਾ ਨੋਟਿਸ ਲਿਆ।

ਇਹ ਤਾਂ ਕੁਝ ਉਹ ਗੱਲਾਂ ਹਨ, ਜੋ ਵੱਡੀ ਚਿੰਤਾ ਅਤੇ ਚਿੰਤਨ ਦੀਆਂ ਹਨ, ਪਰ ਪੰਜਾਬ ਦੇ ਪਿੰਡਾਂ ਦੀ ਅਸਲ ਦਿੱਖ ਬਦਲ ਗਈ ਹੈ। ਪੰਜਾਬ ਦੇ ਪਿੰਡਾਂ ’ਚੋਂ ਸੱਥ ਗਾਇਬ ਹੋ ਗਈ ਹੈ। ਆਪਸੀ ਮੇਲ- ਮਿਲਾਪ, ਭਾਈਚਾਰਾ ਖਤਮ ਹੋ ਗਿਆ ਹੈ ਜਾਂ ਸਿਆਸਤਦਾਨਾਂ ਨੇ ਪੰਚਾਇਤੀ ਧੜੇਬੰਦੀਆਂ ਵੱਡੀਆਂ ਕਰਕੇ ਨਿਪਟਾ ਦਿੱਤਾ ਹੈ। ਉਂਞ ਵੀ ਵੱਡੀ ਗਿਣਤੀ ਲੋਕ ਪਿੰਡ ਛੱਡ ਕੇ ਵਿਦੇਸ਼ਾਂ ਵੱਲ ਚਾਲੇ ਪਾ ਰਹੇ ਹਨ ਜਾਂ ਸ਼ਹਿਰਾਂ ਵੱਲ ਵਹੀਰਾਂ ਘੱਤ ਰਹੇ ਹਨ। ਹਾਲਾਤ ਇਹ ਹਨ ਕਿ ਪਿੰਡਾਂ ਦੇ ਸਰਕਾਰੀ ਸਕੂਲਾਂ ’ਚ ਨਵੀਆਂ ਗਠਿਤ ਕੀਤੀਆਂ ਜਾ ਰਹੀਆਂ ਸਕੂਲ ਮੈਨੇਜਮੈਂਟ ਕਮੇਟੀਆਂ ਲਈ ਸਥਾਨਕ ਲੋਕਾਂ ਵਿਚੋਂ ਚੁਣੇ ਜਾਣ ਲਈ 12 ਪੰਜਾਬੀ ਨੁਮਾਇੰਦੇ ਵੀ ਨਹੀਂ ਮਿਲ ਰਹੇ। ਪਰਵਾਸੀ ਬੱਚਿਆਂ ਦੇ ਮਾਪੇ ਪ੍ਰਬੰਧ ’ਚ ਭਰਤੀ ਕਰਨ ਵਜੋਂ ਸ਼ਾਮਲ ਕੀਤੇ ਜਾ ਰਹੇ ਹਨ। ਇਹ ਇੱਕ ਇਹੋ-ਜਿਹਾ ਸੰਕੇਤ ਹੈ, ਜੋ ਵੱਡੀ ਚਿੰਤਾ ਦਾ ਵਿਸ਼ਾ ਹੈ। ਫਗਵਾੜਾ ਸ਼ਹਿਰ ਦੇ ਇਕ ਲਾਗਲੇ ਪਿੰਡ ਸਰਕਾਰੀ ਮਿਡਲ ਸਕੂਲ ਹੈ, ਜਿੱਥੇ ਵਿਦਿਆਰਥੀਆਂ ਦੀ ਗਿਣਤੀ 70 ਹੈ। ਇਕ ਸਾਇੰਸ ਅਧਿਆਪਕ ਹੈ। ਸਮਾਜਿਕ ਸਿੱਖਿਆ, ਪੰਜਾਬੀ, ਹਿੰਦੀ, ਪੀ ਟੀ ਆਈ, ਆਰਟ ਕਰਾਫ਼ਟ ਦੀਆਂ ਪੋਸਟਾਂ ਖਾਲੀ ਹਨ। 70 ਵਿਦਿਆਰਥੀਆਂ ਵਿੱਚੋਂ 64 ਬੱਚੇ ਪਰਵਾਸੀ ਅਤੇ 6 ਸਥਾਨਕ ਲੋਕਾਂ ਦੇ ਹਨ, 6 ਪੰਜਾਬੀਆਂ ਵਿੱਚੋਂ ਪ੍ਰਬੰਧਕ ਕਮੇਟੀ ਲਈ 12 ਮਾਪੇ ਕਿੱਥੋਂ ਲੱਭਣ? ਜਦੋਂ ਪਰਵਾਸੀ ਬੱਚੇ ਅਤੇ ਉਹਨਾਂ ਦੇ ਮਾਪੇ ਸਾਲ ’ਚ ਦੋ-ਤਿੰਨ ਵਾਰ ਆਪੋ-ਆਪਣੇ ਸੂਬੇ ’ਚ ਦੋ ਜਾਂ ਤਿੰਨ ਮਹੀਨਿਆਂ ਲਈ ਬੱਚਿਆਂ ਸਮੇਤ ਚਲੇ ਜਾਂਦੇ ਹਨ, ਉਦੋਂ ਸਕੂਲ ਦੀਆਂ ਇਹਨਾਂ ਪ੍ਰਬੰਧਕ ਕਮੇਟੀਆਂ ਦਾ ਪ੍ਰਬੰਧ ਸਰਕਾਰੀ ਨਿਯਮਾਂ ਅਨੁਸਾਰ ਕਿਵੇਂ ਚਲਾਇਆ ਜਾ ਸਕਦਾ ਹੈ?

ਪਿੰਡਾਂ ਦੀ ਹਾਲਤ ਸਮਾਜਿਕ ਤੌਰ ’ਤੇ ਵੀ ਪੁੱਠੇ ਗੇੜ ’ਚ ਹੈ। ਰਿਸ਼ਤੇਦਾਰੀਆਂ ਸੁੰਗੜ ਚੁੱਕੀਆਂ ਹਨ। ਬੱਚਿਆਂ, ਵਿਦਿਆਰਥੀਆਂ, ਨੌਜਵਾਨਾਂ ਉੱਤੇ ਆਪਣੀ ਮਾਂ-ਬੋਲੀ ਨਾਲੋਂ ਅੰਗਰੇਜ਼ੀ ਸਿੱਖਣ ਦਾ ਸ਼ੌਕ ਵਧਿਆ ਹੋਇਆ ਹੈ, ਕਿਉਂਕਿ ਉਹ ਆਇਲਟਸ ਪਾਸ ਕਰ ਕੇ ਪਾਸਪੋਰਟ ਬਣਾ ਕੇ ਵਿਦੇਸ਼ਾਂ ਵੱਲ ਵਹੀਰਾਂ ਘੱਤ ਰਹੇ ਹਨ।

ਇਹੋ ਜਿਹੀ ਸਥਿਤੀ ਵਿੱਚ ਪੰਜਾਬ ਦਾ ਭਵਿੱਖ ਆਖਰ ਹੈ ਕੀ? ਕੌਣ ਫੜੇਗਾ ਪੰਜਾਬ ਦੀ ਬਾਂਹ? ਜਦ ਕਿ ਸਿਆਸਤਦਾਨ ਸਮਾਜ ਸੇਵਾ ਛੱਡ ਚੁੱਕੇ ਹਨ। ਉਹਨਾਂ ਦਾ ਕਾਰੋਬਾਰ ਵੋਟ ਹਥਿਆਉਣਾ ਹੈ।

ਪੰਜਾਬ ਦਾ ਖੇਤੀ ਖੇਤਰ ਸੰਕਟ ’ਚ ਹੈ। ਵੱਡੀਆਂ ਹਾਈਵੇ ਸੜਕਾਂ ਬਣਾ ਕੇ ਪੰਜਾਬ ਦੀ ਵਾਹੀਯੋਗ ਜ਼ਮੀਨ ਸਰਕਾਰੀ ਕਬਜ਼ੇ ’ਚ ਨਹੀਂ, ਕਾਰਪੋਰੇਟੀ ਕਬਜ਼ੇ ’ਚ ਕੀਤੀ ਜਾ ਰਹੀ ਹੈ, ਕਿਉਂਕਿ ਇਹ ਸਿਰਫ਼ ਨਿੱਜੀ ਅਤੇ ਵਪਾਰਕ ਹਿੱਤਾਂ ਲਈ ਵਰਤੀ ਜਾਣੀ ਹੈ। ਫਿਰ ਪੰਜਾਬ ਦਾ ਕਿਸਾਨ ਕਿੱਥੇ ਜਾਏਗਾ? ਕੀ ਮਜ਼ਦੂਰ ਬਣੇਗਾ? ਇਹਨਾਂ ਵੱਡੇ-ਵੱਡੇ ਕਾਰਪੋਰੇਟ ਘਰਾਣਿਆਂ ਦੇ ਮਾਲਜ਼ ਵਿੱਚ ਕੰਮ ਕਰੇਗਾ? ਕਾਰਖਾਨਿਆਂ ’ਚ ਮਜ਼ਦੂਰੀ ਕਰੇਗਾ? ਜਿੱਥੇ ਪਹਿਲਾਂ ਹੀ ਵੱਡੀ ਬੇਰੁਜ਼ਗਾਰੀ ਹੈ। ਖੇਤ ਮਜ਼ਦੂਰ ਕਿੱਥੇ ਰੁਲ਼ੇਗਾ?

ਪੰਜਾਬ ਦੀ ਤਬਾਹੀ ਲਈ ਜ਼ਿੰਮੇਵਾਰ ਸਾਰੇ ਕਾਰਕਾਂ ਦੀ ਨਿਸ਼ਾਨਦੇਹੀ ਸਮੇਂ ਦੀ ਮੰਗ ਹੈ। ਇਹ ਕਾਰਕ ਪੰਜਾਬ ਨੂੰ ਪੰਜਾਬ ਨਹੀਂ ਰਹਿਣ ਦੇਣਗੇ ਇਹ ਕਾਰਕ ਸਿਆਸੀ ਹਵਸ ਕਾਰਨ, ਹੋਰ ਵੀ ਵਧ-ਫੁੱਲ ਰਹੇ ਹਨ ਅਤੇ ਤੇਜ਼ੀ ਨਾਲ਼ ਪਨਪ ਰਹੇ ਹਨ। ਪੰਜਾਬ ਦੀ ਬੋਲੀ ਪੰਜਾਬ ’ਚ ਵਧਣ ਦੀ ਥਾਂ ਘਰਾਂ, ਕਾਰੋਬਾਰਾਂ, ਸਰਕਾਰੀ ਦਫ਼ਤਰਾਂ ’ਚ ਛੁਟਿਆਈ ਜਾ ਰਹੀ ਹੈ। ਪੰਜਾਬ ਦਾ ਸੱਭਿਆਚਾਰ ਗਿੱਧੇ, ਭੰਗੜੇ ਤੇ ਗਾਣਿਆਂ ਤੱਕ ਸੀਮਤ ਕਰਨ ਦੀ ਸਾਜ਼ਿਸ਼ ਰਚੀ ਜਾ ਚੁੱਕੀ ਹੈ। ਪੰਜਾਬ ਨੂੰ ਰਾਜਧਾਨੀ ਰਹਿਤ, ਪਾਣੀਆਂ ਰਹਿਤ, ਵਾਹੀਯੋਗ ਜ਼ਮੀਨ ਰਹਿਤ, ਬੇਰੁਜ਼ਗਾਰੀ ਭਰਪੂਰ ਬਣਾਉਣ ਲਈ ਟਿੱਲ ਲਾਇਆ ਜਾ ਚੁੱਕਾ ਹੈ।

ਹਰਿਆ-ਭਰਿਆ ਪੰਜਾਬ ਮਧੋਲਿਆ ਜਾ ਚੁੱਕਾ ਹੈ। ਜਵਾਨੀ ਨੂੰ ਨਸ਼ਿਆਂ ਅਤੇ ਬੇਰੁਜ਼ਗਾਰੀ ਦੀ ਸਿਓਂਕ ਖਾ ਰਹੀ ਹੈ।

ਆਓ, ਸ਼ਨਾਖਤ ਕਰੀਏ ਉਹਨਾਂ ਲੋਕਾਂ ਦੀ, ਜੋ ਪੰਜਾਬ ਨੂੰ ਲੋੜ ਵੇਲੇ ਵਰਤਦੇ ਹਨ ਅਤੇ ਫਿਰ ਭੁੱਲ ਜਾਂਦੇ ਹਨ ਕਿ ਇਹ ਉਹੀ ਪੰਜਾਬੀ ਲੋਕ ਨੇ, ਜੋ ਸਰਹੱਦਾਂ ’ਤੇ ਦੇਸ਼ ਦੀ ਰਾਖੀ ਕਰਦੇ ਹਨ। ਪੂਰੇ ਦੇਸ਼ ਨੂੰ ਵੱਧ ਤੋਂ ਵੱਧ ਅੰਨ ਮੁਹੱਈਆ ਕਰਵਾਉਂਦੇ ਹਨ ਅਤੇ ਆਪ ਸ਼ਤੀਰਾਂ - ਲਟੈਣਾਂ ਨੂੰ ਜੱਫੇ ਪਾ ਕੇ ਦੇਸ਼ ਨੂੰ ਭੁੱਖ ਤੋਂ ਕੋਹਾਂ ਦੂਰ ਰੱਖਦੇ ਹਨ।

# ਸੰਪਰਕ: 98158-02070

# ਪੁਲਸ ਜਬਰ ਦਾ ਸ਼ਿਕਾਰ ਪੱਤਰਕਾਰ ਦਿੱਲੀ ’ਚ ਸ਼ਰਨ ਲੈਣ ਲਈ ਮਜਬੂਰ

ਪੇਸ਼ਕਸ਼: ਬੂਟਾ ਸਿੰਘ ਮਹਿਮੂਦਪੁਰ

28 ਮਈ ਨੂੰ ਦਿੱਲੀ ਹਾਈ ਕੋਰਟ ਨੇ ਮੱਧ ਪ੍ਰਦੇਸ ਦੇ ਪੱਤਰਕਾਰ ਅਮਰਕਾਂਤ ਸਿੰਘ ਚੌਹਾਨ ਲਈ ਪੁਲਸ ਸੁਰੱਖਿਆ ਦੇਣ ਦਾ ਹੁਕਮ ਦਿੱਤਾ, ਜੋ ਇਸ ਮਹੀਨੇ ਦੀ ਸ਼ੁਰੂਆਤ ਵਿੱਚ ਮੱਧ ਪ੍ਰਦੇਸ਼ ਦੇ ਭਿੰਡ ਜ਼ਿਲ੍ਹੇ ਦੀ ਇੱਕ ਪੁਲਸ ਚੌਕੀ ਵਿੱਚ ਉਤਪੀੜਨ, ਧਮਕੀਆਂ ਅਤੇ ਬੇਇੱਜ਼ਤੀ ਦਾ ਸ਼ਿਕਾਰ ਬਣੇ ਸਨ।

ਸਵਰਾਜ ਐਕਸਪ੍ਰੈੱਸ ਨਿਊਜ ਚੈਨਲ ਦੇ ਭਿੰਡ ਬਿਊਰੋ ਚੀਫ ਅਮਰਕਾਂਤ ਚੌਹਾਨ ਨੇ ਬੁੱਧਵਾਰ ਦਿੱਲੀ ਹਾਈ ਕੋਰਟ ਦੀ ਸ਼ਰਨ ਲਈ ਤੇ ਮੱਧ ਪ੍ਰਦੇਸ਼ ਪੁਲਸ ਦੇ ਅਧਿਕਾਰੀਆਂ ਵੱਲੋਂ ਆਪਣੀ ਜਾਨ ਨੂੰ ਮਿਲ ਰਹੀਆਂ ਧਮਕੀਆਂ ਤੋਂ ਸੁਰੱਖਿਆ ਦੀ ਮੰਗ ਕੀਤੀ।

ਉਹਨਾ ਕੋਰਟ ਨੂੰ ਦੱਸਿਆ ਕਿ ਉਹ, ਆਪਣੀ ਅਤੇ ਆਪਣੇ ਪਰਵਾਰ ਦੀ ਜਾਨ ਅਤੇ ਨਿੱਜੀ ਸੁਤੰਤਰਤਾ ਨੂੰ ਮੱਦੇਨਜ਼ਰ ਰੱਖਦਿਆਂ ਖਾਸ ਕਰਕੇ ਭਿੰਡ ਦੇ ਐੱਸ ਪੀ ਅਸੀਤ ਯਾਦਵ ਵੱਲੋਂ ਮਿਲ ਰਹੀਆਂ ਧਮਕੀਆਂ ਤੋਂ ਬਚਣ ਲਈ ਦਿੱਲੀ ਭੱਜੇ ਹਨ।

ਉਹਨਾ ਦੀ ਵਕੀਲ ਵਰੀਸਾ ਫਰਾਸਤ ਨੇ ਦਲੀਲ ਦਿੱਤੀ ਕਿ ਅਮਰਕਾਂਤ ਸਿੰਘ ਚੌਹਾਨ ਨੂੰ ਮੱਧ ਪ੍ਰਦੇਸ਼ ਪੁਲਸ ਵੱਲੋਂ ਥੱਪੜ ਮਾਰੇ ਗਏ, ਉਨ੍ਹਾਂ ਦੀ ਬੇਇੱਜ਼ਤੀ ਕੀਤੀ ਗਈ ਅਤੇ ਉਨ੍ਹਾ ਨੂੰ ਹਮਲਾ ਕਰਕੇ ਡਰਾਇਆ ਗਿਆ।

ਉਨ੍ਹਾ ਦੱਸਿਆ ਕਿ ਚੌਹਾਨ ਆਪਣੀ ਜਾਨ ਬਚਾਉਣ ਲਈ ਰਾਜ ਤੋਂ ਭੱਜ ਗਏ ਹਨ। ਇਸ ਮਾਮਲੇ ਦੀ ਸ਼ਿਕਾਇਤ ਪ੍ਰੈੱਸ ਕਲੱਬ ਆਫ ਇੰਡੀਆ ਅਤੇ ਰਾਸ਼ਟਰੀ ਮਨੁੱਖੀ ਅਧਿਕਾਰ ਆਯੋਗ (ਐੱਨ ਐੱਚ ਆਰ ਸੀ) ਕੋਲ ਦਰਜ ਕਰਵਾਈ ਹੈ।

ਫਰਾਸਤ ਵੱਲੋਂ ਦਿੱਲੀ ਅਤੇ ਮੱਧ ਪ੍ਰਦੇਸ਼ ਪੁਲਸ ਤੋਂ ਸਥਿਤੀ ਰਿਪੋਰਟਾਂ ਦੀ ਮੰਗ ਕੀਤੀ ਗਈ, ਪਰ ਕੋਰਟ ਨੇ ਕਿਹਾ ਕਿ ਮੱਧ ਪ੍ਰਦੇਸ਼ ਪੁਲਸ ਵਿਰੁੱਧ ਕੋਈ ਵੀ ਸ਼ਿਕਾਇਤ ਉਥੇ ਦੀ ਉਥਲੇ ਹਾਈ ਕੋਰਟ ਵਿੱਚ ਹੀ ਕੀਤੀ ਜਾਵੇ।

ਜਸਟਿਸ ਰਵਿੰਦਰ ਦੁਜੇਜਾ ਨੇ ਦਿੱਲੀ ਪੁਲਸ ਨੂੰ ਅਮਰਕਾਂਤ ਚੌਹਾਨ ਨੂੰ ਦੋ ਮਹੀਨੇ ਦੀ ਸੁਰੱਖਿਆ ਦੇਣ ਦਾ ਆਦੇਸ਼ ਦਿੱਤਾ ਹੈ ਅਤੇ ਇਸ ਸਮੇਂ ਦੌਰਾਨ ਉਸ ਨੂੰ ਸੰਬੰਧਤ ਹਾਈ ਕੋਰਟ ਤੱਕ ਪਹੁੰਚ ਕਰਕੇ ਹੋਰ ਕਾਨੂੰਨੀ ਰਾਹ ਲੱਭਣ ਦੀ ਸਲਾਹ ਦਿੱਤੀ ਹੈ। ਜੱਜ ਨੇ ਕਿਹਾ, ‘ਅਸੀਂ ਤੁਹਾਨੂੰ ਸੁਰੱਖਿਆ ਦਿਆਂਗੇ। ਇਨ੍ਹਾਂ ਦੋ ਮਹੀਨਿਆਂ ਵਿੱਚ ਤੁਸੀਂ ਸੰਬੰਧਤ ਹਾਈ ਕੋਰਟ ਵਿੱਚ ਜਾਓ ਅਤੇ ਉਥੇ ਆਪਣੀ ਅਰਜ਼ੀ ਦਾਖਲ ਕਰੋ।’

ਕੋਰਟ ਨੇ ਇਹ ਅਰਜ਼ੀ ਨਿਪਟਾ ਦਿੱਤੀ ਅਤੇ ਉਸ ਦੀ ਵਕੀਲ ਫਰਾਸਤ ਨੂੰ ਕਿਹਾ ਕਿ ਉਹ ਉਸ ਪੁਲਸ ਚੌਕੀ ਦੀ ਜਾਣਕਾਰੀ ਦੇਣ, ਜਿਸ ਨੇੜੇ ਅਮਰਕਾਂਤ ਚੌਹਾਨ ਫਿਲਹਾਲ ਰਹਿ ਰਹੇ ਹਨ। ਉਨ੍ਹਾ ਦੇ ਮੋਬਾਇਲ ਨੰਬਰ ਨੂੰ ਸੰਬੰਧਤ ਬੀਟ ਅਫਸਰ ਅਤੇ ਐੱਸ.ਐੱਚ.ਓ. ਨਾਲ ਸਾਂਝਾ ਕਰਨ ਦਾ ਹੁਕਮ ਵੀ ਦਿੱਤਾ ਗਿਆ।

ਕੋਰਟ ਨੇ ਕਿਹਾ, ‘ਜਦੋਂ ਵੀ ਪੀੜਤ ਵੱਲੋਂ ਉਕਤ ਨੰਬਰ ’ਤੇ ਕੋਈ ਸੰਦੇਸ ਜਾਂ ਕਾਲ ਆਉਂਦੀ ਹੈ, ਉਸ ਦਾ ਤੁਰੰਤ ਜਵਾਬ ਦਿੱਤਾ ਜਾਵੇ।’ ਇਸ ਤੋਂ ਇਲਾਵਾ ਕੋਰਟ ਨੇ ਹੁਕਮ ਦਿੱਤਾ ਕਿ ਸਬੰਧਤ ਇਲਾਕੇ ਦਾ ਬੀਟ ਕਾਂਸਟੇਬਲ ਜਾਂ ਡਵੀਜ਼ਨ ਅਧਿਕਾਰੀ ਚੌਹਾਨ ਦੇ ਘਰ ਨਿੱਜੀ ਤੌਰ ’ਤੇ ਵਿਚ-ਵਿਚ ਗੇੜੇ ਮਾਰਦੇ ਰਹਿਣ ਅਤੇ ਹਰ ਰੋਜ਼ ਸਾਮ 6 ਵਜੇ ਤੋਂ ਪਹਿਲਾਂ ਉਨ੍ਹਾਂ ਨੂੰ ਕਾਲ ਕਰਨਗੇ, ਤਾਂ ਜੋ ਉਨ੍ਹਾ ਦੀ ਸੁਰੱਖਿਆ ਯਕੀਨੀ ਬਣਾਈ ਜਾ ਸਕੇ। ਜਸਟਿਸ ਨੇ ਇਹ ਵੀ ਹੁਕਮ ਦਿੱਤਾ ਕਿ ਪੁਲਸ ਉਨ੍ਹਾਂ ਦਾ ਪਤਾ ਕਿਸੇ ਨਾਲ ਵੀ ਸਾਂਝਾ ਨਾ ਕਰੇ।

ਅਮਰਕਾਂਤ ਸਿੰਘ ਚੌਹਾਨ ਨੇ ਦੱਸਿਆ ਕਿ ਚੰਬਲ ਦਰਿਆ ਵਿੱਚ ਹੋ ਰਹੀ ਗੈਰਕਾਨੂੰਨੀ ਰੇਤ ਖਣਨ ਦੀ ਰਿਪੋਰਟਿੰਗ ਕਰਨ ਤੋਂ ਬਾਅਦ, ਜਿਸ ਵਿੱਚ ਰੇਤ ਮਾਫੀਆ ਅਤੇ ਸਥਾਨਕ ਪੁਲਸ ਸ਼ਾਮਲ ਸੀ, ਉਨ੍ਹਾ ਨੂੰ ਭਿੰਡ ਦੇ ਐੱਸ ਪੀ ਦੇ ਦਫਤਰ ਵਿੱਚ ਬੁਲਾਇਆ ਗਿਆ, ਜਿੱਥੇ ਉਨ੍ਹਾਂ ਉੱਤੇ ਹਮਲਾ ਕੀਤਾ ਗਿਆ ਅਤੇ ਕੁੱਟਮਾਰ ਕੀਤੀ ਗਈ। ਇਹ ਵੀ ਦਾਅਵਾ ਕੀਤਾ ਗਿਆ ਕਿ ਚੌਹਾਨ ਅਤੇ ਇਕ ਹੋਰ ਪੱਤਰਕਾਰ ਸ਼ਸ਼ੀਕਾਂਤ ਜਾਟਵ ਨੂੰ ਅਧਨੰਗਾ ਕਰਕੇ ਕੁੱਟ-ਮਾਰ ਕੀਤੀ ਗਈ।

ਪਟੀਸ਼ਨ ਵਿੱਚ ਇਹ ਵੀ ਲਿਖਿਆ ਕਿ ਦੋਹਾਂ ਪੱਤਰਕਾਰਾਂ ਨੂੰ ਮੁੜ ਐੱਸ ਪੀ ਵੱਲੋਂ ਬੁਲਾਇਆ ਗਿਆ ਅਤੇ ਹੋਰ ਪੁਲਸ ਅਧਿਕਾਰੀਆਂ ਦੀ ਮੌਜੂਦਗੀ ਵਿੱਚ ਉਨ੍ਹਾਂ ਤੋਂ ਇੱਕ ਝੂਠਾ ਵੀਡੀਓ ਬਿਆਨ ਰਿਕਾਰਡ ਕਰਵਾਇਆ ਗਿਆ, ਜਿਸ ਵਿੱਚ ਦੱਸਿਆ ਗਿਆ ਕਿ ਉਨ੍ਹਾਂ ਅਤੇ ਮੱਧ ਪ੍ਰਦੇਸ਼ ਪੁਲਸ ਦਰਮਿਆਨ ਸਾਰੇ ਮਾਮਲੇ ‘ਨਿਬੇੜ ਲਏ ਗਏ ਹਨ।’

ਭਿੰਡ ਪੁਲਸ ਵੱਲੋਂ ਕੀਤੇ ਜਬਰ-ਜ਼ੁਲਮ ਅਤੇ ਧਮਕੀਆਂ ਕਾਰਨ ਦੋਵੇਂ ਪੱਤਰਕਾਰ ਦਿੱਲੀ ਭੱਜ ਆਏ ਅਤੇ ਹੁਣ ਉਹ ਆਪਣੀ ਸੁਰੱਖਿਆ ਅਤੇ ਆਜ਼ਾਦੀ ਦੇ ਡਰ ਕਰਕੇ ਮੱਧ ਪ੍ਰਦੇਸ਼ ਵਾਪਸ ਜਾਣ ਦੀ ਹਾਲਤ ’ਚ ਨਹੀਂ ਹਨ।

ਵਾਤਾਵਰਣ ਦਿਵਸ ’ਤੇ ਵਿਸ਼ੇਸ਼

# ਧਰਤੀ ਨੂੰ ਪ੍ਰਦੂਸ਼ਣ ਮੁਕਤ ਕਰਨਾ ਸਮੇਂ ਦੀ ਵੱਡੀ ਲੋੜ

ਡਾ. ਸਤਿੰਦਰ ਸਿੰਘ

ਸੰਯੁਕਤ ਰਾਸ਼ਟਰ ਨੇ ਵਿਸ਼ਵ ਵਿੱਚ ਵਾਤਾਵਰਨ ਪ੍ਰਦੂਸ਼ਣ ਦੇ ਪੈ ਰਹੇ ਮਾੜੇ ਪ੍ਰਭਾਵਾਂ ਪ੍ਰਤੀ ਜਾਗਰੂਕ ਕਰਨ ਦੇ ਉਦੇਸ਼ ਨਾਲ 05 ਜੂਨ 1974 ਨੂੰ ਪਹਿਲੀ ਵਾਰ ਵਿਸ਼ਵ ਵਾਤਾਵਰਨ ਦਿਵਸ ਵਜੋਂ ਮਨਾਉਣ ਦੀ ਸ਼ੁਰੂਆਤ ਕੀਤੀ। ਵਿਸ਼ਵ ਦੇ 143 ਤੋਂ ਵੱਧ ਦੇਸ਼ਾਂ ਦੀਆਂ ਸਰਕਾਰਾਂ, ਸਮਾਜ ਸੇਵੀ ਸੰਸਥਾਵਾਂ ਅਤੇ ਵਿੱਦਿਅਕ ਸੰਸਥਾਵਾਂ ਵੱਲੋਂ ਹਰ ਸਾਲ 05 ਜੂਨ ਨੂੰ ਵੱਖ-ਵੱਖ ਪ੍ਰੋਗਰਾਮ ਅਤੇ ਸਮਾਗਮ ਕਰਕੇ ਸਮਾਜ ਨੂੰ ਵਾਤਾਵਰਨ ਸੰਭਾਲ ਪ੍ਰਤੀ ਜਾਗਰੂਕ ਕਰਨ ਦੇ ਉਪਰਾਲੇ ਕੀਤੇ ਜਾਂਦੇ ਹਨ। ਸੰਯੁਕਤ ਰਾਸ਼ਟਰ ਦੇ ਵਾਤਾਵਰਣ ਸੰਭਾਲ ਪ੍ਰੋਗਰਾਮ ਤਹਿਤ ਹਰ ਸਾਲ ਵਾਤਾਵਰਣ ਦਿਵਸ ਦਾ ਇੱਕ ਥੀਮ ਸਮੁੱਚੇ ਵਿਸ਼ਵ ਨੂੰ ਦਿੱਤਾ ਜਾਂਦਾ ਹੈ। ਸਾਲ 2025 ਲਈ ਥੀਮ ਧਰਤੀ ਨੂੰ ਪਲਾਸਟਿਕ ਪ੍ਰਦੂਸ਼ਣ ਮੁਕਤ ਕਰਨਾ ਰੱਖਿਆ ਗਿਆ ਹੈ, ਜਿਸ ਤਹਿਤ ਸਮਾਜ ਸੇਵੀ ਸੰਸਥਾਵਾਂ, ਵਾਤਾਵਰਣ ਪ੍ਰੇਮੀਆਂ ਅਤੇ ਵਿਦਿਅਕ ਸੰਸਥਾਵਾਂ ਦੇ ਸਹਿਯੋਗ ਨਾਲ ਪਲਾਸਟਿਕ ਪ੍ਰਦੂਸ਼ਣ ਕਾਰਨ ਧਰਤੀ ਮਾਂ ਦੀ ਵਿਗੜ ਚੁੱਕੀ ਸਿਹਤ ਨੂੰ ਤੰਦਰੁਸਤ ਕਰਨ ਲਈ ਚੇਤੰਨਤਾ ਪੈਦਾ ਕਰਨ ਦੇ ਯਤਨ ਕੀਤੇ ਜਾਣਗੇ ਅਤੇ ਧਰਤੀ ਨੂੰ ਪਲਾਸਟਿਕ ਪ੍ਰਦੂਸ਼ਣ ਮੁਕਤ ਕਰਨ ਲਈ ਵਿਸ਼ੇਸ਼ ਉਪਰਾਲੇ ਕੀਤੇ ਜਾਣਗੇ। ਇਸ ਥੀਮ ਨੂੰ ਵੱਧ ਤੋਂ ਵੱਧ ਲੋਕਾਂ ਤੱਕ ਪਹੁੰਚਾਉਣ ਦਾ ਉਪਰਾਲਾ ਵਾਤਾਵਰਨ ਪ੍ਰੇਮੀਆਂ ਵੱਲੋਂ ਕੀਤਾ ਜਾ ਰਿਹਾ ਹੈ।

ਮਨੁੱਖੀ ਜੀਵਨ ਇਸ ਧਰਤੀ ਉੱਪਰ ਕੁਦਰਤ ਦਾ ਸਭ ਤੋਂ ਵੱਡਾ ਤੋਹਫਾ ਹੈ। ਇਸ ਜੀਵਨ ਨੂੰ ਸੁਚੱਜੇ ਢੰਗ ਨਾਲ ਬਤੀਤ ਕਰਨ ਲਈ ਕੁਦਰਤ ਨੇ ਮਨੁੱਖੀ ਜਨਮ ਸਮੇਂ ਸ਼ੁੱਧ ਹਵਾ, ਨਿਰਮਲ ਜਲ, ਸ਼ੀਤਲ ਚਾਂਦਨੀ ਅਤੇ ਸੁਨਹਿਰੀ ਕਿਰਨਾਂ ਪੈਦਾ ਕੀਤੀਆਂ, ਤਾਂ ਜੋ ਕੁਦਰਤ ਦਾ ਸੰਤੁਲਨ ਬਣਿਆ ਰਹੇ, ਪ੍ਰੰਤੂ ਮਨੁੱਖ ਨੇ ਜਿਉ-ਜਿਉਂ ਤਰੱਕੀ ਕੀਤੀ ਨਾਲ ਨਾਲ ਕੁਦਰਤ ਦੇ ਅਨਮੋਲ ਤੋਹਫਿਆਂ ਨੂੰ ਇੱਕ ਦੈਂਤ ਦੀ ਤਰ੍ਹਾਂ ਲੁੱਟਿਆ ਅਤੇ ਇੱਥੋਂ ਦੇ ਵਾਤਾਵਰਨ ਨੂੰ ਪੂਰੀ ਤਰ੍ਹਾਂ ਪ੍ਰਦੂਸ਼ਤ ਕਰ ਦਿੱਤਾ ਹੈ। ਧਰਤੀ ਮਾਂ ਦਾ ਹਰ ਅੰਗ ਬਿਮਾਰ ਹੋ ਚੁੱਕਿਆ ਹੈ।

ਕੁਝ ਲੋਕ ਸਿਰਫ ਹਵਾ ਅਤੇ ਮੌਸਮ ਨੂੰ ਹੀ ਵਾਤਾਵਰਨ ਸਮਝਣ ਦੀ ਭੁੱਲ ਕਰਦੇ ਹਨ, ਪ੍ਰੰਤੂ ਅਸਲ ਸ਼ਬਦਾਂ ਵਿੱਚ ਹਵਾ ਜਿਸ ਉੱਪਰ ਅਸੀਂ ਖੜ੍ਹੇ ਹਾਂ, ਪਾਣੀ ਜੋ ਜੀਵਨ ਦਾ ਆਧਾਰ ਹੈ ਅਤੇ ਸਾਡੇ ਆਲੇ-ਦੁਆਲੇ ਦੀਆਂ ਜੀਵਤ ਅਤੇ ਅਜੀਵਤ ਵਸਤੂਆਂ ਨੂੰ ਮਿਲਾ ਕੇ ਹੀ ਵਾਤਾਵਰਨ ਬਣਦਾ ਹੈ। ਅੱਜ ਤੋਂ ਸੈਂਕੜੇ ਸਾਲ ਪਹਿਲਾਂ ਵਿਗਿਆਨਕ ਸੋਚ ਵਾਲੇ ਮਹਾਨ ਗੁਰੂ ਨਾਨਕ ਦੇਵ ਜੀ ਨੇ ਵਾਤਾਵਰਨ ਨੂੰ ਮਹੱਤਤਾ ਦਿੰਦੇ ਹੋਏ ਆਪਣੀ ਬਾਣੀ ਵਿੱਚ ਪਵਨ ਅਰਥਾਤ ਹਵਾ ਨੂੰ ਗੁਰੂ ਦਾ ਦਰਜਾ ਦਿੱਤਾ ਹੈ, ਪਾਣੀ ਨੂੰ ਪਿਤਾ ਅਰਥਾਤ ਸਭ ਜੀਵਾਂ ਦਾ ਜਨਮਦਾਤਾ ਅਤੇ ਧਰਤੀ ਨੂੰ ਸਭ ਦੀ ਵੱਡੀ ਮਾਂ ਦੱਸਿਆ ਹੈ।

ਅੱਜ ਦੇ ਤਰੱਕੀ ਵੱਲ ਸੋਚਣ ਵਾਲੇ ਮਨੁੱਖ ਨੇ ਆਪਣੀ ਉਹੀ ਸੋਚ ਸਦਕਾ ਹਵਾ ਨੂੰ ਇਸ ਕਦਰ ਪ੍ਰਦੂਸ਼ਤ ਕਰ ਦਿੱਤਾ ਹੈ ਕਿ ਅੱਜ ਮਨੁੱਖ ਦਾ ਆਪਣਾ ਤਾਂ ਜੀਵ-ਜੰਤੂਆਂ ਦਾ ਸਾਹ ਲੈਣਾ ਔਖਾ ਹੋ ਰਿਹਾ ਹੈ, ਹਵਾ ਵਿੱਚ ਨਾਈਟਰੋਜਨ ਆਕਸਾਈਡ, ਸਲਫ਼ਰ ਡਾਈਆਕਸਾਈਡ, ਕਾਰਬਨ ਡਾਈਆਕਸਾਈਡ ਅਤੇ ਕਲੋਰੋ ਫਲੋਰੋ ਕਾਰਬਨ ਵਰਗੀਆਂ ਜ਼ਹਿਰੀਲੀਆਂ ਗੈਸਾਂ ਦੀ ਵਧਦੀ ਮਾਤਰਾ ਕਾਰਨ ਨਜ਼ਲਾ, ਜ਼ੁਕਾਮ, ਖਾਂਸੀ, ਦਮਾ ਰੋਗ ਅਤੇ ਅੱਖਾਂ ਦੇ ਅਨੇਕਾਂ ਗੰਭੀਰ ਰੋਗਾਂ ਦੇ ਲੋਕ ਪੀੜਤ ਹੋ ਰਹੇ ਹਨ। ਸਿਹਤ ਨਾਲ ਸੰਬੰਧਤ ਖੋਜਾਂ ਅਨੁਸਾਰ ਭਾਰਤ ਵਿੱਚ ਬੱਚਿਆਂ ਵਿੱਚ ਸਾਹ ਅਤੇ ਦਮੇ ਦੇ ਬਿਮਾਰੀਆਂ ਦੇ ਮਰੀਜ਼ ਲਗਾਤਾਰ ਵਧ ਰਹੇ ਹਨ। ਹਵਾ ਪ੍ਰਦੂਸ਼ਣ ਦੇ ਕਾਰਨ ਮਨੁੱਖ ਦੀ ਅਰੋਗਤਾ ਨੂੰ ਬਹੁਤ ਵੱਡਾ ਧੱਕਾ ਲੱਗਿਆ ਹੈ।

ਧਰਤੀ ਉਪਰ ਪਾਣੀ ਨੂੰ ਅੱਜ ਦੂਹਰੀ ਮਾਰ ਪੈ ਰਹੀ ਹੈ। ਪਹਿਲਾਂ ਪਾਣੀ ਦੇ ਪੱਧਰ ਦਾ ਲਗਾਤਾਰ ਨੀਵਾਂ ਜਾਣਾ ਅਤੇ ਦੂਸਰਾ ਮੌਜੂਦ ਪਾਣੀ ਦੀ ਗੁਣਵੱਤਾ ਦਾ ਪ੍ਰਦੂਸ਼ਿਤ ਹੋਣਾ। ਕਹਿਣ ਨੂੰ ਤਾਂ ਧਰਤੀ ਦਾ 75 ਫੀਸਦੀ ਭਾਗ ਪਾਣੀ ਹੈ, ਪਰ ਅਸਲ ਵਿੱਚ ਸਿਰਫ 0.007 ਫੀਸਦੀ ਪਾਣੀ ਹੀ ਵਰਤੋਂ ਲਈ ਉਪਲੱਬਧ ਹੈ, ਕਿਉਂਕਿ ਪਾਣੀ ਦਾ 97.5 ਫੀਸਦੀ ਖਾਰਾ (ਸਮੁੰਦਰ) ਹੈ। ਸਿਰਫ ਬਾਕੀ ਰਹਿ ਗਿਆ 2.5 ਫੀਸਦੀ ਪਾਣੀ ਵਰਤੋਂ ਯੋਗ, ਉਸ ਵਿਚੋਂ ਵੀ 70 ਫੀਸਦੀ ਬਰਫ ਦੇ ਰੂਪ ਵਿਚ ਹੈ ਅਤੇ 29.003 ਫੀਸਦੀ ਪਾਣੀ ਮਿੱਟੀ ਵਿੱਚ ਨਮੀ ਦੇ ਰੂਪ ਵਿੱਚ ਧਰਤੀ ਦੇ ਹੇਠਲੇ ਭੰਡਾਰ ਵਿੱਚ ਹੈ। ਪੰਜਾਬ, ਜਿਸ ਨੂੰ ਪੰਜ ਆਬ ਦੀ ਧਰਤੀ ਕਿਹਾ ਜਾਂਦਾ ਹੈ, ਦਾ ਸਭ ਤੋਂ ਵੱਡਾ ਦਰਿਆ ਸਤਲੁਜ ਜਦੋਂ ਤਿੱਬਤ ਵਿਚੋਂ ਮਾਨਸਰੋਵਰ ਦੇ ਨੇੜੇ ਰਾਕਸ਼ਸਤਾਲ ਝੀਲ ਤੋਂ ਸ਼ੁਰੂ ਹੋ ਕੇ ਜਦੋਂ ਸ਼ਿਪਾਕੀ ਦਰੇ ਵਿਚੋਂ ਲੰਘ ਕੇ ਭਾਰਤ ਵਿੱਚ ਦਾਖਲ ਹੁੰਦਾ ਹੈ ਤਾਂ ਬੇਹੱਦ ਸਾਫ ਅਤੇ ਨੀਲੇ ਰੰਗ ਦਾ ਹੁੰਦਾ ਹੈ, ਪ੍ਰੰਤੂ ਜਦੋਂ ਪੰਜਾਬ ਵਿੱਚ ਲੰਘਦਾ ਹੋਇਆ ਹੁਸੈਨੀਵਾਲਾ (ਫਿਰੋਜ਼ਪੁਰ) ਦੇ ਨਜ਼ਦੀਕ ਪਾਕਿਸਤਾਨ ਵਾਲੇ ਪਾਸੇ ਦਾਖਲ ਹੋ ਜਾਂਦਾ ਹੈ, ਤਾਂ ਇਸ ਦਾ ਰੰਗ ਕਾਲਾ, ਬੇਹੱਦ ਪ੍ਰਦੂਸ਼ਤ ਅਤੇ ਬਦਬੂ ਵਾਲਾ ਹੋ ਜਾਂਦਾ ਹੈ। ਇਸ ਦੇ ਕੰਢੇ ਵਸੇ ਲੋਕ ਕੈਂਸਰ, ਕਾਲਾ ਪੀਲੀਆ, ਕਿਡਨੀ ਦੇ ਰੋਗ ਅਤੇ ਅਨੇਕਾਂ ਲਾਇਲਾਜ ਬਿਮਾਰੀਆਂ ਦਾ ਸ਼ਿਕਾਰ ਹੋ ਰਹੇ ਹਨ। ਪੰਜਾਬ ਦੇ 146 ਬਲਾਕਾਂ ਵਿਚੋਂ ਲਗਭਗ 110 ਬਲਾਕ ਡਾਰਕ ਜ਼ੋਨ ਵਿੱਚ ਜਾ ਚੁੱਕੇ ਹਨ, ਜੋ ਕਿ ਬੇਹੱਦ ਚਿੰਤਾ ਦਾ ਵਿਸ਼ਾ ਹੈ।

ਅੱਜ ਵਾਤਾਵਰਨ ਦੀ ਹਾਲਤ ਇਹ ਹੋ ਗਈ ਹੈ ਕਿ ਧਰਤੀ ਉੱਪਰ ਜਾਣੀਆਂ-ਪਹਿਚਾਣੀਆਂ 17 ਲੱਖ ਜੀਵ ਨਸਲਾਂ ਵਿੱਚੋਂ ਅੱਜ ਕੱਲ੍ਹ ਅਨੇਕਾਂ ਨਸਲਾਂ ਵਾਤਾਵਰਨ ਪ੍ਰਦੂਸ਼ਣ ਕਾਰਨ ਖਤਮ ਹੋ ਰਹੀਆਂ ਹਨ। ਭਾਰਤ ਵਰਗੇ ਵਿਕਾਸਸ਼ੀਲ ਦੇਸ਼ ਦਾ ਅਰਬਾਂ ਰੁਪਏ ਪ੍ਰਦੂਸ਼ਣ ਕਾਰਨ ਹੋਣ ਵਾਲੀਆਂ ਬਿਮਾਰੀਆਂ ਦੇ ਇਲਾਜ ਉਪਰ ਖਰਚ ਕੀਤਾ ਜਾ ਰਿਹਾ ਹੈ।

ਪ੍ਰਦੂਸ਼ਣ ਦੇ ਕਾਰਨ ਵਧਦਾ ਤਾਪਮਾਨ ਇੱਕ ਵਿਸ਼ਵ-ਵਿਆਪੀ ਸਮੱਸਿਆ ਬਣ ਚੁੱਕਿਆ ਹੈ। ਜੇ ਆਲਮੀ ਤਪਸ਼ ਇਸੇ ਰਫ਼ਤਾਰ ਨਾਲ ਵਧਦੀ ਗਈ ਤਾਂ ਗਲੇਸ਼ੀਅਰ ਖਤਮ ਹੋ ਜਾਣਗੇ, ਸਮੁੰਦਰਾਂ ਵਿੱਚ ਪਾਣੀ ਵਧ ਜਾਵੇਗਾ, ਜੋ ਸਮੁੰਦਰ ਕੰਢੇ ਵੱਸਣ ਵਾਲੇ ਕਰੋੜਾਂ ਲੋਕਾਂ ਲਈ ਖਤਰੇ ਦੀ ਘੰਟੀ ਹੋਵੇਗਾ।

ਪ੍ਰਦੂਸ਼ਣ ਦੇ ਕਾਰਨਾਂ ਵਿੱਚੋਂ ਵਧਦੀ ਜਨਸੰਖਿਆ ਸਭ ਤੋਂ ਵੱਡਾ ਕਾਰਨ ਹੈ, ਕਿਉਂਕਿ ਪੇਟ ਭਰਨ ਲਈ ਅਨਾਜ ਪੈਦਾ ਕਰਨ ਅਤੇ ਰਹਿਣ ਲਈ ਮਕਾਨ ਬਣਾਉਣ ਲਈ ਦਰੱਖਤਾਂ ਦੀ ਕਟਾਈ ਲਗਾਤਾਰ ਬੇਰਹਿਮੀ ਨਾਲ ਹੋ ਰਹੀ ਹੈ, ਜੋ ਵਾਤਾਵਰਣ ਪ੍ਰਦੂਸ਼ਣ ਲਈ ਸਭ ਤੋਂ ਵੱਧ ਜ਼ਿੰਮੇਵਾਰ ਹੈ। ਮੋਟਰ ਵਾਹਨਾਂ ਨੇ ਜਿੱਥੇ ਮਨੁੱਖੀ ਜੀਵਨ ਨੂੰ ਤੇਜ਼ ਬਣਾਇਆ ਅਤੇ ਅਨੇਕਾਂ ਸਹੂਲਤਾਂ ਪ੍ਰਦਾਨ ਕੀਤੀਆਂ, ਉੱਥੇ ਇਨ੍ਹਾਂ ਦੇ ਨਾਲ ਹੋਣ ਵਾਲੇ ਪ੍ਰਦੂਸ਼ਣ ਦੇ ਕਾਰਨ ਅਨੇਕਾਂ ਭਿਅੰਕਰ ਬਿਮਾਰੀਆਂ ਪੈਦਾ ਹੋ ਰਹੀਆਂ ਹਨ। ਵਧਦੇ ਸ਼ਹਿਰੀਕਰਨ ਦੇ ਕਾਰਨ ਫਾਲਤੂ ਕੂੜਾ-ਕਰਕਟ, ਗੰਦਗੀ, ਪਲਾਸਟਿਕ ਪਦਾਰਥ ਅਤੇ ਵਿਸ਼ੇਸ਼ ਤੌਰ ’ਤੇ ਪਾਲੀਥੀਨ ਬੈਗ ਦੇ ਢੇਰ ਜੋ ਜਲਦ ਨਸ਼ਟ ਨਹੀਂ ਹੁੰਦੇ, ਵਾਤਾਵਰਨ ਪ੍ਰਦੂਸ਼ਤ ਕਰਨ ਵਿੱਚ ਸਭ ਤੋਂ ਅੱਗੇ ਹਨ। ਏਅਰ ਕੰਡੀਸ਼ਨ ਚਲਾਉਣ ’ਤੇ ਨਿਕਲਣ ਵਾਲੀ ਕਲੋਰੋ ਫਲੋਰੋ ਕਾਰਬਨ ਗੈਸ ਓਜ਼ੋਨ ਪਰਤ ਨੂੰ ਪਤਲਾ ਕਰਨ ਵਿਚ ਸਭ ਤੋਂ ਵੱਡਾ ਰੋਲ ਅਦਾ ਕਰ ਰਹੀ ਹੈ। ਓਜ਼ੋਨ ਪਰਤ ਦੇ ਪਤਲਾ ਹੋਣ ਦੇ ਕਾਰਨ ਮਨੁੱਖੀ ਜੀਵਨ ਦੀ ਅਰੋਗਤਾ ਨੂੰ ਇੱਕ ਬਹੁਤ ਵੱਡਾ ਝਟਕਾ ਲੱਗ ਰਿਹਾ ਹੈ ਅਤੇ ਅਨੇਕਾਂ ਲਾਇਲਾਜ ਬਿਮਾਰੀਆਂ ਪੈਦਾ ਹੋ ਰਹੀਆਂ ਹਨ।

ਧਾਰਮਕ ਸਥਾਨਾਂ ’ਤੇ ਲੱਗੇ ਵੱਡੇ ਸਪੀਕਰ, ਖੁਸ਼ੀ ਦੇ ਮੌਕੇ ਉੱਚੀ ਆਵਾਜ਼ ਵਿਚ ਚਲਦੇ ਡੀ. ਜੇ ਸਿਸਟਮ, ਘਰਾਂ ਵਿੱਚ ਉਚੀ ਅਵਾਜ਼ ਵਿੱਚ ਚਲਦੇ ਟੈਲੀਵਿਜ਼ਨ ਅਤੇ ਮਿਊਜ਼ਿਕ ਸਿਸਟਮ ਅਤੇ ਮੋਟਰ ਸਾਇਕਲਾ ’ਤੇ ਲੱਗੇ ਪ੍ਰੈਸ਼ਰ ਹਾਰਨ ਦੇ ਕਾਰਨ ਜਿਥੇ ਵਾਤਾਵਰਣ ਪ੍ਰਦੂਸ਼ਤ ਹੋ ਰਿਹਾ ਹੈ, ਉਥੇ ਅਨੇਕਾਂ ਸਰੀਰਕ ਅਤੇ ਮਾਨਸਿਕ ਰੋਗ ਉਤਪੰਨ ਹੋ ਰਹੇ ਹਨ।

ਅਜੇ ਵੀ ਸਮਾ ਗਵਾਏ ਬਗੈਰ ਵਾਤਾਵਰਨ ਦੀ ਸੰਭਾਲ ਵਿੱਚ ਸੰਜੀਦਾ ਹੋ ਕੇ ਯੋਗਦਾਨ ਪਾਉਣ ਦੀ ਜ਼ਰੂਰਤ ਹੈ। ਅੱਜ ਅਸੀਂ ਘਰ ਅੰਦਰ ਆਉਂਦੀ ਧੂੜ, ਮਿੱਟੀ ਤੋ ਤਾਂ ਫਿਕਰਮੰਦ ਹਾਂ, ਪ੍ਰੰਤੂ ਗੰਧਲੇ ਅਤੇ ਖਤਮ ਹੋ ਰਹੇ ਕੁਦਰਤੀ ਸੋਮਿਆਂ ਦੀ ਕੋਈ ਚਿੰਤਾ ਨਹੀ। ਅੱਜ ਸਾਡੇ ਵਾਤਾਵਰਨ ਵਿੱਚ ਤਰੇੜਾਂ ਪੈ ਰਹੀਆਂ ਹਨ। ਜੇ ਵਾਤਾਵਰਨ ਦੀ ਹਾਲਤ ਇਹ ਹੀ ਰਹੀ ਅਤੇ ਅਸੀਂ ਨਾ ਸੰਭਲੇ ਤਾ ਆਉਣ ਵਾਲੀਆਂ ਪੀੜ੍ਹੀਆ ਅੱਗ ਦੀ ਭੱਠੀ ਵਿੱਚ ਜਲਣਗੀਆਂ।

ਅੱਜ ਸਾਡੇ ਵਾਤਾਵਰਣ ਸਬੰਧੀ ਖਤਰੇ ਦੀ ਘੰਟੀ ਵੱਜ ਚੁੱਕੀ ਹੈ, ਪ੍ਰੰਤੂ ਅਜੇ ਵੀ ਸਮਾਂ ਹੈ ਕਿ ਅਸੀਂ ਵਾਤਾਵਰਨ ਜਿਸ ਵਿੱਚ ਅਸੀਂ ਰਹਿੰਦੇ ਹਾਂ, ਉਸ ਨੂੰ ਸੰਭਾਲੀਏ। ਜ਼ਿਆਦਾ ਤੋ ਜ਼ਿਆਦਾ ਦਰੱਖਤ ਲਗਾਏ ਜਾਣ, ਪੋਲੀਥੀਨ ਬੈਗ ਦਾ ਪ੍ਰਯੋਗ ਨਾ ਹੋਵੇ, ਮੋਟਰ ਗੱਡੀਆਂ ’ਤੇ ਵਿਸ਼ੇਸ਼ ਕਿਸਮ ਦੇ ਸਾਈਂਲੈਂਸਰ ਲਗਾਏ ਜਾਣ, ਲੈਡ ਰਹਿਤ ਪੈਟਰੋਲ ਦੀ ਵਰਤੋਂ ਕੀਤੀ ਜਾਵੇ, ਕਾਰਖਨਿਆ ਵਿੱਚ ਵਿਸ਼ੇਸ਼ ਕਿਸਮ ਦੀਆਂ ਚਿਮਨੀਆ ਲੱਗਣ। ਵਾਤਾਵਰਣ ਦੀ ਸੰਭਾਲ ਸੰਬੰਧੀ ਕਾਨੂੰਨ ਤਾਂ ਸਾਡੇ ਦੇਸ਼ ਵਿੱਚ ਬਹੁਤ ਹਨ, ਪਰੰਤੂ ਇਨ੍ਹਾਂ ਕਾਨੂੰਨਾਂ ਦਾ ਲਾਭ ਤਾਂ ਹੀ ਹੈ, ਜੇ ਸਖ਼ਤੀ ਤੇ ਇਮਾਨਦਾਰੀ ਨਾਲ ਵੋਟਾਂ ਦੀ ਦਲਗਤ ਰਾਜਨੀਤੀ ਅਤੇ ਭਾਈ-ਭਤੀਜਾਵਾਦ ਤੋਂ ਉਪਰ ਉੱਠ ਕੇ ਲਾਗੂ ਕੀਤੇ ਜਾਣ।

ਚੀਨੀ ਕਹਾਵਤ ਅਨੁਸਾਰ ਜੇ ਤੁਸੀਂ ਵਾਤਾਵਰਨ ਸੰਬੰਧੀ ਇੱਕ ਦਿਨ ਦੀ ਯੋਜਨਾ ਬਣਾ ਰਹੇ ਹੋ ਤਾਂ ਚਾਵਲ ਉਗਾ ਦਿਓ, ਜੇ 10 ਸਾਲ ਦੀ ਯੋਜਨਾ ਬਣਾ ਰਹੇ ਹੋ ਤਾਂ ਦਰੱਖਤ ਲਗਾ ਦਿਉ, ਜੇ 100 ਸਾਲ ਦੀ ਯੋਜਨਾ ਬਣਾ ਰਹੇ ਹੋ ਤਾਂ ਸਿੱਖਿਆ ਦਾ ਪ੍ਰਸਾਰ ਕਰੋ। ਸਮੇਂ ਦੀ ਜ਼ਰੂਰਤ ਅਨੁਸਾਰ ਸਿੱਖਿਆ ਦੇ ਪਾਠਕ੍ਰਮ ਵਿੱਚ ਵਾਤਾਵਰਨ ਨੂੰ ਵਿਸ਼ੇਸ਼ ਸਥਾਨ ਦਿੱਤਾ ਜਾਵੇ। ਜੇ ਅਜੇ ਵੀ ਵਾਤਾਵਰਨ ਸੰਭਾਲ ਸੰਬੰਧੀ ਕੋਈ ਮੁਹਿੰਮ ਸੰਜੀਦਗੀ ਨਾਲ ਨਾ ਛੇੜੀ ਗਈ ਤਾ ਵਾਤਾਵਰਨ ਪ੍ਰਦੂਸ਼ਣ ਇਕ ਗੰਭੀਰ ਰੂਪ ਧਾਰਨ ਕਰ ਲਵੇਗਾ।

# ਸੰਪਰਕ: 98154-27554

## ਗਹਿਲਾ ਤੇ ਘੁਮੰਡ ਸਿੰਘ ਵਾਲਾ ਨੂੰ ਸਿੰਚਾਈ ਲਈ ਪਾਈਪ ਲਾਈਨ ਨਾਲ ਮਿਲੇਗਾ ਨਹਿਰੀ ਪਾਣੀ

**ਸੰਗਰੂਰ (ਪ੍ਰਵੀਨ ਸਿੰਘ)** ਪਿੰਡ ਗਹਿਲਾ ਤੇ ਘੁਮੰਡ ਸਿੰਘ ਵਾਲਾ ਦੇ ਏਕੜ ਰਕਬੇ ਦੀ ਸਿੰਜਾਈ ਲਈ ਲਗਭਗ ਕਰੋੜ ਦੀ ਲਾਗਤ ਨਾਲ ਪਾਈਪਲਾਈਨ ਪਾਉਣ ਦੇ ਕੰਮ ਸ਼ੁਰੂਆਤ ਹਲਕਾ ਵਿਧਾਇਕ ਸ਼੍ਰੀਮਤੀ ਨਰਿੰਦਰ ਕੌਰ ਭਰਾਜ ਨੇ ਕਰਾਈ। ਪਹਿਲੀ ਵਾਰ ਆਪਣੇ ਖੇਤਾਂ ਤੱਕ ਨਹਿਰੀ ਪਾਣੀ ਪਹੁੰਚਦਾ ਵੇਖ ਕਿਸਾਨਾਂ ਨੇ ਸਰਕਾਰ ਦਾ ਧੰਨਵਾਦ ਕਰਦਿਆਂ ਵੱਡੀ ਖੁਸ਼ੀ ਜ਼ਾਹਰ ਕੀਤੀ।



ਹਲਕਾ ਵਿਧਾਇਕ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਹਲਕਾ ਸੰਗਰੂਰ ਵਿੱਚ ਵੱਡੇ ਪੱਧਰ ਉੱਤੇ ਵਿਕਾਸ ਕਾਰਜ ਜੰਗੀ ਪੱਧਰ ਉੱਤੇ ਜਾਰੀ ਹਨ ਤੇ ਸਾਰੇ ਕੰਮ ਬਹੁਤ ਹੀ ਪਾਰਦਰਸ਼ੀ ਢੰਗ ਨਾਲ ਕਰਾਏ ਜਾ ਰਹੇ ਹਨ ਤੇ ਵਿਕਾਸ ਕਾਰਜਾਂ ਦੀ ਗੁਣਵੱਤਾ ਬਾਬਤ ਕਿਸੇ ਕਿਸਮ ਦਾ ਸਮਝੌਤਾ ਨਹੀਂ ਕੀਤਾ ਜਾ ਰਿਹਾ। ਸ਼੍ਰੀਮਤੀ ਭਰਾਜ ਨੇ ਕਿਹਾ ਕਿ ਪੰਜਾਬ ਸਰਕਾਰ ਦਾ ਟੀਚਾ ਹੈ ਕਿ ਪੰਜਾਬ ਦਾ ਨਹਿਰੀ ਪਾਣੀ ਹਰ ਕਿਸਾਨ ਦੇ ਖੇਤ ਤੱਕ ਪੁੱਜਦਾ ਕੀਤਾ ਜਾਵੇ।ਇਸ ਸਦਕਾ ਜਿੱਥੇ ਧਰਤੀ ਹੇਠਲੇ ਪਾਣੀ ਦੀ ਬੱਚਤ ਹੋਵੇਗੀ, ਉੱਥੇ ਕਿਸਾਨਾਂ ਦੇ ਪੈਸੇ ਦੀ ਬੱਚਤ ਹੋਵੇਗੀ ਤੇ ਜ਼ਮੀਨ ਦੀ ਉਪਜਾਊ ਸ਼ਕਤੀ ਵਿੱਚ ਅਥਾਹ ਵਾਧਾ ਹੋਵੇਗਾ। ਖੇਤੀ ਮਾਹਿਰਾਂ ਦਾ ਮੰਨਣਾ ਹੈ ਕਿ ਧਰਤੀ ਹੇਠਲੇ ਪਾਣੀ ਦੇ ਮੁਕਾਬਲੇ ਨਹਿਰੀ ਪਾਣੀ ਵਿੱਚ ਜ਼ਮੀਨ ਲਈ ਲੋੜੀਂਦੇ ਖੁਰਾਕੀ ਤੱਤ ਜ਼ਿਆਦਾ ਹੁੰਦੇ ਹਨ।ਇਸ ਮੌਕੇ ਹਲਕਾ ਵਿਧਾਇਕ ਨੇ ਦੱਸਿਆ ਕਿ ਹਲਕੇ ਦੇ ਵੱਡੀ ਗਿਣਤੀ ਪਿੰਡਾਂ ਵਿੱਚ ਨਹਿਰੀ ਪਾਣੀ ਦੀਆਂ ਪਾਈਪ ਲਾਈਨਾਂ ਪਾਉਣ ਦਾ ਕੰਮ ਜੰਗੀ ਪੱਧਰ ਉੱਤੇ ਜਾਰੀ ਹੈ, ਜਿਸ ਨਾਲ ਹਲਕਾ ਸੰਗਰੂਰ ਦੇ ਵੱਡੇ ਖੇਤਰ ਨੂੰ ਨਹਿਰੀ ਪਾਣੀ ਦੀ ਸਹੂਲਤ ਮਿਲੇਗੀ ਤੇ ਧਰਤੀ ਹੇਠਲੇ ਪਾਣੀ ਉੱਤੇ ਨਿਰਭਰਤਾ ਘਟੇਗੀ।

## ਪਾਣੀ ਦੇ ਮੁੱਦੇ 'ਤੇ ਲੋਕ ਲਹਿਰ ਉਸਾਰੀ ਜਾਵੇਗੀ : ਕਿਰਤੀ ਕਿਸਾਨ ਯੂਨੀਅਨ

**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ/ਪੂਜਾ)** ਪੰਜਾਬ ਦੇ ਹਰ ਨਾਗਰਿਕ ਨੂੰ ਪੀਣ ਲਈ ਸਾਫ਼ ਪਾਣੀ ਮੁਹੱਈਆ ਕਰਵਾਉਣ ਅਤੇ ਹਰ ਖੇਤ ਤੱਕ ਨਹਿਰੀ ਪਾਣੀ ਪੁੱਜਦਾ ਕਰਾਉਣ ਤੋਂ ਇਲਾਵਾ ਪਾਣੀਆਂ ਦਾ ਮਸਲਾ ਰੀਪੇਰੀਅਨ ਸਿਧਾਂਤ ਮੁਤਾਬਕ ਹੱਲ ਹੋਵੇ, ਆਦਿ ਮੰਗਾਂ ਨੂੰ ਲੈ ਕੇ ਲਈ ਕਿਰਤੀ ਕਿਸਾਨ ਯੂਨੀਅਨ ਪਿੰਡ ਪੱਧਰੀ ਲਾਮਬੰਦੀ ਕਰਕੇ ਲੋਕ ਲਹਿਰ ਖੜੀ ਕਰੇਗੀ। ਇਨ੍ਹਾਂ ਮੁੱਦਿਆਂ 'ਤੇ ਵਿਚਾਰ ਚਰਚਾ ਕਰਨ ਲਈ ਭਾਈ ਮਹਾ ਸਿੰਘ ਹਾਲ ਵਿਖੇ ਬੁਲਾਈ ਮੀਟਿੰਗ ਤੋਂ ਬਾਅਦ ਸੂਬਾ ਵਿੱਤ ਸਕੱਤਰ ਜਸਵਿੰਦਰ ਸਿੰਘ ਝਬੇਲਵਾਲੀ ਤੇ ਜ਼ਿਲ੍ਹਾ ਪ੍ਰਧਾਨ ਬਲਜੀਤ ਸਿੰਘ ਲੰਡੇ ਰੋਡੇ ਨੇ ਕਿਹਾ ਕਿ ਪੰਜਾਬ ਸਰਕਾਰ ਕਿਸਾਨਾਂ ਨੂੰ ਕੂੜ ਪ੍ਰਚਾਰ ਕਰਕੇ ਗੁਮਰਾਹ ਕਰ ਰਹੀ ਹੈ ਕਿ ਟੇਲਾਂ ਤੱਕ ਪਾਣੀ ਪੁੱਜਦਾ ਕਰ ਦਿੱਤਾ ਗਿਆ ਹੈ, ਜਦਕਿ ਹਕੀਕਤ ਇਸ ਦੇ ਬਿਲਕੁਲ ਉਲਟ ਹੈ। ਪਿਛਲੇ ਕਈ ਮਹੀਨਿਆਂ ਤੋਂ ਪੰਜਾਬ 'ਚ ਬਹੁਤ ਸਾਰੇ ਸੂਏ ਕੱਸੀਆਂ ਸੁੱਕੇ ਪਏ ਹਨ। ਝੋਨੇ ਦੀ ਬਿਜਾਈ ਦਾ ਸੀਜ਼ਨ ਸਿਖਰ 'ਤੇ ਹੈ। ਮੱਕੀ, ਸਬਜ਼ੀਆਂ ਤੇ ਹੋਰ ਫ਼ਸਲਾਂ ਨੂੰ ਨਹਿਰੀ ਪਾਣੀ ਦੀ ਸਖ਼ਤ ਜ਼ਰੂਰਤ ਹੋਣ ਦੇ ਬਾਵਜੂਦ ਬਹੁਤ ਸਾਰੇ ਰਾਜਬਾਹੇ ਪਾਣੀ ਬਿਨਾਂ ਖਾਲੀ ਪਏ ਹਨ, ਜਿਸ ਕਾਰਨ ਕਿਸਾਨੀ ਅੰਦਰ ਭਾਰੀ ਬੇਚੈਨੀ ਪਾਈ ਜਾ ਰਹੀ ਹੈ। ਦੂਜੇ ਪਾਸੇ ਜਿੱਥੇ ਪੰਜਾਬ ਦੇ ਮਾਲਵਾ ਖਿੱਤੇ, ਖਾਸ ਕਰ ਮੁਕਤਸਰ ਤੇ ਫ਼ਾਜ਼ਿਲਕਾ ਜ਼ਿਲ੍ਹਿਆਂ ਦੀ ਧਰਤੀ ਹੇਠਲਾ ਪਾਣੀ ਭਾਵੇਂ ਬਹੁਤਾ ਡੂੰਘਾ ਨਹੀਂ ਗਿਆ ਹੈ, ਪਰ ਭਾਰੀ ਮਾਤਰਾ ਵਿੱਚ ਯੂਰੇਨੀਅਮ ਤੇ ਆਰਸੈਨਿਕ ਵਰਗੇ ਜ਼ਹਰੀਲੇ ਤੱਤ ਧਰਤੀ ਹੇਠਲੇ ਪਾਣੀ ਵਿੱਚ ਹੋਣ ਕਾਰਨ ਪਾਣੀ ਪੀਣ ਯੋਗ ਬਿਲਕੁਲ ਵੀ ਨਹੀਂ ਹੈ, ਸਗੋਂ ਸਿਹਤ ਲਈ ਬੇਹੱਦ ਖ਼ਤਰਨਾਕ ਹਨ। ਮਾਲਵਾ ਖਿੱਤਾ ਕੈਂਸਰ ਵਰਗੀਆਂ ਭਿਆਨਕ ਬਿਮਾਰੀਆਂ ਨਾਲ ਪੀੜਤ ਹੈ, ਜਿਸ ਦੀ ਧਰਤੀ ਹੇਠਲਾ ਮਾੜਾ ਪਾਣੀ ਇੱਕ ਵੱਡੀ ਵਜ੍ਹਾ ਹੈ। ਸਰਵੇ ਮੁਤਾਬਕ ਜੇਕਰ ਲੋਕਾਂ ਨੂੰ ਪੀਣ ਲਈ ਸਾਫ਼ ਪਾਣੀ ਨਾ ਮਿਲਿਆ ਤੇ ਇਸੇ ਤਰ੍ਹਾਂ ਲਗਾਤਾਰ ਗੰਦਾ ਪਾਣੀ ਪੀਣ ਲਈ ਮਜਬੂਰ ਹੋਣਾ ਪਿਆ ਤਾਂ 2028 ਤੱਕ ਪੰਜਾਬ ਦਾ ਕੋਈ ਇਹੋ ਜਿਹਾ ਘਰ ਨਹੀਂ ਹੋਵੇਗਾ, ਜਿਸ ਘਰ ਵਿੱਚ ਕੈਂਸਰ ਤੋਂ ਪੀੜਤ ਕੋਈ ਮਰੀਜ਼ ਨਾ ਹੋਵੇ। ਸੀਨੀਅਰ ਆਗੂ ਬਲਵਿੰਦਰ ਸਿੰਘ ਥਾਂਦੇਵਾਲਾ ਜ਼ਿਲ੍ਹਾ ਮੀਤ ਪ੍ਰਧਾਨ, ਗੁਰਮੀਤ ਸਿੰਘ ਮਰਾੜ ਕਲਾਂ, ਦਵਿੰਦਰ ਸਿੰਘ ਲਬਾਣੇਵਾਲੀ, ਬਲਜੀਤ ਸਿੰਘ ਫੌਜੀ ਝਬੇਲਵਾਲੀ, ਸੁਖਪਾਲ ਸਿੰਘ ਰਾਮਗੜ੍ਹ ਚੂੰਘਾ ਨੇ ਕਿਹਾ ਕਿ ਚੋਣਾਂ ਤੋਂ ਪਹਿਲਾਂ ਭਗਵੰਤ ਮਾਨ ਨੇ ਲੋਕਾਂ ਨਾਲ ਸਾਫ਼ ਪਾਣੀ ਪੀਣ ਲਈ ਦੇਣ ਦੇ ਕੀਤੇ ਵਾਅਦੇ ਦੇ ਉਲਟ ਕੇਂਦਰ ਸਰਕਾਰ ਵੱਲੋਂ ਪਾਸ ਕੀਤੇ ਗਏ ਜਲ ਸੋਧ ਐਕਟ 2024 ਨੂੰ 28 ਮਾਰਚ 2025 ਨੂੰ ਪੰਜਾਬ ਦੀ ਵਿਧਾਨ ਸਭਾ ਵਿੱਚ ਪ੍ਰਵਾਨਗੀ ਦੇ ਦਿੱਤੀ, ਜਿਸ ਅਨੁਸਾਰ ਪਾਣੀ ਪ੍ਰਦੂਸ਼ਤ ਕਰਨ ਵਾਲਿਆਂ ਨੂੰ ਹੁਣ ਕੈਦ ਨਹੀਂ ਹੋਵੇਗੀ, ਸਿਰਫ ਜੁਰਮਾਨਾ ਹੀ ਕੀਤਾ ਜਾਵੇਗਾ। ਆਗੂਆਂ ਨੇ ਪਿੰਡ ਗੋਨਿਆਣੇ ਦੇ ਅਧਿਆਪਕ ਨਰਿੰਦਰਪਾਲ ਸਿੰਘ ਦੇ ਕਾਤਲਾਂ ਨੂੰ ਸਜ਼ਾਵਾਂ ਦਿਵਾਉਣ ਲਈ 5 ਜੂਨ ਨੂੰ ਬਠਿੰਡਾ ਵਿਖੇ ਐਸਐਸਪੀ ਦਫ਼ਤਰ ਮੂਹਰੇ ਲਾਏ ਜਾ ਰਹੇ ਧਰਨੇ ਦੇ ਵਿੱਚ ਵੱਡੀ ਗਿਣਤੀ ਵਿੱਚ ਲੋਕਾਂ ਨੂੰ ਪਹੁੰਚਣ ਦੀ ਅਪੀਲ ਕੀਤੀ।



## ਜੂਨ '84 ਘੱਲੂਘਾਰਾ ਦਿਵਸ ਨੂੰ ਸਮਰਪਤ ਅਖੰਡ ਪਾਠ ਸਾਹਿਬ ਆਰੰਭ

**ਪਟਿਆਲਾ (ਰਾਜਿੰਦਰ ਸਿੰਘ ਥਿੰਦ)** ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ ਪਾਵਨ ਅਸਥਾਨ ਗੁਰਦੁਆਰਾ ਸ੍ਰੀ ਦੂਖਨਿਵਾਰਨ ਸਾਹਿਬ ਵਿਖੇ ਜੂਨ 1984 ਘੱਲੂਘਾਰੇ ਨੂੰ ਸਮਰਪਿਤ ਸ੍ਰੀ ਅਖੰਡ ਪਾਠ ਸਾਹਿਬ ਦੀ ਅਰੰਭਤਾ ਹੈੱਡ ਗ੍ਰੰਥੀ ਭਾਈ ਪ੍ਰਨਾਮ ਸਿੰਘ ਵੱਲੋਂ ਕੀਤੀ ਗਈ, ਜਿਨ੍ਹਾਂ ਦੇ ਭੋਗ ਗੁਰਦੁਆਰਾ ਸਾਹਿਬ ਦੇ ਦੀਵਾਨ ਵਿਖੇ 6 ਜੂਨ ਸਵੇਰੇ 10.30 ਵਜੇ ਪਾਏ ਜਾਣਗੇ।



ਅਰਦਾਸ ਉਪਰੰਤ ਪਾਵਨ ਹੁਕਮਨਾਮਾ ਭਾਈ ਗੁਲਵਿੰਦਰ ਸਿੰਘ ਨੇ ਲਿਆ। ਭਾਈ ਪ੍ਰਨਾਮ ਸਿੰਘ ਨੇ ਜਾਣਕਾਰੀ ਦਿੱਤੀ ਕਿ ਜੂਨ 1984 ਨੂੰ ਘੱਲੂਘਾਰਾ ਦਿਵਸ ਦੀ 41ਵੀਂ ਵਰ੍ਹੇਗੰਢ ਮੌਕੇ ਗੁਰਦੁਆਰਾ ਸਾਹਿਬ ਦੇ ਦੀਵਾਨ ਹਾਲ ਵਿਖੇ ਧਾਰਮਕ ਸਮਾਗਮ ਕਰਵਾਇਆ ਜਾਵੇਗਾ। ਉਨ੍ਹਾਂ ਕਿਹਾ ਕਿ ਜੂਨ 1984 ਦੌਰਾਨ ਸ਼ਹੀਦ ਹੋਏ ਸਿੰਘਾਂ, ਸਿੰਘਣੀਆਂ ਨੂੰ ਗੁਰਮਤਿ ਸਮਾਗਮ ਦੌਰਾਨ ਸ਼ਰਧਾ ਸਤਿਕਾਰ ਭੇਟ ਕੀਤਾ ਜਾਵੇਗਾ। ਸ੍ਰੀ ਅਖੰਡ ਪਾਠ ਸਾਹਿਬ ਦੀ ਅਰੰਭਤਾ ਮੌਕੇ ਸਾਬਕਾ ਪ੍ਰਧਾਨ ਪ੍ਰੋ. ਕਿਰਪਾਲ ਸਿੰਘ ਬਡੂੰਗਰ, ਮੈਨੇਜਰ ਭਾਗ ਸਿੰਘ, ਐਡੀਸ਼ਨਲ ਮੈਨੇਜਰ ਜਸਵਿੰਦਰ ਸਿੰਘ, ਮੀਤ ਮੈਨੇਜਰ ਮਨਦੀਪ ਸਿੰਘ ਭਲਵਾਨ, ਗੁਰਬਚਨ ਸਿੰਘ, ਭਾਈ ਸੁਖਜੀਤ ਸਿੰਘ ਬਘੌਰਾ ਤੇ ਸ਼੍ਰੋਮਣੀ ਕਮੇਟੀ ਦੇ ਅਧਿਕਾਰੀ ਤੇ ਸਟਾਫ਼ ਮੈਂਬਰ ਆਦਿ ਸ਼ਾਮਲ ਸਨ।

## ਘੱਲੂਘਾਰਾ ਦਿਹਾੜੇ ਪ੍ਰਤੀ ਵਿਵਾਦ ਪੈਦਾ ਨਹੀਂ ਕਰਨਾ ਚਾਹੀਦਾ : ਮਾਨ

**ਫਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)** ਛੇਵੀਂ ਪਾਤਸ਼ਾਹੀ ਸ੍ਰੀ ਹਰਿਗੋਬਿੰਦ ਸਾਹਿਬ ਦੁਆਰਾ ਸਥਾਪਤ ਸ੍ਰੀ ਅਕਾਲ ਤਖ਼ਤ ਸਾਹਿਬ ਦੀ ਮਹਾਨ ਸੰਸਥਾ ਦੇ ਸਦੀਆਂ ਤੋਂ ਕਾਇਮ ਚੱਲਦੇ ਆ ਰਹੇ ਮਾਣ-ਸਤਿਕਾਰ, ਰੁਤਬੇ ਤੇ ਮਹਾਨਤਾ ਨੂੰ ਮੁੱਖ ਰੱਖਦੇ ਹੋਏ ਅਤੇ ਪ੍ਰਵਾਨ ਕਰਦੇ ਹੋਏ ਕਿਸੇ ਵੀ ਸਿੱਖ ਜਾਂ ਸਿੱਖ ਸ਼ਖ਼ਸੀਅਤ ਨੂੰ ਅਜਿਹਾ ਮਾਹੌਲ ਬਿਲਕੁਲ ਵੀ ਪੈਦਾ ਨਹੀਂ ਕਰਨਾ ਚਾਹੀਦਾ, ਜਿਸ ਨਾਲ ਸਾਡੀ ਇਸ ਮਹਾਨ ਸੰਸਥਾ ਅਤੇ ਸਿੱਖਾਂ ਦੇ ਉੱਚੇ-ਸੁੱਚੇ ਇਖ਼ਲਾਕ ਉੱਤੇ ਕਿਸੇ ਤਰ੍ਹਾਂ ਦਾ ਧੱਬਾ ਲੱਗਣ ਦੀ ਗੱਲ ਆਵੇ। ਇਹ ਵਿਚਾਰ ਸਿਮਰਨਜੀਤ ਸਿੰਘ ਮਾਨ ਪ੍ਰਧਾਨ ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਨੇ ਬਾਬਾ ਹਰਨਾਮ ਸਿੰਘ ਧੁੰਮਾ ਮੁਖੀ ਦਮਦਮੀ ਟਕਸਾਲ ਅਤੇ ਉਨ੍ਹਾਂ ਨਾਲ ਸਹਿਯੋਗ ਕਰਨ ਵਾਲੀਆਂ ਸਭ ਪੰਥਕ ਜਥੇਬੰਦੀਆਂ ਨੂੰ ਅਤਿ ਗੰਭੀਰਤਾ ਭਰੀ ਅਪੀਲ ਕਰਦੇ ਹੋਏ ਅਤੇ ਖ਼ਾਲਸਾ ਪੰਥ ਨੂੰ ਜ਼ਿੰਮੇਵਾਰੀ ਨਾਲ ਇਸ ਮਹਾਨ ਦਿਨ ਨੂੰ ਅਮਨਮਈ ਤਰੀਕੇ ਨਾਲ ਮਨਾਉਣ ਦੀ ਬੇਨਤੀ ਕਰਦੇ ਹੋਏ ਪ੍ਰਗਟ ਕੀਤੇ। ਉਨ੍ਹਾਂ ਕਿਹਾ ਕਿ ਸ੍ਰੀ ਅਕਾਲ ਤਖ਼ਤ ਸਾਹਿਬ ਅਤੇ ਸ੍ਰੀ ਹਰਿਮੰਦਰ ਸਾਹਿਬ ਖ਼ਾਲਸਾ ਪੰਥ ਦਾ ਉਹ ਧੁਰਾ ਹਨ, ਜਿੱਥੋਂ ਸਮੁੱਚੀ ਕੌਮ ਆਪਣੀ ਧਾਰਮਿਕ, ਇਖ਼ਲਾਕੀ, ਸਮਾਜਿਕ ਤੇ ਸਿਆਸੀ ਅਗਵਾਈ ਲੈਂਦੀ ਹੋਈ ਹਰ ਖੇਤਰ ਵਿੱਚ ਪੂਰੀ ਸ਼ਾਨੋ ਸ਼ੌਕਤ ਨਾਲ ਵਧਦੀ ਆ ਰਹੀ ਹੈ।

## ਬਾਬਾ ਸੁਖਦੇਵ ਸਿੰਘ ਦੀ ਬਰਸੀ ਅੱਜ

**ਲੌਂਗੋਵਾਲ (ਪ੍ਰਦੀਪ ਸਿੰਘ ਲੌਂਗੋਵਾਲ)** ਸੰਬਧੋਂ ਵਾਸੀ ਬਾਬਾ ਸੁਖਦੇਵ ਸਿੰਘ ਜੀ ਦੀ ਬਰਸੀ 5 ਜੂਨ ਪਿੰਡ ਬਦਲਾ ਵਿਖੇ ਮਨਾਈ ਜਾਵੇਗੀ। ਸੇਵਾਦਾਰ ਬਾਬਾ ਧੰਨਾ ਸਿੰਘ ਨੇ ਦੱਸਿਆ ਕਿ ਬਰਸੀ ਸਬੰਧੀ ਰੱਖੇ ਗਏ ਸ੍ਰੀ ਸਹਿਜ ਪਾਠ ਦੇ ਭੋਗ 5 ਜੂਨ ਨੂੰ ਪਾਏ ਜਾਣਗੇ।ਇਸ ਉਪਰੰਤ ਬਾਬਾ ਮਨਵੀਰ ਸਿੰਘ ਜੀ ਦਿੱਤੂਪੁਰ ਜੱਟਾਂ ਵਾਲੇ ਰਸਭਿੰਨੀ ਕੀਰਤਨ ਕਰਨਗੇ ਤੇ ਭੋਗ ਉਪਰੰਤ ਗੁਰੂ ਕਾ ਲੰਗਰ ਅਤੁੱਟ ਵਰਤੇਗਾ।

## ਨਿਯਮਾਂ ਦੀ ਉਲੰਘਣਾ ਕਰਨ ਵਾਲਿਆਂ ਦੇ ਚਲਾਨ ਕੱਟੇ



**ਧੂਰੀ (ਮੋਹਿਤ ਗਰਗ, ਬਿੰਨੀ ਗਰਗ)** ਜ਼ਿਲ੍ਹਾ ਟ੍ਰੈਫਿਕ ਇੰਚਾਰਜ ਪਵਨ ਕੁਮਾਰ ਦੀ ਅਗਵਾਈ ਵਾਲੀ ਪੁਲੀਸ ਟੀਮ ਨੇ ਨਿਯਮਾਂ ਦੀ ਉਲੰਘਣਾ ਕਰਨ ਵਾਲਿਆਂ ਦੇ ਚਲਾਨ ਕੱਟਣ ਤੇ ਵਹੀਕਲ ਚਲਾਉਂਦੇ ਸਮੇਂ ਕਾਗਜ਼ ਪੱਤਰ ਪੂਰੇ ਰੱਖਣ ਅਤੇ ਟ੍ਰੈਫਿਕ ਲਈ ਨਿਰਧਾਰਤ ਮਾਪਦੰਡਾਂ ਦੀ ਪਾਲਣਾ ਕਰਨ ਦਾ ਪਾਠ ਵੀ ਪੜ੍ਹਾਇਆ। ਸ਼ੇਰਪੁਰ-ਧੂਰੀ ਸੜਕ 'ਤੇ ਸਥਿਤ ਜਹਾਂਗੀਰ ਤੇ ਘਨੌਰੀ ਕਲਾਂ ਦੇ ਦਰਮਿਆਨ ਪੁਲੀਸ ਟੀਮ ਨੇ ਨਾਕਾ ਲਾਇਆ ਹੋਇਆ ਸੀ, ਜਿੱਥੋਂ ਲੰਘਦੀਆਂ ਕਾਰਾਂ, ਜੀਪਾਂ, ਮੋਟਰਸਾਈਕਲ ਸਵਾਰਾਂ ਨੂੰ ਘਰ ਕੇ ਉਨ੍ਹਾਂ ਕੋਲ ਲੋੜੀਂਦੇ ਕਾਗ਼ਜ਼ ਪੱਤਰ ਵੇਖੇ ਗਏ।ਟ੍ਰੈਫਿਕ ਇੰਚਾਰਜ ਪਵਨ ਕੁਮਾਰ ਨੇ ਦੱਸਿਆ ਕਿ ਮੋਟਰਸਾਈਕਲ ਸਵਾਰਾਂ ਨੂੰ ਹੈਲਮਟ ਪਹਿਨ ਕੇ ਚੱਲਣ, ਕਾਰ ਸਵਾਰਾਂ ਨੂੰ ਸੀਟ ਬੈਲਟ ਲਾਉਣ, ਵਹੀਕਲਾਂ ਦੀ ਆਰਸੀ, ਡਰਾਈਵਿੰਗ ਲਾਇਸੰਸ, ਪ੍ਰਦੂਸ਼ਨ ਸਰਟੀਫਿਕੇਟ, ਬੀਮਾਂ ਆਦਿ ਦਾ ਨਿਰੀਖਣ ਕੀਤਾ ਗਿਆ।ਉਨ੍ਹਾਂ ਬੁਲਟ 'ਤੇ ਪਟਾਕੇ ਮਾਰਨ ਵਾਲਿਆਂ 'ਤੇ ਖਾਸ ਨਜ਼ਰ ਬਣਾ ਕੇ ਰੱਖੀ ਹੋਈ ਸੀ। ਜ਼ਿਲ੍ਹਾ ਟ੍ਰੈਫਿਕ ਇੰਚਾਰਜ ਨੇ ਦੁਪਹਿਰ ਤੱਕ ਵੀਹ ਚਲਾਨ ਹੋਣ ਦੀ ਪੁਸ਼ਟੀ ਕੀਤੀ।

## ਅਧਿਕਾਰਾਂ ਪ੍ਰਤੀ ਜਾਗਰੂਕ ਹੋਣ ਦੀ ਲੋੜ : ਸੁਖਵਿੰਦਰ ਸਿੰਘ ਡੈਨੀ

**ਸਿਰਸਾ (ਸੁਰਿੰਦਰ ਪਾਲ ਸਿੰਘ)** ਆਲ ਇੰਡੀਆ ਮਜ਼ਹਬੀ ਸਿੱਖ ਵੈਲਫੇਅਰ ਐਸੋਸੀਏਸ਼ਨ ਦੇ ਪ੍ਰਮੁੱਖ ਆਗੂ ਸਵਿੰਦਰ ਸਿੰਘ ਸਿਰਸਾ ਵੱਲੋਂ ਕਿਹਾ ਗਿਆ ਕਿ ਪਿਛਲੇ ਦਿਨੀ ਮਾਨਸਾ ਵਿਖੇ ਮਜ਼ਹਬੀ ਸਿੱਖ ਭਾਈਚਾਰੇ ਦੀ ਦਿਸ਼ਾ ਤੇ ਦਸ਼ਾ 'ਤੇ ਚਿੰਤਨ ਸਬੰਧੀ ਕੀਤੇ ਮਹਾਂ ਸੰਮੇਲਨ ਵਿਚ ਏਆਈਸੀਸੀ ਨਵੀਂ ਦਿੱਲੀ ਦੇ ਸਕੱਤਰ ਸੁਖਵਿੰਦਰ ਸਿੰਘ ਡੈਨੀ ਨੂੰ ਆਲ ਇੰਡੀਆ ਮਜ਼ਹਬੀ ਸਿੱਖ ਵੈਲਫੇਅਰ ਐਸੋਸੀਏਸ਼ਨ ਵੱਲੋਂ ਵਾਰਿਸ-ਏ-ਕੌਮ ਦੀ ਉਪਾਧੀ ਨਾਲ ਸਨਮਾਨਤ ਕਰਨ ਦੇ ਨਾਲ-ਨਾਲ ਧਾਰਮਿਕ ਸਿੱਖ ਵਿਰਸਾ ਦਲ ਦੇ ਮੁਖੀ ਬਾਬਾ ਹਰਜਿੰਦਰ ਸਿੰਘ ਖ਼ਾਲਸਾ ਨੂੰ ਵਿਰਾਸਤ-ਏ-ਸਿੱਖੀ ਦੇ ਯਾਦਗਾਰੀ ਚਿੰਨ੍ਹ ਨਾਲ ਸਨਮਾਨਤ ਕੀਤਾ ਗਿਆ। ਮੁੱਖ ਮਹਿਮਾਨ ਨੇ ਸੁਖਵਿੰਦਰ ਸਿੰਘ ਨੇ ਕਿਹਾ ਕਿ ਮਜ਼ਹਬੀ ਸਿੱਖਾਂ ਨੂੰ ਹੁਣ ਗਰੀਬੀ, ਲਾਚਾਰੀ, ਅਨਪੜ੍ਹਤਾ ਤੇ ਆਰਥਿਕ ਹਾਲਾਤਾਂ ਨੂੰ ਸਮਝਣ ਹਿਤ ਸਿੱਖਿਅਤ ਹੋਣਾ ਬਹੁਤ ਜ਼ਰੂਰੀ ਹੈ। ਉਨ੍ਹਾਂ ਕਿਹਾ ਕਿ ਸਾਡੀ ਆਬਾਦੀ ਬਹੁਤ ਜ਼ਿਆਦਾ ਹੈ, ਪਰ ਸਾਨੂੰ ਗਿਣਤੀ ਦੇ ਅਨੁਪਾਤ ਅਨੁਸਾਰ ਰਾਖਵੇਂਕਰਨ ਦਾ ਲਾਭ ਨਹੀਂ ਮਿਲਿਆ। ਏਆਈਸੀਸੀ ਨਵੀਂ ਦਿੱਲੀ ਦੇ ਸਕੱਤਰ ਇੰਚਾਰਜ ਸੁਖਵਿੰਦਰ ਡੈਨੀ ਨੇ ਕਿਹਾ ਕਿ ਜ਼ਿਆਦਾ ਗਿਣਤੀ ਹੋਣ 'ਤੇ ਵੀ ਅਸੀਂ ਬਾਕੀ ਸਾਰੀਆਂ ਅਨੁਸੂਚਿਤ ਜਾਤੀਆਂ ਤੋਂ ਪਛੜੇ ਹਾਂ, ਭਾਵੇਂ ਉਹ ਸਿੱਖਿਆ ਹੋਵੇ, ਸਰਕਾਰੀ ਨੌਕਰੀਆਂ ਹੋਣ ਜਾਂ ਰਾਜਨੀਤੀ। ਅਸੀਂ ਇਨ੍ਹਾਂ ਸਭ ਤੋਂ ਪਛੜੇ ਹਾਂ। ਸਵਿੰਦਰ ਸਿੰਘ ਸਿਰਸਾ ਨੇ ਕਿਹਾ ਕਿ ਮਜ਼ਹਬੀ ਸਿੱਖ ਤੇ ਬਾਲਮੀਕੀ ਭਾਈਚਾਰੇ ਨੂੰ ਅੱਜ ਤੱਕ ਮੁੱਖ ਮੰਤਰੀ ਬਣਨ ਦਾ ਮੌਕਾ ਨਹੀਂ ਮਿਲਿਆ, ਇਹ ਸਾਡੀ ਤ੍ਰਾਸਦੀ ਹੈ। ਇਸ ਮੌਕੇ ਆਲ ਇੰਡੀਆ ਮਜ਼ਹਬੀ ਸਿੱਖ ਵੈਲਫੇਅਰ ਐਸੋਸੀਏਸ਼ਨ ਦੇ ਰਾਜਨੀਤਿਕ ਵਿੰਗ ਵੱਲੋਂ 'ਹਮਾਰਾ ਮਿਸ਼ਨ ਹਮਾਰੀ ਏਕਤਾ' ਦੀ ਮੁਹਿੰਮ ਤਹਿਤ ਮਜ਼ਹਬੀ ਸਿੱਖਾਂ ਵਿੱਚੋਂ ਮੁੱਖ ਮੰਤਰੀ ਬਣਾਉਣ ਦੀ ਮੰਗ ਜ਼ੋਰਦਾਰ ਤਰੀਕੇ ਨਾਲ ਉਠਾਈ ਗਈ। ਇਸ ਮਹਾਂਸੰਮੇਲਨ ਦੌਰਾਨ ਰਾਜਨੀਤਿਕ ਵਿੰਗ ਦੇ ਪ੍ਰਧਾਨ ਜਸਵਿੰਦਰ ਸਿੰਘ ਧਾਲੀਵਾਲ ਨੇ ਕਿਹਾ ਕਿ ਸਾਡੇ ਅਧਿਕਾਰਾਂ ਪ੍ਰਤੀ ਜਾਗਰੂਕਤਾ ਦੀ ਘਾਟ ਕਾਰਨ ਸਾਡਾ ਸਮਾਜ ਹਮੇਸ਼ਾ ਪੱਛੜਿਆ ਰਿਹਾ ਹੈ।



## ਐੱਮ ਆਰ ਦਾਸ ਮੈਮੋਰੀਅਲ ਤਾਇਕਵਾਂਡੋ ਚੈਂਪੀਅਨਸ਼ਿਪ ਦਾ ਆਯੋਜਨ

**ਫ਼ਿਰੋਜ਼ਪੁਰ (ਅਸ਼ੋਕ ਸ਼ਰਮਾ)** ਐਨਰਜੀ ਸਪੋਰਟਸ ਐਂਡ ਫਿਟਨੈਸ ਅਕੈਡਮੀ ਤੇ ਜ਼ਿਲ੍ਹਾ ਫਿਰੋਜ਼ਪੁਰ ਤਾਇਕਵਾਂਡੋ ਐਸੋਸੀਏਸ਼ਨ ਵੱਲੋਂ ਡੀਸੀ ਮਾਡਲ ਇੰਟਰਨੈਸ਼ਨਲ ਸਕੂਲ, ਫ਼ਿਰੋਜ਼ਪੁਰ ਵਿੱਚ ਐੱਮਆਰ ਦਾਸ ਮੈਮੋਰੀਅਲ ਓਪਨ ਤਾਇਕਵਾਂਡੋ ਚੈਂਪੀਅਨਸ਼ਿਪ ਦਾ ਵਿਸ਼ੇਸ਼ ਆਯੋਜਨ ਕੀਤਾ ਗਿਆ। ਚੈਂਪੀਅਨਸ਼ਿਪ ਦੀ ਅਗਵਾਈ ਐਸੋਸੀਏਸ਼ਨ ਦੇ ਪ੍ਰਧਾਨ ਤੇ ਡੀਸੀਐੱਮ ਗਰੁੱਪ ਦੇ ਸੀਈਓ ਅਨਿਰੁਧ ਗੁਪਤਾ ਨੇ ਕੀਤੀ। ਉਨ੍ਹਾਂ ਦੇ ਨਾਨਾ ਦੀ ਯਾਦ ਵਿਚ ਆਯੋਜਿਤ ਇਸ ਟੂਰਨਾਮੈਂਟ ਦਾ ਉਦਘਾਟਨ ਜ਼ਿਲ੍ਹਾ ਸਿੱਖਿਆ ਅਧਿਕਾਰੀ ਮਨੀਲਾ ਅਰੋੜਾ ਵੱਲੋਂ ਕੀਤਾ ਗਿਆ। ਇਸ ਇਵੈਂਟ ਵਿੱਚ ਜ਼ਿਲ੍ਹੇ ਦੇ ਕਈ ਸਕੂਲਾਂ ਅਤੇ ਅਕੈਡਮੀਆਂ ਦੀਆਂ ਟੀਮਾਂ, ਕੋਚ ਤੇ ਖਿਡਾਰੀ ਸ਼ਾਮਲ ਹੋਏ। \ ਲਗਭਗ 200 ਖਿਡਾਰੀਆਂ, ਰੈਫਰੀਆਂ ਤੇ ਕੋਚਾਂ ਨੇ ਆਪਣਾ ਜੋਸ਼ ਦਿਖਾਇਆ। ਉਪ ਪ੍ਰਧਾਨ ਮਨੂ ਸ਼ਰਮਾ, ਤਕਨੀਕੀ ਨਿਰਦੇਸ਼ਕ ਪੰਕਜ ਚੌਰਸੀਆ, ਸਕੱਤਰ ਅਵਤਾਰ ਸਿੰਘ ਜੋਸਨ, ਲਖਵਿੰਦਰ ਸਿੰਘ (ਕਾਨੂੰਨੀ ਸਲਾਹਕਾਰ), ਅਭਿਸ਼ੇਕ ਮਦਾਨ, ਮਨਰੀਤ ਸਿੰਘ, ਗਗਨਦੀਪ ਕੌਰ, ਭੁਪਿੰਦਰ ਸਿੰਘ, ਰੋਹਿਤ ਗਿੱਲ, ਜਸਪ੍ਰੀਤ ਸਿੰਘ, ਇਸ਼ਮੀਤ ਸਿੰਘ, ਸੁਖਵਿੰਦਰ ਸਿੰਘ ਆਦਿ ਮਹੱਤਵਪੂਰਨ ਵਿਅਕਤੀਆਂ ਨੇ ਹਾਜ਼ਰੀ ਭਰੀ। ਪੰਕਜ ਚੌਰਸੀਆ ਨੇ ਦੱਸਿਆ ਕਿ ਚੈਂਪੀਅਨਸ਼ਿਪ ਵਿੱਚ ਵਧੀਆ ਪ੍ਰਦਰਸ਼ਨ ਕਰਨ ਵਾਲੇ ਖਿਡਾਰੀਆਂ ਦੀ ਚੋਣ ਸੂਬਾ ਪੱਧਰ ਦੀ ਚੈਂਪੀਅਨਸ਼ਿਪ ਲਈ ਕੀਤੀ ਗਈ ਹੈ। ਸਮਾਪਨ ਸਮਾਰੋਹ ਦੌਰਾਨ ਸਾਰੇ ਮਹਿਮਾਨਾਂ, ਮਾਪਿਆਂ ਤੇ ਖਿਡਾਰੀਆਂ ਦਾ ਸਨਮਾਨ ਕਰਕੇ ਧੰਨਵਾਦ ਕੀਤਾ ਗਿਆ।



## ਵਾਤਾਵਰਣ ਦਿਵਸ ਮੌਕੇ ਰੁੱਖ ਲਾਉਣ ਦੀ ਹੋਵੇਗੀ ਸ਼ੁਰੂਆਤ

**ਫਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)** ਜ਼ਿਲ੍ਹਾ ਅਤੇ ਸੈਸ਼ਨ ਜੱਜ-ਕਮ-ਚੇਅਰਮੈਨ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਸ੍ਰੀ ਅਰੁਣ ਗੁਪਤਾ ਨੇ ਜ਼ਿਲ੍ਹੇ ਦੇ ਨਾਗਰਿਕਾਂ ਨੂੰ ਅਪੀਲ ਕੀਤੀ ਹੈ ਕਿ 5 ਜੂਨ ਨੂੰ ਵਿਸ਼ਵ ਵਾਤਾਵਰਣ ਦਿਵਸ ਮੌਕੇ ਵੱਧ ਤੋਂ ਵੱਧ ਬੂਟੇ ਲਾਏ ਜਾਣ ਤਾਂ ਜੋ ਸ਼ਹੀਦਾਂ ਦੀ ਧਰਤੀ ਨੂੰ ਪ੍ਰਦੂਸ਼ਣ ਮੁਕਤ ਕੀਤਾ ਜਾ ਸਕੇ।ਉਨ੍ਹਾਂ ਦੱਸਿਆ ਕਿ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਵੱਲੋਂ ਵਿਸ਼ਵ ਵਾਤਾਵਰਣ ਦਿਵਸ ਮੌਕੇ ਰੁੱਖ ਲਾਉਣ ਦੀ ਮੁਹਿੰਮ ਦੀ ਸ਼ੁਰੂਆਤ ਕੀਤੀ ਜਾਣੀ ਹੈ, ਜੋ 05 ਜੂਨ ਤੋਂ ਲੈ ਕੇ 05 ਜੁਲਾਈ ਤੱਕ ਜਾਰੀ ਰਹੇਗੀ। ਇਸ ਮੁਹਿੰਮ ਦੇ ਤਹਿਤ 'ਇੱਕ ਨਾਗਰਿਕ, ਇੱਕ ਰੁੱਖ' ਦੇ ਨਾਅਰੇ ਮੁਤਾਬਕ ਹਰੇਕ ਨਾਗਰਿਕ ਨੂੰ ਘੱਟੋ-ਘੱਟ ਇੱਕ ਰੁੱਖ ਜ਼ਰੂਰ ਲਾ ਕੇ ਉਸ ਦੀ ਦੇਖ-ਰੇਖ ਦੀ ਜ਼ਿੰਮੇਵਾਰੀ ਵੀ ਸੰਭਾਲਣੀ ਚਾਹੀਦੀ ਹੈ। ਸ੍ਰੀ ਗੁਪਤਾ ਨੇ ਕਿਹਾ ਕਿ ਦਿਨੋ ਦਿਨ ਵਧ ਰਹੀ ਗਲੋਬਲ ਵਾਰਮਿੰਗ ਸਮੁੱਚੀ ਮਨੁੱਖਤਾ ਲਈ ਇੱਕ ਗੰਭੀਰ ਖਤਰਾ ਬਣ ਰਹੀ ਹੈ ਅਤੇ ਬੂਟੇ ਲਾ ਕੇ ਹੀ ਅਸੀਂ ਆਪਣੇ ਵਾਤਾਵਰਣ ਨੂੰ ਹਰਿਆ ਭਰਿਆ ਬਣਾ ਕੇ ਪ੍ਰਦੂਸ਼ਣ ਤੋਂ ਛੁਟਕਾਰਾ ਪਾ ਸਕਦੇ ਹਾਂ।ਉਨ੍ਹਾਂ ਕਿਹਾ ਕਿ ਰੁੱਖਾਂ ਦਾ ਮਨੁੱਖੀ ਜੀਵਨ ਨਾਲ ਨੇੜਲਾ ਰਿਸ਼ਤਾ ਹੁੰਦਾ ਹੈ।ਉਨ੍ਹਾਂ ਕਿਹਾ ਕਿ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਵੱਲੋਂ ਜਿੱਥੇ ਲੋੜਵੰਦਾਂ ਨੂੰ ਮੁਫਤ ਕਾਨੂੰਨੀ ਸਹਾਇਤਾ ਦਿੱਤੀ ਜਾਂਦੀ ਹੈ, ਉੱਥੇ ਹੀ ਸਮਾਜਿਕ ਵਿਸ਼ਿਆਂ ਨਾਲ ਜੁੜੇ ਮਾਮਲਿਆਂ 'ਤੇ ਵੀ ਨਿਰੰਤਰ ਕਾਰਜ ਕੀਤੇ ਜਾ ਰਹੇ ਹਨ।



## ਨਸ਼ਾ ਮੁਕਤੀ ਯਾਤਰਾ ਨੂੰ ਮਿਲ ਰਿਹਾ ਭਰਵਾਂ ਹੁੰਗਾਰਾ : ਅਮੀਤ ਖੁੱਡੀਆਂ



**ਸ੍ਰੀ ਮੁਕਤਸਰ ਸਾਹਿਬ/ਲੰਬੀ (ਸ਼ਮਿੰਦਰਪਾਲ/ ਓਮ ਪ੍ਰਕਾਸ਼ ਸ਼ੇਖੂ/ਪੂਜਾ)** ਪੰਜਾਬ ਸਰਕਾਰ ਵੱਲੋਂ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਅਧੀਨ ਸੂਬੇ ਵਿੱਚ ਸ਼ੁਰੂ ਕੀਤੀ ਨਸ਼ਾ ਮੁਕਤੀ ਯਾਤਰਾ ਤਹਿਤ ਵਿਧਾਨ ਸਭਾ ਲੰਬੀ ਦੇ ਪਿੰਡ ਪੰਜਾਵਾ ਤੇ ਕੱਖਾਂਵਾਲੀ ਵਿਖੇ ਯੂਥ ਆਗੂ ਅਮੀਤ ਖੁੱਡੀਆਂ ਦੀ ਅਗਵਾਈ ਹੇਠ ਨਸ਼ਿਆਂ ਦੇ ਮਾੜੇ ਪ੍ਰਭਾਵਾਂ ਤੋਂ ਜਾਣੂ ਕਰਾਉਣ ਲਈ ਜਾਗਰੂਕਤਾ ਸਮਾਗਮਾਂ ਕਰਾਏ ਗਏ। ਅਮੀਤ ਖੁੱਡੀਆਂ ਨੇ ਕਿਹਾ ਕਿ ਨਸ਼ਿਆਂ ਦੇ ਖ਼ਾਤਮੇ ਲਈ ਸੂਬਾ ਸਰਕਾਰ ਵੱਲੋਂ ਸ਼ੁਰੂ ਕੀਤੀ ਨਸ਼ਾ ਮੁਕਤੀ ਯਾਤਰਾ ਨੂੰ ਪਿੰਡਾਂ ਵਿੱਚ ਭਰਵਾਂ ਹੁੰਗਾਰਾ ਮਿਲ ਰਿਹਾ ਹੈ।ਉਨ੍ਹਾਂ ਕਿਹਾ ਕਿ ਹੁਣ ਉਹ ਦਿਨ ਦੂਰ ਨਹੀਂ, ਜਦੋਂ ਸੂਬੇ ਵਿੱਚੋਂ ਨਸ਼ਿਆਂ ਦਾ ਮੁਕੰਮਲ ਤੌਰ ਉੱਤੇ ਖ਼ਾਤਮਾ ਹੋ ਜਾਵੇਗਾ। ਉਨ੍ਹਾਂ ਕਿਹਾ ਕਿ ਨਸ਼ਾ ਮੁਕਤੀ ਯਾਤਰਾ ਦਾ ਉਦੇਸ਼ ਸੂਬੇ ਦੇ ਨੌਜਵਾਨਾਂ ਨੂੰ ਨਸ਼ਿਆਂ ਦੀ ਦਲਦਲ ਵਿੱਚੋਂ ਬਾਹਰ ਕੱਢਣਾ ਤੇ ਉਨ੍ਹਾਂ ਨੂੰ ਸਿਹਤਮੰਦ ਅਤੇ ਉੱਜਵਲ ਭਵਿੱਖ ਵੱਲ ਲਿਜਾਣਾ ਹੈ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਨਸ਼ਿਆਂ ਦੇ ਖ਼ਿਲਾਫ਼ ਜੰਗ ਨੂੰ ਪੂਰੀ ਗੰਭੀਰਤਾ ਨਾਲ ਲੜ ਰਹੀ ਹੈ ਤੇ ਇਸਦੇ ਲਈ ਜ਼ਮੀਨੀ ਪੱਧਰ 'ਤੇ ਜਾਗਰੂਕਤਾ ਫੈਲਾਉਣਾ ਬਹੁਤ ਜ਼ਰੂਰੀ ਹੈ। ਇਸ ਦੌਰਾਨ ਉਨ੍ਹਾਂ ਪਿੰਡ ਪੱਧਰੀ ਡਿਫੈਂਸ ਕਮੇਟੀਆਂ ਦੇ ਮੈਂਬਰਾਂ ਨੂੰ ਕਿਹਾ ਕਿ ਸੂਬੇ ਵਿੱਚੋਂ ਨਸ਼ਿਆਂ ਦੇ ਖ਼ਾਤਮੇ ਲਈ ਸਰਕਾਰ ਵੱਲੋਂ ਕੀਤੇ ਜਾ ਰਹੇ ਉਪਰਾਲਿਆਂ ਵਿੱਚ ਵੱਧ ਤੋਂ ਵੱਧ ਸਹਿਯੋਗ ਦਿੱਤਾ ਜਾਵੇ ਤੇ ਪਿੰਡ ਵਾਸੀਆਂ ਨੂੰ ਨਿਰੰਤਰ ਨਸ਼ਿਆਂ ਵਿਰੁੱਧ ਲੜੀ ਜਾ ਰਹੀ ਜੰਗ ਵਿੱਚ ਇਕਜੁਟ ਹੋ ਕੇ ਸਰਕਾਰ ਦਾ ਸਹਿਯੋਗ ਦੇਣ ਲਈ ਪ੍ਰੇਰਤ ਕੀਤਾ ਜਾਵੇ।

## 200 ਲੀਟਰ ਲਾਹਣ ਬਰਾਮਦ, ਇੱਕ ਵਿਰੁੱਧ ਪਰਚਾ ਦਰਜ

**ਜਲਾਲਾਬਾਦ, (ਜੀਤ ਕੁਮਾਰ)** ਥਾਣਾ ਵੈਰੋਕੇ ਦੀ ਪੁਲਿਸ ਵੱਲੋਂ ਪਿੰਡ ਚੱਕ ਬਲੋਚਾ ਉਰਫ ਮਹਾਲਮ ਵਿਖੇ ਰੇਡ ਕਰਕੇ 200 ਲੀਟਰ ਲਾਹਣ ਬਰਾਮਦ ਕੀਤੀ ਗਈ ਹੈ। ਜਾਂਚ ਅਧਿਕਾਰੀ ਸਹਾਇਕ ਥਾਣੇਦਾਰ ਸਵਾਰ ਸਿੰਘ ਨੇ ਦੱਸਿਆ ਕਿ ਪੁਲਿਸ ਪਾਰਟੀ ਨੂੰ ਗਸ਼ਤ ਦੌਰਾਨ ਇਤਲਾਹ ਮਿਲੀ ਸੀ ਕਿ ਸਤਨਾਮ ਸਿੰਘ ਪੁੱਤਰ ਮੁਖਤਿਆਰ ਸਿੰਘ ਵਾਸੀ ਚੱਕ ਬਲੋਚਾ ਉਰਫ ਮਹਾਲਮ ਆਪਣੇ ਘਰ ਵਿੱਚ ਲਾਹਣ ਪਾ ਕੇ ਨਜਾਇਜ਼ ਸ਼ਰਾਬ ਕੱਢਣ ਦਾ ਆਦੀ ਹੈ ਅਤੇ ਜੇਕਰ ਹੁਣੇ ਹੀ ਰੇਡ ਕੀਤਾ ਜਾਵੇ ਤਾਂ ਰੰਗੇ ਹੱਥੀਂ ਕਾਬੂ ਆ ਸਕਦਾ ਹੈ। ਪੁਲਸ ਪਾਰਟੀ ਨੇ ਰੇਡ ਕਰਕੇ 200 ਲੀਟਰ ਲਾਹਣ ਬਰਾਮਦ ਕੀਤੀ ਹੈ, ਜਦੋਂਕਿ ਸਤਨਾਮ ਸਿੰਘ ਮੌਕੇ ਤੋਂ ਫਰਾਰ ਹੋ ਗਿਆ। ਥਾਣਾ ਵੈਰੋਕੇ ਵਿਖੇ ਸਤਨਾਮ ਸਿੰਘ ਪੁੱਤਰ ਮੁਖਤਿਆਰ ਸਿੰਘ ਵਾਸੀ ਮਹਾਲਮ ਦੇ ਵਿਰੁੱਧ ਆਬਕਾਰੀ ਐਕਟ ਤਹਿਤ ਪਰਚਾ ਦਰਜ ਕੀਤਾ ਗਿਆ ਹੈ।

## ਮੁਲਾਜ਼ਮ ਏਕਤਾ ਸੰਘਰਸ਼ ਕਮੇਟੀ ਦੀ ਮੀਟਿੰਗ ਹੋਈ



**ਜਲਾਲਾਬਾਦ (ਜੀਤ ਕੁਮਾਰ)** ਮੁਲਾਜ਼ਮ ਏਕਤਾ ਸੰਘਰਸ਼ ਕਮੇਟੀ ਦੇ ਵਿਵੇਕਾਨੰਦ ਪਾਰਕ ਵਿਖੇ ਸਮੂਹ ਅਧਿਆਪਕ ਜਥੇਬੰਦੀਆਂ ਦੀ ਹੰਗਾਮੀ ਮੀਟਿੰਗ ਕੀਤੀ ਗਈ, ਜਿਸ ਵਿੱਚ ਮਾਸਟਰ ਕੇਡਰ ਯੂਨੀਅਨ, ਬੀਐਡ ਫਰੰਟ ਯੂਨੀਅਨ, ਈਟੀਟੀ ਅਧਿਆਪਕ ਯੂਨੀਅਨ, ਈਟੀਟੀ ਟੀਚਰ ਯੂਨੀਅਨ, ਐਲੀਮੈਂਟਰੀ ਟੀਚਰਜ਼ ਯੂਨੀਅਨ, 3704 ਅਧਿਆਪਕ ਯੂਨੀਅਨ, ਈਟੀਟੀ ਟੈਟ ਪਾਸ ਯੂਨੀਅਨ, 6505 ਅਧਿਆਪਕ ਯੂਨੀਅਨ, ਜੀਟੀਯੂ ਵਿਗਿਆਨਿਕ ਦੇ ਆਗੂਆਂ ਵੱਲੋਂ ਸ਼ਮੂਲੀਅਤ ਕੀਤੀ ਗਈ। ਸਮੂਹ ਅਧਿਆਪਕ ਆਗੂਆਂ ਵੱਲੋਂ ਇਸ ਏਕੇ ਵਾਲੇ ਸੰਘਰਸ਼ ਵਿੱਚ ਵਧ-ਚੜ੍ਹ ਕੇ ਸਰਕਾਰ ਵਿਰੁੱਧ ਹੀ ਹਿੱਸਾ ਲੈਣ ਤੇ ਸਹਿਮਤੀ ਜਤਾਈ ਗਈ ਤੇ ਭਵਿੱਖ ਵਿੱਚ ਇਸੇ ਤਰ੍ਹਾਂ ਏਕੇ ਨਾਲ ਲੜਨ ਲਈ ਪ੍ਰਣ ਲਿਆ ਗਿਆ। ਆਗੂਆਂ ਵੱਲੋਂ ਸਰਕਾਰ ਨੂੰ ਚੇਤਾਵਨੀ ਦਿੱਤੀ ਗਈ ਕਿ ਹੁਣ ਲਾਰਿਆਂ ਨਾਲ ਨਹੀਂ ਸਰਨਾ ਤੇ ਜੇਕਰ ਮੁਲਾਜ਼ਮ ਤੁਹਾਡੀ ਸਰਕਾਰ ਲਿਆ ਸਕਦੇ ਹਨ ਤਾਂ ਤੁਹਾਡੀ ਸਰਕਾਰ ਦਾ ਅੰਤ ਵੀ ਮੁਲਾਜ਼ਮ ਹੀ ਕਰਨਗੇ। ਆਗੂਆਂ ਵੱਲੋਂ ਵੋਟਾਂ ਸਮੇਂ ਦਿੱਤੇ ਜਾਂਦੇ ਲਾਰਿਆਂ ਨੂੰ ਦਰਕਿਨਾਰ ਕਰਦੇ ਹੋਏ ਸਰਕਾਰ ਨੂੰ ਪੁਰਾਣੀ ਪੈਨਸ਼ਨ ਬਹਾਲ ਕਰਨ ਦੇ ਲਈ, 1972 ਪੁਰਾਣੀ ਪੈਨਸ਼ਨ ਦੇ ਨਿਯਮਾ ਤਹਿਤ ਐਸਓਪੀ ਸਾਹਿਤ ਨੋਟੀਫਿਕੇਸ਼ਨ ਜਾਰੀ ਕਰਕੇ ਜੀਪੀਐਫ ਖਾਤੇ ਖੋਲ੍ਹਣ ਲਈ ਚੇਤਾਵਨੀ ਦਿੱਤੀ। ਜੇ ਸਰਕਾਰ ਨੇ ਕੀਤਾ ਵਾਅਦਾ ਪੂਰਾ ਨਾ ਕੀਤਾ ਤਾਂ ਸਰਕਾਰ ਨੂੰ ਇਸ ਦੇ ਨਤੀਜੇ ਲੁਧਿਆਣਾ ਜ਼ਿਮਨੀ ਚੋਣਾਂ ਵਿੱਚ ਅਤੇ ਆਉਣ ਵਾਲੀਆਂ 27 ਦੇ ਇਲੈਕਸ਼ਨ ਵਿੱਚ ਭੁਗਤਣਾ ਪਏਗਾ। ਆਗੂਆਂ ਵੱਲੋਂ ਏਕੇ ਨੂੰ ਮਜਬੂਤ ਕਰਨ ਲਈ ਤੇ ਹੋਰ ਬਾਹਰ ਰਹਿੰਦੀਆਂ ਜਥੇਬੰਦੀਆਂ ਨੂੰ ਏਕੇ ਦੇ ਰਾਹ 'ਤੇ ਚੱਲਣ ਦੇ ਲਈ ਸੰਦੇਸ਼ ਦਿੱਤਾ ਤੇ ਲੁਧਿਆਣੇ ਹੋਣ ਵਾਲੇ ਝੰਡਾ ਮਾਰਚ ਵਿੱਚ ਸਰਕਾਰ ਵੱਲੋਂ ਮੁਲਾਜ਼ਮਾਂ ਵਿਰੁੱਧ ਚਿਹਰੇ ਨੂੰ ਲੋਕਾਂ ਸਾਹਮਣੇ ਪਰਦਾਫਾਸ਼ ਕਰਨ ਦੀ ਦੀ ਚੇਤਾਵਨੀ ਦਿੱਤੀ। ਮੀਟਿੰਗ ਵਿੱਚ ਇਹ ਫੈਸਲੇ ਲਏ ਗਏ ਕਿ ਹਰ ਜਥੇਬੰਦੀ 12 ਤਰੀਕ ਨੂੰ ਲੁਧਿਆਣੇ ਦੇ ਝੰਡਾ ਮਾਰਚ ਵਾਲੇ ਐਕਸ਼ਨ ਲਈ ਤਿੰਨ ਕਾਰਾਂ ਵਿੱਚ 15 ਸਾਥੀਆਂ ਸਹਿਤ ਸ਼ਮੂਲੀਅਤ ਕਰੇਗੀ।

## 29 ਜੁਲਾਈ ਤੱਕ ਭਰੇ ਜਾ ਸਕਦੇ ਹਨ ਛੇਵੀਂ ਜਮਾਤ ਦੀ ਦਾਖਲਾ ਪ੍ਰੀਖਿਆ ਲਈ ਫਾਰਮ

ਮੈਂ, ਰਾਜੇਸ਼ ਗੁਪਤਾ ਪੁੱਤਰ ਸ੍ਰੀ ਰਮੇਸ਼ ਚੰਦ ਵਾਸੀ ਮਕਾਨ ਨੰਬਰ 302, ਮੈਡੀਕਲ ਇੰਨਕਲੇਵ, ਸਰਕੂਲਰ ਰੋਡ, ਅੰਮ੍ਰਿਤਸਰ ਦਾ ਵਸਨੀਕ ਹਾਂ ਮੇਰਾ ਕੁਆਰਾ ਲੜਕਾ ਹਰ ਗੁਪਤਾ ਜੋ ਕਿ ਆਪਣੀ ਮਨ ਮਰਜੀ ਕਰਨ ਅਤੇ ਮਾੜੀ ਸੰਗਤ ਦਾ ਆਦੀ ਹੈ ਅਤੇ ਮੇਰੀ ਜਾਇਦਾਦ ਹੜਪਣਾ ਚਾਹੁੰਦਾ ਹੈ ਜੋ ਮੇਰੇ ਹਰ ਪ੍ਰਕਾਰ ਦੇ ਕਹਿਣੇ ਸੁਨਣੇ ਤੋ ਬਾਹਰ ਹੈ ਜਿਸ ਲਈ ਮੈਂ ਆਪਣੇ ਲੜਕੇ ਹਰਸ ਗੁਪਤਾ ਨੂੰ ਆਪਣੀ ਚੱਲ ਅਤੇ ਅਚੱਲ ਜਾਇਦਾਦ ਤੋ ਬੇਦਖਲ ਕਰਦਾ ਹਾਂ ਮੇਰੇ ਲੜਕੇ ਦੇ ਨਾਲ ਮਿਲ ਵਰਤਨ ਰੱਖਣ ਅਤੇ ਲੈਣ ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ ਜਿਸ ਵਿਚ ਮੇਰੀ ਕੋਈ ਜ਼ਿੰਮੇਵਾਰੀ ਨਹੀ ਹੋਵੇਗੀ

ਮੈਂ, ਤਰਸੇਮ ਸਿੰਘ ਪੁੱਤਰ ਰੂਪ ਸਿੰਘ ਵਾਸੀ ਜਲਾਲ ਪੱਤੀ, ਪਿੰਡ ਬਿਲਾਸਪੁਰ, ਤਹਿਸੀਲ ਨਿਹਾਲ ਸਿੰਘ ਵਾਲਾ, ਜ਼ਿਲ੍ਹਾ ਮੋਗਾ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਸੁਖਜਿੰਦਰ ਸਿੰਘ ਮੇਰੇ ਕਹਿਣੇਕਾਰ ਤੋਂ ਬਾਹਰ ਹੈ ਅਤੇ ਮੇਰੀ ਕੋਈ ਗੱਲ ਨਹੀਂ ਮੰਨਦਾ। ਮੈਂ ਉਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਉਸ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ।

ਮੈਂ ਰਿਤੂ ਪਤਨੀ ਸਵਰਗਵਾਸੀ ਸ੍ਰੀ ਸੁਰਿੰਦਰ ਸਿੰਘ ਵਾਸੀ ਮਕਾਨ ਨੰ.30-ਏ, ਗਲੀ ਨੰ-3, ਨਿਊ ਤਹਿਸੀਲਪੁਰਾ, ਨਜਦੀਕ ਪਾਣੀ ਵਾਲੀ ਟੈਂਕੀ, ਅੰਮ੍ਰਿਤਸਰ ਦੀ ਰਹਿਣ ਵਾਲੀ ਹਾਂ। ਮੈਂ ਇਹ ਘੋਸ਼ਣਾ ਕਰਦੀ ਹਾਂ ਕਿ ਮੇਰੀ ਲੜਕੀ ਭੂਮਿਕਾ ਅਤੇ ਉਸਦਾ ਲੜਕਾ ਤੰਸ਼ ਮੇਰੇ ਕਹਿਣੇਸੁੰਨਣੇ ਤੋਂ ਬਾਹਰ ਹਨ ਮੈਂ ਆਪਣੀ ਲੜਕੀ ਭੂਮਿਕਾ ਅਤੇ ਉਸਦੇ ਲੜਕੇ ਤੰਸ਼ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦੀ ਹਾਂ। ਉਹਨਾਂ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ।

ਮੈਂ ਸੁਖਦੇਵ ਸਿੰਘ ਪੁੱਤਰ ਪਿਆਰਾ ਸਿੰਘ ਵਾਸੀ ਝਬਾਲ ਰੋਡ, ਇੱਬਨ ਕਲਾਂ, ਅੰਮ੍ਰਿਤਸਰ ਬਿਆਣ ਕਰਦਾ ਹਾਂ ਕੀ ਮੇਰਾ ਲੜਕਾ ਨਿਸ਼ਾਨ ਸਿੰਘ ਅਤੇ ਉਸਦੀ ਦੀ ਪਤਨੀ ਮਨਪ੍ਰੀਤ ਕੌਰ ਮੇਰੇ ਕਹਿਨ ਤੋਂ ਬਾਹਰ ਹਨ ਮੈਂ ਇਨ੍ਹਾ ਨੂੰ ਆਪਣੀ ਚੱਲ ਅਚੱਲ ਜਾਇਦਾਦ ਵਿਚੋਂ ਬੇਦਖਲ ਕਰਦਾ ਹਾਂ । ਉਹ ਮੇਰੇ ਅਤੇ ਮੇਰੇ ਬਾਕੀ ਪਰਿਵਾਰ ਦੇ ਕਹਿਣੇ ਵਿੱਚ ਨਹੀ ਹਨ । ਇਨ੍ਹਾ ਨਾਲ ਲੈਣ-ਦੇਣ ਕਰਨ ਵਾਲਾ ਆਪਣੇ ਨਫੇ-ਨੁਕਸਾਨ ਦਾ ਖੁਦ ਜ਼ਿੰਮੇਵਾਰ ਹੋਵੇਗਾ

ਮੈਂ, ਰਾਜਵਿੰਦਰ ਕੌਰ ਵਾਸੀ ਲਖਵਿੰਦਰ ਸਿੰਘ ਵਾਸੀ 222, ਵਿਕਾਸ ਨਗਰ, ਅੰਮ੍ਰਿਤਸਰ ਹਾਲ ਵਾਸੀ ਬਾਬਾ ਮਸਤ ਰਾਮ ਕਲੋਨੀ ਕੋਟ ਖਾਲਸਾ ਅੰਮ੍ਰਿਤਸਰ ਬਿਆਨ ਕਰਦੀ ਹਾਂ ਕਿ ਮੇਰੀ ਲੜਕੀ ਤਾਨੀਆ ਮੇਰੇ ਕਹਿਨ ਤੋਂ ਬਾਹਰ ਹੈ ਮੈ ਇਸ ਨੂੰ ਆਪਣੀ ਚੱਲ ਅਚੱਲ ਜਾਇਦਾਦ ਵਿਚੋਂ ਬੇਦਖਲ ਕਰਦੀ ਹਾਂ । ਉਹ ਮੇਰੇ ਅਤੇ ਮੇਰੇ ਬਾਕੀ ਪਰਿਵਾਰ ਦੇ ਕਹਿਣੇ ਵਿੱਚ ਨਹੀਂ ਹੈ । ਇਸ ਨਾਲ ਲੈਣ-ਦੇਣ ਕਰਨ ਵਾਲਾ ਆਪਣੇ ਨਫੇ-ਨੁਕਸਾਨ ਦਾ ਖੁਦ ਜ਼ਿੰਮੇਵਾਰ ਹੋਵੇਗਾ ।

ਮੈਂ ਅਮਰੀਕ ਸਿੰਘ ਪੁੱਤਰ ਕਰਨੈਲ ਸਿੰਘ ਵਾਸੀ ਗਲੀ ਸੱਤੋ ਵਾਲੀ ਅੰਮ੍ਰਿਤਸਰ ਬਿਆਣ ਕਰਦਾ ਹਾਂ ਕੀ ਮੇਰੀ ਨੂੰਹ ਰਵਿੰਦਰ ਕੌਰ ਅਤੇ ਮੇਰਾ ਪੋਤਰਾ ਪ੍ਰੇਮਦੀਪ ਸਿੰਘ ਵਿੱਲੋਂ ਮੇਰੇ ਕਹਿਨ ਤੋਂ ਬਾਹਰ ਹਨ ਮੈਂ ਇਨ੍ਹਾ ਨੂੰ ਆਪਣੀ ਚੱਲ ਅਚੱਲ ਜਾਇਦਾਦ ਵਿਚੋਂ ਬੇਦਖਲ ਕਰਦਾ ਹਾਂ । ਉਹ ਮੇਰੇ ਅਤੇ ਮੇਰੇ ਬਾਕੀ ਪਰਿਵਾਰ ਦੇ ਕਹਿਣੇ ਵਿੱਚ ਨਹੀ ਹਨ । ਇਨ੍ਹਾ ਨਾਲ ਲੈਣ-ਦੇਣ ਕਰਨ ਵਾਲਾ ਆਪਣੇ ਨਫੇ-ਨੁਕਸਾਨ ਦਾ ਖੁਦ ਜ਼ਿੰਮੇਵਾਰ ਹੋਵੇਗਾ

ਮੈਂ, ਸੁੱਖਾ ਮਸੀਹ ਪੁੱਤਰ ਖੁਸ਼ੀ ਮਸੀਹ ਵਾਸੀ ਪਿੰਡ ਭੋਜੀਆ ਤਹਿਸੀਲ ਤਰਨਤਾਰਨ ਜ਼ਿਲ੍ਹਾ ਤਰਨਤਾਰਨ ਬਿਆਣ ਕਰਦਾ ਹਾਂ ਕੀ ਮੇਰੀ ਲੜਕੀ ਤੰਨੂ ਮੇਰੇ ਕਹਿਨ ਤੋਂ ਬਾਹਰ ਹੈ ਮੈ ਇਸ ਨੂੰ ਆਪਣੀ ਚੱਲ ਅਚੱਲ ਜਾਇਦਾਦ ਵਿਚੋਂ ਬੇਦਖਲ ਕਰਦਾ ਹਾਂ । ਉਹ ਮੇਰੇ ਅਤੇ ਮੇਰੇ ਬਾਕੀ ਪਰਿਵਾਰ ਦੇ ਕਹਿਣੇ ਵਿੱਚ ਨਹੀਂ ਹੈ । ਇਸ ਨਾਲ ਲੈਣ-ਦੇਣ ਕਰਨ ਵਾਲਾ ਆਪਣੇ ਨਫੇ-ਨੁਕਸਾਨ ਦਾ ਖੁਦ ਜ਼ਿੰਮੇਵਾਰ ਹੋਵੇਗਾ ।

ਮੈ. ਪਲਵਿੰਦਰ ਸਿੰਘ ਪੁੱਤਰ ਸ੍ਰ ਮਦਨ ਸਿੰਘ ਵਾਸੀ 288 ਦਸਮੇਸ਼ ਐਵੀਨਿਊ ਨੌਸ਼ਹਿਰਾ ਮਜੀਠਾ ਰੋਡ ਬਾਈਪਾਸ ਅੰਮ੍ਰਿਤਸਰ ਹਲਫੀਆ ਬਿਆਨ ਕਰਦਾ ਹਾਂ ਕਿ ਮੇਰੀ ਲੜਕੀ ਗੁਰਲੀਨ ਕੌਰ ਜੋ ਕਿ ਵਿਦੇਸ਼ ਯੂਕੇ ਵਿਖੇ ਪੜਾਈ ਕਰਨ ਵਾਸਤੇ ਗਈ ਹੈ। ਮੇਰੀ ਲੜਕੀ ਮੇਰੇ ਕਹਿਣੇ ਤੇ ਬਾਹਰ ਹੈ । ਮੈ ਅਪਨੀ ਲੜਕੀ ਨੂੰ ਆਪਣੀ ਜਾਇਦਾਦ ਚਲ ਵਾਂ ਅਚੱਲ ਵਿਚੋਂ ਬੇਦਖ਼ਲ ਕਰ ਦਿਤਾ ਹੈ, ਤੇ ਉਸ ਨਾਲ ਅਗਰ ਕੋਈ ਸੁਖਸ਼ ਲੈਣ ਦੇਣ ਕਰਦਾ ਹੈ ਤਾਂ ਉਸਦਾ ਉਹ ਖੁੱਦ ਜੁੰਮੇਵਾਰ ਹੋਵੇਗਾ ਉਸ ਵਿਚ ਮੇਰੀ ਜਾਂ ਮੇਰੇ ਪਰਿਵਾਰ ਦੀ ਕੋਈ ਜੁੰਮੇਵਾਰੀ ਨਹੀ ਹੋਵੇਗੀ।

ਮੈਂ ਸੁਰਜੀਤ ਸਿੰਘ ਪੁੱਤਰ ਕਰਮ ਸਿੰਘ ਪਿੰਡ ਤਖਤੂ ਚੱਕ ਤਹਿਸੀਲ ਖਡੂਰ ਸਾਹਿਬ ਤਰਨ ਤਾਰਨ ਬਿਆਨ ਕਰਦਾ ਕਿ ਮੇਰਾ ਲੜਕਾ ਬਖਸੀਸ ਸਿੰਘ ਜੋ ਕਹਿਣੇ ਚੋਂ ਨਹੀਂ ਮੈਂ ਆਪਣੀ ਚਲ ਅਚਲ ਜਾਇਦਾਦ ਚ ਬੇਦਖਲ ਕਰਦਾ ਹਾਂ ਇਸ ਨਾਲ ਲੈਣ ਦੇਣ ਕਰਨ ਵਾਲਾ ਆਪ ਜਿੰਮੇਵਾਰ ਹੋਵੇਗਾ।

ਮੈਂ, ਕਿਸ਼ਨ ਚੰਦ ਪੁੱਤਰ ਚੱਰਤੂ ਰਾਮ ਵਾਸੀ ਇਸਾਪੁਰ/ਡਾਕਖਾਨਾ ਬਹਿਰਾਮਪੁਰ, ਤਹਿਸੀਲ ਦੀਨਾਨਗਰ, ਜ਼ਿਲ੍ਹਾ ਗੁਰਦਾਸਪੁਰ। ਮੇਰਾ ਬੇਟਾ ਕਮਲਜੀਤ, ਜੋ ਮੇਰੇ ਅਤੇ ਮੇਰੇ ਪਰਵਾਰ ਦੇ ਕਹਿਣੇ ਤੋਂ ਬਾਹਰ ਹੋਣ ਕਰਕੇ ਮੈਂ ਇਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਜੋ ਇਸ ਨਾਲ ਲੈਣ-ਦੇਣ ਕਰੇਗਾ, ਖੁਦ ਜ਼ਿੰਮੇਵਾਰ ਹੋਵੇਗਾ।

# ਫ਼ਰਦ ਕੇਂਦਰ 'ਚ ਆਮ ਲੋਕਾਂ ਦੀ ਹੋ ਰਹੀ ਖੱਜਲ-ਖੁਆਰੀ

## ● ਫ਼ਰਦ ਕੇਂਦਰ ਸਟਾਫ਼ ਦੀ ਅਣਮਿੱਥੇ ਸਮੇਂ ਲਈ ਕਲਮਛੋੜ ਹੜਤਾਲ ਦੂਜੇ ਦਿਨ ਜਾਰੀ



**ਨਾਭਾ (ਵਰਿੰਦਰ ਵਰਮਾ)** ਫ਼ਰਦ ਕੇਂਦਰ ਸਟਾਫ਼ ਵੱਲੋਂ ਅਣਮਿੱਥੇ ਸਮੇਂ ਲਈ ਕਲਮਛੋੜ ਹੜਤਾਲ ਦੇ ਐਲਾਨ ਤੋਂ ਬਾਅਦ ਫਰਦ ਕੇਂਦਰਾਂ ਦਾ ਕੰਮ ਦੂਜੇ ਦਿਨ ਪੂਰੀ ਤਰ੍ਹਾਂ ਨਾਲ ਠੱਪ ਰਿਹਾ ਹੈ, ਜਿਸ ਕਰਕੇ ਆਮ ਲੋਕਾਂ ਨੂੰ ਭਾਰੀ ਖੱਜਲ ਖੁਆਰੀ ਦਾ ਸਾਹਮਣਾ ਕਰਨਾ ਪੈ ਰਿਹਾ ਹੈ।ਫਰਦ ਕੇਂਦਰ ਸਟਾਫ਼ ਦਾ ਇੱਕ ਵਫ਼ਦ ਨਾਇਬ ਤਹਿਸੀਲਦਾਰ ਨੂੰ ਮਿਲਿਆ ਸੀ ਤੇ ਸਰਕਾਰ ਦੇ ਨਾਂਅ ਇੱਕ ਮੰਗ ਪੱਤਰ ਦਿੱਤਾ ਗਿਆ ਸੀ, ਜਿਸ ਵਿੱਚ ਸਪੱਸ਼ਟ ਦੱਸਿਆ ਗਿਆ ਹੈ ਕਿ ਉਨ੍ਹਾਂ ਦੀਆਂ ਹੱਕੀ ਮੰਗਾਂ ਨੂੰ ਲੈ ਕੇ ਸਰਕਾਰ ਅਤੇ ਉੱਚ ਅਧਿਕਾਰੀਆਂ ਦੇ ਉਦਾਸੀਨ ਰਵੱਈਏ ਤੋਂ ਨਿਰਾਸ਼ ਹੋ ਕੇ ਫਰਦ ਕੇਂਦਰ ਸਟਾਫ ਪੰਜਾਬ ਵਲੋਂ 3 ਜੂਨ ਤੋਂ ਅਣਮਿੱਥੇ ਸਮੇਂ ਲਈ ਕਲਮਛੋੜ ਹੜਤਾਲ ਦਾ ਫੈਸਲਾ ਲਿਆ ਗਿਆ ਸੀ। ਮੰਗ ਪੱਤਰ ਦੇਣ ਉਪਰੰਤ ਫਰਦ ਕੇਂਦਰ ਸਟਾਫ ਇੰਚਾਰਜ ਹਰਸਿਮਰਨ ਜੀਤ ਸਿੰਘ, ਪਰਮਿੰਦਰ ਸ਼ਰਮਾ, ਅੰਜੂ ਰਾਣਾ, ਖੁਸ਼ਪ੍ਰੀਤ ਸ਼ਰਮਾ ਅਤੇ ਅਸ਼ਵਨੀ ਕੁਮਾਰ ਦੱਸਿਆ ਕਿ ਪੰਜਾਬ ਵਿੱਚ ਲਗਭਗ 900 ਤੋਂ ਵੱਧ ਫਰਦ ਕੇਂਦਰ ਮੁਲਾਜ਼ਮ ਹਨ, ਜੋ ਪਿਛਲੇ 18 ਸਾਲਾਂ ਤੋਂ ਫਰਦ ਕੇਂਦਰਾਂ ਵਿੱਚ ਸੇਵਾਵਾਂ ਨਿਭਾ ਰਹੇ ਹਨ।ਉਨ੍ਹਾਂ ਨੇ ਦੂਰ ਦਰਾਜੇ ਪਿੰਡਾਂ ਤੋਂ ਆ ਕੇ ਬਹੁਤ ਘੱਟ ਤਨਖਾਹਾਂ 'ਤੇ ਦਿਨ-ਰਾਤ ਇੱਕ ਕਰਕੇ ਸਾਰੇ ਪੰਜਾਬ ਦਾ ਜਮੀਨੀ ਰਿਕਾਰਡ ਆਨਲਾਈਨ ਕੀਤਾ ਹੈ।ਫਰਦ ਕੇਂਦਰਾਂ ਦਾ ਸਾਰਾ ਸਟਾਫ ਆਸ ਵਿੱਚ ਬੈਠਾ ਹੈ ਕਿ ਸਰਕਾਰ ਸਾਡੀ ਗੱਲ ਸੁਣੇਗੀ, ਪਰ ਕਿਸੇ ਨੇ ਵੀ ਉਨ੍ਹਾਂ ਦੀ ਗੱਲ ਨਹੀਂ ਸੁਣੀ।ਹਰ ਸਾਲ ਜਮਾਂਬੰਦੀਆਂ ਦੇ ਸਮੇਂ ਦਿਨ-ਰਾਤ ਕੰਮ ਕਰਕੇ ਸਰਕਾਰ ਦੇ ਟਾਰਗੇਟ ਸਮੇਂ ਸਿਰ ਪੂਰੇ ਕੀਤੇ ਹਨ।ਕੋਵਿਡ ਮਹਾਂਮਾਰੀ ਦੌਰਾਨ ਫਰਦ ਕੇਂਦਰ ਆਪਰੇਟਰਾਂ ਦੀਆਂ ਡਿਊਟੀਆਂ ਫੀਲਡ ਵਿੱਚ ਲੱਗੀਆਂ ਸਨ ਤੇ ਜ਼ਿੰਦਗੀ ਨੂੰ ਖਤਰੇ ਵਿੱਚ ਪਾ ਕੇ ਸਰਕਾਰ ਦੇ ਹੁਕਮਾਂ ਦੀ ਪਾਲਣਾ ਕੀਤੀ ਗਈ ਸੀ। ਉਨ੍ਹਾਂ ਦੱਸਿਆ ਕਿ ਹੁਣ ਸਰਕਾਰ ਫ਼ਰਦ ਕੇਂਦਰ ਦੇ ਅਪ੍ਰੇਟਰਾਂ/ਮੁਲਾਜ਼ਮਾਂ ਨੂੰ ਘਰ ਭੇਜਣ ਦੀ ਤਿਆਰੀ ਕਰ ਚੁੱਕੀ ਹੈ, ਕਿਉਂਕਿ ਉਨ੍ਹਾਂ ਦੀਆਂ ਸੇਵਾਵਾਂ ਨੂੰ ਖਤਮ ਕੀਤਾ ਜਾ ਰਿਹਾ ਹੈ, ਜਿਸ ਸਬੰਧੀ 5 ਮੈਂਬਰੀ ਕਮੇਟੀ 17 ਮਾਰਚ 2025 ਨੂੰ ਹਰਪ੍ਰੀਤ ਸੂਦਨ ਰੈਵਨਿਊ ਸਕੱਤਰ ਪੰਜਾਬ ਤੇ 26 ਮਾਰਚ 2025 ਨੂੰ ਅਨੁਰਾਗ ਵਰਮਾ (ਐਫ.ਸੀ.ਆਰ.) ਪੰਜਾਬ ਅਤੇ ਦੂਜੀ ਵਾਰ ਹਰਪ੍ਰੀਤ ਸੂਦਨ (ਰੈਵਨਿਊ ਸੈਕਟਰੀ ਪੰਜਾਬ) ਨੂੰ ਮਿਲਿਆ ਸੀ ਤੇ ਉਨ੍ਹਾਂ ਨੇ ਭਰੋਸਾ ਦਿੱਤਾ ਸੀ ਕਿ ਸੇਵਾਵਾਂ ਖਤਮ ਨਹੀਂ ਕਰਨਗੇ। ਹੁਣ 3 ਮਹੀਨੇ ਦੀ ਤਨਖਾਹ ਦਾ ਭੁਗਤਾਨ ਨਹੀਂ ਕੀਤਾ ਜਾ ਰਿਹਾ।ਇਸ ਸਬੰਧੀ ਜਦੋਂ ਸੀ.ਐਮ.ਐਸ. ਕੰਪਿਊਟਰ ਲਿਮਿ. ਕੰਪਨੀ ਦੇ ਅਧਿਕਾਰੀਆਂ ਤੋਂ ਪੁੱਛਿਆ ਤਾਂ ਉਨ੍ਹਾਂ ਨੇ ਦੱਸਿਆ ਕਿ 31 ਅਕਤੂਬਰ 2024 ਤੋਂ ਬਾਅਦ ਕੰਪਨੀ ਦਾ ਕੰਟਰੈਕਟ ਖਤਮ ਹੋ ਚੁੱਕਾ ਹੈ।ਸਰਕਾਰ ਨੇ ਕੰਟਰੈਕਟ ਅੱਗੇ ਵਧਾਉਣ ਬਾਰੇ ਹਾਲੇ ਕੋਈ ਫੈਸਲਾ ਨਹੀਂ ਕੀਤਾ।ਸਰਕਾਰ ਨੇ ਕੰਪਨੀ ਨੂੰ ਵੀ ਕੋਈ ਪੇਮੈਂਟ ਰਿਲੀਜ਼ ਨਹੀਂ ਕੀਤੀ, ਜਿਸ ਕਰਕੇ ਕੰਪਨੀ ਨੇ ਤਨਖਾਹਾਂ ਦੇਣ ਵਿੱਚ ਅਸਮਰਥਤਾ ਦਿਖਾਈ ਹੈ। ਉਨ੍ਹਾਂ ਕਿਹਾ ਕਿ ਫਰਦ ਕੇਂਦਰਾਂ ਦਾ 60 ਫ਼ੀਸਦੀ ਸਟਾਫ ਓਵਰਏਜ ਹੋ ਚੁੱਕਿਆ ਹੈ। ਇਨ੍ਹਾਂ ਹਾਲਾਤਾਂ ਵਿੱਚ ਜੇਕਰ ਨੌਕਰੀ ਚਲੀ ਜਾਂਦੀ ਹੈ ਤਾਂ ਉਨ੍ਹਾਂ ਦੀ ਆਰਥਿਕ ਹਾਲਾਤ ਬਹੁਤ ਖਰਾਬ ਹੋ ਜਾਵੇਗੀ ਅਤੇ ਪਰਵਾਰ ਪਾਲਣਾ ਅਸੰਭਵ ਹੋ ਜਾਵੇਗਾ। ਉਨ੍ਹਾਂ ਕਿਹਾ ਕਿ ਇਕ ਪਾਸੇ ਸਰਕਾਰ ਨੌਜਵਾਨਾਂ ਨੂੰ ਰੁਜ਼ਗਾਰ ਦੇਣ ਦੇ ਦਾਅਵੇ ਕਰਦੀ ਹੈ, ਪਰ ਦੂਜੇ ਪਾਸੇ ਕਰੀਬ 900 ਸਟਾਫ ਮੈਂਬਰਾਂ ਨੂੰ ਬੇਰੁਜ਼ਗਾਰ ਕੀਤਾ ਜਾ ਰਿਹਾ ਹੈ, ਜੋ ਉਨ੍ਹਾਂ ਦੇ ਨਾਲ ਸਰਾਸਰ ਅਨਿਆਂ ਹੈ।

# ਨਸ਼ਿਆਂ ਵਿਰੁੱਧ ਚਲਾਈ ਮਹਿੰਮ ਤਹਿਤ 133 ਮੁਕੱਦਮੇ ਦਰਜ, 176 ਦੋਸ਼ੀ ਗ੍ਰਿਫ਼ਤਾਰ



**ਧੂਰੀ (ਮੋਹਿਤ ਗਰਗ, ਬਿੰਨੀ ਗਰਗ)** ਜ਼ਿਲ੍ਹਾ ਪੁਲਿਸ ਮੁਖੀ ਸੰਗਰੂਰ ਸਰਤਾਜ ਸਿੰਘ ਚਹਿਲ ਨੇ ਦੱਸਿਆ ਕਿ ਜ਼ਿਲ੍ਹਾ ਪੁਲਸ ਸੰਗਰੂਰ ਵੱਲੋਂ ਯੁੱਧ ਨਸ਼ਿਆਂ ਵਿਰੁੱਧ ਚਲਾਈ ਗਈ ਮੁਹਿੰਮ ਦੌਰਾਨ ਕਾਰਵਾਈ ਕਰਦੇ ਹੋਏ 01.05.2025 ਤੋਂ 31.05.2025 ਤੱਕ ਡਰੱਗ ਦੇ 86 ਮੁਕੱਦਮੇ ਦਰਜ ਕਰਕੇ 124 ਦੋਸ਼ੀ ਕਾਬੂ ਕਰਕੇ 05 ਕਿੱਲੋਗ੍ਰਾਮ ਹੈਰੋਇਨ, 500 ਗ੍ਰਾਮ ਅਫੀਮ, 75 ਕਿੱਲੋ ਭੁੱਕੀ ਚੂਰਾ ਪੋਸਤ, 244 ਗ੍ਰਾਮ ਚਰਸ, 330 ਗ੍ਰਾਮ ਗਾਂਜਾ/ਸੁਲਫਾ, 4649 ਨਸ਼ੀਲੀਆਂ ਗੋਲੀਆਂ, 06 ਨਸ਼ੀਲੀਆਂ ਸ਼ੀਸ਼ੀਆਂ ਤੇ 5,82,000/- ਰੁਪਏ ਡਰੱਗ ਮਨੀ ਬ੍ਰਾਮਦ ਕਰਾਈ ਗਈ।ਸ਼ਰਾਬ ਦਾ ਧੰਦਾ ਕਰਨ ਵਾਲਿਆਂ ਖਿਲਾਫ 47 ਮੁਕੱਦਮੇ ਦਰਜ ਕਰਕੇ 52 ਦੋਸੀਆਂ ਨੂੰ ਕਾਬੂ ਕਰਕੇ 602.250 ਲੀਟਰ ਸ਼ਰਾਬ ਠੇਕਾ ਦੇਸੀ, 191.750 ਲੀਟਰ ਸ਼ਰਾਬ ਨਜਾਇਜ਼, 9 ਲੀਟਰ ਸ਼ਰਾਬ ਅੰਗਰੇਜ਼ੀ, 300 ਲੀਟਰ ਸਪਰਿੱਟ, 01 ਚਾਲੂ ਭੱਠੀ ਅਤੇ 3015 ਲੀਟਰ ਲਾਹਣ ਬਰਾਮਦ ਕਰਾਈ ਗਈ। ਉਨ੍ਹਾਂ ਕਿਹਾ ਕਿ ਯੁੱਧ ਨਸ਼ਿਆਂ ਵਿਰੁੱਧ ਤਹਿਤ ਕਾਰਵਾਈ ਕਰਦੇ ਜ਼ਿਲ੍ਹਾ ਪੁਲਸ ਵੱਲੋਂ ਜ਼ਿਲ੍ਹਾ ਜੇਲ ਸੰਗਰੂਰ ਦੀ ਸਰਚ ਦੌਰਾਨ ਬਰਾਮਦ ਕੀਤੇ ਮੋਬਾਇਲ ਫੋਨਾਂ ਤੋਂ ਜੇਲ ਅੰਦਰੋਂ ਚੱਲ ਰਹੇ ਨਸ਼ੇ ਸਪਲਾਈ ਦੇ ਰੈਕਟ ਦਾ ਪਰਦਾਫਾਸ਼ ਕਰਕੇ 04 ਕਿੱਲੋਗ੍ਰਾਮ ਚਿੱਟਾ/ਹੈਰੋਇਨ, 5,50,000/- ਡਰੱਗ ਮਨੀ, 01 ਪਿਸਟਲ ਗਲੌਕ 9 ਸਮੇਤ 02 ਜਿੰਦਾ ਰੌਂਦ ਤੇ ਮੋਬਾਇਲ ਫੋਨ ਬ੍ਰਾਮਦ ਕਰਾਏ ਗਏ।ਇਸ ਰੈਕਟ ਨਾਲ ਸਬੰਧਤ ਜ਼ਿਲ੍ਹਾ ਜੇਲ੍ਹ ਸੰਗਰੂਰ ਵਿੱਚ ਤਾਇਨਾਤ ਡੀ.ਐੱਸ.ਪੀ. ਨੂੰ ਵੀ ਗ੍ਰਿਫ਼ਤਾਰ ਕੀਤਾ ਗਿਆ। ਉਨ੍ਹਾਂ ਕਿਹਾ ਕਿ ਪਬਲਿਕ ਨੂੰ ਵੀ ਨਸ਼ਾ ਵਿਰੋਧੀ ਮੁਹਿੰਮ ਵਿੱਚ ਸਹਿਯੋਗ ਦੇਣ ਲਈ ਅਪੀਲ ਕੀਤੀ ਗਈ।ਨਸ਼ਿਆਂ ਦੇ ਮਾੜੇ ਪ੍ਰਭਾਵਾਂ ਬਾਰੇ ਪੰਚਾਇਤਾਂ/ਸਪੋਰਟਸ ਕਲੱਬਾਂ/ਮੋਹਤਵਰ ਪੁਰਸ਼ਾਂ ਨਾਲ ਮੀਟਿੰਗਾਂ ਕਰਕੇ ਆਮ ਪਬਲਿਕ ਨੂੰ ਜਾਗਰੁਕ ਕੀਤਾ ਜਾ ਰਿਹਾ ਹੈ।ਇਸ ਅਰਸੇ ਦੌਰਾਨ ਵੱਖ-ਵੱਖ ਗਜ਼ਟਿਡ ਅਫ਼ਸਰਾਂ ਵੱਲੋਂ 57 ਪਿੰਡਾਂ/ਸ਼ਹਿਰਾਂ ਵਿੱਚ ਆਮ ਪਬਲਿਕ ਨਾਲ ਮੀਟਿੰਗਾਂ ਕਰਕੇ ਨੌਜਵਾਨਾਂ ਨੂੰ ਨਸ਼ਿਆਂ ਦੇ ਮਾੜੇ ਪ੍ਰਭਾਵਾਂ ਬਾਰੇ ਜਾਗਰੂਕ ਕੀਤਾ ਗਿਆ ਤੇ ਆਮ ਪਬਲਿਕ ਨੂੰ ਨਸੇ ਦਾ ਧੰਦਾਂ ਕਰਨ ਵਾਲੇ ਸਮੱਗਲਰਾਂ ਸਬੰਧੀ ਪੁਲਿਸ ਨੂੰ ਇਤਲਾਹਾਂ ਦੇਣ ਲਈ ਪ੍ਰੇਰਿਤ ਕੀਤਾ ਗਿਆ ਤਾਂ ਜੁ ਨਸ਼ੇ ਦੇ ਕੋਹੜ ਨੂੰ ਜੜ੍ਹ ਤੋਂ ਖਤਮ ਕੀਤਾ ਜਾ ਸਕੇ।

# ਨਰਿੰਦਰਦੀਪ ਸਿੰਘ ਨਾਲ ਸੰਬੰਧਤ ਮਾਮਲੇ ਦੀ ਚੱਲ ਰਹੀ ਜਾਂਚ

**ਤਲਵੰਡੀ ਸਾਬੋ (ਜਗਦੀਪ ਗਿੱਲ)** ਏਮਜ਼ ਵੱਲੋਂ ਜਾਰੀ ਪ੍ਰੈਸ ਰੀਲੀਜ਼ ਅਨੁਸਾਰ ਸਵ. ਨਰਿੰਦਰਦੀਪ ਸਿੰਘ ਪੁੱਤਰ ਸ੍ਰੀ ਰਣਜੀਤ ਸਿੰਘ ਵਾਸੀ ਓਮੈਕਸ ਕਲੋਨੀ ਗੋਨਿਆਣਾ ਦਾ ਪੋਸਟ ਮਾਰਟਮ 25 ਮਈ ਨੂੰ ਏਮਜ਼ ਵਿਖੇ ਕੀਤਾ ਗਿਆ ਸੀ। ਮਾਮਲੇ ਦੀ ਹਾਲੇ ਜਾਂਚ ਚੱਲ ਰਹੀ ਹੈ ਅਤੇ ਇਸ ਨਾਲ ਸੰਬੰਧਿਤ ਰਿਪੋਰਟਾਂ ਫੋਰੈਂਸਿਕ ਲੈਬੋਰੇਟਰੀ ਖਰੜ ਤੋਂ ਪ੍ਰਾਪਤ ਹੋਣੀਆਂ ਬਾਕੀ ਹਨ। ਸੋਸ਼ਲ ਮੀਡੀਆ ਵਿੱਚ ਚੱਲ ਰਹੀਆਂ ਇਸ ਨਾਲ ਸੰਬੰਧਿਤ ਖਬਰਾਂ ਦਾ ਏਮਜ਼ ਨਾਲ ਕੋਈ ਸਬੰਧ ਨਹੀਂ ਹੈ। ਕਰੰਟ ਨਾਲ ਮੌਤ ਹੋਣ ਦੀਆਂ ਚੱਲ ਰਹੀਆਂ ਖਬਰਾਂ ਬਾਰੇ ਏਮਜ਼ ਬਠਿੰਡਾ ਇਸ ਮੌਕੇ ਦੀ ਪੁਸ਼ਟੀ ਨਹੀਂ ਕਰਦਾ।ਇਨ੍ਹਾਂ ਖਬਰਾਂ ਦਾ ਖੰਡਨ ਕਰਦਿਆਂ ਉਨ੍ਹਾਂ ਅਪੀਲ ਕੀਤੀ ਹੈ ਕਿ ਇਨ੍ਹਾਂ ਅਫਵਾਹਾਂ 'ਤੇ ਧਿਆਨ ਨਾ ਦਿੱਤਾ ਜਾਵੇ। ਮੁਕੰਮਲ ਰਿਪੋਰਟ ਦੇ ਪ੍ਰਾਪਤ ਹੋਣ 'ਤੇ ਇਸ ਨੂੰ ਸੰਬੰਧਤ ਅਧਿਕਾਰੀਆਂ ਕੋਲ ਸੌਂਪ ਦਿੱਤਾ ਜਾਵੇਗਾ।

# ਦੋ ਮਾਮਲਿਆਂ 'ਚ 10 ਵਿਅਕਤੀ ਨਸ਼ੀਲੇ ਪਦਾਰਥਾਂ ਤੇ ਡਰੱਗ ਮਨੀ ਸਮੇਤ ਗ੍ਰਿਫਤਾਰ

**ਲੌਂਗੋਵਾਲ (ਪ੍ਰਦੀਪ ਸਿੰਘ ਲੌਂਗੋਵਾਲ):** ਪੰਜਾਬ ਪੁਲਸ ਵੱਲੋਂ ਯੁੱਧ ਨਸ਼ਿਆਂ ਵਿਰੁੱਧ ਵਿੱਢੀ ਮੁਹਿੰਮ ਤਹਿਤ ਐਸ.ਐਸ.ਪੀ. ਸੰਗਰੂਰ ਸਰਤਾਜ ਸਿੰਘ ਚਹਿਲ ਦੇ ਦਿਸ਼ਾ-ਨਿਰਦੇਸ਼ਾਂ ਅਤੇ ਹਰਵਿੰਦਰ ਸਿੰਘ ਖਹਿਰਾ ਡੀ.ਐਸ.ਪੀ ਸੁਨਾਮ ਦੀ ਸੁਪਰਵੀਜਨ ਹੇਠ ਥਾਣਾ ਲੌਂਗੋਵਾਲ ਪੁਲਿਸ ਵੱਲੋਂ ਇੱਕ ਹੋਰ ਕਾਮਯਾਬੀ ਦਰਜ ਕੀਤੀ ਹੈ। ਜਾਣਕਾਰੀ ਦਿੰਦਿਆਂ ਐਸ.ਐਚ.ਓ. ਲੌਂਗੋਵਾਲ ਬਲਵੰਤ ਸਿੰਘ ਨੇ ਦੱਸਿਆ 02 ਜੂਨ 2025 ਨੂੰ ਲੌਂਗੋਵਾਲ ਪੁਲਸ ਨੇ ਦੋ ਵੱਖ-ਵੱਖ ਕੇਸਾਂ ਵਿੱਚ ਕਸਬਾ ਲੌਂਗੋਵਾਲ ਦੇ ਕੁੱਲ 10 ਵਿਅਕਤੀਆਂ ਜਿੰਨਾਂ ਵਿੱਚ ਇੱਕ ਔਰਤ ਵੀ ਸ਼ਾਮਲ ਹੈ, ਨੂੰ ਗ੍ਰਿਫਤਾਰ ਕਰਕੇ ਉਹਨਾਂ ਪਾਸੋਂ 850 ਨਸ਼ੀਲੀਆਂ ਗੋਲੀਆਂ ਐਲਪਰਾਜੋਲਮ 0.50 ਐਮ.ਜੀ, ਯੂਐਸਜੋਲ-0.50, 40 ਗ੍ਰਾਮ ਨਸ਼ੀਲਾ ਪਾਊਡਰ, 6600 ਪ੍ਰੈਗਾਬਲੀਨ ਕੈਪਸੂਲ 300 ਐਮ.ਜੀ. ਸਿਗਨੇਚ, ਡਰੱਗ ਮਨੀ ਸਮੇਤ ਸਵਿਫਟ ਕਾਰ ਬਰਾਮਦ ਕਰਨ ਵਿੱਚ ਸਫਲਤਾ ਹਾਸਲ ਕੀਤੀ। ਪਹਿਲੇ ਕੇਸ ਵਿੱਚ ਸਹਾਇਕ ਥਾਣੇਦਾਰ ਬੇਅੰਤ ਸਿੰਘ ਨੰ: 1997/ਸੰਗ ਥਾਣਾ ਲੌਂਗੋਵਾਲ ਸਮੇਤ ਪੁਲਸ ਪਾਰਟੀ ਵੱਲੋਂ ਗਸ਼ਤ ਵਾ ਚੈਕਿੰਗ ਸ਼ੱਕੀ ਪੁਰਸ਼ਾਂ ਦੇ ਸਬੰਧ ਵਿੱਚ ਪਿੰਡ ਬਡਰੁੱਖਾਂ ਨਜ਼ਦੀਕ ਪਟਵਾਰਖਾਨਾ ਮੌਜੂਦ ਸੀ ਤਾਂ ਮੁਖਬਰ ਖਾਸ ਰਾਹੀਂ ਸਹਾਇਕ ਥਾਣੇਦਾਰ ਬੇਅੰਤ ਸਿੰਘ ਥਾਣਾ ਲੌਂਗੋਵਾਲ ਨੂੰ ਨਸ਼ੀਲਾ ਪਾਊਡਰ ਸਬੰਧੀ ਇਤਲਾਹ ਮਿਲੀ ਕਿ ਉੱਤਮ ਸਿੰਘ ਪੁੱਤਰ ਤੇਜਾ ਸਿੰਘ ਵਾਸੀ ਗਾਹੂ ਪੱਤੀ ਲੌਂਗੋਵਾਲ, ਕੁਲਦੀਪ ਸਿੰਘ ਉਰਫ ਦੌਲੀ ਪੁੱਤਰ ਭੋਲਾ ਸਿੰਘ ਵਾਸੀ ਦੁੱਲਟ ਪੱਤੀ ਲੌਂਗੋਵਾਲ ਅਤੇ ਨਾਇਬ ਸਿੰਘ ਉਰਫ ਲਾਡੀ ਪੁੱਤਰ ਗੁਰਮੇਲ ਸਿੰਘ ਵਾਸੀ ਸੁਨਾਮੀ ਪੱਤੀ ਲੌਂਗੋਵਾਲ ਜੋ ਨਸ਼ੀਲਾ ਪਾਊਡਰ ਵੇਚਣ ਦੇ ਆਦੀ ਹਨ, ਜਿੰਨਾਂ ਨੂੰ ਲਵਪ੍ਰੀਤ ਸਿੰਘ ਉਰਫ ਮੋਟਾ ਪੁੱਤਰ ਅਵਤਾਰ ਸਿੰਘ ਵਾਸੀ ਦੁੱਲਟ ਪੱਤੀ ਲੌਂਗੋਵਾਲ ਅਤੇ ਯਾਦਵਿੰਦਰ ਸਿੰਘ ਉਰਫ ਬੰਟੀ ਪੁੱਤਰ ਅਵਤਾਰ ਸਿੰਘ ਵਾਸੀ ਦੁੱਲਟ ਪੱਤੀ ਲੌਂਗੋਵਾਲ ਜੋ ਦੋਵੇਂ ਸਕੇ ਭਰਾ ਹਨ, ਜੋ ਨਸ਼ੀਲਾ ਪਾਊਡਰ ਸਪਲਾਈ ਕਰਦੇ ਹਨ, ਜੋ ਅੱਜ ਵੀ ਉੱਤਮ ਸਿੰਘ ਪੁੱਤਰ ਤੇਜਾ ਸਿੰਘ ਵਾਸੀ ਗਾਹੂ ਪੱਤੀ ਲੌਂਗੋਵਾਲ, ਕੁਲਦੀਪ ਸਿੰਘ ਉਰਫ ਦੌਲੀ ਪੁੱਤਰ ਭੋਲਾ ਸਿੰਘ ਵਾਸੀ ਦੁੱਲਟ ਪੱਤੀ ਲੌਂਗੋਵਾਲ ਅਤੇ ਨਾਇਬ ਸਿੰਘ ਉਰਫ ਲਾਡੀ ਪੁੱਤਰ ਗੁਰਮੇਲ ਸਿੰਘ ਵਾਸੀ ਸੁਨਾਮੀ ਪੱਤੀ ਲੌਂਗੋਵਾਲ ਨੂੰ ਨਸ਼ੀਲਾ ਪਾਊਡਰ ਦੇਣ ਲਈ ਡਰੇਨ ਪੁਲ ਭਮਾਬੰਦੀ ਰੋਡ ਬਡਰੁੱਖਾਂ ਆਉਣਗੇ। ਇਸ ਇਤਲਾਹ ਦੇ ਅਧਾਰ ਤੇ ਸ:ਥ: ਬੇਅੰਤ ਸਿੰਘ 1997/ਸੰਗ: ਨੇ ਰੁੱਕਾ ਭੇਜ ਕੇ ਮੁਕੱਦਮਾ ਨੰਬਰ 50 ਮਿਤੀ 02.06.2025 ਅ/ਧ 22,29/61/85 ਐਨ.ਡੀ.ਪੀ.ਐਸ ਐਕਟ ਤਹਿਤ ਥਾਣਾ ਲੌਂਗੋਵਾਲ ਵਿਖੇ ਦਰਜ ਰਜਿਸਟਰ ਕਰਵਾਇਆ ਅਤੇ ਯੋਜਨਾਬੱਧ ਤਰੀਕੇ ਨਾਲ ਉਕਤ ਦੋਸ਼ੀਆਨ ਨੂੰ ਕਾਬੂ ਕਰਕੇ ਉਨ੍ਹਾਂ ਪਾਸੋਂ 40 ਗ੍ਰਾਮ ਨਸ਼ੀਲਾ ਪਾਊਡਰ ਬਰਾਮਦ ਕੀਤਾ ਗਿਆ।ਇਸੇ ਤਰ੍ਹਾਂ ਦੂਸਰੇ ਕੇਸ ਵਿੱਚ ਸ:ਥ ਦਰਸ਼ਨ ਸਿੰਘ ਨੰ: 1727/ਸੰਗ ਥਾਣਾ ਲੌਂਗੋਵਾਲ ਸਮੇਤ ਪੁਲਸ ਪਾਰਟੀ ਵੱਲੋਂ ਗਸ਼ਤ ਵਾ ਚੈਕਿੰਗ ਸ਼ੱਕੀ ਪੁਰਸ਼ਾਂ ਦੇ ਸਬੰਧ ਵਿੱਚ ਡਰੇਨ ਪੁਲ ਸੂਆ ਬੱਗੇ ਰੋਡ ਲੌਂਗੋਵਾਲ ਮੌਜੂਦ ਸੀ ਤਾਂ ਮੁਖਬਰ ਖਾਸ ਰਾਹੀਂ ਸ:ਥ ਦਰਸ਼ਨ ਸਿੰਘ ਥਾਣਾ ਲੌਂਗੋਵਾਲ ਨੂੰ ਨਸ਼ੀਲੀਆਂ ਗੋਲੀਆਂ ਸਬੰਧੀ ਇਤਲਾਹ ਮਿਲੀ ਕਿ ਹਰਪ੍ਰੀਤ ਸਿੰਘ ਉਰਫ ਵੱਡਾ ਪੁੱਤਰ ਹਰਮੇਸ਼ ਸਿੰਘ ਵਾਸੀ ਸੁਨਾਮੀ ਪੱਤੀ ਲੌਂਗੋਵਾਲ, ਹਰਵਿੰਦਰ ਸਿੰਘ ਉਰਫ ਗਾਂਧੀ ਅਤੇ ਨਿਰਮਲ ਸਿੰਘ ਉਰਫ ਨਿੰਮੀ ਪੁੱਤਰਾਨ ਰਾਜ ਸਿੰਘ ਵਾਸੀਆਨ ਰੰਧਾਵਾ ਪੱਤੀ ਲੌਂਗੋਵਾਲ ਜੋ ਦੋਵੇਂ ਸਕੇ ਭਰਾ ਹਨ ਜੋ ਨਸ਼ੀਲੀਆਂ ਗੋਲੀਆਂ ਵੇਚਣ ਦੇ ਆਦੀ ਹਨ ਅਤੇ ਇਹਨਾਂ ਨੂੰ ਮਨਦੀਪ ਸਿੰਘ ਉਰਫ ਲਾਡੀ ਪੁੱਤਰ ਅੰਗਰੇਜ ਸਿੰਘ ਵਾਸੀ ਕੈਂਬੋਵਾਲ ਪਿੰਡੀ ਲੌਂਗੋਵਾਲ ਅਤੇ ਗੁਰਜੰਟ ਕੌਰ ਉਰਫ ਜੰਟੋ ਪਤਨੀ ਜਗਸੀਰ ਸਿਘ ਵਾਸੀ ਕੈਂਬੋਵਾਲ ਪਿੰਡ ਲੌਂਗੋਵਾਲ ਨਸ਼ੀਲੀਆਂ ਗੋਲੀਆਂ ਸਪਲਾਈ ਕਰਦੇ ਹਨ ਜੋ ਅੱਜ ਵੀ ਮਨਦੀਪ ਸਿੰਘ ਉਰਫ ਲਾਡੀ ਅਤੇ ਗੁਰਜੰਟ ਕੌਰ ਉਰਫ ਜੰਟੋ ਕਾਰ ਨੰਬਰ ਐਚ.ਆਰ.-26ਸੀਜੇ-2496 ਤੇ ਸਵਾਰ ਹੋ ਕੇ ਹਰਪ੍ਰੀਤ ਸਿੰਘ ਉਰਫ ਵੱਡਾ ਪੁੱਤਰ ਹਰਮੇਸ਼ ਸਿੰਘ ਵਾਸੀ ਸੁਨਾਮੀ ਪੱਤੀ ਲੌਂਗੋਵਾਲ, ਹਰਵਿੰਦਰ ਸਿੰਘ ਉਰਫ ਗਾਂਧੀ ਅਤੇ ਨਿਰਮਲ ਸਿੰਘ ਉਰਫ ਨਿੰਮੀ ਪੁੱਤਰਾਨ ਰਾਜ ਸਿੰਘ ਵਾਸੀਆਨ ਰੰਧਾਵਾ ਪੱਤੀ ਲੌਂਗੋਵਾਲ ਨੂੰ ਨਸ਼ੀਲੀਆਂ ਗੋਲੀਆਂ ਦੇਣ ਲਈ ਸ਼ਮਸ਼ਾਨ ਘਾਟ ਨੇੜੇ ਟਰੀਟਮੈਂਟ ਪਲਾਂਟ ਲੌਂਗੋਵਾਲ ਆਉਣਗੇ। ਇਸ ਇਤਲਾਹ ਦੇ ਅਧਾਰ ਤੇ ਸ:ਥ ਦਰਸ਼ਨ ਸਿੰਘ 1727/ਸੰਗ ਨੇ ਰੁੱਕਾ ਭੇਜ ਕੇ ਮੁਕੱਦਮਾ ਨੰਬਰ 51 ਮਿਤੀ 03.06.2025 ਅ/ਧ 22, 29/61/85 ਐਨ ਡੀ ਪੀ ਐਸ ਐਕਟ ਥਾਣਾ ਲੌਂਗੋਵਾਲ ਵਿਖੇ ਦਰਜ ਰਜਿਸਟਰ ਕਰਵਾਇਆ ਗਿਆ ਅਤੇ ਯੋਜਨਾਬੱਧ ਤਰੀਕੇ ਨਾਲ ਦੋਸ਼ੀਆਂ ਨੂੰ ਕਾਬੂ ਕਰਕੇ ਉਨ੍ਹਾਂ ਪਾਸੋਂ 850 ਨਸ਼ੀਲੀਆਂ ਗੋਲੀਆਂ ਮਾਰਕਾ ਐਲਪਰਜ਼ੋਲਮ 0.50 ਐਮਜੀ ਯੂਐਸਜੋਲ-0.50, ਡਰੱਗ ਮਨੀ ਸਮੇਤ ਉਕਤ ਕਾਰ ਬਰਾਮਦ ਕੀਤੀ। ਦੁਬਾਰਾ ਪੁੱਛਗਿੱਛ ਦੌਰਾਨ ਕਥਿਤ ਦੋਸ਼ਣ ਗੁਰਜੰਟ ਕੌਰ ਉਰਫ ਜੰਟੋ ਪਤਨੀ ਜਗਸੀਰ ਸਿੰਘ ਵਾਸੀ ਕੈਂਬੋਵਾਲ ਪਿੰਡ ਲੌਂਗੋਵਾਲ ਪਾਸੋਂ ਉਸਦੇ ਘਰੋਂ 22 ਡੱਬੇ ਕੁੱਲ 6600 ਪ੍ਰੈਗਾਬਾਲੀਨ ਕੈਪਸੂਲ 300 ਐਮ.ਜੀ. ਸਿਗਨੋਰ ਬਰਾਮਦ ਕੀਤੇ ਗਏ ਹਨ।



## ਲਾਪਤਾ ਹੋਈ ਲੜਕੀ ਦੇ ਮਾਮਲੇ 'ਚ ਕੇਸ ਦਰਜ

**ਸ੍ਰੀ ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)** ਬੀਤੇ ਕੁਝ ਦਿਨਾਂ ਤੋਂ ਕਥਿਤ ਤੌਰ 'ਤੇ ਮੰਡੀ ਗੋਬਿੰਦਗੜ੍ਹ ਤੋਂ ਲਾਪਤਾ ਦੱਸੀ ਜਾ ਰਹੀ ਉੱਤਰ ਪ੍ਰਦੇਸ਼ ਮੂਲ ਦੀ ਲੜਕੀ ਦੇ ਮਾਮਲੇ 'ਚ ਮੰਡੀ ਗੋਬਿੰਦਗੜ੍ਹ ਪੁਲਸ ਵੱਲੋਂ ਨਾਮਾਲੂਮ ਵਿਅਕਤੀਆਂ ਵਿਰੁੱਧ ਕੇਸ ਦਰਜ ਕੀਤੇ ਜਾਣ ਦਾ ਸਮਾਚਾਰ ਹੈ।ਪ੍ਰਾਪਤ ਹੋਈ ਜਾਣਕਾਰੀ ਅਨੁਸਾਰ ਇੱਕ ਔਰਤ ਨੇ ਪੁਲਸ ਨੂੰ ਦਿੱਤੀ ਸ਼ਿਕਾਇਤ ਵਿੱਚ ਦੱਸਿਆ ਕਿ ਉਸਦੀ ਲੜਕੀ ਰੀਆ ਘਰਾਂ ਵਿੱਚ ਲੋਕਾਂ ਦੇ ਬੱਚੇ ਸਾਂਭਣ ਦਾ ਕੰਮ ਕਰਦੀ ਹੈ ਜੋ ਕਿ ਬੀਤੀ 13 ਮਈ ਨੂੰ ਆਪਣੇ ਘਰ ਤੋਂ ਕੰਮ 'ਤੇ ਗਈ ਸੀ ਪਰ ਦੇਰ ਸ਼ਾਮ ਤੱਕ ਵੀ ਘਰ ਵਾਪਸ ਨਾ ਆਈ ਤਾਂ ਉਸ ਨੇ ਆਪਣੇ ਤੌਰ 'ਤੇ ਲੜਕੀ ਦੀ ਕਾਫ਼ੀ ਭਾਲ ਕੀਤੀ ਪਰ ਉਹ ਨਹੀਂ ਮਿਲੀ ਤੇ ਨਾ ਹੀ ਘਰ ਵਾਪਸ ਪਰਤੀ।ਸ਼ਿਕਾਇਤਕਰਤਾ ਨੇ ਦੋਸ਼ ਲਗਾਏ ਹਨ ਕਿ ਕਿਸੇ ਨਾਮਾਲੂਮ ਵਿਅਕਤੀ ਨੇ ਉਸਦੀ ਲੜਕੀ ਨੂੰ ਜਾਣਬੁੱਝ ਕੇ ਕਿਤੇ ਲੁਕਾ ਛੁਪਾ ਕੇ ਰੱਖਿਆ ਹੋਇਆ ਹੈ।ਸ਼ਿਕਾਇਤਕਰਤਾ ਦੇ ਬਿਆਨਾਂ 'ਤੇ ਨਾਮਾਲੂਮ ਵਿਅਕਤੀ ਵਿਰੁੱਧ ਅ/ਧ 127(6) ਬੀ.ਐਨ.ਐਸ. ਤਹਿਤ ਮੁਕੱਦਮਾ ਦਰਜ ਕਰਕੇ ਥਾਣਾ ਮੰਡੀ ਗੋਬਿੰਦਗੜ੍ਹ ਦੀ ਪੁਲਸ ਨੇ ਮਾਮਲੇ ਦੀ ਤਫ਼ਤੀਸ਼ ਸ਼ੁਰੂ ਕਰ ਦਿੱਤੀ ਹੈ।

## ਡਿੱਗੇ ਟਰਾਂਸਫਾਰਮਰ ਤੇ ਲਾਈਨਾਂ ਦੀ ਬਹਾਲੀ ਸੰਬੰਧੀ ਮੰਗ ਪੱਤਰ ਦਿੱਤਾ



**ਧੂਰੀ (ਮੋਹਿਤ ਗਰਗ, ਬਿੰਨੀ ਗਰਗ)** ਭਾਰਤੀ ਕਿਸਾਨ ਯੂਨੀਅਨ ਰਾਜੇਵਾਲ ਦੀ ਬਲਾਕ ਧੂਰੀ ਤੇ ਬਲਾਕ ਸੰਗਰੂਰ ਦੀ ਟੀਮ ਵੱਲੋਂ ਬਲਾਕ ਸੀ. ਮੀਤ ਪ੍ਰਧਾਨ ਸੁਖਪਾਲ ਸਿੰਘ ਕਾਂਝਲਾ ਅਤੇ ਜ਼ਿਲ੍ਹਾ ਸੀ. ਮੀਤ ਪ੍ਰਧਾਨ ਗੁਰਜੀਤ ਸਿੰਘ ਭੜੀ ਮਾਨਸਾ ਦੀ ਅਗਵਾਈ ਹੇਠ ਪਾਵਰਕਾਮ ਦੇ ਐਕਸੀਅਨ ਨੂੰ ਮੰਗ ਪੱਤਰ ਦੇ ਕੇ ਝੱਖੜ ਦੌਰਾਨ ਗਿਰੇ ਟਰਾਂਸਫਾਰਮਰ ਅਤੇ ਲਾਇਨਾਂ ਦੀ ਬਹਾਲੀ ਦੀ ਮੰਗ ਕੀਤੀ ਗਈ। ਕਿਸਾਨ ਆਗੂਆਂ ਨੇ ਕਿਹਾ ਕਿ ਲੰਘੀ 18 ਅਪਰੈਲ ਨੂੰ ਅਤੇ ਉ ਤੋਂ ਬਾਅਦ ਆਏ ਤੇਜ਼ ਝੱਖੜ, ਹਨੇਰੀਆਂ ਵਿੱਚ ਕਈ ਟਰਾਂਸਫਾਰਮਰ ਅਤੇ ਲਾਇਨਾਂ ਗਿਰ ਗਈਆਂ ਸਨ, ਜਿਨ੍ਹਾਂ ਵਿੱਚ ਕਈ ਲਾਇਨਾਂ ਅਤੇ ਟਰਾਂਸਫਾਰਮਰ ਹੁਣ ਵੀ ਮੌਕੇ 'ਤੇ ਪਏ ਹਨ। ਜੂਨ 2025 ਦੇ ਦੂਜੇ ਹਫ਼ਤੇ ਤੋਂ ਝੋਨੇ ਦੀ ਬਿਜਾਈ ਸ਼ੁਰੂ ਹੋਣ ਜਾ ਰਹੀ ਹੈ, ਜਿਸ ਕਾਰਨ ਪਾਣੀ ਦੀ ਵਧੇਰੇ ਲੋੜ ਪਵੇਗੀ।ਇਸ ਸਬੰਧੀ ਸਬੰਧਤ ਕਿਸਾਨਾਂ ਵੱਲੋਂ ਕਈ ਵਾਰ ਪਾਵਰਕਾਮ ਦੇ ਅਮਲੇ ਨੂੰ ਬੇਨਤੀ ਵੀ ਕੀਤੀ ਗਈ ਹੈ, ਪਰ ਕੋਈ ਅਮਲ ਨਾ ਹੋਣ ਕਾਰਨ ਕਿਸਾਨਾਂ ਨੂੰ ਬਹੁਤ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਉਨ੍ਹਾਂ ਇਹ ਵੀ ਮੰਗ ਕੀਤੀ ਕਿ ਪੀ.ਸੀ. ਕੱਟ ਦੀ ਸਪਲਾਈ ਕਿਸਾਨਾਂ ਨੂੰ ਮੁੜ ਨਹੀਂ ਦਿੱਤੀ ਜ਼ਾਦੀ, ਜੇਕਰ ਕੋਈ ਫਾਲਟ ਪੈ ਜਾਦਾ ਹੈ ਤਾਂ ਉਸਦੀ ਸਪਲਾਈ ਤਾਂ ਮਿਲ ਜਾਂਦੀ ਹੈ, ਪਰ ਪੀ.ਸੀ. ਕੱਟ ਦੀ ਸਪਲਾਈ ਨਹੀਂ ਮਿਲਦੀ।

## ਸਾਬਕਾ ਚੇਅਰਮੈਨ ਦਾਤੇਵਾਲ ਦਾ ਕੈਨੇਡਾ ਦੀ ਧਰਤੀ 'ਤੇ ਸਵਾਗਤ



**ਕੋਟ ਈਸੇ ਖਾਂ (ਅਰੋੜਾ)** ਕੈਨੇਡਾ ਦੇ ਦੌਰੇ 'ਤੇ ਗਏ ਮਾਰਕੀਟ ਕਮੇਟੀ ਦੇ ਸਾਬਕਾ ਚੇਅਰਮੈਨ ਸੁਖਵਿੰਦਰ ਸਿੰਘ ਦਾਤੇਵਾਲ ਦਾ ਵਿਦੇਸ਼ ਦੀ ਧਰਤੀ 'ਤੇ ਥਾਂ-ਥਾਂ ਨਿੱਘਾ ਸਵਾਗਤ ਹੋ ਰਿਹਾ ਹੈ।ਬ੍ਰਿਟਿਸ਼ ਕੋਲੰਬੀਆ ਸੂਬੇ ਦੇ ਸਰੀ ਏਅਰਪੋਰਟ ਪੁੱਜਣ 'ਤੇ ਦਾਤੇਵਾਲ ਦਾ ਉੱਘੇ ਕਾਰੋਬਾਰੀ ਤੇ ਸੀਨੀਅਰ ਅਕਾਲੀ ਆਗੂ ਕਮਲਜੀਤ ਸਿੰਘ ਮੋਗਾ ਤੇ ਅਕਾਲੀ ਆਗੂ ਸਤਨਾਮ ਸਿੰਘ ਦਾਤੇਵਾਲ ਨੇ ਨਿੱਘਾ ਸਵਾਗਤ ਕੀਤਾ। ਉਪਰੰਤ ਕੈਲਗਰੀ (ਅਲਬਰਟਾ) ਵਿਖੇ ਸੱਦੇ 'ਤੇ ਇੱਕ ਪ੍ਰਭਾਵਸ਼ਾਲੀ ਸਮਾਗਮ ਦੌਰਾਨ ਪਰਮੀਤ ਸਿੰਘ ਬੋਪਾਰਾਏ ਐਮਐਲਏ ਕੈਲਗਰੀ, ਡਾਕਟਰ ਜਸਵਿੰਦਰ ਸਿੰਘ ਬਰਾੜ ਫਰਜੰਦ ਮਰਹੂਮ ਸਾਬਕਾ ਕੈਬਿਨਟ ਮੰਤਰੀ ਪੰਜਾਬ ਜਥੇਦਾਰ ਤੋਤਾ ਸਿੰਘ ਹੁਰਾਂ ਨੇ ਸਾਬਕਾ ਚੇਅਰਮੈਨ ਦਾਤੇਵਾਲ, ਕਮਲਜੀਤ ਸਿੰਘ ਮੋਗਾ, ਸਤਨਾਮ ਸਿੰਘ ਕਲਸੀ ਦਾਤੇਵਾਲ ਤੇ ਸਾਥੀਆਂ ਦਾ ਗਰਮਜੋਸ਼ੀ ਨਾਲ ਭਰਵਾਂ ਸਵਾਗਤ ਕਰਦਿਆਂ ਸਨਮਾਨ ਚਿੰਨ੍ਹ ਦੇ ਕੇ ਸਨਮਾਨਿਤ ਕੀਤਾ।

# ਭੋੜੇ ਸਾਈਫਨ ਦੀ ਸਫਾਈ ਨਾ ਹੋਣ ਕਾਰਨ ਦਰਜਨਾਂ ਪਿੰਡਾਂ ਦੇ ਲੋਕਾਂ ਨੇ ਸਰਕਾਰ ਖਿਲਾਫ਼ ਕੀਤੀ ਨਾਅਰੇਬਾਜ਼ੀ



**ਨਾਭਾ (ਵਰਿੰਦਰ ਵਰਮਾ)** ਰਿਆਸਤੀ ਸ਼ਹਿਰ ਨਾਭਾ ਦੇ ਨੇੜਲੇ ਦਰਜਨਾਂ ਪਿੰਡਾਂ ਨੂੰ ਹਰ ਸਾਲ ਭੋੜੇ ਸਾਈਫਨ ਤੇ ਬਰਸਾਤੀ ਸਰਹੰਦ ਚੋਆ ਦੀ ਸਫਾਈ ਨਾ ਹੋਣ ਕਾਰਨ ਬਰਸਾਤਾਂ ਦੇ ਦਿਨਾਂ ਵਿੱਚ ਪਾਣੀ ਦੀ ਵੱਡੀ ਮਾਰ ਝੱਲਣੀ ਪੈਂਦੀ ਹੈ, ਜਿਸ ਨਾਲ ਹਜ਼ਾਰਾਂ ਏਕੜ ਫ਼ਸਲ ਪਾਣੀ ਦੀ ਮਾਰ ਹੇਠ ਆਉਣ ਕਾਰਨ ਤਬਾਹ ਹੋ ਜਾਂਦੀ ਹੈ, ਜਿਸ ਦਾ ਕਿਸਾਨਾਂ ਨੂੰ ਪਿਛਲੇ ਲੰਮੇ ਸਮੇਂ ਤੋਂ ਹਰ ਸਾਲ ਫ਼ਸਲਾਂ ਦੇ ਨੁਕਸਾਨ ਦਾ ਵੱਡਾ ਖਮਿਆਜ਼ਾ ਭੁਗਤਣਾ ਪੈਂਦਾ ਹੈ।ਉਨ੍ਹਾਂ ਕਿਹਾ ਕਿ ਜਦੋਂ ਕਿਸਾਨਾਂ ਦੀਆਂ ਫਸਲਾਂ ਤਬਾਹ ਹੋ ਜਾਂਦੀਆਂ ਹਨ ਤੇ ਫਿਰ ਆ ਕੇ ਰਾਜਨੀਤਕ ਆਗੂ ਫੋਟੋ ਸੈਸ਼ਨ ਕਰਾਉਂਦੇ ਹੋਏ ਕਿਸਾਨਾਂ ਦੇ ਹਮਦਰਦ ਹੋਣ ਦੇ ਝੂਠੇ ਡਰਾਮੇ ਕਰਦੇ ਹਨ ਤੇ ਫੋਕੀ ਵਾਹ-ਵਾਹ ਖੱਟਣ ਅਤੇ ਰਾਜਨੀਤਕ ਰੋਟੀਆਂ ਸੇਕਣ ਲਈ ਪੀੜਤ ਕਿਸਾਨਾਂ ਨਾਲ ਵੱਡੇ ਵੱਡੇ ਵਾਅਦੇ ਕਰਕੇ ਜਾਂਦੇ ਹਨ, ਪ੍ਰੰਤੂ ਉਹ ਵਾਅਦੇ ਕੇਵਲ ਅਖਬਾਰੀ ਬਿਆਨ ਅਤੇ ਇਲੈਕਟ੍ਰਾਨਿਕ ਮੀਡੀਆ ਦੀਆਂ ਬ੍ਰੇਕਿੰਗ ਨਿਊਜ਼ ਬਣ ਕੇ ਹੀ ਰਹਿ ਜਾਂਦੇ ਹਨ ਅਤੇ ਕਿਸਾਨ ਵਿਚਾਰੇ ਮਰੀਆਂ ਹੋਈਆਂ ਫਸਲਾਂ ਦੇ ਮੁਆਵਜ਼ੇ ਦੀ ਆਸ ਉਮੀਦਾਂ ਰੱਖਦੇ ਹੋਏ ਦਿਨੋਂ ਦਿਨ ਕਰਜ਼ਾਈ ਹੋ ਜਾਂਦੇ ਹਨ। ਕਿਸਾਨਾਂ ਨੇ ਕਿਹਾ ਕਿ ਪਿਛਲੇ ਛੇ ਮਹੀਨਿਆਂ ਤੋਂ ਅਸੀਂ ਇਸ ਭੋੜੇ ਸਾਈਫਨ ਦੀ ਸਫਾਈ ਨੂੰ ਲੈ ਕੇ ਸੰਬੰਧਿਤ ਮੰਤਰੀ, ਐਮ ਐਲ ਏ ਤੇ ਉੱਚ ਅਧਿਕਾਰੀਆਂ ਨਾਲ ਵੀ ਰਾਬਤਾ ਕਾਇਮ ਕਰਦੇ ਆ ਰਹੇ ਹਾਂ, ਪ੍ਰੰਤੂ ਝੂਠੇ ਲਾਰਿਆਂ ਤੋਂ ਸਿਵਾਏ ਸਾਡੇ ਹੱਥ ਪੱਲੇ ਕੁਝ ਵੀ ਨਹੀਂ ਪਿਆ। ਉਨ੍ਹਾਂ ਕਿਹਾ ਕਿ ਜਿਵੇਂ ਜਿਵੇਂ ਬਰਸਾਤ ਦੇ ਦਿਨ ਨੇੜੇ ਆ ਰਹੇ ਹਨ ਸਾਡੇ ਦਿਲਾਂ ਦੀਆਂ ਧੜਕਣਾਂ ਤਿਵੇਂ ਤਿਵੇਂ ਤੇਜ਼ ਹੁੰਦੀਆਂ ਜਾਂਦੀਆਂ ਹਨ।ਹਰ ਸਾਲ ਸਾਡੇ ਇਲਾਕੇ ਦੇ ਕਿਸਾਨਾਂ ਵੱਲੋਂ ਸਰਕਾਰਾਂ ਅੱਗੇ ਸਰਹੰਦ ਚੋਆ ਅਤੇ ਭੋੜੇ ਸਾਈਫਨ ਦੀ ਸਫਾਈ ਦੇ ਮਸਲੇ ਨੂੰ ਹੱਲ ਕਰਨ ਦੀ ਗੁਹਾਰ ਲਗਾਈ ਜਾਂਦੀ ਹੈ, ਪ੍ਰੰਤੂ ਸਰਕਾਰਾਂ ਦੇ ਮੰਤਰੀਆਂ ਅਤੇ ਆਗੂਆਂ ਦੇ ਕੰਨਾਂ 'ਤੇ ਜੂੰ ਨਹੀਂ ਸਰਕਦੀ ਦਿਖਾਈ ਦਿੰਦੀ। ਉਹਨਾਂ ਕਿਹਾ ਕਿ ਜੇਕਰ ਭੋੜੇ ਸਾਈਫਨ ਦੀ ਸਫਾਈ ਦਾ ਕੰਮ ਸਮਾਂ ਰਹਿੰਦਿਆਂ ਨਾ ਪੂਰਾ ਕੀਤਾ ਗਿਆ ਤਾਂ ਸਾਨੂੰ ਮਜਬੂਰਨ ਕਿਸਾਨ ਅਤੇ ਮਜ਼ਦੂਰ ਜਥੇਬੰਦੀਆਂ ਨੂੰ ਨਾਲ ਲੈ ਕੇ ਨੁਮਾਇੰਦਗੀ ਕਰਨ ਵਾਲੇ ਆਗੂਆਂ ਅਤੇ ਉੱਚ ਪ੍ਰਸ਼ਾਸਨਿਕ ਅਧਿਕਾਰੀਆਂ ਦੇ ਦਫਤਰਾਂ ਦਾ ਘਿਰਾਓ ਕਰਨਾ ਪਵੇਗਾ। ਡਰੇਨਜ ਵਿਭਾਗ ਦੇ ਐਕਸੀਅਨ ਪਟਿਆਲਾ ਸ੍ਰੀ ਪ੍ਰਥਮ ਗੰਭੀਰ ਨਾਲ ਗੱਲਬਾਤ ਕੀਤੀ ਤਾਂ ਉਨ੍ਹਾਂ ਭੋੜੇ ਸਾਈਫਨ ਦੀ ਸਫਾਈ ਵਿੱਚ ਦੇਰੀ ਹੋਣ ਦਾ ਕਾਰਨ ਫੰਡਾਂ ਦੀ ਕਮੀ ਦੱਸਿਆ। ਉਨ੍ਹਾਂ ਕਿਹਾ ਕਿ ਅਸੀਂ ਭੋੜੇ ਸਾਈਫਨ ਦੀ ਸਫਾਈ ਲਈ ਫੰਡ ਅਪ੍ਰੂਵਲ ਲਈ ਫਾਈਲ ਭੇਜੀ ਹੋਈ ਹੈ, ਜਦੋਂ ਵੀ ਫੰਡ ਜਾਰੀ ਹੋਣ ਤੇ ਜਲਦੀ ਹੀ ਭੋੜੇ ਸਾਈਫ਼ਨ ਦੀ ਸਫਾਈ ਦਾ ਕੰਮ ਸ਼ੁਰੂ ਕਰ ਦਿੱਤਾ ਜਾਵੇਗਾ।

# ਨਸ਼ਾ ਮੁਕਤ ਮੁਹਿੰਮ ਦਾ ਸੱਚ ਪਿੰਡ ਭਾਈ ਬਖਤੌਰ ਨੇ ਪਰਤੱਖ ਕੀਤਾ : ਸੇਖੋਂ

**ਬਠਿੰਡਾ (ਬਖਤੌਰ ਢਿੱਲੋਂ)**- ਪੰਜਾਬ ਨੂੰ ਨਸ਼ਾ ਮੁਕਤ ਕਰਨ ਦਾ ਵਾਅਦਾ ਤੇ ਦਾਅਵਾ ਕਰਨ ਵਾਲੀ ਮੁੱਖ ਮੰਤਰੀ ਦੀ ਮੁਹਿੰਮ 'ਯੁੱਧ ਨਸ਼ਿਆਂ ਵਿਰੁੱਧ' ਦਾ ਅਸਲ ਸੱਚ ਜ਼ਿਲ੍ਹਾ ਬਠਿੰਡਾ ਦੇ ਪਿੰਡ ਭਾਈ ਬਖਤੌਰ ਨੇ ਸਾਹਮਣੇ ਲਿਆਂਦਾ ਹੈ। ਸੀ ਪੀ ਆਈ ਐੱਮ ਪੰਜਾਬ ਦੇ ਸਕੱਤਰ ਕਾ: ਸੁਖਵਿੰਦਰ ਸਿੰਘ ਸੇਖੋਂ ਨੇ ਕਿਹਾ ਕਿ ਸਰਕਾਰ ਤੇ ਪੁਲਿਸ ਇਸ ਸੱਚ ਨੂੰ ਦਬਾਉਣ ਲਈ ਹਰ ਸੰਭਵ ਯਤਨ ਕਰ ਰਹੀਆਂ ਹਨ, ਜਿਸ ਸਦਕਾ ਪੰਜਾਬ ਦੇ ਲੋਕਾਂ ਵਿੱਚ ਨਿਰਾਸ਼ਤਾ ਫੈਲ ਰਹੀ ਹੈ। ਇਸ ਪਿੰਡ ਦੇ ਕੁੱਝ ਸਮਾਜ ਸੇਵਕਾਂ ਵੱਲੋਂ ਨਸ਼ੇ ਰੋਕਣ ਲਈ ਪਿੰਡ ਵਿੱਚ ਯਤਨ ਅਰੰਭੇ ਗਏ, ਪਰ ਸਬੰਧਤ ਥਾਨਾ ਕੋਟਫੱਤਾ ਦੇ ਮੁਖੀ ਵੱਲੋਂ ਇਹਨਾਂ ਸਮਾਜ ਸੇਵਕਾਂ ਨੂੰ ਡਰਾਵੇ ਤੇ ਧਮਕੀਆਂ ਦੇਣੀਆਂ ਸ਼ੁਰੂ ਕਰ ਦਿੱਤੀਆਂ ਗਈਆਂ। ਪਿੰਡ ਦੇ ਇੱਕ ਸਾਬਕਾ ਫੌਜੀ ਰਣਬੀਰ ਸਿੰਘ ਦੀਆਂ ਨਸ਼ਾ ਵੇਚਣ ਵਾਲਿਆਂ ਨੇ ਲੱਤਾਂ ਤੋੜ ਦਿੱਤੀਆਂ, ਉਹ ਹਸਪਤਾਲ ਵਿੱਚ ਇਲਾਜ ਅਧੀਨ ਹੈ। ਪੁਲਸ ਨਸ਼ਾ ਤਸ਼ਕਰਾਂ ਦਾ ਪੱਖ ਪੂਰ ਰਹੀ ਸੀ। ਆਖ਼ਰ ਪਿੰਡ ਦੇ ਇੱਕ ਨੌਜਵਾਨ ਨੇ ਇਸ ਦੁੱਖ ਚੋਂ ਨਿਕਲਣ ਲਈ ਰੋਸ਼ ਪ੍ਰਗਟ ਕਰਦਿਆਂ ਪਿੰਡ ਵਿੱਚ "ਸਾਡਾ ਪਿੰਡ ਵਿਕਾਊ ਹੈ" ਦੇ ਪੋਸਟਰ ਲਾ ਦਿੱਤੇ। ਸਬੰਧਤ ਪੁਲਸ ਨੇ ਨਸ਼ਾ ਵੇਚਣ ਵਾਲਿਆਂ ਨੂੰ ਤਾਂ ਹੱਥ ਨਾ ਪਾਇਆ, ਬਲਕਿ ਪੋਸਟਰ ਲਾਉਣ ਵਾਲੇ ਨੌਜਵਾਨ ਲਖਵੀਰ ਸਿੰਘ ਉਰਫ ਲੱਖਾ ਨੂੰ ਧਮਕੀਆਂ ਦੇਣੀਆਂ ਸ਼ੁਰੂ ਕਰ ਦਿੱਤੀਆਂ ਕਿ ਤੇਰੇ ਖਿਲਾਫ ਅਫ਼ਵਾਹਾਂ ਫੈਲਾਉਣ ਦਾ ਪਰਚਾ ਦਰਜ ਕਰਾਂਗੇ। ਪਿੰਡ ਵਾਸੀਆਂ ਨੇ ਦੋਸ਼ ਲਾਇਆ ਕਿ ਥਾਨਾ ਮੁਖੀ ਲੋਕਾਂ 'ਤੇ ਇਹ ਦਬਾਅ ਪਾ ਰਿਹਾ ਸੀ ਕਿ ਤੁਸੀਂ ਇਹ ਬਿਆਨ ਦਿਓ ਕਿ "ਸਾਡੇ ਪਿੰਡ ਵਿੱਚ ਤਾਂ ਨਸ਼ਾ ਵਿਕਦਾ ਹੀ ਨਹੀਂ।" ਪਿੰਡ ਦੇ ਬਜੁਰਗਾਂ, ਔਰਤਾਂ, ਨੌਜਵਾਨਾਂ ਨੇ ਡਟ ਕੇ ਕੈਮਰੇ ਮੂਹਰੇ ਬਿਆਨ ਦਰਜ ਕਰਵਾਏ ਕਿ ਪਿੰਡ ਵਿੱਚ ਬਹੁਤ ਜਿਆਦਾ ਨਸ਼ਾ ਵਿਕਦਾ ਹੈ, ਧੀਆਂ ਭੈਣਾਂ ਸੁਰੱਖਿਅਤ ਨਹੀਂ ਹਨ, ਪੁਲਸ ਦੀ ਮਿਲੀਭੁਗਤ ਨਾਲ ਹੀ ਨਸ਼ਾ ਵਿਕ ਰਿਹਾ ਹੈ। ਕਾ: ਸੇਖੋਂ ਨੇ ਕਿਹਾ ਕਿ ਪੁਲਸ ਦੀ ਇਹ ਕਾਰਵਾਈ ਮਗਰਮੱਛ ਦੇ ਹੰਝੂ ਪੂੰਝਣ ਵਾਲੀ ਹੈ। ਲਾਈਨ ਹਾਜਰ ਕਰਨਾ ਕੋਈ ਸਜਾ ਨਹੀਂ। ਇੱਥੇ ਹੀ ਬੱਸ ਨਹੀਂ ਮੁੱਖ ਮੰਤਰੀ ਭਗਵੰਤ ਮਾਨ ਵੀ ਮੀਡੀਆ 'ਚ ਬਿਆਨ ਦੇ ਰਹੇ ਹਨ ਕਿ ਜੇ ਪਿੰਡ ਵਿਕਾਊ ਦਾ ਪੋਸਟਰ ਲੱਗ ਗਿਆ ਤਾਂ ਕੀ ਹੋ ਗਿਆ। ਕੀ ਇਹ ਬਿਆਨ ਨਸ਼ਾ ਰੋਕਣ ਵਾਲਿਆਂ ਦੇ ਹੱਕ ਵਿੱਚ ਹੈ ਜਾਂ ਨਸ਼ਾ ਤਸਕਰਾਂ ਦੀ ਪੁਸ਼ਤ ਪਨਾਹੀ ਕਰਦਾ ਹੈ? ਕਾ: ਸੇਖੋਂ ਨੇ ਕਿਹਾ ਕਿ ਸਰਕਾਰ 'ਯੁੱਧ ਨਸ਼ਿਆਂ ਵਿਰੁੱਧ' ਦੀ ਸਫਲਤਾ ਦਾ ਪ੍ਰਚਾਰ ਕਰ ਰਹੀ ਹੈ, ਪਰ ਅਸਲ ਸੱਚ ਕੀ ਹੈ? ਇਹ ਭਾਈ ਬਖਤੌਰ ਦੇ ਲੋਕਾਂ ਨੇ ਪਰਤੱਖ ਕਰ ਦਿੱਤਾ ਹੈ।

## ਨਸ਼ਾ ਮੁਕਤੀ ਯਾਤਰਾ 'ਚ ਸ਼ਾਮਲ ਹੋਣ ਵਾਲਿਆਂ ਦਾ ਕਾਫ਼ਲਾ ਵੱਡਾ ਹੋਣ ਲੱਗਾ



**ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)** ਵਿਧਾਇਕ ਐਡਵੋਕੇਟ ਲਖਬੀਰ ਸਿੰਘ ਰਾਏ ਨੇ ਅੱਜ ਮੁਹੰਮਦੀਪੁਰ, ਛਲੇੜੀ ਕਲਾਂ ਤੇ ਛਲੇੜੀ ਖੁਰਦ ਆਦਿ ਪਿੰਡਾਂ ਵਿੱਚ ਨਸ਼ਾ ਮੁਕਤੀ ਯਾਤਰਾ ਤਹਿਤ ਆਯੋਜਿਤ ਸਮਾਗਮਾਂ ਵਿੱਚ ਸ਼ਿਰਕਤ ਕੀਤੀ ਅਤੇ ਲੋਕਾਂ ਵੱਲੋਂ ਵਧ-ਚੜ੍ਹ ਕੇ ਕੀਤੀ ਜਾ ਰਹੀ ਸ਼ਿਰਕਤ ਦੀ ਸ਼ਲਾਘਾ ਕੀਤੀ।ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਪੰਜਾਬ ਵਾਸੀਆਂ ਨੂੰ ਨਸ਼ਾ ਮੁਕਤ ਪੰਜਾਬ ਦੀ ਸਿਰਜਣਾ ਦਾ ਸੱਦਾ ਦਿੱਤਾ ਸੀ ਤੇ ਲੋਕਾਂ ਨੇ ਜਿਸ ਤਰ੍ਹਾਂ ਇਸ ਸੱਦੇ ਨੂੰ ਅਮਲੀ ਜਾਮਾ ਪਹਿਨਾਉਣ ਵਿੱਚ ਪੂਰੀ ਤਨਦੇਹੀ ਨਾਲ ਪਹਿਰਾ ਦਿੱਤਾ ਹੈ, ਉਸ ਲਈ ਨਾਗਰਿਕਾਂ ਦੀ ਸ਼ਲਾਘਾ ਕਰਨੀ ਬਣਦੀ ਹੈ। ਵਿਧਾਇਕ ਐਡਵੋਕੇਟ ਰਾਏ ਨੇ ਕਿਹਾ ਕਿ ਲੋਕਾਂ ਦਾ ਇਸ ਮੁਹਿੰਮ ਨੂੰ ਹਾਂ ਪੱਖੀ ਹੁੰਗਾਰਾ ਮਿਲਿਆ ਹੈ ਅਤੇ ਨਸ਼ਿਆਂ ਵਿਰੁੱਧ ਵਿੱਢੀ ਜੰਗ ਵਿੱਚ ਲੋਕਾਂ ਦਾ ਕਾਫ਼ਲਾ ਵੱਡਾ ਹੋਣ ਲੱਗ ਪਿਆ ਹੈ।ਉਨ੍ਹਾਂ ਕਿਹਾ ਕਿ ਪੇਂਡੂ ਡਿਫੈਂਸ ਕਮੇਟੀਆਂ ਤੇ ਵਾਰਡ ਡਿਫੈਂਸ ਕਮੇਟੀਆਂ ਦੀ ਵਧੀਆ ਕਾਰਗੁਜ਼ਾਰੀ ਸਾਹਮਣੇ ਆ ਰਹੀ ਹੈ।ਉਨ੍ਹਾਂ ਕਿਹਾ ਕਿ ਲੋਕਾਂ ਨੇ ਹੁਣ ਤਹੱਈਆ ਕਰ ਲਿਆ ਹੈ ਕਿ ਨਸ਼ਾ ਵੇਚਣ ਵਾਲਿਆਂ ਦਾ ਖੁੱਲ੍ਹ ਕੇ ਵਿਰੋਧ ਕਰਨਗੇ ਤੇ ਅਜਿਹੇ ਮਾੜੇ ਅਨਸਰਾਂ ਨੂੰ ਆਪਣੇ ਘਰਾਂ ਨੇੜੇ ਤੇ ਮੁਹੱਲਿਆਂ ਵਿੱਚ ਵੜਨ ਨਹੀਂ ਦੇਣਗੇ।

# ਨਸ਼ੇ ਦਾ ਸੇਵਨ ਕਰਦੇ ਦੋ ਵਿਅਕਤੀ ਗ੍ਰਿਫ਼ਤਾਰ, ਪਰਚਾ ਦਰਜ

**ਜਲਾਲਾਬਾਦ (ਜੀਤ ਕੁਮਾਰ)** ਥਾਣਾ ਸਿਟੀ ਜਲਾਲਾਬਾਦ ਤੇ ਥਾਣਾ ਅਮੀਰ ਖਾਸ ਦੀ ਪੁਲਸ ਵੱਲੋਂ ਨਸ਼ੇ ਦਾ ਸੇਵਨ ਕਰਦੇ 2 ਵਿਅਕਤੀਆਂ ਨੂੰ ਗ੍ਰਿਫ਼ਤਾਰ ਕੀਤਾ ਗਿਆ ਹੈ। ਦਰਜ ਮੁਕੱਦਮੇ ਦੇ ਜਾਂਚ ਅਧਿਕਾਰੀ ਸਹਾਇਕ ਥਾਣੇਦਾਰ ਅਮਰੀਕ ਸਿੰਘ ਨੇ ਦੱਸਿਆ ਕਿ ਉਹ ਸਮੇਤ ਸਾਥੀ ਕ੍ਰਮਚਾਰੀਆਂ ਨਾਲ ਗਸ਼ਤ ਦੌਰਾਨ ਸ਼ੱਕੀ ਪੁਰਸ਼ਾਂ ਦੀ ਚੈਕਿੰਗ ਕਰਨ ਦੇ ਸਬੰਧ ਵਿੱਚ ਥਾਣਾ ਏਰੀਏ ਵਿੱਚ ਮੌਜੂਦ ਸੀ ਤੇ ਜਦੋਂ ਪੁਲਿਸ ਪਾਰਟੀ ਗਸ਼ਤ ਕਰਦੀ ਹੋਈ ਟਿਵਾਣਾ ਕਲਾਂ ਤੋਂ ਥੋੜ੍ਹਾ ਪਿੱਛੇ ਸਰਕਾਰੀ ਸੁਸਾਇਟੀ ਦੇ ਕੋਲ ਪੁੱਜੀ ਤਾਂ ਝਾੜੀਆਂ ਦੇ ਕੋਲ ਬੈਠਾ ਇੱਕ ਨੌਜਵਾਨ ਲੜਕਾ ਸਿਲਵਰ ਦੀ ਪੰਨੀ ਪੇਪਰ ਹੇਠ ਲੈਟਰ ਚਲਾ ਕੇ ਇਕ 10 ਰੁਪਏ ਦਾ ਨੋਟ, ਜੋ ਗੋਲ ਕੀਤਾ ਹੋਇਆ ਸੀ, ਸਿਗਰਟ ਨਾਲ ਹੈਰੋਇਨ ਦੀ ਪੰਨੀ ਪੀ ਰਿਹਾ ਸੀ, ਜਿਸ ਨੂੰ ਪੁਲਸ ਪਾਰਟੀ ਨੇ ਕਾਬੂ ਕੀਤਾ ਅਤੇ ਇਸ ਵਿਅਕਤੀ ਦੀ ਪਛਾਣ ਪ੍ਰਦੀਪ ਕੁਮਾਰ ਪੁੱਤਰ ਨਰੈਣ ਸਿੰਘ ਵਾਸੀ ਕਮਰੇਵਾਲਾ ਰੋਡ ਜਲਾਲਾਬਾਦ ਵਜੋਂ ਹੋਈ। ਥਾਣਾ ਸਿਟੀ ਦੀ ਪੁਲਸ ਵੱਲੋਂ ਪ੍ਰਦੀਪ ਕੁਮਾਰ ਦੇ ਵਿਰੁੱਧ ਮੁਕੱਦਮਾ ਨੰਬਰ 71 ਮਿਤੀ 03-06-2025 ਨੂੰ ਧਾਰਾ 27/61/85 ਐਨ.ਡੀ.ਪੀ.ਐਸ. ਐਕਟ ਤਹਿਤ ਦਰਜ ਕੀਤਾ ਗਿਆ ਹੈ। ਉਧਰ ਥਾਣਾ ਅਮੀਰ ਖਾਸ ਵਿਖੇ ਦਰਜ ਮੁਕੱਦਮੇ ਦੇ ਜਾਂਚ ਅਧਿਕਾਰੀ ਐਸ.ਆਈ. ਰਵੀ ਪਾਲ ਨੇ ਦੱਸਿਆ ਕਿ ਉਹ ਪੁਲਿਸ ਪਾਰਟੀ ਸਮੇਤ ਗਸ਼ਤ ਦੌਰਾਨ ਪਿੰਡ ਸ਼ਮਸ਼ਦੀਨ ਚਿਸ਼ਤੀ ਵਿਖੇ ਪੁੱਜੇ ਤਾਂ ਮੁਖਬਰ ਖਾਸ ਨੇ ਆ ਕੇ ਇਤਲਾਹ ਦਿੱਤੀ ਕਿ ਮੰਗਲ ਸਿੰਘ ਪੁੱਤਰ ਲੱਛਮਣ ਸਿੰਘ ਵਾਸੀ ਜੰਮੂ ਬਸਤੀ ਜਲਾਲਾਬਾਦ ਜੋ ਚਿੱਟਾ (ਹੈਰੋਇਨ) ਲਾਉਣ ਦਾ ਆਦੀ ਹੈ ਅਤੇ ਅੱਜ ਵੀ ਸ਼ਮਸ਼ਾਨਘਾਟ ਪਿੰਡ ਸ਼ਮਦੀਨ ਚਿਸਤੀ ਵਿੱਚ ਬੈਠਾ ਹੈਰੋਇਨ ਲਗਾ ਰਿਹਾ ਹੈ, ਜਿਸ 'ਤੇ ਪੁਲਸ ਪਾਰਟੀ ਵੱਲੋਂ ਛਾਪੇਮਾਰੀ ਕਰਕੇ ਮੰਗਲ ਸਿੰਘ ਨੂੰ ਇਕ ਲਾਈਟਰ, ਸਿਲਵਰ ਪੰਨੀ ਤੇ ਇਕ ਬੀੜੀ ਟਾਇਪ ਪਾਇਪ ਸਮੇਤ ਗ੍ਰਿਫਤਾਰ ਕੀਤਾ ਗਿਆ ਹੈ, ਜਿਸਦੇ ਵਿਰੁੱਧ ਪੁਲਿਸ ਵੱਲੋਂ ਥਾਣਾ ਅਮੀਰ ਖਾਸ ਵਿਖੇ ਮੁਕੱਦਮਾ ਨੰਬਰ 42 ਮਿਤੀ 3-06-2025 ਨੂੰ ਧਾਰਾ 27/61/85 ਐਨ.ਡੀ.ਪੀ.ਐਸ. ਐਕਟ ਤਹਿਤ ਦਰਜ ਕੀਤਾ ਗਿਆ ਹੈ।



# ਸਵਾਮੀ ਰੂਪ ਚੰਦ ਜੈਨ ਸਕੂਲ ਵੱਲੋਂ ਅਧਿਆਪਕਾਂ ਨੂੰ ਦਿਖਾਈ ਗਈ ਫ਼ਿਲਮ

**ਜਗਰਾਉਂ (ਅਮਿਤ ਖੰਨਾ)** ਸਵਾਮੀ ਰੂਪ ਚੰਦ ਜੈਨ ਸੀਨੀਅਰ ਸੈਕੰਡਰੀ ਸਕੂਲ ਦੇ ਪ੍ਰਿੰਸੀਪਲ ਸ਼੍ਰੀਮਤੀ ਰਾਜਪਾਲ ਕੌਰ ਦੀ ਯੋਗ ਅਗਵਾਈ ਅਤੇ ਸਮੂਹ ਮੈਨੇਜਮੈਂਟ ਦੇ ਸਹਿਯੋਗ ਸਦਕਾ ਅਧਿਆਪਕਾਂ ਨੂੰ ਸਟਾਰ ਓਮ ਜੀ ਥੀਏਟਰ ਵਿੱਚ ਫਿਲਮ ਦਿਖਾਈ ਗਈ, ਜੋ ਅਧਿਆਪਕਾਂ ਲਈ ਬਹੁਤ ਹੀ ਬਹੁਤ ਯਾਦਗਾਰੀ ਦਿਨ ਹੋ ਨਿੱਬੜਿਆ। ਮੈਨਜਮੈਂਟ ਵੱਲੋਂ ਹਰ ਸਾਲ ਦੀ ਤਰ੍ਹਾਂ ਇਸ ਵਾਰ ਵੀ ਅਧਿਆਪਕਾਂ ਦਾ ਸਨਮਾਨ ਕਰਦਿਆਂ ਚੰਗੀ ਕਾਰਗੁਜ਼ਾਰੀ 'ਤੇ ਸੌਗਾਤ ਦੇਣ ਲਈ ਮੂਵੀ ਦਿਖਾਉਣ ਦੇ ਨਾਲ-ਨਾਲ ਇੱਕ ਪਾਰਟੀ ਦਾ ਵੀ ਆਯੋਜਨ ਕੀਤਾ ਗਿਆ, ਜਿਸ ਵਿੱਚ ਉਨ੍ਹਾਂ ਲਈ ਸਪੈਸ਼ਲ ਬਰੇਕਫਾਸਟ ਅਤੇ ਲੰਚ ਦਾ ਵੀ ਪ੍ਰਬੰਧ ਕੀਤਾ ਗਿਆ। ਇਸ ਪਾਰਟੀ ਵਿੱਚ ਉਨ੍ਹਾਂ ਨੇ ਗੀਤ-ਸੰਗੀਤ ਅਤੇ ਨਾਚ ਨਾਲ ਇਸ ਦਿਨ ਨੂੰ ਮਨਾਇਆ ਗਿਆ।ਪ੍ਰਿੰਸੀਪਲ ਰਾਜਪਾਲ ਕੌਰ ਨੇ ਇਸ ਮਨੋਰੰਜਨ ਵਿੱਚ ਉਹਨਾਂ ਦੇ ਨਾਲ ਰਹਿ ਕੇ ਖੁਸ਼ੀ ਨੂੰ ਦੁੱਗਣਾ ਕੀਤਾ।

## ਬਿਲਡਿੰਗ ਠੇਕੇਦਾਰ ਐਸੋਸੀਏਸ਼ਨ ਨੇ ਛਬੀਲ ਲਾਈ



**ਜਗਰਾਉਂ (ਅਮਿਤ ਖੰਨਾ)** ਬਿਲਡਿੰਗ ਠੇਕੇਦਾਰ ਐਸੋਸੀਏਸ਼ਨ ਰਜਿ: 133 ਨੇ ਨੇੜੇ ਗੁਰਦੁਆਰਾ ਰਾਮਗੜ੍ਹੀਆ ਕਮੇਟੀ ਪਾਰਕ ਵਿਖੇ ਸ੍ਰੀ ਗੁਰੂ ਅਰਜਨ ਦੇਵ ਦੇ ਸ਼ਹੀਦੀ ਦਿਹਾੜੇ ਦੇ ਤਿੰਨ ਚਾਰ ਮਹੀਨੇ ਚੱਲਣ ਵਾਲੀ ਠੰਡੇ ਪਾਣੀ ਦੀ ਛਬੀਲ ਸ਼ੁਰੂ ਕਰਾਈ। ਰਾਹਗੀਰਾਂ ਨੂੰ ਗਰਮੀ ਦੇ ਮੌਸਮ ਵਿੱਚ ਪਾਣੀ ਲਈ ਪਾਣੀ ਨਾ ਮਿਲਣਾ ਯਾਨੀ ਮੁਸ਼ਕਲਾਂ ਦਾ ਹੱਲ ਕਰਦਿਆਂ ਐਸੋਸੀਏਸ਼ਨ ਨੇ ਛਬੀਲ ਦਾ ਸ਼ੁਭ ਆਰੰਭ ਕਰਾਈ। ਭਾਈ ਜਸਵੰਤ ਸਿੰਘ ਵੱਲੋਂ ਅਰਦਾਸ ਕਰਨ ਉਪਰੰਤ ਸੰਗਤਾਂ ਨੂੰ ਜਲ ਛਕਾਇਆ ਗਿਆ। ਇਸ ਮੌਕੇ ਬਿਲਡਿੰਗ ਠੇਕੇਦਾਰ ਐਸੋਸੀਏਸ਼ਨ ਦੇ ਐਸੋਸੀਏਸ਼ਨ ਦੇ ਅਹੁਦੇਦਾਰਾਂ ਨੇ ਦੱਸਿਆ ਕਿ ਪ੍ਰਧਾਨ ਜਿੰਦਰਪਾਲ ਧੀਮਾਨ ਦੇ ਦਿਸ਼ਾ-ਨਿਰਦੇਸ਼ਾਂ 'ਤੇ ਸੰਸਥਾ ਦੇ ਸਰਪ੍ਰਸਤ ਸਵ: ਮਹਿੰਦਰ ਸਿੰਘ ਸੋਈ ਤੇ ਰਤਨ ਸਿੰਘ ਧੰਜਲ ਦੀ ਸੋਚ ਨੂੰ ਸਾਕਾਰ ਕਰਦਿਆਂ ਲੋੜਵੰਦ ਦੀ ਮਦਦ ਲਈ ਇਹ ਛਬੀਲ ਸ਼ੁਰੂ ਹੋਈ ਹੈ।

# ਯੁੱਧ ਦੇ ਮਾਰੂ ਸਿੱਟੇ ਤੇ ਭਾਰਤ 'ਚ ਉਸਾਰਿਆ ਜਾ ਰਿਹਾ ਫਿਰਕੂ ਮਾਹੌਲ ਵਿਸ਼ੇ 'ਤੇ ਕਨਵੈਨਸ਼ਨ



**ਲੌਂਗੋਵਾਲ (ਪ੍ਰਦੀਪ ਸਿੰਘ ਲੌਂਗੋਵਾਲ)** ਇਲਾਕੇ ਦੀਆਂ ਜਨਤਕ ਜਮਹੂਰੀ, ਲੋਕਪੱਖੀ ਜਥੇਬੰਦੀਆਂ ਵੱਲੋਂ ਸਮਾਜਿਕ ਭਾਈਚਾਰੇ ਨੂੰ ਮਜ਼ਬੂਤ ਕਰਨ ਲਈ ਯੁੱਧ ਦੇ ਮਾਰੂ ਸਿੱਟੇ ਅਤੇ ਭਾਰਤ ਵਿੱਚ ਉਸਾਰਿਆ ਜਾ ਰਿਹਾ ਫਿਰਕੂ ਮਾਹੌਲ ਵਿਸ਼ੇ 'ਤੇ ਕਨਵੈਨਸ਼ਨ ਦਾ ਆਯੋਜਨ ਗੁਰਦੁਆਰਾ ਢਾਬ ਬਾਬਾ ਆਲਾ ਸਿੰਘ ਵਿਖੇ ਕੀਤਾ ਗਿਆ। ਦੇਸ਼ ਭਗਤ ਯਾਦਗਾਰ ਕਮੇਟੀ, ਕਿਰਤੀ ਕਿਸਾਨ ਯੂਨੀਅਨ, ਕ੍ਰਾਂਤੀਕਾਰੀ ਪੇਂਡੂ ਮਜ਼ਦੂਰ ਯੂਨੀਅਨ ਪੰਜਾਬ, ਭਾਰਤੀ ਕਿਸਾਨ ਯੂਨੀਅਨ ਏਕਤਾ (ਡਕੌਂਦਾ), ਡੈਮੋਕ੍ਰੇਟਿਕ ਟੀਚਰਜ਼ ਫਰੰਟ, ਭਾਰਤੀ ਕਿਸਾਨ ਯੂਨੀਅਨ ਏਕਤਾ (ਉਗਰਾਹਾਂ), ਭਾਰਤੀ ਕਿਸਾਨ ਯੂਨੀਅਨ ਏਕਤਾ (ਆਜ਼ਾਦ), ਤਰਕਸ਼ੀਲ ਸੁਸਾਇਟੀ ਪੰਜਾਬ ਪਿੰਡ ਬਚਾਓ ਫਰੰਟ, ਮੁਸਲਿਮ ਵੈਲਫ਼ੇਅਰ ਸੁਸਾਇਟੀ, ਆਈ ਡੀ ਪੀ, ਬਾਬਾ ਫ਼ਰੀਦ ਵੈਲਫ਼ੇਅਰ ਸੁਸਾਇਟੀ ਆਦਿ ਜਥੇਬੰਦੀਆਂ ਦੇ ਆਗੂਆਂ ਅਤੇ ਕਾਰਕੁੰਨਾਂ ਨੇ ਭਰਵੀਂ ਸਮੂਲੀਅਤ ਕਰਕੇ ਵਿਚਾਰ ਚਰਚਾ ਕੀਤੀ।ਸਭ ਤੋਂ ਪਹਿਲਾਂ ਪਹਿਲਗਾਓਂ ਵਿੱਚ ਅੱਤਵਾਦੀਆਂ ਵੱਲੋਂ ਬੇਕਸੂਰ, ਅਣਭੋਲ ਸੈਲਾਨੀਆਂ ਦੀ ਕੀਤੀ ਗਈ ਹੱਤਿਆ ਨੂੰ ਅਤਿ-ਗ਼ੈਰਮਨੁੱਖੀ ਅਤੇ ਕਾਇਰਤਾ ਭਰੀ ਕਾਰਵਾਈ ਗਾਰਦਾਨਿਆ। ਆਗੂਆਂ ਨੇ ਮੁਲਕ ਵਿੱਚ ਹਾਕਮਾਂ ਵੱਲੋਂ ਉਸਾਰੇ ਜਾ ਰਹੇ ਫਿਰਕੂ ਮਾਹੌਲ 'ਤੇ ਚਿੰਤਾ ਪ੍ਰਗਟ ਕਰਦਿਆਂ ਅਵਾਮ ਨੂੰ ਇੱਕਜੁਟ ਹੋ ਕੇ ਇਸਦਾ ਟਾਕਰਾ ਕਰਨ ਦਾ ਸੱਦਾ ਦਿੱਤਾ।ਇਸ ਇਕੱਤਰਤਾ ਵਿੱਚ ਬਲਜਿੰਦਰ ਸਿੰਘ, ਭੋਲਾ ਸਿੰਘ, ਬਲਬੀਰ ਲੌਂਗੋਵਾਲ, ਜੁਝਾਰ ਲੌਂਗੋਵਾਲ, ਗੁਰਮੇਲ ਸਿੰਘ, ਕਰਨੈਲ ਸਿੰਘ ਜਖੇਪਲ, ਭੋਲਾ ਸਿੰਘ ਬਟੂਹਾ, ਲਖਵੀਰ ਲੌਂਗੋਵਾਲ, ਇਨਜਿੰਦਰ ਖੀਵਾ, ਦਾਤਾ ਸਿੰਘ ਨਮੋਲ, ਚਮਕੌਰ ਸਿੰਘ, ਹਰਦੇਵ ਸਿੰਘ ਦੁੱਲਟ, ਸੁਖਜਿੰਦਰ ਸੰਗਰੂਰ, ਬਲਜੀਤ ਨਮੋਲ, ਸ਼ਮਸ਼ਾਦ ਖਾਨ, ਫਲਜੀਤ ਸਿੰਘ, ਜਸਵੀਰ ਨਮੋਲ, ਜਗਦੀਸ਼ ਛਾਜਲੀ, ਪ੍ਰੇਮ ਸਰੂਪ ਛਾਜਲੀ ਆਦਿ ਆਗੂਆਂ ਨੇ ਵਿਚਾਰ ਪੇਸ਼ ਕੀਤੇ।


**ਫਾਰਮ ਨੰ: ਆਈ ਐੱਨ ਸੀ-19**
**ਨੋਟਿਸ**
(ਕੰਪਨੀਜ਼ (ਇਨਕਾਰਪੋਰੇਸ਼ਨ) ਰੂਲਜ਼, 2014 ਦੇ ਰੂਲ 22 ਦੀ ਪਾਲਣਾ 'ਚ)

**ਓ ਕੇ ਕੇ ਜ਼ਿਪਸ (ਇੰਡੀਆ) ਫੈਡਰੇਸ਼ਨ**
ਸੀ ਆਈ ਐੱਨ : ਯੂ 88900 ਪੀ ਬੀ 2023 ਐੱਨ ਪੀ ਐੱਲ 059882
ਰਜਿਸਟਰਡ ਦਫ਼ਤਰ : 1284/58, ਗਲੀ ਨੰ: 4, ਗੁਰੂ ਨਾਨਕ ਦੇਵ ਨਗਰ, ਰਾਹੋਂ ਰੋਡ, ਬਸਤੀ ਜੋਧੇਵਾਲ, ਲੁਧਿਆਣਾ-141007, ਪੰਜਾਬ

1. ਇਸ ਦੁਆਰਾ ਨੋਟਿਸ ਦਿੱਤਾ ਜਾਂਦਾ ਹੈ ਕਿ ਕੰਪਨੀਜ਼ ਐਕਟ, 2013 ਦੇ ਸੈਕਸ਼ਨ 8 ਦੇ ਸਬ-ਸੈਕਸ਼ਨ (4) (ii) ਦੀ ਪਾਲਣਾ 'ਚ ਓ ਕੇ ਕੇ ਜ਼ਿਪਸ (ਇੰਡੀਆ) ਫੈਡਰੇਸ਼ਨ ਨੇ ਰਿਜਨਲ ਡਾਇਰੈਕਟਰ (ਨਾਰਦਰਨ ਰਿਜਨ) ਨਵੀਂ ਦਿੱਲੀ, ਰਜਿਸਟਰਾਰ ਆਫ਼ ਕੰਪਨੀਜ਼ ਚੰਡੀਗੜ੍ਹ ਅਤੇ ਸੈਂਟਰਲ ਪ੍ਰੋਸੈਸਿੰਗ ਸੈਂਟਰ ਹਰਿਆਣਾ ਨੂੰ ਕੰਪਨੀਜ਼ ਐਕਟ, 2013 ਦੇ ਸੈਕਸ਼ਨ 8 ਤਹਿਤ ਜਾਰੀ ਲਾਇਸੰਸ ਰੱਦ ਕਰਨ ਵਾਸਤੇ ਅਰਜ਼ੀ ਦਿੱਤੀ ਜਾ ਚੁੱਕੀ ਹੈ। ਲਾਇਸੰਸ ਰੱਦ ਹੋਣ ਤੋਂ ਬਾਅਦ ਕੰਪਨੀ ਨੂੰ ਫੈਡਰੇਸ਼ਨ ਦੀ ਥਾਂ ਇਸ ਦੇ ਨਾਂਅ 'ਚ "ਪ੍ਰਾਈਵੇਟ ਲਿਮਟਿਡ" ਸ਼ਬਦ ਜੋੜਨ ਦੀ ਲੋੜ ਹੋਵੇਗੀ।
2. ਕੰਪਨੀਜ਼ ਐਕਟ 2013 ਦੇ ਸੈਕਸ਼ਨ 8 (4) (ii) ਦੀਆਂ ਵਿਵਸਥਾਵਾਂ ਅਨੁਸਾਰ ਲਾਇਸੰਸ ਰੱਦ ਕੀਤੇ ਜਾਣ ਤੋਂ ਬਾਅਦ ਕੰਪਨੀ ਦੇ ਮੁੱਖ ਉਦੇਸ਼ ਹੇਠ ਲਿਖੇ ਅਨੁਸਾਰ ਹੋਣਗੇ:-
(ਏ) ਲਿਬਾਸ ਉਦਯੋਗਿਕ ਸਮਾਨ ਦਾ ਵਪਾਰ ਸ਼ੁਰੂ ਕਰਨਾ ਅਤੇ ਖੋਜ ਅਤੇ ਵਿਕਾਸ ਸਰਗਰਮੀਆਂ ਨੂੰ ਉਤਸ਼ਾਹਤ ਕਰਨਾ ਅਤੇ ਸੰਬੰਧਤ ਉਤਪਾਦਾਂ ਦੀ ਗੁਣਵੱਤਾ ਅਤੇ ਕਾਰਜਸ਼ੀਲਤਾ ਨੂੰ ਵਧਾਉਣਾ।
(ਬੀ) ਉਦਯੋਗਿਕ ਪ੍ਰਕ੍ਰਿਆ ਅਤੇ ਗੁਣਵੱਤਾ 'ਚ ਸੁਧਾਰ ਲਿਆਉਣ ਦੇ ਮੰਤਵ ਨਾਲ ਲਿਬਾਸ ਉਦਯੋਗਿਕ ਸਮਾਨ ਦੇ ਉਤਪਾਦ ਅਤੇ ਡਿਜ਼ਾਈਨ ਨਾਲ ਸੰਬੰਧਤ ਵਿਕਾਸ ਅਤੇ ਖੋਜ ਸਰਗਰਮੀਆਂ ਨੂੰ ਅੰਜਾਮ ਦੇਣਾ।
(ਸੀ) ਲਿਬਾਸ ਸਮਾਨ ਉਤਪਾਦ ਦੇ ਖੇਤਰ 'ਚ ਖਾਸ ਕਰਕੇ ਆਰਥਿਕ ਤੌਰ 'ਤੇ ਪੱਛੜੇ ਲੋਕਾਂ ਨੂੰ ਸਿਖਲਾਈ ਅਤੇ ਹੁਨਰ ਵਿਕਾਸ ਪ੍ਰੋਗਰਾਮ ਮੁਹੱਈਆ ਕਰਵਾਉਂਦਾ।
(ਡੀ) ਸਨਅਤੀ ਹਿੱਸੇਦਾਰਾਂ, ਸਰਕਾਰੀ ਅਦਾਰਿਆਂ ਅਤੇ ਹੋਰ ਸੰਗਠਨਾਂ ਦੇ ਸਹਿਯੋਗ ਨਾਲ ਲਿਬਾਸ ਉਦਯੋਗ ਸਮਾਨ ਦੇ ਉਤਪਾਦ 'ਚ ਟਿਕਾਊ ਅਤੇ ਵਾਤਾਵਰਣ ਜ਼ਿੰਮੇਵਰਾਨਾ ਨਿਰਮਾਣ ਅਭਿਆਸ ਨੂੰ ਉਤਸ਼ਾਹਤ ਕਰਨਾ।
(ਈ) ਸਨਅਤੀ ਖੇਤਰ ਦੇ ਲਾਭ ਵਾਸਤੇ ਉੱਚ ਗੁਣਵਤਾ ਵਾਲੇ ਉਦਯੋਗਿਕ ਸਮਾਨ ਦੀ ਉਪਲੱਬਧਤਾ ਅਤੇ ਸਮਰੱਥਾ ਯਕੀਨੀ ਬਣਾਉਣ ਲਈ ਨਿਰਮਾਤਾਵਾਂ, ਸਪਲਾਇਰਾਂ ਅਤੇ ਡਿਸਟ੍ਰੀਬਿਊਟਰਾਂ ਨਾਲ ਸੰਗਠਨ ਸਥਾਪਤ ਕਰਨਾ ਅਤੇ ਬਣਾਏ ਰੱਖਣਾ।
(ਐੱਫ) ਉਪਰੋਕਤ ਉਦੇਸ਼ਾਂ ਦੀ ਪ੍ਰਾਪਤੀ ਹਿੱਤ ਨਿਰਮਤ ਲਿਬਾਸ ਉਦਯੋਗਿਕ ਸਮਾਨ ਦੀ ਵਿਕਰੀ ਲਈ ਜ਼ਰੂਰੀ, ਇਤਫਾਕੀਆਂ ਜਾਂ ਸੰਚਾਲਕ ਸਰਗਰਮੀਆਂ, ਸਮੇਤ ਮਾਰਕਿਟਿੰਗ, ਡਿਸਟ੍ਰੀਬਿਊਸ਼ਨ ਸ਼ਾਮਲ ਹੋਣਾ।
3. ਤਜਵੀਜ਼ਤ ਕੰਪਨੀ ਦਾ ਮੈਮੋਰੈਂਡਮ ਖਰੜਾ ਅਤੇ ਆਰਟੀਕਲਜ਼ ਦੀ ਕਾਪੀ 1284/58, ਗਲੀ ਨੰ: 4, ਗੁਰੂ ਨਾਨਕ ਦੇਵ ਨਗਰ, ਰਾਹੋਂ ਰੋਡ, ਬਸਤੀ ਜੋਧੇਵਾਲ, ਲੁਧਿਆਣਾ-141007, ਪੰਜਾਬ ਵਿਖੇ ਵੇਖੀ ਜਾ ਸਕਦੀ ਹੈ।
4. ਇਸ ਦੁਆਰਾ ਨੋਟਿਸ ਦਿੱਤਾ ਜਾਂਦਾ ਹੈ ਕਿ ਇਸ ਅਰਜ਼ੀ 'ਤੇ ਇਤਰਾਜ਼ ਕਰਦਾ ਕੋਈ ਵੀ ਵਿਅਕਤੀ, ਫਰਮ, ਕੰਪਨੀ, ਕਾਰਪੋਰੇਸ਼ਨ ਜਾਂ ਕਾਰਪੋਰੇਟ ਬਾਡੀ ਆਪਣਾ ਇਤਰਾਜ ਰਿਜਨਲ ਡਾਇਰੈਕਟਰ (ਨਾਰਦਰਨ ਰਿਜਨ), ਰਜਿਸਟਰਾਰ ਆਫ਼ ਕੰਪਨੀਜ਼ ਚੰਡੀਗੜ੍ਹ ਅਤੇ ਸੈਂਟਰਲ ਸੈਂਟਰ ਹਰਿਆਣਾ ਨੂੰ ਇਸ ਨੋਟਿਸ ਦੀ ਪ੍ਰਕਾਸ਼ਨਾ ਮਿਤੀ ਤੋਂ 30 ਦਿਨਾਂ ਦੇ ਅੰਦਰ, ਰਿਜਨਲ ਡਾਇਰੈਕਟਰ (ਨਾਰਦਰਨ ਰਿਜ਼ਨ), ਬੀ-2 ਵਿੰਗ, ਦੂਜੀ ਮੰਜ਼ਲ, ਪੰਡਤ ਦੀਨ ਦਿਆਲ ਅੰਨਤੋਦਿਆ ਭਵਨ, ਦੂਜੀ ਮੰਜ਼ਲ, ਸੀ ਜੀ ਓ ਕੰਪਲੈਕਸ, ਨਵੀਂ ਦਿੱਲੀ-110003 ਅਤੇ ਰਜਿਸਟਰਾਰ ਆਫ਼ ਕੰਪਨੀਜ਼, ਪਹਿਲੀ ਮੰਜ਼ਲ, ਕਾਰਪੋਰੇਟ ਭਵਨ, ਪਲਾਟ ਨੰ: 4-ਬੀ, ਸੈਕਟਰ 27-ਬੀ, ਪਿੰਨ-160019 ਚੰਡੀਗੜ੍ਹ ਅਤੇ ਸੈਂਟਰਲ ਪ੍ਰੋਸੈਸਿੰਗ ਸੈਂਟਰ, ਪਲਾਟ ਨੰ. 6,7,8 ਸੈਕਟਰ 5, ਆਈ ਐੱਮ ਟੀ ਮਾਨੇਸਰ, ਜ਼ਿਲ੍ਹਾ ਗੁੜਗਾਉਂ, ਹਰਿਆਣਾ-122050 ਨੂੰ ਭੇਜ ਸਕਦਾ ਹੈ, ਇਸ ਦੀ ਇਕ ਕਾਪੀ ਬਿਨੈਕਾਰ ਨੂੰ 1284/58, ਗਲੀ ਨੰ: 4, ਗੁਰੂ ਨਾਨਕ ਦੇਵ ਨਗਰ, ਰਾਹੋਂ ਰੋਡ, ਬਸਤੀ ਜੋਧੇਵਾਲ, ਲੁਧਿਆਣਾ-141007, ਪੰਜਾਬ ਨੂੰ ਵੀ ਭੇਜੀ ਜਾਵੇ।

ਮਿਤੀ 04 ਜੂਨ 2025

ਬਿਨੈਕਾਰ ਦਾ ਨਾਂਅ
ਵਾਸਤੇ ਓ ਕੇ ਕੇ ਜ਼ਿਪਸ (ਇੰਡੀਆ) ਫੈਡਰੇਸ਼ਨ
1. ਸੁਨੀਲ ਕੁਮਾਰ ਬੁੱਧੀਰਾਜਾ (ਡਾਇਰੈਕਟਰ)
2. ਹਿਮਾਂਸ਼ੂ ਚੋਪੜਾ (ਡਾਇਰੈਕਟਰ)



**AXIS BANK** | Retail Asset Centre: AXIS Bank Ltd, SCO 367-368, Sector 34A, Chandigarh- 160022
Corporate Office: 'Axis House', Block-B, Bombay Dyeing Mills Compound, Pandurang Budhkar Marg, Worli, Mumbai-400025
Registered Office: 'Trishul', 3rd Floor, Opposite Samartheswar Temple, Law garden, Ellisbridge, Ahmadabad- 380006

**ਸਰਫੇਸੀ ਐਕਟ 2002 ਤਹਿਤ ਕਬਜ਼ਾ ਨੋਟਿਸ**

ਜਦੋਂ ਕਿ ਨਿਮਨਹਸਤਾਖਰੀ ਨੇ ਐਕਸਿਸ ਬੈਂਕ ਲਿ. ਦਾ ਅਧਿਕਾਰਤ ਅਫਸਰ ਹੋਣ ਨਾਤੇ ਸਕਿਊਰਿਟਾਈਜ਼ੇਸ਼ਨ, ਰੀਕੰਸਟਰੱਕਸ਼ਨ ਆਫ ਫਾਈਨੈਂਸ਼ੀਅਲ ਐੱਸਟਸ ਐਂਡ ਇਨਫੋਰਸਮੈਂਟ ਆਫ ਸਕਿਊਰਟੀ ਇੰਟਰੈਸਟ ਐਕਟ 2002 ਅਤੇ ਸਕਿਊਰਟੀ ਇੰਟਰੈਸਟ (ਇਨਫੋਰਸਮੈਂਟ) ਰੂਲਜ਼ 2002 ਦੇ ਰੂਲ 9 ਨਾਲ ਪੜ੍ਹੇ ਜਾਂਦੇ ਸੈਕਸ਼ਨ 13 (12) ਤਹਿਤ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਹੇਠਾਂ ਦਰਸਾਏ ਕਰਜ਼ਦਾਰਾਂ ਨੂੰ ਨੋਟਿਸ 'ਚ ਦਰਸਾਈ ਰਕਮ 'ਤੇ ਉਕਤ ਨੋਟਿਸ ਮਿਲਣ ਦੀ ਮਿਤੀ ਤੋਂ 60 ਦਿਨਾਂ ਅੰਦਰ ਜਮ੍ਹਾਂ ਕਰਾਉਣ ਲਈ ਡਿਮਾਂਡ ਨੋਟਿਸ ਜਾਰੀ ਕੀਤਾ ਸੀ।

ਕਰਜ਼ਦਾਰ ਰਕਮ ਦੀ ਅਦਾਇਗੀ ਕਰਨ 'ਚ ਨਾਕਾਮ ਰਹੇ ਹਨ। ਇਸ ਦੁਆਰਾ ਕਰਜ਼ਦਾਰਾਂ ਅਤੇ ਆਮ ਜਨਤਾ ਨੂੰ ਨੋਟਿਸ ਜਾਰੀ ਕੀਤਾ ਜਾਂਦਾ ਹੈ ਕਿ ਨਿਮਨਹਸਤਾਖਰੀ ਨੇ ਉਨ੍ਹਾਂ ਨੂੰ ਦਰਸਾਏ ਰੂਲ ਦੇ ਨਿਯਮ 9 ਨਾਲ ਪੜ੍ਹੇ ਜਾਂਦੇ ਐਕਟ ਦੇ ਸੈਕਸ਼ਨ 13 (4) ਅਧੀਨ ਪ੍ਰਾਪਤ ਅਧਿਕਾਰਾਂ ਦੀ ਵਰਤੋਂ ਕਰਦਿਆਂ ਵਰਨਣ ਜਾਇਦਾਦ ਦਾ ਹੇਠਾਂ ਦਰਸਾਈਆਂ ਮਿਤੀਆਂ ਨੂੰ ਕਬਜ਼ਾ ਲੈ ਲਿਆ ਹੈ।

ਕਰਜ਼ਦਾਰਾਂ ਨੂੰ ਖਾਸ ਤੌਰ 'ਤੇ ਅਤੇ ਆਮ ਜਨਤਾ ਨੂੰ ਖਬਰਦਾਰ ਕੀਤਾ ਹੈ ਕਿ ਉਹ ਜਾਇਦਾਦ ਬਾਰੇ ਕਿਸੇ ਤਰ੍ਹਾਂ ਦਾ ਲੈਣ-ਦੇਣ ਨਾ ਕਰਨ ਅਤੇ ਜਾਇਦਾਦ ਸੰਬੰਧੀ ਕਿਸੇ ਤਰ੍ਹਾਂ ਦਾ ਲੈਣ-ਦੇਣ 'ਤੇ ਰਕਮ ਅਤੇ ਉਸ ਉਪਰ ਵਿਆਜ ਐਕਸਿਸ ਬੈਂਕ ਲਿ. ਦੀ ਦੇਣਦਾਰੀ ਦਾ ਵਿਸ਼ਾ ਹੋਵੇਗੀ।

| ਲੜੀ ਨੰ. | ਕਰਜ਼ਦਾਰ ਅਤੇ ਸਹਿ-ਕਰਜ਼ਦਾਰ ਦਾ ਨਾਂਅ | ਡਿਮਾਂਡ ਨੋਟਿਸ ਦੀ ਮਿਤੀ / ਕਬਜ਼ੇ ਦੀ ਮਿਤੀ / ਡਿਮਾਂਡ ਨੋਟਿਸ 'ਚ ਰਕਮ (ਰੁਪਇਆਂ 'ਚ) |
|---|---|---|
| 1. | 1 ਸ਼ਿਵ ਸ਼ਕਤੀ ਬਾਰਦਾਨਾ ਕੰਪਨੀ ਰਾਹੀਂ ਇਸ ਦੇ ਮਾਲਕ ਆਗਿਆ ਰਾਮ ਪੁੱਤਰ ਅਰਜੁਨ ਦਾਸ, ਪਤਾ : 7481, ਲੱਕੜ ਬਜ਼ਾਰ, ਸੈਂਟਰਲ ਪੋਸਟ ਆਫਿਸ, ਲੁਧਿਆਣਾ-141008<br>2. ਸ੍ਰੀ ਆਗਿਆ ਰਾਮ ਪੁੱਤਰ ਅਰਜੁਨ ਦਾਸ ਪਤਾ : ਮਕਾਨ ਨੰ. 352, ਕਿਦਵਈ ਨਗਰ, ਲੁਧਿਆਣਾ-141001<br>3. ਸ੍ਰੀ ਕਪਿਲ ਅਰੋੜਾ ਪੁੱਤਰ ਆਗਿਆ ਰਾਮ, ਪਤਾ : ਮਕਾਨ ਨੰ. 352, ਕਿਦਵਈ ਨਗਰ, ਲੁਧਿਆਣਾ-141001<br>4. ਸ੍ਰੀਮਤੀ ਕਮਲਾ ਰਾਣੀ ਪਤਨੀ ਆਗਿਆ ਰਾਮ ਪਤਾ: ਮਕਾਨ ਨੰ. 352, ਕਿਦਵਈ ਨਗਰ, ਲੁਧਿਆਣਾ-141001 | 12 ਫਰਵਰੀ 2025<br>31 ਮਈ 2025 ਲੁਧਿਆਣਾ, ਪੰਜਾਬ<br>ਰੁਪਏ 89,95,831/- (ਉਨਾਨਵੇਂ ਲੱਖ ਪਚਾਨਵੇਂ ਹਜ਼ਾਰ ਅੱਠ ਸੌ ਇਕੱਤੀ ਰੁਪਏ ਕੇਵਲ) |
| | ਅਚੱਲ ਜਾਇਦਾਦ ਦਾ ਵੇਰਵਾ : 1. ਬੈਨਾਮਾ ਵਸੀਕਾ ਨੰ. 24655 ਮਿਤੀ 28-12-1989 ਅਨੁਸਾਰ ਰਿਹਾਇਸ਼ੀ ਜਾਇਦਾਦ ਮਕਾਨ ਨੰ. ਬੀ-07-748/1, ਰਕਬਾ 32 ਵਰਗ ਗਜ਼, ਲੱਕੜ ਬਜ਼ਾਰ, ਤਹਿਸੀਲ ਤੇ ਜ਼ਿਲ੍ਹਾ ਲੁਧਿਆਣਾ ਨਾਲ ਸੰਬੰਧਤ ਸਭ ਕੁਝ। ਹੱਦਾਂ : ਪੂਰਬ : ਗੁਆਂਢ 21'29", ਪੱਛਮ : ਰਾਮ ਲਾਲ ਸ਼ਰਮਾ 21'09", ਉੱਤਰ : ਸੜਕ 13'0", ਦੱਖਣ : ਸੰਤ ਰਾਮ 13'0" | |
| 2. | ਮੈਸ: ਮਨੀਸ਼ ਨਿੱਟਵੀਅਰ ਰਾਹੀਂ ਇਸ ਦੇ ਮਾਲਕ ਸ੍ਰੀ ਮਨੀਸ਼ ਕੁਮਾਰ ਪੁੱਤਰ ਨਰਿੰਦਰ ਪਾਲ ਪਤਾ : ਮਕਾਨ ਨੰ. ਬੀ-33/110, ਸਲੇਮ ਟਾਬਰੀ, ਲੁਧਿਆਣਾ-141008<br>ਸ੍ਰੀ ਮਨੀਸ਼ ਕੁਮਾਰ ਪੁੱਤਰ ਨਰਿੰਦਰ ਪਾਲ ਪਤਾ : ਮਕਾਨ ਨੰ. 110, ਭਗਵਾਨ ਦਾਸ ਕਾਲੋਨੀ, ਸਲੇਮ ਟਾਬਰੀ, ਨੇੜੇ ਕੋਲਡ ਸਟੋਰ, ਲੁਧਿਆਣਾ-141001<br>ਸ੍ਰੀਮਤੀ ਵੀਨਾ ਰਾਣੀ ਪਤਨੀ ਨਰਿੰਦਰ ਪਾਲ ਪਤਾ : ਮਕਾਨ ਨੰ. 110, ਭਗਵਾਨ ਦਾਸ ਕਾਲੋਨੀ, ਸਲੇਮ ਟਾਬਰੀ, ਲੁਧਿਆਣਾ-141008<br>ਸ੍ਰੀ ਨਰਿੰਦਰ ਪਾਲ ਪੁੱਤਰ ਰਾਮ ਲਾਲ ਪਤਾ : ਮਕਾਨ ਨੰ. 110, ਭਗਵਾਨ ਦਾਸ ਕਾਲੋਨੀ, ਸਲੇਮ ਟਾਬਰੀ, ਲੁਧਿਆਣਾ-141001 | 14ਜਨਵਰੀ 2025<br>31 ਮਈ 2025, ਲੁਧਿਆਣਾ, ਪੰਜਾਬ<br>ਰੁਪਏ 56,42,366/- ਛਪੰਜਾ ਲੱਖ ਬਤਾਲੀ ਹਜ਼ਾਰ ਤਿੰਨ ਸੌ ਛਿਆਹਠ ਰੁਪਏ ਕੇਵਲ<br>ਰੁਪਏ 11,65,517/- (ਗਿਆਰਾਂ ਲੱਖ ਪੈਂਹਠ ਹਜ਼ਾਰ ਪੰਜ ਸੌ ਸਤਾਰਾਂ ਰੁਪਏ ਕੇਵਲ) |
| | ਅਚੱਲ ਜਾਇਦਾਦ ਦਾ ਵੇਰਵਾ : ਵਸੀਕਾ ਨੰ. 6303, 6694,6895 ਅਨੁਸਾਰ ਵਪਾਰਕ ਜਾਇਦਾਦ ਰਕਬਾ 284 ਵਰਗ ਗਜ਼, ਨਿਊ ਅਸ਼ੋਕ ਨਗਰ-ਏ, ਲੁਧਿਆਣਾ, ਖੱਤਾ ਨੰ. 324/333, ਖਸਰਾ ਨੰ. 16//21/2, 22/2, 19//24/1, 23 ਜਮ੍ਹਾਂਬੰਦੀ ਸਾਲ 2009-2010 ਪਿੰਡ ਭੌਰਾ, ਹਦਬਸਤ ਨੰ. 88, ਤਹਿਸੀਲ ਤੇ ਜ਼ਿਲ੍ਹਾ ਲੁਧਿਆਣਾ ਨਾਲ ਸੰਬੰਧਤ ਸਭ ਕੁੱਝ। ਹੱਦਾਂ ਪੂਰਬ ਗੁਆਂਢ (15'6-1/2")/ਗੁਆਂਢ (15' 5"), ਗੁਆਂਢ (15'6-1/2"), ਪੱਛਮ : ਗਲੀ (15'6-1/2") /ਗੁਆਂਢ (15'5")/ਗਲੀ (15'6-1/2"), ਉੱਤਰ : ਮਨੀਸ਼ ਬਤਰਾ (55')/ਗੁਆਂਢ (55')/ ਨਰਿੰਦਰ ਪਾਲ (55'), ਦੱਖਣ : ਵੀਨਾ ਰਾਣੀ (55')/ਨਰਿੰਦਰ ਪਾਲ (55')/ਗੁਆਂਢ (55') | |
| 3. | 1. ਮੈਸ: ਵਿਸ਼ਾਲ ਹੌਜਰੀ ਰਾਹੀਂ ਇਸ ਦੇ ਮਾਲਕ ਸ੍ਰੀ ਕੇਸਵ ਕੁਮਾਰ ਸ਼ਰਮਾ ਪੁੱਤਰ ਰਮੇਸ਼ ਕੁਮਾਰ ਪਤਾ : 4082 ਸੁੰਦਨ ਗਲੀ, ਹਜ਼ੂਰੀ ਰੋਡ, ਲੁਧਿਆਣਾ-141001<br>2. ਸ੍ਰੀ ਕੇਸਵ ਕੁਮਾਰ ਸ਼ਰਮਾ ਪੁੱਤਰ ਰਮੇਸ਼ ਕੁਮਾਰ ਪਤਾ : 414/1, ਵਾਰਡ ਨੰ. 6, ਲੁਧਿਆਣਾ-141008<br>3. ਸ੍ਰੀ ਵਿਸ਼ਾਲ ਪੁੱਤਰ ਕੇਸ਼ਵ ਕੁਮਾਰ ਪਤਾ : ਮਕਾਨ ਨੰ. 408/2, ਹਜ਼ੂਰੀ ਰੋਡ, ਸੰਦਾ ਮੁਹੱਲਾ, ਲੁਧਿਆਣਾ-141008 | 14 ਜਨਵਰੀ 2025<br>31 ਮਈ 202, ਲੁਧਿਆਣਾ, ਪੰਜਾਬ<br>ਰੁਪਏ 45,10,118 (ਪੰਜਤਾਲੀ ਲੱਖ ਦਸ ਹਜ਼ਾਰ ਇੱਕ ਸੌ ਅਠਾਰਾਂ ਰੁਪਏ ਕੇਵਲ) |
| | ਅਚੱਲ ਜਾਇਦਾਦ ਦਾ ਵੇਰਵਾ : ਬੈਨਾਮਾ ਵਸੀਕਾ ਨੰ. 254 ਮਿਤੀ 05-04-2016 ਅਨੁਸਾਰ ਵਿਸ਼ਾਲ ਦੇ ਨਾਂਅ 'ਤੇ ਜਾਇਦਾਦ ਨੰ. ਬੀ 5-41, ਰਕਬਾ 55.5 ਵਰਗ ਗਜ਼, ਲੁਧਿਆਣਾ, ਹਜ਼ੂਰੀ ਰੋਡ, ਤਹਿਸੀਲ ਤੇ ਜ਼ਿਲ੍ਹਾ ਲੁਧਿਆਣਾ ਨਾਲ ਸੰਬੰਧਤ ਸਭ ਕੁੱਝ। ਹੱਦਾਂ : ਪੂਰਬ : ਸੋਹਨ ਲਾਲ 13'9", ਪੱਛਮ : ਗਲੀ 12'9", ਉੱਤਰ : ਵਿਕਰੇਤਾ 36'3", ਦੱਖਣ : ਸਾਲਗ ਰਾਮ 39'3" | |
| 4. | 1. ਮੈਸ: ਪ੍ਰਿੰਸ ਇੰਟਰਨੈਸ਼ਨਲ ਰਾਹੀਂ ਇਸ ਦੇ ਮਾਲਕ ਪ੍ਰਿੰਸ ਬਾਂਸਲ ਪੁੱਤਰ ਰਕੇਸ਼ ਚੰਦਰ, 5349 ਈ, 754-2, ਜ਼ੋਨ ਬੀ, ਫੇਸ-Viii ਫੋਕਲ ਪੁਆਇੰਟ, ਲੁਧਿਆਣਾ, ਤਹਿਸੀਲ ਤੇ ਜ਼ਿਲ੍ਹਾ ਲੁਧਿਆਣਾ, ਪੰਜਾਬ, ਇੰਡੀਆ ਪਿੰਨ-141010<br>2. ਸ੍ਰੀ ਪ੍ਰਿੰਸ ਬਾਂਸਲ ਪੁੱਤਰ ਸ੍ਰੀ ਰਕੇਸ਼ ਚੰਦਰ ਮਕਾਨ ਨੰ. 2624, ਫੇਸ-1, ਅਰਬਨ ਅਸਟੇਟ, ਦੁੱਗਰੀ, ਬਸੰਤ ਐਵੇਨਿਊ, ਲੁਧਿਆਣਾ-141010<br>3. ਸ੍ਰੀਮਤੀ ਪ੍ਰਿਯੰਕਾ ਬਾਂਸਲ ਪਤਨੀ ਸ੍ਰੀ ਪ੍ਰਿੰਸ ਬਾਂਸਲ, ਮਕਾਨ ਨੰ. 2624 ਫੇਸ-1, ਅਰਬਨ ਅਸਟੇਟ, ਦੁੱਗਰੀ, ਬਸੰਤ ਐਵੇਨਿਊ, ਲੁਧਿਆਣਾ-141010 | 04 ਫਰਵਰੀ 2025<br>31 ਮਈ 2025, ਲੁਧਿਆਣਾ, ਪੰਜਾਬ<br>ਰੁਪਏ 6,42,02,784/- (ਛੇ ਕਰੋੜ ਬਤਾਲੀ ਲੱਖ ਦੋ ਹਜ਼ਾਰ, ਸੱਤ ਸੌ ਚੁਰਾਸੀ ਰੁਪਏ ਕੇਵਲ) |
| | ਅਚੱਲ ਜਾਇਦਾਦ ਦਾ ਵੇਰਵਾ : ਬੈਨਾਮਾ ਵਸੀਕਾ ਨੰ. 2748 ਮਿਤੀ 27.11.2014 ਅਨੁਸਾਰ ਸ੍ਰੀ ਪ੍ਰਿੰਸ ਬਾਂਸਲ ਪੁੱਤਰ ਸ੍ਰੀ ਰਕੇਸ਼ ਚੰਦਰ ਦੇ ਨਾਂਅ 'ਤੇ ਵਪਾਰਕ ਜਾਇਦਾਦ ਰਕਬਾ 07 ਕਨਾਲ 6-1/2 ਮਰਲੇ ਬਕਦਰ 293/1474, ਖਸਰਾ ਨੰ. 17//21, 22, 18//25, 25//5/1, 27, 26//1/2, 2, 17//19, ਕੁੱਲ ਜ਼ਮੀਨ ਰਕਬਾ 36 ਕਨਾਲ 17 ਮਰਲੇ ਦਾ 17/19 ਹਿੱਸਾ, ਪਿੰਡ ਮੰਗਲੀ ਨੀਚੀ, ਤਹਿਸੀਲ ਸਾਹਨੇਵਾਲ, ਜ਼ਿਲ੍ਹਾ ਲੁਧਿਆਣਾ ਨਾਲ ਸੰਬੰਧਤ ਸਭ ਕੁਝ। ਹੱਦਾਂ : ਪੂਰਬ : ਸੜਕ, ਪੱਛਮ : ਫੈਕਟਰੀ ਪ੍ਰਿੰਸ ਇੰਟਰਨੈਸ਼ਨਲ, ਉੱਤਰ : ਹੋਰ ਜਾਇਦਾਦ, ਦੱਖਣ : ਪਲਾਟ ਨੰ. 753 | |

ਉਕਤ ਦਰਜ ਕਰਜ਼ਦਾਰ (ਕਰਜ਼ਦਾਰਾਂ)/ਸਹਿ-ਕਰਜ਼ਦਾਰ (ਸਹਿ-ਕਰਜ਼ਦਾਰਾਂ)/ਗਰੰਟਰ (ਗਰੰਟਰਾਂ) ਨੂੰ ਰਕਮ ਦੀ ਅਦਾਇਗੀ ਲਈ 30 ਦਿਨਾਂ ਦਾ ਨੋਟਿਸ ਦਿੱਤਾ ਜਾਂਦਾ ਹੈ। ਨਹੀਂ ਤਾਂ ਰਹਿਣ ਕੀਤੀ ਜਾਇਦਾਦ ਇਸ ਨੋਟਿਸ ਦੀ ਪ੍ਰਕਾਸ਼ਨਾ ਤੋਂ 30 ਦਿਨਾਂ ਦਾ ਸਮਾਂ ਖਤਮ ਹੋ ਜਾਣ 'ਤੇ ਸਕਿਊਰਟੀ ਇੰਟਰੈਸਟ (ਇਨਫੋਰਸਮੈਂਟ) ਰੂਲਜ਼ 2002 ਦੇ ਨਿਯਮ 8 ਤੇ 9 ਦੀਆਂ ਵਿਵਸਥਾਵਾਂ ਅਨੁਸਾਰ ਵੇਚ ਦਿੱਤੀ ਜਾਵੇਗੀ।

ਮਿਤੀ : 05-06-2025
ਸਥਾਨ : ਲੁਧਿਆਣਾ

ਸਹੀ/- ਅਧਿਕਾਰਤ ਅਫਸਰ
ਐਕਸਿਸ ਬੈਂਕ ਲਿਮਟਿਡ

# ਭਾਰਤ-ਪਾਕਿ ਨੂੰ ਆਪਸੀ ਮਸਲੇ ਜੰਗ ਨਾਲ ਨਹੀਂ, ਮਿਲ ਬੈਠ ਕੇ ਹੱਲ ਕਰਨੇ ਚਾਹੀਦੇ : ਭੱਟਾਚਾਰੀਆ

**ਜਲੰਧਰ (ਕੇਸਰ)**

ਇਥੇ ਦੇਸ਼ ਭਗਤ ਯਾਦਗਾਰ ਹਾਲ ਜਲੰਧਰ ਵਿਖੇ ਨਕਸਲੀ ਲਹਿਰ ਦੇ ਮਰਹੂਮ ਆਗੂ ਹਾਕਮ ਸਿੰਘ ਸਮਾਂਓ ਦੀ 26ਵੀਂ ਬਰਸੀ ਮੌਕੇ ਸੀ ਪੀ ਆਈ (ਐਮ ਐਲ) ਲਿਬਰੇਸ਼ਨ ਵੱਲੋ ਭਾਰਤ ਅਤੇ ਪਾਕਿਸਤਾਨ ਦੀਆਂ ਪਿਛਾਖੜੀ ਹਕੂਮਤਾਂ ਦੀਆਂ ਜੰਗੀ ਨੀਤੀਆਂ - ਖਾਸਕਰ ਭਾਰਤ ਸਰਕਾਰ ਦੁਆਰਾ ਲਗਾਤਾਰ ਜੰਗੀ ਜਨੂੰਨ, ਕੌਮੀ ਛਾਵਨਵਾਦ ਅਤੇ ਫਿਰਕੂ ਜਨੂੰਨ ਭੜਕਾਉਣ ਵਿਰੁੱਧ ਸੂਬਾਈ ਕਨਵੈਨਸ਼ਨ ਕੀਤੀ ਗਈ।ਕਨਵੈਨਸ਼ਨ ਨੂੰ ਮੁੱਖ ਬੁਲਾਰੇ ਵਜੋਂ ਸੰਬੋਧਨ ਕਰਦੇ ਹੋਏ ਸੀਪੀਆਈ (ਐਮਐਲ) ਲਿਬਰੇਸ਼ਨ ਦੇ ਕੌਮੀ ਜਨਰਲ ਸਕੱਤਰ ਦੀਪਾਂਕਰ ਭੱਟਾਚਾਰੀਆ ਨੇ ਕਿਹਾ ਕਿ ਭਾਰਤ ਅਤੇ ਪਾਕਿ ਨੂੰ ਆਪਸੀ ਮਸਲੇ ਜੰਗ ਨਾਲ ਨਹੀਂ ਬਲਕਿ ਮਿਲ ਬੈਠ ਕੇ ਹੱਲ ਕਰਨੇ ਚਾਹੀਦੇ ਹਨ, ਕਿਉਂਕਿ ਦੋਵਾਂ ਦੇਸ਼ਾਂ ਦਰਮਿਆਨ ਦਹਾਕਿਆਂ ਤੋਂ ਟਕਰਾਅ ਤੇ ਜੰਗ ਦਾ ਰੂਪ ਲੈਂਦਾ ਆ ਰਿਹਾ ਕਸ਼ਮੀਰ ਅਤੇ ਅਤਵਾਦ ਦਾ ਮਸਲਾ ਇਕ ਜੁੜਵਾਂ ਸਵਾਲ ਹੈ, ਜੋ ਇਕ ਸਿਆਸੀ ਮੁੱਦਾ ਹੈ ਅਤੇ ਇਸ ਦਾ ਸਥਾਈ ਹੱਲ ਸਿਆਸੀ ਅਧਾਰ 'ਤੇ ਹੀ ਕੀਤਾ ਜਾ ਸਕਦਾ ਹੈ।ਉਨ੍ਹਾਂ 9 ਜੁਲਾਈ ਨੂੰ ਮਜ਼ਦੂਰ ਤੇ ਕਿਸਾਨ ਸੰਗਠਨਾਂ ਵਲੋਂ ਦਿੱਤੇ ਦੇਸ਼ ਵਿਆਪੀ ਹੜਤਾਲ ਦੇ ਸੱਦੇ ਨੂੰ ਮੁਕੰਮਲ ਤੌਰ 'ਤੇ ਕਾਮਯਾਬ ਕਰਨ ਦੀ ਵੀ ਅਪੀਲ ਕੀਤੀ।ਇਸ ਸਮੇ ਬੋਲਦਿਆ ਆਰ ਐੱਮ ਪੀ ਆਈ ਦੇ ਜਨਰਲ ਸਕੱਤਰ ਮੰਗਤ ਰਾਮ ਪਾਸਲਾ ਨੇ ਮੋਦੀ ਸਰਕਾਰ ਦੀਆਂ ਸੰਵਿਧਾਨ ਵਿਰੋਧੀ



ਤੇ ਜਮਹੂਰੀਅਤ ਵਿਰੋਧੀ ਨੀਤੀਆਂ ਖ਼ਿਲਾਫ਼ ਇਕਜੁੱਟ ਹੋ ਕੇ ਇਕ ਮਜ਼ਬੂਤ ਸਿਆਸੀ ਮੋਰਚਾ ਵਿਕਸਤ ਕਰਨ ਦੀ ਲੋੜ ਉਤੇ ਜ਼ੋਰ ਦਿੱਤਾ। ਪੰਜਾਬ ਵਿੱਚ ਸੀਪੀਆਈ (ਐਮ ਐਲ) ਦੇ ਮੁੱਢਲੇ ਆਗੂਆਂ ਵਿਚੋਂ ਇਕ ਅਤੇ ਦੇਸ਼ ਭਗਤ ਯਾਦਗਾਰ ਹਾਲ ਦੀ ਟਰੱਸਟੀ ਕਾਮਰੇਡ ਸੁਰਿੰਦਰ ਕੁਮਾਰੀ ਕੋਛੜ ਨੇ ਇਹ ਵੱਡੀ ਜੰਗ ਵਿਰੋਧੀ ਕਨਵੈਨਸ਼ਨ ਕਰਨ ਲਈ ਲਿਬਰੇਸ਼ਨ ਪਾਰਟੀ ਨੂੰ ਸ਼ਾਬਾਸ਼ੇ ਦਿੱਤੀ।ਲਿਬਰੇਸ਼ਨ ਦੇ ਸੂਬਾ ਸਕੱਤਰ ਗੁਰਮੀਤ ਸਿੰਘ ਬਖਤਪੁਰ, ਸੁਖਦਰਸ਼ਨ ਸਿੰਘ ਨੱਤ , ਕੁਦਰਤ ਮਾਨਵ ਕੇਂਦਰਤ ਲੋਕ ਲਹਿਰ ਦੇ ਕੇਂਦਰੀ ਆਗੂ ਸੁਖਦੇਵ ਸਿੰਘ ਭੁਪਾਲ, ਆਈਡੀਪੀ ਦੇ ਪ੍ਰਧਾਨ ਕਰਨੈਲ ਸਿੰਘ ਜਖੇਪਲ ਨੇ ਵੀ ਇਸ ਮਸਲੇ ਬਾਰੇ ਅਪਣੇ ਵਿਚਾਰ ਸਾਂਝੇ ਕਰਦਿਆਂ ਕਿਹਾ ਕਿ ਕੁਝ ਸ਼ੱਕੀ ਦਹਿਸ਼ਤਗਰਦਾਂ ਵਲੋਂ ਕੀਤੇ ਪਹਿਲਗਾਮ ਸੈਲਾਨੀ ਕਤਲੇਆਮ ਨੂੰ ਅਧਾਰ ਬਣਾ ਕੇ ਯੁਧ ਛੇੜਨਾ ਲੋਕਾਂ ਦੇ ਬੁਨਿਆਦੀ ਮਸਲਿਆਂ ਤੋਂ ਧਿਆਨ ਹਟਾਉਣਾ ਹੈ, ਸਚ ਇਹ ਹੈ ਕਿ ਅਤਵਾਦ ਕੋਈ ਅਜ਼ਾਦ ਵਰਤਾਰਾ ਨਹੀ, ਬਲਕਿ ਹਾਕਮ ਜਮਾਤਾਂ ਦੀ ਰਾਜਨੀਤੀ ਦੀ ਉਪਜ ਹੈ, ਜਿਸ ਦਾ ਟਾਕਰਾ ਵੀ ਦੇਸ਼ ਵਿਚ ਜਨਤਾ ਦੀ ਜਨਤਕ ਤੇ ਸਿਆਸੀ ਲਾਮਬੰਦੀ ਰਾਹੀਂ ਹੀ ਕੀਤਾ ਜਾ ਸਕਦਾ ਹੈ। ਬੁਲਾਰਿਆਂ ਨੇ ਕਿਹਾ ਦੋਵੇਂ ਦੇਸ਼ਾਂ ਨੂੰ ਮੌਜੂਦਾ ਮਾਹੌਲ ਨੂੰ ਸਾਜ਼ਗਾਰ ਬਨਾਉਣ ਲਈ 22 ਅਪ੍ਰੈਲ ਤੋ ਪਹਿਲਾਂ ਵਾਲੀ ਰਾਜਨੀਤਿਕ ਸਥਿਤੀ ਬਹਾਲ ਕਰਨੀ ਚਾਹੀਦੀ ਹੈ।ਉਘੇ ਪਤਰਕਾਰ ਸਤਨਾਮ ਮਾਣਕ ਨੇ ਕਿਹਾ ਕਿ ਦੋਵਾਂ ਦੇਸ਼ਾਂ ਦੀਆ ਸਰਕਾਰਾਂ ਅਤੇ ਮੀਡੀਆ ਨੂੰ ਜੰਗੀ ਭੜਕਾਹਟ ਪੈਦਾ ਕਰਨ ਦੀ ਥਾਂ ਇਨ੍ਹਾਂ ਗੁਆਂਢੀ ਦੇਸ਼ਾਂ ਦਰਮਿਆਨ ਦੋਸਤੀ ਅਤੇ ਅਮਨ ਦਾ ਸੁਨੇਹਾ ਦੇਣ ਦੀ ਭੂਮਿਕਾ ਨਿਭਾਉਣੀ ਚਾਹੀਦੀ ਹੈ, ਕਨਵੈਨਸ਼ਨ ਦਾ ਸੰਚਾਲਨ ਪਾਰਟੀ ਦੇ ਕੇਂਦਰੀ ਕਮੇਟੀ ਮੈਂਬਰ ਕਾਮਰੇਡ ਰਾਜਵਿੰਦਰ ਰਾਣਾ ਨੇ ਕੀਤਾ।

## ਕੰਧਾਲਾ ਜੱਟਾਂ ਵਿਖੇ ਘੱਲੂਘਾਰਾ ਨੂੰ ਸਮਰਪਿਤ ਸਮਾਗਮ ਭਲਕੇ

**ਅੱਡਾ ਸਰਾਂ (ਜਸਵੀਰ ਕਾਜਲ)**- ਗੁਰਦੁਆਰਾ ਧੰਨ ਧੰਨ ਬਾਬਾ ਬਿਸ਼ਨ ਸਿੰਘ ਜੀ ਕੰਧਾਲਾ ਜੱਟਾਂ ਹੁਸ਼ਿਆਰਪੁਰ ਵਿਖੇ ਘੱਲੂਘਾਰਾ ਨੂੰ ਸਮਰਪਿਤ 4 ਜੂਨ ਤੋਂ 6 ਜੂਨ ਨੂੰ ਸ੍ਰੀ ਅਖੰਡ ਪਾਠ ਸਾਹਿਬ ਜੀ ਦੇ ਭੋਗ ਪਾਏ ਜਾਣਗੇ।ਭੋਗ ਉਪਰੰਤ ਪੰਥ ਦਾ ਪ੍ਰਸਿੱਧ ਢਾਡੀ ਜੱਥਾ ਭਾਈ ਗੁਰਦੇਵ ਸਿੰਘ ਕੋਮਲ ਸ਼ਾਹਕੋਟੀ ਸੰਗਤਾਂ ਨੂੰ ਗੁਰਇਤਹਾਸ ਅਤੇ ਢਾਡੀ ਵਾਰਾਂ ਨਾਲ ਨਿਹਾਲ ਕਰਨਗੇ।ਗੁਰੂ ਦਾ ਲੰਗਰ ਅਤੁੱਟ ਵਰਤੇਗਾ।

## ਵਾਹਿਗੁਰੂ ਅਕੈਡਮੀ ਵੱਲੋਂ ਆਈਲੈਟਸ, ਪੀ ਟੀ ਈ 'ਤੇ 85 ਫ਼ੀਸਦੀ ਡਿਸਕਾਊਂਟ

**ਸੁਲਤਾਨਪੁਰ ਲੋਧੀ, (ਬਲਵਿੰਦਰ ਸਿੰਘ ਧਾਲੀਵਾਲ)**

ਵਾਹਿਗੁਰੂ ਅਕੈਡਮੀ ਸੁਲਤਾਨਪੁਰ ਲੋਧੀ ਵੱਲੋਂ ਆਈਲੈਟਸ, ਪੀ ਟੀ ਈ, ਸਪੋਕਨ ਅਤੇ ਯੂ ਕੇ ਵੀ ਆਈ ਉੱਪਰ ਨੂੰ 85 ਫੀਸਦੀ ਡਿਸਕਾਊਂਟ ਦਿੱਤਾ ਜਾ ਰਿਹਾ ਹੈ।ਇਸ ਸਬੰਧੀ ਜਾਣਕਾਰੀ ਦਿੰਦਿਆਂ ਵਾਹਿਗੁਰੂ ਅਕੈਡਮੀ ਦੀ ਮੈਨੇਜਰ ਮਹਿਕ ਚੋਬੜਾ ਨੇ ਦੱਸਿਆ ਕਿ ਉਹਨਾਂ ਦੀ ਸੰਸਥਾ ਵੱਲੋਂ ਆਧੁਨਿਕ ਤਕਨੀਕ ਅਤੇ ਇੰਟਰਨੈਸ਼ਨਲ ਪੱਧਰ ਦੇ ਸਿਲੇਬਸ ਅਨੁਸਾਰ ਵਿਦਿਆਰਥੀਆਂ ਨੂੰ ਆਈਲੈਟਸ, ਪੀ ਟੀ ਈ, ਸਪੋਕਨ ਅਤੇ ਯੂ ਕੇ ਵੀ ਆਈ ਦੀ ਤਿਆਰੀ ਕਰਵਾਈ ਜਾਂਦੀ ਹੈ।ਉਹਨਾਂ ਨੇ ਕਿਹਾ ਕਿ ਇਸ ਆਫਰ ਤੇ ਸਪੋਕਨ ਦੀ ਇੱਕ ਮਹੀਨੇ ਦੀ ਫੀਸ ਸਿਰਫ 400 ਅਤੇ ਦੋ ਮਹੀਨੇ ਦੀ ਫੀਸ 600 ਅਤੇ ਤਿੰਨ ਮਹੀਨੇ ਦੀ ਫੀਸ 700 ਲਈ ਜਾਵੇਗੀ।

# 11 ਨੂੰ ਲੁਧਿਆਣਾ 'ਚ ਹੋ ਰਹੇ ਝੰਡਾ ਮਾਰਚ 'ਚ ਜਲ ਸਪਲਾਈ ਵਰਕਰ ਹੋਣਗੇ ਸ਼ਾਮਲ : ਵਰਿੰਦਰ ਮੋਮੀ

**ਕਾਲਾ ਸੰਘਿਆਂ (ਮਨਜੀਤ ਮਾਨ)**

'ਠੇਕਾ ਮੁਲਾਜ਼ਮ ਸੰਘਰਸ਼ ਮੋਰਚਾ ਪੰਜਾਬ' ਦੇ ਬੇਨਰ ਹੇਠ ਲੁਧਿਆਣਾ ਸ਼ਹਿਰ ਵਿਚ 11 ਜੂਨ ਨੂੰ ਹੋਣ ਵਾਲੇ ਝੰਡਾ ਮਾਰਚ ਵਿੱਚ ਜਲ ਸਪਲਾਈ ਅਤੇ ਸੈਨੀਟੇਸ਼ਨ ਕੰਟਰੈਕਟ ਵਰਕਰਜ਼ ਯੂਨੀਅਨ ਪੰਜਾਬ (ਰਜਿ.31) ਦੇ ਸੂਬਾ ਪ੍ਰਧਾਨ ਵਰਿੰਦਰ ਸਿੰਘ ਮੋਮੀ, ਸੂਬਾ ਸੀਨੀਅਰ ਮੀਤ ਪ੍ਰਧਾਨ ਹਾਕਮ ਸਿੰਘ ਧਨੇਠਾ, ਸੂਬਾ ਜੁਆਇੰਟ ਪ੍ਰੈੱਸ ਸਕੱਤਰ ਜਸਵੀਰ ਸਿੰਘ ਸ਼ੀਰਾ ਨੇ ਪ੍ਰੈਸ ਬਿਆਨ ਜਾਰੀ ਕਰਦਿਆਂ ਕਿਹਾ ਕਿ ਆਮ ਆਦਮੀ ਪਾਰਟੀ ਵੱਲੋਂ ਸੂਬੇ ਦੀ ਸੱਤਾ ਵਿਚ ਆਉਣ ਤੋਂ ਪਹਿਲਾਂ ਠੇਕਾ ਮੁਲਾਜ਼ਮਾਂ ਨਾਲ ਵਾਅਦਾ ਕੀਤਾ ਸੀ ਕਿ ਸਾਡੀ ਸਰਕਾਰ ਬਣਨ ਉਪਰੰਤ ਸਾਰੇ ਸਰਕਾਰੀ ਵਿਭਾਗਾਂ ਵਿਚ ਵੱਖ ਵੱਖ ਕੈਟਾਗਿਰੀਆਂ ਅਧੀਨ ਕੰਮ ਕਰਦੇ ਠੇਕਾ ਮੁਲਾਜ਼ਮਾਂ ਨੂੰ ਪੱਕਾ ਕੀਤਾ ਜਾਵੇਗਾ ਪਰ ਤ੍ਰਾਸਦੀ ਇਹ ਹੈ ਕਿ ਵਰਤਮਾਨ ਪੰਜਾਬ ਸਰਕਾਰ ਦੇ ਸੱਤਾ ਵਿਚ ਆਉਣ ਵਿਚ 3 ਸਾਲ ਬੀਤ ਚੁੱਕੇ ਹਨ ਪਰ ਹਾਲੇ ਤੱਕ ਠੇਕਾ ਮੁਲਾਜ਼ਮਾਂ ਨੂੰ ਪੱਕਾ ਕਰਨ ਵਾਲੀ ਮੰਗ ਦਾ ਹੱਲ ਨਹੀਂ ਹੋ ਸਕਿਆ ਹੈ। ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੀ ਪਹਿਲੀਆਂ ਸਰਕਾਰਾਂ ਦੀ ਤਰ੍ਹਾਂ ਹੀ ਕਾਰਪੋਰੇਟ ਘਰਾਣਿਆਂ ਦੀ ਸੇਵਾ ਲਈ ਸਰਕਾਰੀ ਵਿਭਾਗਾਂ ਦਾ ਨਿੱਜੀਕਰਨ/ਪੰਚਾਇਤਕਰਨ ਕਰਨ ਵਾਲੀਆਂ ਨੀਤੀਆਂ ਨੂੰ ਲਾਗੂ ਕਰਨ ਵਿਚ ਬਜ਼ਿੱਦ ਹੈ ਅਤੇ ਠੇਕਾ ਪ੍ਰਣਾਲੀ ਦੀ ਚੱਕੀ ਵਿਚ ਪਿਸ ਰਹੇ ਆਊਟਸੋਰਸ ਅਤੇ ਇਨਲਿਸਟਮੈਂਟ ਠੇਕਾ ਮੁਲਾਜਮਾਂ ਨੂੰ ਉਨ੍ਹਾਂ ਦੇ ਸਬੰਧਤ ਵਿਭਾਗਾਂ 'ਚ ਮਰਜ ਕਰਕੇ ਪੱਕਾ ਰੁਜ਼ਗਾਰ ਕਰਨ ਲਈ ਪੰਜਾਬ ਸਰਕਾਰ ਦੇ ਮੁੱਖ ਮੰਤਰੀ ਪਿਛਲੇ 3 ਸਾਲਾਂ ਦੇ ਅਰਸੇ ਵਿਚ ਗੱਲਬਾਤ ਕਰਨ ਤੋਂ ਵੀ ਇਨਕਾਰੀ ਹੈ। ਹਰੇਕ ਵਾਰ ਗੱਲਬਾਤ ਦਾ ਲਿਖਤੀ ਸਮਾਂ ਦੇ ਕੇ ਐਨ ਮੌਕੇ 'ਤੇ ਜਾ ਕੇ ਜ਼ਰੂਰੀ ਰੁਝੇਵਿਆਂ ਦੇ ਬਹਾਨੇ ਹੇਠ ਮੀਟਿੰਗ ਕਰਨ ਤੋਂ ਇਨਕਾਰ ਕਰ ਦਿੱਤਾ ਜਾਂਦਾ ਹੈ। ਹੁਣ ਇਹੀ ਹਾਲ ਪੰਜਾਬ ਸਰਕਾਰ ਦੇ ਕੈਬਨਿਟ ਮੰਤਰੀਆਂ ਦੀ ਸਬ-ਕਮੇਟੀ ਦਾ ਹੈ, ਜਿਸ ਨੇ ਮੋਰਚੇ ਨਾਲ ਲਿਖਤੀ ਰੂਪ ਵਿਚ ਦਿੱਤੀਆਂ ਮੀਟਿੰਗਾਂ ਨੂੰ ਰੱਦ ਕਰਕੇ ਆਪਣੀ ਠੇਕਾ ਮੁਲਾਜ਼ਮ ਵਿਰੋਧੀ ਅਸਲੀਅਤ ਨੂੰ ਉਜਾਗਰ ਕੀਤਾ ਗਿਆ ਹੈ, ਜਿਸ ਦੇ ਵਿਰੋਧ ਵਿਚ ਮਜਬੂਰਨ ਸੰਘਰਸ਼ ਕਰਨਾ ਪੈ ਰਿਹਾ ਹੈ। ਉਨ੍ਹਾਂ ਮੰਗ ਕੀਤਾ ਕਿ ਸਥਾਈ ਸੇਵਾ ਦੀ ਲੋੜ ਦੇ ਅਧਾਰ 'ਤੇ ਵੱਖ-ਵੱਖ ਸਰਕਾਰੀ ਵਿਭਾਗਾਂ ਵਿੱਚ ਪੱਕੇ ਰੁਜ਼ਗਾਰ ਦੀ ਗਾਰੰਟੀ ਕੀਤੀ ਜਾਵੇ। ਇਸੇ ਅਧਾਰ 'ਤੇ ਸਰਕਾਰੀ ਵਿਭਾਗਾਂ ਵਿਚ ਤੈਨਾਤ ਇਨਲਿਸਟਮੈਂਟ ਅਤੇ ਆਊਟਸੋਰਸ ਠੇਕਾ ਮੁਲਾਜ਼ਮਾਂ ਨੂੰ ਸਬੰਧਤ ਵਿਭਾਗਾਂ ਵਿਚ ਲਿਆ ਕੇ ਤਜਰਬੇ ਦੇ ਅਧਾਰ 'ਤੇ ਬਿਨਾਂ ਸ਼ਰਤ ਰੈਗੂਲਰ ਕੀਤਾ ਜਾਵੇ। ਸਰਕਾਰੀ ਵਿਭਾਗਾਂ ਦੇ ਨਿੱਜੀਕਰਨ/ ਪੰਚਾਇਤੀਕਰਨ ਅਤੇ ਜਲ ਸਪਲਾਈ ਸਕੀਮਾਂ 'ਤੇ ਸਕਾਡਾ ਸਿਸਟਮ ਲਗਾਉਣ ਦੀਆਂ ਨੀਤੀਆਂ ਨੂੰ ਤੁਰੰਤ ਰੱਦ ਕੀਤਾ ਜਾਵੇ। ਘੱਟੋ-ਘੱਟ ਉਜਰਤ ਦੇ ਕਾਨੂੰਨ 1948 ਅਤੇ 15ਵੀਂ ਲੇਬਰ ਕਾਨਫਰੰਸ ਦੀਆਂ ਸਿਫਾਰਸ਼ਾਂ ਨੂੰ ਅਧਾਰ ਮੰਨ ਕੇ ਆਊਟਸੋਰਸਡ ਅਤੇ ਇਨਲਿਸਟਮੈਂਟ ਮੁਲਾਜ਼ਮਾਂ ਦੀ ਤਨਖਾਹ ਤੈਅ ਕੀਤੀ ਜਾਵੇ। ਇਨਲਿਸਟਮੈਂਟ/ਆਊਟਸੋਰਸ ਮੁਲਾਜ਼ਮਾਂ ਦੀਆਂ ਉਜਰਤਾਂ ਵਿਚ ਕਿਰਤ ਕਮਿਸ਼ਨਰ, ਪੰਜਾਬ ਸਰਕਾਰ ਤਹਿਤ ਬਣਦਾ ਵਾਧਾ ਲਾਗੂ ਕੀਤਾ ਜਾਵੇ ਅਤੇ ਈ.ਪੀ.ਐਫ. ਅਤੇ ਈ.ਐਸ.ਆਈ. ਲਾਗੂ ਕੀਤਾ ਜਾਵੇ। ਲੇਬਰ ਅਤੇ ਟਰੇਡ ਯੂਨੀਅਨ ਕਾਨੂੰਨਾਂ ਵਿੱਚ ਕੀਤੀਆਂ ਕਾਮਾ ਵਿਰੋਧੀ ਤਬਦੀਲੀਆਂ ਰੱਦ ਕੀਤੀਆਂ ਜਾਣ। ਆਊਟਸੋਰਸ ਅਤੇ ਇਨਲਿਸਟਮੈਂਟ ਮੁਲਾਜ਼ਮਾਂ ਨੂੰ 8.33% ਸਲਾਨਾ ਦੀ ਦਰ ਨਾਲ ਬੋਨਸ ਦਿੱਤਾ ਜਾਵੇ। ਇਨ੍ਹਾਂ ਮੰਗਾਂ ਤੋਂ ਇਲਾਵਾ ਮੋਰਚੇ ਦੇ ਮੰਗ-ਪੱਤਰ ਵਿਚ ਦਰਜ ਤਮਾਮ ਮੰਗਾਂ ਦਾ ਹੱਲ ਕੀਤਾ ਜਾਵੇ। ਅੰਤ ਵਿਚ ਉਪਰੋਕਤ ਆਗੂਆਂ ਨੇ ਕਿਹਾ ਕਿ 11 ਜੂਨ ਨੂੰ ਠੇਕਾ ਮੁਲਾਜਮ ਸੰਘਰਸ਼ ਮੋਰਚਾ ਪੰਜਾਬ ਵੱਲੋਂ ਲੁਧਿਆਣਾ ਸ਼ਹਿਰ ਵਿਚ ਝੰਡਾ ਮਾਰਚ ਕੀਤਾ ਜਾਵੇਗਾ, ਜਿਸ ਵਿਚ ਜਲ ਸਪਲਾਈ ਵਰਕਰ ਪਹੁੰਚਣਗੇ।

# ਬੀਬੀ ਮਾਨ ਦੇ ਯਤਨਾ ਸਦਕਾ ਨੂਰਮਹਿਲ ਦੇ ਸਕੂਲ ਨੂੰ ਅੱਪਗ੍ਰੇਡ ਕਰਨ ਦੀ ਪ੍ਰਸ਼ਾਸਕੀ ਮਨਜ਼ੂਰੀ ਮਿਲੀ

**ਨੂਰਮਹਿਲ,(ਬਾਲ ਕ੍ਰਿਸ਼ਨ ਬਾਲੀ)**- ਪਿਛਲੇ ਲੰਬੇ ਅਰਸੇ ਤੋਂ ਰਾਜਨੀਤੀ ਦਾ ਸ਼ਿਕਾਰ ਹੋਏ ਇਤਿਹਾਸਿਕ ਸ਼ਹਿਰ ਨੂਰਮਹਿਲ ਦੇ ਸਕੂਲ ਦੀ ਰੁਕੀ



ਇਮਾਰਤ ਨੂੰ ਆਖਰਕਾਰ ਵਿਧਾਇਕ ਇੰਦਰਜੀਤ ਕੌਰ ਮਾਨ ਦੇ ਤਿੰਨ ਸਾਲਾਂ ਦੇ ਅਣਥੱਕ ਯਤਨਾ ਸਦਕਾ ਅਪਗ੍ਰੇਡ ਕਰਨ ਨੂੰ ਮਨਜ਼ੂਰੀ ਮਿਲ ਹੀ ਗਈ।ਵਿਧਾਇਕ ਦੇ ਸੁਪਨੇ ਅਤੇ ਚੋਣਾਂ ਦੌਰਾਨ ਕੀਤੇ ਵਾਅਦੇ ਨੂੰ ਉਦੋਂ ਬੂਰ ਪਿਆ ਜਦੋਂ ਪੰਜਾਬ ਸਰਕਾਰ ਨੇ 3 ਜੂਨ 2025 ਨੂੰ ਪੱਤਰ ਜਾਰੀ ਕਰਦਿਆਂ ਲੋੜੀਂਦੀਆਂ ਸਾਰੀਆਂ ਸ਼ਰਤਾਂ ਪੂਰੀਆਂ ਕਰਕੇ 16 ਕਰੋੜ ਰੁਪਏ ਦੀ ਲਾਗਤ ਨਾਲ ਸਕੂਲ ਬਣਾਉਣ ਦੀ ਮਨਜ਼ੂਰੀ ਦੇ ਦਿੱਤੀ ਗਈ। ਜਿਸ ਨਾਲ ਸ਼ਹਿਰ ਵਾਸੀਆਂ ਅਤੇ ਨਾਲ ਲੱਗਦੇ 15-20 ਪਿੰਡਾਂ ਦੇ ਵਿਦਿਆਰਥੀਆਂ ਨੂੰ ਵਿਦਿਆ ਪ੍ਰਾਪਤੀ ਦਾ ਵੱਡਾ ਲਾਭ ਹੋਵੇਗਾ।ਬੀਬੀ ਮਾਨ ਨੇ ਕਿਹਾ ਕਿ ਪਿਛਲੀਆਂ ਸਥਾਪਤੀ ਸਰਕਾਰਾਂ ਦੇ ਲੀਡਰਾਂ ਨੇ ਪੁਰਾਤਵ ਵਿਭਾਗ ਅਤੇ ਹੋਰ ਜਰੂਰੀ ਮਨਜ਼ੂਰੀਆਂ ਲਏ ਬਿਨਾਂ ਹੀ ਫੋਕੀ ਵਾਹ-ਵਾਹ ਖੱਟਣ ਲਈ ਸਕੂਲ ਦੀ ਇਮਾਰਤ ਸ਼ੁਰੂ ਕਰਵਾ ਦਿੱਤੀ ਸੀ।ਜੋ ਕਿ ਅੱਧ ਵਿਚਕਾਰੇ ਹੀ ਰੁਕ ਗਈ ਸੀ।ਇਸ ਦੀਆਂ ਕਨੂੰਨੀ ਅੜਚਣ ਦੂਰ ਕਰਦਿਆਂ ਮੈਨੂੰ ਤਿੰਨ ਸਾਲ ਦਾ ਸਮਾਂ ਲੱਗ ਗਿਆ। ਬੀਬੀ ਮਾਨ ਨੇ ਨੂਰਮਹਿਲ ਅਤੇ ਇਲਾਕਾ ਨਿਵਾਸੀਆਂ ਨੂੰ ਵਧਾਈ ਦਿੰਦਿਆਂ ਕਿਹਾ ਕਿ ਬਹੁਤ ਜਲਦ ਹੀ 16 ਕਰੋੜ ਦੀ ਲਾਗਤ ਨਾਲ ਬਣਨ ਵਾਲਾ ਇਹ ਸਕੂਲ ਵਿਦਿਆ ਦੇ ਖੇਤਰ ਵਿੱਚ ਚਾਨਣ ਮੁਨਾਰਾ ਸਾਬਤ ਹੋਵੇਗਾ।

# ਸੀ ਟੀ ਗਰੁੱਪ 'ਚ ਮਨਾਇਆ ਵਿਸ਼ਵ ਸਾਈਕਲ ਦਿਵਸ

**ਜਲੰਧਰ (ਸ਼ੈਲੀ ਐਲਬਰਟ)**

ਸੀ ਟੀ ਗਰੁੱਪ ਆਫ਼ ਇੰਸਟੀਚਿਊਸ਼ਨਜ਼, ਨਾਰਥ ਕੈਂਪਸ, ਮਕਸੂਦਨ ਨੇ 'ਰਾਈਡ ਟੂ ਰੋਰ' ਜਲੰਧਰ ਦੀ ਪਹਿਲੀ ਮਹਿਲਾ ਸਾਈਕਲਿੰਗ ਕਲੱਬ ਅਤੇ 'ਦ ਬਾਈਕ ਸਟੋਰ' ਦੇ ਸਹਿਯੋਗ ਨਾਲ 'ਵਿਸ਼ਵ ਸਾਈਕਲ



ਦਿਵਸ' ਨੂੰ ਧੂਮਧਾਮ ਨਾਲ ਮਨਾਇਆ। ਇਸ ਪਹਿਲਕਦਮੀ ਦਾ ਉਦੇਸ਼ ਸਾਈਕਲਿੰਗ ਰਾਹੀਂ ਵਾਤਾਵਰਣ ਜਾਗਰੂਕਤਾ, ਸਰੀਰਕ ਤੰਦਰੁਸਤੀ ਅਤੇ ਸਮੁਦਾਇਕ ਸਹਿਭਾਗਤਾ ਨੂੰ ਵਧਾਉਣਾ ਸੀ।ਇਸ ਇਵੈਂਟ ਵਿੱਚ 70 ਤੋਂ ਵੱਧ ਸਾਈਕਲ ਸਵਾਰਾਂ ਨੇ ਹਿੱਸਾ ਲਿਆ, ਜਿਨ੍ਹਾਂ ਵਿੱਚ ਵੱਖ-ਵੱਖ ਸਾਈਕਲ ਕਲੱਬਾਂ ਦੇ ਮੈਂਬਰ, ਵਿਦਿਆਰਥੀ, ਫੈਕਲਟੀ ਅਤੇ ਸਥਾਨਕ ਸਾਈਕਲਿੰਗ ਉਤਸ਼ਾਹੀ ਸ਼ਾਮਲ ਸਨ। ਸਵਾਰੀ ਸਵੇਰ 5:30 ਵਜੇ 'ਦ ਬਾਈਕ ਸਟੋਰ' ਇਕੱਠੇ ਹੋਏ ਅਤੇ ਸਵੇਰੇ 6:00 ਵਜੇ ਸੀ.ਟੀ. ਗਰੁੱਪ ਦੇ ਵਾਈਸ ਚੇਅਰਮੈਨ ਹਰਪ੍ਰੀਤ ਸਿੰਘ ਚੰਨੀ ਨੇ ਇਸ ਨੂੰ ਹਰੀ ਝੰਡੀ ਦਿਖਾਈ। ਸੀ.ਟੀ. ਗਰੁੱਪ ਆਫ਼ ਇੰਸਟੀਚਿਊਸ਼ਨਜ਼, ਨਾਰਥ ਕੈਂਪਸ, ਮਕਸੂਦਨ ਵਿਖੇ ਸਮਾਪਤ ਹੋਈ।ਸਵਾਰਾਂ ਦੇ ਜੋਸ਼ ਅਤੇ ਯੋਗਦਾਨ ਨੂੰ ਸਨਮਾਨਿਤ ਕਰਨ ਲਈ, ਆਯੋਜਕਾਂ ਵੱਲੋਂ ਪੌਦੇ ਦੇ ਬੀਜ, ਸਰਟੀਫਿਕੇਟ, ਲੈਮੀਨੇਟਡ ਫੋਟੋਆਂ ਅਤੇ ਮੈਡਲ ਦਿੱਤੇ ਗਏ। 'ਰਾਈਡ ਟੂ ਰੋਰ' ਜਿਸਨੂੰ ਦਿਸ਼ਾ ਸਚਦੇਵਾ ਅਤੇ ਸਿਮਰਨ ਅਰੋੜਾ ਨੇ ਸਥਾਪਿਤ ਕੀਤਾ ਸੀ ਨੇ ਮਹਿਲਾ ਸਾਈਕਲ ਸਵਾਰਾਂ ਨੂੰ ਇਕੱਠਾ ਕਰਨ ਅਤੇ ਔਰਤਾਂ ਵਿੱਚ ਪਰਿਆਵਰਣ-ਜਾਗਰੂਕਤਾ ਅਤੇ ਤੰਦਰੁਸਤੀ ਦਾ ਸੰਦੇਸ਼ ਫੈਲਾਉਣ ਵਿੱਚ ਅਹਿਮ ਭੂਮਿਕਾ ਨਿਭਾਈ।ਸੀ.ਟੀ. ਗਰੁੱਪ ਦੇ ਵਾਈਸ ਚੇਅਰਮੈਨ, ਹਰਪ੍ਰੀਤ ਸਿੰਘ ਨੇ ਕਿਹਾ ਵਿਸ਼ਵ ਸਾਈਕਲ ਦਿਵਸ ਸਿਰਫ਼ ਸਵਾਰੀ ਬਾਰੇ ਨਹੀਂ, ਸਗੋਂ ਉੱਠਣ ਬਾਰੇ ਹੈ। ਉਹਨਾਂ ਆਦਤਾਂ ਤੋਂ ਉੱਪਰ ਉੱਠਣਾ ਜੋ ਸਾਡੀ ਧਰਤੀ ਨੂੰ ਨੁਕਸਾਨ ਪਹੁੰਚਾਉਂਦੀਆਂ ਹਨ ਅਤੇ ਇੱਕ ਅਜਿਹੇ ਭਵਿੱਖ ਵੱਲ ਵਧਣਾ ਜੋ ਸਾਫ਼ ਹਵਾ ਅਤੇ ਸਿਹਤਮੰਦ ਸਮਾਜ ਨੂੰ ਬਣਾਵੇ। ਮੈਨੂੰ ਫ਼ਖ਼ਰ ਹੈ ਕਿ ਸੀ ਟੀ ਗਰੁੱਪ ਇੱਕ-ਇੱਕ ਪੈਡਲ ਨਾਲ ਬਦਲਾਅ ਲਿਆਉਣ ਲਈ ਪ੍ਰੇਰਿਤ ਕਰਦਾ ਰਹਿੰਦਾ ਹੈ।ਇਸ ਮੌਕੇ ਕੈਂਪਸ ਦੇ ਡਾਇਰੈਕਟਰ ਡਾ. ਅਨੁਰਾਗ ਸ਼ਰਮਾ ਅਤੇ ਡਿਪਟੀ ਡਾਇਰੈਕਟਰ ਡਾ. ਰਮਨਦੀਪ ਗੌਤਮ ਵੀ ਮੌਜੂਦ ਰਹੇ।

# ਪੰਜਾਬ ਸਟੇਟ ਕਰਾਟੇ ਚੈਂਪੀਅਨਸ਼ਿਪ 'ਚ ਪ੍ਰਭਵੀਰ ਸਿੰਘ ਨੇ ਗੋਲਡ ਮੈਡਲ ਜਿੱਤਿਆ

**ਬੰਗਾ (ਅਵਤਾਰ ਕਲੇਰ)**

ਬੀਤੇ ਦਿਨੀ ਲੁਧਿਆਣਾ ਵਿਖੇ ਪੰਜਾਬ ਸਟੇਟ ਕਰਾਟੇ ਚੈਂਪੀਅਨਸ਼ਿਪ 2025 ਕਰਵਾਈ ਗਈ ਜਿਸ ਵਿੱਚ ਵੈਲਫੇਅਰ ਕਰਾਟੇ ਐਸੋਸੀਏਸ਼ਨ ਐਸ ਬੀ ਐਸ ਨਗਰ ( ਰਜਿਸਟਰਡ ) ਦੇ ਕਰਾਟੇ ਖਿਡਾਰੀ ਪ੍ਰਭਵੀਰ ਸਿੰਘ ਕੈਂਥ ਨੇ ਕਰਾਟੇ ਕੋਚ ਰਾਜਵੀਰ ਸਿੰਘ ਕੈਂਥ ਦੀ ਅਗਵਾਈ ਹੇਠ ਭਾਗ ਲਿਆ ਅਤੇ ਸ਼ਾਨਦਾਰ ਪ੍ਰਦਰਸ਼ਨ ਕਰਦੇ ਹੋਏ ਗੋਲਡ ਮੈਡਲ ਜਿੱਤਿਆ



ਅਤੇ 12 ਤੋਂ 15 ਜੂਨ ਨੂੰ ਹੋਣ ਜਾ ਰਹੀ ਨੈਸ਼ਨਲ ਕਰਾਟੇ ਚੈਂਪੀਅਨਸ਼ਿਪ ਜੋ ਕਿ ਦੇਹਰਾਦੂਨ (ਉੱਤਰਾਖੰਡ) ਵਿਚ ਹੋਣ ਜਾ ਰਹੀ ਹੈ, ਵਿੱਚ ਖੇਡਣ ਲਈ ਚੁਣਿਆ ਗਿਆ। ਇਹ ਖਿਡਾਰੀ ਪੰਜਾਬ ਦੀ ਟੀਮ ਵੱਲੋਂ ਖੇਡੇਗਾ। ਪ੍ਰਭਵੀਰ ਸਿੰਘ ਕੈਂਥ ਜੋ ਕਿ ਵੱਖ-ਵੱਖ ਰਿਕਾਰਡ ਕਾਇਮ ਕਰ ਚੁੱਕਾ ਹੈ, ਦੀ ਸ਼ਾਨਦਾਰ ਉਪਲਬਧੀ ਨੂੰ ਦੇਖਦੇ ਹੋਏ ਡਾ. ਸੁਖਵਿੰਦਰ ਕੁਮਾਰ ਸੁੱਖੀ ਵਿਧਾਇਕ ਬੰਗਾ ਨੇ ਸਨਮਾਨਤ ਕੀਤਾ। ਉਹਨਾਂ ਕਿਹਾ ਕਿ ਇਸ 13 ਸਾਲ ਦੇ ਕਰਾਟੇ ਖਿਡਾਰੀ ਤੋਂ ਬੱਚਿਆਂ ਨੂੰ ਅਤੇ ਅੱਜ ਕੱਲ੍ਹ ਦੀ ਨੌਜਵਾਨ ਪੀੜ੍ਹੀ ਨੂੰ ਪ੍ਰੇਰਨਾ ਲੈਣੀ ਚਾਹੀਦੀ ਹੈ ਅਤੇ ਖੇਡਾਂ ਨਾਲ ਜੁੜਨਾ ਚਾਹੀਦਾ ਹੈ। ਉਹਨਾਂ ਨੇ ਕਰਾਟੇ ਖਿਡਾਰੀ ਦੇ ਪਿਤਾ ਅਤੇ ਕੋਚ ਰਾਜਵੀਰ ਸਿੰਘ ਕੈਂਥ ਨੂੰ ਆਪਣੀਆਂ ਸ਼ੁੱਭਕਾਮਨਾਵਾਂ ਦਿੱਤੀਆਂ।ਇਸ ਮੌਕੇ ਕਰਾਟੇ ਕੋਚ ਰਾਜਵੀਰ ਸਿੰਘ ਕੈਂਥ ਅਤੇ ਵੇਟ ਲਿਫਟਿੰਗ ਕੋਚ ਜਗਦੀਸ਼ ਕੁਮਾਰ ਹਾਜ਼ਰ ਸਨ

# ਨਸ਼ਾ ਤਸਕਰ ਹਾਂਡਾ ਬ੍ਰਦਰਜ਼ ਦੀ ਕੋਠੀ ਕੀਤੀ ਫਰੀਜ਼

**ਮਾਹਿਲਪੁਰ (ਸ.ਫਰੀ)**

ਸੋਮਵਾਰ ਨੂੰ ਡੀ ਐਸ ਪੀ ਜਸਪ੍ਰੀਤ ਸਿੰਘ ਗੜ੍ਹਸ਼ੰਕਰ ਦੀ ਅਗਵਾਈ ਹੇਠ ਥਾਣਾ ਮੁਖੀ ਪਰਮਿੰਦਰਜੀਤ ਪਾਲ ਸਿੰਘ ਪੁਲਸ ਪਾਰਟੀ ਸਮੇਤ ਨਸ਼ਾ ਤਸਕਰ ਸੰਜੀਵ ਹਾਂਡਾ ਅਤੇ ਨੀਰਜ ਹਾਂਡਾ ਦੀ ਪ੍ਰਾਪਰਟੀ ਸੀਜ਼ ਕਰ ਦਿੱਤੀ ਹੈ। ਨਸ਼ਾ ਤਸਕਰ ਸੰਜੀਵ ਅਤੇ ਨੀਰਜ ਦੋਨਾਂ ਭਰਾਵਾਂ 'ਤੇ ਐਨ ਡੀ ਪੀ ਐਸ ਤਹਿਤ 16 ਮੁਕੱਦਮੇ ਦਰਜ ਹਨ। ਇਹ ਦੋਵੇਂ ਭਰਾ ਜੇਲ੍ਹ ਵਿਚ ਹੀ ਹਨ। ਹਵੇਲੀ ਰੋਡ ਮਾਹਿਲਪੁਰ ਵਿੱਚ ਦੋਨਾਂ ਭਰਾਵਾਂ ਦੀ ਆਲੀਸ਼ਾਨ ਕੋਠੀ, ਇਕ ਬੁਲਿਟ ਮੋਟਰਸਾਈਕਲ ਅਤੇ ਇਕ ਐਕਟਿਵਾ ਮਾਹਿਲਪੁਰ ਪੁਲਸ ਨੇ ਫਰੀਜ਼ ਕਰ ਦਿੱਤੀ ਹੈ। ਦੋਨੋਂ ਭਰਾ ਕਰੀਬ ਦਸ ਸਾਲ ਤੋਂ ਨਸ਼ੇ ਦੀ ਤਸਕਰੀ ਕਰ ਰਹੇ ਸਨ। ਹਾਂਡਾ ਬ੍ਰਦਰਜ਼ ਪਹਿਲਾਂ ਮਾਹਿਲਪੁਰ ਵਿੱਚ ਮੋਬਾਈਲਾਂ ਦੀ ਦੁਕਾਨ ਚਲਾ ਰਹੇ ਸਨ। ਨੋਟਾਂ ਦੇ ਲਾਲਚ ਵਿਚ ਦੋਹਾਂ ਭਰਾਵਾਂ ਨੇ ਨਸ਼ਾ ਵੇਚਣਾ ਸ਼ੁਰੂ ਕਰ ਦਿੱਤਾ ਜਿਸ ਨਾਲ ਇਕ ਆਲੀਸ਼ਾਨ ਕੋਠੀ ਬਣਾਈ ਜਿਸ ਦੀ ਕੀਮਤ 61.5 ਲੱਖ ਹੈ। ਇਸੀ ਤਰਾਂ ਬੁਲਟ ਮੋਟਰਸਾਈਕਲ ਦੀ ਕੀਮਤ 1 .40 ਲੱਖ ਅਤੇ ਐਕਟਿਵਾ ਦੀ ਕੀਮਤ 32 ਹਜ਼ਾਰ ਹੈ।



ਡੀ ਐਸ ਪੀ ਜਸਪ੍ਰੀਤ ਸਿੰਘ ਨੇ ਦੱਸਿਆ ਕਿ ਦੋਨਾਂ ਭਰਾਵਾਂ ਨੇ ਇਹ ਸਾਰੀ ਜਾਇਦਾਦ ਨਸ਼ਾ ਵੇਚ ਕੇ ਬਣਾਈ ਹੈ। ਉਨ੍ਹਾਂ ਕਿਹਾ ਕਿ ਐਨ ਡੀ ਪੀ ਐਸ ਐਕਟ ਦੀ ਧਾਰਾ 68 - ਐਫ਼ ਤਹਿਤ ਇਹ ਸਭ ਫਰੀਜ਼ ਕੀਤੀ ਗਈ ਹੈ। ਡੀ ਐਸ ਪੀ ਜਸਪ੍ਰੀਤ ਸਿੰਘ ਨੇ ਕਿਹਾ ਕਿ ਜੋ ਵਿਅਕਤੀ ਗਲਤ ਤਰੀਕੇ ਨਾਲ ਪੈਸਾ ਕਮਾ ਕਿ ਪ੍ਰਾਪਰਟੀ ਬਣਾਏਗਾ ਉਹ ਬਖਸ਼ਿਆ ਨਹੀਂ ਜਾਵੇਗਾ।

# ਬਾਬਾ ਸਾਹਿਬ ਦੇ ਬੁੱਤ ਨਾਲ ਛੇੜਛਾੜ ਦੀ ਸਖ਼ਤ ਸ਼ਬਦਾਂ 'ਚ ਨਿਖੇਧੀ



**ਫਿਲੌਰ (ਨਿਰਮਲ)**

ਨਜ਼ਦੀਕੀ ਪਿੰਡ ਨੰਗਲ ਵਿਖੇ ਬੀਤੇ ਦਿਨੀਂ ਬਾਬਾ ਸਾਹਿਬ ਡਾ.ਭੀਮ ਰਾਓ ਅੰਬੇਡਕਰ ਦੇ ਬੁੱਤ ਨਾਲ ਸ਼ਰਾਰਤੀ ਅਨਸਰਾਂ ਵੱਲੋਂ ਛੇੜਛਾੜ ਦੀ ਘਟਨਾਂ ਨੂੰ ਅੰਜ਼ਾਮ ਦਿੱਤਾ ਗਿਆ ਸੀ ਜਿਸ ਦੇ ਚਲਦੇ ਸਾਬਕਾ ਕੇਂਦਰੀ ਮੰਤਰੀ ਸੋਮ ਪ੍ਰਕਾਸ਼ ਪਿੰਡ ਨੰਗਲ ਵਿਖੇ ਪਹੁੰਚੇ।ਜਿੱਥੇ ਉਨ੍ਹਾਂ ਬਾਬਾ ਸਾਹਿਬ ਨੂੰ ਯਾਦ ਕੀਤਾ ਅਤੇ ਉਨ੍ਹਾਂ ਨੂੰ ਸ਼ਰਧਾ ਦੇ ਫੁੱਲ ਅਰਪਣ ਕੀਤੇ।ਇਸ ਮੌਕੇ ਉਨ੍ਹਾਂ ਨੇ ਕਿਹਾ ਕਿ ਜੋ ਵਿਦੇਸ਼ ਵਿੱਚ ਬੈਠਾ ਗੁਰਪਤਵੰਤ ਸਿੰਘ ਪੰਨੂ ਇਹੋ ਜਿਹੀਆਂ ਕੋਝੀਆਂ ਹਰਕਤਾਂ ਨੂੰ ਅੰਜਾਮ ਦੇ ਰਿਹਾ ਹੈ। ਉਹ ਕਿਸੇ ਵੀ ਤਰੀਕੇ ਨਾਲ ਪੰਜਾਬ ਦਾ ਮਾਹੌਲ ਖਰਾਬ ਕਰਨ ਦੀ ਕੋਸ਼ਿਸ਼ ਕਰ ਰਿਹਾ ਹੈ।ਉਨ੍ਹਾਂ ਕਿਹਾ ਕਿ ਉਹ ਖ਼ਾਲਿਸਤਾਨ ਦੇ ਨਾਮ ਤੇ ਲੋਕਾਂ ਨੂੰ ਵਰਗਲਾ ਰਿਹਾ ਅਤੇ ਪੰਜਾਬ ਦੀ ਸ਼ਾਂਤੀ ਭੰਗ ਕਰ ਰਿਹਾ। ਉਨ੍ਹਾਂ ਨੇ ਲੋਕਾਂ ਨੂੰ ਸ਼ਾਂਤੀ ਬਣਾਈ ਰੱਖਣ ਦੀ ਅਪੀਲ ਕੀਤੀ ਹੈ।ਉੱਥੇ ਹੀ ਉਨ੍ਹਾਂ ਨੇ ਪੰਜਾਬ ਸਰਕਾਰ ਉੱਤੇ ਨਿਸ਼ਾਨਾ ਸਾਧਦੇ ਹੋਏ ਕਿਹਾ ਕਿ ਪੰਜਾਬ ਸਰਕਾਰ ਇਸ ਵਿੱਚ ਫੇਲੀਅਰ ਸਾਬਤ ਹੋ ਰਹੀ ਹੈ। ਉਨ੍ਹਾਂ ਕਿਹਾ ਕਿ ਇਸੇ ਪਿੰਡ ਵਿੱਚ ਲਗਾਤਾਰ ਦੂਜੀ ਵਾਰ ਇਸ ਤਰ੍ਹਾਂ ਦੀ ਘਟਨਾ ਪੰਜਾਬ ਸਰਕਾਰ ਦੀ ਨਲਾਇਕੀ ਦਾ ਸਬੂਤ ਹੈ। ਉਨ੍ਹਾਂ ਕਿਹਾ ਕਿ ਇਸ ਘਟਨਾ ਦੇ ਦੋਸ਼ੀ ਨੂੰ ਜਲਦ ਤੋਂ ਜਲਦ ਗ੍ਰਿਫ਼ਤਾਰ ਕਰਕੇ ਸਖ਼ਤ ਤੋਂ ਸਖ਼ਤ ਸਜ਼ਾ ਦਿੱਤੀ ਜਾਵੇ।ਇਸ ਮੌਕੇ ਉਨ੍ਹਾਂ ਨਾਲ ਵੱਡੀ ਗਿਣਤੀ 'ਚ ਭਾਜਪਾ ਆਗੂ ਹਾਜ਼ਰ ਸਨ।

# ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਦਾ ਉਦੇਸ਼ ਸਿਹਤਮੰਦ ਸਮਾਜ ਦੀ ਸਿਰਜਣਾ ਕਰਨਾ : ਡਾ. ਮਾਨ

**ਬਲਾਚੌਰ (ਜਸਵਿੰਦਰ ਬੈਂਸ)**

ਪੰਜਾਬ ਸਰਕਾਰ ਦੀ ਪਹਿਲਕਦਮੀ 'ਯੁੱਧ ਨਸ਼ਿਆਂ ਵਿਰੁੱਧ' ਦੇ ਉਦੇਸ਼ ਨਾਲ ਲੈਫ. ਜਨਰਲ ਬਿਕਰਮ ਸਿੰਘ ਸਬ ਡਵੀਜ਼ਨਲ ਹਸਪਤਾਲ ਬਲਾਚੌਰ ਦੇ ਸੀਨੀਅਰ ਮੈਡੀਕਲ ਅਫ਼ਸਰ ਡਾ. ਕੁਲਵਿੰਦਰ ਮਾਨ ਨੇ ਪਿੰਡ ਖੋਜਾ ਬੇਟ ਅਤੇ ਠਠਿਆਲਾ ਬੇਟ ਵਿੱਚ ਸ਼ਿਰਕਤ ਕੀਤੀ।ਇਸ ਮੁਹਿੰਮ ਦੀ ਅਗਵਾਈ ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਅਸ਼ੋਕ ਕਟਾਰੀਆ ਨੇ ਕੀਤੀ।ਡਾ. ਮਾਨ ਨੇ ਨਸ਼ਿਆਂ ਦੇ ਖਾਤਮੇ ਲਈ ਸਮੂਹਿਕ ਯਤਨਾਂ ਦੀ ਮਹੱਤਤਾ 'ਤੇ ਜ਼ੋਰ ਦਿੰਦੇ ਹੋਏ ਨਸ਼ੀਲੇ ਪਦਾਰਥਾਂ ਦੀ ਦੁਰਵਰਤੋਂ ਬਾਰੇ ਲੋਕਾਂ ਨੂੰ ਜਾਗਰੂਕ ਕੀਤਾ। 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਦਾ ਉਦੇਸ਼ ਨਸ਼ੇ ਦੇ ਖ਼ਤਰਿਆਂ ਬਾਰੇ ਜਾਗਰੂਕਤਾ ਪੈਦਾ ਕਰਨਾ ਅਤੇ ਇੱਕ ਸਿਹਤਮੰਦ, ਨਸ਼ਾ ਮੁਕਤ ਸਮਾਜ ਦੀ ਸਿਰਜਣਾ ਕਰਨਾ ਹੈ। ਉਨ੍ਹਾਂ ਕਿਹਾ ਕਿ ਸਿਹਤ ਵਿਭਾਗ ਵੱਲੋਂ ਇਸ ਨਸ਼ੇ ਦੇ ਖ਼ਾਤਮੇ ਲਈ ਨਸ਼ਾ ਮੁਕਤੀ ਕੇਂਦਰ ਨੂੰ ਨਵਾਂਸ਼ਹਿਰ ਵਿਖੇ ਸਫ਼ਲਤਾਪੂਰਵਕ



ਢੰਗ ਨਾਲ਼ ਚਲਾਇਆ ਜਾ ਰਿਹਾ ਹੈ।ਇਨ੍ਹਾਂ ਕੇਂਦਰਾਂ ਵਿਚ ਇਲਾਜ ਦੇ ਨਾਲ ਨਾਲ ਮਾਹਿਰ ਕਾਊਂਸਲਰਾਂ ਅਤੇ ਮਨੋਰੋਗ ਮਾਹਿਰਾਂ ਵੱਲੋਂ ਕਾਊਂਸਲਿੰਗ ਕੀਤੀ ਜਾਂਦੀ ਹੈ ਤਾਂ ਜੋ ਮਰੀਜ ਨਸ਼ਾ ਛੱਡਣ ਲਈ ਮਾਨਸਿਕ ਤੌਰ 'ਤੇ ਵੀ ਮਜਬੂਤ ਹੋ ਸਕਣ।ਇਸ ਦੇ ਨਾਲ ਹੀ ਸਿਵਲ ਹਸਪਤਾਲ ਬਲਾਚੌਰ ਅਤੇ ਸੀ ਐਚ ਸੀ ਕਾਠਗੜ ਵਿੱਖੇ ਨਸ਼ਾ ਮੁਕਤੀ ਦਵਾਈ ਕੇਂਦਰ ਵਿਚ ਮਰੀਜਾਂ ਨੂੰ ਦਵਾਈ ਵੀ ਦਿੱਤੀ ਜਾਂਦੀ ਹੈ।

# ਗਰਭ ਅਵਸਥਾ ਦੌਰਾਨ ਸਮੇਂ ਸਿਰ ਸਿਹਤ ਜਾਂਚ ਤੇ ਟੀਕਾਕਰਨ ਜ਼ਰੂਰੀ

**ਸ਼੍ਰੀ ਅਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ)**

ਡਾ. ਸਵਪਨਦੀਪ ਕੌਰ ਸਿਵਲ ਸਰਜਨ ਰੂਪਨਗਰ ਦੇ ਦਿਸ਼ਾ ਨਿਰਦੇਸ਼ਾਂ 'ਤੇ ਡਾ. ਜੰਗਜੀਤ ਸਿੰਘ ਸੀਨੀਅਰ ਮੈਡੀਕਲ ਅਫਸਰ ਕੀਰਤਪੁਰ ਸਾਹਿਬ ਦੀ ਅਗਵਾਈ ਹੇਠ ਮੁੱਢਲਾ ਸਿਹਤ ਕੇਂਦਰ ਕੀਰਤਪੁਰ ਸਾਹਿਬ ਦੇ 24 ਹੈਲਥ ਐਂਡ ਵੈੱਲਨੈਸ ਸੈਂਟਰਾਂ ਅਧੀਨ ਆਉਂਦੇ ਪਿੰਡਾਂ ਵਿੱਚ ਹਰ ਬੁੱਧਵਾਰ ਨੂੰ ਮਮਤਾ ਦਿਵਸ ਤਹਿਤ ਜਾਂਚ ਕੈਂਪ ਲਗਾਏ ਜਾਂਦੇ ਹਨ।ਇਹਨਾਂ ਕੈਂਪਾਂ ਤੇ ਗਰਭਵਤੀ ਔਰਤਾਂ ਦਾ ਸੰਪੂਰਨ ਚੈਕ-ਅੱਪ ਕੀਤਾ ਜਾਂਦਾ ਹੈ ਅਤੇ ਉਹਨਾਂ ਨੂੰ ਮਾਂ ਅਤੇ ਬੱਚੇ ਦੀ ਸੰਪੂਰਨ ਸਿਹਤ ਸੰਭਾਲ਼ ਦੇ ਨੁਕਤੇ ਦੱਸੇ ਜਾਂਦੇ ਹਨ।ਮਾਵਾਂ ਨੂੰ ਸੰਤੁਲਿਤ ਖੁਰਾਕ ਖਾਣ ਅਤੇ ਮਾਂ ਅਤੇ ਬੱਚੇ ਦਾ ਸੰਪੂਰਨ ਟੀਕਾਕਰਨ ਵਾਰੇ ਦੱਸਿਆ ਜਾਂਦਾ ਹੈ।ਹੈਲਥ ਇੰਸਪੈਕਟਰ ਬਲਵੰਤ ਰਾਏ ਨੇ ਮਮਤਾ ਦਿਵਸ ਤੇ ਪਿੰਡ ਸੂਰੇਵਾਲ਼ ਵਿਖੇ ਟੀਕਾਕਰਨ ਕਰਵਾਉਣ ਆਈਆਂ ਗਰਭਵਤੀ ਔਰਤਾਂ ਅਤੇ ਮਾਵਾਂ ਨੂੰ ਜਾਣਕਾਰੀ ਦਿੰਦਿਆਂ ਦੱਸਿਆ ਕਿ ਗਰਭ ਅਵਸਥਾ ਦੌਰਾਨ ਵੱਖ ਵੱਖ ਕਾਰਨਾਂ ਕਰਕੇ ਗਰਭਵਤੀ ਔਰਤਾਂ ਦੀ ਸਿਹਤ ਨੂੰ ਖਤਰਾ ਹੋ ਸਕਦਾ ਹੈ। ਜੇਕਰ ਗਰਭਵਤੀ ਔਰਤਾਂ ਸਮੇਂ ਸਿਰ ਆਪਣੀ ਜਾਂਚ ਨਹੀਂ ਕਰਵਾਉਂਦੀਆਂ ਤਾਂ ਇਸ ਦੇ ਗੰਭੀਰ ਸਿੱਟੇ ਨਿਕਲ ਸਕਦੇ ਹਨ ਅਤੇ ਗਰਭਵਤੀ ਔਰਤ ਦੀ ਜਾਨ ਨੂੰ ਵੀ ਖ਼ਤਰਾ ਹੋ ਸਕਦਾ ਹੈ। ਇਸ ਲਈ ਹਰ ਗਰਭਵਤੀ ਔਰਤ ਨੂੰ ਇਸ ਅਵਸਥਾ ਦੌਰਾਨ ਸਮੇਂ ਸਮੇਂ 'ਤੇ ਕਰਵਾਈ ਜਾਣ ਵਾਲੀ ਸਿਹਤ ਜਾਂਚ ਅਤੇ ਸਾਵਧਾਨੀਆਂ ਬਾਰੇ



ਜਾਗਰੂਕ ਕਰਨਾ ਲਾਜ਼ਮੀ ਹੈ। ਉਨ੍ਹਾਂ ਦੱਸਿਆ ਕਿ ਹਰ ਮਹੀਨੇ ਦੀ 9 ਅਤੇ 23 ਤਰੀਕ ਨੂੰ ਸਿਹਤ ਸੰਸਥਾਵਾਂ ਤੇ ਗਰਭਵਤੀ ਔਰਤਾਂ ਲਈ ਵਿਸ਼ੇਸ਼ ਚੈਕ-ਅੱਪ ਕੈਂਪ ਲਗਾਏ ਜਾਂਦੇ ਹਨ ਅਤੇ ਮਾਵਾਂ ਨੂੰ ਰਿਫਰੈਸ਼ਮੈਂਟ ਵੀ ਦਿੱਤੀ ਜਾਂਦੀ ਹੈ। ਇਨ੍ਹਾਂ ਕੈਂਪਾਂ ਵਿੱਚ ਜਾਂਚ ਦੇ ਨਾਲ ਨਾਲ ਮੁਫ਼ਤ ਟੈਸਟ ਅਤੇ ਦਵਾਈਆਂ ਦਿੱਤੀਆਂ ਜਾਂਦੀਆਂ ਹਨ।ਇਸ ਮੌਕੇ ਅਮਨਦੀਪ ਕੌਰ ਸੀ. ਐਚ. ਓ, ਬਲਜੀਤ ਕੌਰ ਏ. ਐਨ. ਐਮ, ਬਲਜੀਤ ਸਿੰਘ ਹੈਲਥ ਵਰਕਰ, ਕਰਤਾਰ ਕੌਰ ਤੇ ਦਵਾਰਕਾ ਦੇਵੀ ਹਾਜ਼ਰ ਸਨ।

## ਆਈ ਟੀ ਆਈ ਲੋਹੀਆਂ ਖਾਸ ਵਿਖੇ ਆਰਜ਼ੀ ਤੌਰ 'ਤੇ ਗੈਸਟ ਫੈਕਲਟੀ ਇੰਸਟ੍ਰਕਟਰ ਦੀ ਭਰਤੀ ਲਈ ਅਰਜ਼ੀਆਂ ਦੀ ਮੰਗ

**ਲੋਹੀਆਂ ਖਾਸ, (ਯੋਗੇਸ਼ਵਰ)** - ਇੰਸਟੀਚਿਊਟ ਮੈਨੇਜਮੈਂਟ ਕਮੇਟੀ ਸਰਕਾਰੀ ਉਦਯੋਗਿਕ ਸਿਖ਼ਲਾਈ ਸੰਸਥਾ ਲੋਹੀਆਂ ਖਾਸ ਵਲੋਂ ਸੈਸ਼ਨ 2024-25 ਲਈ ਆਰਜ਼ੀ ਤੌਰ 'ਤੇ ਟਰੇਡ ਪਲੰਬਰ ਅਤੇ ਮਕੈਨਿਕ ਇਲੈਕਟ੍ਰਿਕ ਵੀਹਕਲ ਦੀ ਇਕ-ਇਕ ਅਸਾਮੀ 'ਤੇ ਗੈਸਟ ਫੈਕਲਟੀ ਇੰਸਟ੍ਰਕਟਰ ਦੀ ਭਰਤੀ ਲਈ ਅਰਜ਼ੀਆਂ ਦੀ ਮੰਗ ਕੀਤੀ ਗਈ ਹੈ।ਪ੍ਰਿੰਸੀਪਲ ਜਸਮਿੰਦਰ ਸਿੰਘ ਨੇ ਦੱਸਿਆ ਕਿ ਉਮੀਦਵਾਰਾਂ ਨੂੰ ਉੱਕਾ-ਪੁੱਕਾ 15000 ਰੁਪਏ ਪ੍ਰਤੀ ਮਹੀਨਾ ਮਾਣ ਭੇਟਾ ਦਿੱਤਾ ਜਾਵੇਗਾ। ਉਨ੍ਹਾਂ ਦੱਸਿਆ ਕਿ ਯੋਗਤਾ ਅਤੇ ਤਜਰਬੇ ਲਈ ਵੈਬਸਾਈਟ https:/dgt.gov.in/cts_details 'ਤੇ ਦੇਖੀ ਜਾ ਸਕਦੀ ਹੈ। ਉਨ੍ਹਾਂ ਦੱਸਿਆ ਕਿ ਉਮੀਦਵਾਰ ਆਪਣੇ ਬਿਨੈਪੱਤਰ ਆਈ.ਟੀ.ਆਈ. ਲੋਹੀਆਂ ਖਾਸ ਵਿਖੇ 15 ਜੂਨ 2025 ਤੱਕ ਡਾਕ/ਦਸਤੀ ਜਾਂ ਈ-ਮੇਲ itilohian@gmail.com ਰਾਹੀਂ ਜਮ੍ਹਾ ਕਰਵਾ ਸਕਦੇ ਹਨ। ਉਨ੍ਹਾਂ ਦੱਸਿਆ ਕਿ ਸੀ.ਆਈ.ਟੀ.ਐਸ. ਯੋਗਤਾ ਰੱਖਣ ਵਾਲਿਆਂ ਨੂੰ ਪਹਿਲ ਦਿੱਤੀ ਜਾਵੇਗੀ।ਉਨ੍ਹਾਂ ਅੱਗੇ ਦੱਸਿਆ ਕਿ ਇਸ ਸਬੰਧੀ ਇੰਟਰਵਿਊ 20 ਜੂਨ 2025 ਨੂੰ ਸਵੇਰੇ 11 ਵਜੇ ਸਰਕਾਰੀ ਆਈ.ਟੀ.ਆਈ.ਲੋਹੀਆਂ ਖਾਸ ਵਿਖੇ ਹੋਵੇਗੀ। ਉਮੀਦਵਾਰ ਆਪਣੀ ਵਿਦਿਅਕ ਯੋਗਤਾ ਅਤੇ ਤਜਰਬੇ ਦੇ ਅਸਲ ਸਰਟੀਫਿਕੇਟ ਸਮੇਤ ਤਸਦੀਕਸ਼ੁਦਾ ਕਾਪੀਆ ਨਾਲ ਲੈ ਕੇ ਆਉਣ।

# ਸ਼ਹਿਰ ਦੀ ਸੁੰਦਰਤਾ ਤੇ ਹਰਿਆਵਲ ਲਈ ਪੌਦੇ ਲਗਾਉਣ ਦੀ ਮੁਹਿੰਮ ਸ਼ੁਰੂ

**ਫਗਵਾੜਾ (ਜਸਵਿੰਦਰ ਢੱਡਾ, ਡਾ. ਰਮਨ)**

ਵਾਤਾਵਰਨ ਦਿਵਸ ਨੂੰ ਸਮਰਪਿਤ ਅਤੇ ਫਗਵਾੜਾ ਸ਼ਹਿਰ ਦੀ ਹਰਿਆਵਲ ਨੂੰ ਵਧਾਉਣ ਲਈ ਨਗਰ ਨਿਗਮ, ਫਗਵਾੜਾ ਨੇ ਲਵਲੀ ਪ੍ਰੋਫੈਸ਼ਨਲ ਯੂਨੀਵਰਸਿਟੀ



ਦੇ ਸਹਿਯੋਗ ਨਾਲ ਐੱਮ.ਆਰ.ਐੱਫ. ਪਲਾਂਟ, ਹਦੀਆਬਾਦ, ਫਗਵਾੜਾ ਵਿਖੇ ਸਫਲਤਾਪੂਰਵਕ ਪੌਦੇ ਲਗਾਉਣ ਦੀ ਮੁਹਿੰਮ ਦੀ ਸ਼ੁਰੂਆਤ ਕੀਤੀ। ਇਸ ਪਹਿਲਕਦਮੀ ਨਾਲ ਫਗਵਾੜਾ ਸ਼ਹਿਰ ਵਿੱਚ ਪੁਰਾਣੀਆਂ ਅਤੇ ਅਣ-ਵਰਤੋਂ ਵਾਲੀਆਂ ਡੰਪ ਸਾਈਟਾਂ ਨੂੰ ਸਾਫ ਕੀਤਾ ਜਾ ਰਿਹਾ ਹੈ ਅਤੇ ਇਨ੍ਹਾਂ ਥਾਵਾਂ ਨੂੰ ਹਰਿਆਵਲ ਅਤੇ ਛਾਂ ਦਾਰ ਪੌਦਿਆਂ ਨਾਲ ਵਾਤਾਅਨੁਕੂਲ ਬਣਾਇਆ ਜਾ ਰਿਹਾ ਹੈ। ਇਸ ਮੁਹਿੰਮ ਦਾ ਉਦਘਾਟਨ ਨਗਰ ਨਿਗਮ ਦੇ ਮੇਅਰ ਰਾਮਪਾਲ ਉੱਪਲ ਨੇ ਕਮਿਸ਼ਨਰ ਡਾ. ਅਕਸ਼ਿਤਾ ਗੁਪਤਾ, ਕਾਰਪੋਰੇਸ਼ਨ ਸੈਨੀਟੇਸ਼ਨ ਅਫਸਰ ਗੁਰਿੰਦਰ ਸਿੰਘ, ਵਣ ਰੇਂਜ ਅਫਸਰ ਹਰਜੀਤ ਸਿੰਘ, ਲਵਲੀ ਪ੍ਰੋਫੈਸ਼ਨਲ ਯੂਨੀਵਰਸਿਟੀ ਦੇ ਪ੍ਰੋਫੈਸਰ ਮਨਪ੍ਰੀਤ ਸਿੰਘ, ਸੀ.ਐੱਸ.ਆਈ. ਅਜੈ ਕੁਮਾਰ, ਐੱਸ.ਆਈ. ਦੀਪਕ ਕੁਮਾਰ, ਨਾਮਦੇਵ, ਜਤਿੰਦਰ ਵਿੱਜ, ਪੂਜਾ, ਸੁਨੀਤਾ ਅਤੇ ਸ਼ਹਿਰ ਦੀਆਂ ਪ੍ਰਮੁੱਖ ਸ਼ਖਸ਼ੀਅਤਾਂ ਆਪ ਦੇ ਬੁਲਾਰੇ ਹਰਜੀ ਮਾਨ, ਸਕੱਤਰ ਡਾ. ਸੰਤੋਸ਼ ਕੁਮਾਰ ਗੋਗੀ, ਕੌਂਸਲਰ ਅਨੀਤਾ ਗੋਗੀ, ਓਮ ਪ੍ਰਕਾਸ਼ ਬਿੱਟੂ, ਗੁਰਦੀਪ ਸਿੰਘ ਦੀਪਾ, ਅੰਕੁਸ਼ ਓਹਰੀ ਅਤੇ ਅਰਜੁਨ ਸੁਧੀਰ ਸ਼ਾਮਿਲ ਸਨ। ਇਸ ਮੌਕੇ ਨਿੰਮ, ਪਿੱਪਲ ਅਤੇ ਗੁਲਮੋਹਰ ਵਰਗੀਆਂ ਦੇਸੀ ਪ੍ਰਜਾਤੀਆਂ ਦੇ ਪੌਦੇ ਲਗਾਏ ਗਏ।ਕਮਿਸ਼ਨਰ ਡਾ. ਅਕਸ਼ਿਤਾ ਗੁਪਤਾ ਨੇ ਕਿਹਾ ਇਹ ਮੁਹਿੰਮ ਸਿਰਫ ਪੌਦੇ ਲਗਾਉਣ ਲਈ ਨਹੀਂ ਹੈ ਸਗੋਂ ਇਸ ਉਪਰਾਲੇ ਨਾਲ ਫਗਵਾੜਾ ਸ਼ਹਿਰ ਦੀਆਂ ਪੁਰਾਣੀਆਂ ਅਤੇ ਅਣ-ਵਰਤੋਂ ਵਾਲੀਆਂ ਡੰਪ ਸਾਈਟਾਂ ਨੂੰ ਸਾਫ ਕੀਤਾ ਜਾ ਰਿਹਾ ਹੈ ਅਤੇ ਇਨ੍ਹਾਂ ਥਾਵਾਂ ਨੂੰ ਹਰਿਆਵਲ ਅਤੇ ਛਾਂਦਾਰ ਪੌਦਿਆਂ ਨਾਲ ਵਾਤਾਅਨੁਕੂਲ ਬਣਾਇਆ ਜਾ ਰਿਹਾ ਹੈ। ਉਨ੍ਹਾਂ ਸ਼ਹਿਰ ਵਾਸੀਆਂ ਨੂੰ ਇਸ ਮੁਹਿੰਮ ਵਿੱਚ ਵੱਧ-ਚੜ੍ਹ ਕੇ ਹਿੱਸਾ ਲੈਣ ਦੀ ਅਪੀਲ ਕੀਤੀ।

# ਦਿ ਵਰਕਿੰਗ ਰਿਪੋਰਟਰਜ਼ ਐਸੋਸੀਏਸ਼ਨ ਨੇ ਪੱਤਰਕਾਰ 'ਤੇ ਹਮਲੇ ਦਾ ਲਿਆ ਸਖਤ ਨੋਟਿਸ

**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ, ਓਮ ਪ੍ਰਕਾਸ਼ ਰਾਣਾ)**

ਦੀ ਵਰਕਿੰਗ ਰਿਪੋਰਟਰਜ਼ ਐਸੋਸੀਏਸ਼ਨ ਪੰਜਾਬ ਆਫ਼ ਇੰਡੀਆ ਨੇ ਬੀਤੇ ਦਿਨੀ ਭੋਗਪੁਰ ਤੋਂ ਪੱਤਰਕਾਰ ਗੁਰਪ੍ਰੀਤ ਸਿੰਘ ਭੋਗਲ ਵਾਸੀ ਗੁਰੂ ਨਾਨਕ ਨਗਰ ਭੋਗਪੁਰ ਉੱਪਰ ਮੌਜੂਦਾ ਸਰਪੰਚ ਦੀ ਸ਼ਹਿ 'ਤੇ ਕੁਝ ਵਿਅਕਤੀਆਂ ਵੱਲੋਂ ਕੀਤੇ ਗਏ ਜਾਨਲੇਵਾ ਹਮਲੇ ਦਾ ਸਖ਼ਤ ਨੋਟਿਸ ਲਿਆ ਹੈ। ਇਸ ਸੰਬੰਧੀ ਦੀ ਵਰਕਿੰਗ ਰਿਪੋਰਟਰਜ਼ ਐਸੋਸੀਏਸ਼ਨ ਦੇ ਸੂਬਾ ਪ੍ਰਧਾਨ ਪ੍ਰਿੰਸੀਪਲ ਬਲਵੀਰ ਸਿੰਘ ਸੈਣੀ, ਸਕੱਤਰ ਜਨਰਲ ਵਿਨੋਦ ਕੌਸ਼ਲ, ਸੂਬਾ ਚੇਅਰਮੈਨ ਜਸਵਿੰਦਰ ਸਿੰਘ ਆਜ਼ਾਦ, ਸਕੱਤਰ ਕੰਮ ਖਜਾਨਚੀ ਤਰਸੇਮ ਦੀਵਾਨਾ, ਜਨਰਲ ਸਕੱਤਰ ਅਮਰਜੀਤ ਸਿੰਘ ਜੰਡੂਸਿੰਘਾ, ਵਾਈਸ ਚੇਅਰਮੈਨ ਗੁਰਬਿੰਦਰ ਸਿੰਘ ਪਲਾਹਾ ਅਤੇ



ਅਸ਼ਵਨੀ ਸ਼ਰਮਾ ਨੇ ਦੱਸਿਆ ਕਿ ਇਸ ਹੋਏ ਜਾਨਲੇਵਾ ਹਮਲੇ ਸਬੰਧੀ ਜਾਣਕਾਰੀ ਦਿੰਦਿਆਂ ਭੋਗਪੁਰ ਤੋਂ ਪੱਤਰਕਾਰ ਗੁਰਪ੍ਰੀਤ ਸਿੰਘ ਭੋਗਲ ਨੇ ਦੱਸਿਆ ਕਿ ਪਿੰਡ ਲੁਹਾਰਾਂ ਤੋਂ ਭੋਗਪੁਰ ਵੱਲ ਨੂੰ ਜਾ ਰਹੇ ਸਨ ਤੇ ਰਸਤੇ ਵਿੱਚ ਇੱਕ ਟਰੈਕਟਰ 'ਤੇ ਦੋ ਨੌਜਵਾਨਾਂ ਨੇ ਗੱਡੀ ਦੇ ਅੱਗੇ ਟਰੈਕਟਰ ਲਗਾ ਕੇ ਰੋਕਿਆ ਅਤੇ ਪਰਵਾਰ ਨੂੰ ਇਕੱਲਾ ਦੇਖ ਆਪਣੇ ਹੋਰ ਅਣਪਛਾਤੇ ਲੋਕਾਂ ਨੂੰ ਮੌਕੇ 'ਤੇ ਬੁਲਾ ਲਿਆ ਅਤੇ ਪਰਿਵਾਰ ਦੇ ਨਾਲ ਧੱਕਾ ਮੁੱਕੀ ਕਰਨੀ ਸ਼ੁਰੂ ਕਰ ਦਿੱਤੀ, ਜਿਨ੍ਹਾਂ ਵਿੱਚੋਂ ਇੱਕ ਵਿਅਕਤੀ ਨੇ ਗੁਰਪ੍ਰੀਤ ਸਿੰਘ ਭੋਗਲ ਨੂੰ ਪਿੱਛਿਓਂ ਦੀ ਜਫਾ ਪਾਇਆ ਹੋਇਆ ਸੀ, ਉਕਤ ਵਿਅਕਤੀਆਂ ਵਿੱਚੋਂ ਜਦੋਂ ਗੁਰਪ੍ਰੀਤ ਸਿੰਘ ਭੋਗਲ ਤੇ ਵਾਰ ਕਰਨਾ ਚਾਹਿਆ ਤੇ ਪਰਵਾਰ ਉੱਤੇ ਹਮਲਾ ਹੁੰਦਾ ਦੇਖ ਉਹਨਾਂ ਦੀ ਬੇਟੀ ਜੈਸਮੀਨ ਕੌਰ ਭੋਗਲ ਨੇ ਜਦ ਸ੍ਰੀ ਸਾਹਿਬ ਕੱਢੀ ਤਾਂ ਉਕਤ ਨੇ ਪਿੱਛੋਂ ਦੀ ਜੱਫਾ ਛੱਡ ਦਿੱਤਾ। ਮੌਕੇ 'ਤੇ ਪਹੁੰਚੇ ਪਿੰਡ ਵਾਸੀਆਂ ਦੀ ਮਦਦ ਨਾਲ ਮਿਲ ਕੇ ਭੋਗਲ ਪਰਿਵਾਰ ਨੂੰ ਉਸ ਭੀੜ ਵਿੱਚੋਂ ਕੱਢ ਦਿੱਤਾ। ਇਸ ਮੌਕੇ ਗੁਰਪ੍ਰੀਤ ਸਿੰਘ ਭੋਗਲ ਨੇ ਕਿਹਾ ਕਿ ਮੇਰੇ ਸਾਰੇ ਪਰਿਵਾਰ ਉੱਪਰ ਜਿਹਨਾਂ ਨੇ ਵੀ ਹਮਲਾ ਕੀਤਾ ਹੈ, ਉਹ ਵਿਅਕਤੀ ਬਖਸ਼ਣ ਯੋਗ ਨਹੀਂ ਹਨ। ਇਸ ਸਬੰਧੀ ਉਹਨਾਂ ਇਹ ਵੀ ਕਿਹਾ ਕਿ ਇਸ ਸਬੰਧੀ ਜਲੰਧਰ ਦੇ ਡਿਪਟੀ ਸਾਹਿਬ ਕੋਲ ਪਹਿਲਾਂ ਵੀ ਦਰਖਾਸਤ ਚੱਲ ਰਹੀ ਹੈ ਜਿਸ ਵਿੱਚ ਪਿੰਡ ਦੇ ਮੌਜੂਦਾ ਸਰਪੰਚ ਅਤੇ ਇਹਨਾਂ ਲੋਕਾਂ ਵੱਲੋਂ ਜਾਨੋ ਮਾਰਨ ਦੀਆਂ ਧਮਕੀਆਂ ਦਿੱਤੀਆਂ ਸਨ ਜਿਸ ਦੇ ਸਬੂਤ ਵੀ ਡਿਪਟੀ ਸਾਹਿਬ ਜਲੰਧਰ ਨੂੰ ਦਿੱਤੇ ਗਏ ਹਨ। ਉਹਨਾਂ ਕਿਹਾ ਕਿ ਇਹਨਾਂ ਲੋਕਾਂ ਤੋਂ ਇਲਾਵਾ ਹੋਰ ਅਣਪਛਾਤੇ ਲੋਕਾਂ ਨੇ ਮੇਰੇ ਪਰਿਵਾਰ ਦੇ ਉੱਪਰ ਹਮਲਾ ਕੀਤਾ ਹੈ ਮੈਨੂੰ ਇਹਨਾਂ ਲੋਕਾਂ ਤੋਂ ਪਿਛਲੇ ਕਾਫੀ ਸਮੇਂ ਤੋਂ ਖਤਰਾ ਹੈ । ਉਨ੍ਹਾਂ ਵੱਲੋਂ ਵਾਰ ਵਾਰ ਡਿਪਟੀ ਕੋਲ ਪਹੁੰਚ ਕੇ ਇਨਸਾਫ ਦੀ ਮੰਗ ਕੀਤੀ। ਪਰ ਕੋਈ ਵੀ ਸੁਣਵਾਈ ਨਹੀਂ ਹੋਈ। ਜਿਸ ਕਾਰਨ ਪੁਲਿਸ ਦੀ ਢਿੱਲ ਮੱਠ ਦਾ ਹੀਂ ਨਤੀਜਾ ਹੁਣ ਉਨ੍ਹਾਂ ਦੇ ਪਰਿਵਾਰ ਨੂੰ ਭੁਗਤਣਾ ਪਿਆ ਹੈ। ਦਿ ਵਰਕਿੰਗ ਰਿਪੋਰਟਰਜ਼ ਐਸੋਸੀਏਸ਼ਨ ਪੰਜਾਬ ਇੰਡੀਆ ਵੱਲੋਂ ਸੂਬਾ ਪ੍ਰਧਾਨ ਪ੍ਰਿੰਸੀਪਲ ਬਲਵੀਰ ਸਿੰਘ ਸੈਣੀ ਨੇ ਕਿਹਾ ਕਿ ਐਸੋਸੀਏਸ਼ਨ ਐਸ ਐਸ ਪੀ ਜਲੰਧਰ ਪਾਸੋਂ ਮੰਗ ਕਰਦੀ ਹੈ ਕਿ ਪੱਤਰਕਾਰ ਗੁਰਪ੍ਰੀਤ ਸਿੰਘ ਭੋਗਲ ਵੱਲੋਂ ਪਹਿਲਾਂ ਦਿੱਤੀ ਦਰਖਾਸਤ ਉੱਪਰ ਕਾਰਵਾਈ ਨਾ ਕਰਨ ਵਾਲੇ ਪੁਲਸ ਅਧਿਕਾਰੀਆਂ ਨੂੰ ਲਾਈਨ ਹਾਜ਼ਰ ਕੀਤਾ ਜਾਵੇ ਅਤੇ ਇਸ ਸਾਰੇ ਮਾਮਲੇ ਦੀ ਜਾਂਚ ਐੱਸ ਪੀ ਰੈਂਕ ਦੇ ਅਫਸਰ ਤੋਂ ਕਰਵਾਈ ਜਾਵੇ ਨਾਲ ਹੀ ਸਰਕਾਰ ਗੁਰਪ੍ਰੀਤ ਸਿੰਘ ਭੋਗਲ ਦੇ ਪਰਵਾਰ ਉੱਪਰ ਹਮਲਾ ਕਰਨ ਵਾਲੇ ਮਾਮਲੇ ਵਿੱਚ ਮੌਜੂਦਾ ਸਰਪੰਚ ਅਤੇ ਉਸਦੇ ਸਾਥੀਆਂ ਖਿਲਾਫ ਵੀ ਬਣਦੀ ਕਾਰਵਾਈ ਕੀਤੀ ਜਾਵੇ। ਉਹਨਾਂ ਚਿਤਾਵਨੀ ਦਿੰਦਿਆਂ ਕਿਹਾ ਕਿ ਜੇਕਰ ਅਜੇ ਵੀ ਪੁਲਸ ਨੇ ਤੁਰੰਤ ਕਾਰਵਾਈ ਸ਼ੁਰੂ ਨਾ ਕੀਤੀ ਤਾਂ ਸਮੁੱਚੇ ਪੱਤਰਕਾਰ ਭਾਈਚਾਰੇ ਨਾਲ ਸਲਾਹ ਕਰਕੇ ਦਿ ਵਰਕਿੰਗ ਰਿਪੋਰਟਰ ਐਸੋਸੀਏਸ਼ਨ ਨੂੰ ਸਖਤ ਕਦਮ ਉਠਾਉਣ ਲਈ ਮਜਬੂਰ ਹੋਣਾ ਪਵੇਗਾ ਜਿਸਦੀ ਪੂਰੀ ਜਿੰਮੇਵਾਰੀ ਜਲੰਧਰ ਪੁਲਸ ਦੀ ਹੋਵੇਗੀ।

# ਮੁਫਤ ਮੈਗਾ ਮੈਡੀਕਲ ਚੈੱਕਅੱਪ ਕੈਂਪ ਲਗਾਏ

**ਟਾਂਡਾ ਉੜਮੁੜ (ਜਸਵਿੰਦਰ ਸੰਧੂ ਓਂਕਾਰ ਸਿੰਘ)**- ਰੇਖੀ ਹਰਬੰਸ ਹਸਪਤਾਲ ਟਾਂਡਾ ਵੱਲੋਂ ਮਹਾਨ ਤਪੱਸਵੀ ਸੰਤ ਬਾਬਾ ਪ੍ਰੇਮ ਸਿੰਘ ਮੁਰਾਲੇ ਵਾਲਿਆਂ ਦੀ ਯਾਦ ਨੂੰ ਸਮਰਪਿਤ ਇੱਕ ਦਿਨਾ ਮੁਫਤ ਮੈਗਾ ਮੈਡੀਕਲ ਚੈਕਅਪ ਕੈਂਪ ਜੀ.ਜੀ.ਐਸ ਖਾਲਸਾ ਸੀਨੀਅਰ ਸੈਕੰਡਰੀ ਸਕੂਲ ਮਿਆਣੀ ਵਿਖੇ ਲਗਾਇਆ ਗਿਆ। ਹਸਪਤਾਲ ਦੇ ਡਾਇਰੈਕਟਰ ਸੇਵਾ ਮੁਕਤ ਐਸ.ਐਮ.ਓ ਡਾ. ਸ਼ਿਵਰਾਜ ਰੇਖੀ ਦੀ ਅਗਵਾਈ ਵਿੱਚ ਲਗਾਏ ਇਸ ਕੈਂਪ ਦਾ ਉਦਘਾਟਨ ਸਾਬਕਾ ਮੰਤਰੀ ਚੌਧਰੀ ਬਲਵੀਰ ਸਿੰਘ ਮਿਆਣੀ ਨੇ ਕੀਤਾ। ਜਦਕਿ ਕੈਂਪ ਦੌਰਾਨ ਡਾ. ਅੰਕਿਤ ਰੇਖੀ, ਡਾ. ਆਭਾ ਰੇਖੀ, ਡਾ. ਪ੍ਰੀਤ ਕਮਲ ਰੇਖੀ, ਡਾ. ਰਜਿੰਦਰ ਕੌਰ, ਡਾ. ਮਨਦੀਪ ਕੌਰ ਦੀ ਟੀਮ ਨੇ 200 ਤੋਂ ਵੱਧ ਮਰੀਜਾਂ ਦਾ ਮੁਆਇਨਾ ਕੀਤਾ। ਇਸੇ ਤਰ੍ਹਾਂ ਹੀ ਬੇਵਜ ਹਸਪਤਾਲ ਟਾਂਡਾ ਵੱਲੋਂ ਵੀ ਮੁਫਤ ਮੈਗਾ ਮੈਡੀਕਲ ਚੈੱਕਅਪ ਕੈਂਪ ਲਗਾਇਆ ਗਿਆ। ਹਸਪਤਾਲ ਦੇ ਡਾਇਰੈਕਟਰ ਡਾ. ਲਵਪ੍ਰੀਤ ਸਿੰਘ ਪਾਵਲਾ ਦੀ ਅਗਵਾਈ ਵਿੱਚ ਲਗਾਏ ਗਏ ਇਸ ਕੈਂਪ ਦਾ ਉਦਘਾਟਨ ਵਿਧਾਇਕ ਟਾਂਡਾ ਜਸਵੀਰ ਸਿੰਘ ਰਾਜਾ ਤੇ ਸਾਬਕਾ ਮੰਤਰੀ ਚੌਧਰੀ ਬਲਵੀਰ ਸਿੰਘ ਮਿਆਣੀ ਨੇ ਸਾਂਝੇ ਤੌਰ 'ਤੇ ਕਰਦੇ ਹੋਏ ਹਸਪਤਾਲ ਦੇ ਇਸ ਉੱਦਮ ਦੀ ਸ਼ਲਾਘਾ ਕੀਤੀ। ਕੈਂਪ ਦੌਰਾਨ ਡਾ. ਅਜੇਪਾਲ, ਪ੍ਰਭਜੋਤ ਸਿੰਘ ਮਨਪ੍ਰੀਤ ਕੌਰ, ਅਤੇ ਕੋਮਲਦੀਪ ਕੌਰ ਦੀ ਟੀਮ ਨੇ ਮਰੀਜਾਂ ਦਾ ਮੁਆਇਨਾ ਕੀਤਾ ਅਤੇ ਉਹਨਾਂ ਨੂੰ ਸਿਹਤ ਪ੍ਰਤੀ ਜਾਗਰੂਕ ਕਰਦੇ ਹੋਏ ਲੋੜਵੰਦ ਮਰੀਜਾਂ ਨੂੰ ਮੁਫਤ ਦਵਾਈਆਂ ਵੀ ਦਿੱਤੀਆਂ। ਇਸ ਮੌਕੇ ਬਾਬਾ ਰਣਧੀਰ ਸਿੰਘ ਖੜਿਆਲਾ ਸੈਣੀਆਂ, ਚੇਅਰਮੈਨ ਜਵਾਹਰ ਲਾਲ ਖੁਰਾਣਾ, ਡਾ. ਲਖਮੀਰ ਸਿੰਘ ਚੌਧਰੀ, ਸਰਪੰਚ ਜਸਵੰਤ ਸਿੰਘ ਬਿੱਟੂ , ਸਰਪੰਚ ਸੁਖਵਿੰਦਰਜੀਤ ਸਿੰਘ ਝਾਵਰ, ਬਲਕਾਰ ਸਿੰਘ ਨਰਿਆਲਾ,ਦਵਿੰਦਰ ਸਿੰਘ ਲਾਡੀ, ਨੰਬਰਦਾਰ ਕਿਰਪਾਲ ਸਿੰਘ ਪੰਡੋਰੀ, ਸੰਜੀਵ ਸਿਆਲ, ਡਾ. ਸਤਨਾਮ ਸਿੰਘ ਮਿਆਣੀ, ਬਲਵਿੰਦਰ ਸਿੰਘ ਸੱਤ ਕਰਤਾਰ, ਸਰਪੰਚ ਗੁਰਪ੍ਰੀਤ ਸਿੰਘ, ਰੇਸ਼ਮ ਸਿੰਘ ਕੰਧਾਲਾ ਸੇਖਾ ਵੀ ਹਾਜਰ ਸਨ।



# ਡੀ ਏ ਵੀ ਕਾਲਜ ਵਿਖੇ ਸਿਵਲ ਡਿਫੈਂਸ ਤਹਿਤ ਕਰਵਾਈ ਸਫਲ ਮੌਕ ਡਰਿੱਲ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਜ਼ਿਲ੍ਹਾ ਪ੍ਰਸ਼ਾਸਨ ਦੀ ਚੌਕਸੀ ਨੀਤੀ ਅਨੁਸਾਰ, ਮੰਗਲਵਾਰ ਨੂੰ ਡੀ.ਏ.ਵੀ ਕਾਲਜ, ਹੁਸ਼ਿਆਰਪੁਰ ਵਿਖੇ ਸਿਵਲ ਡਿਫੈਂਸ ਨਾਲ ਸਬੰਧਤ ਇਕ ਸਫਲ ਮੌਕ ਡਰਿੱਲ ਕਰਵਾਈ ਗਈ। ਡਿਪਟੀ ਕਮਿਸ਼ਨਰ ਆਸ਼ਿਕਾ ਜੈਨ ਦੀ ਅਗਵਾਈ ਹੇਠ ਕਰਵਾਈ ਗਈ ਇਸ ਡਰਿੱਲ ਵਿਚ ਵੱਖ-ਵੱਖ ਸਕੂਲਾਂ ਅਤੇ ਕਾਲਜਾਂ ਦੇ ਐਨ.ਸੀ.ਸੀ ਅਤੇ ਐਨ.ਐਸ.ਐਸ ਦੇ ਵਿਦਿਆਰਥੀਆਂ ਨੇ ਸਰਗਰਮੀ ਨਾਲ ਹਿੱਸਾ ਲਿਆ।ਮੌਕ ਡਰਿੱਲ ਨੇ ਹਵਾਈ ਹਮਲੇ ਦੌਰਾਨ ਤੇਜ਼ ਪ੍ਰਤੀਕਿਰਿਆ ਦਾ ਪ੍ਰਦਰਸ਼ਨ ਕੀਤਾ। ਇਸ ਦੌਰਾਨ ਹੋਮ ਗਾਰਡ, ਸਿਵਲ ਡਿਫੈਂਸ, ਸਿਹਤ ਵਿਭਾਗ, ਫਾਇਰ ਬ੍ਰਿਗੇਡ, ਪੰਜਾਬ ਪੁਲਿਸ ਅਤੇ ਕਈ ਗੈਰ-ਸਰਕਾਰੀ ਸੰਗਠਨਾਂ ਨੇ ਆਪਣੀ ਭੂਮਿਕਾ ਬਾਖੂਬੀ ਨਿਭਾਈ। ਪੰਜਾਬ ਹੋਮ ਗਾਰਡਜ਼ ਦੇ ਅਧਿਕਾਰੀਆਂ ਨੇ ਐਮਰਜੈਂਸੀ ਸਥਿਤੀਆਂ ਨਾਲ ਨਜਿੱਠਣ ਲਈ ਮੌਜੂਦ ਵਿਦਿਆਰਥੀਆਂ ਨੂੰ ਮਹੱਤਵਪੂਰਨ ਸੁਝਾਅ ਵੀ ਦਿੱਤੇ।ਡਰਿੱਲ ਦੀ ਸਮਾਪਤੀ 'ਤੇ ਡਿਪਟੀ ਕਮਿਸ਼ਨਰ ਆਸ਼ਿਕਾ ਜੈਨ ਨੇ ਕਿਹਾ ਕਿ ਇਹ ਅਭਿਆਸ ਸਰਕਾਰ ਦੀ ਚੌਕਸੀ ਨੀਤੀ ਤਹਿਤ ਕੀਤਾ ਗਿਆ ਹੈ ਤਾਂ ਜੋ ਕਿਸੇ ਵੀ ਅਣਸੁਖਾਵੀਂ ਜਾਂ ਐਮਰਜੈਂਸੀ ਸਥਿਤੀ ਵਿਚ ਜ਼ਿਲ੍ਹਾ ਪ੍ਰਸ਼ਾਸਨ ਦੀ ਸਮਰੱਥਾ ਅਤੇ ਤਾਲਮੇਲ ਦੀ ਜਾਂਚ ਕੀਤੀ ਜਾ ਸਕੇ। ਉਨ੍ਹਾਂ ਸਪੱਸ਼ਟ ਕੀਤਾ ਕਿ ਇਹ ਸਿਰਫ਼ ਇਕ ਮਾਡਲ ਅਭਿਆਸ ਸੀ, ਇਸ ਲਈ ਆਮ ਲੋਕਾਂ ਨੂੰ ਡਰਨ ਜਾਂ ਘਬਰਾਉਣ ਦੀ ਕੋਈ ਲੋੜ ਨਹੀਂ ਹੈ।ਉਨ੍ਹਾਂ ਕਿਹਾ ਕਿ ਮੌਕ ਡਰਿੱਲ ਦਾ ਉਦੇਸ਼ ਨਾਗਰਿਕਾਂ ਨੂੰ ਅਜਿਹੀਆਂ ਸਥਿਤੀਆਂ ਲਈ ਮਾਨਸਿਕ ਤੌਰ 'ਤੇ ਤਿਆਰ ਕਰਨਾ ਹੈ। ਉਨ੍ਹਾਂ ਨੌਜਵਾਨਾਂ ਨੂੰ ਸਰਕਾਰੀ ਹਦਾਇਤਾਂ ਦੀ ਪਾਲਣਾ ਕਰਨ ਅਤੇ ਜਾਗਰੂਕਤਾ ਮੁਹਿੰਮਾਂ ਵਿੱਚ ਸਹਿਯੋਗ ਕਰਨ ਦੀ ਅਪੀਲ ਕੀਤੀ।ਇਸ ਮੌਕ ਡਰਿੱਲ ਵਿਚ ਸਿਵਲ ਡਿਫੈਂਸ, ਫਾਇਰ ਡਿਪਾਰਟਮੈਂਟ, ਸਿਹਤ ਵਿਭਾਗ, 12 ਪੰਜਾਬ ਐਨ.ਸੀ.ਸੀ., ਪੁਲਸ ਅਤੇ ਹੋਮ ਗਾਰਡ ਦੇ ਅਧਿਕਾਰੀਆਂ ਅਤੇ ਜਵਾਨਾਂ ਨੇ ਉਤਸ਼ਾਹ ਨਾਲ ਹਿੱਸਾ ਲਿਆ।ਅਭਿਆਸ ਦੌਰਾਨ ਆਪਸੀ ਤਾਲਮੇਲ ਅਤੇ ਤੇਜ਼ ਪ੍ਰਤੀਕਿਰਿਆ ਸਮਰੱਥਾ ਦੀ ਵੀ ਸਮੀਖਿਆ ਕੀਤੀ ਗਈ। ਐਸ.ਡੀ. ਐਮ. ਹੁਸ਼ਿਆਰਪੁਰ ਗੁਰਸਿਮਰਨਜੀਤ ਕੌਰ ਨੇ ਮੌਕ ਡਰਿੱਲ ਦਾ ਸੰਚਾਲਨ ਕੀਤਾ। ਇਹ ਅਭਿਆਸ ਪੰਜਾਬ ਪੁਲਸ, ਹੋਮ ਗਾਰਡ, ਸਿਵਲ ਡਿਫੈਂਸ, ਸਿਹਤ ਵਿਭਾਗ ਅਤੇ ਫਾਇਰ ਬ੍ਰਿਗੇਡ ਦੇ ਸਹਿਯੋਗ ਨਾਲ ਸਫਲਤਾਪੂਰਵਕ ਪੂਰਾ ਹੋਇਆ। ਇਸ ਮੌਕੇ ਤਹਿਸੀਲਦਾਰ ਲਾਰਸਨ ਸਿੰਗਲਾ, ਇੰਸਪੈਕਟਰ ਦਵਿੰਦਰ ਸਿੰਘ, ਮਨਿੰਦਰ ਸਿੰਘ, ਚੀਫ਼ ਵਾਰਡਨ ਸਿਵਲ ਡਿਫੈਂਸ ਲੋਕੇਸ਼ ਪੁਰੀ ਅਤੇ ਹੋਰ ਅਧਿਕਾਰੀ ਅਤੇ ਵਲੰਟੀਅਰ ਵੀ ਮੌਜੂਦ ਸਨ।



# ਨਸ਼ੀਲੇ ਪਦਾਰਥਾਂ ਸਮੇਤ ਇੱਕ ਵਿਅਕਤੀ ਗ੍ਰਿ਼ਫਤਾਰ

**ਕਾਲਾ ਸੰਘਿਆਂ (ਮਨਜੀਤ ਮਾਨ)**

ਕਸਬਾ ਕਾਲ਼ਾ ਸੰਘਿਆਂ ਤੋਂ ਪੁਲਸ ਵੱਲੋਂ ਨਸ਼ੀਲੇ ਪਦਾਰਥਾਂ ਨਾਲ਼ ਇਕ ਵਿਅਕਤੀ ਨੂੰ ਗ੍ਰਿ਼ਫਤਾਰ ਕਰਨ ਵਿਚ ਸਫਲਤਾ ਹਾਸਲ ਕਰਨ ਦਾ ਸਮਾਚਾਰ ਪ੍ਰਾਪਤ ਹੋਇਆ ਹੈ। ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਾਲ਼ਾ ਸੰਘਿਆਂ ਪੁਲਸ ਚੌਕੀ ਦੇ ਇੰਚਾਰਜ ਏ ਐਸ ਆਈ ਲਖਵੀਰ ਸਿੰਘ ਨੇ ਦੱਸਿਆ ਕਿ ਮੈਂ ਪੁਲਸ ਪਾਰਟੀ ਨਾਲ਼ ਗਸ਼ਤ ਦੌਰਾਨ ਕਾਲ਼ਾ ਸੰਘਿਆਂ ਤੋਂ ਕਲੋਨੀ ਕਾਲ਼ਾ ਸੰਘਿਆਂ ਵਾਲੇ ਪਾਸੇ ਜਾ ਰਿਹਾ ਸੀ ਅਤੇ ਇਸੇ ਦੌਰਾਨ ਸਾਹਮਣੇ ਤੋਂ ਆ ਰਹੇ ਇਕ ਨੌਜਵਾਨ ਜੋ ਪੈਦਲ ਆ ਰਿਹਾ ਸੀ ਅਤੇ ਪੁਲਸ ਦੀ ਗੱਡੀ ਵੇਖ ਘਬਰਾ ਕੇ ਆਪਣੀ ਪੈਂਟ ਦੀ ਜੇਬ ਵਿੱਚੋਂ ਇਕ ਲਿਫ਼ਾਫ਼ਾ ਕੱਢ ਕੇ ਸੜਕ ਕਿਨਾਰੇ ਵੱਲ ਸੁੱਟ ਕੇ ਮੌਕੇ ਤੋਂ ਨਿਕਲ਼ਦਾ ਵੇਖਿਆ ਗਿਆ ਤਾਂ ਮੇਰੀ ਪੁਲਸ ਪਾਰਟੀ ਵੱਲੋਂ ਉਸ ਨੂੰ ਰੋਕਿਆ ਗਿਆ ਅਤੇ ਉਸ ਤੋਂ ਪੁੱਛਗਿੱਛ ਕੀਤੀ ਗਈ। ਇਸ ਦੌਰਾਨ ਨੌਜਵਾਨ ਨੇ ਦੱਸਿਆ ਕਿ ਉਸ ਵੱਲੋਂ ਸੁੱਟੇ ਲਿਫਾਫੇ ਵਿੱਚ ਨਸ਼ੀਲੀਆਂ ਗੋਲੀਆਂ ਅਤੇ ਕੈਪਸੂਲ ਹਨ। ਚੌਂਕੀ ਇੰਚਾਰਜ ਨੇ ਦੱਸਿਆ ਕਿ ਲਿਫਾਫੇ ਵਿੱਚੋਂ 20 ਨਸ਼ੀਲੀਆਂ ਗੋਲੀਆਂ ਅਤੇ 45 ਨਸ਼ੀਲੇ ਕੈਪਸੂਲ ਬਰਾਮਦ ਹੋਏ ਅਤੇ ਨਸ਼ੀਲੇ ਪਦਾਰਥਾਂ ਨਾਲ਼ ਫ਼ੜੇ ਨੌਜਵਾਨ ਦੀ ਪਛਾਣ ਗੁਰਵਿੰਦਰ ਸਿੰਘ ਉਰਫ਼ ਗੋਬਿੰਦਾ ਵਾਸੀ ਕਾਲ਼ਾ ਸੰਘਿਆਂ ਵਜੋਂ ਹੋਈ।



# ਪੰਜ ਰੋਜ਼ਾ ਖੇਡ ਮੇਲਾ ਅਮਿੱਟ ਯਾਦਾਂ ਛੱਡਦਾ ਸੰਪੰਨ

**ਸੁਲਤਾਨਪੁਰ ਲੋਧੀ, (ਹਨੀ)**

ਸੰਤ ਅਵਤਾਰ ਸਿੰਘ ਦੀ 37ਵੀਂ ਸਾਲਾਨਾ ਬਰਸੀ ਨੂੰ ਸਮਰਪਿਤ ਚੱਲਿਆ ਪੰਜ ਰੋਜ਼ਾ ਖੇਡ ਮੇਲਾ ਅਮਿੱਟ ਯਾਦਾਂ ਛੱਡਦਾ ਸੰਪੰਨ ਹੋ ਗਿਆ ਹੈ।ਖੇਡ ਮੇਲੇ ਵਿੱਚ 250 ਤੋਂ ਵੱਧ ਟੀਮਾਂ ਨੇ ਹਿੱਸਾ ਲਿਆ।ਆਖਰੀ ਦਿਨ ਕੱਬਡੀ ਤੇ ਵਾਲੀਬਾਲ ਦੇ ਬੇਹੱਦ ਰੋਮਾਂਚਿਕ ਮੁਕਾਬਲੇ ਦੇਖਣ ਨੂੰ ਮਿਲੇ।ਓਪਨ ਕੱਬਡੀ ਦੇ ਮੈਚ ਇੰਨ੍ਹੇ ਫਸਵੇਂ ਸਨ ਕਿ ਰਾਤ ਦੇ ਗਿਆਰਾਂ ਵੱਜ ਗਏ ਸਨ। ਆਖਰ ਜਦੋਂ ਇੰਦਰ ਦੇਵਤੇ ਦਾ ਜ਼ੋਰ ਜ਼ਿਆਦਾ ਚੱਲ ਗਿਆ ਤਾਂ ਉਸ ਵੇਲੇ ਜਿਹੜੀਆਂ ਛੇ ਟੀਮਾਂ ਨੇ ਅਜੇ ਖੇਡਣਾ ਸੀ, ਪ੍ਰਬੰਧਕਾਂ ਨੇ ਖਿਡਾਰੀਆਂ ਦੀ ਸਹਿਮਤੀ ਨਾਲ ਜੇਤੂ ਟੀਮ ਨੂੰ ਮਿਲਣ ਵਾਲੀ ਇਨਾਮੀ ਰਕਮ



ਛੇ ਟੀਮਾਂ ਵਿੱਚ ਵੰਡ ਦਿੱਤੀ ਗਈ। ਕਬੱਡੀ ਦੇ ਮੁਕਾਬਲਿਆਂ ਵਿੱਚ ਸਭ ਤੋਂ ਦਿਲਚਸਪ ਮੁਕਾਬਲੇ 35 ਕਿਲੋ ਤੇ 45 ਕਿਲੋ ਭਾਰ ਵਰਗ ਦੀਆਂ ਟੀਮਾਂ ਵਿੱਚ ਹੋਏ। ਕਬੱਡੀ ਵਿੱਚ ਪੰਜ ਭਾਰ ਵਰਗ ਦੇ ਮੁਕਾਬਲੇ ਹੋਏ। 35 ਕਿਲੋ ਭਾਰ ਵਰਗ ਵਿੱਚ ਪਹਿਲੇ ਸਥਾਨ 'ਤੇ ਮਾਲਵਾ ਕਲੱਬ ਤੇ ਦੂਜੇ ਸਥਾਨ 'ਤੇ ਸੀਚੇਵਾਲ ਦੀ ਟੀਮ ਰਹੀ।ਵਾਲੀਬਾਲ ਦੇ ਹੋਏ 50 ਕਿਲੋ ਭਾਰ ਵਰਗ ਦੇ ਮੁਕਾਬਿਲਆਂ ਵਿੱਚ ਪਹਿਲੇ ਸਥਾਨ 'ਤੇ ਖਾਲਸਾ ਸਕੂਲ ਸ੍ਰੀ ਅੰਮ੍ਰਿਤਸਰ ਸਾਹਿਬ ਤੇ ਦੂਜੇ ਸਥਾਨ ਤੇ ਭੂਜੋਵਾਲ ਦੀ ਟੀਮ ਰਹੀ। ਓਪਨ ਦੇ ਮੁਕਾਬਿਲਆਂ ਵਿੱਚ ਪਹਿਲਾਂ ਸਥਾਨ ਕੋਟਲੀ ਗਾਜਰਾ ਦੀ ਟੀਮ ਨੇ ਪ੍ਰਾਪਤ ਕੀਤਾ ਜਦਕਿ ਦੂਜੇ ਸਥਾਨ 'ਤੇ ਪਿੰਡ ਲੱਖਪੁਰ ਦੀ ਟੀਮ ਰਹੀ। ਇਹਨਾਂ ਮੁਕਾਬਲਿਆਂ ਦਾ ਅਗਾਜ਼ ਰਾਜ ਸਭਾ ਮੈਂਬਰ ਸੰਤ ਬਲਬੀਰ ਸਿੰਘ ਸੀਚੇਵਾਲ ਵੱਲੋਂ ਕੀਤਾ ਗਿਆ ਸੀ।ਸੰਤ ਸੀਚੇਵਾਲ ਨੇ ਮੁਕਾਬਲਿਆਂ ਦੀ ਰਸਮੀ ਸ਼ੁਰੂਆਤ ਕਰਵਾਉਣ ਵੇਲੇ ਖਿਡਾਰੀਆਂ ਨੂੰ ਅਨੁਸ਼ਾਸ਼ਨ ਵਿੱਚ ਰਹਿ ਕਿ ਆਪਣੀ ਖੇਡ ਦਾ ਜ਼ੌਹਰ ਦਿਖਾਉਣ ਲਈ ਉਤਸ਼ਾਹਿਤ ਕੀਤਾ।ਉਹਨਾਂ ਦੱਸਿਆ ਕਿ ਅਸਲ ਵਿੱਚ ਸੰਤ ਅਵਤਾਰ ਸਿੰਘ ਦੀ ਯਾਦ ਵਿੱਚ ਕਰਵਾਇਆ ਜਾਂਦਾ ਹੈ ਇਹ ਖੇਡ ਮੇਲਾ ਖਿਡਾਰੀਆਂ ਦਾ ਮੇਲਾ ਹੁੰਦਾ ਹੈ। ਜਿਸ ਵਿੱਚੋਂ ਪੰਜਾਬ ਹੀ ਨਹੀ ਸਗੋਂ ਦੇਸ਼ ਦੇ ਹੋਰ ਸੂਬਿਆਂ ਤੋਂ ਵੀ ਟੀਮਾਂ ਭਾਗ ਲੈਣ ਲਈ ਪਹੁੰਚਦੀਆਂ ਹਨ।ਇਸ ਖੇਡ ਮੇਲੇ ਦੌਰਾਨ ਸੰਤ ਅਮਰੀਕ ਸਿੰਘ ਖੁਖਰੈਣ, ਸੰਤ ਗੁਰਮੇਜ਼ ਸਿੰਘ ਸੈਦਰਾਣਾ ਸਾਹਿਬ, ਆਪ ਦੇ ਹਲਕਾ ਇੰਚਾਰਜ਼ ਸ਼ਾਹਕੋਟ ਤੋਂ ਇੰਦਰ ਪੰਡੋਰੀ, ਹਲਕਾ ਵਿਧਾਇਕ ਬੀਬੀ ਇੰਦਰਜੀਤ ਕੌਰ, ਲੁਧਿਆਣਾ ਨਗਰ ਨਿਗਮ ਦੀ ਚੇਅਰਮੈਨ ਇੰਦਰਜੀਤ ਕੌਰ, ਸੁਰਜੀਤ ਸਿੰਘ ਸੰਟੀ, ਸਰਪੰਚ ਜੋਗਾ ਸਿੰਘ, ਸਰਪੰਚ ਬੂਟਾ ਸਿੰਗ, ਤਜਿੰਦਰ ਸਿੰਘ, ਪ੍ਰਿੰਸੀਪਲ ਕੁਲਵਿੰਦਰ ਸਿੰਘ, ਗੁਰਵਿੰਦਰ ਸਿੰਘ, ਕੋਚ ਗੁਰਬੀਰ ਢਿੱਲੋਂ ਸਮੇਤ ਹੋਰ ਬਹੁਤ ਸਾਰੀਆਂ ਸਖਸ਼ੀਅਤਾਂ ਹਾਜ਼ਰ ਰਹੀਆਂ।ਰਾਜ ਸਭਾ ਮੈਂਬਰ ਸੰਤ ਬਲਬੀਰ ਸਿੰਘ ਸੀਚੇਵਾਲ ਨੇ ਪੰਜ ਦਿਨ ਚੱਲੇ ਇਸ ਖੇਡ ਮੇਲੇ ਦੌਰਾਨ ਆਏ ਢਾਈ ਹਜ਼ਾਰ ਤੋਂ ਵੱਧ ਖਿਡਾਰੀਆਂ ਨੂੰ 5-5 ਬੂਟੇ ਲਾਉਣ ਦੀ ਅਪੀਲ ਕੀਤੀ। ਇਸ ਖੇਡ ਮੇਲੇ ਵਿੱਚ ਹਿੱਸਾ ਲੈਣ ਵਾਲੇ ਖਿਡਾਰੀਆਂ ਨੂੰ ਵੀ ਸਨਮਾਨ ਕਰਨ ਸਮੇਂ ਬੂਟੇ ਵੀ ਦਿੱਤੇ ਗਏ।

## ਬਾਬਾ ਸਾਹਿਬ ਦੇ ਬੁੱਤ ਨਾਲ ਛੇੜਛਾੜ ਦੀ ਘਟਨਾ ਬਰਦਾਸ਼ਤਯੋਗ ਨਹੀਂ : ਮੋਹਿੰਦਰ ਭਗਤ

**ਜਲੰਧਰ (ਸ਼ੈਲੀ ਐਲਬਰਟ)**— ਉਪ ਮੰਡਲ ਫਿਲੌਰ ਅਧੀਨ ਪੈਂਦੇ ਪਿੰਡ ਨੰਗਲ ਵਿਖੇ ਭਾਰਤੀ ਸੰਵਿਧਾਨ ਨਿਰਮਾਤਾ ਭਾਰਤ ਰਤਨ ਡਾ. ਭੀਮ ਰਾਓ ਅੰਬੇਡਕਰ ਜੀ ਦੇ ਬੁੱਤ ਨਾਲ ਸ਼ਰਾਰਤੀ ਅਨਾਸਰਾਂ ਵੱਲੋਂ ਕੀਤੀ ਗਈ ਛੇੜਛਾੜ ਦੀ ਘਟਨਾ ਨਾ ਸਿਰਫ ਸ਼ਰਮਨਾਕ ਹੈ, ਸਗੋਂ ਭਾਰਤ ਦੀਆਂ ਲੋਕਤੰਤਰਿਕ ਕਦਰਾਂ ਕੀਮਤਾਂ 'ਤੇ ਸਿੱਧਾ ਹਮਲਾ ਵੀ ਹੈ। ਪੰਜਾਬ ਦੇ ਬਾਗਬਾਨੀ, ਸੁਤੰਤਰਤਾ ਸੈਨਾਨੀ ਅਤੇ ਰੱਖਿਆ ਸੇਵਾਵਾਂ ਭਲਾਈ ਮੰਤਰੀ ਮੋਹਿੰਦਰ ਭਗਤ ਨੇ ਬਿਆਨ ਜਾਰੀ ਕਰਦਿਆਂ ਇਸ ਘਟਨਾ ਨੂੰ ਕੱਟੜਪੰਥੀਆਂ ਵੱਲੋਂ ਪੰਜਾਬ ਦੇ ਸ਼ਾਂਤੀਪੂਰਨ ਮਾਹੌਲ ਨੂੰ ਖ਼ਰਾਬ ਕਰਨ ਦੀ ਕੋਸ਼ਿਸ਼ ਦੱਸਿਆ। ਉਨ੍ਹਾਂ ਕਿਹਾ ਕਿ ਪੰਜਾਬ ਦੀ ਭਗਵੰਤ ਮਾਨ ਸਰਕਾਰ ਸੂਬੇ ਵਿੱਚ ਸ਼ਾਂਤੀਪੂਰਨ ਮਾਹੌਲ ਕਾਇਮ ਰੱਖਣ ਲਈ ਵਚਨਬੱਧ ਹੈ ਅਤੇ ਅਜਿਹੀਆਂ ਕੋਝੀਆਂ ਹਰਕਤਾਂ ਕਰਨ ਵਾਲਿਆਂ ਖਿਲਾਫ਼ ਸਖ਼ਤ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ।ਭਗਤ ਨੇ ਕਿਹਾ ਕਿ ਪੰਜਾਬ ਸਰਕਾਰ ਨੇ ਸੂਬੇ ਵਿੱਚ ਜੋ ਸ਼ਾਂਤੀਪੂਰਨ ਅਤੇ ਭਾਈਚਾਰਕ ਮਾਹੌਲ ਸਿਰਜਿਆ ਹੈ, ਉਹ ਕੱਟੜਪੰਥੀਆਂ ਨੂੰ ਬਰਦਾਸ਼ਤ ਨਹੀਂ ਹੋ ਰਿਹਾ। ਇਸ ਲਈ ਉਹ ਅਜਿਹੀਆਂ ਘਟੀਆ ਹਰਕਤਾਂ ਰਾਹੀਂ ਪੰਜਾਬ ਦੀ ਸ਼ਾਂਤੀ ਨੂੰ ਭੰਗ ਕਰਨ ਦੀ ਕੋਸ਼ਿਸ਼ ਕਰ ਰਹੇ ਹਨ, ਪਰ ਪੰਜਾਬ ਸਰਕਾਰ ਉਨ੍ਹਾਂ ਦੇ ਕਿਸੇ ਵੀ ਮਨਸੂਬੇ ਨੂੰ ਕਾਮਯਾਬ ਨਹੀਂ ਹੋਣ ਦੇਵੇਗੀ।ਉਨ੍ਹਾਂ ਕਿਹਾ ਕਿ ਇਹ ਅਜਿਹੀ ਦੂਜੀ ਘਟਨਾ ਹੈ, ਜੋ ਕਿ ਕਿਸੇ ਡੂੰਘੀ ਸਾਜ਼ਿਸ਼ ਵੱਲ ਇਸ਼ਾਰਾ ਕਰਦੀ ਹੈ। ਉਨ੍ਹਾਂ ਕਿਹਾ ਕਿ ਜਦੋਂ ਵੀ ਪੰਜਾਬ ਵਿੱਚ ਸੰਤਾਂ ਜਾਂ ਮਹਾਨ ਸ਼ਖਸੀਅਤਾਂ ਦੇ ਸਮਾਗਮ ਹੁੰਦੇ ਹਨ, ਇਹ ਕੱਟੜਪੰਥੀ ਮਾਹੌਲ ਨੂੰ ਖ਼ਰਾਬ ਕਰਨ ਦੀ ਕੋਸ਼ਿਸ਼ ਕਰਦੇ ਹਨ।ਕੈਬਨਿਟ ਮੰਤਰੀ ਨੇ ਕਿਹਾ ਕਿ ਸੂਬਾ ਸਰਕਾਰ ਵੱਲੋਂ ਪੰਜਾਬ ਦੀ ਸ਼ਾਂਤੀ ਦੇ ਦੁਸ਼ਮਣਾਂ ਖਿਲਾਫ਼ ਸਖ਼ਤ ਕਾਰਵਾਈ ਕੀਤੀ ਜਾਵੇਗੀ।



## ਰੇਲਵੇ ਮੰਡੀ ਸਕੂਲ ਨੇ ਜਿੱਤੀ 12ਵੀਂ ਵਾਰ ਓਵਰ ਆਲ ਟਰਾਫੀ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**— ਭਾਰਤੀ ਰੈਡਕਰਾਸ ਸੁਸਾਇਟੀ ਦੀ ਪੰਜਾਬ ਰਾਜ ਸ਼ਾਖਾ ਵੱਲੋਂ ਸਟੇਟ ਲੈਵਲ ਜੂਨੀਅਰ ਰੇਡਕ੍ਰਾਸ ਟ੍ਰੇਨਿੰਗ ਕੈਂਪ ਹਿਮਾਚਲ ਪ੍ਰਦੇਸ਼ ਦੇ ਰਿਵਾਲਸਰ ਕਸਬੇ ਵਿਚ ਸਥਿਤ ਭਾਰਤ ਸਕਾਉਟਸ ਟ੍ਰੇਨਿੰਗ ਸੈਂਟਰ ਵਿਖੇ ਆਯੋਜਿਤ ਕੀਤਾ ਗਿਆ।ਇਸ ਕੈਂਪ ਵਿੱਚ ਪੰਜਾਬ ਭਰ ਦੇ ਵੱਖ ਵੱਖ ਜ਼ਿਲ੍ਹਿਆਂ ਤੋਂ ਵੱਖ ਵੱਖ ਸਕੂਲਾਂ ਦੀਆਂ ਟੀਮਾਂ ਨੇ ਭਾਗ ਲਿਆ। ਹੁਸ਼ਿਆਰਪੁਰ ਦੇ ਜ਼ਿਲ੍ਹਾ ਸਿੱਖਿਆ ਅਫ਼ਸਰ ਸੈਕੰਡਰੀ ਸਿੱਖਿਆ ਸ਼੍ਰੀਮਤੀ ਲਲਿਤਾ ਅਰੋੜਾ ਦੇ ਯੋਗ ਮਾਰਗਦਰਸ਼ਨ ਅਤੇ ਸਰਕਾਰੀ ਕੰਨਿਆ ਸੀਨੀਅਰ ਸੈਕੰਡਰੀ ਸਮਾਰਟ ਸਕੂਲ਼ ਰੇਲਵੇ ਮੰਡੀ ਦੇ ਪ੍ਰਿੰਸੀਪਲ ਰਾਜਨ ਅਰੋੜਾ ਦੀ ਅਗਵਾਈ ਵਿੱਚ ਸਕੂਲ ਦੇ 3 ਅਧਿਆਪਕਾਂ ਅਤੇ 18 ਵਿਦਿਆਰਥਣਾਂ ਨੇ ਇਸ ਸਟੇਟ ਲੈਵਲ ਕੈਂਪ ਵਿੱਚ ਭਾਗ ਲਿਆ ਅਤੇ ਵੱਖ ਵੱਖ ਮੁਕਾਬਲਿਆਂ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਕੇ 12ਵੀਂ ਵਾਰ ਇਹਨਾਂ ਮੁਕਬਲਿਆਂ ਦੀ ਓਵਰ ਆਲ ਟਰਾਫੀ ਜਿੱਤ ਕੇ ਰੇਲਵੇ ਮੰਡੀ ਸਕੂਲ਼ ਅਤੇ ਜ਼ਿਲ੍ਹਾ ਹੁਸ਼ਿਆਰਪੁਰ ਦਾ ਨਾਂਅ ਰੌਸ਼ਨ ਕੀਤਾ ਹੈ।ਇਸ ਕੈਂਪ ਵਿੱਚ ਵੱਖ ਵੱਖ ਮੁਕਾਬਲਿਆਂ ਦੇ ਨਤੀਜੇ ਹੇਠ ਲਿਖੇ ਅਨੁਸਾਰ ਰਹੇ।ਲੋਕ ਗੀਤ ਮੁਕਾਬਲਾ: 11ਵੀਂ ਦੀ ਦਲਜੀਤ ਕੌਰ ਨੇ ਆਪਣੇ ਸ਼ਾਨਦਾਰ ਅੰਦਾਜ਼ ਵਿੱਚ ਲੋਕ ਗੀਤ ਮਿਰਜ਼ਾ ਗਾ ਕੇ ਪੂਰੇ ਪੰਜਾਬ ਵਿਚੋਂ ਪਹਿਲਾ ਸਥਾਨ ਹਾਸਿਲ ਕੀਤਾ।ਗਰੁੱਪ ਸੌਂਗ ਮੁਕਾਬਲਾ: ਦਲਜੀਤ ਕੌਰ, ਕੰਗਨਾ, ਚਾਂਦਨੀ, ਆਂਚਲ, ਦਲਜੀਤ ਕੌਰ ਅਤੇ ਲਵਪ੍ਰੀਤ ਕੌਰ ਨੇ ਭਾਗ ਲਿਆ ਅਤੇ ਸਾਰੀਆਂ ਟੀਮਾਂ ਨੂੰ ਹਰਾ ਕੇ ਪਹਿਲਾ ਸਥਾਨ ਹਾਸਿਲ ਕੀਤਾ। ਪੋਸਟਰ ਮੇਕਿੰਗ ਮੁਕਾਬਲਾ: 11ਵੀਂ ਦੀ ਪ੍ਰਿੰਸਿਕਾ ਨੇ ਇਸ ਮੁਕਾਬਲੇ ਵਿਚ ਆਪਣੀ ਕਲਾ ਦਾ ਸ਼ਾਨਦਾਰ ਨਮੂਨਾ ਪੇਸ਼ ਕਰਕੇ ਨਸ਼ਿਆਂ ਦੀ ਬੁਰਾਈ ਦੇ ਵਿਰੁੱਧ ਪੋਸਟਰ ਬਣਾ ਕੇ ਪੂਰੇ ਪੰਜਾਬ ਵਿਚੋਂ ਪਹਿਲਾ ਸਥਾਨ ਹਾਸਿਲ ਕੀਤਾ। ਕੁਇਜ਼ ਮੁਕਾਬਲਾ: 12ਵੀਂ ਜਮਾਤ ਦੀ ਪਿੰਕੀ ਪਾਲ ਨੇ ਲਗਾਤਾਰ ਦੂਸਰੇ ਸਾਲ ਇਸ ਮੁਕਾਬਲੇ ਵਿੱਚ ਹਿੱਸਾ ਲੈਂਦਿਆਂ ਸਾਰੀਆਂ ਟੀਮਾਂ ਨੂੰ ਹਰਾ ਕੇ ਪਹਿਲਾ ਸਥਾਨ ਹਾਸਿਲ ਕੀਤਾ।ਫਸਟ ਏਡ ਡੈਮੋ ਮੁਕਾਬਲਾ: ਮੰਨਤ, ਸਿਮਰਨ, ਪਰਮਜੋਤ, ਇਸ਼ਵਿੰਦਰ ਅਤੇ ਜੇਨਿਆ ਦੀ ਫਸਟ ਏਡ ਟੀਮ ਨੇ ਭਾਗ ਲਿਆ ਅਤੇ ਪਹਿਲਾ ਸਥਾਨ ਹਾਸਿਲ ਕੀਤਾ। ਗਰੁੱਪ ਡਾਂਸ ਮੁਕਾਬਲਾ: ਗੀਤਾਂਜਲੀ, ਰਿਤਿਕਾ, ਸਾਰਾ, ਮੁਸਕਾਨ ਅਤੇ ਅੰਸ਼ਿਕਾ ਨੇ ਭਾਗ ਲਿਆ ਅਤੇ ਪੂਰੇ ਪੰਜਾਬ ਵਿਚੋਂ ਦੂਜਾ ਸਥਾਨ ਹਾਸਿਲ ਕੀਤਾ।ਕੈਂਪ ਦੇ ਸਮਾਪਨ ਸਮਾਰੋਹ ਵਿਚ ਪੰਜਾਬ ਰੈਡਕਰਾਸ ਦੇ ਸੀਨੀਅਰ ਫੀਲਡ ਅਫਸਰ ਅਮਰਜੀਤ ਸਿੰਘ ਜੀ ਨੇ ਜੇਤੂ ਵਿਦਿਆਰਥੀਆਂ ਨੂੰ ਟਰਾਫੀ ਦੇ ਕੇ ਸਨਮਾਨਿਤ ਕੀਤਾ। ਇਸ ਮੌਕੇ 'ਤੇ ਸ਼੍ਰੀਮਤੀ ਪੁਨੀਤ, ਸ਼੍ਰੀਮਤੀ ਰਵਿੰਦਰ ਕੌਰ, ਅਤੇ ਰੇਲਵੇ ਮੰਡੀ ਸਕੂਲ ਦਾ ਸਾਰਾ ਸਟਾਫ਼ ਅਤੇ ਵਿਦਿਆਰਥਣਾਂ ਹਾਜਰ ਸਨ।



## ਲੈਂਡ ਪੂਲਿੰਗ ਨੀਤੀ ਪੰਜਾਬ ਦੀ ਖੇਤੀਬਾੜੀ ਨੂੰ ਤਬਾਹ ਕਰ ਦੇਵੇਗੀ : ਵੜਿੰਗ

**ਚੰਡੀਗੜ੍ਹ (ਗੁਰਜੀਤ ਬਿੱਲਾ)**— ਪੰਜਾਬ ਕਾਂਗਰਸ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ ਨੇ ਆਮ ਆਦਮੀ ਪਾਰਟੀ ਸਰਕਾਰ ਦੀ 'ਲੈਂਡ ਪੂਲਿੰਗ' ਨੀਤੀ ਵਿਰੁੱਧ ਆਪਣੇ ਸਖ਼ਤ ਇਤਰਾਜ਼ ਦੁਹਰਾਉਂਦੇ ਹੋਏ ਚੇਤਾਵਨੀ ਦਿੱਤੀ ਹੈ ਕਿ ਇਹ ਪੰਜਾਬ ਦੀ ਖੇਤੀਬਾੜੀ ਅਰਥਵਿਵਸਥਾ ਨੂੰ ਤਬਾਹ ਕਰ ਦੇਵੇਗੀ। ਪ੍ਰਦੇਸ਼ ਕਾਂਗਰਸ ਪ੍ਰਧਾਨ ਨੇ ਪਾਰਟੀ ਆਗੂਆਂ ਨੂੰ ਕਾਂਗਰਸ ਵਿੱਚ ਦੁਬਾਰਾ ਸ਼ਾਮਲ ਕਰਨ ਦਾ ਵੀ ਜ਼ੋਰਦਾਰ ਸਮਰਥਨ ਕੀਤਾ ਅਤੇ ਕਿਹਾ ਕਿ ਇਸ ਮੁੱਦੇ 'ਤੇ ਕੋਈ ਮਤਭੇਦ ਨਹੀਂ ਹਨ ਅਤੇ ਸਾਰਿਆਂ ਦਾ ਪਾਰਟੀ ਵਿੱਚ ਸਵਾਗਤ ਹੈ। ਇੱਥੇ ਪ੍ਰਦੇਸ਼ ਕਾਂਗਰਸ ਮੁੱਖ ਦਫ਼ਤਰ ਵਿਖੇ 'ਹਲਕਾ ਕੋਆਰਡੀਨੇਟਰਾਂ' ਦੀ ਮੀਟਿੰਗ ਨੂੰ ਸੰਬੋਧਨ ਕਰਨ ਤੋਂ ਬਾਅਦ, ਪੱਤਰਕਾਰਾਂ ਨਾਲ ਇੱਕ ਗੈਰ-ਰਸਮੀ ਗੱਲਬਾਤ ਵਿੱਚ ਵੜਿੰਗ ਨੇ ਕਿਹਾ ਕਿ 'ਲੈਂਡ ਪੂਲਿੰਗ' ਨੀਤੀ ਸਿਰਫ ਪੈਸਾ ਇਕੱਠਾ ਕਰਨ ਦੇ ਉਦੇਸ਼ ਨਾਲ ਤਿਆਰ ਕੀਤੀ ਗਈ ਹੈ।ਉਨ੍ਹਾਂ ਕਿਹਾ ਕਿ 24,000 ਏਕੜ ਖੇਤੀਬਾੜੀ ਜ਼ਮੀਨ ਅਕੁਆਇਰ ਕਰਨ ਨਾਲ ਸੂਬੇ ਦੀ ਖੇਤੀਬਾੜੀ ਆਰਥਿਕਤਾ ਹਿੱਲ ਜਾਵੇਗੀ ਅਤੇ ਇਹ ਅੰਤ ਵਿੱਚ ਸਮਾਜ ਦੇ ਹਰ ਵਰਗ ਨੂੰ ਪ੍ਰਭਾਵਿਤ ਕਰੇਗਾ। ਉਨ੍ਹਾਂ ਨੇ ਜ਼ੋਰ ਦਿੰਦਿਆਂ ਕਿਹਾ ਕਿ ਪੰਜਾਬ ਦੀ ਸਮੁੱਚੀ ਆਰਥਿਕਤਾ, ਵਪਾਰ ਅਤੇ ਉਦਯੋਗ ਖੇਤੀਬਾੜੀ 'ਤੇ ਨਿਰਭਰ ਕਰਦਾ ਹੈ, ਜੋ ਆਰਥਿਕਤਾ ਨੂੰ ਚਲਦਿਆਂ ਰੱਖਦੀ ਹੈ। ਇਸ ਲੜੀ ਹੇਠ, ਜਦੋਂ ਤੁਸੀਂ ਆਧਾਰ ਨੂੰ ਕਮਜ਼ੋਰ ਕਰਦੇ ਹੋ, ਤਾਂ ਪੂਰੀ ਆਰਥਿਕ ਇਮਾਰਤ ਢਹਿ ਜਾਵੇਗੀ। ਦੂਜੀਆਂ ਪਾਰਟੀਆਂ ਦੇ ਲੋਕਾਂ ਨੂੰ ਕਾਂਗਰਸ ਵਿੱਚ ਸ਼ਾਮਲ ਕਰਨ ਨੂੰ ਲੈ ਕੇ ਪਾਰਟੀ ਅੰਦਰ ਦਰਸਾਏ ਜਾ ਰਹੇ ਮਤਭੇਦਾਂ ਬਾਰੇ ਇੱਕ ਹੋਰ ਸਵਾਲ ਦਾ ਜਵਾਬ ਦਿੰਦੇ ਹੋਏ, ਵੜਿੰਗ ਨੇ ਸਪੱਸ਼ਟ ਤੌਰ 'ਤੇ ਕਿਹਾ ਕਿ ਕਿਤੇ ਵੀ ਕੋਈ ਫ਼ਰਕ ਨਹੀਂ ਹੈ।।ਇਸੇ ਤਰ੍ਹਾਂ, ਲੁਧਿਆਣਾ ਪੱਛਮੀ ਜ਼ਿਮਨੀ ਚੋਣ ਬਾਰੇ ਪ੍ਰਦੇਸ਼ ਕਾਂਗਰਸ ਪ੍ਰਧਾਨ ਨੇ ਦਾਅਵਾ ਕੀਤਾ ਕਿ ਕਾਂਗਰਸ ਦੂਜਿਆਂ ਤੋਂ ਬਹੁਤ ਅੱਗੇ ਹੈ।



## ਹਰ ਨਾਗਰਿਕ ਆਭਾ ਆਈ ਡੀ ਜ਼ਰੂਰ ਬਣਵਾਏ : ਸਿਵਲ ਸਰਜਨ

**ਸਾਹਿਬਜ਼ਾਦਾ ਅਜੀਤ ਸਿੰਘ ਨਗਰ (ਗੁਰਜੀਤ ਬਿੱਲਾ)**- ਸਿਵਲ ਸਰਜਨ ਡਾ. ਸੰਗੀਤਾ ਜੈਨ ਨੇ ਜ਼ਿਲ੍ਹਾ ਵਾਸੀਆਂ ਨੂੰ ਆਪਣੀ ਆਭਾ ਆਈ.ਡੀ. ਬਣਵਾਉਣ ਦੀ ਅਪੀਲ ਕੀਤੀ ਹੈ। ਉਨ੍ਹਾਂ ਕਿਹਾ ਕਿ ਭਾਰਤ ਸਰਕਾਰ ਵੱਲੋਂ ਆਯੁਸ਼ਮਾਨ ਭਾਰਤ ਡਿਜੀਟਲ ਮਿਸ਼ਨ ਤਹਿਤ ਹਰ ਨਾਗਰਿਕ ਦਾ ਆਯੂਸ਼ਮਾਨ ਭਾਰਤ ਹੈਲਥ ਅਕਾਊਂਟ (ਆਭਾ ਆਈ.ਡੀ.) ਖੋਲ੍ਹਿਆ ਜਾ ਰਿਹਾ ਹੈ, ਜੋ ਹਰ ਨਾਗਰਿਕ ਲਈ ਡਿਜੀਟਲ ਸਿਹਤ ਪਛਾਣ ਹੈ। ਉਨ੍ਹਾਂ ਕਿਹਾ ਕਿ ਆਭਾ ਆਈ.ਡੀ. ਕਾਰਡ ਬਣਵਾਉਣ ਦੇ ਕਈ ਫ਼ਾਇਦੇ ਹਨ। ਹਰ ਨਾਗਰਿਕ ਆਪਣੇ ਮੈਡੀਕਲ ਰੀਕਾਰਡ ਨੂੰ ਡਿਜੀਟਲ ਰੂਪ ਵਿਚ ਸੁਰੱਖਿਅਤ ਰੱਖ ਸਕਦਾ ਹੈ, ਜੋ ਲੋੜ ਪੈਣ 'ਤੇ ਕਦੇ ਵੀ ਤੇ ਕਿਤੇ ਵੀ ਵਰਤਿਆ ਜਾ ਸਕਦਾ ਹੈ। ਜਦੋਂ ਮਰੀਜ਼ ਡਾਕਟਰ ਕੋਲ ਜਾਵੇਗਾ ਤਾਂ ਉਸ ਨੂੰ ਅਪਣੀਆਂ ਰਿਪੋਰਟਾਂ ਨਾਲ ਲੈ ਕੇ ਜਾਣ ਦੀ ਲੋੜ ਨਹੀਂ ਪਵੇਗੀ। ਇਸ ਕਾਰਡ ਜ਼ਰੀਏ ਮਰੀਜ਼ ਨੂੰ ਓ.ਪੀ.ਡੀ. ਪਰਚੀ ਬਣਵਾਉਣ ਲਈ ਕਤਾਰ ਵਿਚ ਲੱਗਣ ਦੀ ਲੋੜ ਵੀ ਨਹੀਂ ਪਵੇਗੀ। ਆਭਾ ਖਾਤਾ ਧਾਰਕ ਵਾਸਤੇ ਫ਼ਿਲਹਾਲ ਚੋਣਵੇਂ ਹਸਪਤਾਲਾਂ ਵਿਚ ਵੱਖਰਾ ਕਾਊਂਟਰ ਲਗਾਇਆ ਗਿਆ ਹੈ। ਡਾ. ਜੈਨ ਨੇ ਆਖਿਆ ਕਿ ਜਿਵੇਂ ਹਰ ਵਿਅਕਤੀ ਦਾ ਆਧਾਰ ਕਾਰਡ ਹੋਣਾ ਲਾਜ਼ਮੀ ਬਣ ਗਿਆ ਹੈ, ਉਸੇ ਤਰ੍ਹਾਂ ਆਭਾ ਆਈ.ਡੀ. ਵੀ ਹਰ ਵਿਅਕਤੀ ਲਈ ਬਹੁਤ ਜ਼ਰੂਰੀ ਹੈ। ਇਹ ਆਈ.ਡੀ. ਸਿਰਫ਼ ਮੈਡੀਕਲ ਰਿਕਾਰਡ ਨੂੰ ਹੀ ਡਿਜੀਟਲ ਰੂਪ ਵਿੱਚ ਸੰਭਾਲ ਕੇ ਨਹੀਂ ਰੱਖਦੀ ਸਗੋਂ ਇਲਾਜ ਨੂੰ ਤੇਜ਼, ਸੁਚੱਜਾ ਅਤੇ ਪ੍ਰਭਾਵਸ਼ਾਲੀ ਵੀ ਬਣਾਉਂਦੀ ਹੈ। ਉਨ੍ਹਾਂ ਦੱਸਿਆ ਕਿ ਜ਼ਿਲ੍ਹਾ ਸਿਹਤ ਵਿਭਾਗ ਵਲੋਂ ਆਮ ਨਾਗਰਿਕਾਂ ਨੂੰ ਆਯੂਸ਼ਮਾਨ ਭਾਰਤ ਹੈਲਥ ਅਕਾਊਂਟ ਤਹਿਤ ਰਜਿਸਟਰ ਕੀਤਾ ਜਾ ਰਿਹਾ ਹੈ। ਜ਼ਿਕਰਯੋਗ ਹੈ ਕਿ ਆਭਾ ਹੈਲਥ ਆਈਡੀ ਕਾਰਡ 14 ਅੰਕਾਂ ਦਾ ਵਿਲੱਖਣ ਨੰਬਰ ਹੈ। ਇਹ ਕਾਰਡ ਬਣਵਾਉਣ ਲਈ ਕਿਸੇ ਵੀ ਨੇੜਲੇ ਸਿਹਤ ਕੇਂਦਰ ਵਿਚ ਫੇਰੀ ਪਾਈ ਜਾ ਸਕਦੀ ਹੈ ਜਾਂ ਅਪਣੇ ਖੇਤਰ ਜਾਂ ਪਿੰਡ ਦੀ ਆਸ਼ਾ ਵਰਕਰ ਜਾਂ ਸਿਹਤ ਕਾਮੇ ਨਾਲ ਸੰਪਰਕ ਕੀਤਾ ਜਾ ਸਕਦਾ ਹੈ। ਕੋਈ ਵੀ ਨਾਗਰਿਕ ਅਧਿਕਾਰਤ ਵੈੱਬਸਾਈਟ https://abha.abdm.gov.in /abha/vC/ 'ਤੇ ਘਰ ਬੈਠੇ ਖ਼ੁਦ ਵੀ ਇਹ ਕਾਰਡ ਬਣਾ ਸਕਦਾ ਹੈ। ਆਭਾ ਆਈ.ਡੀ. ਬਣਾਉਣਾ ਬਿਲਕੁਲ ਮੁਫ਼ਤ ਹੈ ਅਤੇ ਇਸ ਲਈ ਸਿਰਫ਼ ਆਧਾਰ ਕਾਰਡ ਜਾਂ ਡਰਾਈਵਿੰਗ ਲਾਇਸੈਂਸ ਅਤੇ ਮੋਬਾਇਲ ਨੰਬਰ ਦੀ ਲੋੜ ਪੈਂਦੀ ਹੈ।ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਵਧ-ਚੜ੍ਹ ਕੇ ਆਪਣੀ ਆਭਾ ਆਈ.ਡੀ ਬਣਾਉਣ ਅਤੇ ਹੋਰਾਂ ਨੂੰ ਵੀ ਇਸ ਬਾਰੇ ਜਾਣੂ ਕਰਵਾਉਣ।

## ਸਰਕਾਰੀ ਸਕੂਲ ਰਾਜਪੁਰ ਗਹੋਤ ਵਿਖੇ ਲਗਾਇਆ ਗਿਆ 7 ਦਿਨਾ ਸਮਰ ਕੈਂਪ ਸੰਪੰਨ



**ਟਾਂਡਾ ਉੜਮੁੜ (ਜਸਵਿੰਦਰ ਸੰਧੂ ਓਂਕਾਰ ਸਿੰਘ)**- ਸਰਕਾਰੀ ਹਾਈ ਸਕੂਲ ਰਾਜਪੁਰ ਗਹੋਤ ਵਿਖੇ ਲਗਾਇਆ ਗਿਆ 7 ਦਿਨਾ ਸਮਰ ਕੈਂਪ ਸਮਾਪਤ ਹੋ ਗਿਆ। ਸਿੱਖਿਆ ਵਿਭਾਗ ਪੰਜਾਬ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਮੁੱਖ ਅਧਿਆਪਕ ਹਰਪ੍ਰੀਤ ਸਿੰਘ ਦੀ ਅਗਵਾਈ ਵਿੱਚ ਲਗਾਏ ਗਏ ਇਸ ਸਮਰ ਕੈਂਪ ਦੌਰਾਨ ਵਿਦਿਆਰਥੀਆਂ ਨੇ ਤੇਲਗੂ ਭਾਸ਼ਾ ਨੂੰ ਬੋਲਣ, ਸਮਝਣ ,ਤੇਲੰਗਾਨਾ ਦਾ ਕਲਚਰ, ਖਾਨ- ਪਾਨ, ਨਾਚ ਸੰਗੀਤ ਆਦਿ ਬਾਰੇ ਜਾਣਕਾਰੀ ਹਾਸਿਲ ਕੀਤੀ । ਸਮਰ ਕੈਂਪ ਦੇ ਆਖਰੀ ਦਿਨ ਵਿਦਿਆਰਥੀਆਂ ਦੁਆਰਾ ਪੂਰੇ 7 ਦਿਨਾਂ ਵਿੱਚ ਕੀਤੀਆਂ ਗਈਆਂ ਗਤੀਵਿਧੀਆਂ ਦੀ ਪ੍ਰਦਰਸ਼ਨੀ ਲਗਾਈ ਗਈ ਅਤੇ ਤੇਲੰਗਾਨਾ ਦੇ ਲੋਕ-ਨਾਚ ਪੇਸ਼ ਕੀਤੇ ਗਏ। ਇਸ ਸਮਰ ਕੈਂਪ ਤੇ ਸਮਾਪਨ ਸਮਾਰੋਹ ਵਿੱਚ ਭਾਗ ਲੈਣ ਵਾਲੇ ਵਿਦਿਆਰਥੀਆਂ ਨੂੰ ਐਪਰੀਸੀਏਸ਼ਨ ਸਰਟੀਫਿਕੇਟ ਦਿੱਤੇ ਗਏ। ਮੁੱਖ ਅਧਿਆਪਕ ਹਰਪ੍ਰੀਤ ਸਿੰਘ ਨੇ ਦੱਸਿਆ ਕਿ ਇਸ ਸਮਰ ਕੈਂਪ ਦੌਰਾਨ ਵਿਦਿਆਰਥੀਆਂ ਅਤੇ ਅਧਿਆਪਕਾਂ ਨੇ ਬਹੁਤ ਉਤਸ਼ਾਹ ਦਿਖਾਇਆ ਅਤੇ ਵੱਧ ਚੜ੍ਹ ਕੇ ਸਭ ਨੇ ਇਸ ਵਿੱਚ ਹਿੱਸਾ ਲਿਆ।ਇਸ ਮੌਕੇ ਮੁੱਖ ਅਧਿਆਪਕ ਹਰਪ੍ਰੀਤ ਸਿੰਘ, ਨੀਲਮ ਕੁਮਾਰੀ, ਗੁਰਿੰਦਰ ਕੌਰ, ਵਰਿੰਦਰਾ ਨਰਿੰਦਰ, ਪਿੰਕੀ ਰਾਣੀ, ਗੁਰਵੀਰ ਕੌਰ, ਰਾਜਦੀਪ ਕੌਰ, ਤਰਨਜੀਤ ਕੌਰ, ਗੁਰਪ੍ਰੀਤ ਕੌਰ, ਮਨਦੀਪ ਕੌਰ, ਮਨਿੰਦਰ ਕੌਰ, ਸੁਖਬੀਰ ਸਿੰਘ ਤੇ ਅਵਤਾਰ ਸਿੰਘ ਵੀ ਹਾਜਰ ਸਨ।

## ਪਹਿਲ ਦੇ ਆਧਾਰ 'ਤੇ ਯੋਗਤਾ ਪ੍ਰਮਾਣ ਪੱਤਰ ਮਿਲੇ : ਸੈਣੀ

**ਚੰਡੀਗੜ੍ਹ, (ਕ੍ਰਿਸ਼ਨ ਗਰਗ)**- ਹਰਿਆਣਾ ਦੇ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਨੇ ਸਪੱਸ਼ਟ ਕੀਤਾ ਹੈ ਕਿ ਸੂਬਾ ਸਰਕਾਰ ਦਾ ਉਦੇਸ਼ ਹੈ ਕਿ ਸਾਰੇ ਯੋਗ ਲਾਭਕਾਰਾਂ ਨੂੰ ਸਮੇਂਬੱਧ ਅਤੇ ਪ੍ਰਾਥਮਿਕਤਾ ਆਧਾਰ 'ਤੇ ਯੋਗਤਾ ਪ੍ਰਮਾਣ ਪੱਤਰ ਮਿਲੇ। ਉਨ੍ਹਾਂ ਨੇ ਕਿਹਾ ਕਿ ਡੀ ਐਸ ਸੀ, ਓ ਐਸ ਸੀ, ਬੀ ਸੀ ਅਤੇ ਈ ਡਬਲਿਯੂ ਐਸ ਵਰਗੇ ਪ੍ਰਮਾਣ ਪੱਤਰ ਸਮੇਂ 'ਤੇ ਪ੍ਰਾਪਤ ਹੋਣ ਇਸ ਦੇ ਲਈ ਨਿਰਦੇਸ਼ ਪਹਿਲਾਂ ਤੋਂ ਦੇ ਰੱਖੇ ਹਨ।ਉਨ੍ਹਾਂ ਨੇ ਸਬੰਧਿਤ ਵਿਭਾਗ ਦੇ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਹਨ ਕਿ ਕਿਸੇ ਵੀ ਯੋਗ ਵਿਅਕਤੀ ਨੂੰ ਪ੍ਰਮਾਣ ਪੱਤਰ ਪ੍ਰਾਪਤ ਕਰਨ ਵਿੱਚ ਕੋਈ ਪਰੇਸ਼ਾਨੀ ਨਹੀਂ ਹੋਣੀ ਚਾਹੀਦੀ ਹੈ।ਮੁੱਖ ਮੰਤਰੀ ਨੇ ਸਾਰੇ ਜਿਲ੍ਹਾ ਸੂਚਨਾ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਹਨ ਕਿ ਜਿਲ੍ਹਾ ਪੱਧਰ 'ਤੇ ਇੰਫ੍ਰਾਸਟਕਚਰ ਨੂੰ ਹੋਰ ਮਜਬੂਤ ਕੀਤਾ ਜਾਵੇ ਤਾਂ ਜੋ ਪ੍ਰਮਾਣ ਪੱਤਰ ਜਾਰੀ ਕਰਨ ਦੀ ਪ੍ਰਕ੍ਰਿਆ ਨੂੰ ਹੋਰ ਵੱਧ ਤੇਜ, ਪਾਰਦਰਸ਼ੀ ਅਤੇ ਪ੍ਰਭਾਵੀ ਬਣਾਇਆ ਜਾ ਸਕੇ।ਉਨ੍ਹਾਂ ਨੇ ਇਹ ਵੀ ਯਕੀਨੀ ਕਰਨ ਦੇ ਆਦੇਸ਼ ਦਿੱਤੇ ਕਿ ਬਿਨੈਕਾਰਾਂ ਨੂੰ ਉਨ੍ਹਾਂ ਦੇ ਬਿਨੈ ਦੀ ਸਥਿਤੀ ਅਤੇ ਪ੍ਰਮਾਣ ਪੱਤਰ ਨਾਲ ਜੁੜੀ ਸਾਰੇ ਜਾਣਕਾਰੀ ਸਮੇਂ-ਸਮੇਂ 'ਤੇ ਸੀ ਐਸ ਸੀ ਰਾਹੀਂ ਮਿਲਦੀ ਰਹੇ, ਜਿਸ ਨਾਲ ਪਾਰਦਰਸ਼ਿਤਾ ਬਣੀ ਰਹੇ ਅਤੇ ਕਿਸੇ ਨੂੰ ਅਸੁਹੂਲਤ ਦਾ ਸਾਹਮਣਾ ਨਾ ਕਰਨਾ ਪਵੇ। ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਨੇ ਅਧਿਕਾਰੀਆਂ ਨੂੰ ਚੇਤਾਵਨੀ ਦਿੱਤੀ ਕਿ ਕਿਸੇ ਵੀ ਯੋਗ ਲਾਭਕਾਰ ਦਾ ਸਰਟੀਫਿਕੇਟ ਪੈਂਡਿੰਗ ਨਾ ਰਹੇ ਅਤੇ ਇਸ ਦਿਸ਼ਾ ਵਿੱਚ ਪ੍ਰਸ਼ਾਸ਼ਨਿਕ ਕਾਰਵਾਈ ਵਿੱਚ ਕੋਈ ਲਾਪ੍ਰਵਾਹੀ ਬਰਦਾਸ਼ਤ ਨਹੀਂ ਕੀਤੀ ਜਾਵੇਗੀ।

## ਸ਼ਰਧਾ ਤੇ ਸਤਿਕਾਰ ਨਾਲ ਮਨਾਇਆ ਜਾਵੇਗਾ ਪੂਰਨਮਾਸ਼ੀ ਦਾ ਪਵਿੱਤਰ ਦਿਹਾੜਾ : ਬਾਬਾ ਬੇਦੀ

**ਟਾਂਡਾ ਉੜਮੁੜ (ਜਸਵਿੰਦਰ ਸੰਧੂ ਓਂਕਾਰ ਸਿੰਘ)**- ਗੁਰਦੁਆਰਾ ਗੁਰੂ ਨਾਨਕ ਦਰਬਾਰ ਅਸਥਾਨ ਬਾਬਾ ਸ੍ਰੀ ਚੰਦ ਜੀ ਟਾਂਡਾ ਸ੍ਰੀ ਹਰਗੋਬਿੰਦਪੁਰ ਰੋਡ ਵਿਖੇ ਪੂਰਨਮਾਸ਼ੀ ਦਾ ਪਵਿੱਤਰ ਦਿਹਾੜਾ 11 ਜੂਨ ਨੂੰ ਸ਼ਰਧਾ ਤੇ ਸਤਿਕਾਰ ਨਾਲ ਮਨਾਇਆ ਜਾਵੇਗਾ। ਅਸਥਾਨ ਦੇ ਮੁੱਖ ਸੇਵਾਦਾਰ ਸੰਤ ਬਾਬਾ ਸੁਖਦੇਵ ਸਿੰਘ ਬੇਦੀ ਦੀ ਅਗਵਾਈ ਵਿੱਚ ਹੋਣ ਵਾਲੇ ਸਮਾਗਮ ਸਬੰਧੀ ਜਾਣਕਾਰੀ ਦਿੰਦੇ ਹੋਏ ਪ੍ਰਬੰਧਕ ਸੇਵਾਦਾਰ ਡਾ. ਸੁਖਵਿੰਦਰ ਸਿੰਘ ਬੇਦੀ, ਕਮੇਟੀ ਪ੍ਰਧਾਨ ਨਾਜਰ ਸਿੰਘ ਸਹਿਬਾਜ਼ਪੁਰ ਹੈਡ ਗ੍ਰੰਥੀ ਗਿਆਨੀ ਵੀਰ ਸਿੰਘ, ਲਖਵੀਰ ਸਿੰਘ ਗਿੱਲਾਂ ਤੇ ਹੋਰਨਾਂ ਸੇਵਾਦਾਰਾਂ ਨੇ ਦੱਸਿਆ ਕਿ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਛਤਰ ਛਾਇਆ ਹੇਠ ਹੋਣ ਵਾਲੇ ਸਮਾਗਮ ਨੂੰ ਮੁੱਖ ਰੱਖਦੇ ਹੋਏ 5 ਜੂਨ ਤੋਂ ਗੁਰਦੁਆਰਾ ਸਾਹਿਬ ਵਿਖੇ ਸ੍ਰੀ ਸਹਿਜ ਪਾਠ ਜੀ ਦੀ ਲੜੀ ਆਰੰਭ ਕੀਤੀ ਜਾਵੇਗੀ।ਆਰੰਭ ਕੀਤੇ ਗਏ ਸ੍ਰੀ ਸਹਿਜ ਪਾਠ ਸ੍ਰੀ ਅਖੰਡ ਪਾਠ ਸਾਹਿਬ ਜੀ ਦੇ ਭੋਗ 11 ਜੂਨ ਨੂੰ ਸਵੇਰੇ 10 ਵਜੇ ਪਾਉਣ ਉਪਰੰਤ ਧਾਰਮਿਕ ਦੀਵਾਨ ਸਜਾਏ ਜਾਣਗੇ, ਜਿਸ ਵਿੱਚ ਗਿਆਨੀ ਤਰਸੇਮ ਸਿੰਘ ਖਾਲਸਾ ਅੰਮ੍ਰਿਤਸਰ ਵਾਲੇ, ਕਥਾਵਾਚਕ ਗਿਆਨੀ ਵੀਰ ਸਿੰਘ ਅਤੇ ਹੋਰ ਰਾਗੀ+ਢਾਡੀ ਪਹੁੰਚ ਕਰਕੇ ਸਮੂਹ ਸੰਗਤਾਂ ਨੂੰ ਗੁਰਬਾਣੀ ਕੀਰਤਨ ਅਤੇ ਗੁਰਮਤ ਵੀਚਾਰਾਂ ਦੁਆਰਾ ਨਿਹਾਲ ਕਰਨਗੇ।ਸ਼ਹੀਦਾਂ ਦੇ ਸਰਤਾਜ ਸ੍ਰੀ ਗੁਰੂ ਅਰਜਨ ਦੇਵ ਜੀ ਦੇ ਮਹਾਨ ਸ਼ਹੀਦੀ ਪੁਰਬ ਨੂੰ ਸਮਰਪਿਤ ਠੰਡੇ ਮਿੱਠੇ ਜਲਦੀ ਛਬੀਲ ਵੀ ਲਗਾਈ ਜਾਵੇਗੀ। ਲੰਗਰ ਅਤੁੱਟ ਵਰਤਾਏ ਜਾਣਗੇ।



## ਤਨਖਾਹ ਨਾ ਮਿਲਣ 'ਤੇ ਫਰਦ ਕੇਂਦਰ ਮੁਲਾਜ਼ਮਾਂ ਨੇ ਕੀਤੀ ਅਣਮਿੱਥੇ ਸਮੇਂ ਦੀ ਹੜਤਾਲ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ, ਓਮ ਪ੍ਰਕਾਸ਼ ਰਾਣਾ)**—ਦੋ ਮਹੀਨਿਆਂ ਤੋਂ ਤਨਖਾਹ ਨਾ ਮਿਲਣ ਤੇ ਫਰਦ ਕੇਂਦਰ ਤਹਿਸੀਲ ਹੁਸ਼ਿਆਰਪੁਰ ਦੇ ਮੁਲਾਜ਼ਮ ਫਾਕਾ ਕੱਟਣ ਲਈ ਮਜਬੂਰ ਹਨ, ਜਿਸਦੇ ਰੋਸ ਵਜੋਂ ਫਰਦ ਕੇਂਦਰ ਦੇ ਮੁਲਾਜਮਾਂ ਨੇ ਅਣਮਿੱਥੇ ਸਮੇਂ ਦੀ ਹੜਤਾਲ ਸ਼ੁਰੂ ਕਰ ਦਿੱਤੀ ਹੈ । ਆਗੂਆਂ ਨੇ ਦੱਸਿਆ ਕਿ ਪਿਛਲੇ 18 ਸਾਲ ਤੋਂ ਉਹ ਫਰਦ ਕੇਂਦਰ ਹੁਸ਼ਿਆਰਪੁਰ ਵਿਚ ਡਿਊਟੀ ਨਿਭਾਅ ਰਹੇ ਹਨ। ਫਰਦ ਕੇਂਦਰ ਦਾ ਠੇਕਾ ਪ੍ਰਾਈਵੇਟ ਕੰਪਨੀ ਕੋਲ ਸੀ ਜੋ ਕਿ ਅਕਤੂਬਰ 2024 ਨੂੰ ਖਤਮ ਹੋ ਚੁੱਕਾ ਹੈ। ਇਸ ਦੌਰਾਨ ਵੀ ਫਰਦ ਕੇਂਦਰ ਮੁਲਾਜ਼ਮ ਆਪਣੀ ਡਿਊਟੀ ਕਰਦੇ ਆ ਰਹੇ।ਉਨ੍ਹਾਂ ਦੱਸਿਆ ਕਿ ਪਿਛਲੇ ਦੋ ਮਹੀਨੇ ਤੋਂ ਤਨਖਾਹ ਨਾ ਮਿਲਣ ਕਰਕੇ ਫਰਦ ਕੇਂਦਰ ਮੁਲਾਜ਼ਮ ਭਾਰੀ ਮੁਸ਼ਕਲਾਂ ਦਾ ਸਾਹਮਣਾ ਕਰ ਰਹੇ ਹਨ ਅਤੇ ਆਰਥਿਕ ਤੰਗੀ ਦਾ ਸ਼ਿਕਾਰ ਹਨ।ਆਗੂਆਂ ਨੇ ਦੱਸਿਆ ਕਿ ਕੰਪਨੀ ਦੇ ਦਬਾਅ ਹੇਠ ਅਫਸਰਾਂ ਵਲੋਂ ਹੜਤਾਲ ਖਤਮ ਕਰਨ ਲਈ ਧਮਕੀਆਂ ਦਿੱਤੀਆਂ ਜਾ ਰਹੀਆਂ ਹਨ। ਉਨ੍ਹਾਂ ਕਿਹਾ ਕਿ ਜੇਕਰ ਸਰਕਾਰ ਨੇ ਸਾਡੀਆਂ ਮੁਸ਼ਕਲਾਂ ਦਾ ਹੱਲ ਨਾ ਕੀਤਾ ਅਤੇ ਪਿਛਲੇ ਮਹੀਨਿਆਂ ਦੀ ਤਨਖਾਹ ਤੁਰੰਤ ਜਾਰੀ ਨਾ ਕੀਤੀ ਤਾਂ ਸੰਘਰਸ਼ ਨੂੰ ਹੋਰ ਤੇਜ਼ ਕੀਤਾ ਜਾਵੇਗਾ। ਇਸ ਮੌਕੇ ਹਰਪ੍ਰੀਤ ਸਿੰਘ, ਜ਼ੋਰਾਵਰ ਸਿੰਘ, ਜੀਵਨ ਕੁਮਾਰ, ਬੰਦਨਾ, ਸਾਹਿਲ ਮਹਿਤਾ, ਪੁਨੀਤ ਕੁਮਾਰ, ਮੋਨਿਕਾ, ਧਰਮਿੰਦਰ, ਦੀਪਕ ਆਦਿ ਹਾਜ਼ਰ ਸਨ।



## ਨਡਾਲਾ ਚੌਕ 'ਚੋਂ ਆਟੋ ਰਿਕਸ਼ਾ ਦੀ ਬੈਟਰੀ ਚੋਰੀ



**ਕਪੂਰਥਲਾ (ਮਨਜੀਤ ਮਾਨ)**-ਢਿਲਵਾਂ ਵਿਖੇ ਬੀਤੀ ਰਾਤ ਨਡਾਲਾ ਚੌਂਕ 'ਚ ਬਾਹਰ ਖੜ੍ਹੇ ਆਟੋ ਵਿੱਚੋਂ ਚੋਰ ਬੈਟਰੀ ਚੋਰੀ ਕਰਕੇ ਫਰਾਰ ਹੋ ਗਿਆ। ਇਹ ਸਾਰੀ ਘਟਨਾ ਘਰ ਦੇ ਬਾਹਰ ਲੱਗੇ ਸੀ ਸੀ ਟੀ ਵੀ ਕੈਮਰੇ ਵਿੱਚ ਕੈਦ ਹੋ ਗਈ। ਪੀੜਿਤ ਆਟੋ ਚਾਲਕ ਦੀਪਕ ਕੁਮਾਰ ਪੁੱਤਰ ਪਰਵੀਨ ਕੁਮਾਰ ਵਾਸੀ ਢਿਲਵਾਂ ਨੇ ਦੱਸਿਆ ਕਿ ਉਸ ਨੇ ਆਪਣਾ ਆਟੋ ਚੌਂਕ ਵਿਚ ਖੜ੍ਹਾ ਕੀਤਾ ਹੋਇਆ ਸੀ ਤਾਂ ਬੀਤੀ ਰਾਤ ਇੱਕ ਵਿਅਕਤੀ ਉਸ ਦੇ ਆਟੋ ਰਿਕਸ਼ਾ ਦੀ ਬੈਟਰੀ ਚੋਰੀ ਕਰਕੇ ਫਰਾਰ ਹੋ ਗਿਆ। ਉਸ ਨੇ ਦੱਸਿਆ ਕਿ ਇਹ ਸਾਰੀ ਘਟਨਾ ਘਰ ਦੇ ਬਾਹਰ ਲੱਗੇ ਸੀ ਸੀ ਟੀ ਵੀ ਕੈਮਰੇ ਵਿੱਚ ਕੈਦ ਹੋ ਗਈਆਂ ਹਨ। ਉਹਨਾਂ ਦੱਸਿਆ ਕਿ ਇਸ ਸਬੰਧੀ ਥਾਣਾ ਢਿਲਵਾਂ ਪੁਲਸ ਨੂੰ ਸ਼ਿਕਾਇਤ ਦੇ ਦਿੱਤੀ ਗਈ ਹੈ ।

## ਬਰਸਟ ਨੇ ਟੀ-20 ਕ੍ਰਿਕਟ ਟੂਰਨਾਮੈਂਟ 'ਚ ਖਿਡਾਰੀਆਂ ਦਾ ਵਧਾਇਆ ਹੌਸਲਾ

**ਐਸ.ਏ.ਐਸ. ਨਗਰ (ਮੋਹਾਲੀ) (ਗੁਰਜੀਤ ਬਿੱਲਾ)**- ਖੇਡਾਂ ਸਾਡੇ ਸਰੀਰਕ ਅਤੇ ਮਾਨਸਿਕ ਵਿਕਾਸ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਉਂਦੀਆਂ ਹਨ ਅਤੇ ਸਰੀਰ ਨੂੰ ਤੰਦਰੁਸਤ ਤੇ ਮਜ਼ਬੂਤ ??ਬਣਾਉਂਦੀਆਂ ਹਨ। ਖੇਡਾਂ ਵਿਅਕਤੀ ਨੂੰ ਫਿਟ ਅਤੇ ਐਕਟਿਵ ਰੱਖਦੀਆਂ ਹਨ, ਜਿਸ ਨਾਲ ਬੀਮਾਰੀਆਂ ਤੋਂ ਬਚਾਅ ਹੁੰਦਾ ਹੈ। ਇਨ੍ਹਾਂ ਵਿਚਾਰਾ ਦਾ ਪ੍ਰਗਟਾਵਾ ਹਰਚੰਦ ਸਿੰਘ ਬਰਸਟ, ਚੇਅਰਮੈਨ ਪੰਜਾਬ ਮੰਡੀ ਬੋਰਡ ਵੱਲੋਂ ਪਹਿਲੇ ਆਲ ਇੰਡੀਆ ਸਟੇਟ ਐਗਰੀਕਲਚਰਲ ਮਾਰਕੀਟਿੰਗ ਬੋਰਡਜ਼ ਟੀ-20 ਕ੍ਰਿਕਟ ਟੂਰਨਾਮੈਂਟ ਦੌਰਾਨ ਕੀਤਾ ਗਿਆ। ਬਰਸਟ ਨੇ ਹਰਿਆਣਾ ਸਟੇਟ ਐਗਰੀਕਲਚਰਲ ਮਾਰਕੀਟਿੰਗ ਬੋਰਡ ਵੱਲੋਂ ਤਾਊ ਦੇਵੀ ਲਾਲ ਸਟੇਡੀਅਮ, ਪੰਚਕੂਲਾ ਵਿਖੇ ਆਯੋਜਿਤ ਟੀ-20 ਕ੍ਰਿਕਟ ਟੂਰਨਾਮੈਂਟ ਵਿੱਚ ਵਿਸ਼ੇਸ਼ ਮਹਿਮਾਨ ਵੱਜੋਂ ਸ਼ਿਰਕਤ ਕੀਤੀ।ਉਨ੍ਹਾਂ ਸਮੂਹ ਖਿਡਾਰੀਆਂ ਨੂੰ ਮਿਲ ਕੇ ਉਨ੍ਹਾਂ ਦਾ ਹੌਂਸਲਾ ਵਧਾਇਆ ਅਤੇ ਚੰਗਾ ਪ੍ਰਦਰਸ਼ਨ ਕਰਨ ਵਾਸਤੇ ਸ਼ੁਭਕਾਮਨਾਵਾਂ ਦਿੱਤੀਆਂ। ਉਨ੍ਹਾਂ ਕਿਹਾ ਕਿ ਟੂਰਨਾਮੈਂਟ ਵਿੱਚ ਭਾਗ ਲੈਣ ਵਾਲੀਆਂ ਸਾਰੀਆਂ ਟੀਮਾਂ ਨੇ ਸਖ਼ਤ ਮਿਹਨਤ ਕੀਤੀ ਹੈ, ਜੋ ਕਿ ਸ਼ਲਾਘਾਯੋਗ ਹੈ। ਜਿੱਤ ਜਾਂ ਹਾਰ ਖੇਡ ਦਾ ਹਿੱਸਾ ਹੈ, ਪਰ ਅਸਲ ਜਿੱਤ ਉਦੋਂ ਹੁੰਦੀ ਹੈ, ਜਦੋਂ ਸਾਰੇ ਪੂਰੇ ਜੋਸ਼ ਨਾਲ ਖੇਡਦੇ ਹਨ ਅਤੇ ਆਪਣਾ ਸਰਵੋਤਮ ਪ੍ਰਦਰਸ਼ਨ ਕਰਦੇ ਹਨ।ਖੇਡਾਂ ਜਿੱਥੇ ਮਾਨਸਿਕ ਸ਼ਾਂਤੀ ਦਿੰਦੀਆਂ ਹਨ, ਉੱਥੇ ਹੀ ਤਣਾਅ ਅਤੇ ਚਿੰਤਾ ਨੂੰ ਘੱਟ ਕਰਦੀਆਂ ਹਨ ਅਤੇ ਇਕਾਗਰਤਾ ਨੂੰ ਵਧਾਉਂਦੀਆਂ ਹਨ। ਇਸ ਨਾਲ ਟੀਮ ਵਰਕ ਅਤੇ ਅਨੁਸ਼ਾਸਨ ਵੀ ਵਿਕਸਤ ਹੁੰਦਾ ਹੈ। ਉਨ੍ਹਾਂ ਸਾਰਿਆਂ ਨੂੰ ਅਪੀਲ ਕੀਤੀ ਕਿ ਉਹ ਖ਼ੁੱਦ ਵੀ ਅਤੇ ਆਪਣੇ ਬੱਚਿਆਂ ਨੂੰ ਵੀ ਖੇਡਾਂ ਵਿੱਚ ਵੱਧ-ਚੜ੍ਹ ਕੇ ਭਾਗ ਲੈਣ ਲਈ ਪ੍ਰੇਰਿਤ ਕਰਨ। ਟੂਰਨਾਮੈਂਟ ਵਿੱਚ ਪੰਜਾਬ ਮੰਡੀ ਬੋਰਡ ਦੀ ਟੀਮ ਨੇ ਜਿੱਤ ਨਾਲ ਆਪਣੀ ਸ਼ੁਰੂਆਤ ਕੀਤੀ ਅਤੇ ਉਤਰਾਖੰਡ ਮਾਰਕੀਟਿੰਗ ਬੋਰਡ ਦੀ ਟੀਮ ਨੂੰ 10 ਵਿਕਟਾਂ ਨਾਲ ਹਰਾਇਆ। ਬਰਸਟ ਨੇ ਪੰਜਾਬ ਮੰਡੀ ਬੋਰਡ ਦੀ ਟੀਮ ਨੂੰ ਮੈਚ ਜਿੱਤਣ 'ਤੇ ਵਧਾਈਆਂ ਦਿੱਤੀਆਂ ਅਤੇ ਅੱਗੇ ਵੀ ਇਸੇ ਤਰ੍ਹਾਂ ਚੰਗਾ ਪ੍ਰਦਰਸ਼ਨ ਕਰਨ ਲਈ ਪ੍ਰੇਰਿਤ ਕੀਤਾ। ਇਸ ਮੌਕੇ ਮੰਡੀ ਬੋਰਡ ਦੇ ਅਧਿਕਾਰੀ ਅਤੇ ਕਰਮਚਾਰੀ ਵੀ ਮੌਜੂਦ ਰਹੇ।



## ਸਰਕਾਰ ਨੇ ਨਸ਼ਿਆਂ ਦੇ ਸੌਦਾਗਰਾਂ ਨੂੰ ਭਾਜੜਾਂ ਪਾਈਆਂ : ਸਰਹਾਲ

**ਨਵਾਂਸ਼ਹਿਰ (ਕੁਲਵਿੰਦਰ ਸਿੰਘ ਦੁਰਗਾਪੁਰੀਆ)** ਨਸ਼ਿਆਂ ਵਿਰੁੱਧ ਸਾਂਝਾ ਯੁੱਧ ਪੰਜਾਬ ਸਰਕਾਰ ਦਾ ਇੱਕ ਅਜਿਹਾ ਮਿਸ਼ਨ ਹੈ, ਜਿਸ ਤਹਿਤ ਕਾਸੋ ਆਪ੍ਰੇਸ਼ਨ ਚਲਾ ਕੇ ਪੰਜਾਬ ਸਰਕਾਰ ਨੇ ਸ਼ੱਕੀ ਥਾਵਾਂ 'ਤੇ ਛਾਪੇਮਾਰੀ ਕਰਕੇ ਨਸ਼ਿਆਂ ਦੇ ਸੌਦਾਗਰਾਂ ਨੂੰ ਭਾਜੜਾਂ ਪਾ ਦਿੱਤੀਆਂ ਹਨ। ਨਸ਼ਿਆਂ ਨੂੰ ਵੇਚਣ ਵਾਲਿਆਂ ਦੀਆਂ ਚੱਲ ਅਚੱਲ ਜਾਇਦਾਦਾਂ ਜਬਤ ਕੀਤੀਆਂ ਜਾਣਗੀਆਂ ਤੇ ਆਮ ਲੋਕਾਂ ਦੇ ਸਹਿਯੋਗ ਨਾਲ ਨਸ਼ਿਆਂ ਦੀ ਗ੍ਰਿਫਤ ਵਿਚ ਆਏ ਭੋਲੇ ਭਾਲੇ ਲੋਕਾਂ ਨੂੰ ਇਸ ਮੱਕੜ ਜਾਲ ਤੋਂ ਬਾਹਰ ਕੱਢਣ ਲਈ ਇੱਕ ਵਿਆਪਕ ਅਭਿਆਨ ਚਲਾਇਆ ਜਾ ਰਿਹਾ ਹੈ। ਵੱਡੇ ਨਸ਼ਾ ਤਸਕਰ ਕਾਨੂੰਨ ਦੀ ਗ੍ਰਿਫਤ ਵਿਚ ਆ ਕੇ ਨਸ਼ਾ ਵੇਚਣ ਤੋਂ ਤੋਬਾ ਕਰਨ ਲੱਗੇ ਪਏ ਹਨ। ਚਿੱਟਾ ਵੇਚ ਕੇ ਕੀਤੀ ਕਾਲੀ ਕਮਾਈ ਨਾਲ ਉਸਾਰੇ ਮਹਿਲ ਪੀਲੇ ਪੰਜੇ ਨਾਲ ਢਾਹ ਢੇਰੀ ਹੋ ਰਹੇ ਹਨ। ਸੂਬੇ ਦੇ ਨੌਜਵਾਨਾਂ ਨੂੰ ਮਾਨ ਸਰਕਾਰ ਨਸ਼ਿਆਂ 'ਚੋਂ ਕੱਢ ਕੇ ਖੇਡ ਮੈਦਾਨਾਂ ਵੱਲ ਲੈ ਜਾਣ ਵਿਚ ਸਫਲ ਹੋਈ ਹੈ।ਇਹ ਪ੍ਰਗਟਾਵਾ ਕਰਦਿਆਂ ਕੁਲਜੀਤ ਸਿੰਘ ਸਰਹਾਲ ਹਲਕਾ ਇੰਚਾਰਜ ਬੰਗਾ ਨੇ ਕਿਹਾ ਕਿ ਸੂਬੇ ਵਿੱਚ ਨਸ਼ਿਆਂ ਦੀ ਸਮੱਸਿਆ ਪਿਛਲੀਆਂ ਸਰਕਾਰਾਂ ਨੇ ਸਾਨੂੰ ਵਿਰਾਸਤ ਵਿਚ ਦਿੱਤੀ ਹੈ, ਜਿਨ੍ਹਾਂ ਨੇ ਪੰਜਾਬ ਦੀ ਭਲਾਈ ਨੂੰ ਨਜ਼ਰਅੰਦਾਜ਼ ਕੀਤਾ, ਜਿਸ ਕਾਰਨ ਸੂਬੇ ਦੀ ਹਾਲਤ ਤਰਸਯੋਗ ਹੋਈ ਹੈ। ਨਸ਼ਿਆਂ ਵਿਰੁੱਧ ਜੰਗ ਵਿੱਚ ਲੋਕਾਂ ਦੇ ਪੂਰਨ ਸਹਿਯੋਗ ਦੀ ਮੰਗ ਕਰਦੇ ਹਾਂ ਨਸ਼ਿਆਂ ਦੀ ਲਾਹਨਤ ਸੂਬੇ ਦੇ ਚਿਹਰੇ 'ਤੇ ਕਲੰਕ ਹੈ ਅਤੇ ਇਸ ਸਰਾਪ ਨੂੰ ਜੜ੍ਹੋਂ ਪੁੱਟਣ ਲਈ ਸੂਬਾ ਸਰਕਾਰ ਨੂੰ ਦੋ ਸਾਲ ਤੋਂ ਵੱਧ ਦਾ ਸਮਾਂ ਲੱਗ ਗਿਆ ਹੈ। ਅੱਜ ਮਾਨ ਸਰਕਾਰ ਨੇ ਇਹ ਲਾਹਨਤ ਕਾਫੀ ਹੱਦ ਤੱਕ ਖਤਮ ਕਰ ਦਿੱਤੀ ਹੈ। ਸਮਾਜ ਦੀ ਇਸ ਬੁਰਾਈ ਨੂੰ ਖਤਮ ਕਰਨ ਲਈ ਸੂਬੇ ਦੇ ਕੋਨੇ ਕੋਨੇ ਵਿਚ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਸਫਲਤਾ ਪੂਰਵਕ ਚਲਾਈ ਗਈ, ਜਿਸ ਨੂੰ ਬੇਸ਼ੁਮਾਰ ਸਫਲਤਾ ਮਿਲੀ ਹੈ।ਹੁਣ ਨਸ਼ਿਆਂ ਦੀ ਸਪਲਾਈ ਲਾਈਨ ਤੋੜ ਦਿੱਤੀ ਗਈ ਹੈ, ਇਸ ਘਿਨਾਉਣੇ ਅਪਰਾਧ ਵਿਚ ਸ਼ਾਮਲ ਵੱਡੀਆਂ ਮੱਛੀਆਂ ਨੂੰ ਸਲਾਖਾਂ ਪਿੱਛੇ ਡੱਕਿਆ ਗਿਆ ਹੈ, ਨਸ਼ਾ ਪੀੜਤਾਂ ਦਾ ਮੁੜ ਵਸੇਬਾ ਯਕੀਨੀ ਬਣਾਇਆ ਗਿਆ ਹੈ ਅਤੇ ਨਸ਼ਾ ਤਸਕਰਾਂ ਦੀ ਜਾਇਦਾਦ ਨੂੰ ਜ਼ਬਤ ਕਰ ਕੇ ਨਸ਼ਟ ਕੀਤਾ ਜਾ ਰਿਹਾ ਹੈ।



## ਮਜ਼ਦੂਰਾਂ ਸਿਰ ਚੜ੍ਹੇ ਸਮੁੱਚੇ ਕਰਜ਼ੇ ਨੂੰ ਮੁਆਫ਼ ਕੀਤਾ ਜਾਵੇ : ਸੇਵੇਵਾਲਾ

**ਚੰਡੀਗੜ੍ਹ (ਨਵਾਂ ਜ਼ਮਾਨਾ ਸਰਵਿਸ)**- ਪੰਜਾਬ ਖੇਤ ਮਜ਼ਦੂਰ ਯੂਨੀਅਨ ਨੇ ਪੰਜਾਬ ਸਰਕਾਰ ਵੱਲੋਂ ਐਸ ਸੀ ਭਾਈਚਾਰੇ ਦੇ 4727 ਪਰਵਾਰਾਂ ਦੇ 68 ਕਰੋੜ ਰੁਪਏ ਕਰਜ਼ੇ ਮੁਆਫ਼ ਕਰਨ ਨੂੰ ਨਿਗੂਣੀ ਰਾਹਤ ਕਰਾਰ ਦਿੰਦਿਆਂ ਖੇਤ ਮਜ਼ਦੂਰਾਂ ਸਿਰ ਮਾਈਕਰੋ ਫਾਈਨਾਂਸ ਕੰਪਨੀਆਂ ਸਮੇਤ ਚੜ੍ਹਿਆ ਸਮੁੱਚਾ ਸਰਕਾਰੀ ਤੇ ਗੈਰ ਸਰਕਾਰੀ ਕਰਜ਼ਾ ਮੁਆਫ਼ ਕਰਨ ਦੀ ਮੰਗ ਕੀਤੀ ਹੈ।ਯੂਨੀਅਨ ਦੇ ਸੂਬਾ ਜਨਰਲ ਸਕੱਤਰ ਲਛਮਣ ਸਿੰਘ ਸੇਵੇਵਾਲਾ ਤੇ ਵਿੱਤ ਸਕੱਤਰ ਹਰਮੇਸ਼ ਮਾਲੜੀ ਨੇ ਜ਼ਾਰੀ ਕੀਤੇ ਬਿਆਨ ਰਾਹੀਂ ਆਖਿਆ ਕਿ ਪੰਜਾਬ ਦੇ ਲੱਗਭਗ ਛੇ ਲੱਖ ਪਰਵਾਰਾਂ 'ਚੋਂ 84 ਫ਼ੀਸਦੀ ਪਰਵਾਰਾਂ ਸਿਰ ਛੇ ਹਜ਼ਾਰ ਕਰੋੜ ਰੁਪਏ ਤੋਂ ਵੱਧ ਦਾ ਕਰਜ਼ਾ ਹੈ। ਉਹਨਾਂ ਦੱਸਿਆ ਕਿ ਪੰਜਾਬ ਖੇਤ ਮਜ਼ਦੂਰ ਯੂਨੀਅਨ ਵੱਲੋਂ ਸਾਲ 2017 'ਚ ਖੇਤ ਮਜ਼ਦੂਰਾਂ ਦੇ ਕਰਜ਼ੇ ਸਬੰਧੀ ਕੀਤੇ ਸਰਵੇਖਣ ਦੌਰਾਨ ਇਹ ਤੱਥ ਉਭਰ ਕੇ ਸਾਹਮਣੇ ਆ ਚੁੱਕੇ ਹਨ ਕਿ 84 ਫ਼ੀਸਦੀ ਮਜ਼ਦੂਰ ਪਰਿਵਾਰ ਕਰਜ਼ੇ ਦੇ ਭਾਰੀ ਬੋਝ ਹੇਠ ਦਬੇ ਹੋਏ ਹਨ। ਉਹਨਾਂ ਦੱਸਿਆ ਕਿ ਸਰਵੇ ਦੌਰਾਨ ਪ੍ਰਤੀ ਪਰਵਾਰ 91447 ਰੁਪਏ ਦਾ ਕਰਜ਼ਾ ਪਾਇਆ ਗਿਆ ਸੀ । ਉਹਨਾਂ ਦੱਸਿਆ ਕਿ ਮਜ਼ਦੂਰਾਂ ਸਿਰ ਚੜ੍ਹੇ ਕਰਜ਼ੇ 'ਚੋਂ ਸਭ ਤੋਂ ਵੱਧ ਕਰਜ਼ਾ ਮਾਈਕਰੋ ਫਾਈਨਾਂਸ ਕੰਪਨੀਆਂ ਦਾ ਹੈ ਜਿਹੜਾ ਕਿ ਆਏ ਦਿਨ ਵਧਦਾ ਜਾ ਰਿਹਾ ਹੈ। ਉਹਨਾਂ ਆਖਿਆ ਕਿ ਮਜ਼ਦੂਰਾਂ ਦੇ ਬੇਜ਼ਮੀਨੇ ਹੋਣ ਤੋਂ ਇਲਾਵਾ ਹਰੇ ਇਨਕਲਾਬ ਦੀ ਬਦੌਲਤ ਮਜ਼ਦੂਰਾਂ ਦੇ ਹੋਏ ਰੁਜ਼ਗਾਰ ਉਜਾੜੇ , ਘਟਦੀਆਂ ਉਜ਼ਰਤਾਂ, ਵਧਦੀ ਮਹਿੰਗਾਈ ਤੇ ਸਬਸਿਡੀਆਂ 'ਚ ਕਟੌਤੀ ਵਰਗੀਆਂ ਮਜ਼ਦੂਰ ਤੇ ਲੋਕ ਵਿਰੋਧੀ ਨੀਤੀਆਂ ਖੇਤ ਮਜ਼ਦੂਰਾਂ ਸਿਰ ਕਰਜ਼ੇ ਚੜ੍ਹਨ ਲਈ ਜ਼ਿੰਮੇਵਾਰ ਹਨ ਜੋ ਅਗਾਂਹ ਖ਼ੁਦਕੁਸ਼ੀਆਂ ਵਰਗੇ ਵਰਤਾਰੇ ਦੀ ਜੰਮਣ ਭੋਇੰ ਬਣਦਾ ਹੈ । ਇਸ ਲਈ ਮਜ਼ਦੂਰਾਂ ਸਿਰ ਚੜ੍ਹੇ ਸਮੁੱਚੇ ਕਰਜ਼ੇ ਨੂੰ ਸਰਕਾਰ ਵੱਲੋਂ ਮੁਆਫ਼ ਕੀਤਾ ਜਾਣਾ ਚਾਹੀਦਾ ਹੈ ।

## ਪੰਜਾਬ ਸਕੂਲ ਸਿੱਖਿਆ ਬੋਰਡ ਨੇ ਲਗਾਈ ਛਬੀਲ



**ਐੱਸ.ਏ.ਐੱਸ. ਨਗਰ ( ਗੁਰਜੀਤ ਬਿੱਲਾ)**: ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋਂ ਸ੍ਰੀ ਗੁਰੂ ਅਰਜਨ ਦੇਵ ਜੀ ਨੂੰ ਸਮਰਪਿਤ ਪ੍ਰਥਾ ਅਨੁਸਾਰ ਠੰਡੇ-ਮਿੱਠੇ ਜਲ ਦੀ ਛਬੀਲ ਲਗਾਈ ਗਈ। ਪੰਜਾਬ ਸਕੂਲ ਸਿੱਖਿਆ ਬੋਰਡ ਦੀ ਗੁਰਮਤਿ ਵਿਚਾਰ ਸਭਾ ਦੇ ਮੈਂਬਰਾਂ ਸਮੇਤ ਸਮੂਹ ਅਧਿਕਾਰੀਆਂ ਅਤੇ ਕਰਮਚਾਰੀਆਂ ਨੇ ਇਸ ਮੌਕੇ 'ਤੇ ਵਧ ਚੜ੍ਹ ਕੇ ਹਿੱਸਾ ਲਿਆ। ਸਿੱਖਿਆ ਬੋਰਡ ਦੇ ਚੇਅਰਮੈਨ ਡਾ. ਅਮਰਪਾਲ ਸਿੰਘ ਆਈ.ਏ.ਐੱਸ (ਰਿਟਾ:) ਨੇ ਵੀ ਇਸ ਪਾਵਨ ਕਾਰਜ ਵਿੱਚ ਸ਼ਿਰਕਤ ਕਰਦੇ ਹੋਏ ਆਪਣੇ ਹੱਥੀਂ ਮਿੱਠਾ ਪਾਣੀ ਵਰਤਾਉਣ ਦੀ ਸੇਵਾ ਕੀਤੀ। ਗੁਰਮਤਿ ਵਿਚਾਰ ਸਭਾ ਦੇ ਪ੍ਰਧਾਨ ਅਨੁਸਾਰ ਸਾਨੂੰ ਗੁਰੂ ਸਾਹਿਬਾਨ ਅਤੇ ਪੀਰ ਪੈਗੰਬਰਾਂ ਦੀਆਂ ਸਿੱਖਿਆਵਾਂ ਨੂੰ ਆਪਣੇ ਜੀਵਨ ਵਿੱਚ ਅਪਨਾਉਣ ਦੀ ਲੋੜ ਹੈ। ਗੁਰੂ ਸਾਹਿਬਾਨ ਵੱਲੋਂ ਕੀਤੀਆਂ ਕੁਰਬਾਨੀਆਂ ਨੂੰ ਚੇਤੇ ਰੱਖਦੇ ਹੋਏ ਆਪਣੀਆਂ ਆਉਣ ਵਾਲੀਆਂ ਪੀੜ੍ਹੀਆਂ ਨੂੰ ਵੀ ਗੁਰਮਤਿ ਨਾਲ ਜੋੜਨ ਦੀ ਜ਼ਰੂਰਤ ਹੈ। ਉਨ੍ਹਾਂ ਨੇ ਆਪਣੇ ਵਿਚਾਰ ਪ੍ਰਗਟ ਕਰਦਿਆਂ ਵਾਤਾਵਰਨ ਵਿੱਚ ਵਧਦੀ ਤਪਸ਼ ਨੂੰ ਘੱਟ ਕਰਨ ਲਈ ਵੱਧ ਤੋਂ ਵੱਧ ਰੁੱਖ ਲਗਾਉਣ ਲਈ ਵੀ ਕਿਹਾ। ਇਸ ਤੋਂ ਇਲਾਵਾ ਉਨ੍ਹਾਂ ਨੇ ਪਾਣੀ ਦੇ ਮਹੱਤਵ ਬਾਰੇ ਬੋਲਦਿਆਂ ਕਿਹਾ ਕਿ ਸਾਨੂੰ ਭਵਿੱਖ ਵਿੱਚ ਪਾਣੀ ਦੀ ਦਿੱਕਤ ਆਉਣ ਵਾਲੀ ਹੈ ਇਸ ਲਈ ਸਾਨੂੰ ਸਾਰਿਆਂ ਨੂੰ ਪਾਣੀ ਲੋੜ ਅਨੁਸਾਰ ਅਤੇ ਸੰਜਮ ਨਾਲ ਵਰਤਣਾ ਚਾਹੀਦਾ ਹੈ।

## ਸੰਤ ਬਾਬਾ ਪ੍ਰੇਮ ਸਿੰਘ ਮੁਰਾਲੇ ਵਾਲਿਆਂ ਦੀ 75ਵੀਂ ਬਰਸੀ ਸ਼ਰਧਾ ਤੇ ਸਤਿਕਾਰ ਨਾਲ ਮਨਾਈ

**ਟਾਂਡਾ ਉੜਮੁੜ (ਜਸਵਿੰਦਰ ਸੰਧੂ ਓਂਕਾਰ ਸਿੰਘ)**- ਬ੍ਰਹਮ ਗਿਆਨੀ, ਮਹਾਨ ਤਪੱਸਵੀ, ਵਿੱਦਿਆ ਦਾਨੀ ਤੇ ਸਮਾਜ ਸੁਧਾਰਕ ਸੰਤ ਬਾਬਾ ਪ੍ਰੇਮ ਸਿੰਘ ਮੁਰਾਲੇ ਵਾਲਿਆਂ ਦੀ ਸਾਲਾਨਾ 75ਵੀਂ ਬਰਸੀ ਗੁਰੂ ਗੋਬਿੰਦ ਸਿੰਘ ਖਾਲਸਾ ਸੀਨੀਅਰ ਸੈਕੰਡਰੀ ਸਕੂਲ (ਲਖਿੰਦਰ) ਮਿਆਨੀ ਵਿਖੇ ਸ਼ਰਧਾ ਤੇ ਸਤਿਕਾਰ ਨਾਲ ਮਨਾਈ ਗਈ । ਸਾਬਕਾ ਮੰਤਰੀ ਚੌਧਰੀ ਬਲਵੀਰ ਸਿੰਘ ਮਿਆਨੀ ਦੀ ਅਗਵਾਈ ਵਿਚ ਪ੍ਰਵਾਸੀ ਭਾਰਤੀਆਂ ਤੇ ਇਲਾਕੇ ਦੀਆਂ ਸੰਗਤਾਂ ਦੇ ਸਹਿਯੋਗ ਨਾਲ ਕਰਵਾਏ ਜਾ ਰਹੇ ਸਮਾਗਮ ਸਭ ਤੋਂ ਪਹਿਲਾਂ ਰੱਖੇ ਗਏ ਸ੍ਰੀ ਅਖੰਡ ਪਾਠ ਸਾਹਿਬ ਜੀ ਦੇ ਭੋਗ ਪਾਏ ਗਏ ਤੇ ਸਰਬੱਤ ਦੇ ਭਲੇ ਦੀ ਅਰਦਾਸ ਕੀਤੀ ਗਈ । ਇਸ ਮੌਕੇ ਸਜਾਏ ਗਏ ਧਾਰਮਿਕ ਦੀਵਾਨ ਵਿੱਚ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਜਥੇਦਾਰ ਹਰਜਿੰਦਰ ਸਿੰਘ ਧਾਮੀ, ਸਿੰਘ ਸਾਹਿਬ ਗਿਆਨੀ ਜਗਤਾਰ ਸਿੰਘ ਸਾਬਕਾ ਹੈਡ ਗ੍ਰੰਥੀ ਸੱਚਖੰਡ ਸ੍ਰੀ ਦਰਬਾਰ ਸਾਹਿਬ, ਸਿੰਘ ਸਾਹਿਬ ਗਿਆਨੀ ਬਲਜੀਤ ਸਿੰਘ ਗ੍ਰੰਥੀ ਸੱਚਖੰਡ ਸ੍ਰੀ ਦਰਬਾਰ ਸਾਹਿਬ, ਸੰਤ ਬਾਬਾ ਤੇਜਾ ਸਿੰਘ ਜੀ ਡੇਰਾ ਗੁਰੂ ਸਾਹਿਬ ਖੁੱਡਾ ਵਾਲੇ, ਬਾਬਾ ਕੁਲਦੀਪ ਸਿੰਘ ਟਾਹਲੀ ਸਾਹਿਬ, ਸੰਤ ਬਲਵੀਰ ਸਿੰਘ ਹਰਿਆਣਾ, ਸੰਤ ਕਸ਼ਮੀਰ ਸਿੰਘ ਭੂਰੀ ਵਾਲੇ, ਸੰਤ ਮੱਖਣ ਸਿੰਘ ਦਰੀਆ ,ਸੰਤ ਸੁਖਜੀਤ ਸਿੰਘ ਖੁੱਡਾ,ਭਾਈ ਸਤਨਾਮ ਸਿੰਘ ਕੋਹਾੜਕਾ, ਭਾਈ ਸੁਰਿੰਦਰ ਸਿੰਘ ਦੋਨੋਂ ਹਜ਼ੂਰੀ ਰਾਗੀ ਸੱਚਖੰਡ ਸ੍ਰੀ ਦਰਬਾਰ ਸਾਹਿਬ, ਮੈਨੇਜਰ ਅਜੀਤ ਸਿੰਘ ਅਕਬਰਪੁਰ ਵਾਲੇ, ਕਥਾ ਵਾਚਕ ਭਾਈ ਜਗਦੀਪ ਸਿੰਘ ਬੁਰਜ, ਭਾਈ ਮਹਿੰਦਰ ਸਿੰਘ ਮਕਸੂਦਪੁਰ, ਢਾਡੀ ਜੱਥਾ ਗਿਆਨੀ ਸੁਲੱਖਣ ਸਿੰਘ ਚੌਧਰਪੁਰ, ਵਾਲੇ ਤੇ ਹੋਰਨਾਂ ਰਾਗੀ ਢਾਡੀ ਜੱਥਿਆਂ ਨੇ ਸਮੂਹ ਸੰਗਤ ਨੂੰ ਗੁਰਬਾਣੀ ਕੀਰਤਨ ਅਤੇ ਗੁਰਮਤਿ ਵਿਚਾਰਾਂ ਦੁਆਰਾ ਨਿਹਾਲ ਕਰਦੇ ਹੋਏ ਸੰਤ ਪ੍ਰੇਮ ਸਿੰਘ ਮੁਰਾਲੇ ਵਾਲਿਆਂ ਦੇ ਜੀਵਨ 'ਤੇ ਚਾਨਣਾ ਪਾਇਆ ਅਤੇ ਸੰਤਾਂ ਮਹਾਂਪੁਰਸ਼ਾਂ ਵੱਲੋਂ ਦਰਸਾਏ ਗਏ ਮਾਰਗ ਤੇ ਚੱਲਣ ਲਈ ਪ੍ਰੇਰਿਤ ਕੀਤਾ। ਸਮਾਗਮ ਦੀ ਸੰਪੂਰਨਤਾਈ ਤੇ ਸਾਬਕਾ ਮੰਤਰੀ ਚੌਧਰੀ ਬਲਵੀਰ ਸਿੰਘ ਮਿਆਨੀ ਨੇ ਸਰਬੱਤ ਸੰਗਤਾਂ ਦਾ ਧੰਨਵਾਦ ਕੀਤਾ। ਇਸ ਮੌਕੇ ਸਾਬਕਾ ਮੰਤਰੀ ਸੰਗਤ ਸਿੰਘ ਗਿਲਜੀਆਂ, ਵਿਧਾਇਕ ਜਸਵੀਰ ਸਿੰਘ ਰਾਜਾ, ਵਿਧਾਇਕ ਕਰਮਵੀਰ ਸਿੰਘ ਘੁੰਮਣ, ਜਿਲਾ ਪ੍ਰਧਾਨ ਲਖਵਿੰਦਰ ਸਿੰਘ ਲੱਖੀ, ਹਲਕਾ ਇੰਚਾਰਜ ਅਰਵਿੰਦਰ ਸਿੰਘ ਰਸੂਲਪੁਰ, ਸਾਬਕਾ ਚੇਅਰਮੈਨ ਜਵਾਹਰ ਖੁਰਾਣਾ, ਇਨਾਂ ਤੋਂ ਇਲਾਵਾ ਸੁਰਜੀਤ ਸਿੰਘ ਭੱਟੀਆਂ, ਡਾ.ਲਖਮੀਰ ਸਿੰਘ ਚੌਧਰੀ, ਬੀਬੀ ਸੁਰਿੰਦਰ ਕੌਰ ਮਿਆਨੀ, ਸਰਪੰਚ ਸਤਪਾਲ ਸਿੰਘ ਮੁਲਤਾਨੀ, ਸੁਰਜੀਤ ਸਿੰਘ ਕੈਰੇ , ਹਰਬੰਸ ਸਿੰਘ ਮੰਝਪੁਰ,ਸਰਪੰਚ ਜਸਵੰਤ ਸਿੰਘ ਬਿੱਟੂ, ਸਰਪੰਚ ਸੁਖਵਿੰਦਰਜੀਤ ਸਿੰਘ ਝਾਵਰ, ਡਾ. ਸਤਨਾਮ ਸਿੰਘ ਮਿਆਨੀ, ਰੇਸ਼ਮ ਸਿੰਘ ਕੰਧਾਲਾ ਸ਼ੇਖਾਂ, ਪ੍ਰਿੰਸੀਪਲ ਕੁਲਦੀਪ ਰਾਜ, ਪ੍ਰਿੰਸੀਪਲ ਵਿਨੋਦ ਸ਼ਰਮਾ,ਮਾਸਟਰ ਬਿਕਰਮਜੀਤ ਸਿੰਘ ਦਬੁਰਜੀ, ਸਰਪੰਚ ਨਿਸ਼ਾਨ ਸਿੰਘ ਸੁਜਲਾਣਾ, ਡਾ.ਸ਼ਿਵ ਰਾਜ ਰੇਖੀ, ਡਾ. ਲਵਪ੍ਰੀਤ ਸਿੰਘ ਪਾਬਲਾ, ਡਾ. ਕੇਵਲ ਸਿੰਘ ਕਾਜਲ ਅਤੇ ਹੋਰ ਆਗੂ ਵੀ ਹਾਜ਼ਰ ਸਨ।



## ਮੁਫਤ ਮੈਡੀਕਲ ਕੈਂਪ ਲਗਾਇਆ

**ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)**-ਨਜਦੀਕੀ ਪਿੰਡ ਭਗਤੂਪੁਰ ਵਿਖੇ ਸਥਿਤ ਧੰਨ-ਧੰਨ ਸੰਤ ਬਾਬਾ ਸ਼ਾਮਦਾਸ ਦੇ ਧਾਰਮਿਕ ਅਸਥਾਨ ਵਿਖੇ ਵਿਸ਼ਵ ਮਾਨਵ ਰੂਹਾਨੀ ਕੇਂਦਰ ਸਤਿਸੰਗ ਘਰ (ਨਵਾਂ ਨੰਗਰ) ਬ੍ਰਾਂਚ ਖੈਰੜ-ਅੱਛਰਵਾਲ ਦੀ ਸਰਪ੍ਰਸਤੀ ਹੇਠ ਡਾਕਟਰ ਸੁਖਵਿੰਦਰ ਸਿੰਘ ਦੀ ਟੀਮ ਨੇ ਮੁਫਤ ਜਨਰਲ ਮੈਡੀਕਲ ਕੈਂਪ ਲਗਾਇਆ।ਕੈਂਪ ਵਿਚ ਡਾਕਟਰਾਂ ਦੀ ਟੀਮ ਵਲੋਂ 108 ਮਰੀਜਾਂ ਦੀ ਜਾਂਚ ਕੀਤੀ ਗਈ ਅਤੇ ਲੋੜਵੰਦ ਮਰੀਜਾਂ ਨੂੰ ਮੁਫਤ ਦਵਾਈਆਂ ਦਿੱਤੀਆਂ ਗਈਆਂ।ਇਸ ਮੌਕੇ ਡਾਕਟਰ ਸੁਖਵਿੰਦਰ ਸਿੰਘ, ਪ੍ਰਸ਼ੋਤਮ ਲਾਲ ਫਾਰਮਾਸਿਸਟ, ਨਿਤਿਨ ਕੁਮਾਰ, ਹੁਸਨ ਲਾਲ ਕੋਟ ਫਤੂਹੀ , ਹਰਮੇਸ਼ ਚੰਦਰ, ਗੁਰਬਖਸ਼ ਸਿੰਘ, ਅਮਰੀਕ ਸਿੰਘ ਅੱਛਰਵਾਲ , ਪਰਮਜੀਤ ਸਿੰਘ, ਦੇਵਰਾਜ ਅਤੇ ਜਰਨੈਲ ਸਿੰਘ ਆਦਿ ਹਾਜ਼ਰ ਸਨ।



## ਬੱਸੀ ਜਲਾਲ ਲੱਖ ਦਾਤਾ ਦਰਬਾਰ 'ਤੇ ਜੋੜ ਮੇਲਾ ਅੱਜ

**ਅੱਡਾ ਸਰਾਂ (ਜਸਵੀਰ ਕਾਜਲ)**- ਪਿੰਡ ਬੱਸੀ ਜਲਾਲ ਵਿਖੇ ਪੀਰ ਬਾਬਾ ਲੱਖ ਦਾਤਾ ਦਰਬਾਰ 'ਤੇ 12ਵਾਂ ਸਾਲਾਨਾ ਜੋੜ ਮੇਲਾ ਨੌਜਵਾਨ ਸਭਾ ਕਲੱਬ ਵਲੋਂ ਨਗਰ ਨਿਵਾਸੀਆਂ ਅਤੇ ਐਨ ਆਰ ਆਈ ਸੰਗਤਾਂ ਦੇ ਸਹਿਯੋਗ ਨਾਲ 5 ਜੂਨ ਵੀਰਵਾਰ ਨੂੰ ਸ਼ਰਧਾ ਪੂਰਵਕ ਮਨਾਇਆ ਜਾਵੇਗਾ ਇਸ ਮੌਕੇ ਪ੍ਰਧਾਨ ਦਿਲਬਾਗ ਸਿੰਘ ਅਤੇ ਸੂਰਜ ਸੋਹਤਾ ਨੇ ਇਸ ਸੰਬੰਧੀ ਜਾਣਕਾਰੀ ਦਿੰਦਿਆਂ ਦੱਸਿਆ ਕਿ ਲੱਖ ਦਾਤਾ ਪੀਰ ਦੀ ਮੁੱਕਦਸ ਦਰਗਾਹ ਤੇ ਝੰਡਾ, ਚਾਦਰ ਚੜ੍ਹਾਉਣ ਅਤੇ ਚੋਰਾਗ ਰੋਸ਼ਨ ਦੀ ਰਸਮ ਆਦਾ ਕਰਨ ਉਪਰੰਤ ਧਾਰਮਿਕ ਪੰਡਾਲ ਸਜਾਇਆ ਜਾਵੇਗਾ, ਜਿਸ ਵਿਚ ਪੰਜਾਬ ਦੇ ਮਸ਼ਹੂਰ ਕਵਾਲ ਜਥੇ ਦੀਪ ਸਫੀਪੁਰੀਆ ਤੋਂ ਇਲਾਵਾ ਗਾਇਕ ਅਮਰਿੰਦਰ ਬੋਬੀ ਆਪਣੇ ਫ਼ਨ ਦਾ ਮੁਜਾਹਰਾ ਕਰਨਗੇ।

## ਗੈਸਾ ਕਪੂਰਥਲਾ ਦੇ ਵਫ਼ਦ ਵੱਲੋਂ ਡੀ ਈ ਓ ਹਰਜਿੰਦਰ ਸਿੰਘ ਨਾਲ ਮੁਲਾਕਾਤ

**ਸੁਲਤਾਨਪੁਰ ਲੋਧੀ (ਬਲਵੀਰ ਸ਼ਾਲ੍ਹਾਪੁਰੀ)**- ਗੈਸਾ ਦਾ ਇੱਕ ਵਫ਼ਦ ਕਪੂਰਥਲਾ ਦੇ ਪ੍ਰਧਾਨ ਪ੍ਰਿੰਸੀਪਲ ਅਮਰੀਕ ਸਿੰਘ ਨੰਢਾ ਦੀ ਅਗਵਾਈ ਵਿੱਚ ਨਵ ਨਿਯੁਕਤ ਜ਼ਿਲ੍ਹਾ ਸਿੱਖਿਆ ਅਫ਼ਸਰ (ਸੈਕੰਡਰੀ) ਹਰਜਿੰਦਰ ਸਿੰਘ ਨੂੰ ਮਿਲਿਆ ਅਤੇ ਗੁਲਦਸਤਾ ਭੇਂਟ ਕਰਕੇ ਸਵਾਗਤ ਕਰਦਿਆਂ ਰਸਮੀ ਤੌਰ 'ਤੇ ਜੀ ਆਇਆਂ ਆਖਿਆ। ਗੱਲਬਾਤ ਦੌਰਾਨ ਪ੍ਰਿੰਸੀਪਲ ਅਮਰੀਕ ਸਿੰਘ ਨੰਢਾ ਵੱਲੋਂ ਜ਼ਿਲ੍ਹੇ ਦੇ ਸਕੂਲਾਂ ਅੰਦਰ ਉਸਾਰੂ ਵਿਦਿਅਕ ਮਾਹੌਲ ਉਸਾਰਨ, ਸਕੂਲਾਂ ਦੇ ਬੁਨਿਆਦੀ ਢਾਂਚੇ ਨੂੰ ਹੋਰ ਬਿਹਤਰ ਬਣਾਉਂਣ ਅਤੇ ਸਿੱਖਿਆ ਸੁਧਾਰ ਲਈ ਵਿਭਾਗੀ ਨੀਤੀਆਂ ਨੂੰ ਸਹੀ ਰੂਪ ਵਿੱਚ ਲਾਗੂ ਕਰਨ ਹਿੱਤ ਜ਼ਿਲ੍ਹਾ ਸਿੱਖਿਆ ਦਫ਼ਤਰ ਨੂੰ ਪੂਰਨ ਸਹਿਯੋਗ ਦੇਣ ਦਾ ਭਰੋਸਾ ਦਿਵਾਇਆ ਗਿਆ। ਇਸ ਦੇ ਨਾਲ ਹੀ ਮੌਜੂਦਾ ਸਮੇਂ ਕੰਮ ਕਰ ਰਹੇ ਅਤੇ ਸੇਵਾ ਮੁਕਤ ਪ੍ਰਿੰਸੀਪਲਾਂ ਅਤੇ ਦੂਜੇ ਕਰਮਚਾਰੀਆਂ ਨੂੰ ਜ਼ਿਲ੍ਹਾ ਦਫਤਰ ਦੇ ਪੱਧਰ 'ਤੇ ਆ ਰਹੀਆਂ ਮੁਸ਼ਕਿਲਾਂ ਸੰਬੰਧੀ ਵੀ ਚਰਚਾ ਕੀਤੀ ਗਈ ਅਤੇ ਪਹਿਲ ਦੇ ਅਧਾਰ 'ਤੇ ਇਨ੍ਹਾਂ ਮੁਸ਼ਕਿਲਾਂ ਦਾ ਨਿਪਟਾਰਾ ਕਰਨ ਦੀ ਅਪੀਲ ਕੀਤੀ। ਜ਼ਿਲ੍ਹਾ ਸਿੱਖਿਆ ਅਫ਼ਸਰ ਹਰਜਿੰਦਰ ਸਿੰਘ ਵੱਲੋਂ ਸਾਰੇ ਹਾਜਰੀਨ ਨੂੰ ਵਿਸ਼ਵਾਸ ਦਿਵਾਇਆ ਗਿਆ ਕਿ ਭਵਿੱਖ ਵਿੱਚ ਕਿਸੇ ਵੀ ਅਧਿਕਾਰੀ ਜਾਂ ਕਰਮਚਾਰੀ ਨੂੰ ਕਿਸੇ ਵੀ ਤਰਾਂ ਦੀ ਕੋਈ ਵੀ ਮੁਸ਼ਕਿਲ ਨਹੀਂ ਆਉਂਣ ਦਿੱਤੀ ਜਾਵੇਗੀ। ਹਰ ਜਾਇਜ਼ ਕੰਮ ਅਤੇ ਜ਼ਿਲ੍ਹਾ ਪੱਧਰ 'ਤੇ ਜਾਰੀ ਕੀਤੀਆਂ ਜਾਣ ਵਾਲੀਆਂ ਪ੍ਰਵਾਨਗੀਆਂ ਅਤੇ ਮੰਨਜ਼ੂਰੀਆਂ ਤੈਅ ਸ਼ੁਦਾ ਸਮੇਂ ਦੇ ਅੰਦਰ ਜਾਰੀ ਕੀਤੀਆਂ ਜਾਣਗੀਆਂ। ਉਨ੍ਹਾਂ ਨੇ ਸਕੂਲਾਂ ਅੰਦਰ ਵਿੱਦਿਆ ਦਾ ਗੁਣਾਤਮਕ ਪੱਧਰ ਉੱਚਾ ਚੁੱਕਣ, ਦਾਖਲਾ ਵਧਾਉਂਣ ਅਤੇ ਹਰ ਸਹੂਲਤ ਵਿਦਿਆਰਥੀਆਂ ਤੱਕ ਪਹੁੰਚਾਉਂਣ ਲਈ ਸਹਿਯੋਗ ਦੇਣ ਅਤੇ ਸਿਰਤੋੜ ਯਤਨ ਕਰਨ ਦੀ ਅਪੀਲ ਕੀਤੀ। ਇਸ ਮੌਕੇ ਗੈਸਾ ਪ੍ਰਧਾਨ ਪ੍ਰਿੰਸੀਪਲ ਅਮਰੀਕ ਸਿੰਘ ਨੰਢਾ ਤੋਂ ਇਲਾਵਾ ਉੱਪ ਜ਼ਿਲ੍ਹਾ ਸਿੱਖਿਆ ਅਫਸਰ (ਐਲੀਮੈਂਟਰੀ) ਕਪੂਰਥਲਾ ਡਾਕਟਰ ਬਲਵਿੰਦਰ ਸਿੰਘ ਬੱਟੂ ਅਤੇ ਉੱਪ ਜ਼ਿਲ੍ਹਾ ਸਿੱਖਿਆ ਅਫਸਰ (ਸੈਕੰਡਰੀ) ਕਪੂਰਥਲਾ ਸਟੇਟ ਐਵਾਰਡੀ ਰਾਜੇਸ਼ ਕੁਮਾਰ, ਪ੍ਰਿੰਸੀਪਲ ਡਾ. ਤਜਿੰਦਰਪਾਲ ਸਿੰਘ, ਪ੍ਰਿੰਸੀਪਲ ਮਨਜੀਤ ਸਿੰਘ ਹੈਬਤਪੁਰ ਸਟੇਟ ਐਵਾਰਡੀ, ਪ੍ਰਿੰਸੀਪਲ ਨਵਚੇਤਨ ਸਿੰਘ ਘੰਟਾ ਘਰ, ਪ੍ਰਿੰਸੀਪਲ ਰਵਿੰਦਰ ਕੌਰ ਬਲੇਰ ਖਾਨਪੁਰ ਸਟੇਟ ਐਵਾਰਡੀ, ਪ੍ਰਿੰਸੀਪਲ ਮੈਡਮ ਨੰਦਾ ਧਵਨ, ਸ਼੍ਰੀਮਤੀ ਸਪਨਾ ਗੁਪਤਾ, ਪ੍ਰਿੰਸੀਪਲ ਅਨੁਰਾਗ, ਪ੍ਰਿੰਸੀਪਲ ਵੀਨਾ ਢੱਪਈ ਅਤੇ ਸ. ਗੁਰਚਰਨ ਸਿੰਘ ਚਾਹਲ ਪ੍ਰਿੰਸੀਪਲ ਕਾਲਾ ਸੰਘਿਆਂ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ।



## ਗੁਰੂ ਅਰਜਨ ਦੇਵ ਦਾ ਸ਼ਹੀਦੀ ਦਿਹਾੜਾ ਮਨਾਇਆ



**ਕਿਸ਼ਨਗੜ੍ਹ (ਸੁਖਜੀਤ ਕੁਮਾਰ)** ਸ਼ਹੀਦਾਂ ਦੇ ਸਰਤਾਜ ਪੰਜਵੀਂ ਪਾਤਸ਼ਾਹੀ ਸ੍ਰੀ ਗੁਰੂ ਅਰਜਨ ਦੇਵ ਜੀ ਦਾ ਸ਼ਹੀਦੀ ਦਿਹਾੜਾ ਗੁਰਦੁਆਰਾ ਸ੍ਰੀ ਰਾਮ ਜੋਗੀ ਪੀਰ ਚਾਹਲ ਸੰਘਵਾਲ ਵਿਖੇ ਸਮੂਹ ਨਗਰ ਨਿਵਾਸੀਆਂ ਅਤੇ ਪ੍ਰਬੰਧਕ ਕਮੇਟੀ ਵੱਲੋਂ ਬੜੀ ਸ਼ਰਧਾ ਅਤੇ ਸਤਿਕਾਰ ਸਹਿਤ ਮਨਾਇਆ ਗਿਆ! ਸਵੇਰੇ ਸ੍ਰੀ ਅਖੰਡ ਪਾਠਾਂ ਸਾਹਿਬ ਦੀ ਲੜੀਆਂ ਦੇ ਭੋਗ ਪਏ ਗਏ! ਸਰਬੱਤ ਦੇ ਭਲੇ ਦੀ ਅਰਦਾਸ ਉਪਰੰਤ ਹੈੱਡ ਗ੍ਰੰਥੀ ਗੁਰਦੁਆਰਾ ਸਾਹਿਬ ਭਾਈ ਗੁਰਮੀਤ ਸਿੰਘ, ਭਾਈ ਅਜੇਪਾਲ ਸਿੰਘ ਅਤੇ ਡਾ. ਸੁਰਿੰਦਰ ਕੁਮਾਰ ਮੰਨਣ ਵੱਲੋਂ ਸ੍ਰੀ ਗੁਰੂ ਅਰਜਨ ਦੇਵ ਜੀ ਦੇ ਸ਼ਹੀਦੀ ਦੇ ਸੰਬੰਧ ਵਿੱਚ ਕਥਾ ਵਿਚਾਰਾਂ ਕੀਤੀਆਂ ਗਈਆਂ! ਭਾਈ ਰਵੀ ਕੁਮਾਰ ਉਦਾਸੀਨ ਕੁਟੀਆ ਕਿਸ਼ਨਗੜ੍ਹ ਵਾਲੇ ਦੇ ਜਥੇ ਵੱਲੋਂ ਸ਼ਬਦ ਕੀਰਤਨ ਕਰਕੇ ਸੰਗਤਾਂ ਨੂੰ ਨਿਹਾਲ ਕੀਤਾ ਗਿਆ! ਇਸ ਮੌਕੇ ਸਾਬਕਾ ਸਰਪੰਚ ਗੁਰਦੀਪ ਸਿੰਘ, ਮੇਜਰ ਸਿੰਘ, ਦਾਤਾਰ ਸਿੰਘ ਕਨੇਡਾ,ਜਸਵੰਤ ਸਿੰਘ ਬਿੱਲਾ,ਨੰਬਰਦਾਰ ਜੋਰਾਵਰ ਸਿੰਘ, ਜਸਕਰਨ ਸਿੰਘ ਸ਼ਾਲੂ, ਮਨਿੰਦਰ ਸਿੰਘ ਮੱਪੀ, ਰਮਿੰਦਰ ਸਿੰਘ, ਰਾਜੇਸ਼ ਕੁਮਾਰ ਚੌਹਾਨ, ਦਿਲਬਾਗ ਸਿੰਘ, ਪੰਚ ਜਗਦੀਸ਼ ਸਿੰਘ, ਹਰਮਨਦੀਪ ਸਿੰਘ ਕਿੰਮੀ, ਭਰਪ੍ਰੀਤ ਸਿੰਘ ਚਾਹਲ, ਇਕਬਾਲ ਸਿੰਘ ਖਾਲਸਾ, ਡਾ.ਪ੍ਰਗਟ ਸਿੰਘ,ਪੰਚ ਬਲਵੀਰ ਸਿੰਘ,ਭਲਵਾਨ ਹਰਭਜਨ ਸਿੰਘ, ਸ਼ੰਕਰ ਦਾਸ, ਗੁਰਨਾਮ ਸਿੰਘ ਪੰਨੂ,ਇੰਦਰਜੀਤ ਸਿੰਘ ਬਿੱਲੂ ਅਤੇ ਵੱਡੀ ਗਿਣਤੀ ਵਿੱਚ ਸੰਗਤ ਨੇ ਹਾਜਰੀ ਭਰੀ! ਸੰਗਤਾਂ ਲਈ ਠੰਡੇ ਮਿੱਠੇ ਜਲ ਦੀ ਛਬੀਲ ਅਤੇ ਗੁਰੂ ਜੀ ਦੇ ਲੰਗਰ ਅਤੁੱਟ ਵਰਤਾਏ ਗਏ।

## ਪੰਚਾਇਤ ਵਿਭਾਗ ਨੇ ਝੰਜੇੜੀ 'ਚ 191 ਏਕੜ ਸ਼ਾਮਲਾਤ ਜ਼ਮੀਨ ਦਾ ਲਿਆ ਕਬਜ਼ਾ

**ਮੋਹਾਲੀ, (ਕ੍ਰਿਸ਼ਨ ਗਰਗ)**- ਪੰਜਾਬ ਸਰਕਾਰ ਦੀ ਸ਼ਾਮਲਾਤ (ਪੰਚਾਇਤ) ਜ਼ਮੀਨ ਨੂੰ ਗੈਰ-ਕਾਨੂੰਨੀ ਕਬਜ਼ਿਆਂ ਤੋਂ ਮੁਕਤ ਕਰਨ ਲਈ ਚੱਲ ਰਹੀ ਮੁਹਿੰਮ ਦੇ ਤਹਿਤ ਇੱਕ ਮਹੱਤਵਪੂਰਨ ਘਟਨਾਕ੍ਰਮ ਵਿੱਚ, ਪੇਂਡੂ ਵਿਕਾਸ ਅਤੇ ਪੰਚਾਇਤ ਵਿਭਾਗ, ਪੰਜਾਬ ਨੇ ਜ਼ਿਲ੍ਹਾ ਐਸ ਏ ਐਸ ਨਗਰ ਦੇ ਪਿੰਡ ਝੰਜੇੜੀ ਵਿੱਚ 191 ਏਕੜ ਕੀਮਤੀ ਸ਼ਾਮਲਾਟ ਜ਼ਮੀਨ ਦਾ ਸਫਲਤਾਪੂਰਵਕ ਕਬਜ਼ਾ ਲੈ ਲਿਆ ਅਤੇ ਸਾਰੀ ਕਾਨੂੰਨੀ ਪ੍ਰਕਿਰਿਆ ਪੂਰੀ ਕਰਨ ਤੋਂ ਬਾਅਦ ਇਸਨੂੰ ਰਸਮੀ ਤੌਰ 'ਤੇ ਗ੍ਰਾਮ ਪੰਚਾਇਤ ਝੰਜੇੜੀ ਨੂੰ ਸੌਂਪ ਦਿੱਤਾ। ਜ਼ਮੀਨ ਦੀ ਬਾਜ਼ਾਰੀ ਕੀਮਤ ਲਗਭਗ 2,000 ਕਰੋੜ ਰੁਪਏ ਹੋਣ ਦਾ ਅਨੁਮਾਨ ਲਾਇਆ ਜਾਂਦਾ ਹੈ।ਜਾਣਕਾਰੀ ਦਿੰਦੇ ਹੋਏ, ਡਿਪਟੀ ਕਮਿਸ਼ਨਰ ਸ਼੍ਰੀਮਤੀ ਕੋਮਲ ਮਿੱਤਲ ਨੇ ਦੱਸਿਆ ਕਿ ਕਬਜ਼ੇ ਦੀ ਕਾਰਵਾਈ ਅੱਜ ਸਵੇਰੇ ਦੋ ਡਿਊਟੀ ਮੈਜਿਸਟ੍ਰੇਟਾਂ-ਸ਼੍ਰੀਮਤੀ ਦਿਵਿਆ ਪੀ, ਐਸ ਡੀ ਐਮ ਖਰੜ, ਅਮਿਤ ਗੁਪਤਾ, ਐਸ ਡੀ ਐਮ ਡੇਰਾਬੱਸੀ ਦੀ ਮੌਜੂਦਗੀ ਵਿੱਚ ਕੀਤੀ ਗਈ। ਇਸ ਕਾਰਵਾਈ ਨੂੰ ਸੁਚਾਰੂ ਢੰਗ ਨਾਲ ਨੇਪਰੇ ਚਾੜ੍ਹਨ ਲਈ ਐਸ ਪੀ (ਹੈੱਡਕੁਆਰਟਰ) ਰਮਨਦੀਪ ਸਿੰਘ ਅਤੇ ਐਸ ਪੀ (ਦਿਹਾਤੀ) ਮਨਪ੍ਰੀਤ ਸਿੰਘ ਦੀ ਨਿਗਰਾਨੀ ਹੇਠ ਭਾਰੀ ਗਿਣਤੀ ਵਿੱਚ ਪੁਲਿਸ ਫੋਰਸ ਤਾਇਨਾਤ ਕੀਤੀ ਗਈ ਸੀ।



# ਤਿੰਨ ਮਹੀਨੇ ਦੀਆਂ ਤਨਖਾਹਾਂ ਇੱਕ ਹਫਤੇ 'ਚ ਜਾਰੀ ਨਾ ਹੋਣ 'ਤੇ ਨਰੇਗਾ ਦੇ ਸਾਰੇ ਕੰਮ ਹੋਣਗੇ ਠੱਪ

● ਨਰੇਗਾ ਮੁਲਾਜ਼ਮਾਂ ਨੇ ਲੁਧਿਆਣਾ ਦੇ ਏ ਡੀ ਸੀ ਨੂੰ ਦਿੱਤਾ ਮੰਗ ਪੱਤਰ, ਕੀਤਾ ਰੋਹ ਦਾ ਪ੍ਰਗਟਾਵਾ

**ਦੋਰਾਹਾ (ਹਰਮਿੰਦਰ ਸੇਠ)**- ਨਰੇਗਾ ਮੁਲਾਜ਼ਮਾਂ ਦੀਆ ਤਿੰਨ-ਚਾਰ ਮਹੀਨੇ ਦੀਆਂ ਤਨਖਾਹਾਂ ਇੱਕ ਹਫਤੇ ਵਿੱਚ ਜਾਰੀ ਨਾ ਹੋਣ 'ਤੇ ਨਰੇਗਾ ਦੇ ਸਾਰੇ ਕੰਮ ਹੋਣਗੇ ਠੱਪ, ਜਿਸ ਬਾਬਤ ਨਰੇਗਾ ਮੁਲਾਜ਼ਮਾਂ ਨੇ ਲੁਧਿਆਨਾ ਏ ਡੀ ਸੀ ਡੀ ਨੂੰ ਮੰਗ ਪੱਤਰ ਦੇ ਕੇ ਰੋਹ ਦਾ ਪ੍ਰਗਟਾਵਾ ਕੀਤਾ। ਮਾਨਸਿਕ ਤੌਰ 'ਤੇ ਪ੍ਰੇਸ਼ਾਨ ਨਰੇਗਾ ਮੁਲਾਜ਼ਮਾਂ ਦੇ ਘਰਾਂ ਦੇ ਚੁੱਲ੍ਹੇ ਠੰਢੇ ਹੋ ਗਏ ਹਨ। ਇਹ ਪ੍ਰਗਟਾਵਾ ਮਨਰੇਗਾ ਮੁਲਾਜ਼ਮਾਂ ਨੇ ਲੁਧਿਆਨਾ ਵਿਖੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕੀਤਾ। ਉਨ੍ਹਾਂ ਦੱਸਿਆ ਕਿ ਪਿਛਲੇ ਤਿੰਨ ਮਹੀਨੇ ਤੋਂ ਤਨਖਾਹਾਂ ਨਹੀ ਮਿਲੀਆਂ। ਮਜਬੂਰ ਹੋ ਕੇ ਨਰੇਗਾ ਮੁਲਾਜ਼ਮਾਂ ਨੇ ਲੁਧਿਆਨਾ ਏ ਡੀ ਸੀ ਡੀ ਨੂੰ ਮੰਗ ਪੱਤਰ ਦੇ ਕੇ ਕਿਹਾ ਕਿ ਅਗਰ ਤਿੰਨ ਮਹੀਨੇ ਦੀਆਂ ਤਨਖਾਹਾਂ ਇੱਕ ਹਫਤੇ ਵਿੱਚ ਨਾ ਜਾਰੀ ਹੋਈਆਂ ਤਾਂ ਨਰੇਗਾ ਦੇ ਸਾਰੇ ਕੰਮ ਠੱਪ ਕੀਤੇ ਜਾਣਗੇ। ਸੰਦੀਪ ਸਿੰਘ ਜ਼ਿਲ੍ਹਾ ਪ੍ਰਧਾਨ ਨੇ ਗੱਲਬਾਤ ਕਰਦਿਆਂ ਕਿਹਾ ਕਿ ਚੌਥਾ ਮਹੀਨਾ ਚੱਲ ਪਿਆ ਅਜੇ ਤੱਕ ਤਨਖਾਹ ਨਸੀਬ ਨਹੀਂ ਹੋਈ ਜਦੋਂ ਕਿ ਪੂਰੇ ਪੰਜਾਬ ਵਿੱਚ 95 ਪ੍ਰਤੀਸ਼ਤ ਕੰਮ ਨਰੇਗਾ ਰਾਹੀਂ ਹੋ ਰਹੇ ਹਨ। ਪਰ ਜਦੋਂ ਤਨਖਾਹ ਦੀ ਗੱਲ ਹੁੰਦੀ ਹੈ ਤਾਂ ਸਾਰੇ ਅਧਿਕਾਰੀ ਤੇ ਲੀਡਰ ਪਾਸਾ ਵੱਟ ਜਾਂਦੇ ਹਨ। ਸਰਕਾਰ ਕੋਲ ਤਨਖਾਹਾਂ ਦੇਣ ਨੂੰ ਖਜ਼ਾਨਾ ਖਾਲੀ ਹੋ ਜਾਂਦਾ ਹੈ। ਜਦ ਕਿ ਤਨਖਾਹਾਂ ਨਾ ਮਿਲਣ ਕਰਕੇ ਮਾਨਸਿਕ ਤੌਰ ਤੇ ਪੂਰੀ ਤਰ੍ਹਾਂ ਪਰੇਸ਼ਾਨ ਨਰੇਗਾ ਮੁਲਾਜ਼ਮਾਂ ਦੇ ਚੁੱਲ੍ਹੇ ਠੰਢੇ ਹੋਣ ਦੇ ਕਿਨਾਰੇ ਹਨ। ਘਰਾਂ ਦੇ ਚੁੱਲ੍ਹਿਆ ਨੂੰ ਠੰਢੇ ਠਾਰ ਹੋਇਆਂ ਚਾਰ ਚਾਰ ਮਹੀਨੇ ਹੋ ਗਏ ਹਨ ਪਰ ਕਿਸੇ ਨੇ ਵੀ ਸਾਡੀ ਸਾਰ ਨਹੀਂ ਲਈ। ਇਸ ਮੌਕੇ ਜ਼ਿਲ੍ਹਾ ਪ੍ਰਧਾਨ ਸੰਦੀਪ ਸਿੰਘ, ਪ੍ਰਭਜੋਤ ਸਿੰਘ, ਈਸ਼ਵਰ ਪਾਲ ਸੀਨੀਅਰ ਮੀਤ ਪ੍ਰਧਾਨ ਨਰੇਗਾ ਕਰਮਚਾਰੀ ਯੂਨੀਅਨ ਪੰਜਾਬ, ਅਮਨਿੰਦਰ ਸਿੰਘ ਤੂਰ ਏਪੀਓ, ਜਸਵੀਰ ਸਿੰਘ, ਅਮਨਦੀਪ ਸਿੰਘ ਅੰਧੇਰ, ਪ੍ਰਭਜੋਤ ਸਿੰਘ ਪ੍ਰੈਸ ਸਕੱਤਰ ਸਮੁੱਚਾ ਲੁਧਿਆਣੇ ਦਾ ਨਰੇਗਾ ਸਟਾਫ ਹਾਜ਼ਰ ਸੀ।



# ਔਲਖ ਵਿਖੇ ਸ਼ਹੀਦ ਕਾਮਰੇਡ ਅਮੋਲਕ ਸਿੰਘ ਤੇ ਸਾਥੀਆਂ ਦਾ 34ਵਾਂ ਬਰਸੀ ਸਮਾਗਮ 7 ਨੂੰ

**ਪੰਜਗਰਾਈਂ ਕਲਾਂ (ਰਸ਼ਪਾਲ ਸਿੰਘ ਭੁੱਲਰ)** ਭਾਰਤੀ ਕਮਿਊਨਿਸਟ ਪਾਰਟੀ ਬ੍ਰਾਂਚ ਔਲਖ ਦੀ ਇੱਕ ਮੀਟਿੰਗ ਕਾਮਰੇਡ ਬੋਹੜ ਸਿੰਘ ਔਲਖ ਅਤੇ ਸੁਖਦਰਸ਼ਨ ਰਾਮ ਸ਼ਰਮਾ ਜ਼ਿਲ੍ਹਾ ਕੌਂਸਲ ਮੈਂਬਰ ਦੀ ਸਾਂਝੀ ਪ੍ਰਧਾਨਗੀ ਹੇਠ ਸ਼ਹੀਦ ਕਾਮਰੇਡ ਅਮੋਲਕ ਸਿੰਘ ਔਲਖ ਦੀ ਯਾਦਗਾਰ ਵਿਖੇ ਹੋਈ।ਇਸ ਮੀਟਿੰਗ ਦੌਰਾਨ ਸ਼ਹੀਦ ਕਾਮਰੇਡ ਅਮੋਲਕ ਸਿੰਘ ਔਲਖ਼ ਤੇ ਉਹਨਾਂ ਦੇ ਛੇ ਸਾਥੀਆਂ ਦਾ 34ਵਾਂ ਬਰਸੀ ਸਮਾਗਮ 7 ਜੂਨ ਨੂੰ ਸਵੇਰੇ 10 ਵਜੇ ਪਿੰਡ ਔਲਖ ਵਿਖੇ ਮਨਾਉਣ ਦੀਆਂ ਤਿਆਰੀਆਂ ਸਬੰਧੀ ਵਿਚਾਰ ਵਟਾਂਦਰਾ ਕੀਤਾ ਗਿਆ। ਮੀਟਿੰਗ ਉਪਰੰਤ ਬੋਹੜ ਸਿੰਘ ਔਲਖ ਅਤੇ ਸੁਖਦਰਸ਼ਨ ਰਾਮ ਸ਼ਰਮਾ ਨੇ ਦੱਸਿਆ ਕਿ ਸਮਾਗਮ ਨੂੰ ਭਾਰਤੀ ਕਮਿਊਨਿਸਟ ਪਾਰਟੀ ਦੇ ਕੌਮੀ ਕੌਂਸਲ ਮੈਂਬਰ ਤੇ ਸਾਬਕਾ ਵਿਧਾਇਕ ਕਾਮਰੇਡ ਹਰਦੇਵ ਸਿੰਘ ਅਰਸ਼ੀ ਅਤੇ ਕਈ ਹੋਰ ਬੁਲਾਰੇ ਸੰਬੋਧਨ ਕਰਨਗੇ ਅਤੇ ਇਹਨਾਂ ਸ਼ਹੀਦਾਂ ਨੂੰ ਯਾਦ ਕਰਦੇ ਹੋਏ ਮੌਜੂਦਾ ਸਮੇਂ ਵਿੱਚ ਕੌਮਾਂਤਰੀ, ਦੇਸ਼ ਪੱਧਰੀ ਅਤੇ ਪੰਜਾਬ ਰਾਜ ਦੇ ਤਾਜ਼ਾ ਰਾਜਨੀਤੀ, ਸਮਾਜਿਕ ਅਤੇ ਆਰਥਿਕ ਹਾਲਤਾਂ ਬਾਰੇ ਰੌਸ਼ਨੀ ਪਾਉਣਗੇ। ਇਸ ਤੋਂ ਇਲਾਵਾ ਲੋਕ ਕਲਾ ਮੰਚ ਜ਼ੀਰਾ ਦੀ ਟੀਮ ਵੱਲੋਂ ਮੇਘ ਰਾਜ ਰੱਲਾ ਦੀ ਨਿਰਦੇਸ਼ਨਾ ਹੇਠ ਨਾਟਕ, ਕੋਰੀਓਗ੍ਰਾਫੀਆਂ ਅਤੇ ਗੀਤ ਆਦਿ ਪੇਸ਼ ਕੀਤੇ ਜਾਣਗੇ। ਆਗੂਆਂ ਨੇ ਅੱਗੇ ਦੱਸਿਆ ਕਿ ਬਰਸੀ ਸਮਾਗਮ ਦੀਆਂ ਸਾਰੀਆਂ ਤਿਆਰੀਆਂ ਮੁਕੰਮਲ ਕਰ ਲਈਆਂ ਗਈਆਂ ਹਨ ਅਤੇ ਇਲਾਕੇ ਦੇ ਵੱਖ ਵੱਖ ਪਿੰਡਾਂ ਵਿੱਚ ਕਾਮਰੇਡ ਗੁਰਨਾਮ ਸਿੰਘ ਮਾਨੀ ਸਿੰਘ ਵਾਲਾ, ਗੁਰਚਰਨ ਸਿੰਘ ਮਾਨ, ਗੋਰਾ ਪਿਪਲੀ, ਜਗਤਾਰ ਸਿੰਘ ਭਾਣਾ ਸਾਬਕਾ ਸਰਪੰਚ, ਮਨਜੀਤ ਕੌਰ ਨੱਥੇਵਾਲਾ, ਪੱਪੀ ਸਿੰਘ ਢਿਲਵਾਂ ਕਲਾਂ, ਵੀਰ ਸਿੰਘ ਕੰਮੇਆਣਾ, ਚਰਨਜੀਤ ਸਿੰਘ ਚਮੇਲੀ ਤੇ ਰੇਸ਼ਮ ਸਿੰਘ ਵਾਂਦਰ ਜਟਾਣਾ ਆਦਿ ਦੀ ਅਗਵਾਈ ਹੇਠ ਨਰੇਗਾ ਮਜ਼ਦੂਰਾਂ, ਖੇਤ ਮਜ਼ਦੂਰਾਂ, ਕਿਸਾਨਾਂ ਅਤੇ ਆਮ ਲੋਕਾਂ ਦੀਆਂ ਮੀਟਿੰਗਾਂ ਕਰਵਾਈਆਂ ਜਾ ਰਹੀਆਂ ਹਨ। ਇਸ ਮੌਕੇ ਹੋਰਨਾਂ ਤੋਂ ਇਲਾਵਾ ਕਾਮਰੇਡ ਮੱਖਣ ਸਿੰਘ ਚੌਧਰੀ, ਬੂਟਾ ਸਿੰਘ ਡੀ ਸੀ, ਮੋਹਨ ਸਿੰਘ, ਸੁਖਮ ਸਿੰਘ, ਕੁਲਵੰਤ ਸਿੰਘ ਤੇ ਸ਼ਿਵ ਕੁਮਾਰ ਸ਼ਰਮਾ ਆਦਿ ਹਾਜ਼ਰ ਸਨ।



# ਕਿਸਾਨ ਮਜ਼ਦੂਰ ਆਗੂ ਜਸਵਿੰਦਰ ਭਮਾਲ 'ਤੇ ਕਾਤਲਾਨਾ ਹਮਲਾ ਕਰਨ ਦੇ ਦੋਸ਼ੀ ਨੂੰ ਗ੍ਰਿਫਤਾਰ ਕਰਨ ਦੀ ਮੰਗ

**ਜਗਰਾਉਂ (ਨਛੱਤਰ ਸੰਧੂ)**- ਪਿੰਡ ਭਮਾਲ ਦੇ ਕਿਸਾਨ ਮਜ਼ਦੂਰ ਆਗੂ ਜਸਵਿੰਦਰ ਸਿੰਘ ਭਮਾਲ ਤੇ ਕਾਤਲਾਨਾ ਹਮਲਾ ਕਰਨ ਦੇ ਦੋਸ਼ੀ ਭੁਪਿੰਦਰ ਸਿੰਘ ਭਿੰਦਾ ਨੂੰ ਗ੍ਰਿਫਤਾਰ ਕਰਨ ਦੀ ਭਾਰਤੀ ਕਿਸਾਨ ਯੂਨੀਅਨ ਏਕਤਾ ਡਕੌਂਦਾ ਦੇ ਬਲਾਕ ਪ੍ਰਧਾਨ ਜਗਜੀਤ ਸਿੰਘ ਕਲੇਰ ਅਤੇ ਬਲਾਕ ਸਕੱਤਰ ਕੁਲਵੰਤ ਸਿੰਘ ਗਾਲਬ ਨੇ ਜ਼ੋਰਦਾਰ ਮੰਗ ਕੀਤੀ ਹੈ। ਉਨ੍ਹਾਂ ਦੱਸਿਆ ਕਿ ਬੀਤੀ 30 ਮਈ ਨੂੰ ਸ਼ਾਮ ਸਮੇਂ ਘਰ ਨੂੰ ਜਾ ਰਹੇ ਕਿਸਾਨ ਆਗੂ 'ਤੇ ਦੋਸ਼ੀ ਨੇ ਹਮਲਾ ਕਰਕੇ ਉਸ ਨੂੰ ਜਾਨੋਂ ਮਾਰਨ ਦੀ ਕੋਸ਼ਿਸ਼ ਕੀਤੀ। ਉਨ੍ਹਾਂ ਦੱਸਿਆ ਕਿ ਕਿਸਾਨ ਆਗੂ ਜਸਵਿੰਦਰ ਸਿੰਘ ਦੀ ਮਹੀਨਾ ਪਹਿਲਾਂ ਹੀ ਹਾਰਟ ਸਰਜਰੀ ਹੋਈ ਹੈ। ਉਸ ਦੇ ਸਟੰਟ ਪਏ ਹਨ।ਇਸ ਗੱਲ ਦਾ ਪਤਾ ਦੋਸ਼ੀ ਨੂੰ ਹੋਣ ਕਾਰਨ ਉਸ ਨੇ ਜਸਵਿੰਦਰ ਸਿੰਘ ਨੂੰ ਰਸਤੇ 'ਚ ਘੇਰ ਉਸ ਦੀ ਛਾਤੀ 'ਤੇ ਪੂਰੇ ਜ਼ੋਰ ਨਾਲ ਘਸੁੰਨ ਮਾਰਿਆ।ਜਿਸ ਕਾਰਨ ਪੀੜਤ ਡਿਗ ਪਿਆ ਤੇ ਤੜਫਣ ਲੱਗਾ। ਪਿੰਡ ਵਾਸੀਆਂ ਨੇ ਉਸ ਨੂੰ ਚੁੱਕ ਕੇ ਜਗਰਾਓਂ ਸਰਕਾਰੀ ਹਸਪਤਾਲ 'ਚ ਦਾਖਲ ਕਰਾਇਆ। ਉਹਨਾਂ ਕਿਹਾ ਕਿ ਇਸ ਮਾਮਲੇ ਸਬੰਧੀ ਐਸ ਐਚ ਓ ਸਿੱਧਵਾਂ ਬੇਟ ਅਤੇ ਸਬੰਧਤ ਡੀ ਐਸ ਪੀ ਦੇ ਮਾਮਲਾ ਧਿਆਨ 'ਚ ਲਿਆਉਣ ਦੇ ਬਾਵਜੂਦ ਅਜੇ ਤੱਕ ਦੋਸ਼ੀ ਦੀ ਗ੍ਰਿਫਤਾਰੀ ਨਹੀਂ ਹੋਈ। ਦੋਹਾਂ ਆਗੂਆਂ ਨੇ ਐਸ ਐਸ ਪੀ ਜਗਰਾਓਂ ਤੋਂ ਮਾਮਲੇ 'ਚ ਦਖਲ ਦੇਣ ਅਤੇ ਇਰਾਦਾ ਕਤਲ ਦਾ ਮੁਕੱਦਮਾ ਦਰਜ ਕਰਨ ਦੀ ਮੰਗ ਕੀਤੀ ਹੈ। ਉਨ੍ਹਾਂ ਦੱਸਿਆ ਕਿ ਦੋਸ਼ੀ ਪਿੰਡ 'ਚ ਗੁੰਡਾਗਰਦੀ ਕਰਨ ਲਈ ਬਦਨਾਮ ਹੈ । ਇਸ ਤੋ ਪਹਿਲਾਂ ਵੀ ਉਸ ਖਿਲਾਫ ਅਨੇਕਾਂ ਮਾਮਲਿਆ 'ਚ ਜ਼ਮਾਨਤਾਂ ਲਈਆਂ ਜਾ ਚੁੱਕੀਆਂ ਹਨ। ਅਨੇਕਾਂ ਵੇਰ ਪਿੰਡ ਵਾਸੀਆਂ ਵਲੋਂ ਜਸਵਿੰਦਰ ਸਿੰਘ ਦੀ ਅਗਵਾਈ 'ਚ ਪੁਲਸ ਕੋਲ ਦੋਸ਼ੀ ਖਿਲਾਫ ਸ਼ਿਕਾਇਤਾਂ ਕਰਨ ਦੀ ਰੰਜਿਸ਼ ਇਸ ਹਮਲੇ ਦਾ ਕਾਰਨ ਬਣੀ ਹੈ। ਉਹਨਾਂ ਕਿਹਾ ਕਿ ਮਾਮਲੇ 'ਚ ਦੇਰੀ ਅਤੇ ਇਨਸਾਫ ਨਾ ਮਿਲਣ ਦੀ ਸੂਰਤ 'ਚ ਜਥੇਬੰਦੀ ਸੰਘਰਸ਼ ਲਈ ਮਜਬੂਰ ਹੋਵੇਗੀ।



# ਦਾਸ ਐਂਡ ਬ੍ਰਾਊਨ ਵਰਲਡ ਸਕੂਲ 'ਚ ਮੈਗਾ ਸਪੋਰਟਸ ਫੈਸਟੀਵਲ ਦਾ ਸ਼ੁੱਭ ਆਰੰਭ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)** ਛੁੱਟੀਆਂ ਦੌਰਾਨ ਵਿਦਿਆਰਥੀਆਂ ਨੂੰ ਖੇਡਾਂ ਵੱਲ ਪ੍ਰੇਰਿਤ



ਕਰਨ ਦੇ ਉਦੇਸ਼ ਨਾਲ, ਫਿਰੋਜ਼ਪੁਰ ਮੈਗਾ ਸਪੋਰਟਸ ਫੈਸਟੀਵਲ ਦਾ ਸ਼ੁੱਭ ਆਰੰਭ ਦਾਸ ਐਂਡ ਬ੍ਰਾਊਨ ਵਰਲਡ ਸਕੂਲ ਵਿਖੇ ਕੀਤਾ ਗਿਆ, ਜਿਸ ਵਿੱਚ ਵੱਖ-ਵੱਖ ਸਕੂਲਾਂ ਦੇ ਸੈਂਕੜੇ ਬੱਚੇ ਹਿੱਸਾ ਲੈ ਰਹੇ ਹਨ। ਪ੍ਰਿੰਸੀਪਲ ਰੁਚੀ ਪਾਂਡੇ ਨੇ ਦੱਸਿਆ ਕਿ 2 ਜੂਨ ਤੋਂ 14 ਜੂਨ ਤੱਕ ਚੱਲਣ ਵਾਲੇ ਮੈਗਾ ਸਪੋਰਟਸ ਕੈਂਪ ਵਿਚ, ਵਿਦਿਆਰਥੀਆਂ ਨੂੰ ਟੇਬਲ ਟੈਨਿਸ, ਤੈਰਾਕੀ, ਪਿਕਬਾਲ, ਗੋਲਫ, ਤੀਰਅੰਦਾਜ਼ੀ, ਰੋਲਰ ਸਕੇਟਿੰਗ, ਬੈਡਮਿੰਟਨ, ਬਾਸਕਟਬਾਲ, ਵਾਲੀਬਾਲ, ਕ੍ਰਿਕਟ, ਸ਼ੂਟਿੰਗ, ਸ਼ਤਰੰਜ, ਤਾਈਕਵਾਂਡੋ ਅਤੇ ਹੋਰ ਖੇਡਾਂ ਵਿੱਚ ਤਜਰਬੇਕਾਰ ਕੋਚਾਂ ਦੁਆਰਾ ਕੋਚਿੰਗ ਦਿੱਤੀ ਜਾ ਰਹੀ ਹੈ। ਮੈਗਾ ਸਪੋਰਟਸ ਕੈਂਪ ਦਾ ਸ਼ੁੱਭ ਆਰੰਭ ਕਰਦੇ ਹੋਏ ਪ੍ਰਿੰਸੀਪਲ ਰੁਚੀ ਪਾਂਡੇ, ਜਨਰਲ ਮੈਨੇਜਰ ਰਾਜ ਕੁਮਾਰ ਰਾਣਾ, ਡਿਪਟੀ ਜੀ ਐੱਮ ਸਜਲ, ਡਿਪਟੀ ਜੀ ਐੱਮ ਡਾ. ਸੇਲਿਨ, ਸਮੂਹ ਸਪੋਰਟਸ ਅਫਸਰ ਅਭਿਸ਼ੇਕ ਨੇ ਸਤਰੰਗੀ ਪੀਂਘ ਦੇ ਰੰਗ ਫੈਲਾਏ। ਉਨ੍ਹਾਂ ਕਿਹਾ ਕਿ ਇਹ ਕੈਂਪ ਖਿਡਾਰੀਆਂ ਵਿੱਚ ਖੇਡਾਂ ਪ੍ਰਤੀ ਉਤਸ਼ਾਹ ਪੈਦਾ ਕਰੇਗਾ। ਉਨ੍ਹਾਂ ਕਿਹਾ ਕਿ ਵਿਦਿਆਰਥੀ ਜੀਵਨ ਵਿੱਚ ਖੇਡਾਂ ਦਾ ਬਹੁਤ ਮਹੱਤਵ ਹੈ ਤੇ ਸਰੀਰਕ, ਮਾਨਸਿਕ ਤੇ ਬੌਧਿਕ ਵਿਕਾਸ ਤੋਂ ਇਲਾਵਾ, ਇਹ ਖਿਡਾਰੀ ਵਿੱਚ ਅਨੁਸ਼ਾਸਨ ਤੇ ਸਵੈ-ਨਿਰਭਰਤਾ ਦੀ ਭਾਵਨਾ ਵੀ ਪੈਦਾ ਕਰਦਾ ਹੈ। ਉਨ੍ਹਾਂ ਕਿਹਾ ਕਿ ਦਾਸ ਐਂਡ ਬ੍ਰਾਊਨ ਵਰਲਡ ਸਕੂਲ ਵਿੱਚ ਵਿਸ਼ਵ ਪੱਧਰੀ ਖੇਡ ਸਹੂਲਤਾਂ ਤੇ ਕੋਚ ਹਨ, ਜੋ ਖਿਡਾਰੀਆਂ ਨੂੰ ਵਧੀਆ ਤਕਨੀਕਾਂ ਰਾਹੀਂ ਖੇਡ ਕੋਚਿੰਗ ਪ੍ਰਦਾਨ ਕਰਦੇ ਹਨ।

# ਰੰਗਮੰਚ-ਫ਼ਿਲਮ ਅਦਾਕਾਰੀ ਵਰਕਸ਼ਾਪ ਦੇ ਦੂਜੇ ਦਿਨ ਬੱਚਿਆਂ 'ਚ ਭਾਰੀ ਉਤਸ਼ਾਹ

**ਅਜੀਤਵਾਲ (ਨਛੱਤਰ ਸੰਧੂ)**- ਨੌਜਵਾਨ ਭਾਰਤ ਸਭਾ ਵੱਲੋਂ ਰੰਗਮੰਚ-ਫ਼ਿਲਮ ਅਦਾਕਾਰ ਨਿਰਦੇਸ਼ਕ ਸੁਖਦੇਵ ਲੱਧੜ ਦੀ ਨਿਰਦੇਸ਼ਨਾ ਵਿੱਚ ਚੱਲ ਰਹੀ 'ਰੰਗਮੰਚ-ਫ਼ਿਲਮ ਅਦਾਕਾਰੀ ਵਰਕਸ਼ਾਪ' ਦੇ ਦੂਜੇ ਦਿਨ ਬੱਚਿਆਂ ਅਤੇ ਵੱਡਿਆਂ ਵਿੱਚ ਭਾਰੀ ਉਤਸ਼ਾਹ ਵੇਖਣ ਨੂੰ ਮਿਲਿਆ। ਭਗਤ ਸਿੰਘ-ਅੰਬੇਡਕਰ ਸੈਮੀਨਾਰ ਹਾਲ, ਦੀਪ ਹਸਪਤਾਲ, ਨਿਹਾਲ ਸਿੰਘ ਵਾਲਾ (ਮੋਗਾ) ਵਿਖੇ ਵਰਕਸ਼ਾਪ ਵਿੱਚ ਛੇ ਨਵੇਂ



ਸਿਖਿਆਰਥੀਆਂ ਦੇ ਵਾਧੇ ਨਾਲ ਕੁਲ 25 ਗਿਣਤੀ ਨਾਲ ਦਿਨ ਸ਼ੁਰੂ ਹੋਇਆ।ਵਰਕਸ਼ਾਪ ਦੀ ਸ਼ੁਰੂਆਤ ਮੈਡੀਟੇਸ਼ਨ ਤੋਂ ਹੋਈ।ਅੱਜ ਨਵਰਸ ਵਿਚੋਂ ਹਾਸਰਸ ਅਤੇ ਸ਼ਾਂਤਰਸ ਉੱਤੇ ਵੱਖ-ਵੱਖ ਗਤੀਵਿਧੀਆਂ ਕਰਵਾਈਆਂ ਗਈਆਂ।ਧਿਆਨ ਵਧਾਉਣ ਲਈ ਕੁਝ ਕਸਰਤ ਖੇਡਾਂ ਕਰਵਾਈਆਂ ਗਈਆਂ।ਕਲਾ ਵਿੱਚ ਕਲਪਨਾ 'ਤੇ ਕੰਮ ਕੀਤਾ ਗਿਆ।ਰੰਗਮੰਚੀ ਖੇਡਾਂ ਵਿੱਚ ਬੱਚਿਆਂ ਨੇ ਖੂਬ ਮਨੋਰੰਜਨ ਕੀਤਾ ਅਤੇ ਆਪਣੀ ਕਲਾ ਸਿੱਖਿਆ ਵਿੱਚ ਵਾਧਾ ਕੀਤਾ। ਮਿਰਰ ਕਸਰਤ ਦੌਰਾਨ ਬੱਚਿਆਂ ਨੇ ਦਿਮਾਗ਼ ਅਤੇ ਸਰੀਰ ਦੀ ਵਰਤੋਂ ਕਿਵੇਂ ਕਰਨੀ ਹੈ ਸਿੱਖਿਆ।ਬੱਚਿਆਂ ਅਤੇ ਵੱਡਿਆਂ ਨੂੰ ਖਾਣ ਪੀਣ ਦੀ ਸਮੱਗਰੀ ਦੀਪ ਹਸਪਤਾਲ ਨਿਹਾਲ ਸਿੰਘ ਵਾਲਾ (ਮੋਗਾ) ਵੱਲੋਂ ਦਿੱਤੀ ਗਈ।ਇਸ ਵਰਕਸ਼ਾਪ ਵਿੱਚ ਕਰਮਜੀਤ ਮਾਣੂੰਕੇ ਅਤੇ ਡਾ. ਹਰਗੁਰਪ੍ਰਤਾਪ ਸਿੰਘ ਦਾ ਵਿਸ਼ੇਸ਼ ਯੋਗਦਾਨ ਹੈ।ਲੇਖਿਕਾ ਨਿਮਰਤ ਸੁੱਖ ਦਾ ਵਰਕਸ਼ਾਪ ਦੌਰਾਨ ਮਹੱਤਵਪੂਰਨ ਯੋਗਦਾਨ ਹੈ।



# ਅਕਾਲੀ ਦਲ ਦੀ ਮੁੜ ਸੁਰਜੀਤੀ ਲਈ ਹਲਕਾ ਸਨੌਰ 'ਚ ਸਮੀਖਿਆ

**ਪਟਿਆਲਾ (ਰਾਜਿੰਦਰ ਥਿੰਦ)** ਸਨੌਰ ਵਿਧਾਨ ਸਭਾ ਹਲਕੇ ਵਿੱਚ ਅਕਾਲੀ ਦਲ ਦੀ ਮੁੜ ਸੁਰਜੀਤੀ ਸੰਬੰਧੀ ਚੱਲ ਰਹੀ ਸਰਗਰਮੀਆਂ ਰੂਪ ਲੈ ਰਹੀਆਂ ਹਨ।ਬਲੋਡ ਕਲਾਂ ਵਿਖੇ ਅਕਾਲੀ ਆਗੂ ਪ੍ਰਗਟ ਸਿੰਘ ਦੇ ਘਰ ਹੋਈ ਬੈਠਕ ਵਿੱਚ ਸ਼੍ਰੋਮਣੀ ਅਕਾਲੀ ਦਲ ਦੇ ਸਰਕਲ ਪ੍ਰਧਾਨ ਜਸਬੀਰ ਸਿੰਘ ਲਲੀਨਾ ਦੀ ਅਗਵਾਈ ਹੇਠ ਸਾਬਕਾ ਵਿਧਾਇਕ ਹਰਿੰਦਰਪਾਲ ਸਿੰਘ ਚੰਦੂਮਾਜਰਾ ਨੇ ਭਾਗ ਲਿਆ।ਉਨ੍ਹਾਂ ਸਭ ਤੋਂ ਪਹਿਲਾਂ ਸੁਖਦੇਵ ਸਿੰਘ ਢੀਂਡਸਾ ਦੀ ਯਾਦ ਵਿਚ ਸ਼ਰਧਾਂਜਲੀ ਅਰਪਿਤ ਕੀਤੀ ਤੇ ਉਨ੍ਹਾਂ ਦੀ ਪੰਜਾਬ ਤੇ ਪੰਜਾਬੀਆਂ ਪ੍ਰਤੀ ਕੀਤੀਆਂ ਨਿਸ਼ਕਾਮ ਸੇਵਾਵਾਂ ਨੂੰ ਯਾਦ ਕਰਦਿਆਂ ਕਿਹਾ ਕਿ ਉਨ੍ਹਾਂ ਦੀ ਜੀਵਨ ਗੀਤ ਸਾਡੀਆਂ ਆਉਣ ਵਾਲੀਆਂ ਪੀੜ੍ਹੀਆਂ ਲਈ ਸਦਾ ਪ੍ਰੇਰਨਾਦਾਇਕ ਰਹੇਗੀ।ਸਾਬਕਾ ਵਿਧਾਇਕ ਚੰਦੂਮਾਜਰਾ ਨੇ ਦੱਸਿਆ ਕਿ ਸ਼੍ਰੋਮਣੀ ਅਕਾਲੀ ਦਲ ਦੀ ਪੰਜ ਮੈਂਬਰੀ ਕਮੇਟੀ ਵੱਲੋਂ ਚਲਾਈ ਗਈ ਭਰਤੀ ਮੁਹਿੰਮ ਦੇ ਤਹਿਤ ਸਨੌਰ ਬਲਾਕ ਵਿੱਚ 600 ਦੇ ਕਰੀਬ ਭਰਤੀਆਂ ਲਈ ਕਾਪੀਆਂ ਵੰਡੀਆਂ ਗਈਆਂ, ਜਿਨ੍ਹਾਂ ਵਿੱਚੋਂ 300 ਦੇ ਕਰੀਬ ਵਾਪਸ ਆ ਚੁੱਕੀਆਂ ਹਨ।ਸਨੌਰ ਸਰਕਲ 'ਚੋਂ 95 ਕਾਪੀਆਂ ਮਿਲ ਚੁੱਕੀਆਂ ਹਨ ਤੇ ਹੋਰ ਦੀ ਮੰਗ ਜਾਰੀ ਹੈ। ਉਨ੍ਹਾਂ ਦੱਸਿਆ ਕਿ 11 ਜੂਨ ਨੂੰ ਹੋਣ ਵਾਲੇ ਇੱਕ ਵੱਡੇ ਇਕੱਠ ਦੌਰਾਨ ਸਾਰੀਆਂ ਕਾਪੀਆਂ ਵਾਪਸ ਲੈ ਕੇ ਪੰਜ ਮੈਂਬਰੀ ਕਮੇਟੀ ਕੋਲ ਜਮਾਂ ਕਰਾਈਆਂ ਜਾਣਗੀਆਂ। ਚੰਦੂਮਾਜਰਾ ਨੇ ਦਾਅਵਾ ਕੀਤਾ ਕਿ ਲੋਕਾਂ ਵਿੱਚ ਅਕਾਲੀ ਦਲ ਲਈ ਉਤਸ਼ਾਹ ਵਧ ਰਿਹਾ ਹੈ, ਕਿਉਂਕਿ ਉਨ੍ਹਾਂ ਨੂੰ ਲੱਗਦਾ ਹੈ ਕਿ ਪੰਜਾਬ ਦੇ ਹਿੱਤਾਂ ਦੀ ਪੈਰਵੀ ਸਿਰਫ਼ ਅਕਾਲੀ ਦਲ ਹੀ ਕਰ ਸਕਦਾ ਹੈ।

# ਹੋਲੀ ਹਾਰਟ ਸਕੂਲ 'ਚ ਮਾਪੇ-ਅਧਿਆਪਕ ਮਿਲਣੀ

**ਅਜੀਤਵਾਲ (ਨਛੱਤਰ ਸੰਧੂ)**- ਇਲਾਕੇ ਦੀ ਪ੍ਰਸਿੱਧ ਵਿੱਦਿਅਕ ਸੰਸਥਾ ਹੋਲੀ ਹਾਰਟ ਸਕੂਲ ਅਜੀਤਵਾਲ ਵਿਖੇ ਮਾਪੇ ਅਧਿਆਪਕ ਮਿਲਣੀ ਕਰਵਾਈ ਗਈ। ਜਿਸ ਵਿਚ ਨਰਸਰੀ ਜਮਾਤ ਤੋਂ ਲੈ ਕੇ ਬਾਰ੍ਹਵੀਂ ਜਮਾਤ ਮਾਪੇ ਅਧਿਆਪਕ ਮਿਲਣੀ ਕਰਵਾਈ ਗਈ।ਜਿਸ ਵਿੱਚ ਅਧਿਆਪਕਾਂ ਵੱਲੋਂ ਪੀਟੀ 1 ਦੇ ਪੇਪਰ ਮਾਪਿਆਂ ਨੂੰ ਦਿਖਾਏ ਗਏ ਅਤੇ ਨਾਲ ਹੀ ਕਲਾਸ ਵਿੱਚ ਲਗਾਤਾਰ ਹੋ ਰਹੇ ਟੈਸਟ ਵੀ ਮਾਪਿਆਂ ਨੂੰ ਦਿਖਾਏ ਗਏ।ਬੱਚਿਆਂ ਨੇ ਇਹਨਾਂ ਪੇਪਰਾਂ ਵਿੱਚੋਂ ਬਹੁਤ ਹੀ ਵਧੀਆ ਅੰਕ ਪ੍ਰਾਪਤ ਕੀਤੇ। ਇਸ ਮੌਕੇ ਸਕੂਲ ਚੇਅਰਮੈਨ ਸੁਭਾਸ਼ ਪਲਤਾ, ਡਾਇਰੈਕਟਰ ਅਮਿਤ ਪਲਤਾ, ਸ਼੍ਰੀਆ ਪਲਤਾ ਅਤੇ ਸਕੂਲ ਪ੍ਰਿੰਸੀਪਲ ਸ਼ਾਕਸ਼ੀ ਗੁਲਾਟੀਆਂ ਨੇ ਜੋ ਵਿਦਿਆਰਥੀਆਂ ਨੇ ਇਸ ਪ੍ਰੀਖਿਆ ਵਿੱਚ ਵਧੀਆ ਅੰਕ ਪ੍ਰਾਪਤ ਕੀਤੇ, ਉਹਨਾਂ ਦੇ ਮਾਪਿਆਂ ਨੂੰ ਵਧਾਈ ਦਿੱਤੀ।



# ਅੱਜ ਬਿਜਲੀ ਬੰਦ ਰਹੇਗੀ

**ਮੂਨਕ (ਰਾਜਪਾਲ ਸਿੰਗਲਾ)** ਨਜ਼ਦੀਕ ਪੈਂਦੇ ਪਿੰਡ ਬਲਰਾ ਬਿਜਲੀ ਗਰਿੱਡ ਵਿੱਚ ਚੱਲ ਰਹੇ ਕੰਮ ਨੂੰ ਲੈ ਕੇ ਸਾਰੇ ਫੀਡਰਾਂ ਦੀ ਸਪਲਾਈ ਲਗਭਗ 6 ਘੰਟੇ ਲਈ ਬੰਦ ਰਹੇਗੀ। ਇਸ ਸਬੰਧੀ ਪਾਵਰ ਕੰਮ ਦਫਤਰ ਮੂਨਕ ਦੇ ਐਸ ਡੀ ਓ ਜੋਧਾ ਰਾਮ ਨੇ ਪ੍ਰੈੱਸ ਨੂੰ ਜਾਣਕਾਰੀ ਦਿੰਦੇ ਹੋਏ ਕਿਹਾ ਕਿ 5 ਜੂਨ ਨੂੰ ਗਰਿੱਡ ਬਲਰਾ ਅੰਦਰ ਚੱਲ ਰਹੇ ਕੰਮ ਨੂੰ ਲੈ ਕੇ ਗਰਿੱਡ ਤੋਂ ਚੱਲਣ ਵਾਲੀਆਂ ਸਾਰੀਆਂ ਲਾਈਨਾਂ 5 ਜੂਨ ਨੂੰ ਸਵੇਰ 10 ਵਜੇ ਤੋਂ ਲੈ ਕੇ ਸ਼ਾਮ 4 ਵਜੇ ਤੱਕ ਬੰਦ ਰਹਿਣਗੀਆਂ। ਉਹਨਾਂ ਕਿਹਾ ਕਿ ਹੋਣ ਵਾਲੇ ਕੰਮ ਨੂੰ ਦੇਖਦੇ ਹੋਏ ਬਿਜਲੀ ਬੰਦ ਦੇ ਸਮਾਂ ਵੱਧ ਘੱਟ ਹੋ ਸਕਦਾ ਹੈ।

# '84 ਦੇ ਸ਼ਹੀਦਾਂ ਦੀ ਯਾਦ 'ਚ ਕੈਂਪ ਲਾਇਆ

**ਸੁਨਾਮ (ਅਸ਼ੋਕ ਬਾਂਸਲ, ਹਾਕਮ ਭੱਟੀ)** ਪਿੰਡ ਰਟੌਲਾਂ ਵਿਖੇ ਨੌਜਵਾਨ ਸਪੋਰਟ ਕਲੱਬ ਵੱਲੋਂ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਸਹਿਯੋਗ ਨਾਲ 84 ਦੇ ਸ਼ਹੀਦਾਂ ਦੀ ਯਾਦ ਵਿੱਚ ਅੱਖਾਂ ਦੀ ਜਾਂਚ ਤੇ ਫ੍ਰੀ ਅਪ੍ਰੇਸ਼ਨਾਂ ਲਈ ਕੈਂਪ ਲਾਇਆ ਗਿਆ।ਇਸ ਦਾ ਉਦਘਾਟਨ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਦੇ ਓ.ਐਸ.ਡੀ ਤਪਿੰਦਰ ਸਿੰਘ ਸੋਹੀ ਨੇ ਕੀਤਾ। ਕੈਂਪ ਵਿੱਚ ਸ਼ੰਕਰਾ ਆਈ ਕੇਅਰ ਹਸਪਤਾਲ ਲੁਧਿਆਣਾ ਦੇ ਡਾਕਟਰਾਂ ਦੀ ਟੀਮ ਨੇ ਮਰੀਜ਼ਾਂ ਦੀਆਂ ਅੱਖਾਂ ਦੀ ਜਾਂਚ ਕੀਤੀ ਤੇ ਅਪਰੇਸ਼ਨ ਹੋਣ ਵਾਲੇ ਮਰੀਜਾਂ ਨੂੰ ਸ਼ੰਕਰਾ ਆਈ ਹਸਪਤਾਲ ਲਈ ਲੁਧਿਆਣਾ ਰੈਫਰ ਕੀਤਾ।ਕੈਂਪ ਵਿੱਚ ਲਗਭਗ 200 ਮਰੀਜ਼ਾਂ ਦੀਆਂ ਅੱਖਾਂ ਦੀ ਜਾਂਚ ਕੀਤੀ ਗਈ ਤੇ ਲੋੜਵੰਦਾਂ ਦੇ ਅਪ੍ਰੇਸ਼ਨ ਕਰਾਏ ਗਏ।



# ਰਛਪਾਲ ਸਿੰਘ ਗਿੱਲ ਦੇ ਦੇਹਾਂਤ 'ਤੇ ਦੁੱਖ ਦਾ ਪ੍ਰਗਟਾਵਾ

**ਲੁਧਿਆਣਾ (ਪੱਤਰ ਪ੍ਰੇਰਕ)** ਪੰਜਾਬੀ ਸਾਹਿਤ ਅਕਾਡਮੀ ਦੇ ਸਮੂਹ ਮੈਂਬਰਾਂ ਅਤੇ ਅਹੁਦੇਦਾਰਾਂ ਵੱਲੋਂ ਭਾਸ਼ਾ ਵਿਭਾਗ ਪੰਜਾਬ ਦੇ ਸਾਬਕਾ ਨਿਰਦੇਸ਼ਕ ਰਛਪਾਲ ਸਿੰਘ ਗਿੱਲ ਦੇ ਦੇਹਾਂਤ 'ਤੇ ਗਹਿਰੇ ਦੁੱਖ ਦਾ ਪ੍ਰਗਟਾਵਾ ਕੀਤਾ ਹੈ।ਅਫ਼ਸੋਸ ਪ੍ਰਗਟ ਕਰਦਿਆਂ ਪ੍ਰਧਾਨ ਡਾ. ਸਰਬਜੀਤ ਸਿੰਘ ਨੇ ਕਿਹਾ ਕਿ ਰਛਪਾਲ ਸਿੰਘ ਬੜੇ ਮਿਲਾਪੜੇ, ਮਿੱਠ ਬੋਲੜੇ ਅਤੇ ਮਿਲਣਸਾਰ ਸੱਜਣ ਸਨ।ਮੀਤ ਪ੍ਰਧਾਨ ਡਾ. ਪਾਲ ਕੌਰ ਨੇ ਕਿਹਾ ਕਿ ਰਛਪਾਲ ਸਿੰਘ ਵੱਲੋਂ ਪੰਜਾਬੀ ਭਾਸ਼ਾ ਤੇ ਸਾਹਿਤ ਲਈ ਕੀਤਾ ਕੰਮ ਹਮੇਸ਼ਾ ਯਾਦ ਕੀਤਾ ਜਾਵੇਗਾ। ਜਨਰਲ ਸਕੱਤਰ ਡਾ. ਗੁਲਜ਼ਾਰ ਸਿੰਘ ਪੰਧੇਰ ਨੇ ਕਿਹਾ ਕਿ ਰਛਪਾਲ ਸਿੰਘ ਦੇ ਸਮੇਂ ਭਾਸ਼ਾ ਵਿਭਾਗ ਵਲੋਂ ਤਿਆਰ ਕੀਤੇ ਸ਼ਬਦ ਕੋਸ਼ ਦੀਆਂ 15 ਜਿਲਦਾਂ ਦਾ ਵੱਡਾ ਕਾਰਜ ਨੇਪਰੇ ਚੜ੍ਹਿਆ।ਅਫ਼ਸੋਸ ਦਾ ਪ੍ਰਗਟਾਵਾ ਕਰਨ ਵਾਲਿਆਂ ਵਿੱਚ ਡਾ. ਸੁਖਦੇਵ ਸਿੰਘ ਸਿਰਸਾ, ਪ੍ਰੋ. ਗੁਰਭਜਨ ਸਿੰਘ ਗਿੱਲ, ਪ੍ਰੋ. ਰਵਿੰਦਰ ਭੱਠਲ, ਡਾ. ਲਖਵਿੰਦਰ ਜੌਹਲ, ਡਾ. ਅਨੂਪ ਸਿੰਘ, ਸੁਰਿੰਦਰ ਕੈਲੇ, ਡਾ. ਜੋਗਿੰਦਰ ਸਿੰਘ ਨਿਰਾਲਾ, ਬਲਬੀਰ ਮਾਧੋਪੁਰੀ, ਡਾ. ਗੁਰਇਕਬਾਲ ਸਿੰਘ, ਡਾ. ਅਰਵਿੰਦਰ ਕੌਰ ਕਾਕੜਾ, ਡਾ. ਗੁਰਚਰਨ ਕੌਰ ਕੋਚਰ, ਡਾ. ਹਰਵਿੰਦਰ ਸਿੰਘ, ਤ੍ਰੈਲੋਚਨ ਲੋਚੀ, ਜਸਪਾਲ ਮਾਨਖੇੜਾ, ਜਨਮੇਜਾ ਸਿੰਘ ਜੌਹਲ, ਜਸਵੀਰ ਝੱਜ, ਡਾ. ਹਰੀ ਸਿੰਘ ਜਾਚਕ, ਸਹਿਜਪ੍ਰੀਤ ਸਿੰਘ ਮਾਂਗਟ, ਸ਼ਬਦੀਸ਼, ਸੰਜੀਵਨ ਸਿੰਘ, ਨਰਿੰਦਰਪਾਲ ਕੌਰ, ਵਾਹਿਦ (ਸਤਿਨਾਮ ਸਿੰਘ), ਸੰਤੋਖ ਸਿੰਘ ਸੁੱਖੀ, ਡਾ. ਹਰਜਿੰਦਰ ਸਿੰਘ, ਕੰਵਰਜੀਤ ਭੱਠਲ, ਪ੍ਰੋ. ਸਰਘੀ, ਪ੍ਰੇਮ ਸਾਹਿਲ, ਪ੍ਰੋ. ਬਲਵਿੰਦਰ ਸਿੰਘ ਚਹਿਲ, ਕਰਮਜੀਤ ਸਿੰਘ ਗਰੇਵਾਲ ਤੇ ਵਰਗਿਸ ਸਲਾਮਤ ਸਮੇਤ ਸਮੂਹ ਮੈਂਬਰ ਸ਼ਾਮਲ ਹਨ।

# ਪੀ ਜੀ ਆਈ ਦਾ ਖੇਡ ਮੇਲਾ ਗਲੇਡੀਅਸ 4.0 ਸਫ਼ਲਤਾਪੂਰਵਕ ਸੰਪੰਨ

**ਸਮਰਾਲਾ (ਸੁਰਜੀਤ ਸਿੰਘ)** ਪੀ.ਜੀ.ਆਈ. ਚੰਡੀਗੜ੍ਹ ਵੱਲੋਂ ਆਯੋਜਤ ਇੰਟਰ-ਡਿਪਾਰਟਮੈਂਟਲ ਖੇਡ ਮੇਲਾ ਗਲੇਡੀਅਸ 4.0 ਸਫ਼ਲਤਾ ਦਾ ਇਤਿਹਾਸ ਸਿਰਜਦਾ ਹੋਇਆ ਸਪੰਨ ਹੋ ਗਿਆ।ਕਈ ਦਿਨਾਂ ਤੱਕ ਚੱਲੇ ਇਸ ਮੇਲੇ ਵਿੱਚ 600 ਤੋਂ ਵੱਧ ਜਜ਼ਬੇ ਨਾਲ ਲਬਰੇਜ਼ ਰੈਜ਼ੀਡੈਂਟ ਡਾਕਟਰਾਂ ਅਤੇ ਸਟਾਫ ਨੇ 13 ਵੱਖ-ਵੱਖ ਖੇਡ ਮੁਕਾਬਲਿਆਂ ਵਿੱਚ ਭਾਗ ਲਿਆ।ਖੇਡ ਮੇਲਾ ਰੰਗਾ ਰੰਗ ਸੱਭਿਆਚਾਰਕ ਸ਼ਾਮ ਤੇ ਇਨਾਮ ਵੰਡ ਸਮਾਰੋਹ ਨਾਲ ਖ਼ਤਮ ਹੋਇਆ, ਜਿਸ ਵਿੱਚ ਮੁੱਖ ਮਹਿਮਾਨ ਮੇਜਰ ਡੀ.ਪੀ. ਸਿੰਘ ਅਤੇ ਪ੍ਰੋ. ਵਿਵੇਕ ਲਾਲ, ਡਾਇਰੈਕਟਰ ਪੀ ਜੀ ਆਈ ਚੰਡੀਗੜ੍ਹ ਨੇ ਸ਼ਿਰਕਤ ਕੀਤੀ।ਪੀ ਜੀ ਆਈ ਦੇ ਇਤਿਹਾਸ ਵਿੱਚ ਪਹਿਲੀ ਵਾਰ ਗਲੇਡੀਅਸ ਨੇ ਈ-ਗੇਮਿੰਗ ਨੂੰ ਵੀ ਖੇਡਾਂ ਵਿੱਚ ਸ਼ਾਮਿਲ ਕਰਕੇ ਨਵਾਂ ਇਤਿਹਾਸ ਰਚਿਆ, ਜੋ ਇਸ ਸਿਹਤ ਸੰਸਥਾ ਦੇ ਸਮਰਪਣ, ਨਵੀਨਤਾ ਤੇ ਮੈਡੀਕਲ ਕਮਿਊਨਟੀ ਦੇ ਬਦਲਦੇ ਰੁਝਾਨਾਂ ਨਾਲ ਕਦਮ ਵਧਾਉਣ ਦਾ ਸਬੂਤ ਸੀ।ਕਾਰਗਿਲ ਯੋਧਾ ਤੇ ਮੋਟਿਵੈਸ਼ਨਲ ਸਪੀਕਰ ਮੁੱਖ ਮਹਿਮਾਨ ਮੇਜਰ ਡੀ ਪੀ ਸਿੰਘ ਨੇ ਕਿਹਾ ਕਿ ਗਲੇਡੀਅਸ 4.0 ਸਿਰਫ਼ ਇਕ ਇਵੈਂਟ ਨਹੀਂ, ਇਹ ਇਕ ਅੰਦੋਲਨ ਹੈ। ਉਨ੍ਹਾਂ ਕਿਹਾ ਕਿ ਇਨ੍ਹਾਂ ਇਵੈਂਟਾਂ ਰਾਹੀਂ ਸਿਰਫ਼ ਸਰੀਰਕ ਮਜ਼ਬੂਤੀ ਹੀ ਨਹੀਂ, ਸਗੋਂ ਮਾਨਸਿਕ ਸਿਹਤ ਅਤੇ ਭਾਈਚਾਰਕ ਸਾਂਝ ਵੀ ਮਜ਼ਬੂਤ ਹੁੰਦੇ ਹਨ, ਜੋ ਮੈਡੀਕਲ ਪ੍ਰੋਫੈਸ਼ਨਲ ਅਤੇ ਜੀਵਨ ਦੋਹਾਂ ਲਈ ਲਾਜ਼ਮੀ ਹਨ।ਉਨ੍ਹਾਂ ਕਿਹਾ ਕਿ ਜਦ ਤੁਸੀਂ ਆਪਣੇ ਸਰੀਰ ਦੀ ਹੱਦ ਤੱਕ ਮਿਹਨਤ ਕਰਦੇ ਹੋ, ਤਾਂ ਦਿਮਾਗ ਡੋਪਾਮਿਨ ਨਾਂਅ ਦਾ ਰਸਾਇਣ ਛੱਡਦਾ ਹੈ, ਜੋ ਮਨੁੱਖ ਦੀ ਕੁਦਰਤੀ ਖ਼ੁਸ਼ੀ ਵਾਲੀ ਹਾਰਮੋਨ ਹੁੰਦੀ ਹੈ।ਉਨ੍ਹਾਂ ਕਿਹਾ ਕਿ ਉਮੀਦ ਹੈ ਕਿ ਗਲੇਡੀਅਸ 5.0 ਇਸ ਤੋਂ ਵੀ ਵੱਡਾ ਇਤਿਹਾਸ ਸਿਰਜੇਗਾ। ਪ੍ਰੋ. ਵਿਵੇਕ ਲਾਲ ਡਾਇਰੈਕਟਰ ਪੀ ਜੀ ਆਈ ਚੰਡੀਗੜ੍ਹ ਨੇ ਕਿਹਾ ਕਿ ਸਾਈਕਲਿੰਗ, ਦੌੜ ਤੇ ਹੁਣ ਈ-ਗੇਮਿੰਗ ਗਲੇਡੀਅਸ ਦੀ ਵਿਕਾਸ ਯਾਤਰਾ ਪੀ ਜੀ ਆਈ ਦੀ ਆਧੁਨਿਕ ਸੋਚ ਨੂੰ ਦਰਸਾਉਂਦੀ ਹੈ।



# ਸਿਹਤ ਵਿਭਾਗ ਵਿਸ਼ਵ ਹਾਈਪਰਟੈਨਸ਼ਨ ਦਿਵਸ ਮਨਾ ਰਿਹਾ : ਸੁਸ਼ੀਲ ਕੁਮਾਰ

**ਫ਼ਾਜ਼ਿਲਕਾ (ਨਿਸ਼ਾ ਸ਼ਰਮਾ)** ਸਿਹਤ ਤੇ ਪਰਿਵਾਰ ਭਲਾਈ ਮੰਤਰੀ ਡਾ. ਬਲਬੀਰ ਸਿੰਘ ਦੇ ਨਿਰਦੇਸ਼ਾਂ ਅਨੁਸਾਰ ਸਿਵਲ ਸਰਜਨ ਡਾ. ਰਾਜ ਕੁਮਾਰ, ਸਹਾਇਕ ਸਿਵਲ ਸਰਜਨ ਡਾ. ਰੋਹਿਤ ਗੋਇਲ ਤੇ ਡਾ. ਕਵਿਤਾ ਸਿੰਘ ਦੀ ਅਗਵਾਈ ਹੇਠ ਤੇ ਸੀਨੀਅਰ ਮੈਡੀਕਲ ਅਫਸਰ ਡਾ. ਵਿਕਾਸ ਗਾਂਧੀ ਦੀ ਨਿਗਰਾਨੀ ਹੇਠ ਵਿਸ਼ਵ ਹਾਈਪਰਟੈਨਸ਼ਨ ਦਿਵਸ ਤਹਿਤ, ਇਸ ਸਾਲ ਬਲਾਕ ਵਿੱਚ ਆਪਣੇ ਬਲੱਡ ਪ੍ਰੈਸ਼ਰ ਨੂੰ ਸਹੀ ਢੰਗ ਨਾਲ ਮਾਪੋ, ਇਸ ਨੂੰ ਕੰਟਰੋਲ ਕਰੋ ਦੇ ਥੀਮ ਹੇਠ ਜਾਗਰੂਕਤਾ ਪ੍ਰੋਗਰਾਮ ਰੋਜ਼ਾਨਾ ਆਯੋਜਤ ਕੀਤੇ ਜਾ ਰਹੇ ਹਨ।ਇਸ ਲੜੀ ਤਹਿਤ ਵਿਦਿਆਰਥੀਆਂ ਵਿੱਚ ਸਿਹਤ ਜਾਗਰੂਕਤਾ ਫੈਲਾਉਣ ਲਈ ਜੈਨ ਨਰਸਿੰਗ ਕਾਲਜ ਉਸਮਾਨ ਖੇੜਾ ਵਿੱਚ 'ਹਾਈਪਰਟੈਨਸ਼ਨ' 'ਤੇ ਇੱਕ ਕੁਇਜ਼ ਪ੍ਰੋਗਰਾਮ ਦਾ ਆਯੋਜਨ ਕੀਤਾ ਗਿਆ।ਪ੍ਰੋਗਰਾਮ ਦਾ ਉਦੇਸ਼ ਵਿਦਿਆਰਥੀਆਂ ਨੂੰ ਸਿਹਤ ਸੰਬੰਧੀ ਗਿਆਨ ਦੇਣਾ ਤੇ ਸਮਾਜ ਵਿੱਚ ਜਾਗਰੂਕਤਾ ਫੈਲਾਉਣਾ ਸੀ। ਬਲਾਕ ਮਾਸ ਮੀਡੀਆ ਇੰਚਾਰਜ ਸੁਸ਼ੀਲ ਕੁਮਾਰ ਨੇ ਦੱਸਿਆ ਕਿ ਜੈਨ ਨਰਸਿੰਗ ਕਾਲਜ ਵਿਖੇ ਵਿਸ਼ਵ ਹਾਈਪਰਟੈਨਸ਼ਨ ਦਿਵਸ ਦੇ ਮੌਕੇ 'ਤੇ ਇੱਕ ਵਿਸ਼ੇਸ਼ ਕੁਇਜ਼ ਪ੍ਰੋਗਰਾਮ ਦਾ ਆਯੋਜਨ ਕੀਤਾ ਗਿਆ।ਇਹ ਪ੍ਰੋਗਰਾਮ ਸਿਹਤ ਵਿਭਾਗ ਦੇ ਸਹਿਯੋਗ ਨਾਲ ਆਯੋਜਿਤ ਕੀਤਾ ਗਿਆ ਸੀ, ਜਿਸ ਦਾ ਮੁੱਖ ਉਦੇਸ਼ ਨੌਜਵਾਨਾਂ ਅਤੇ ਭਵਿੱਖ ਦੇ ਸਿਹਤ ਕ੍ਰਮਚਾਰੀਆਂ ਨੂੰ ਹਾਈ ਬਲੱਡ ਪ੍ਰੈਸ਼ਰ (ਹਾਈਪਰਟੈਨਸ਼ਨ) ਨਾਲ ਸਬੰਧਤ ਜਾਣਕਾਰੀ ਪ੍ਰਦਾਨ ਕਰਨਾ ਤੇ ਉਨ੍ਹਾਂ ਵਿੱਚ ਜਾਗਰੂਕਤਾ ਵਧਾਉਣਾ ਸੀ। ਪ੍ਰੋਗਰਾਮ ਦੀ ਸ਼ੁਰੂਆਤ ਦੀਵੇ ਜਗਾਉਣ ਤੇ ਸਰਸਵਤੀ ਵੰਦਨਾ ਨਾਲ ਹੋਈ।ਇਸ ਤੋਂ ਬਾਅਦ ਕਾਲਜ ਡਾਇਰੈਕਟਰ ਅੰਕਿਤ ਜੈਨ ਤੇ ਐਚਓਡੀ ਰੇਖਾ ਨੇ ਹਾਈਪਰਟੈਨਸ਼ਨ ਦੀ ਵਧਦੀ ਸਮੱਸਿਆ 'ਤੇ ਚਾਨਣਾ ਪਾਇਆ ਅਤੇ ਇਸਦੀ ਰੋਕਥਾਮ ਲਈ ਸੰਤੁਲਿਤ ਖੁਰਾਕ, ਨਿਯਮਤ ਕਸਰਤ ਅਤੇ ਸਮੇਂ-ਸਮੇਂ 'ਤੇ ਜਾਂਚ ਦੀ ਜ਼ਰੂਰਤ 'ਤੇ ਜ਼ੋਰ ਦਿੱਤਾ।

# ਵਾਤਾਵਰਣ ਬਚਾਉਣ ਲਈ ਪੌਦੇ ਲਾਏ ਗਏ

**ਸ੍ਰੀ ਮੁਕਤਸਰ ਸਾਹਿਬ/ਮਲੋਟ (ਸ਼ਮਿੰਦਰ ਪਾਲ/ਓਮ ਪ੍ਰਕਾਸ਼ ਸੇਖੂ/ਪੂਜਾ)** ਕਚਹਿਰੀ ਕੰਪਲੈਕਸ ਤੇ ਮਹਾਰਾਜਾ ਰਣਜੀਤ ਸਿੰਘ ਕਾਲਜ ਵਿਖੇ ਸ੍ਰੀ ਹਿਮਾਂਸ਼ੂ ਅਰੋੜਾ, ਸਿਵਲ ਜੱਜ (ਸੀਨੀਅਰ ਡਿਵੀਜਨ) ਵੱਲੋਂ ਵੱਖ-ਵੱਖ ਤਰ੍ਹਾਂ ਦੇ ਫਲਦਾਰ ਪੌਦੇ ਲਾਏ ਗਏ। ਸਕੱਤਰ ਨੇ ਦੱਸਿਆ ਕਿ ਚੰਗੇ ਤੇ ਸ਼ਾਂਤ ਵਾਤਾਵਰਣ ਵਿੱਚ ਚੰਗੀ ਸ਼ਖਸੀਅਤ ਦਾ ਵਿਕਾਸ ਪੈਦਾ ਹੁੰਦਾ ਹੈ।ਪ੍ਰਦੂਸ਼ਣ ਦੀ ਸਮੱਸਿਆ ਦੇ ਹੱਲ ਲਈ 1952 ਵਿਚ ਸੰਯੁਕਤ ਰਾਸ਼ਟਰ ਸੰਘ ਨੇ ਸਟਾਕਹੋਮ (ਸਵੀਡਨ) ਵਿੱਚ ਦੁਨੀਆ ਦਾ ਪਹਿਲਾ ਵਾਤਾਵਰਣ ਸੰਮੇਲਨ ਆਯੋਜਤ ਕੀਤਾ ਸੀ।ਸਕੱਤਰ ਨੇ ਦੱਸਿਆ ਗਿਆ ਕਿ ਦਰੱਖਤਾਂ ਦੀ ਕਟਾਈ ਕਾਰਨ ਸਾਨੂੰ ਮੀਂਹ ਦੀ ਘਾਟ ਤੇ ਤਾਪਮਾਨ ਵਿੱਚ ਵਾਧੇ ਵਰਗੀਆਂ ਸਮੱਸਿਆਵਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ, ਜਿਸ ਦੇ ਮੱਦੇਨਜ਼ਰ ਸਾਨੂੰ ਵੱਧ ਤੋਂ ਵੱਧ ਰੁੱਖ ਲਾ ਕੇ ਵਾਤਾਵਰਣ ਨੂੰ ਬਚਾਉਣ ਦਾ ਫ਼ਰਜ਼ ਬਣਦਾ ਹੈ।ਉਨ੍ਹਾਂ ਕਿਹਾ ਕਿ ਵਾਤਾਵਰਣ ਜਿਸ ਦਾ ਜੰਗਲਾਂ, ਪਹਾੜਾਂ ਤੇ ਸਮੁੰਦਰਾਂ ਵਿੱਚ ਮਨੁੱਖੀ ਗਤੀਵਿਧੀਆਂ ਕਾਰਨ ਨੁਕਸਾਨ ਹੋ ਰਿਹਾ ਹੈ, ਨੂੰ ਪੁਨਰਜੀਵਤ ਕਰਨ ਦਾ ਫ਼ਰਜ਼ ਵੀ ਮਨੁੱਖ ਦਾ ਹੀ ਹੈ।ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਅਸੀਂ ਪ੍ਰਦੂਸ਼ਣ ਨੂੰ ਘਟਾ ਕੇ ਨਵੇਂ ਉਪਾਵਾਂ ਨੂੰ ਅਪਨਾ ਕੇ ਅਸੀਂ ਵਾਤਾਵਰਣ ਪ੍ਰਣਾਲੀ ਨੂੰ ਬਹਾਲ ਕਰਨ ਵਿੱਚ ਵੱਡਾ ਯੋਗਦਾਨ ਪਾ ਸਕਦੇ ਹਾਂ।ਅਸੀਂ ਸਾਰੇ ਹੀ ਘੱਟੋ-ਘੱਟ ਆਪਣੇ-ਆਪਣੇ ਜਨਮ ਦਿਹਾੜੇ 'ਤੇ ਘੱਟੋ ਘੱਟ ਇੱਕ ਰੁੱਖ ਲਾਈਏ ਤਾਂ ਜੁ ਖੁਸ਼ੀ ਦੇ ਮੌਕੇ ਨੂੰ ਸੁਚੱਜੇ ਤੇ ਸੁਚਾਰੂ ਰੂਪ ਵਿੱਚ ਮਨਾਇਆ ਜਾ ਸਕੇ।



# ਨਸ਼ਾ ਮੁਕਤੀ ਯਾਤਰਾ ਨੂੰ ਲੰਬੀ ਹਲਕੇ ਦੇ ਪਿੰਡਾਂ 'ਚ ਮਿਲ ਰਿਹਾ ਭਰਵਾਂ ਹੁੰਗਾਰਾ : ਖੁੱਡੀਆਂ

**ਲੰਬੀ/ਗਿੱਦੜਬਾਹਾ (ਜਸਵੰਤ ਗਿੱਲ ਛੱਤਿਆਣਾ)**- ਪੰਜਾਬ ਸਰਕਾਰ ਵੱਲੋਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ




ਹੇਠ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਅਧੀਨ ਸੂਬੇ ਵਿੱਚ ਸ਼ੁਰੂ ਕੀਤੀ ਨਸ਼ਾ ਮੁਕਤੀ ਯਾਤਰਾ ਤਹਿਤ ਵਿਧਾਨ ਸਭਾ ਲੰਬੀ ਦੇ ਪਿੰਡ ਪੰਜਾਵਾ ਅਤੇ ਕੱਖਾਂਵਾਲੀ ਵਿਖੇ ਯੂਥ ਆਗੂ ਅਮੀਤ ਖੁੱਡੀਆਂ ਦੀ ਅਗਵਾਈ ਹੇਠ ਨਸ਼ਿਆਂ ਦੇ ਮਾੜੇ ਪ੍ਰਭਾਵਾਂ ਤੋਂ ਜਾਣੂ ਕਰਵਾਉਣ ਲਈ ਜਾਗਰੂਕਤਾ ਸਮਾਗਮਾਂ ਕਰਵਾਏ ਗਏ।ਇਸ ਮੌਕੇ ਸੰਬੋਧਨ ਕਰਦਿਆਂ ਅਮੀਤ ਖੁੱਡੀਆਂ ਨੇ ਕਿਹਾ ਕਿ ਨਸ਼ਿਆਂ ਦੇ ਖ਼ਾਤਮੇ ਲਈ ਸੂਬਾ ਸਰਕਾਰ ਵੱਲੋਂ ਸ਼ੁਰੂ ਕੀਤੀ ਨਸ਼ਾ ਮੁਕਤੀ ਯਾਤਰਾ ਨੂੰ ਪਿੰਡਾਂ ਵਿੱਚ ਭਰਵਾਂ ਹੁੰਗਾਰਾ ਮਿਲ ਰਿਹਾ ਹੈ। ਉਹਨਾਂ ਕਿਹਾ ਕਿ ਹੁਣ ਉਹ ਦਿਨ ਦੂਰ ਨਹੀਂ ਜਦੋਂ ਸੂਬੇ ਵਿੱਚੋਂ ਨਸ਼ਿਆਂ ਦਾ ਮੁਕੰਮਲ ਤੌਰ ਉੱਤੇ ਖ਼ਾਤਮਾ ਹੋ ਜਾਵੇਗਾ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਨਸ਼ਿਆਂ ਦੇ ਖ਼ਿਲਾਫ਼ ਜੰਗ ਨੂੰ ਪੂਰੀ ਗੰਭੀਰਤਾ ਨਾਲ ਲੜ ਰਹੀ ਹੈ ਅਤੇ ਇਸ ਦੇ ਲਈ ਜ਼ਮੀਨੀ ਪੱਧਰ 'ਤੇ ਜਾਗਰੂਕਤਾ ਫੈਲਾਉਣਾ ਬਹੁਤ ਜ਼ਰੂਰੀ ਹੈ।ਇਸ ਦੌਰਾਨ ਉਹਨਾਂ ਪਿੰਡ ਪੱਧਰੀ ਡਿਫੈਂਸ ਕਮੇਟੀਆਂ ਦੇ ਮੈਂਬਰਾਂ ਨੂੰ ਕਿਹਾ ਕਿ ਸੂਬੇ ਵਿੱਚੋਂ ਨਸ਼ਿਆਂ ਦੇ ਖ਼ਾਤਮੇ ਲਈ ਸਰਕਾਰ ਵੱਲੋਂ ਕੀਤੇ ਜਾ ਰਹੇ ਉਪਰਾਲਿਆਂ ਵਿੱਚ ਵੱਧ ਤੋਂ ਵੱਧ ਸਹਿਯੋਗ ਦਿੱਤਾ ਜਾਵੇ ਅਤੇ ਪਿੰਡ ਵਾਸੀਆਂ ਨੂੰ ਨਿਰੰਤਰ ਨਸ਼ਿਆਂ ਵਿਰੁੱਧ ਲੜੀ ਜਾ ਰਹੀ ਜੰਗ ਵਿੱਚ ਇੱਕਜੁੱਟ ਹੋ ਕੇ ਸਰਕਾਰ ਦਾ ਸਹਿਯੋਗ ਦੇਣ ਲਈ ਪ੍ਰੇਰਤ ਕੀਤਾ ਜਾਵੇ।ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਨਸ਼ਿਆਂ ਦੇ ਆਦੀ ਵਿਅਕਤੀਆਂ ਦਾ ਨਸ਼ਾ ਛੁਡਵਾਉਣ ਲਈ ਉਨ੍ਹਾਂ ਨੂੰ ਸਰਕਾਰੀ ਨਸ਼ਾ ਛੁਡਾਊ ਕੇਂਦਰਾਂ ਵਿੱਚ ਲਿਆਂਦਾ ਜਾਵੇ। ਉਨ੍ਹਾਂ ਕਿਹਾ ਕਿ ਨਸ਼ੇ ਦੇ ਸੌਦਾਗਰਾਂ ਨੂੰ ਹੁਣ ਕਿਸੇ ਦੀ ਵੀ ਸਿਆਸੀ ਸ਼ਹਿ ਪ੍ਰਾਪਤ ਨਹੀਂ ਹੈ।ਉਨ੍ਹਾਂ ਕਿਹਾ ਕਿ ਰਾਜ ਸਰਕਾਰ ਨਸ਼ਿਆਂ ਖਿਲਾਫ਼ ਇਹ ਫ਼ੈਸਲਾਕੁਨ ਯੁੱਧ ਲੋਕਾਂ ਦੇ ਸਹਿਯੋਗ ਨਾਲ ਜ਼ਰੂਰ ਜਿੱਤੇਗੀ।ਇਸ ਮੌਕੇ ਉਨ੍ਹਾਂ ਪਿੰਡ ਵਾਸੀਆਂ, ਖ਼ਾਸਕਰ ਨੌਜਵਾਨਾਂ ਨੂੰ ਅਪੀਲ ਕੀਤੀ ਕਿ ਉਹ ਨਸ਼ਿਆਂ ਤੋਂ ਦੂਰ ਰਹਿਣ ਅਤੇ ਸਮਾਜ ਨੂੰ ਵੀ ਇਸ ਬੁਰਾਈ ਤੋਂ ਮੁਕਤ ਕਰਵਾਉਣ ਵਿੱਚ ਸਰਗਰਮ ਭੂਮਿਕਾ ਨਿਭਾਉਣ। ਇਸ ਮੌਕੇ ਲੰਬੀ ਮੋਰਚੇ ਦੇ ਇੰਚਾਰਜ ਪਰਮਪਾਲ ਸਿੰਘ ਤੋਂ ਇਲਾਵਾ ਪਿੰਡ ਪੱਧਰੀ ਰੱਖਿਆ ਕਮੇਟੀਆਂ ਦੇ ਮੈਂਬਰ, ਪੰਚ-ਸਰਪੰਚ ਅਤੇ ਵੱਡੀ ਗਿਣਤੀ ਵਿੱਚ ਲੋਕ ਹਾਜ਼ਰ ਸਨ।

# ਸੀ ਆਰ ਐੱਮ ਸਕੀਮ ਅਧੀਨ ਖੇਤੀ ਮਸ਼ੀਨਰੀ/ਸੰਦਾਂ ਦਾ ਕੱਢਿਆ ਡਰਾਅ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ)**- ਸੀ.ਆਰ.ਐਮ. (ਕਰਾਪ ਰੈਜ਼ਡਿਊ ਮੈਨੇਜ਼ਮੈਂਟ) ਸਕੀਮ ਸਾਲ 2025-26 ਅਧੀਨ ਪਰਾਲੀ ਦੇ ਪ੍ਰਬੰਧਨ ਲਈ ਕਿਸਾਨਾਂ ਵੱਲੋਂ ਖੇਤੀ ਮਸ਼ੀਨਰੀ ਉਤਪਾਦਨ 'ਤੇ ਲੈਣ ਲਈ ਆਨਲਾਈਨ ਦਰਖਾਸਤਾਂ ਅਪਲਾਈ ਕੀਤੀਆਂ ਗਈਆਂ ਸਨ।ਇਨ੍ਹਾਂ ਅਪਲਾਈ ਦਰਖਾਸਤਾਂ ਦਾ 4 ਵਾਰ ਕੰਪਿਊਟਰਾਈਜ਼ਡ ਰੈਡੋਮਾਈਜੇਸ਼ਨ ਸਿਸਟਮ ਰਾਹੀਂ ਵਧੀਕ ਡਿਪਟੀ ਕਮਿਸ਼ਨਰ (ਜ) ਗੁਰਪ੍ਰੀਤ ਸਿੰਘ ਥਿੰਦ ਦੀ ਪ੍ਰਧਾਨਗੀ ਹੇਠ ਸਮੂਹ ਕਮੇਟੀ ਮੈਂਬਰਾਂ ਦੀ ਮੌਜੂਦਗੀ ਵਿੱਚ ਪਾਰਦਰਸ਼ੀ ਢੰਗ ਨਾਲ ਡਰਾਅ ਕੱਢਿਆ ਗਿਆ।ਵਧੀਕ ਡਿਪਟੀ ਕਮਿਸ਼ਨਰ ਵੱਲੋਂ ਕਿਸਾਨਾਂ ਨੂੰ ਸੁਝਾਅ ਦਿੱਤੇ ਗਏ ਕਿ ਇਨ੍ਹਾਂ ਮਸ਼ੀਨਾਂ ਦੀ ਵੱਧ ਤੋਂ ਵੱਧ ਵਰਤੋਂ ਕੀਤੀ ਜਾਵੇ ਅਤੇ ਖੇਤੀਬਾੜੀ ਵਿਭਾਗ ਵੱਲੋਂ ਮਸ਼ੀਨਾਂ ਕਿਰਾਏ 'ਤੇ ਵੀ ਮੁਹੱਈਆ ਕਰਾਈਆ ਜਾ ਰਹੀਆਂ ਹਨ ਤਾਂ ਜੁ ਅੱਗ ਲੱਗਣ ਦੀ ਘਟਨਾਵਾ ਨੂੰ ਠੱਲ ਪਾਈ ਜਾ ਸਕੇ ਤੇ ਵਾਤਾਵਰਣ ਨੂੰ ਦੂਸ਼ਿਤ ਹੋਣ ਤੋਂ ਬਚਾਇਆ ਜਾ ਸਕੇ। ਸਹਾਇਕ ਖੇਤੀਬਾੜੀ ਇੰਜਨੀਅਰ (ਸੰਦ) ਕੁਲਦੀਪ ਸਿੰਘ ਵੱਲੋਂ ਕਿਸਾਨਾਂ ਨੂੰ ਦੱਸਿਆ ਗਿਆ ਕਿ ਐਗਰੀ ਮਸ਼ੀਨਰੀ ਪੋਰਟਲ ਰਾਹੀ ਕਿਸਾਨਾਂ ਨੂੰ ਸੈਕਸ਼ਨ ਪੱਤਰ ਜਾਰੀ ਕਰ ਦਿੱਤੇ ਜਾਣਗੇ ਤੇ ਨਾਲ ਹੀ ਅਪੀਲ ਕੀਤੀ ਗਈ ਗਈ ਕਿ ਸ਼ੈਕਸ਼ਨ ਮਸ਼ੀਨਾਂ ਦੀ ਜਲਦ ਤੋਂ ਜਲਦ ਖਰੀਦ ਕਰ ਲਈ ਜਾਵੇ।ਇਸ ਸਕੀਮ ਸਬੰਧੀ ਵਧੇਰੇ ਜਾਣਕਾਰੀ ਲੈਣ ਲਈ ਜ਼ਿਲ੍ਹਾ ਸ੍ਰੀ ਮੁਕਤਸਰ ਸਾਹਿਬ ਦੇ ਖੇਤੀਬਾੜੀ ਦਫ਼ਤਰ ਵਿਖੇ ਸੰਪਰਕ ਕਰ ਸਕਦੇ ਹਨ।ਉਨ੍ਹਾਂ ਵੱਲੋਂ ਅਪਲਾਈ ਹੋਈਆਂ ਦਰਖਾਸਤਾਂ ਬਾਰੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਵਿਅਕਤਗਤ ਸ੍ਰੇਣੀ (50 ਪ੍ਰਤੀਸ਼ਤ ਸਬਸਿਡੀ) ਲਈ ਜ਼ਿਲ੍ਹੇ ਵਿੱਚ ਮਸ਼ੀਨਾਂ ਦਾ ਕੁੱਲ ਟੀਚਾ 250 ਸੀ, ਜਿਸ ਵਿੱਚੋਂ 32 ਪ੍ਰਤੀਸ਼ਤ ਅਨੁਸੂਚਿਤ ਜਾਤੀ ਸ੍ਰੇਣੀ ਲਈ ਰਾਖਵਾਂ ਹੈ, ਜਨਰਲ ਸ੍ਰੇਣੀ ਲਈ ਸੀਨੀਅਰਤਾ ਸੂਚੀ ਦੇ ਆਧਾਰ 'ਤੇ ਲਿਸਟ ਤਿਆਰ ਕੀਤੀ ਗਈ ਹੈ ਤੇ ਇਨ੍ਹਾਂ ਲਈ ਕੁੱਲ 753 ਦਰਖਾਸਤਾਂ ਪ੍ਰਾਪਤ ਹੋਈਆਂ ਹਨ ਤੇ ਜਿਨ੍ਹਾਂ ਕਿਸਾਨਾਂ ਕੋਲ ਟਰੈਕਟਰ ਉਪਲੱਬਧ ਹਨ, ਉਨ੍ਹਾਂ ਕਿਸਾਨਾਂ ਨੂੰ ਇਸ ਵਿੱਚ ਪਹਿਲ ਦਿੱਤੀ ਗਈ ਹੈ, ਜੋ ਕਿਸਾਨ ਸਰਕਾਰ ਵੱਲੋਂ ਸੀ.ਆਰ.ਐਮ. ਸਕੀਨ ਅਧੀਨ ਜਾਰੀ ਸ਼ਰਤਾਂ ਨੂੰ ਪੂਰੀਆਂ ਕਰਨਗੇ, ਉਨ੍ਹਾਂ ਨੂੰ ਪ੍ਰਾਪਤ ਫੰਡ ਅਨੁਸਾਰ ਸੈਕਸ਼ਨ ਪੱਤਰ ਜਾਰੀ ਕਰ ਦਿੱਤੇ ਜਾਣਗੇ।

# ਮਲੇਰੀਆ ਅਵੇਰਨੈੱਸ ਕੈਂਪ ਲਾਇਆ



**ਫ਼ਿਰੋਜ਼ਪੁਰ (ਅਸ਼ੋਕ ਸ਼ਰਮਾ)** ਸਿਵਲ ਸਰਜਨ ਡਾਕਟਰ ਰਾਜਵਿੰਦਰ ਕੌਰ ਦਿਸ਼ਾ-ਨਿਰਦੇਸ਼ ਅਨੁਸਾਰ ਅਤੇ ਡਾਕਟਰ ਸ਼ਮਿੰਦਰਪਾਲ ਦੇ ਹੁਕਮਾਂ ਸਦਕਾ ਪੰਜਾਬ ਸਰਕਾਰ ਵੱਲੋਂ ਦਿੱਤੇ ਗਏ ਪ੍ਰੋਗਰਾਮ ਐਂਟੀ ਮਲੇਰੀਆ ਮਹੀਨਾ ਤਹਿਤ ਕੰਵਲਜੀਤ ਸਿੰਘ, ਹਰਜੀਤ ਸਿੰਘ ਅਸਿਸਟੈਂਟ ਮਲੇਰੀਆ ਅਫਸਰ ਦੀ ਨਿਗਰਾਨੀ ਹੇਠ ਮਲੇਰੀਆ ਅਵੇਰਨੈੱਸ ਕੈਂਪ ਲਾਇਆ ਗਿਆ, ਜਿਸ ਵਿਚ ਸਿਹਤ ਵਿਭਾਗ ਦੇ ਸ਼ੇਰ ਸਿੰਘ ਮਲਟੀਪਰਪਜ਼ ਸੁਪਰਵਾਈਜ਼ਰ ਨੇ ਲੋਕਾਂ ਨੂੰ ਮਲੇਰੀਆ ਸਬੰਧੀ ਕਿਹਾ ਕਿ ਮਲੇਰੀਆ ਬੁਖਾਰ ਜੋ ਮੱਛਰ ਦੇ ਕੱਟਣ ਨਾਲ ਹੁੰਦਾ ਹੈ, ਇਹ ਮੱਛਰ ਸਾਫ਼ ਤੇ ਖੜੇ ਪਾਣੀ ਵਿਚ ਪੈਦਾ ਹੁੰਦਾ ਹੈ, ਜੋ ਦਿਨ ਤੇ ਰਾਤ ਦੋਵੇਂ ਸਮੇਂ ਕੱਟਦਾ ਹੈ, ਜਿਸ ਨਾਲ ਠੰਢ ਤੇ ਕਾਂਬੇ ਨਾਲ ਬੁਖਾਰ ਹੋਣਾ, ਤੇਜ਼ ਬੁਖਾਰ ਤੇ ਸਿਰਦਰਦ, ਬੁਖਾਰ ਉਤਰਨ 'ਤੇ ਥਕਾਵਟ ਤੇ ਕਮਜ਼ੋਰੀ ਹੋਣਾ ਤੇ ਪਸੀਨਾ ਆਉਣਾ ਆਦਿ ਹੁੰਦਾ ਹੈ। ਇਸ ਤੋਂ ਬਚਾਅ ਲਈ ਆਪਣੇ ਘਰ ਦੇ ਆਲੇ ਦੁਆਲੇ ਛੋਟੇ ਟੋਇਆ ਵਿਚ ਪਾਣੀ ਨਾ ਖੜਾ ਹੋਣ ਦਿਓ, ਟੋਇਆਂ ਨੂੰ ਮਿੱਟੀ ਨਾਲ ਭਰ ਦਿਓ, ਛੱਪੜ ਵਿਚ ਖੜੇ ਪਾਣੀ 'ਚ ਕਾਲੇ ਤੇਲ ਪਾ ਦਿਓ, ਕੱਪੜੇ ਪੂਰੇ ਪਾਓ, ਸੌਣ ਵੇਲੇ ਮੱਛਰਦਾਨੀ ਦੀ ਜਾਂ ਮੱਛਰ ਭਜਾਓ ਯੰਤਰਾਂ ਦੀ ਵਰਤੋਂ ਕਰੋ।

# ਨਸ਼ਾ ਮੁਕਤੀ ਯਾਤਰਾ ਜਾਰੀ, ਪਿੰਡਾਂ 'ਚ ਹੋ ਰਹੇ ਜਾਗਰੂਕਤਾ ਸਮਾਗਮ

**ਫ਼ਾਜ਼ਿਲਕਾ (ਨਿਸ਼ਾ ਸ਼ਰਮਾ)** ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਸ਼ੁਰੂ ਕੀਤੇ ਯੁੱਧ ਨਸ਼ਿਆਂ ਵਿਰੁੱਧ ਅਭਿਆਨ ਦੇ ਤਹਿਤ ਨਸ਼ਾ ਮੁਕਤੀ ਯਾਤਰਾ ਵਿਧਾਨ ਸਭਾ ਹਲਕਾ ਫ਼ਾਜ਼ਿਲਕਾ ਦੇ ਪਿੰਡ ਕੇਰੀਆਂ, ਮੰਡੀ ਹਜ਼ੂਰ ਸਿੰਘ, ਆਸਫ ਵਾਲਾ ਤੇ ਕਰਨੀਖੇੜਾ ਪਹੁੰਚੀ।ਇਸ ਮੌਕੇ ਹਲਕੇ ਦੇ ਵਿਧਾਇਕ ਸ੍ਰੀ ਨਰਿੰਦਰ ਪਾਲ ਸਿੰਘ ਸਵਨਾ ਨੇ ਇਸ ਯਾਤਰਾ ਦੀ ਅਗਵਾਈ ਕਰਦਿਆਂ ਕਿਹਾ ਕਿ ਪੰਜਾਬ ਸਰਕਾਰ ਦਾ ਟੀਚਾ ਹੈ ਕਿ ਇਲਾਕੇ ਵਿਚ ਬੁਨਿਆਦੀ ਢਾਂਚੇ ਦਾ ਵਿਕਾਸ ਹੋਵੇ ਤੇ ਸਾਡਾ ਸਮਾਜ ਨਸ਼ਾ ਮੁਕਤ ਹੋਵੇ।ਵਿਧਾਇਕ ਨੇ ਕਿਹਾ ਕਿ ਇਸ ਲਈ ਸੂਬਾ ਸਰਕਾਰ ਵੱਲੋਂ ਵਿਆਪਕ ਉਪਰਾਲੇ ਕੀਤੇ ਜਾ ਰਹੇ ਹਨ। ਉਨ੍ਹਾਂ ਨੇ ਕਿਹਾ ਕਿ ਹਰੇਕ ਪਿੰਡ ਵਿੱਚ ਜਿੱਥੇ ਵਿਕਾਸ ਕਾਰਜ ਹੋ ਰਹੇ ਹਨ, ਉਥੇ ਹੀ ਸਰਕਾਰ ਨੇ ਨਸ਼ਿਆਂ ਖਿਲਾਫ ਇਕ ਵੱਡੀ ਸਮਾਜਿਕ ਮੁਹਿੰਮ ਆਰੰਭ ਕੀਤੀ ਹੈ।ਉਨ੍ਹਾਂ ਨੇ ਕਿਹਾ ਕਿ ਇਸ ਮੁਹਿੰਮ ਦੇ ਚੰਗੇ ਨਤੀਜੇ ਵੀ ਨਿਕਲ ਰਹੇ ਹਨ ਤੇ ਲਗਾਤਾਰ ਨਸ਼ਾ ਤਸਕਰਾਂ ਨੂੰ ਜੇਲ੍ਹ ਭੇਜਿਆ ਜਾ ਰਿਹਾ ਹੈ ਤੇ ਉਨ੍ਹਾਂ ਦੀਆਂ ਜਾਇਦਾਦਾਂ 'ਤੇ ਬੁਲਡੋਜਰ ਚੱਲ ਰਹੇ ਹਨ।ਵਿਧਾਇਕ ਨੇ ਕਿਹਾ ਕਿ ਸੂਬਾ ਸਰਕਾਰ ਨਸ਼ੇ ਵੱਲ ਸਾਡੇ ਨੌਜਵਾਨ ਨਾ ਜਾਣ ਇਸ ਲਈ ਪਿੰਡਾਂ ਵਿਚ ਯੂਥ ਕਲੱਬ ਬਣਾ ਰਹੀ ਹੈ।ਨੌਜਵਾਨਾਂ ਨੂੰ ਖੇਡਾਂ ਨਾਲ ਜੋੜਨ ਲਈ ਪਿੰਡ-ਪਿੰਡ ਖੇਡ ਮੈਦਾਨ ਬਣਾਏ ਜਾ ਰਹੇ ਹਨ।ਨੌਜਵਾਨਾਂ ਨੂੰ ਰੁਜ਼ਗਾਰ ਨਾਲ ਜੋੜਨ ਲਈ ਨੌਕਰੀਆਂ ਦਿੱਤੀਆਂ ਜਾ ਰਹੀਆਂ ਹਨ।

# ਸਪਰਿੰਗ ਡਿਊ ਸਕੂਲ ਨਾਨਕਸਰ ਵਿਖੇ ਗਤੀਵਿਧੀਆਂ ਆਧਾਰਤ ਕੈਂਪ

**ਜਗਰਾਉਂ (ਸੰਜੀਵ ਅਰੋੜਾ, ਅਮਿਤ ਖੰਨਾ)**- ਮਾਲਵੇ ਦੀ ਪ੍ਰਸਿੱਧ ਸੰਸਥਾ ਸਪਰਿੰਗ ਡਿਊ ਸਕੂਲ ਨਾਨਕਸਰ ਵਿਖੇ ਪ੍ਰਿੰਸੀਪਲ ਗੀਨਾ ਜੈਦਿਕਾ ਦੀ ਰਹਿਨੁਮਾਈ ਹੇਠ ਤੇ ਸੀ.ਬੀ.ਐਸ.ਈ. ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਅਲੱਗ-ਅਲੱਗ ਗਤੀਵਿਧੀਆਂ ਦੇ ਅਧਾਰਤ ਸਮਰ ਕੈਂਪ ਲਾਇਆ ਗਿਆ। ਭਾਰਤੀਆਂ ਭਾਸ਼ਾ ਸਮਰ ਕੈਂਪ ਪ੍ਰਾਜੈਕਟ ਦਾ ਤਹਿਤ 'ਏਕ ਭਾਰਤ ਸ੍ਰੇਸ਼ਟ ਭਾਰਤ' ਜੋ ਕਿ ਵੱਖ-ਵੱਖ ਗਤੀਵਿਧੀਆਂ ਦੇ ਅਧਾਰਤ ਬੱਚਿਆ ਨੂੰ ਆਰਟ ਵਿੱਚ ਮਿਊਜ਼ਿਕ, ਡਾਂਸ ਤੇ ਪੇਂਟਿੰਗ ਵਰਚੂਅਲ ਸਿਟੀ ਟੂਰ, ਭਾਸ਼ਾਂ ਦੀਆਂ ਬੇਸਿਕ ਬਣਤਰਾਂ, ਖੇਤਰੀ ਵਿਅੰਜਨ, ਸੱਭਿਆਚਾਰਕ ਪ੍ਰਾਪਤੀਆਂ, ਜਿਨ੍ਹਾਂ ਵਿੱਚ ਸਥਾਨਕ ਆਰਮਤ ਫੋਰਸਜ਼, ਆਜ਼ਾਦੀ ਘੁਲਾਟੀਏ, ਆਰਟਿਸਟ ਤੇ ਅਲੱਗ-ਅਲੱਗ ਖੇਤਰਾਂ ਵਿੱਚ ਪ੍ਰਸਿੱਧ ਮਹਾਨ ਸਖ਼ਸ਼ੀਅਤਾਂ ਬਾਰੇ ਦੱਸਿਆ ਗਿਆ। ਕੈਂਪ ਦੇ ਅੰਤਿਮ ਦਿਨ ਸਪਾਤਿਕ ਨਦੀਆਂ, ਇਤਿਹਾਸਕ ਇਮਾਰਤਾਂ ਤੇ ਬੱਚਿਆਂ ਦੇ ਮੋਟੀਵੇਸ਼ਨ ਲਈ ਕੁਇੱਜ਼ ਪ੍ਰੋਗਰਾਮ ਕੀਤੇ ਗਏ। ਬੱਚਿਆਂ ਨੇ ਪੂਰੇ ਉਤਸ਼ਾਹ ਨਾਲ ਵੱਧ ਚੜ੍ਹ ਕੇ ਇਸ 'ਏਕ ਭਾਰਤ ਸ੍ਰੇਸ਼ਟ ਭਾਰਤ' ਕੈਂਪ ਵਿੱਚ ਹਿੱਸਾ ਲਿਆ। ਪ੍ਰਿੰਸੀਪਲ ਗੀਨਾ ਜੈਦਿਕਾ ਤੇ ਵਾਇਸ ਪ੍ਰਿੰਸੀਪਲ ਬੇਅੰਤ ਬਾਵਾ ਨੇ ਕੈਂਪ ਦੇ ਉਦੇਸ਼ ਬਾਰੇ ਦੱਸਦਿਆਂ ਕਿਹਾ ਕਿ ਸੀ.ਬੀ.ਐੱਸ.ਈ. ਦੁਆਰਾ ਦਿਸ਼ਾ ਨਿਰਦੇਸ਼ਤ ਇਸ ਕੈਂਪ ਦਾ ਮੰਤਵ ਵਿਦਆਰਥੀਆਂ ਨੂੰ ਖੇਤਰੀ ਤੇ ਦੂਜੇ ਰਾਜਾਂ ਦੇ ਕਲਚਰ, ਪਹਿਰਾਵੇ, ਖਾਣੇ ਤੇ ਪੈਟਰਨ ਤੋਂ ਜਾਣੂ ਕਰਵਾਉਣਾ ਸੀ ਤਾਂ ਜੋ ਬੱਚਿਆਂ ਨੂੰ ਇੱਕ ਲੜੀ ਵਿੱਚ ਪਰੋਇਆ ਜਾ ਸਕੇ। ਇਸ ਦੌਰਾਨ ਬੱਚਿਆਂ ਤੋਂ ਇਲਾਵਾ ਸਕੂਲ ਅਧਿਆਪਕ ਕੁਲਜੀਤ ਕੌਰ, ਕਮਲਜੀਤ ਕੌਰ, ਅੰਜੂ ਬਾਲਾ, ਬਲਜੀਤ ਕੌਰ, ਸੁਮਨਦੀਪ ਕੌਰ ਤੇ ਸਮੂਹ ਮੈਨੇਜਮੈਂਟ ਮੈਂਬਰਜ਼ ਪ੍ਰਧਾਨ ਮਨਜੋਤ ਚੌਹਾਨ, ਚੇਅਰਮੈਨ ਬਲਦੇਵ ਬਾਵਾ, ਮੈਨੇਜਿੰਗ ਡਾਇਰੈਕਟਰ ਸੁਖਵਿੰਦਰ ਛਾਬੜਾ, ਡਾਇਰੈਕਟਰ ਨਵਨੀਤ ਚੌਹਾਨ, ਮੈਨੇਜਰ ਮਨਦੀਪ ਚੌਹਾਨ, ਮੈਨੇਜਿੰਗ ਡਾਇਰੈਕਟਰ ਬਹਾਦੁਰ ਸਿੰਘ ਸਿੱਧੂ ਅਤੇ ਹਰਜੀਤ ਸਿੰਘ ਸਿੱਧੂ ਯੂ.ਐੱਸ.ਏ. ਆਦਿ ਹਾਜ਼ਰ ਸਨ।



# ਸਰਕਾਰੀ ਸਕੂਲ ਚੱਕ ਵੈਰੋਕਾ 'ਚ ਲਾਇਆ ਵਿਦਿਆਰਥੀਆਂ ਦਾ ਸਮਰ ਕੈਂਪ

**ਜਲਾਲਾਬਾਦ (ਰਣਬੀਰ ਕੌਰ ਢਾਬਾਂ, ਜੀਤ ਕੁਮਾਰ)** ਸਰਕਾਰੀ ਸੀਨੀਅਰ ਸੈਕੰਡਰੀ ਸਮਾਰਟ ਸਕੂਲ ਚੱਕ ਵੈਰੋਕੇ ਵਿਖੇ ਪ੍ਰਿੰਸੀਪਲ ਸ੍ਰੀ ਰਾਜੀਵ ਕੁਮਾਰ ਸੇਠੀ ਤੇ ਸਮੂਹ ਸਟਾਫ ਦੀ ਅਗਵਾਈ ਦੇ ਹੇਠ ਇੱਕ ਸਮਰ ਕੈਂਪ ਦਾ ਆਯੋਜਨ ਕੀਤਾ ਗਿਆ।ਇਸ ਕੈਂਪ ਵਿੱਚ 100 ਦੇ ਕਰੀਬ ਵਿਦਿਆਰਥੀਆਂ ਨੇ ਹਿੱਸਾ ਲਿਆ।ਕੈਂਪ ਵਿੱਚ ਵਿਦਿਆਰਥੀਆਂ ਨੂੰ ਤੇਲਗੂ ਭਾਸ਼ਾ ਸਿਖਾਈ ਗਈ ਤੇ ਦਰੱਖਤਾਂ ਦੀ ਮਹੱਤਤਾ ਤੇ ਕੁਦਰਤ ਵੱਲੋਂ ਮਿਲੀਆਂ ਵਡਮੁੱਲੀਆਂ ਦਾਤਾਂ ਬਾਰੇ ਦੱਸਿਆ ਗਿਆ। ਵਿਦਿਆਰਥੀਆਂ ਵੱਲੋਂ ਅਧਿਆਪਕਾਂ ਨੂੰ ਕੁਝ ਕੰਪਲੀਮੈਂਟ ਵੀ ਦਿੱਤੇ ਗਏ।ਤੇਲਗੂ ਭਾਸ਼ਾ ਸਿੱਖਣ ਦੇ ਨਾਲ-ਨਾਲ ਵਿਦਿਆਰਥੀਆਂ ਨੇ ਪੰਜਾਬੀ ਸੱਭਿਆਚਾਰ ਨੂੰ ਪ੍ਰਫੁੱਲਤ ਕਰਨ ਲਈ ਕੁਝ ਗਤੀਵਿਧੀਆਂ ਨਿਭਾਈਆਂ।7 ਰੋਜ਼ਾ ਸਮਰ ਕੈਂਪ ਦੇ ਅਖੀਰਲੇ ਦਿਨ ਵਿਦਿਆਰਥੀਆਂ ਨੇ ਮਨੋਰੰਜਕ ਗਤੀਵਿਧੀਆਂ ਵੀ ਕੀਤੀਆਂ। ਨੋਡਲ ਇੰਚਾਰਜ ਸ੍ਰੀਮਤੀ ਸੁਖਜੀਤ ਕੌਰ ਪੰਜਾਬੀ ਮਿਸਟ੍ਰੈਸ ਨੇ ਵਿਦਿਆਰਥੀਆਂ ਨੂੰ ਪੰਜਾਬੀ ਭਾਸ਼ਾ ਤੋਂ ਇਲਾਵਾ ਹੋਰ ਭਾਸ਼ਾਵਾਂ ਸਿੱਖਣ ਲਈ ਪ੍ਰੇਰਿਤ ਕੀਤਾ। ਇਸ ਮੌਕੇ ਸਕੂਲ ਸਟਾਫ ਮੈਂਬਰ ਪਰਮਪ੍ਰਕਾਸ਼ ਸਿੰਘ ਮੈਥ ਲੈਕਚਰਾਰ, ਹਰਬੰਸ ਸਿੰਘ, ਮਨਜੀਤ ਸਿੰਘ ਮੈਥ ਮਾਸਟਰ, ਮਨਜੀਤ ਸਿੰਘ ਐਸ ਐਸ ਮਾਸਟਰ, ਸਤਪਾਲ ਸਿੰਘ ਐਸ ਐਸ ਮਾਸਟਰ, ਸ੍ਰੀਮਤੀ ਬਲਵਿੰਦਰ ਕੌਰ ਸਾਇੰਸ ਮਿਸਟਰਸ, ਸ੍ਰੀਮਤੀ ਸੀਮਾ ਰਾਣੀ ਸਾਇੰਸ ਮਿਸਟਰਸ, ਸ਼੍ਰੀਮਤੀ ਅਮਰਜੀਤ ਕੌਰ ਕੰਪਿਊਟਰ ਫੈਕਲਟੀ, ਸ਼੍ਰੀਮਤੀ ਸੰਦੇਸ਼ ਕੁਮਾਰੀ ਐਸ ਐਸ ਮਿਸਟਰਸ ਸ੍ਰੀ ਹਰਜਿੰਦਰ ਸਿੰਘ ਪੰਜਾਬੀ ਮਾਸਟਰ ਸ੍ਰੀ ਹੁਸ਼ਿਆਰ ਸਿੰਘ ਜੀ ਐਸ ਐਲ ਏ ਤੇ ਕੈਂਪਸ ਮੈਨੇਜਰ ਸ੍ਰੀ ਰਾਜਪਾਲ ਸ਼ਰਮਾ ਜੀ ਮੌਜੂਦ ਸਨ। ਸਮਰ ਕੈਂਪ ਦੀ ਸਮਾਪਤੀ ਦੌਰਾਨ ਪ੍ਰਿੰਸੀਪਲ ਸ੍ਰੀ ਰਾਜੀਵ ਕੁਮਾਰ ਸੇਠੀ ਤੇ ਸਮੂਹ ਸਟਾਫ਼ ਵੱਲੋਂ ਵਿਦਿਆਰਥੀਆਂ ਨੂੰ ਮੈਡਲ ਪਾ ਕੇ ਸਨਮਾਨਤ ਕੀਤਾ ਗਿਆ।



# ਭਗਤ ਪੂਰਨ ਸਿੰਘ ਦੇ ਜਨਮ ਦਿਨ ਮੌਕੇ ਛਬੀਲ ਲਾਈ

**ਸੰਗਰੂਰ (ਪ੍ਰਵੀਨ ਸਿੰਘ)** ਆਲ ਇੰਡੀਆ ਪਿੰਗਲਵਾੜਾ ਚੈਰੀਟੇਬਲ ਸੁਸਾਇਟੀ ਦੇ ਸੰਸਥਾਪਕ ਤੇ ਪਿੰਗਲਵਾੜਾ ਦੇ ਬਾਨੀ ਭਗਤ ਪੂਰਨ ਸਿੰਘ ਜੀ ਦੇ 121ਵੇਂ ਜਨਮ ਦਿਨ ਮੌਕੇ ਸਥਾਨਿਕ ਪਿੰਗਲਵਾੜਾ ਸ਼ਾਖਾ ਸੰਗਰੂਰ ਵਿਖੇ ਤਰਲੋਚਨ ਸਿੰਘ ਚੀਮਾ ਮੁੱਖ ਪ੍ਰਬੰਧਕ ਦੇ ਦਿਸ਼ਾ-ਨਿਰਦੇਸ਼ਾਂ ਤਹਿਤ ਵਿਸ਼ੇਸ਼ ਛਬੀਲ ਲਾਈ ਗਈ। ਮਾਸਟਰ ਸੱਤਪਾਲ ਸ਼ਰਮਾ, ਡਾ ਜਗਦੀਪ ਸਿੰਘ ਜੈਨਪੁਰ, ਡਾ. ਉਪਾਸਨਾ ਦੀ ਦੇਖ-ਰੇਖ ਹੇਠ ਪਿੰਗਲਵਾੜਾ ਪਰਵਾਰ ਵੱਲੋਂ ਧੂਰੀ ਰੋਡ 'ਤੇ ਰਾਹਗੀਰਾਂ ਵਾਸਤੇ ਠੰਡੇ-ਮਿੱਠੇ ਜਲ ਅਤੇ ਜਲ ਜ਼ੀਰਾ ਦੀ ਛਬੀਲ ਲਾਈ ਗਈ।ਸੁਰਿੰਦਰ ਪਾਲ ਸਿੰਘ ਸਿਦਕੀ ਪੀ ਆਰ ਓ ਨੇ ਦੱਸਿਆ ਕਿ ਤਰਲੋਚਨ ਸਿੰਘ ਚੀਮਾ ਨੇ ਰਾਹਗੀਰਾਂ ਨੂੰ ਜਲ ਛਕਾ ਕੇ ਛਬੀਲ ਦੀ ਸ਼ੁਰੂਆਤ ਕੀਤੀ। ਇਸ ਮੌਕੇ ਕੁਲਵੰਤ ਸਿੰਘ ਬੱਗੀ, ਨਿਰਭੈ ਸਿੰਘ, ਸਰਬਜੀਤ ਸਿੰਘ, ਗੁਰਮੇਲ ਸਿੰਘ, ਸੁਖਦੇਵ ਸਿੰਘ ਭੋਲਾ, ਡਾ ਹਰਦੀਪ ਸਿੰਘ ਲਾਂਗਰੀਆਂ, ਜਗਰੂਪ ਸਿੰਘ ਫੌਜੀ, ਹਰਜੀਤ ਸਿੰਘ, ਰਮਨਦੀਪ ਸਿੰਘ, ਰਜਿੰਦਰ ਸਿੰਘ ਸੋਹੀ ਮਾਝੀ, ਮਾਤਾ ਬਲਤੇਜ ਕੌਰ ਮਾਝੀ, ਗੁਰਵਿੰਦਰ ਸਿੰਘ ਸ਼ੇਰਗਿੱਲ ਰਾਜਪੁਰਾ, ਹਾਕਮ ਸਿੰਘ ਝਨੇੜੀ ਆਦਿ ਵੱਖ-ਵੱਖ ਪਿੰਡਾਂ ਦੇ ਸੇਵਕਾਂ ਸਮੇਤ ਜਰਨੈਲ ਸਿੰਘ, ਮੱਖਣ ਸਿੰਘ, ਸੁਰਮੁੱਖ ਸਿੰਘ, ਗੁਰਚਰਨ ਸਿੰਘ, ਨਿੱਕਾ ਸਿੰਘ, ਜਗਰੂਪ ਸਿੰਘ, ਹਰਦੀਪ ਸਿੰਘ, ਵਰਿੰਦਰ ਸਿੰਘ ਸਮੇਤ ਸੰਗਰੂਰ ਸ਼ਾਖਾ ਦੇ ਸੇਵਕਾਂ ਨੇ ਸੇਵਾਵਾਂ ਨਿਭਾਈਆਂ। ਤਰਲੋਚਨ ਸਿੰਘ ਚੀਮਾ ਨੇ ਭਗਤ ਪੂਰਨ ਸਿੰਘ ਜੀ ਦੇ ਜਨਮ ਦਿਨ ਦਾ ਵਧਾਈ ਸੰਦੇਸ਼ ਦਿੱਤਾ ਤੇ ਕਿਹਾ ਕਿ ਭਗਤ ਜੀ ਵੱਲੋਂ ਸੇਵਾ, ਲੋੜਵੰਦਾਂ ਦੀ ਸਹਾਇਤਾ, ਬੇਸਹਾਰਿਆਂ ਦੀ ਸੰਭਾਲ ਤੇ ਵਾਤਾਵਰਣ ਦੀ ਸੰਭਾਲ ਆਦਿ ਸੁਨੇਹਿਆਂ ਨੂੰ ਅਪਨਾਉਣ ਦੀ ਲੋੜ ਹੈ।

# ਨਸ਼ਿਆਂ ਖਿਲਾਫ ਪਿੰਡ ਮੰਝ ਤੇ ਕੈਰੇ 'ਚ ਰੱਖਿਆ ਕਮੇਟੀਆਂ ਨਾਲ ਮੀਟਿੰਗ

### * ਹਲਕਾ ਇੰਚਾਰਜ ਸ਼ਮਸ਼ੇਰ ਸਿੰਘ ਵੱਲੋਂ ਪੰਜਾਬ 'ਚੋਂ ਨਸ਼ਿਆਂ ਦਾ ਹਰ ਹੀਲੇ ਖਾਤਮਾ ਕਰਨ ਦਾ ਅਹਿਦ

ਦੀਨਾਨਗਰ, (ਬਲਵਿੰਦਰ ਸਿੰਘ ਬਿੱਲਾ)-ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਸੂਬੇ ਵਿਚੋਂ ਨਸ਼ਿਆਂ ਦੇ ਖਾਤਮੇ ਲਈ ਸ਼ੁਰੂ ਕੀਤੀ ਨਸ਼ਾ ਮੁਕਤੀ ਯਾਤਰਾ ਤਹਿਤ ਆਮ ਆਦਮੀ ਪਾਰਟੀ ਦੇ ਹਲਕਾ ਇੰਚਾਰਜ ਸ਼ਮਸ਼ੇਰ ਸਿੰਘ ਵੱਲੋਂ ਹਲਕੇ ਦੇ ਪਿੰਡਾਂ ਮੰਝ ਅਤੇ ਕੈਰੇ ਵਿਖੇ ਨਸ਼ਿਆਂ ਦੇ ਖਾਤਮੇ ਹਿੱਤ ਬਣਾਈਆਂ ਰੱਖਿਆ ਕਮੇਟੀਆਂ ਅਤੇ ਮੋਹਤਬਰਾਂ ਨਾਲ ਮੀਟਿੰਗਾਂ ਕੀਤੀਆਂ ਗਈਆਂ।ਇਸ ਮੌਕੇ ਸੰਬੋਧਨ ਕਰਦਿਆਂ ਹਲਕਾ ਇੰਚਾਰਜ ਸ਼ਮਸ਼ੇਰ ਸਿੰਘ ਨੇ ਕਿਹਾ ਕਿ ਪੰਜਾਬ ਵਿੱਚੋਂ ਹਰ ਕੀਮਤ 'ਤੇ ਨਸ਼ਿਆਂ ਦਾ ਖਾਤਮਾ ਕੀਤਾ ਜਾਵੇਗਾ।ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਤਹਿਤ ਹੁਣ ਤੱਕ 12 ਹਜ਼ਾਰ ਤੋਂ ਵੱਧ ਨਸ਼ਾ ਤਸਕਰਾਂ ਨੂੰ ਜੇਲ੍ਹਾਂ ਵਿੱਚ ਡੱਕਿਆ ਗਿਆ ਹੈ ਅਤੇ 8600 ਤੋਂ ਵੱਧ ਪਰਚੇ ਦਰਜ ਕੀਤੇ ਗਏ ਹਨ।ਉਨ੍ਹਾਂ ਕਿਹਾ ਕਿ ਨਸ਼ਾ ਤਸਕਰਾਂ ਦੀਆਂ ਜਾਇਦਾਦਾਂ ਜ਼ਬਤ ਕੀਤੀਆਂ ਜਾ ਰਹੀਆਂ ਹਨ, ਨਸ਼ਾ ਤਸਕਰਾਂ ਵੱਲੋਂ ਨਜਾਇਜ਼ ਕਬਜ਼ੇ ਕਰਕੇ ਬਣਾਏ ਗਏ ਘਰ ਢਾਹੇ ਜਾ ਰਹੇ ਹਨ।ਨਸ਼ਿਆਂ ਵਿਰੁੱਧ ਯੁੱਧ ਲਗਾਤਾਰ ਜਾਰੀ ਰਹੇਗਾ ਅਤੇ ਨਸ਼ਿਆਂ ਦੇ ਖਾਤਮੇ ਹਿੱਤ ਨਸ਼ਾ ਤਸਕਰਾਂ ਖਿਲਾਫ ਸਖਤ ਤੋਂ ਸਖਤ ਕਾਰਵਾਈ ਹੁੰਦੀ ਰਹੇਗੀ।ਸ਼ਮਸ਼ੇਰ ਸਿੰਘ ਨੇ ਵਿਲੇਜ ਡਿਫੈਂਸ ਕਮੇਟੀਆਂ ਦੇ ਮੈਂਬਰਾਂ ਨੂੰ ਡੱਟ ਕੇ ਕੰਮ ਕਰਨ ਲਈ



ਪ੍ਰੇਰਿਆ।ਉਨ੍ਹਾਂ ਕਿਹਾ ਕਿ ਜਿਹੜੇ ਲੋਕ ਨਸ਼ਾ ਪੀੜਤ ਹਨ, ਸਰਕਾਰ ਵੱਲੋਂ ਉਨ੍ਹਾਂ ਦਾ ਮੁਫ਼ਤ ਇਲਾਜ ਕਰਵਾਇਆ ਜਾ ਰਿਹਾ ਹੈ।ਉਨ੍ਹਾਂ ਲੋਕਾਂ ਨੂੰ ਸੱਦਾ ਦਿੱਤਾ ਕਿ ਉਹ ਆਪਣਾ ਇਖਲਾਕੀ ਫ਼ਰਜ਼ ਸਮਝਦੇ ਹੋਏ ਨਸ਼ਿਆਂ ਵਿਰੁੱਧ ਇਸ ਯੁੱਧ ਵਿੱਚ ਆਪਣਾ ਮੋਹਰੀ ਯੋਗਦਾਨ ਪਾਉਣ ਕਿਉਂਕਿ ਇਹ ਲੜਾਈ ਸਿਰਫ ਨਸ਼ਿਆਂ ਖਿਲਾਫ ਹੀ ਨਹੀਂ ਸਗੋਂ ਪੰਜਾਬ ਦੇ ਭਵਿੱਖ ਦੀ ਲੜਾਈ ਹੈ।ਇਸ ਮੌਕੇ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਦੇ ਹਲਕਾ ਕੋਆਰਡੀਨੇਟਰ ਕਾਰਤਿਕ ਦੋਆਬਾ, ਬਲਾਕ ਪ੍ਰਧਾਨ ਲਖਵਿੰਦਰ ਸਿੰਘ ਜੰਜੂਆ, ਬਲਾਕ ਪ੍ਰਧਾਨ ਸੋਨੂੰ ਪਹਾੜੀਪੁਰ, ਬੀਡੀਪੀਓ ਅਸ਼ੋਕ ਕੁਮਾਰ, ਪੰਚਾਇਤ ਸਕੱਤਰ ਵਿਨੋਦ ਕੁਮਾਰ, ਸੀਨੀਅਰ ਆਗੂ ਸੁਭਾਸ਼ ਕੈਰੇ, ਹੀਰਾ ਲਾਲ ਮੰਝ, ਅਜੇ ਕੁਮਾਰ ਮੰਝ ਅਤੇ ਧਰਮ ਪਾਲ ਝੱਖੜਪਿੰਡੀ ਵੀ ਉਚੇਚੇ ਤੌਰ ਤੇ ਮੌਜੂਦ ਰਹੇ।

# ਡਿਊਟੀ 'ਚ ਅਣਗਹਿਲੀ ਵਰਤਣ 'ਤੇ ਡਰਾਈਵਰ ਤੇ ਫੋਰਮੈਨ ਟਰਮੀਨੇਟ

ਬਟਾਲਾ (ਡਾ. ਮਲਵਿੰਦਰ ਸਿੰਘ)-ਵਿਕਰਮਜੀਤ ਸਿੰਘ ਪਾਂਥੇ ਐੱਸਡੀਐੱਮ-ਕਮ-ਕਮਿਸ਼ਨਰ ਨਗਰ ਨਿਗਮ ਬਟਾਲਾ ਵੱਲੋਂ ਨਗਰ ਨਿਗਮ ਦੇ 5 ਮਹੀਨਿਆਂ ਤੋਂ ਗੈਰ-ਹਾਜ਼ਰ ਚਲੇ ਆ ਰਹੇ ਸਕੰਦਰ ਸਿੰਘ ਡਰਾਈਵਰ ਪੁੱਤਰ ਸੁਰਤਾ ਸਿੰਘ ਅਤੇ ਨਵਨੀਤ ਸਿੰਘ ਫਾਇਰਮੈਨ ਪੁੱਤਰ ਦਿਲਬਾਗ ਸਿੰਘ ਨੂੰ ਡਿਊਟੀ ਤੋਂ ਲਗਾਤਾਰ ਗੈਰ-ਹਾਜ਼ਰ ਹੋਣ ਕਾਰਨ ਨੌਕਰੀ ਤੋਂ ਟਰਮੀਨੇਟ ਕੀਤਾ ਗਿਆ ਕਿਉਂਕਿ ਨਗਰ ਨਿਗਮ ਬਟਾਲਾ ਵੱਲੋਂ ਸ਼ਹਿਰ ਵਾਸੀਆਂ ਨੂੰ ਵੱਖ-ਵੱਖ ਸੇਵਾਵਾਂ ਦਿੱਤੀਆਂ ਜਾਂਦੀਆਂ ਹਨ ਅਤੇ ਪਬਲਿਕ ਦੇ ਹਿੱਤਾਂ ਨੂੰ ਧਿਆਨ ਵਿਚ ਰੱਖਦਿਆਂ ਡਿਊਟੀ ਦੌਰਾਨ ਲਾਪਰਵਾਹੀ/ ਅਨੁਸ਼ਾਸਨਹੀਣਤਾ ਕਰਨ ਵਾਲੇ ਕਿਸੇ ਵੀ ਕਰਮਚਾਰੀ ਖਿਲਾਫ ਬਣਦੀ ਸਖਤ ਪ੍ਰਸ਼ਾਸਨਿਕ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ।

ਉਨ੍ਹਾਂ ਕਰਮਚਾਰੀਆਂ ਨੂੰ ਹਦਾਇਤ ਜਾਰੀ ਕਰਦਿਆਂ ਕਿਹਾ ਕਿ ਡਿਊਟੀ ਦੌਰਾਨ ਕਿਸੇ ਵੀ ਕਿਸਮ ਦੀ ਲਾਪਰਵਾਹੀ/ ਅਣਗਹਿਲੀ ਨਾ ਵਰਤੀ ਜਾਵੇ।

# ਭਗਤ ਪੂਰਨ ਸਿੰਘ ਦਾ 121ਵਾਂ ਜਨਮ ਦਿਹਾੜਾ ਬੜੀ ਸ਼ਰਧਾ ਤੇ ਧੂਮਧਾਮ ਨਾਲ ਮਨਾਇਆ

### * 'ਅਸੀਂ ਕਿਉਂ ਪ੍ਰਦੇਸੀ ਹੋਈਏ' ਅਤੇ 'ਭਲਕ ਤੱਕ ਦੇਰ ਹੋ ਜਾਏਗੀ' ਪੁਸਤਕਾਂ ਰਿਲੀਜ਼

ਅੰਮ੍ਰਿਤਸਰ (ਨਰਿੰਦਰਜੀਤ ਸਿੰਘ)—ਆਲ ਇੰਡੀਆ ਪਿੰਗਲਵਾੜਾ ਚੈਰੀਟੇਬਲ ਸੋਸਾਇਟੀ (ਰਜਿ.) ਅੰਮ੍ਰਿਤਸਰ ਵੱਲੋਂ ਦੀਨ-ਦੁਖੀਆਂ ਦੇ ਮਸੀਹਾ, ਯੁੱਗ ਪੁਰਸ਼ ਅਤੇ ਪਿੰਗਲਵਾੜਾ ਸੰਸਥਾ ਦੇ ਸੰਸਥਾਪਕ ਭਗਤ ਪੂਰਨ ਸਿੰਘ ਜੀ ਦਾ 121ਵਾਂ ਜਨਮ ਦਿਹਾੜਾ ਬੜੀ ਸ਼ਰਧਾ ਅਤੇ ਧੂਮ-ਧਾਮ ਨਾਲ ਪਿੰਗਲਵਾੜਾ ਸੰਸਥਾ ਦੇ ਮੁੱਖ ਦਫ਼ਤਰ ਵਿਖੇ ਮਨਾਇਆ ਗਿਆ।ਇਸ ਮੌਕੇ ਸੰਗਤਾਂ ਵੱਲੋਂ ਸ੍ਰੀ ਸੁਖਮਨੀ ਸਾਹਿਬ ਦੇ ਪਾਠ ਕਰਨ ਉਪਰੰਤ ਸ੍ਰੀ ਸਹਿਜ ਪਾਠ ਸਾਹਿਬ ਦੇ ਭੋਗ ਪਾ ਕੇ ਪਿੰਗਲਵਾੜਾ ਸੰਸਥਾ ਦੇ ਵੱਖ-ਵੱਖ ਕਲਾਸਾਂ ਵਿੱਚ ਪੜ੍ਹਦੇ ਬੱਚੇ-ਬੱਚੀਆਂ ਆਦਿ ਵੱਲੋਂ ਗੁਰਬਾਣੀ ਦੇ ਇਲਾਹੀ ਕੀਰਤਨ ਨਾਲ ਪੰਡਾਲ ਵਿੱਚ ਮੌਕੇ ਬੈਠੀਆਂ ਸੰਗਤਾਂ ਨੂੰ ਨਿਹਾਲ ਕੀਤਾ ਗਿਆ।ਇਸ ਮੌਕੇ ਗੁਰਬਾਣੀ ਦੇ ਰਸੀਏ ਭਾਈ ਜਸਬੀਰ ਸਿੰਘ ਪੰਜਾਬ ਐਂਡ ਸਿੰਧ ਬੈਂਕ ਅਤੇ ਉਨ੍ਹਾਂ ਦੇ ਸਾਥੀਆਂ ਵੱਲੋਂ ਗੁਰਬਾਣੀ ਕੀਰਤਨ ਰਾਹੀਂ ਹਾਜ਼ਰੀ ਲਗਵਾਈ ਗਈ।ਇਸ ਮੌਕੇ ਡਾ. ਇੰਦਰਜੀਤ ਕੌਰ ਨੇ ਸੰਗਤਾਂ ਦੇ ਸਨਮੁੱਖ ਹੋ ਕੇ ਸੰਬੋਧਨ ਕਰਦੇ ਹੋਏ ਕਿਹਾ ਕਿ ਭਗਤ ਪੂਰਨ ਸਿੰਘ ਦੇ ਜਨਮ ਦਿਹਾੜੇ 'ਤੇ ਆਉ ਸਭ ਪ੍ਰਣ ਲਈਏ ਕਿ ਅਸੀਂ ਸਮਾਜਿਕ ਕੁਰੀਤੀਆਂ ਵਿਰੁੱਧ ਉੱਠ ਖੜ੍ਹੇ ਹੋਈਏ ਅਤੇ ਕਿਸੇ ਵੀ ਥਾਂ ਹੋ ਰਹੇ ਅਨਿਆਂ ਨੂੰ ਠੱਲ੍ਹ ਪਾਉਣ ਲਈ ਰਲ-ਮਿਲ ਇਕੱਤਰ ਹੋਈਏ।ਅੱਜ ਲੋੜ ਹੈ ਭਗਤ ਪੂਰਨ ਸਿੰਘ ਵੱਲੋਂ ਮਨੁੱਖਤਾ ਦੇ ਬਚਾਓ ਲਈ ਜੋ ਬਹੁਤ ਸਮਾਂ ਪਹਿਲਾਂ ਹੋਕਾ ਦੇ ਦਿੱਤਾ ਸੀ, ਉਸ ਤੇ ਕੰਮ ਕਰੀਏ।ਇਸ ਮੌਕੇ ਉਚੇਚੇ ਤੌਰ 'ਤੇ ਕਿਸਾਨੀ ਆਗੂ ਬਲਬੀਰ ਸਿੰਘ ਰਾਜੇਵਾਲ ਨੇ ਭਗਤ ਪੂਰਨ ਸਿੰਘ ਜੀ ਦੇ ਜਨਮ ਦਿਨ ਦੀ ਵਧਾਈ ਦੇ ਕੇ ਸੰਗਤਾਂ ਨੂੰ ਸੰਬੋਧਨ ਕਰਦੇ ਹੋਏ ਕਿਹਾ ਕਿ ਭਗਤ ਪੂਰਨ ਸਿੰਘ ਅਸਲ ਵਿੱਚ ਬਹੁਤ ਵੱਡੀ ਸੰਸਥਾ ਸੀ ਅਤੇ ਅਜਿਹੀਆਂ ਸੱਚੀਆਂ-ਸੁੱਚੀਆਂ ਰੂਹਾਂ ਦਾ ਦੁਨੀਆ ਤੇ ਆਉਣਾ ਹੀ ਮਨੁੱਖਤਾ ਨੂੰ ਸੇਧ ਦੇਣਾ ਮਕਸਦ ਹੁੰਦਾ ਹੈ। ਉਨ੍ਹਾਂ ਕਿਹਾ ਕਿ ਪੰਜਾਬ ਦੀਆਂ ਰਿਪੋਰਟਾਂ ਵਿੱਚ ਅੰਕੜੇ ਜਾਰੀ ਹੋ ਰਹੇ ਹਨ ਉਹ ਪੰਜਾਬੀਆਂ ਲਈ ਖਤਰੇ ਦੇ ਘੰਟੀ ਹੈ। ਇਸ ਮੌਕੇ ਡਾ. ਗੁਰਚਰਨ ਸਿੰਘ ਨੂਰਪੁਰ ਨੇ



ਆਪਣੇ ਸੰਬੋਧਨ ਵਿੱਚ ਕਿਹਾ ਕਿ ਪਿੰਗਲਵਾੜਾ ਸੰਸਥਾ ਜੋ ਮਨੁੱਖਤਾ ਦੀ ਭਲਾਈ ਲਈ ਵੱਡੇ-ਵੱਡੇ ਕਾਰਜ ਕਰ ਰਹੀ ਹੈ, ਉਸਦਾ ਕੋਈ ਸਾਨੀ ਨਹੀਂ ਅਤੇ ਭਗਤ ਪੂਰਨ ਸਿੰਘ ਦੀ ਸੋਚ ਨੂੰ ਡਾ. ਇੰਦਰਜੀਤ ਕੌਰ, ਮੁੱਖ ਸੇਵਾਦਾਰ ਪਿੰਗਲਵਾੜਾ ਦੀ ਅਗਵਾਈ ਵਿੱਚ ਜੋ ਵਧਾਇਆ ਜਾ ਰਿਹਾ ਹੈ, ਉਹ ਬਹੁਤ ਸ਼ਲਾਘਾਯੋਗ ਹੈ। ਇਸ ਮੌਕੇ ਆਈਆਂ ਹੋਈਆਂ ਸ਼ਖ਼ਸ਼ੀਅਤਾਂ ਨੂੰ ਸਨਮਾਨਿਤ ਕੀਤਾ ਗਿਆ।ਇਸ ਮੌਕੇ ਢਾਡੀ ਜਥੇ ਵੱਲੋਂ ਕਵੀਸ਼ਰੀ ਪੇਸ਼ ਕੀਤੀ ਗਈ।ਸ. ਸੋਹਣ ਸਿੰਘ ਅਤੇ ਸੁਰਿੰਦਰ ਸਿੰਘ ਨੇ ਪਾਣੀ ਦੀ ਮਹੱਤਤਾ ਤੇ ਕਵਿਤਾ ਪੇਸ਼ ਕੀਤੀ।ਸ. ਅਮਰਜੀਤ ਸਿੰਘ, ਗੁਰਮਤਿ ਕਾਲਜ ਨੇ ਭਗਤ ਪੂਰਨ ਸਿੰਘ ਦੀਆਂ ਜੀਵਨ ਸੇਧਾਂ ਤੇ ਸੰਗਤਾਂ ਨੂੰ ਚੱਲਣ ਲਈ ਪ੍ਰੇਰਿਤ ਕੀਤਾ।ਡਾ. ਸੁੰਦਰ ਸ਼ਿਆਮ ਦੀਪਤੀ ਨੇ ਕਿਹਾ ਕਿ ਭਗਤ ਪੂਰਨ ਸਿੰਘ ਵਰਗੇ ਸਮਾਜ ਸੇਵੀਆਂ ਦੀ ਅੱਜ ਫੇਰ ਸਮਾਜ ਨੂੰ ਲੋੜ ਹੈ।ਇਸ ਦੌਰਾਨ ਪੰਜਾਬੀਆਂ ਦੇ ਪ੍ਰਵਾਸ ਤੇ ਝਾਤ ਪਾਉਂਦੀ 'ਅਸੀਂ ਕਿਉਂ ਪ੍ਰਦੇਸੀ ਹੋਈਏ' ਸੰਪਾਦਕ ਡਾ. ਇੰਦਰਜੀਤ ਕੌਰ ਅਤੇ ਵਾਤਾਵਰਨ ਮਸਲਿਆਂ ਤੇ ਡੂੰਘੀ ਸੋਝੀ ਰੱਖਣ ਵਾਲੇ ਲੇਖਕ ਵਿਜੈ ਬੰਬੇਲੀ ਦੇ ਲੇਖਾਂ ਦੀ ਪੁਸਤਕ 'ਭਲਕ ਤੱਕ ਦੇਰ ਹੋ ਜਾਏਗੀ' ਰਿਲੀਜ਼ ਕੀਤੀਆਂ ਗਈਆਂ।

ਇਸ ਮੌਕੇ ਮੁਖਤਾਰ ਸਿੰਘ ਗੁਰਾਇਆ ਆਨਰੇਰੀ ਸਕੱਤਰ, ਰਾਜਬੀਰ ਸਿੰਘ ਮੈਂਬਰ, ਹਰਜੀਤ ਸਿੰਘ ਅਰੋੜਾ ਮੈਂਬਰ, ਬੀਬੀ ਪ੍ਰੀਤਇੰਦਰ ਕੌਰ ਮੈਂਬਰ, ਯੋਗੇਸ਼ ਸੂਰੀ ਮੁੱਖ ਪ੍ਰਸ਼ਾਸਕ, ਰਜਿੰਦਰਪਾਲ ਸਿੰਘ ਪ੍ਰਸ਼ਾਸਕ ਮਾਨਾਂਵਾਲਾ, ਕਰਨਲ ਦਰਸ਼ਨ ਸਿੰਘ ਬਾਵਾ, ਪਰਮਿੰਦਰਜੀਤ ਸਿੰਘ ਭੱਟੀ, ਬੀਬੀ ਸੁਰਿੰਦਰ ਕੌਰ ਭੱਟੀ, ਰਜਿੰਦਰਪਾਲ ਸਿੰਘ ਡਾਇਰੈਕਟਰ ਗੂੰਗੇ-ਬੋਲਿਆਂ ਦਾ ਸਕੂਲ, ਤਿਲਕ ਰਾਜ ਜਨਰਲ ਮੈਨੇਜਰ, ਹਰਪਾਲ ਸਿੰਘ ਸੰਧੂ ਕੇਅਰ ਟੇਕਰ, ਗੁਰਨਾਇਬ ਸਿੰਘ, ਨਰਿੰਦਰਪਾਲ ਸਿੰਘ ਸੋਹਲ, ਤਜਿੰਦਰਭਾਨ ਸਿੰਘ ਬੇਦੀ, ਗੁਲਸ਼ਨ ਰੰਜਨ, ਬੀਬੀ ਹਰਤੇਜਪਾਲ ਕੌਰ, ਬਲਬੀਰ ਸਿੰਘ ਰਾਜੇਵਾਲ ਕਿਸਾਨ ਆਗੂ, ਸਮਾਜ ਸੇਵਕ ਪਵਨ ਸ਼ਰਮਾ, ਸਾਬਕਾ ਇੰਸਪੈਕਟਰ ਰਾਜਵਿੰਦਰ ਕੌਰ, ਗੁਰਚਰਨ ਸਿੰਘ ਨੂਰਪੁਰ, ਪ੍ਰੋ. (ਡਾ.) ਕੁਲਦੀਪ ਸਿੰਘ, ਡਾ. ਪ੍ਰਭਜੀਤ ਕੌਰ, ਡਾ. ਸ਼ਿਆਮ ਸੁੰਦਰ ਦੀਪਤੀ, ਮਿਸਜ਼ ਦੀਪਤੀ, ਵਾਤਾਵਰਨ ਪ੍ਰੇਮੀ ਵਿਜੈ ਬੰਬੇਲੀ, ਮੇਜਰ ਸਿੰਘ ਮਸਾਣੀਆਂ ਸੰਗਰੂਰ ਆਦਿ ਹਾਜ਼ਰ ਸਨ।ਇਸ ਮੌਕੇ ਪਿੰਗਲਵਾੜਾ ਸੰਸਥਾ ਦੇ ਵੱਖ-ਵੱਖ ਵਿੱਦਿਅਕ ਅਦਾਰਿਆਂ ਦੇ ਵਿਦਿਆਰਥੀ ਵੀ ਹਾਜ਼ਰ ਸਨ।ਪ੍ਰਿੰ. ਨਰੇਸ਼ ਕਾਲੀਆ, ਪ੍ਰਿੰ. ਅਨੀਤਾ ਬੱਤਰਾ, ਪ੍ਰਿੰ. ਦਲਜੀਤ ਕੌਰ, ਕੋਆਰੀਡੀਨੇਟਰ ਸੁਨੀਤਾ ਨਈਅਰ, ਪ੍ਰਿੰ. ਲਖਵਿੰਦਰ ਕੌਰ, ਵੱਖ-ਵੱਖ ਵਾਰਡਾਂ ਤੇ ਵਿਭਾਗਾਂ ਦੇ ਇੰਚਾਰਜ ਤੇ ਸਟਾਫ਼ ਆਦਿ ਹਾਜ਼ਰ ਸਨ।

# ਭਾਰਤੀ ਕਿਸਾਨ ਯੂਨੀਅਨ ਏਕਤਾ ਡਕੌਂਦਾ ਵੱਲੋਂ ਬੁਢਲਾਡਾ ਦੇ ਬੀਡੀਪੀਓ ਦਫਤਰ ਅੱਗੇ ਧਰਨਾ

**ਬੁਢਲਾਡਾ**, (**ਅਸ਼ੋਕ ਲਾਕੜਾ**) : ਭਾਰਤੀ ਕਿਸਾਨ ਯੂਨੀਅਨ ਏਕਤਾ ਡਕੌਂਦਾ ਦੀ ਅਗਵਾਈ ਵਿੱਚ ਪਿੰਡ ਕੁਲਰੀਆਂ ਦੇ ਕਾਸ਼ਤਕਾਰ ਕਿਸਾਨਾਂ ਦੀ ਜ਼ਮੀਨ ਦੀ ਰਾਖੀ ਲਈ ਬੀ ਡੀ ਪੀ ਓ ਦਫਤਰ ਬੁਡਲਾਡਾ ਵਿਖੇ ਰੋਹ ਭਰਪੂਰ ਧਰਨਾ ਦਿੱਤਾ ਗਿਆ।

ਬੁਲਾਰਿਆਂ ਨੇ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਪੰਚਾਇਤ ਮਹਿਕਮੇ ਰਾਹੀਂ ਪਿੰਡ ਕੁਲਰੀਆਂ ਦੀ ਜੁਮਲਾ ਮੁਸਤਰਕਾ ਜ਼ਮੀਨ ਤੋਂ ਦਹਾਕਿਆਂ ਤੋਂ ਕਾਬਜ਼ ਤੇ ਕਾਸ਼ਤਕਾਰ ਕਿਸਾਨਾਂ ਨੂੰ ਧੱਕੇ ਨਾਲ ਬੇਦਖਲ ਕਰਨਾ ਚਾਹੁੰਦੀ ਹੈ।ਪੰਚਾਇਤੀ ਵਿਭਾਗ ਨੇ ਕਾਸ਼ਤ ਕੀਤੀ ਕਣਕ ਦੀ ਕਟਾਈ ਲਈ ਧੱਕੇ ਨਾਲ ਰਿਸੀਵਰ ਨਿਯੁਕਤ ਕਰਕੇ ਕਿਸਾਨਾਂ ਤੋਂ ਜ਼ਮੀਨ ਖੋਹਣ ਦੀ ਕੋਸ਼ਿਸ਼ ਕੀਤੀ ਗਈ।ਪੰਚਾਇਤ ਵਿਕਾਸ ਅਧਿਕਾਰੀ ਪੰਚਾਇਤ ਅਤੇ ਪਿੰਡ ਵਾਸੀਆਂ ਵਿੱਚ ਖੂਨੀ ਟਕਰਾਅ ਕਰਾਉਣ ਲਈ ਅੱਡੀ ਚੋਟੀ ਦਾ ਜ਼ੋਰ ਲਗਾ ਰਹੇ ਹਨ।

ਅਧਿਕਾਰੀ ਹਲਕਾ ਵਿਧਾਇਕ ਤੇ ਆਮ ਆਦਮੀ ਪਾਰਟੀ ਦੇ ਸਿਆਸੀ ਦਬਾਅ ਹੇਠ ਕੰਮ ਕਰ ਰਹੇ ਹਨ।ਜਦੋਂਕਿ ਇਸ ਜ਼ਮੀਨ ਸਬੰਧੀ ਜ਼ਿਲਾ ਕੁਲੈਕਟਰ, ਏ ਡੀ ਸੀ ਵਿਕਾਸ ਅਤੇ ਸਿਵਲ ਅਦਾਲਤ ਵਿੱਚ ਕੇਸ ਚਲ ਰਿਹਾ ਹੈ।ਪ੍ਰੰਤੂ ਬਿਨਾਂ ਕਿਸੇ ਅਦਾਲਤੀ ਫੈਸਲੇ ਨੂੰ ਉਡੀਕੇ ਬਿਨਾਂ ਸਰਕਾਰੀ ਅਧਿਕਾਰੀ ਕਿਸਾਨਾਂ ਨੂੰ ਸਿੱਧੀ ਦਖਲਅੰਦਾਜ਼ੀ ਕਰਕੇ ਜ਼ਮੀਨ ਤੋ ਬਾਂਝੇ ਕਰਨ ਲਈ ਬਜਿੱਦ ਹਨ ਜਿਸ ਨੂੰ ਬਰਦਾਸ਼ਤ ਨਹੀਂ ਕੀਤਾ ਜਾਵੇਗਾ।

ਵਰਨਣਯੋਗ ਹੈ ਕਿ ਉਕਤ ਜਮੀਨ ਮੁਰੱਬੇਬੰਦੀ ਸਮੇਂ ਤੋਂ ਹੀ ਕਿਸਾਨ ਵਾਹ ਰਹੇ ਹਨ। ਕਿਸਾਨਾਂ ਨੂੰ ਮਾਲਕੀ ਹੱਕ ਦਿੱਤੇ ਜਾਣ। ਕਿਸਾਨਾਂ ਦੀ ਗਿਰਦਾਵਰੀ ਬਹਾਲ ਕੀਤੀ ਜਾਵੇ।ਜੇ ਇਹ ਮੰਗਾਂ ਨਾ ਮੰਨੀਆਂ ਗਈਆਂ ਤਾਂ ਪੰਚਾਇਤ ਅਧਿਕਾਰੀਆਂ ਖਿਲਾਫ ਪੱਕਾ



ਮੋਰਚਾ ਅਰੰਭ ਕਰ ਦਿੱਤਾ ਜਾਵੇਗਾ।ਇਸ ਮੌਕੇ ਸੂਬਾ ਸਕੱਤਰ ਕੁਲਵੰਤ ਸਿੰਘ ਕਿਸ਼ਨਗੜ੍ਹ, ਸੂਬਾ ਕਮੇਟੀ ਮੈਂਬਰ ਮੱਖਣ ਸਿੰਘ ਭੈਣੀ ਬਾਘਾ ਤੇ ਮਹਿੰਦਰ ਸਿੰਘ ਦਿਆਲਪੁਰਾ, ਜ਼ਿਲ੍ਹਾ ਜਨਰਲ ਸਕੱਤਰ ਤਾਰਾ ਚੰਦ ਬਰੇਟਾ, ਜ਼ਿਲ੍ਹਾ ਖਜ਼ਾਨਚੀ ਦੇਵੀਰਾਮ ਰੰਘੜਿਆਲ, ਜ਼ਿਲ੍ਹਾ ਮੀਤ ਪ੍ਰਧਾਨ ਦਰਸ਼ਨ ਸਿੰਘ ਗੁਰਨੇ ਕਲਾਂ ਤੇ ਜਗਦੇਵ ਸਿੰਘ ਕੋਟਲੀ, ਬਲਾਕ ਪ੍ਰਧਾਨ ਬਲਦੇਵ ਸਿੰਘ ਪਿਪਲੀਆਂ, ਬਲਾਕ ਜਨਰਲ ਸਕੱਤਰ ਮੇਲਾ ਸਿੰਘ ਦਿਆਲਪੁਰਾ, ਬਲਾਕ ਖਜ਼ਾਨਚੀ ਜਗਜੀਵਨ ਸਿੰਘ ਹਸਨਪੁਰ, ਬਲਾਕ ਸਕੱਤਰ ਤਰਸੇਮ ਸਿੰਘ ਚੱਕ ਅਲੀਸ਼ੇਰ, ਬਲਾਕ ਮਾਨਸਾ ਦੇ ਪ੍ਰਧਾਨ ਬਲਜੀਤ ਸਿੰਘ ਭੈਣੀ ਬਾਘਾ, ਬਰਿਆਮ ਸਿੰਘ ਤੇ ਸਿਕੰਦਰ ਸਿੰਘ ਖਿਆਲਾ, ਲੀਲਾ ਸਿੰਘ ਮੂਸਾ, ਜਗਵੰਤ ਸਿੰਘ ਆਡਿਆਵਾਲੀ ਆਦਿ ਆਗੂ ਹਾਜ਼ਰ ਸਨ।

# ਜੱਗਾ ਮਜੀਠਾ ਦੀ ਅਗਵਾਈ 'ਚ ਦਬੁਰਜੀ ਦੀ ਸਮੁੱਚੀ ਗ੍ਰਾਮ ਪੰਚਾਇਤ ਆਮ ਆਦਮੀ ਪਾਰਟੀ 'ਚ ਸ਼ਾਮਲ

ਮਜੀਠਾ (ਸੋਇਮ ਆਨੰਦ)-ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਆਮ ਆਦਮੀ ਪਾਰਟੀ ਦੀ ਸਰਕਾਰ ਵੱਲੋਂ ਹਾਲ ਹੀ ਵਿਚ ਸੂਬੇ ਦੀ ਭਲਾਈ ਲਈ ਲਏ ਅਹਿਮ ਫੈਸਲਿਆਂ ਜਿਨ੍ਹਾਂ ਵਿਚ ਯੁੱਧ ਨਸ਼ਿਆਂ ਵਿਰੁੱਧ, ਪੰਜਾਬ ਸਿੱਖਿਆ ਕਰਾਂਤੀ, ਸਿਹਤ ਸੇਵਾਵਾਂ ਵਿਚ ਸੁਧਾਰ ਲਿਆਉਣ ਆਦਿ ਨਾਲ ਪੰਜਾਬ ਰੰਗਲਾ ਪੰਜਾਬ ਬਣਨ ਵੱਲ ਲਗਾਤਾਰ ਅਗੇ ਵੱਧ ਰਿਹਾ ਹੈ ਅਤੇ ਸਰਕਾਰ ਦੇ ਇਨ੍ਹਾਂ ਫੈਸਲਿਆ ਤੋਂ ਪ੍ਰਭਾਵਿਤ ਹੋ ਕੇ ਹਲਕਾ ਮਜੀਠਾ ਵਿੱਚ ਵੱਖ-ਵੱਖ ਪੰਚਾਇਤਾਂ ਅਤੇ ਆਮ ਲੋਕ ਵੱਖ-ਵੱਖ ਰਾਜਨੀਤਕ ਰਿਵਾਇਤੀ ਪਾਰਟੀਆਂ ਨੂੰ ਛੱਡ ਕੇ ਆਮ ਆਦਮੀ ਪਾਰਟੀ ਵਿਚ ਸ਼ਾਮਲ ਹੋ ਰਹੇ ਹਨ।

ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਹਲਕਾ ਮਜੀਠਾ ਦੇ ਇੰਚਾਰਜ ਜਗਵਿੰਦਰ ਨਾਲ ਸਿੰਘ ਜੱਗਾ ਮਜੀਠਾ ਨੇ ਪਿੰਡ ਦਬੁਰਜੀ ਵਿਖੇ ਪਿੰਡ ਦੀ ਸਮੁੱਚੀ ਪੰਚਾਇਤ ਆਪਣੀ ਪੁਰਾਣੀ ਰਵਾਇਤੀ ਸਿਆਸੀ ਪਾਰਟੀ ਨੂੰ ਛੱਡ ਕੇ ਆਮ ਆਦਮੀ ਪਾਰਟੀ ਵਿਚ ਸ਼ਾਮਲ ਹੋਣ ਤੇ ਉਨ੍ਹਾਂ ਨੂੰ ਸਨਮਾਨਿਤ



ਕਰਨ ਮੌਕੇ ਗੱਲਬਾਤ ਕਰਦਿਆ ਕੀਤਾ।ਪਾਰਟੀ ਵਿਚ ਸ਼ਾਮਿਲ ਹੋਏ ਸਰਪੰਚ ਗੁਰਭੇਜ ਸਿੰਘ ਦਬੁਰਜੀ, ਮੈਂਬਰ ਜਸਪਾਲ ਸਿੰਘ, ਮੈਂਬਰ ਸੁਖਪਾਲ ਸਿੰਘ, ਮੈਂਬਰ ਸੁਖਵੰਤ ਕੌਰ, ਮੈਂਬਰ ਜੋਗਾ ਸਿੰਘ, ਧਰਮਿੰਦਰ ਸਿੰਘ ਠੇਕੇਦਾਰ, ਸਾਹਿਬ ਸਿੰਘ, ਚੰਦ ਸਿੰਘ, ਜੰਗ ਸਿੰਘ, ਕੁਲਵੰਤ ਸਿੰਘ ਸਾਬਕਾ ਸਰਪੰਚ, ਗੁਰਮੀਤ ਸਿੰਘ, ਰੇਸ਼ਮ ਸਿੰਘ, ਮਨਿੰਦਰ ਸਿੰਘ, ਕੈਪਟਨ ਕਸ਼ਮੀਰ ਸਿੰਘ ਤੋਂ ਇਲਾਵਾ ਹੋਰ ਪਿੰਡ ਵਾਸੀ ਸ਼ਾਮਿਲ ਹੋਏ। ਇਸ ਦੌਰਾਨ ਸਮੁੱਚੀ ਦਬੁਰਜੀ ਦੀ ਗ੍ਰਾਮ ਪੰਚਾਇਤ ਨੂੰ ਆਮ ਆਦਮੀ ਵਿਚ ਸ਼ਾਮਲ ਹੋਣ ਤੇ ਜਗਵਿੰਦਰਪਾਲ ਸਿੰਘ ਜੱਗਾ ਮਜੀਠਾ ਨੇ ਵਧਾਈ ਦਿੱਤੀ ਅਤੇ ਪਾਰਟੀ ਵਿਚ ਸਤਿਕਾਰ ਦੇਣ ਦਾ ਵਾਅਦਾ ਕੀਤਾ। ਉਨ੍ਹਾਂ ਕਿਹਾ ਕਿ ਦਬੁਰਜੀ ਵਿਖੇ ਜਲਦੀ ਹੀ ਰੁਕੇ ਕੰਮ ਸ਼ੁਰੂ ਕੀਤੇ ਜਾਣਗੇ ਅਤੇ ਨੌਜਵਾਨਾਂ ਨੂੰ ਜਿੰਮ ਲਗਾ ਕੇ ਦਿੱਤਾ ਜਾਵੇਗਾ।ਇਸ ਮੌਕੇ ਤਰਸੇਮ ਸਿੰਘ ਚਾਚੋਵਾਲੀ, ਪ੍ਰਮਿੰਦਰ ਸਿੰਘ, ਜੋਧਾ ਸਿੰਘ ਸੋਹੀ, ਸਰਪੰਚ ਲਖਵਿੰਦਰ ਸਿੰਘ ਬੇਗੇਵਾਲ, ਸਰਪੰਚ ਸਤਨਾਮ ਸਿੰਘ ਨਾਗ ਨਵੇਂ, ਸਰਪੰਚ ਚਰਨਜੀਤ ਸਿੰਘ ਵਡਾਲਾ, ਕਾਬਲ ਸਿੰਘ, ਬਲਾਕ ਪ੍ਰਧਾਨ ਰੁਪਿੰਦਰ ਸਿੰਘ, ਸੁਖਵਿੰਦਰ ਸਿੰਘ ਸੋਹੀ, ਗੁਰ ਰੰਧਾਵਾ ਐਕਟਰ, ਹਰਚਰਨ ਸਿੰਘ, ਸ਼ਮਸ਼ੇਰ ਸਿੰਘ ਸੋਹੀ, ਸੁਖਚੈਨ ਸਿੰਘ, ਬਖਸੀਸ ਸਿੰਘ ਦਬੁਰਜੀ ਆਦਿ ਤੋਂ ਇਲਾਵਾ ਆਮ ਆਦਮੀ ਪਾਰਟੀ ਦੇ ਆਗੂ ਤੇ ਵਰਕਰ ਹਾਜ਼ਰ ਸਨ।

# ਮਲੇਰੀਆ/ਡੇਂਗੂ ਦੇ ਲੱਛਣ ਤੇ ਬਚਾਅ ਸੰਬੰਧੀ ਜਾਗਰੂਕਤਾ ਸੈਮੀਨਾਰ

ਗੁਰਦਾਸਪੁਰ (ਜਨਕ ਮਹਾਜਨ)—ਸਿਵਲ ਸਰਜਨ ਗੁਰਦਾਸਪੁਰ ਡਾ. ਜਸਵਿੰਦਰ ਸਿੰਘ ਦੀ ਅਗਵਾਈ ਹੇਠ ਗੁਰਦਾਸਪੁਰ ਵਿਖੇ ਮਲੇਰੀਆ ਜਾਗਰੂਕਤਾ ਸੈਮੀਨਾਰ ਕਰਵਾਇਆ ਗਿਆ ।ਇਸ ਮੌਕੇ ਜ਼ਿਲ੍ਹਾ ਐਪੀਡੀਮੋਲੋਜਿਸਟ ਡਾ. ਗੁਰਪ੍ਰੀਤ ਕੌਰ ਅਤੇ ਡਾ. ਵੰਦਨਾ ਨੇ ਦੱਸਿਆ ਕਿ ਸਿਹਤ ਵਿਭਾਗ ਵੱਲੋਂ ਜੂਨ ਮਹੀਨੇ ਨੂੰ ਐਂਟੀ ਮਲੇਰੀਆ ਮੰਥ ਵਜੋਂ ਮਨਾਇਆ ਜਾ ਰਿਹਾ ਹੈ।



ਸੰਚਾਰੀ ਰੋਗਾਂ ਵਿੱਚ ਮੁੱਖ ਰਹੇ ਮਲੇਰੀਆ ਨੂੰ ਖਤਮ ਕਰਨ ਲਈ ਕਈ ਉਪਰਾਲੇ ਕੀਤੇ ਗਏ ਜਿਸ ਦਾ ਨਤੀਜਾ ਹੈ ਕਿ ਹੁਣ ਮਲੇਰੀਆ ਦੇ ਕੇਸ ਘੱਟ ਵੇਖਣ ਨੂੰ ਮਿਲਦੇ ਹਨ।ਜ਼ਿਲ੍ਹੇ ਵਿੱਚ ਡੇਂਗੂ, ਮਲੇਰੀਆ ਰੋਕਥਾਮ ਅਤੇ ਜਾਗਰੂਕਤਾ ਲਈ ਟੀਮਾਂ ਬਣਾਈਆਂ ਗਈਆਂ ਹਨ।ਬ੍ਰੀਡਿੰਗ ਚੈਕਰ ਦੀ ਵੀ ਭਰਤੀ ਕੀਤੀ ਗਈ ਹੈ।ਫੀਲਡ ਸਟਾਫ ਵੱਲੋਂ ਡੇਂਗੂ ਅਤੇ ਮਲੇਰੀਏ ਦੀ ਜਾਂਚ ਲਈ ਘਰਾਂ ਅਤੇ ਹੋਰ ਜਗ੍ਹਾ ਮੱਛਰ ਦੇ ਲਾਰਵੇ ਦੀ ਜਾਂਚ ਕੀਤੀ ਜਾ ਰਹੀ ਹੈ ।ਸਕੂਲਾਂ ਵਿੱਚ ਬੱਚਿਆਂ ਨੂੰ ਜਾਗਰੂਕ ਕਰਨ ਲਈ ਲਿਟਲ ਚੈਂਪੀਅਨ ਪ੍ਰੋਗਰਾਮ ਜਾਰੀ ਹੈ ।ਉਨ੍ਹਾਂ ਕਿਹਾ ਕਿ ਮੱਛਰਾਂ ਨਾਲ ਹੋਣ ਵਾਲੇ ਰੋਗਾਂ ਦੀ ਰੋਕਥਾਮ ਲਈ ਹਰੇਕ ਸ਼ੁੱਕਰਵਾਰ ਨੂੰ ਡਰਾਈ ਡੇ ਗਤੀਵਿਧੀਆਂ ਜਾਰੀ ਹਨ ।

ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਕਿਤੇ ਵੀ ਫਾਲਤੂ ਵਿਚ ਪਾਣੀ ਨਾ ਜਮ੍ਹਾ ਹੋਣ ਦੇਣ।ਜੇ ਕਿਤੇ ਮੱਛਰ ਦਾ ਲਾਰਵਾ ਹੋਵੇ ਤਾਂ ਉਸ ਨੂੰ ਨਸ਼ਟ ਕੀਤਾ ਜਾਵੇ।ਮੱਛਰ ਜਨਿਤ ਰੋਗਾਂ ਤੋਂ ਬਚਾਅ ਕੀਤਾ ਜਾਵੇ।ਬੁਖਾਰ ਹੋਣ 'ਤੇ ਤੁਰੰਤ ਨੇੜਲੇ ਸਿਹਤ ਕੇਂਦਰ ਤੋਂ ਜਾਂਚ ਕਰਵਾਈ ਜਾਵੇ।ਡਾਕਟਰ ਦੀ ਸਲਾਹ ਨਾਲ ਹੀ ਦਵਾਈ ਖਾਧੀ ਜਾਵੇ।

# ਵਾਇਸ ਚਾਂਸਲਰ ਗਰੁੱਪ ਮੀਟਿੰਗ 'ਚ ਬਾਬਾ ਫਰੀਦ ਯੂਨੀਵਰਸਿਟੀ ਵੱਲੋਂ ਸਰਗਰਮੀ ਨਾਲ ਸ਼ਮੂਲੀਅਤ

ਫਰੀਦਕੋਟ (ਐਲਿਗਜੈਂਡਰ ਡਿਸੂਜ਼ਾ)-ਬਾਬਾ ਫਰੀਦ ਯੂਨੀਵਰਸਿਟੀ ਆਫ਼ ਹੈਲਥ ਸਾਇੰਸਜ਼ (ਬੀਐੱਫਯੂਐੱਚਐੱਸ), ਫਰੀਦਕੋਟ ਨੇ ਪੰਜਾਬ ਐਗਰੀਕਲਚਰਲ ਯੂਨੀਵਰਸਿਟੀ (ਪੀਏਯੂ), ਲੁਧਿਆਣਾ ਵਿਖੇ ਹੋਈ ਵਾਈਸ-ਚਾਂਸਲਰਜ਼ ਦੀ ਗਰੁੱਪ ਮੀਟਿੰਗ ਵਿੱਚ ਸਰਗਰਮੀ ਨਾਲ ਹਿੱਸਾ ਲਿਆ। ਇਹ ਮੀਟਿੰਗ ਅਕਾਦਮਿਕ ਲੀਡਰਸ਼ਿਪ ਲਈ ਸੰਸਥਾਗਤ ਸਹਿਯੋਗ ਨੂੰ ਮਜ਼ਬੂਤ ਕਰਨ, ਨਵੀਨਤਾ ਨੂੰ ਉਤਸ਼ਾਹਿਤ ਕਰਨ ਅਤੇ ਉੱਚ ਸਿੱਖਿਆ ਅਤੇ ਖੋਜ ਵਿੱਚ ਉੱਭਰ ਰਹੀਆਂ ਚੁਣੌਤੀਆਂ ਨੂੰ ਹੱਲ ਕਰਨ ਤੇ ਵਿਚਾਰ-ਵਟਾਂਦਰਾ ਕਰਨ ਲਈ ਇੱਕ ਮਹੱਤਵਪੂਰਨ ਪਲੇਟਫਾਰਮ ਵਜੋਂ ਕੰਮ ਕਰਦੀ ਹੈ।ਪ੍ਰੋ. (ਡਾ.) ਰਾਜੀਵ ਸੂਦ, ਮਾਨਯੋਗ ਵਾਈਸ ਚਾਂਸਲਰ, ਬੀਐੱਫਯੂਐੱਚਐੱਸ ਵੱਲੋਂ ਯੂਨੀਵਰਸਿਟੀ ਦੇ ਵਫ਼ਦ ਦੀ ਅਗਵਾਈ ਕੀਤੀ ਗਈ, ਜਿਸ ਵਿੱਚ ਅਰਵਿੰਦ ਕੁਮਾਰ, ਰਜਿਸਟਰਾਰ; ਡਾ. ਰੋਹਿਤ ਚੋਪੜਾ, ਵਧੀਕ ਰਜਿਸਟਰਾਰ; ਡਾ. ਮਨਹਾਸ, ਇੰਚਾਰਜ ਲਾਇਬ੍ਰੇਰੀ; ਅਤੇ ਸਮੀਰ ਕਾਂਤ ਆਹੂਜਾ, ਲਾਇਜਨ ਅਫਸਰ ਸ਼ਾਮਲ ਸਨ।ਪੀਏਯੂ ਦੇ ਵਾਈਸ ਚਾਂਸਲਰ, ਡਾ. ਸਤਬੀਰ ਸਿੰਘ ਗੋਸਲ ਦੁਆਰਾ ਇਸ ਗਰੁੱਪ ਮੀਟਿੰਗ ਦੀ ਮੇਜ਼ਬਾਨੀ ਕੀਤੀ ਗਈ, ਮੀਟਿੰਗ ਅੰਤਰ-ਯੂਨੀਵਰਸਿਟੀ ਭਾਈਵਾਲੀ ਨੂੰ ਉਤਸ਼ਾਹਿਤ ਕਰਨ ਅਤੇ ਰਾਸ਼ਟਰੀ ਵਿਕਾਸ ਵਿੱਚ ਸਹਿਯੋਗੀ ਖੋਜ ਦੀ ਭੂਮਿਕਾ ਤੇ ਕੇਂਦ੍ਰਿਤ ਸੀ। ਚਰਚਾ ਦਾ ਇੱਕ ਮੁੱਖ ਮੁੱਦਾ ਖੇਤੀਬਾੜੀ ਅਭਿਆਸਾਂ-ਜਿਵੇਂ ਕਿ ਬਹੁਤ ਜ਼ਿਆਦਾ ਕੀਟਨਾਸ਼ਕਾਂ ਦੀ ਵਰਤੋਂ ਅਤੇ ਪਰਾਲੀ ਸਾੜਨ-ਦੇ ਮਨੁੱਖੀ ਸਿਹਤ ਤੇ ਪ੍ਰਭਾਵ ਬਾਰੇ ਵੱਧ ਰਹੀ ਚਿੰਤਾ ਸੀ।ਭਾਗ ਲੈਣ ਵਾਲੇ



ਵਾਈਸ ਚਾਂਸਲਰਾਂ ਨੇ ਇਨ੍ਹਾਂ ਦਬਾਅ ਵਾਲੇ ਵਾਤਾਵਰਣ ਅਤੇ ਸਿਹਤ ਮੁੱਦਿਆਂ ਨੂੰ ਸਮੂਹਿਕ ਤੌਰ ਤੇ ਨਜਿੱਠਣ ਲਈ ਏਕੀਕ੍ਰਿਤ ਖੋਜ ਪਹੁੰਚਾਂ ਦੀ ਜ਼ਰੂਰਤ 'ਤੇ ਜ਼ੋਰ ਦਿੱਤਾ।

ਪ੍ਰੋ. (ਡਾ.) ਰਾਜੀਵ ਸੂਦ ਨੇ ਇਸ ਪਹਿਲਕਦਮੀ ਦੀ ਸ਼ਲਾਘਾ ਕੀਤੀ ਅਤੇ ਖੇਤਰ ਲਈ ਟਿਕਾਊ ਅਤੇ ਸਿਹਤ-ਚੇਤੰਨ ਹੱਲ ਵਿਕਸਤ ਕਰਨ ਲਈ ਸਿਹਤ ਵਿਗਿਆਨ ਅਤੇ ਖੇਤੀਬਾੜੀ ਖੋਜ ਵਿਚਕਾਰ ਤਾਲਮੇਲ ਦੀ ਮਹੱਤਤਾ ਤੇ ਜ਼ੋਰ ਦਿੱਤਾ।ਇਸ ਮੌਕੇ ਡੈਲੀਗੇਟਾਂ ਦੁਆਰਾ ਪੀਏਯੂ ਦੀਆਂ ਮੁੱਖ ਖੋਜ ਅਤੇ ਬੁਨਿਆਦੀ ਢਾਂਚਾ ਸਹੂਲਤਾਂ ਦਾ ਵੀ ਦੌਰਾ ਕੀਤਾ ਗਿਆ।ਇਹ ਗਰੁੱਪ ਮੀਟਿੰਗ ਉੱਚ ਸਿੱਖਿਆ ਦੀ ਗੁਣਵੱਤਾ, ਅੰਤਰ-ਵਿਭਾਗੀ ਸਹਿਯੋਗ ਅਤੇ ਸਮਾਜਕ ਉਨਤੀ ਵੱਲ ਇਕ ਨਵਾਂ ਕਦਮ ਸਾਬਤ ਹੋਈ।

# ਗੁਰੂ ਰਾਮਦਾਸ ਡਿਗਰੀ ਕਾਲਜ ਪੰਧੇਰ ਦਾ ਬੀਸੀਏ ਦਾ ਨਤੀਜਾ ਸ਼ਾਨਦਾਰ ਰਿਹਾ

ਫ਼ਤਹਿਗੜ੍ਹ ਚੂੜੀਆਂ (ਜਸਦੇਵ ਸਿੰਘ ਮਾਨ)-ਸ੍ਰੀ ਗੁਰੂ ਰਾਮਦਾਸ ਡਿਗਰੀ ਕਾਲਜ ਪੰਧੇਰ ਦੇ ਵਿਦਿਆਰਥੀਆਂ ਦਾ ਬੀ. ਸੀ. ਏ ਦੇ ਨਤੀਜੇ ਸ਼ਾਨਦਾਰ ਰਹੇ ਹਨ।ਗੁਰੂ ਨਾਨਕ ਦੇਵ ਯੂਨੀਵਰਸਿਟੀ ਅੰਮ੍ਰਿਤਸਰ ਵੱਲੋ ਐਲਾਨੇ ਗਏ ਇਨ੍ਹਾਂ ਨਤੀਜਿਆ ਵਿੱਚ ਸਾਰੇ ਸਮੈਸਟਰਾਂ ਦੇ ਵਿਦਿਆਰਥੀ ਵਧੀਆ ਅੰਕ ਲੈ ਕਿ ਪਾਸ ਹੋਏ ਹਨ।ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਕਾਲਜ ਦੇ ਪ੍ਰਿੰਸੀਪਲ ਡਾ. ਅਨਮੋਲਦੀਪ ਕੌਰ ਨੇ ਦੱਸਿਆ ਕਾਲਜ ਮੈਨੇਜਮੈਂਟ ਵੱਲੋਂ ਵਿਦਿਆਰਥੀਆਂ ਨੂੰ ਵਿੱਦਿਆ ਦੇਣ ਵਾਸਤੇ ਹਰ ਤਰ੍ਹਾਂ ਦੀ ਸਹੂਲਤ ਅਤੇ ਈ ਲਾਇਬ੍ਰੇਰੀ ਦੀ ਸਹੂਲਤ ਦਿੱਤੀ ਗਈ ਹੈ। ਉਹਨਾਂ ਦੱਸਿਆ ਕਿ ਬੀ. ਸੀ. ਏ. ਪਹਿਲਾ ਸਮੈਸਟਰ ਦੇ ਵਿਦਿਆਰਥੀ ਪਰਮਿੰਦਰ ਸਿੰਘ ਨੇ ਪਹਿਲਾ ਸਥਾਨ ਹਾਸਿਲ ਕੀਤਾ ਹੈ। ਬੀ. ਸੀ. ਏ. ਤੀਸਰਾ ਸਮੈਸਟਰ ਦੀ ਵਿਦਿਆਰਥਣ ਕਮਲਪ੍ਰੀਤ ਕੌਰ ਨੇ ਪਹਿਲਾ ਅਤੇ ਬੀ. ਕਾਮ. ਪੰਜਵਾਂ ਸਮੈਸਟਰ ਦੀ ਸਹਿਜਪ੍ਰੀਤ ਕੌਰ ਨੇ ਪਹਿਲਾ ਸਥਾਨ ਹਾਸਿਲ ਕੀਤਾ ਹੈ।ਇਸ ਮੌਕੇ ਕਾਲਜ ਦੇ ਮੈਨੇਜਿੰਗ ਡਾਇਰੈਕਟਰ ਅਵਤਾਰ ਸਿੰਘ ਕੰਗ ਅਤੇ



ਚੇਅਰਪਰਸਨ ਮੈਡਮ ਹਰਜਿੰਦਰਪਾਲ ਕੌਰ ਨੇ ਸਾਰੇ ਵਿਦਿਆਰਥੀਆਂ ਸਟਾਫ ਅਤੇ ਵਿਦਿਆਰਥੀਆਂ ਦੇ ਮਾਪਿਆਂ ਨੂੰ ਉਨ੍ਹਾਂ ਦੀ ਇਸ ਕਾਮਯਾਬੀ ਲਈ ਵਧਾਈ ਦਿੱਤੀ ਅਤੇ ਵਿਦਿਆਰਥੀਆਂ ਨੂੰ ਅੱਗੇ ਤੋਂ ਹੋਰ ਸਖ਼ਤ ਮਿਹਨਤ ਕਰਨ ਲਈ ਪ੍ਰੇਰਿਤ ਕੀਤਾ ਗਿਆ।ਉਨ੍ਹਾਂ ਨੇ ਵਿਦਿਆਰਥੀਆਂ ਨੂੰ ਉਚੇਰੀ ਸਿੱਖਿਆ ਪ੍ਰਾਪਤ ਕਰਨ ਤੋਂ ਬਾਅਦ ਨੌਕਰੀ ਵਾਸਤੇ ਟੈਸਟ ਦੇਣ ਅਤੇ ਉਨ੍ਹਾਂ ਦੀ ਤਿਆਰੀ ਕਰਨ ਲਈ ਵਿਦਿਆਰਥੀਆਂ ਨੂੰ ਜਾਣਕਾਰੀ ਦਿੱਤੀ ਗਈ।

# ਸਿਹਤ ਵਿਭਾਗ ਵੱਲੋਂ ਫੂਡ ਸੇਫਟੀ ਨਿਯਮਾਂ ਸੰਬੰਧੀ ਜਾਗਰੂਕਤਾ ਕੈਂਪ ਆਯੋਜਿਤ

ਮਾਨਸਾ (ਆਤਮਾ ਸਿੰਘ ਪਮਾਰ)-ਡਿਪਟੀ ਕਮਿਸ਼ਨਰ ਕੁਲਵੰਤ ਸਿੰਘ ਦੇ ਦਿਸ਼ਾ ਨਿਰਦੇਸ਼ ਅਤੇ ਸਿਵਲ ਸਰਜਨ ਡਾ. ਅਰਵਿੰਦਰ ਪਾਲ ਸਿੰਘ ਦੀ ਰਹਿਨੁਮਾਈ ਹੇਠ ਡੈਜ਼ੀਗਨੇਟਿਡ ਅਫ਼ਸਰ-ਕਮ-ਜ਼ਿਲਾ ਸਿਹਤ ਅਫ਼ਸਰ ਡਾ. ਰਣਜੀਤ ਸਿੰਘ ਰਾਏ ਵੱਲੋਂ ਸ਼ਹਿਰ ਮਾਨਸਾ ਵਿਖੇ ਕਰਿਆਨਾ, ਹਲਵਾਈ, ਦੋਧੀ ਅਤੇ ਬੇਕਰੀ ਨਾਲ ਸਬੰਧਤ ਕਾਰੋਬਾਰੀਆਂ ਲਈ ਜਾਗਰੂਕਤਾ ਕੈਂਪ ਆਯੋਜਿਤ ਕੀਤਾ ਗਿਆ।ਇਸ ਦੌਰਾਨ ਜ਼ਿਲਾ ਸਿਹਤ ਅਫ਼ਸਰ, ਡਾ. ਰਣਜੀਤ ਸਿੰਘ ਰਾਏ ਵੱਲੋਂ ਹਾਜ਼ਰ ਫੂਡ ਬਿਜ਼ਨੈਸ ਆਪਰੇਟਰਾਂ ਨੂੰ ਖਾਣ-ਪੀਣ ਵਾਲੀਆਂ ਵਸਤਾਂ ਦੀ ਸਾਫ-ਸਫਾਈ, ਅਦਾਰਿਆਂ ਦੇ ਲਾਇਸੰਸ/ਰਜਿਸਟ੍ਰੇਸ਼ਨ ਸਬੰਧੀ, ਸਬੰਧੀ, ਵਾਲਾਂ ਨੂੰ ਟੋਪੀ ਅੰਦਰ ਚੰਗੀ ਤਰ੍ਹਾ ਢੱਕ ਕੇ ਰੱਖਣ, ਕੰਨਾਂ, ਹੱਥਾਂ ਤੇ ਬਾਹਾਂ ਵਿਚ ਗਹਿਣੇ ਆਦਿ ਨਾ ਪਾਉਣ ਸਬੰਧੀ,



ਆਦਰਿਆਂ ਵਿੱਚ ਕੰਮ ਕਰ ਰਹੇ ਮੁਲਾਜ਼ਮਾਂ ਦੇ ਮੈਡੀਕਲ ਕਰਵਾਉਣ ਸਬੰਧੀ ਹਦਾਇਤਾਂ ਜਾਰੀ ਕੀਤੀਆਂ।ਉਨ੍ਹਾਂ ਮੀਟਿੰਗ ਵਿੱਚ ਮੌਜੂਦ ਕਰਿਆਨਾ, ਹਲਵਾਈ, ਦੋਧੀ ਅਤੇ ਬੇਕਰੀ ਦੇ ਨੁਮਾਇੰਦਿਆਂ ਨੂੰ ਖਾਣੇ ਸਬੰਧੀ ਮਿਆਰੀ ਵਸਤਾਂ ਦੀ ਵਰਤੋਂ ਕਰਨ, ਰਸੋਈ ਵਿੱਚ ਸਾਫ ਸਫਾਈ ਰੱਖਣ ਲਈ ਵੀ ਕਿਹਾ ਤਾਂ ਕਿ ਲੋਕਾਂ ਨੂੰ ਸਾਫ-ਸੁਥਰਾ ਅਤੇ ਸ਼ੁੱਧ ਖਾਣਾ ਦੇਣਾ ਯਕੀਨੀ ਬਣਾਇਆ ਜਾਵੇ। ਖਾਣਾ ਬਣਾਉਣ ਵਾਲੀ ਜਗ੍ਹਾ ਨੂੰ ਤੰਬਾਕੂ ਰਹਿਤ ਕੀਤੇ ਜਾਣ ਨੂੰ ਵੀ ਯਕੀਨੀ ਬਣਾਉਣ ਲਈ ਕਿਹਾ।ਉਨ੍ਹਾਂ ਦੱਸਿਆ ਕਿ ਆਪਣੇ ਅਦਾਰਿਆਂ ਵਿੱਚ ਸਾਫ-ਸਫਾਈ ਸਬੰਧੀ ਅਤੇ ਮੁਲਾਜ਼ਮਾਂ ਦੇ ਮੈਡੀਕਲ ਕਰਵਾਉਣ ਸਾਫ-ਸੁਥਰੇ ਕੱਪੜੇ ਪਾਉਣ, ਨਹੁੰ ਛੋਟੇ ਅਤੇ ਸਾਫ ਰੱਖਣ ਸਬੰਧੀ, ਫਟੇ ਹੋਏ ਕੱਪੜੇ ਨਾ ਪਾਉਣ ਸਬੰਧੀ, ਸੁਰੱਖਿਅਤ ਜੁੱਤੇ ਪਾਉਣ ਸਬੰਧੀ ਆਦਿ ਦਾ ਉਚੇਚੇ ਤੌਰ 'ਤੇ ਧਿਆਨ ਰੱਖਿਆ ਜਾਵੇ।ਉਨ੍ਹਾਂ ਕਿਹਾ ਕਿ ਸਰਕਾਰ ਦੀਆਂ ਹਦਾਇਤਾਂ ਮੁਤਾਬਕ ਫੂਡ ਸੇਫਟੀ ਦੇ ਨਿਯਮਾਂ ਦਾ ਪਾਲਣ ਨਾ ਕਰਨ ਵਾਲਿਆਂ ਖਿਲਾਫ਼ ਬਣਦੀ ਕਾਰਵਾਈ ਕਰਨ ਦੀ ਚਿਤਾਵਨੀ ਵੀ ਦਿੱਤੀ।ਇਸ ਮੌਕੇ ਫੂਡ ਸੇਫਟੀ ਅਫਸਰ, ਸ੍ਰ. ਅਮਰਿੰਦਰ ਪਾਲ ਸਿੰਘ ਵੱਲੋਂ ਹਾਜ਼ਰ ਨੁਮਾਇੰਦਿਆਂ ਨੂੰ ਜਾਣਕਾਰੀ ਦਿੱਤੀ ਕਿ ਕੋਈ ਵੀ ਆਪਣੇ ਘਰ ਬੈਠੇ ਹੀ ਆਨਲਾਈਨ ਪੋਰਟਲ 'ਤੇ ਲਾਇਸੈਂਸ/ਰਜਿਸਟ੍ਰੇਸ਼ਨ ਅਪਲਾਈ ਕਰ ਸਕਦੇ ਹਨ।

# ਗੁਰੂ ਗੋਬਿੰਦ ਸਿੰਘ ਮਾਡਲ ਸਕੂਲ 'ਚ ਥਰੋਅ ਬਾਲ ਚੈਂਪੀਅਨਸ਼ਿਪ ਕਰਵਾਈ

ਦੇਵੀਗੜ੍ਹ, (ਰਾਜਿੰਦਰ ਸਿੰਘ ਥਿੰਦ)-ਗੁਰੂ ਗੋਬਿੰਦ ਸਿੰਘ ਮਾਡਲ ਸੀਨੀਅਰ ਸੈਕੰਡਰੀ ਸਕੂਲ ਦੂਧਨਸਾਧਾਂ ਵਿੱਚ ਸਟੇਟ ਥਰੋਅ ਬਾਲ ਚੈਂਪੀਅਨਸ਼ਿਪ ਕਰਵਾਈ ਗਈ,



ਜਿਸ ਵਿੱਚ ਮੁੱਖ ਮਹਿਮਾਨ ਵਜੋਂ ਹਲਕਾ ਸਨੌਰ ਦੇ ਵਿਧਾਇਕ ਹਰਮੀਤ ਸਿੰਘ ਪਠਾਨਮਾਜਰਾ ਨੇ ਸ਼ਮੂਲੀਅਤ ਕੀਤੀ।ਇਸ ਦੌਰਾਨ ਪ੍ਰਿੰਸੀਪਲ ਮਨਦੀਪ ਕੌਰ ਅਤੇ ਸਮੂਹ ਸਟਾਫ ਵੱਲੋਂ ਮੁੱਖ ਮਹਿਮਾਨ ਦਾ ਨਿੱਘਾ ਸਵਾਗਤ ਕੀਤਾ ਗਿਆ। ਵਿਧਾਇਕ ਪਠਾਨਮਾਜਰਾ ਨੇ ਥਰੋਅਬਾਲ ਚੈਂਪੀਅਨਸ਼ਿਪ ਦੌਰਾਨ ਖਿਡਾਰੀਆਂ ਨੂੰ ਸੰਬੋਧਨ ਕਰਦਿਆਂ ਵਿਦਿਆਰਥੀਆਂ ਨੂੰ ਖੇਡਾਂ ਵਿਚ ਵੱਧ ਤੋਂ ਵੱਧ ਹਿੱਸਾ ਲੈਣ ਲਈ ਪ੍ਰੇਰਿਆ।ਸਟੇਟ ਥਰੋਅ ਬਾਲ ਚੈਂਪੀਅਨਸ਼ਿਪ ਵਿੱਚ ਪੂਰੇ ਪੰਜਾਬ ਤੋਂ 40 ਟੀਮਾਂ ਨੇ ਹਿੱਸਾ ਲਿਆ। ਸੀਨੀਅਰ ਗਰੁੱਪ ਵਿੱਚ ਮੁਕਤਸਰ ਸਾਹਿਬ ਦੀ ਟੀਮ ਨੇ ਪਹਿਲਾ ਤੇ ਮੁਹਾਲੀ ਦੀ ਟੀਮ ਨੇ ਦੂਜਾ ਸਥਾਨ ਪ੍ਰਾਪਤ ਕੀਤਾ। ਜੂਨੀਅਰ ਗਰੁੱਪ 'ਚੋਂ ਲੁਧਿਆਣਾ ਦੀ ਟੀਮ ਨੇ ਪਹਿਲਾ ਤੇ ਦੂਧਨਸਾਧਾਂ ਦੀ ਟੀਮ ਨੇ ਦੂਜਾ ਸਥਾਨ ਪ੍ਰਾਪਤ ਕੀਤਾ।ਇਸ ਤਰ੍ਹਾਂ ਜੂਨੀਅਰ ਲੜਕਿਆਂ ਦੀ ਟੀਮ ਵਿੱਚੋਂ ਦੂਧਨਸਾਧਾਂ ਦੀ ਟੀਮ ਨੇ ਪਹਿਲਾ ਤੇ ਮੁਕਤਸਰ ਸਾਹਿਬ ਦੀ ਟੀਮ ਨੇ ਦੂਜਾ ਸਥਾਨ ਪ੍ਰਾਪਤ ਕੀਤਾ। ਜੇਤੂ ਟੀਮਾਂ ਨੂੰ ਇਨਾਮ ਵੰਡਣ ਦੀ ਰਸਮ ਵਿਧਾਇਕ ਹਰਮੀਤ ਸਿੰਘ ਪਠਾਨਮਾਜਰਾ ਨੇ ਨਿਭਾਈ।ਇਸ ਦੌਰਾਨ ਸਵਿੰਦਰ ਕੌਰ ਧੰਜੂ ਪ੍ਰਧਾਨ ਨਗਰ ਪੰਚਾਇਤ ਦੇਵੀਗੜ੍ਹ ਨੇ ਵੀ ਜੇਤੂ ਟੀਮਾਂ ਨੂੰ ਵਧਾਈ ਦਿੱਤੀ।ਪ੍ਰਿੰਸੀਪਲ ਮਨਦੀਪ ਕੌਰ ਨੇ ਵਿਦਿਆਰਥੀਆਂ ਉਨ੍ਹਾਂ ਦੇ ਮਾਪਿਆਂ ਤੇ ਇਲਾਕੇ ਦੇ ਆਏ ਹੋਏ ਪੰਚਾਂ-ਸਰਪੰਚਾਂ ਦਾ ਸਹਿਯੋਗ ਦੇਣ ਲਈ ਧੰਨਵਾਦ ਕੀਤਾ।ਸਮਾਗਮ ਵਿੱਚ ਸੇਵਾਦਾਰ ਸੁਖਦੇਵ ਸਿੰਘ ਇੰਚਾਰਜ ਗੁਰਦੁਆਰਾ ਬਾਉਲੀ ਸਾਹਿਬ ਤੇ ਬਾਬਾ ਰਤਨ ਸਿੰਘ ਨੇ ਵੀ ਖਿਡਾਰੀਆਂ ਦੀ ਹੌਂਸਲਾ-ਅਫ਼ਜ਼ਾਈ ਕੀਤੀ।ਇਸ ਮਗਰੋਂ ਸਕੂਲ ਦੇ ਵਿਦਿਆਰਥੀਆਂ ਨੇ ਸੱਭਿਆਚਾਰਕ ਪ੍ਰੋਗਰਾਮ ਵੀ ਪੇਸ਼ ਕੀਤਾ

# ਘੱਗਰ ਦਰਿਆ 'ਚੋਂ 14 ਸਾਲਾ ਨਾਬਾਲਗ ਲੜਕੀ ਦੀ ਲਾਸ਼ ਮਿਲੀ

ਤਲਵੰਡੀ ਸਾਬੋ (ਜਗਦੀਪ ਗਿੱਲ)-ਇੱਥੋਂ 14 ਕਿਲੋਮੀਟਰ ਦੂਰ ਪਿੰਡ ਸੀਂਗੋ ਦੇ ਇੱਕ ਗਰੀਬੜੇ ਪਰਿਵਾਰ ਦੀ 14 ਸਾਲਾ ਉਹ ਨਾਬਾਲਗ ਧੀ, ਜਿਸ ਨੂੰ ਹਵਸ ਦੇ ਭੁੱਖੇ ਦਰਿੰਦੇ ਵੱਲੋਂ ਪਿਛਲੇ ਅੱਠ ਮਹੀਨਿਆਂ ਤੋਂ ਕਿਧਰੇ ਛੁਪਾ ਰੱਖਿਆ ਹੋਇਆ ਸੀ, ਦੀ ਘੱਗਰ ਦਰਿਆ ਵਿੱਚੋਂ ਲਾਸ਼ ਮਿਲਣ ਦਾ ਸਮਾਚਾਰ ਪ੍ਰਾਪਤ ਹੋਇਆ ਹੈ।ਮ੍ਰਿਤਕ ਬੱਚੀ ਦਾ ਨਾਮ ਸਿਮਰਨਜੀਤ ਕੌਰ ਦੱਸਿਆ ਜਾ ਰਿਹਾ ਹੈ। ਲਗਭਗ ਅੱਠ ਮਹੀਨੇ ਪਹਿਲਾਂ ਸਿਮਰਨਜੀਤ ਕੌਰ ਗੁੰਮ ਹੋ ਗਈ ਸੀ। ਲੜਕੀ ਦੇ ਨਾਨਾ ਮਿੱਠੂ ਸਿੰਘ ਨੇ ਪੁਲਸ ਚੌਂਕੀ ਸੀਂਗੋ ਵਿਖੇ ਮੁਕੱਦਮਾ ਨੰਬਰ 174 ਮਿਤੀ 2 -11 -24 ਦਰਜ ਕਰਵਾਇਆ ਸੀ।ਪੀੜਤ ਪਰਿਵਾਰ ਤੋਂ ਮਿਲੀ ਜਾਣਕਾਰੀ ਅਨੁਸਾਰ ਉਕਤ ਮੁਕੱਦਮੇ ਵਿੱਚ ਮ੍ਰਿਤਕ ਲੜਕੀ ਦੇ ਨਾਨਾ ਮਿੱਠੂ ਸਿੰਘ ਨੇ ਲਵਪ੍ਰੀਤ ਸਿੰਘ ਲੱਭੀ, ਉਸਦੀ ਭੂਆ ਕੁਲਵਿੰਦਰ ਕੌਰ ਅਤੇ ਮਾਂ ਕੁਲਵੰਤ ਕੌਰ ਦੇ ਖਿਲਾਫ ਦੋਸ਼ ਲਾਉਂਦਿਆਂ ਉਕਤ ਸਾਰਿਆਂ ਨੂੰ ਉਸ ਦੀ ਨਬਾਲਗ ਦੋਹਤੀ ਨੂੰ ਵਰਗਲਾ ਕੇ ਕਿਧਰੇ ਲੈ ਜਾਣ ਦੇ ਕਥਿਤ ਦੋਸ਼ੀ ਠਹਿਰਾਇਆ ਸੀ।ਇਹ ਖਬਰ ਲਿਖੇ ਜਾਣ ਤਕ ਲਾਸ਼ ਤਲਵੰਡੀ ਸਾਬੋ ਦੇ ਸਿਵਲ ਹਸਪਤਾਲ ਦੀ ਮੋਰਚਰੀ ਵਿੱਚ ਪਈ ਹੈ। ਇਸ ਮਾਮਲੇ ਦੇ ਸੰਬੰਧ ਵਿੱਚ ਪੱਖ ਜਾਨਣ 'ਤੇ ਐੱਸਐੱਚਓ ਥਾਣਾ ਤਲਵੰਡੀ ਸਾਬੋ ਪਰਬਤ ਸਿੰਘ ਨੇ ਦੱਸਿਆ ਕਿ ਉਕਤ ਮੁਕੱਦਮਾ ਨੰਬਰ 174 ਮਿਤੀ 2-11-24 ਵਿੱਚ ਭਾਰਤੀ ਦੰਡਾਵਲੀ ਦੀਆਂ ਪੁਰਾਣੀਆਂ ਧਾਰਾਵਾਂ 302, 201, 120 ਬੀ ਅਤੇ 34 ਆਈਪੀਸੀ ਦਾ ਵਾਧਾ ਕਰਕੇ ਕਥਿਤ ਦੋਸ਼ੀਆਂ ਦੀ ਗ੍ਰਿਫਤਾਰੀ ਲਈ ਛਾਪੇਮਾਰੀ ਕੀਤੀ ਜਾ ਰਹੀ ਹੈ।



# ਮੈਂ ਆਪਣੇ ਸਹੁਰੇ ਕੇਵਲ ਸਿੰਘ ਖੇਲਾ ਦੀ ਮੌਤ ਲਈ ਜ਼ਿੰਮੇਵਾਰ ਨਹੀਂ ਹਾਂ: ਸਿਮਰਨਜੀਤ ਕੌਰ

ਜੰਡਿਆਲਾ ਗੁਰੂ (ਹਰਿੰਦਰ ਪਾਲ ਸਿੰਘ): ਬੀਤੇ ਦਿਨੀਂ ਅਕਾਲ ਚਲਾਣਾ ਕਰ ਗਏ ਕੇਵਲ ਸਿੰਘ ਖੇਲਾ ਦੀ ਮੌਤ ਸਬੰਧੀ ਇੱਕ ਨਿੱਜੀ ਹੋਟਲ ਵਿੱਚ ਲੜਕੀ ਸਿਮਰਨਜੀਤ ਕੌਰ ਦੇ ਪਰਿਵਾਰ ਵੱਲੋਂ ਕੀਤੀ ਗਈ ਪ੍ਰੈੱਸ ਮੀਟਿੰਗ ਵਿੱਚ ਉਸ ਦੇ ਚਾਚੇ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਇਸ ਹੱਤਿਆ ਵਿੱਚ ਸਾਡੀ ਲੜਕੀ ਦਾ ਕੋਈ ਵੀ ਰੋਲ ਨਹੀਂ ਹੈ ਤੇ ਉਨ੍ਹਾਂ ਨੇ ਇਹ ਵੀ ਦੱਸਿਆ ਕਿ ਲੜਕੀ ਦੀ ਮਾਂ ਸਦਮੇ ਵਿੱਚ ਹੈ।ਲੜਕੀ ਦੇ ਚਾਚੇ ਨੇ ਕਿਹਾ ਕਿ ਸਾਡੀ ਲੜਕੀ 10 ਸਾਲ ਪਹਿਲਾਂ ਦੀਪਕ ਪਾਲ ਸਿੰਘ ਪੁੱਤਰ ਕੇਵਲ ਕ੍ਰਿਸ਼ਨ ਸਿੰਘ ਖੇਲਾ ਦੇ ਨਾਲ ਵਿਆਹੀ ਸੀ।ਲੜਕਾ ਪਰਿਵਾਰ ਸਾਡੀ ਲੜਕੀ ਨੂੰ ਤੰਗ ਕਰਦਾ ਸੀ।ਕਈ ਵਾਰ ਪਹਿਲਾਂ ਵੀ ਲੜਕੀ ਨੂੰ ਤੰਗ ਪਰੇਸ਼ਾਨ ਕੀਤਾ ਗਿਆ।2016 ਵਿੱਚ ਅਸੀਂ ਪੰਚਾਇਤੀ ਫੈਸਲਾ ਵੀ ਕੀਤਾ ਗਿਆ ਸੀ ਜਿਸ ਵਿੱਚ ਲੜਕਾ ਦਿਮਾਗੀ ਪ੍ਰੇਸ਼ਾਨੀ ਦੇ ਕਾਰਨ ਦਵਾਈਆਂ ਖਾਂਦਾ ਸੀ। ਅਸੀਂ ਵੀ ਕਈ ਵਾਰ ਇਨ੍ਹਾਂ ਨਾਲ ਜਾ ਕੇ ਇਸਦੀ ਦਵਾਈ ਲੈ ਕੇ ਆਉਂਦੇ ਸੀ। ਦਿਮਾਗੀ ਪ੍ਰੇਸ਼ਾਨੀ ਦੇ ਚਲਦਿਆਂ ਕਈ ਵਾਰੀ ਇਸ ਨੇ ਸਾਡੀ ਲੜਕੀ ਨਾਲ ਕੁੱਟਮਾਰ ਕੀਤੀ ਤੇ ਲੜਕੀ ਦੇ ਸਹੁਰੇ ਕੇਵਲ ਕ੍ਰਿਸ਼ਨ ਸਿੰਘ ਜੋ ਕਿ ਇੱਕ ਚੰਗੇ ਸੁਭਾਅ ਦੇ ਮਾਲਕ ਸਨ, ਦੇ ਕਹਿਣ 'ਤੇ ਅਸੀਂ ਲੜਕੀ ਨੂੰ ਵਾਪਿਸ ਭੇਜ ਦਿੰਦੇ ਸੀ ਪਰ ਦੋ ਮਹੀਨੇ ਪਹਿਲਾਂ ਸਾਡੀ ਲੜਕੀ ਨਾਲ ਕੁੱਟ ਮਾਰ ਕੀਤੀ ਤੇ ਓਹ ਸਾਡੇ ਘਰ ਆ ਗਈ। ਸਾਡੀ ਧੀ ਆਪਣੇ ਸਹੁਰੇ ਕੇਵਲ ਕ੍ਰਿਸ਼ਨ ਖੇਲੇ ਦੇ ਕਹਿਣ 'ਤੇ



ਆਪਣੀ ਲੜਕੀ ਨੂੰ ਮਿਲਣ ਵਾਸਤੇ ਸਹੁਰੇ ਘਰ ਗਈ ਤੇ ਜਾਂਦਿਆਂ ਹੀ ਉਸ ਦੀ ਸੱਸ ਅਤੇ ਦਰਾਣੀ ਨੇ ਉਸ ਨੂੰ ਫੜ ਲਿਆ ਤੇ ਕੁੱਟਮਾਰ ਕਰਨ ਲੱਗ ਪਏ ਜਿਸ ਨੂੰ ਵੇਖ ਕੇ ਕੇਵਲ ਸਿੰਘ ਖੇਲੇ ਨੇ ਆਵਾਜ਼ਾਂ ਮਾਰੀਆਂ ਕਿ ਨਾ ਕਰੋ ਨਾ ਕਰੋ ਤੇ ਬਾਅਦ 'ਚ ਸਿਰ ਸੁੱਟ ਲਿਆ।ਸਾਡੀ ਕੁੜੀ ਨੇ ਦੱਸਿਆ ਕਿ ਸਿਰ ਸੁੱਟਣ ਤੋਂ ਬਾਅਦ ਵੀ ਮੇਰੀ ਕੁੱਟਮਾਰ ਕਰਦੇ ਰਹੇ। ਉਲਟਾ ਮੇਰੇ ਸਹੁਰੇ ਦੀ ਹੱਤਿਆ ਦਾ ਇਲਜ਼ਾਮ ਮੇਰੇ ਤੇ ਮੇਰੇ ਪਰਿਵਾਰ 'ਤੇ ਲਾਇਆ ਜਾ ਰਿਹਾ ਹੈ। ਮੈਂ ਪੁਲਸ ਪ੍ਰਸ਼ਾਸਨ ਤੋਂ ਮੰਗ ਕਰਦੀ ਹਾਂ ਕਿ ਮੈਨੂੰ ਇਨਸਾਫ ਦਿੱਤਾ ਜਾਵੇ। ਮੈਂ ਆਪਣੇ ਸਹੁਰੇ ਦੀ ਹੱਤਿਆ ਕਿਉਂ ਕਰਾਂਗੀ।ਇਸ ਸਬੰਧੀ ਡੀਐੱਸਪੀ ਜੰਡਿਆਲਾ ਪਹਿਲਾਂ ਹੀ ਬਿਆਨ ਦੇ ਚੁੱਕੇ ਹਨ ਕਿ ਪੋਸਟਮਾਰਟਮ ਦੀ ਰਿਪੋਰਟ ਆਉਣ ਤੋਂ ਬਾਅਦ ਅਗਲੇਰੀ ਕਾਨੂੰਨੀ ਕਾਰਵਾਈ ਕੀਤੀ ਜਾਵੇਗੀ।

# ਨਸ਼ੀਲੀਆਂ ਗੋਲੀਆਂ ਤੇ ਡਰੱਗ ਮਨੀ ਸਮੇਤ ਪਿਓ-ਪੁੱਤ ਗ੍ਰਿਫਤਾਰ

ਸੁਨਾਮ ਊਧਮ ਸਿੰਘ ਵਾਲਾ (ਅਸ਼ੋਕ ਬਾਂਸਲ ਹਾਕਮ ਭੱਟੀ)-ਹਰਵਿੰਦਰ ਸਿੰਘ ਖਹਿਰਾ ਪੀਪੀਐੱਸ, ਡੀਐੱਸਪੀ ਸੁਨਾਮ ਨੇ ਪ੍ਰੈੱਸ ਨੂੰ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਯੁੱਧ ਨਸ਼ਿਆਂ ਵਿਰੁੱਧ ਚਲਾਈ ਗਈ ਮੁਹਿੰਮ ਦੇ ਤਹਿਤ ਪ੍ਰਤੀਕ ਜਿੰਦਲ ਐੱਸਐੱਚਓ ਸਿਟੀ ਸਨਾਮ ਦੀ ਮਿਹਨਤ ਸਦਕਾ ਸਬ ਇੰਸਪੈਕਟਰ ਗੁਰਮੇਲ ਸਿੰਘ ਇੰਚਾਰਜ ਚੌਕੀ ਸਿਟੀ ਸੁਨਾਮ ਨੇ ਨਰਿੰਦਰ ਕੁਮਾਰ ਉਰਫ ਪੱਪੂ, ਪੁੱਤਰ ਲੀਲਾ ਰਾਮ, ਵਾਸੀ ਵਾਰਡ ਨੰਬਰ 14 ਸਨਾਮ ਦੇ ਖਿਲਾਫ ਮੁਕੱਦਮਾ ਥਾਣਾ ਸਿਟੀ ਸੁਨਾਮ, ਦਰਜ ਕਰਕੇ ਉਸ ਨੂੰ ਗ੍ਰਿਫਤਾਰ ਕਰਕੇ ਉਸ ਪਾਸੋਂ 300 ਨਸ਼ੀਲੀਆਂ ਗੋਲੀਆਂ ਬਰਾਮਦ ਕੀਤੀਆਂ।

ਦੋਸ਼ੀ ਨਰਿੰਦਰ ਕੁਮਾਰ ਉਰਫ ਪੱਪੂ ਦੀ ਪੁੱਛ ਗਿੱਛ ਤੇ ਇਸ ਦੇ ਲੜਕੇ ਆਜ਼ਾਦ ਕੁਮਾਰ ਨੂੰ ਵੀ ਮੁਕੱਦਮੇ ਵਿੱਚ ਨਾਮਜ਼ਦ ਕੀਤਾ ਗਿਆ ਜਿਸ ਨੂੰ ਉਕਤ ਮੁਕੱਦਮੇ ਵਿੱਚ ਗ੍ਰਿਫਤਾਰ ਕਰਕੇ ਉਸ ਪਾਸੋਂ 50 ਹੋਰ ਨਸ਼ੀਲੀਆਂ ਗੋਲੀਆਂ ਬਰਾਮਦ ਕੀਤੀਆਂ।

ਇਸ ਤੋਂ ਇਲਾਵਾ ਦੋਸ਼ੀਆਂ ਤੋਂ ਨਸ਼ੀਲੀਆਂ ਗੋਲੀਆਂ ਵੇਚ ਕੇ ਕਮਾਈ 6 ਲੱਖ ਰੁਪਏ ਡਰੱਗ ਮਨੀ ਵੀ ਬਰਾਮਦ ਕੀਤੀ ਗਈ। ਉਕਤ ਦੋਸ਼ੀ ਇਹ ਗੋਲੀਆਂ ਕਿਸ ਤੋਂ ਲੈਂਦੇ ਸਨ ਅਤੇ ਇਸ ਨੈੱਟਵਰਕ ਵਿੱਚ ਹੋਰ ਕੌਣ ਸ਼ਾਮਿਲ ਹੈ, ਇਸਦੀ ਤਫਤੀਸ਼ ਅਜੇ ਜਾਰੀ ਹੈ।

# 'ਆਪ' ਦਾ ਉਮੀਦਵਾਰ ਲੁਧਿਆਣਾ ਜ਼ਿਮਨੀ ਚੋਣ 'ਚ ਸ਼ਾਨਦਾਰ ਜਿੱਤ ਪ੍ਰਾਪਤ ਕਰੇਗਾ: ਜੱਗਾ ਮਜੀਠਾ

ਮਜੀਠਾ (ਸੋਇਮ ਆਨੰਦ) ਚੋਣ ਕਮਿਸ਼ਨ ਨੇ ਲੁਧਿਆਣਾ ਪੱਛਮੀ ਵਿਧਾਨ ਸਭਾ ਸੀਟ ਲਈ ਉਪ ਚੋਣਾਂ ਦਾ ਐਲਾਨ ਕਰ ਦਿੱਤਾ ਹੈ।19 ਜੂਨ ਨੂੰ ਵੋਟਿੰਗ ਹੋਣੀ ਹੈ ਅਤੇ 23 ਜੂਨ ਨੂੰ ਗਿਣਤੀ ਹੋਵੇਗੀ। ਕਾਂਗਰਸ, ਆਮ ਆਦਮੀ ਪਾਰਟੀ, ਭਾਜਪਾ ਅਤੇ ਅਕਾਲੀ ਦਲ ਨੇ ਆਪਣੇ ਉਮੀਦਵਾਰਾਂ ਦਾ ਐਲਾਨ ਕਰ ਦਿੱਤਾ ਹੈ।ਆਮ ਆਦਮੀ ਪਾਰਟੀ ਨੇ ਰਾਜ ਸਭਾ ਮੈਂਬਰ ਸੰਜੀਵ ਅਰੋੜਾ ਨੂੰ ਲੁਧਿਆਣਾ ਪੱਛਮੀ ਉਪ ਚੋਣ ਲਈ ਆਪਣਾ ਉਮੀਦਵਾਰ ਬਣਾਇਆ ਹੈ।ਉਨ੍ਹਾਂ ਦੀ ਚੋਣ ਮੁਹਿੰਮ ਨੂੰ ਮਜ਼ਬੂਤੀ ਦੇਣ ਲਈ ਅੱਜ ਮਜੀਠਾ ਵਿੱਚ ਆਮ ਆਦਮੀ ਪਾਰਟੀ ਦੇ ਹਲਕਾ ਇੰਚਾਰਜ ਜਗਵਿੰਦਰਪਾਲ ਸਿੰਘ ਜੱਗਾ ਮਜੀਠੀਆ ਦੇ ਘਰ ਸਾਰੇ ਬਲਾਕ ਇੰਚਾਰਜਾਂ ਤੇ ਕੋਆਰਡੀਨੇਟਰਾਂ ਦੀ ਮੀਟਿੰਗ ਹੋਈ, ਜਿਸ ਵਿੱਚ ਪਹਿਲਾਂ ਨਵੇਂ ਚੁਣੇ ਗਏ ਮੈਂਬਰਾਂ ਦਾ ਸਵਾਗਤ ਕੀਤਾ ਗਿਆ ਅਤੇ ਚੋਣ ਮੁੱਦਿਆਂ ਤੇ ਚਰਚਾ ਕਰਨ ਤੋਂ ਬਾਅਦ, ਪ੍ਰਚਾਰ ਕਮੇਟੀ ਦੇ ਤਹਿਤ 20 ਟੀਮਾਂ ਬਣਾਈਆਂ ਗਈਆਂ ਜੋ ਉਪ ਚੋਣ ਦੌਰਾਨ ਲੁਧਿਆਣਾ ਵਿੱਚ ਪ੍ਰਚਾਰ ਕਰਨਗੀਆਂ।ਉਹ ਇੱਥੇ ਰਹਿ ਕੇ ਆਮ ਆਦਮੀ ਪਾਰਟੀ ਲਈ ਪ੍ਰਚਾਰ ਕਰੇਗੀ ਅਤੇ ਉਮੀਦਵਾਰ



ਸੰਜੀਵ ਅਰੋੜਾ ਦੀ ਜਿੱਤ ਦਾ ਰਾਹ ਤਿਆਰ ਕਰੇਗੀ।ਜਾਣਕਾਰੀ ਦਿੰਦੇ ਹੋਏ ਜਗਵਿੰਦਰਪਾਲ ਸਿੰਘ ਜੱਗਾ ਮਜੀਠੀਆ ਨੇ ਕਿਹਾ ਕਿ ਪੰਜਾਬ ਦੀ ਭਗਵੰਤ ਮਾਨ ਸਰਕਾਰ ਨੇ ਆਮ ਲੋਕਾਂ ਲਈ ਜੋ ਕੁਝ ਕੀਤਾ ਹੈ ਉਹ ਆਪਣੇ ਆਪ ਵਿੱਚ ਇੱਕ ਉਦਾਹਰਣ ਹੈ, ਜੇਕਰ ਇੱਛਾ ਸ਼ਕਤੀ ਹੋਵੇ ਤਾਂ ਸਮਾਜ ਲਈ ਕੀ ਨਹੀਂ ਕੀਤਾ ਜਾ ਸਕਦਾ।ਜੱਗਾ ਮਜੀਠੀਆ ਨੇ ਕਿਹਾ ਕਿ ਨਸ਼ਿਆਂ ਵਿਰੁੱਧ ਜੰਗ ਵਿੱਚ ਉਨ੍ਹਾਂ ਨੂੰ ਆਮ ਲੋਕਾਂ ਦਾ ਪੂਰਾ ਸਮਰਥਨ ਮਿਲ ਰਿਹਾ ਹੈ ਜਿਸ ਤੋਂ ਪਤਾ ਲੱਗਦਾ ਹੈ ਕਿ ਪੰਜਾਬ ਸਰਕਾਰ ਲੋਕਾਂ ਲਈ ਕੰਮ ਕਰ ਰਹੀ ਹੈ ਅਤੇ ਲੋਕ ਉਨ੍ਹਾਂ ਦੇ ਕੰਮ ਦੀ ਕਦਰ ਕਰ ਰਹੇ ਹਨ ਅਤੇ ਇਹੀ ਕਾਰਨ ਹੈ ਕਿ ਆਮ ਆਦਮੀ ਪਾਰਟੀ ਲੁਧਿਆਣਾ ਜ਼ਿਮਨੀ ਚੋਣ ਵੱਡੇ ਫਰਕ ਨਾਲ ਜਿੱਤੇਗੀ।ਇਸ ਮੌਕੇ ਆਮ ਆਦਮੀ ਪਾਰਟੀ ਦੇ ਹਲਕਾ ਇੰਚਾਰਜ ਜਗਵਿੰਦਰ ਸਿੰਘ ਜੱਗਾ ਮਜੀਠੀਆ ਦੇ ਸਪੁੱਤਰ ਅਤੇ ਮੋਹਰੀ ਆਗੂ ਅਕਾਸ਼ਦੀਪ ਸਿੰਘ ਮਜੀਠਾ, ਕਾਬਲ ਸਿੰਘ ਮਜੀਠਾ, ਕੋਆਰਡੀਨੇਟਰ ਤਰਸੇਮ ਸਿੰਘ ਚਾਚੋਵਾਲੀ, ਸਰਪੰਚ ਰਾਜ ਕੁਮਾਰ, ਸਰਪੰਚ ਲਖਵਿੰਦਰ ਸਿੰਘ ਬੇਗੇਵਾਲ, ਕੋਆਰਡੀਨੇਟਰ ਪਰਮਿੰਦਰ ਸਿੰਘ ਰੋਮਾਣਾ ਚੱਕ, ਸਰਪੰਚ ਬਲਬੀਰ ਸਿੰਘ ਬੋਪਾਰਾਏ, ਸਰਪੰਚ ਗੁਰਜੀਤ ਸਿੰਘ ਭੋਏਵਾਲ, ਲਵਪ੍ਰੀਤ ਸਿੰਘ ਕੋਆਰਡੀਨੇਟਰ ਰਾਮਜੀਤ ਸਿੰਘ ਮਜੀਠੀਆ, ਕੋਆਰਡੀਨੇਟਰ ਯੂਪੀ ਤਰਵਿੰਦਰ ਸਿੰਘ ਸਾਧਪੁਰ, ਮਨਜੀਤ ਸਿੰਘ ਟਾਹਲੀ ਸਾਹਿਬ, ਮਾ ਬਲਵਿੰਦਰ ਸਿੰਘ ਕਾਦਰਾਬਾਦ, ਸੁਖਚੈਨ ਸਿੰਘ ਤਲਵੰਡੀ ਖੁਮਾਣ, ਮਨਜਿੰਦਰ ਸਿੰਘ ਮਾਗਾ ਸਰਾਏ, ਬਲਾਕ ਪ੍ਰਧਾਨ ਕ੍ਰਿਪਾਲ ਸਿੰਘ, ਸੋਨੀ ਸਰੀਂਹ ਕੱਥੂਨੰਗਲ, ਅਮਰਬੀਰ ਸਿੰਘ ਡਾਰੀਕੇ, ਬਲਜਿੰਦਰ ਸਿੰਘ ਟਰਪਈ, ਰੁਪਿੰਦਰ ਸਿੰਘ ਵਡਾਲਾ, ਪ੍ਰਿਤਪਾਲ ਸਿੰਘ ਭੋਆ ਕੋਆਰਡੀਨੇਟਰ, ਸੁਰਜੀਤ ਸਿੰਘ, ਬਲਬੀਰ ਕੋਆਰਡੀਨੇਟਰ, ਸ. ਪਰਗਟ ਸਿੰਘ ਸ਼ਹਿਜ਼ਾਦਾ ਆਦਿ ਹਾਜ਼ਰ ਸਨ।

# ਜੇਈਈ ਐਡਵਾਂਸਡ 'ਚ ਦਕਸ਼ ਵੱਲੋਂ ਆਲ ਇੰਡੀਆ 15ਵਾਂ ਰੈਂਕ ਹਾਸਲ

ਪਟਿਆਲਾ : ਜੇ. ਈ. ਈ. ਦੀ ਤਿਆਰੀ ਲਈ ਭਾਰਤ ਦਾ ਮੋਹਰੀ ਸਿੱਖਿਆ ਪਲੇਟਫਾਰਮ ਵੇਦਾਂਤੂ ਮਾਣ ਨਾਲ ਜੇਈਈ ਐਡਵਾਂਸਡ - 2025 ਵਿੱਚ ਆਪਣੇ ਵਿਦਿਆਰਥੀਆਂ ਦੇ ਸ਼ਾਨਦਾਰ ਪ੍ਰਦਰਸ਼ਨ ਦਾ ਐਲਾਨ ਕਰਦਾ ਹੈ।ਬੰਗਲੌਰ ਦੇ ਦਕਸ਼ ਤਾਇਆਲੀਆ ਨੇ ਆਲ ਇੰਡੀਆ 15ਵਾਂ ਰੈਂਕ ਪ੍ਰਾਪਤ ਕਰਦੇ ਹੋਏ ਗਣਿਤ ਵਿੱਚ ਪੂਰੇ 120 ਅੰਕ ਪ੍ਰਾਪਤ ਕੀਤੇ ਹਨ ਅਤੇ ਕਰਨਾਟਕ 'ਚ ਅੱਵਲ ਰੈਂਕ ਹਾਸਲ ਕੀਤਾ ਹੈ। 3 ਸਾਲਾ ਲੰਬੀ ਮਿਆਦ ਦੇ ਬੈਚ ਦੌਰਾਨ ਦਕਸ਼ ਦਾ ਅਟੁੱਟ ਅਨੁਸ਼ਾਸਨ, ਵਚਨਬੱਧਤਾ ਅਤੇ ਪ੍ਰਕਿਰਿਆ ਵਿੱਚ ਵਿਸ਼ਵਾਸ ਸੱਚਮੁੱਚ ਪ੍ਰੇਰਨਾਦਾਇਕ ਰਿਹਾ ਹੈ।ਵੇਦਾਂਤੂ ਪਰਿਵਾਰ ਨੂੰ ਗੋਰਖਪੁਰ ਦੇ ਪ੍ਰਾਖਰ ਸਿੰਘ 'ਤੇ ਵੀ ਮਾਣ ਹੈ ਜਿਸਨੇ ਲੰਬੀ ਮਿਆਦ ਦੇ ਬੈਚ ਦੇ ਹਿੱਸੇ ਵਜੋਂ ਏ. ਆਈ. ਆਰ. 92ਵਾਂ ਰੈਂਕ ਪ੍ਰਾਪਤ ਕੀਤਾ ਹੈ।

ਵੇਦਾਂਤੂ ਦੇ ਸਹਿ-ਸੰਸਥਾਪਕ ਅਤੇ ਅਕਾਦਮਿਕ ਮੁਖੀ ਆਨੰਦ ਪ੍ਰਕਾਸ਼ ਨੇ ਕਿਹਾ ਕਿ ਸਾਡੇ ਵਿਦਿਆਰਥੀਆਂ ਵੱਲੋਂ ਇਸ ਪੱਧਰ ਤੱਕ ਸਫਲ ਹੁੰਦੇ ਦੇਖ ਕੇ ਸਾਨੂੰ ਹੋਰ ਇਨਰਜੈਟਿਕ ਬਣਨ ਦੀ ਪ੍ਰੇਰਨਾ ਮਿਲਦੀ ਹੈ।

# ਪੰਜਾਬ ਦਿਨ ਪ੍ਰਤੀ ਦਿਨ ਵਿਕਾਸ ਪੱਖੋਂ ਪੱਛੜਦਾ ਹੀ ਜਾ ਰਿਹਾ : ਰਵੀਕਰਨ ਕਾਹਲੋਂ

ਬਟਾਲਾ, (ਤਰਲੋਕ ਬੱਗਾ)-ਭਾਜਪਾ ਦੇ ਜ਼ਿਲ੍ਹਾ ਪ੍ਰਧਾਨ ਹਰਸਿਮਰਨ ਸਿੰਘ ਹੀਰਾ ਵਾਲੀਆ ਦੀ ਅਗਵਾਈ ਹੇਠ ਜ਼ਿਲ੍ਹਾ ਕਾਰਜਸ਼ਾਲਾ ਪ੍ਰੋਗਰਾਮ ਦਾ ਆਯੋਜਨ ਹਲਕਾ ਫਤਿਹਗੜ੍ਹ ਚੂੜੀਆਂ ਤੋਂ ਸੀਨੀਅਰ ਭਾਜਪਾ ਲੀਡਰ ਰਵੀਕਰਨ ਸਿੰਘ ਕਾਹਲੋਂ ਦੇ ਯਤਨਾਂ ਸਦਕਾ ਕਰਵਾਇਆ ਗਿਆ ਜਿਸ ਵਿਚ ਪੰਜਾਬ ਭਾਜਪਾ ਦੇ ਸੈਕਟਰੀ ਸੂਰਜ ਭਾਰਦਵਾਜ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ।ਇਸ ਮੌਕੇ ਸੰਬੋਧਨ ਕਰਦਿਆਂ ਸੂਰਜ ਭਾਰਦਵਾਜ ਨੇ ਕਿਹਾ ਕਿ ਭਾਜਪਾ ਵੱਲੋਂ ਸੂਬੇ ਭਰ ਅੰਦਰ ਕਾਰਜਸ਼ਾਲਾ ਦਾ ਆਯੋਜਨ ਕੀਤਾ ਜਾ ਰਿਹਾ ਹੈ ਤਾਂ ਜੋ ਮੋਦੀ ਸਰਕਾਰ ਦੀਆਂ 11 ਸਾਲਾਂ ਦੀਆਂ ਲੋਕ ਭਲਾਈ ਸਕੀਮਾਂ ਅਤੇ ਵਿਕਾਸ ਕਾਰਜਾਂ ਤੋਂ ਲੋਕਾਂ ਨੂੰ ਜਾਣੂ ਕਰਵਾਇਆ ਜਾ ਸਕੇ।ਉਨ੍ਹਾਂ ਕਿਹਾ ਕਿ ਮੋਦੀ ਸਰਕਾਰ ਜਿੱਥੇ ਦੇਸ਼ ਨੂੰ ਆਰਥਿਕ ਪੱਖੋਂ ਮਜ਼ਬੂਤ ਕਰ ਰਹੀ ਹੈ ਉਥੇ ਦੇਸ਼ ਦੇ ਆਮ ਨਾਗਰਿਕਾਂ ਦਾ ਵੀ ਵਿਕਾਸ ਕਰ ਰਹੀ ਹੈ ਅੱਜ ਦੇਸ਼ ਅੰਦਰ ਤੇਜੀ ਨਾਲ ਸੜਕਾਂ ਦਾ ਜਾਲ ਵਿਛ ਰਿਹਾ ਹੈ। ਇਸ ਤੋਂ ਇਲਾਵਾ ਹਰ ਸੈਕਟਰ ਵਿਚ ਭਾਜਪਾ ਦੀ ਸਰਕਾਰ ਨੇ ਵਿਕਾਸ ਦੀਆਂ ਨਵੀਆਂ ਉਚਾਈਆਂ ਨੂੰ ਛੂਹਿਆ ਹੈ।ਉਨ੍ਹਾਂ ਕਿਹਾ ਕਿ ਪੰਜਾਬ ਲਗਾਤਾਰ



ਵਿਕਾਸ ਪੱਖੋਂ ਪੱਛੜ ਰਿਹਾ ਹੈ ਕਿਉਂਕਿ ਪਹਿਲਾ ਕਾਂਗਰਸ ਅਤੇ ਹੁਣ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਵਿਕਾਸ ਦੇ ਨਾਮ 'ਤੇ ਆਪਣੀਆਂ ਜੇਬਾਂ ਭਰੀਆਂ ਹਨ।ਅੱਜ ਪੰਜਾਬ ਨੂੰ ਭਾਜਪਾ ਦੀ ਅਗਵਾਈ ਵਾਲੀ ਮਜ਼ਬੂਤ ਸਰਕਾਰ ਦੀ ਲੋੜ ਹੈ ਜਾਂ ਭਾਜਪਾ ਸ਼ਾਸਤ ਬਾਕੀ ਸੂਬਿਆਂ ਵਾਂਗ ਪੰਜਾਬ ਦਾ ਵੀ ਸਹੀ ਢੰਗ ਨਾਲ ਵਿਕਾਸ ਹੋ ਸਕੇ।ਇਸ ਮੌਕੇ ਸੰਬੋਧਨ ਕਰਦਿਆਂ ਭਾਜਪਾ ਜਿਲ੍ਹਾ ਪ੍ਰਧਾਨ ਹੀਰਾ ਵਾਲੀਆ ਨੇ ਕਿਹਾ ਕਿ ਭਾਜਪਾ ਨੇ ਦੇਸ਼ ਦੀ ਰਾਜਨੀਤੀ ਵਿਚ ਵਿਕਾਸ ਦਾ ਨਵਾਂ ਅਧਿਆਏ ਲਿਖਿਆ ਹੈ ਜਿਸਦੇ ਚੱਲਦਿਆਂ ਦੇਸ਼ ਦੇ ਜਿਆਦਾ ਸੂਬਿਆਂ ਵਿਚ ਅੱਜ ਭਾਜਪਾ ਦੀ ਸਰਕਾਰ ਹੈ। ਉਹਨਾਂ ਕਿਹਾ ਕਿ ਜਿਸ ਸੂਬੇ ਵਿਚ ਭਾਜਪਾ ਦੀ ਸਰਕਾਰ ਬਣੀ ਹੈ ਮੁੜ ਵਿਰੋਧੀ ਪਾਰਟੀਆਂ ਦਹਾਕਿਆਂ ਤੱਕ ਰਾਜਨੀਤੀ ਤੋਂ ਵਾਂਝੀਆਂ ਹੋ ਜਾਂਦੀਆਂ ਹਨ ਕਿਉਂਕਿ ਭਾਜਪਾ ਦਾ ਮਕਸਦ ਹੀ ਲੋਕ ਸੇਵਾ ਅਤੇ ਲੋਕਾਂ ਦਾ ਵਿਕਾਸ ਕਰਨਾ ਹੈ।

ਹੁਣ ਸਮਾਂ ਆ ਗਿਆ ਹੈ ਕਿ ਪੰਜਾਬ ਅੰਦਰ ਵੀ ਭਾਜਪਾ ਦੀ ਸਰਕਾਰ ਬਣਾਈ ਜਾਵੇ ਤਾਂ ਜੋ ਪੰਜਾਬ ਵੀ ਵਿਕਾਸ ਦੀਆਂ ਨਵੀਆਂ ਲੀਹਾਂ ਛੂਹ ਸਕੇ। ਇਸ ਮੌਕੇ ਰੌਸ਼ਨ ਲਾਲ, ਸ਼ਕਤੀ ਸ਼ਰਮਾ, ਸੰਦੀਪ ਅਜ਼ਾਦ, ਗੁਰਿੰਦਰਪਾਲ ਸਿੰਘ ਅਤੇ ਉਨ੍ਹਾਂ ਦੇ ਨਾਲ ਪੰਜਾਬ ਤੋਂ ਜਨਰਲ ਸੈਕਟਰੀ ਮਹਿਲਾ ਮੋਰਚਾ ਅੰਬਿਕਾ ਖੰਨਾ ਪਹੁੰਚੇ ਇਸ ਮੌਕੇ ਵਿੱਕੀ ਕੁਸ਼ਲ, ਪੰਕਜ ਸ਼ਰਮਾ, ਸੁਰਿੰਦਰ ਕੁਮਾਰ, ਸਵਿੰਦਰ ਸਿੰਘ ਖੈਹਰਾ, ਰਮਨ ਨੰਦਾ, ਸੋਨੂ ਕੁਮਾਰ, ਬਲਵਿੰਦਰ ਮਹਿਤਾ, ਗਰਦੋਰ ਸਿੰਘ, ਅੰਮ੍ਰਿਤਪਾਲ ਸਿੰਘ ਮਠਾਰੂ, ਰਣਜੀਤ ਪੰਨੂ, ਪ੍ਰਦੀਪ ਸਰਮਾ, ਜਤਿੰਦਰ ਸਿੰਘ, ਕਸ਼ਮੀਰ ਸਿੰਘ, ਜਤਿੰਦਰ ਸਿੰਘ, ਸੰਮੀ ਭੱਟੀ, ਵਰੁਣ ਡਡਵਾਲ, ਰਵਿੰਦਰ ਸਿੰਘ ਖੱਖ, ਅਮਨਪ੍ਰੀਤ ਸਿੰਘ ਹੋਰ ਵੀ ਕਈ ਸੀਨੀਅਰ ਵਰਕਰ ਮੌਜੂਦ ਸਨ।

ਗੁਰੂ ਤੇਗ ਬਹਾਦਰ ਪਬਲਿਕ ਸਕੂਲ, ਛਾਜਲੀ (ਸੰਗਰੂਰ)
ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ ਦੇ ਪ੍ਰਬੰਧ ਅਧੀਨ
2025-26 ਦਾਖ਼ਲੇ ਸ਼ੁਰੂ
ਐਕਟੀਵਿਟੀ ਬੇਸਡ ਲਰਨਿੰਗ
ਉੱਚ ਗੁਣਵੱਤਾ ਵਾਲੇ ਅਧਿਆਪਕ
ਸਮਾਰਟ ਕਲਾਸ ਰੂਮ, ਪਲੇਅ ਸਟੇਸ਼ਨ
ਸੈਂਟਰਲਾਈਜ਼ਡ ਸਿਲੇਬਸ ਅਤੇ ਪ੍ਰੀਖਿਆਵਾਂ
ਮਾਡਰਨ ਸਾਇੰਸ/ਕੰਪਿਊਟਰ/ਭਾਸ਼ਾ ਲੈਬਜ਼
ਆਰ.ਓ. ਸਿਸਟਮ, ਸੀ.ਸੀ.ਟੀ.ਵੀ. ਕੈਮਰੇ
ਲਾਇਬ੍ਰੇਰੀ ਦੀ ਸਹੂਲਤ, ਵਿਸ਼ਾਲ ਖੇਡ ਸਟੇਡੀਅਮ
ਅੰਮ੍ਰਿਤਧਾਰੀ ਵਿਦਿਆਰਥੀਆਂ ਨੂੰ ਹਰ ਸਾਲ ਵਜ਼ੀਫ਼ੇ
ਉੱਚੀਆਂ ਕਦਰਾਂ ਕੀਮਤਾਂ ਅਤੇ ਨੈਤਿਕ ਸਿੱਖਿਆ ਦਾ ਪ੍ਰਬੰਧ
"ਆਪਣੇ ਬੱਚੇ ਨੂੰ ਮਿਆਰੀ ਸਿੱਖਿਆ ਦਿਵਾਉਣ ਤੋਂ ਇਲਾਵਾ ਸਿੱਖੀ ਸਿਧਾਂਤਾਂ ਪ੍ਰਤੀ ਜਾਗਰੂਕ ਕਰਨ ਅਤੇ ਸਰਬਪੱਖੀ ਸ਼ਖ਼ਸੀਅਤ ਦੇ ਵਿਕਾਸ ਲਈ ਨੈਤਿਕ ਸਿੱਖਿਆ ਨਾਲ ਭਰਪੂਰ ਜੀਵਨ ਜਿਊਣ ਦੀ ਜਾਚ ਦੀ ਸਿਖਲਾਈ ਲਈ ਆਪਣੇ ਨੇੜੇ ਦੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਬੰਧ ਅਧੀਨ ਚੱਲ ਰਹੀ ਸੰਸਥਾ ਵਿੱਚ ਦਾਖ਼ਲ ਕਰਵਾਓ।"
ਐਡਵੋਕੇਟ ਹਰਜਿੰਦਰ ਸਿੰਘ ਧਾਮੀ
ਪ੍ਰਧਾਨ ਸ਼੍ਰੋ.ਗੁ.ਪ੍ਰ.ਕਮੇਟੀ, ਸ੍ਰੀ ਅੰਮ੍ਰਿਤਸਰ
ਸ. ਗੁਰਪ੍ਰੀਤ ਸਿੰਘ, ਪ੍ਰਿੰਸੀਪਲ
ਬੀਬੀ ਸਤਵੰਤ ਕੌਰ, ਸਹਾਇਕ ਡਾਇਰੈਕਟਰ ਐਜੂਕੇਸ਼ਨ (ਸਕੂਲਜ਼)
ਸ. ਸੁਖਮਿੰਦਰ ਸਿੰਘ, ਸਕੱਤਰ ਵਿੱਦਿਆ/ਡਾਇਰੈਕਟਰ ਐਜੂਕੇਸ਼ਨ
99151-02338, 01676-260004 gtbpublicschoolchhajli@gmail.com

ਵਾਤਾਵਰਣ ਦਿਵਸ 'ਤੇ ਵਾਤਾਵਰਣ ਬਚਾਉਣ ਸੰਬੰਧੀ ਉਪਰਾਲੇ ਜੁਟਾਉਣ ਲਈ ਦਿੜ੍ਹਬਾ ਤੋਂ ਪੱਤਰਕਾਰ ਜਸਵੀਰ ਲਾਡੀ ਵੱਲੋਂ ਵਿਸ਼ੇਸ਼ ਸਪਲੀਮੈਂਟ ਕੱਢਣ 'ਤੇ ਲੱਖ-ਲੱਖ ਵਧਾਈਆਂ।
ਰਾਜਿੰਦਰ ਪਾਲ ਚੰਗਾਲੀਵਾਲ, ਸੀਨੀ. ਮੀਤ ਪ੍ਰਧਾਨ, ਪੰਜਾਬ
ਉਜਾਗਰ ਸਿੰਘ ਜੱਗਾ, ਬ੍ਰਾਂਚ ਪ੍ਰਧਾਨ, ਸੁਨਾਮ
ਨਛੱਤਰ ਸਿੰਘ ਚੱਠਾ, ਸੀਨੀਅਰ ਮੈਂਬਰ
ਟੈਕਨੀਕਲ ਅਤੇ ਮਕੈਨੀਕਲ ਇੰਪਲਾਈਜ਼ ਯੂਨੀਅਨ ਪੰਜਾਬ

ਫੁੱਲ ਏ.ਸੀ. ਬਿਲਡਿੰਗ
Play Group to 8th
ਸੀਮਿਤ ਸੀਟਾਂ
ਸੀ.ਬੀ.ਐਸ.ਈ. ਤੋਂ ਮਾਨਤਾ ਪ੍ਰਾਪਤ
(ਮਾਨਤਾ ਨੰਬਰ 1630888)
ਨਰਸਰੀ ਤੋਂ ਬਾਰਵੀਂ ਕਲਾਸ
ਸਾਰੇ ਵਿਸ਼ੇ : ਆਰਟਸ, ਕਾਮਰਸ, ਮੈਡੀਕਲ ਅਤੇ ਨਾਨ-ਮੈਡੀਕਲ
ਨਵੇਂ ਸੈਸ਼ਨ ਲਈ ਦਾਖ਼ਲਾ ਸ਼ੁਰੂ
ਹੋਲੀ ਹਾਰਟ ਪਬਲਿਕ ਸੀ.ਸੈ. ਸਕੂਲ
e.mail : hhpschhajli@gmail.com
ਛਾਜਲੀ (ਸੰਗਰੂਰ) ਸੰਪਰਕ ਨੰਬਰ : 94176-66821, 94174-50100
ਮਨਦੀਪ ਚੱਠਾ, ਚੇਅਰਮੈਨ
ਅੰਮ੍ਰਿਤਪਾਲ ਚੱਠਾ, ਡਾਇਰੈਕਟਰ

ਵਾਤਾਵਰਣ ਦਿਵਸ ਤੇ ਵਾਤਾਵਰਣ ਬਚਾਉਣ ਸੰਬੰਧੀ ਉਪਰਾਲੇ ਜੁਟਾਉਣ ਲਈ ਦਿੜ੍ਹਬਾ ਤੋਂ ਪੱਤਰਕਾਰ ਜਸਵੀਰ ਲਾਡੀ ਵੱਲੋਂ ਵਿਸ਼ੇਸ਼ ਸਪਲੀਮੈਂਟ ਕੱਢਣ 'ਤੇ ਲੱਖ ਲੱਖ ਵਧਾਈਆਂ।
ਮਹੰਤ ਸ੍ਰੀ ਅੰਮ੍ਰਿਤ ਬਣ ਜੀ
ਵੱਲੋਂ : ਵੱਡਾ ਡੇਰਾ ਛਾਜਲੀ (ਸੰਗਰੂਰ)
ਮਹੰਤ ਸ੍ਰੀ ਅਮਰਜੀਤ ਬਣ ਜੀ

ਵਾਤਾਵਰਣ ਦਿਵਸ 'ਤੇ ਵਾਤਾਵਰਣ ਬਚਾਉਣ ਸੰਬੰਧੀ ਉਪਰਾਲੇ ਜੁਟਾਉਣ ਲਈ ਦਿੜ੍ਹਬਾ ਤੋਂ ਪੱਤਰਕਾਰ ਜਸਵੀਰ ਲਾਡੀ ਵੱਲੋਂ ਵਿਸ਼ੇਸ਼ ਸਪਲੀਮੈਂਟ ਕੱਢਣ 'ਤੇ ਲੱਖ-ਲੱਖ ਵਧਾਈਆਂ।
ਹਰਬੰਸ ਸਿੰਘ ਸੂਚ
ਜਨਰਲ ਸਕੱਤਰ ਕਿਸਾਨ ਵਿੰਗ ਪੰਜਾਬ
ਆਮ ਆਦਮੀ ਪਾਰਟੀ, ਪੰਜਾਬ

ਵਾਤਾਵਰਣ ਦਿਵਸ 'ਤੇ ਵਾਤਾਵਰਣ ਬਚਾਉਣ ਸੰਬੰਧੀ ਉਪਰਾਲੇ ਜੁਟਾਉਣ ਲਈ ਦਿੜ੍ਹਬਾ ਤੋਂ ਪੱਤਰਕਾਰ ਜਸਵੀਰ ਲਾਡੀ ਵੱਲੋਂ ਵਿਸ਼ੇਸ਼ ਸਪਲੀਮੈਂਟ ਕੱਢਣ 'ਤੇ ਲੱਖ-ਲੱਖ ਵਧਾਈਆਂ।
ਮਨਦੀਪ ਚੱਠਾ ਚੇਅਰਮੈਨ, ਹੋਲੀ ਹਾਰਟ ਪਬਲਿਕ ਸੀ. ਸੈ. ਸਕੂਲ
ਅੰਮ੍ਰਿਤਪਾਲ ਚੱਠਾ ਡਾਇਰੈਕਟਰ, ਹੋਲੀ ਹਾਰਟ ਪਬਲਿਕ ਸੀ. ਸੈ. ਸਕੂਲ

ਵਾਤਾਵਰਣ ਦਿਵਸ 'ਤੇ ਵਾਤਾਵਰਣ ਬਚਾਉਣ ਸੰਬੰਧੀ ਉਪਰਾਲੇ ਜੁਟਾਉਣ ਲਈ ਦਿੜ੍ਹਬਾ ਤੋਂ ਪੱਤਰਕਾਰ ਜਸਵੀਰ ਲਾਡੀ ਵੱਲੋਂ ਵਿਸ਼ੇਸ਼ ਸਪਲੀਮੈਂਟ ਕੱਢਣ 'ਤੇ ਲੱਖ-ਲੱਖ ਵਧਾਈਆਂ।
ਜਗਦੇਵ ਗਾਗਾ
ਜਨਰਲ ਸਕੱਤਰ ਆਲ ਇੰਡੀਆ ਯੂਥ ਕਾਂਗਰਸ
ਸੇਵਾਦਾਰ ਹਲਕਾ ਦਿੜ੍ਹਬਾ

ਵਾਤਾਵਰਣ ਦਿਵਸ 'ਤੇ ਵਾਤਾਵਰਣ ਬਚਾਉਣ ਸੰਬੰਧੀ ਉਪਰਾਲੇ ਜੁਟਾਉਣ ਲਈ ਦਿੜ੍ਹਬਾ ਤੋਂ ਪੱਤਰਕਾਰ ਜਸਵੀਰ ਲਾਡੀ ਵੱਲੋਂ ਵਿਸ਼ੇਸ਼ ਸਪਲੀਮੈਂਟ ਕੱਢਣ 'ਤੇ ਲੱਖ-ਲੱਖ ਵਧਾਈਆਂ।
ਵਾਲੀਆ ਸੀਮਿੰਟ ਸਟੋਰ
ਵਿੱਕੀ ਵਾਲੀਆ
ਜਾਖਲ ਰੋਡ ਛਾਜਲੀ ਕੈਂਚੀਆਂ (ਸੰਗਰੂਰ)
ਮੋਬਾ. 98558-27785, 98787-73412, 98152-98196

ਵਾਤਾਵਰਣ ਦਿਵਸ 'ਤੇ ਵਾਤਾਵਰਣ ਬਚਾਉਣ ਸੰਬੰਧੀ ਉਪਰਾਲੇ ਜੁਟਾਉਣ ਲਈ ਦਿੜ੍ਹਬਾ ਤੋਂ ਪੱਤਰਕਾਰ ਜਸਵੀਰ ਲਾਡੀ ਵੱਲੋਂ ਵਿਸ਼ੇਸ਼ ਸਪਲੀਮੈਂਟ ਕੱਢਣ 'ਤੇ ਲੱਖ-ਲੱਖ ਵਧਾਈਆਂ।
ਬਿਕਰਮਜੀਤ ਸਿੰਘ ਵਿੱਕੀ ਛਾਜਲੀ, ਸੀਨੀਅਰ ਅਕਾਲੀ ਆਗੂ ਸ਼੍ਰੋਮਣੀ ਅਕਾਲੀ ਦਲ (ਬਾਦਲ)
ਮਾਸਟਰ ਰਣਜੀਤ ਸਿੰਘ ਛਾਜਲਾ, ਸੀਨੀਅਰ ਅਕਾਲੀ ਆਗੂ ਸ਼੍ਰੋਮਣੀ ਅਕਾਲੀ ਦਲ (ਬਾਦਲ)
ਜਥੇਦਾਰ ਭਰਪੂਰ ਸਿੰਘ ਕਾਹਲ, ਸੀਨੀਅਰ ਅਕਾਲੀ ਆਗੂ ਸ਼੍ਰੋਮਣੀ ਅਕਾਲੀ ਦਲ (ਬਾਦਲ)

ਵਾਤਾਵਰਣ ਦਿਵਸ 'ਤੇ ਵਾਤਾਵਰਣ ਬਚਾਉਣ ਸੰਬੰਧੀ ਉਪਰਾਲੇ ਜੁਟਾਉਣ ਲਈ ਦਿੜ੍ਹਬਾ ਤੋਂ ਪੱਤਰਕਾਰ ਜਸਵੀਰ ਲਾਡੀ ਵੱਲੋਂ ਵਿਸ਼ੇਸ਼ ਸਪਲੀਮੈਂਟ ਕੱਢਣ 'ਤੇ ਲੱਖ-ਲੱਖ ਵਧਾਈਆਂ।
ਸਰਦਾਰ ਅਮਰਪ੍ਰੀਤ ਸੂਚ ਕੈਨੇਡਾ

ਵਾਤਾਵਰਣ ਦਿਵਸ 'ਤੇ ਵਾਤਾਵਰਣ ਬਚਾਉਣ ਸੰਬੰਧੀ ਉਪਰਾਲੇ ਜੁਟਾਉਣ ਲਈ ਦਿੜ੍ਹਬਾ ਤੋਂ ਪੱਤਰਕਾਰ ਜਸਵੀਰ ਲਾਡੀ ਵੱਲੋਂ ਵਿਸ਼ੇਸ਼ ਸਪਲੀਮੈਂਟ ਕੱਢਣ 'ਤੇ ਲੱਖ-ਲੱਖ ਵਧਾਈਆਂ।
ਇੰਦਰਜੀਤ ਸਿੰਘ (ਬਾਵਾ ਧਾਲੀਵਾਲ), ਸਮਾਜ ਸੇਵੀ
ਹਰਵਿੰਦਰ ਸਿੰਘ ਮੰਡੇਰ ਚੇਅਰਮੈਨ, ਮਾਰਕੀਟ ਕਮੇਟੀ ਸੂਲਰ ਘਰਾਟ

ਵਾਤਾਵਰਣ ਦਿਵਸ 'ਤੇ ਵਾਤਾਵਰਣ ਬਚਾਉਣ ਸੰਬੰਧੀ ਉਪਰਾਲੇ ਜੁਟਾਉਣ ਲਈ ਦਿੜ੍ਹਬਾ ਤੋਂ ਪੱਤਰਕਾਰ ਜਸਵੀਰ ਲਾਡੀ ਵੱਲੋਂ ਵਿਸ਼ੇਸ਼ ਸਪਲੀਮੈਂਟ ਕੱਢਣ 'ਤੇ ਲੱਖ-ਲੱਖ ਵਧਾਈਆਂ।
ਗੁਰਸੇਵਕ ਸਿੰਘ ਧਾਲੀਵਾਲ, ਪੰਚ
ਸੰਸਾਰ ਸਿੰਘ ਬੋਲਾ, ਪੰਚ

ਧੰਨਵਾਦ
ਮੈਂ ਧੰਨਵਾਦੀ ਹਾਂ ਉਹਨਾਂ ਸੱਜਣਾਂ ਮਿੱਤਰਾਂ ਦਾ, ਜਿਨ੍ਹਾਂ ਇਸ ਨਿਮਾਣੇ ਪੱਤਰਕਾਰ ਨੂੰ 'ਨਵਾਂ ਜ਼ਮਾਨਾ' ਅਖ਼ਬਾਰ ਵਿੱਚ ਸਪਲੀਮੈਂਟ ਪ੍ਰਕਾਸ਼ਤ ਲਈ ਸਹਿਯੋਗ ਕੀਤਾ ਹੈ ਅਤੇ ਮੈਨੂੰ ਇਸ ਕਾਬਲ ਸਮਝਿਆ ਹੈ। ਆਸ ਕਰਦਾ ਹਾਂ ਕਿ ਅੱਗੇ ਤੋਂ ਇਸੇ ਤਰ੍ਹਾਂ ਸਹਿਯੋਗ ਦਿੰਦੇ ਰਹਿਣਗੇ ਅਤੇ ਮੈਂ ਇਨ੍ਹਾਂ ਦੀਆਂ ਆਸਾਂ 'ਤੇ ਖਰਾ ਉੱਤਰਦਾ ਰਹਾਂਗਾ।
ਜਸਵੀਰ ਲਾਡੀ
ਪੱਤਰਕਾਰ ਦਿੜ੍ਹਬਾ
ਮੋਬਾਇਲ 98722-43621

ਵਾਤਾਵਰਣ ਦਿਵਸ 'ਤੇ ਵਾਤਾਵਰਣ ਬਚਾਉਣ ਸੰਬੰਧੀ ਉਪਰਾਲੇ ਜੁਟਾਉਣ ਲਈ ਦਿੜ੍ਹਬਾ ਤੋਂ ਪੱਤਰਕਾਰ ਜਸਵੀਰ ਲਾਡੀ ਵੱਲੋਂ ਵਿਸ਼ੇਸ਼ ਸਪਲੀਮੈਂਟ ਕੱਢਣ 'ਤੇ ਲੱਖ-ਲੱਖ ਵਧਾਈਆਂ।
ਗੁਰਬਿਆਸ ਸਿੰਘ ਸਰਪੰਚ ਅਤੇ ਸਮੂਹ ਮੈਂਬਰ ਗ੍ਰਾਮ ਪੰਚਾਇਤ ਛਾਜਲੀ
ਸੋਨੀ ਫੌਜੀ

S. Amrik Singh Dhaliwal 98781-22022
S. Gurjeet Singh (Bittu) 98783-22022
SARDAR PALACE
Sunam Road, CHHAJLI (Sangrur)

# 68 ਕਰੋੜ ਰੁਪਏ ਦੀ ਕਰਜ਼ਾ ਮੁਆਫ਼ੀ ਅਨੁਸੂਚਿਤ ਜਾਤੀਆਂ ਲਈ ਵੱਡਾ ਤੋਹਫ਼ਾ : ਡਾ. ਇਸ਼ਾਂਕ

**ਹੁਸ਼ਿਆਰਪੁਰ,(ਬਲਵੀਰ ਸਿੰਘ ਸੈਣੀ, ਓਮ ਪ੍ਰਕਾਸ਼ ਰਾਣਾ)**—ਪੰਜਾਬ ਸਰਕਾਰ ਨੇ ਅਨੁਸੂਚਿਤ ਜਾਤੀਆਂ ਲਈ ਇੱਕ ਵੱਡੀ ਰਾਹਤ ਦਾ ਐਲਾਨ ਕਰਦੇ ਹੋਏ 67.84 ਕਰੋੜ ਰੁਪਏ ਦੇ ਕਰਜ਼ੇ ਮੁਆਫ਼ ਕਰਨ ਦਾ ਇਤਿਹਾਸਕ ਫੈਸਲਾ ਲਿਆ ਹੈ। ਇਹ ਫੈਸਲਾ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਹੋਈ ਕੈਬਨਿਟ ਮੀਟਿੰਗ ਵਿੱਚ ਲਿਆ ਗਿਆ, ਜਿਸ ਨਾਲ ਲਗਭਗ 4,800 ਪਰਵਾਰਾਂ ਨੂੰ ਸਿੱਧਾ ਲਾਭ ਹੋਵੇਗਾ। ਇਹ ਕਰਜ਼ਾ ਮੁਆਫ਼ੀ ਪੰਜਾਬ ਅਨੁਸੂਚਿਤ ਜਾਤੀਆਂ ਭੂਮੀ ਵਿਕਾਸ ਅਤੇ ਵਿੱਤ ਨਿਗਮ (PSCFSC) ਵੱਲੋਂ 31 ਮਾਰਚ, 2020 ਤੱਕ ਦਿੱਤੇ ਗਏ ਕਰਜ਼ਿਆਂ 'ਤੇ ਲਾਗੂ ਹੋਵੇਗੀ। ਸਰਕਾਰ ਨੇ ਸਪੱਸ਼ਟ ਕੀਤਾ ਹੈ ਕਿ PSCFSC ਵਿਰੁੱਧ ਅਦਾਲਤਾਂ ਵਿੱਚ ਕੇਸ ਦਾਇਰ ਕਰਨ ਵਾਲੇ ਕਰਜ਼ਦਾਰ ਇਸ ਕਰਜ਼ ਮੁਆਫੀ ਲਈ ਸਿਰਫ਼ ਤਾਂ ਹੀ ਯੋਗ ਹੋਣਗੇ ਜੇਕਰ ਉਹ ਬਿਨਾਂ ਸ਼ਰਤ ਕੇਸ ਵਾਪਸ ਲੈ ਲੈਂਦੇ ਹਨ ਅਤੇ ਇਸ ਦੇ ਦਸਤਾਵੇਜ਼ੀ ਸਬੂਤ ਪ੍ਰਦਾਨ ਕਰਦੇ ਹਨ। ਇਸ ਫੈਸਲੇ ਦਾ ਸੁਆਗਤ ਕਰਦਿਆਂ ਚੱਬੇਵਾਲ ਦੇ ਵਿਧਾਇਕ ਡਾ. ਇਸ਼ਾਂਕ ਕੁਮਾਰ ਨੇ ਮੁੱਖ ਮੰਤਰੀ ਦਾ ਧੰਨਵਾਦ ਕੀਤਾ ਅਤੇ ਕਿਹਾ ਕਿ ਇਹ ਸਿਰਫ਼ ਕਰਜ਼ਾ ਮੁਆਫ਼ੀ ਨਹੀਂ ਹੈ, ਸਗੋਂ ਅਨੁਸੂਚਿਤ ਭਾਈਚਾਰੇ ਦੇ ਸਵੈ-ਮਾਣ ਨੂੰ ਬਹਾਲ ਕਰਨ ਵੱਲ ਇੱਕ ਮਜ਼ਬੂਤ ??ਕਦਮ ਹੈ। ਉਨ੍ਹਾਂ ਕਿਹਾ ਕਿ ਕੁਝ ਕਰਜ਼ੇ 1995 ਤੋਂ ਪਹਿਲਾਂ ਤੋਂ ਵੀ ਚੱਲ ਰਹੇ ਹਨ, ਅਤੇ ਬਹੁਤ ਸਾਰੇ ਕਰਜ਼ਾ ਲੈਣ ਵਾਲੇ ਹੁਣ ਨਹੀਂ ਰਹੇ ਪਰ ਉਨ੍ਹਾਂ ਦੇ ਪਰਵਾਰ ਅਜੇ ਵੀ ਕਰਜ਼ਿਆਂ ਅਤੇ ਵਿਆਜ ਦੇ ਚੱਕਰ ਵਿੱਚ ਫਸੇ ਹੋਏ ਹਨ।ਉਨ੍ਹਾਂ ਕਿਹਾ ਕਿ 'ਆਪ' ਸਰਕਾਰ ਨੇ ਇੱਕ ਵਾਰ ਫਿਰ ਸਾਬਤ ਕਰ ਦਿੱਤਾ ਹੈ ਕਿ ਇਹ ਸਿਰਫ਼ ਵਾਅਦੇ ਹੀ ਨਹੀਂ ਕਰਦੀ, ਸਗੋਂ ਉਨ੍ਹਾਂ ਨੂੰ ਪੂਰਾ ਵੀ ਕਰਦੀ ਹੈ। ਇਸ ਕਰਜ਼ੇ ਬਾਰੇ ਵੀ, ਪਿਛਲੀ ਹਰ ਸਰਕਾਰ ਨੇ ਇਸਨੂੰ ਮੁਆਫ਼ ਕਰਨ ਦੇ ਵਾਅਦੇ ਕੀਤੇ ਸਨ, ਪਰ ਸਿਰਫ਼ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਇਸਨੂੰ ਪੂਰਾ ਕੀਤਾ। ਉਨ੍ਹਾਂ ਕਿਹਾ ਕਿ ਇਹ ਫੈਸਲਾ ਸਿਰਫ਼ ਆਰਥਿਕ ਹੀ ਨਹੀਂ, ਸਗੋਂ ਸਮਾਜਿਕ ਨਿਆਂ ਦੀ ਦਿਸ਼ਾ ਵਿੱਚ ਚੁੱਕਿਆ ਗਿਆ ਇੱਕ ਇਤਿਹਾਸਕ ਕਦਮ ਹੈ।



# ਠੰਢੇ ਮਿੱਠੇ ਜਲ ਦੀ ਛਬੀਲ ਤੇ ਫਲਦਾਰ ਬੂਟਿਆਂ ਦਾ ਲੰਗਰ 7 ਨੂੰ

**ਬਲਾਚੌਰ (ਜਸਵਿੰਦਰ ਬੈਂਸ)**-ਪਿੰਡ ਸੁੱਜੋਵਾਲ ਵੱਲੋਂ ਬਲਾਚੌਰ ਰੋਪੜ ਨੈਸ਼ਨਲ ਹਾਈਵੇ 'ਤੇ ਰਾਮ ਨਗਰ ਪੁਲ ਨਜ਼ਦੀਕ ਠੰਢੇ ਮਿੱਠੇ ਜਲ ਦੀ ਛਬੀਲ ਅਤੇ ਫਲਦਾਰ ਬੂਟਿਆਂ ਦਾ ਲੰਗਰ 7 ਜੂਨ ਨੂੰ ਲਗਾਇਆ ਜਾ ਰਿਹਾ ਹੈ। ਸ੍ਰੀ ਗੁਰੂ ਰਵਿਦਾਸ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਮਾਸਟਰ ਸੋਹਣ ਸਿੰਘ ਨੇ ਦੱਸਿਆ ਕਿ ਨੌਜਵਾਨਾਂ ਵੱਲੋਂ ਜਿੱਥੇ ਠੰਢੇ ਮਿੱਠੇ ਜਲ ਦੀ ਛਬੀਲ ਲਗਾ ਕੇ ਸੰਗਤਾਂ ਦੀ ਸੇਵਾ ਕੀਤੀ ਜਾਵੇਗੀ ਉਥੇ ਬੂਟੇ ਵੰਡ ਕੇ ਵਾਤਾਵਰਣ ਨੂੰ ਪ੍ਰਦੂਸ਼ਿਤ ਹੋਣ ਤੋਂ ਰੋਕਣ ਹਿੱਤ ਵੀ ਵੱਡਾ ਉਪਰਾਲਾ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਇੱਕ ਪਾਸੇ ਜਿੱਥੇ ਕੁਝ ਸਮਾਜ ਵਿਰੋਧੀ ਅਨਸਰਾਂ ਵੱਲੋਂ ਵੱਡੇ ਪੱਧਰ ਤੇ ਰੁੱਖਾਂ ਦੀ ਕਟਾਈ ਕੀਤੀ ਜਾ ਰਹੀ ਹੈ ਉੱਥੇ ਦੂਸਰੇ ਪਾਸੇ ਸਾਡੇ ਨੌਜਵਾਨਾਂ ਵੱਲੋਂ ਠੰਢੇ ਮਿੱਠੇ ਜਲ ਦੀ ਛਬੀਲ ਦੇ ਨਾਲ ਸੰਗਤਾਂ ਨੂੰ ਇੱਕ ਇੱਕ ਪੌਦਾ ਵੀ ਦਿੱਤਾ ਜਾਵੇਗਾ। ਉਨ੍ਹਾਂ ਸਮੁੱਚੇ ਵਾਤਾਵਰਣ ਪ੍ਰੇਮੀਆਂ ਨੂੰ ਇਸ ਕਾਰਜ ਵਿੱਚ ਵੱਧ ਤੋਂ ਵੱਧ ਸਹਿਯੋਗ ਕਰਨ ਦੀ ਅਪੀਲ ਕੀਤੀ। ਇਸ ਮੌਕੇ ਪਰਵਿੰਦਰ ਕੁਮਾਰ, ਸੋਹਣ ਸਿੰਘ ਪ੍ਰਧਾਨ, ਸੋਹਣ ਟੇਲਰ, ਭਗਤ ਰਾਮ, ਪਵਨ ਕੁਮਾਰ, ਗੌਰਵ ਕੁਮਾਰ, ਅੰਮ੍ਰਿਤ ਸਿੰਘ, ਬਾਲਕ ਰਾਮ, ਪ੍ਰੀਤ ਸਿੰਘ, ਸੁੱਖਵਿੰਦਰ ਸਿੰਘ, ਮੁਕੇਸ਼ ਕੁਮਾਰ, ਨਰੇਸ਼ ਕੁਮਾਰ, ਨਰਿੰਦਰ ਕੁਮਾਰ, ਜਸਵੀਰ ਜੱਸੀ, ਸਮੁੱਚੇ ਪ੍ਰਬੰਧਕ ਅਤੇ ਸੇਵਾਦਾਰ ਹਾਜ਼ਰ ਸਨ।




# ਜਰਮਨੀ 'ਚ ਹੋਣ ਵਾਲੀਆਂ ਐਫ ਆਈ ਐਸ ਯੂ ਵਰਲਡ 'ਵਰਸਿਟੀ ਗੇਮਜ਼ 'ਚ ਐਲ ਪੀ ਯੂ ਵਿਦਿਆਰਥੀ ਭਾਰਤ ਦੀ ਨੁਮਾਇੰਦਗੀ ਕਰਨਗੇ




**ਜਲੰਧਰ, (ਸ਼ੈਲੀ ਐਲਬਰਟ)**

ਐਲ ਪੀ ਯੂ ਐਥਲੀਟਾਂ ਨੇ ਪ੍ਰਤਿਸ਼ਠਾਵਾਨ ਐਫ ਆਈ ਐਸ ਯੂ ਵਰਲਡ ਯੂਨੀਵਰਸਿਟੀ ਗੇਮਜ਼ 2025 ਜਰਮਨੀ ਵਿੱਚ, ਭਾਰਤ ਦੀ ਨੁਮਾਇੰਦਗੀ ਕਰਨ ਦਾ ਮਾਣ ਪ੍ਰਾਪਤ ਕੀਤਾ ਹੈ।ਇਸ ਇਤਿਹਾਸਕ ਪ੍ਰੋਗਰਾਮ ਵਿੱਚ 150 ਤੋਂ ਵੱਧ ਦੇਸ਼ਾਂ ਦੇ 8,500 ਤੋਂ ਵੱਧ ਵਿਦਿਆਰਥੀ-ਐਥਲੀਟ ਅਤੇ ਅਧਿਕਾਰੀ 18 ਤੋਂ ਵੱਧ ਵੱਖ-ਵੱਖ ਖੇਡਾਂ ਵਿੱਚ ਹਿੱਸਾ ਲੈਣਗੇ, ਜਿਸ ਨਾਲ ਇਹ ਇਸ ਸਾਲ ਵਿਸ਼ਵ ਪੱਧਰ 'ਤੇ ਸਭ ਤੋਂ ਵੱਡੇ ਮਲਟੀ-ਸਪੋਰਟ ਈਵੈਂਟਾਂ ਵਿੱਚੋਂ ਇੱਕ ਬਣ ਜਾਵੇਗਾ।ਵੱਖ-ਵੱਖ ਅਕਾਦਮਿਕ ਪ੍ਰੋਗਰਾਮਾਂ ਤੋਂ ਆਉਣ ਵਾਲੇ ਚੁਣੇ ਗਏ ਐਲ ਪੀ ਯੂ ਐਥਲੀਟ ਐਥਲੈਟਿਕਸ, ਤੀਰਅੰਦਾਜ਼ੀ, ਤਾਈਕਵਾਂਡੋ, ਜੂਡੋ, ਤਲਵਾਰਬਾਜ਼ੀ, ਸੈਲਿੰਗ ਅਤੇ ਬੈਡਮਿੰਟਨ ਵਿੱਚ ਯੂਨੀਵਰਸਿਟੀ ਦੀ ਮੌਜੂਦਗੀ ਨੂੰ ਪ੍ਰਦਰਸ਼ਿਤ ਕਰਦੇ ਹੋਏ ਸੱਤ ਖੇਡ ਸ਼੍ਰੇਣੀਆਂ ਵਿੱਚ ਮੁਕਾਬਲਾ ਕਰਨਗੇ।ਅਭਿਸ਼ੇਕ, ਅਭਿਮਨਿਊ ਅਤੇ ਪੂਜਾ ਐਥਲੈਟਿਕਸ ਵਿੱਚ ਭਾਰਤ ਦੀ ਨੁਮਾਇੰਦਗੀ ਕਰਨਗੇ, ਜਦੋਂ ਕਿ ਮ੍ਰਿਣਾਲ ਚੌਹਾਨ ਤੀਰਅੰਦਾਜ਼ੀ ਵਿੱਚ ਮੁਕਾਬਲਾ ਕਰਨਗੇ।ਸਤਵਿੰਦਰ ਨੂੰ ਤਾਇਕਵਾਂਡੋ ਲਈ, ਖੈਦੇਮ ਤਾਇਬੰਗਨਾਬੀ ਚਾਨੂ ਨੂੰ ਜੂਡੋ ਲਈ ਅਤੇ ਸਮੀਜਾ ਖੁਸ਼ੀ ਈਸ਼ਵਰਭਾਈ ਨੂੰ ਤਲਵਾਰਬਾਜ਼ੀ ਲਈ ਚੁਣਿਆ ਗਿਆ ਹੈ। ਸੈਲਿੰਗ ਟੀਮ ਵਿੱਚ ਮੋਹਿਤ ਕੁਮਾਰ, ਦੀਕਸ਼ਾ, ਪਵਿੱਤਰਾ, ਪੂਜਾ ਅਤੇ ਰਾਹੁਲ ਸ਼ਾਮਲ ਹਨ, ਜਦੋਂ ਕਿ ਰਾਜੁਲ ਸੈਣੀ ਬੈਡਮਿੰਟਨ ਵਿੱਚ ਹਿੱਸਾ ਲੈਣਗੇ।ਐਥਲੀਟਾਂ ਨੂੰ ਵਧਾਈ ਦਿੰਦੇ ਹੋਏ, ਰਾਜ ਸਭਾ ਮੈਂਬਰ ਅਤੇ ਐਲ ਪੀ ਯੂ ਦੇ ਸੰਸਥਾਪਕ ਚਾਂਸਲਰ, ਡਾ. ਅਸ਼ੋਕ ਕੁਮਾਰ ਮਿੱਤਲ ਨੇ ਕਿਹਾ, ਇਹ ਐਲਪੀਯੂ ਵਿੱਚ ਸਾਡੇ ਸਾਰਿਆਂ ਲਈ ਇੱਕ ਮਾਣ ਵਾਲਾ ਪਲ ਹੈ।ਸਾਡੇ ਵਿਦਿਆਰਥੀ ਜੋ ਭਾਰਤ ਦੀ ਨੁਮਾਇੰਦਗੀ ਕਰ ਰਹੇ ਹਨ।

## ਲੁਧਿਆਣਾ ਪੱਛਮੀ 'ਚ ਸੰਜੀਵ ਅਰੋੜਾ ਦੇ ਹੱਕ 'ਚ ਡਾ. ਰਾਜ ਕੁਮਾਰ ਚੱਬੇਵਾਲ ਵੱਲੋਂ ਪੈਦਲ ਮਾਰਚ

**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)**—ਲੁਧਿਆਣਾ ਪੱਛਮੀ ਤੋਂ ਆਮ ਆਦਮੀ ਪਾਰਟੀ ਦੇ ਉਮੀਦਵਾਰ ਸੰਜੀਵ ਅਰੋੜਾ ਦੇ ਹੱਕ ਵਿੱਚ ਹੁਸ਼ਿਆਰਪੁਰ ਤੋਂ ਸੰਸਦ ਮੈਂਬਰ ਡਾ. ਰਾਜ ਕੁਮਾਰ ਚੱਬੇਵਾਲ ਵੱਲੋਂ ਇੱਕ ਵਿਸ਼ਾਲ ਪੈਦਲ ਮਾਰਚ ਕੀਤਾ ਗਿਆ। ਇਹ ਪੈਦਲ ਮਾਰਚ ਲੋਕਾਂ ਵਿੱਚ ਚੋਣ ਜਾਗਰੂਕਤਾ ਫੈਲਾਉਣ ਅਤੇ ਸੰਜੀਵ ਅਰੋੜਾ ਦੇ ਹੱਕ ਵਿੱਚ ਸਮਰਥਨ ਜਤਾਉਣ ਲਈ ਕੀਤਾ ਗਿਆ। ਮਾਰਚ ਦੌਰਾਨ ਡਾ. ਚੱਬੇਵਾਲ ਨੇ ਬਾਜ਼ਾਰ ਵਿਚ ਹਰ ਦੁਕਾਨਦਾਰ ਅਤੇ ਗਾਹਕ ਨੂੰ ਮਿਲ ਕੇ ਅਤੇ ਘਰ-ਘਰ ਜਾ ਕੇ ਲੋਕਾਂ ਨਾਲ ਮੁਲਾਕਾਤ ਕੀਤੀ ਅਤੇ ਆਮ ਆਦਮੀ ਪਾਰਟੀ ਦੀ ਨੀਤੀਆਂ, ਵਿਕਾਸ ਕਾਰਜਾਂ ਅਤੇ ਲੋਕ ਭਲਾਈ ਯੋਜਨਾਵਾਂ ਬਾਰੇ ਜਾਣਕਾਰੀ ਦਿੱਤੀ। ਉਨ੍ਹਾਂ ਕਿਹਾ ਕਿ ਸੰਜੀਵ ਅਰੋੜਾ ਇੱਕ ਇਮਾਨਦਾਰ, ਨਿਰਭਿਕ ਅਤੇ ਲੋਕਾਂ ਦੀ ਸੇਵਾ ਲਈ ਸਮਰਪਿਤ ਉਮੀਦਵਾਰ ਹਨ। ਲੁਧਿਆਣਾ ਵਾਸੀਆਂ ਨੂੰ ਇੱਕ ਇਮਾਨਦਾਰ ਆਵਾਜ਼ ਚਾਹੀਦੀ ਹੈ ਜੋ ਵਿਧਾਨ ਸਭਾ ਵਿੱਚ ਉਨ੍ਹਾਂ ਦੇ ਹੱਕ ਦੀ ਗੱਲ ਕਰ ਸਕੇ। ਪੈਦਲ ਮਾਰਚ ਵਿੱਚ ਸਥਾਨਕ ਆਗੂਆਂ, ਵੋਲੰਟੀਅਰਾਂ ਅਤੇ ਵੱਡੀ ਗਿਣਤੀ ਵਿੱਚ ਲੋਕਾਂ ਨੇ ਭਾਗ ਲਿਆ।



## ਤੰਬਾਕੂ ਸੇਵਨ ਸਿਹਤ ਲਈ ਬਹੁਤ ਘਾਤਕ : ਡਾ. ਸੰਦੀਪ ਡਮਾਣਾ

**ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)**-ਸੀ ਐਚ ਸੀ ਹਾਰਟਾ ਬੱਡਲਾ ਸਿਹਤ ਵਿਭਾਗ ਦੀਆਂ ਹਦਾਇਤਾਂ ਅਤੇ ਸਿਵਲ ਸਰਜਨ ਡਾ.ਪਵਨ ਕੁਮਾਰ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਸੀਨੀਅਰ ਮੈਡੀਕਲ ਅਫਸਰ ਡਾ.ਮਨਪ੍ਰੀਤ ਸਿੰਘ ਬੈਂਸ ਦੀ ਪ੍ਰਧਾਨਗੀ ਹੇਠ ਸੀ.ਐਚ.ਸੀ ਹਾਰਟਾ ਬੱਡਲਾ ਵਿਖੇ ਵਿਸ਼ਵ ਨੋ ਤੰਬਾਕੂ ਦਿਵਸ ਮਨਾਇਅ ਗਿਆ।ਤੰਬਾਕੂ ਦੇ ਸੇਵਨ ਨਾਲ ਸਿਹਤ ਉਪਰ ਪੈਂਦੇ ਦੁਸ਼-ਪ੍ਰਭਾਵਾਂ ਬਾਰੇ ਦੱਸਦਿਆਂ ਐਮ.ਓ ਡੈਂਟਲ ਡਾ.ਸੰਦੀਪ ਡਮਾਣਾ ਨੇ ਕਿਹਾ ਕਿ ਵਿਸ਼ਵ ਨੋ ਤੰਬਾਕੂ ਦਿਵਸ ਹਰ ਸਾਲ 31 ਮਈ ਨੂੰ ਮਨਾਇਆ ਜਾਂਦਾ ਹੈ, ਜਿਸ ਦਾ ਮੁੱਖ ਉਦੇਸ਼ ਲੋਕਾਂ ਨੂੰ ਤੰਬਾਕੂ ਅਤੇ ਤੰਬਾਕੂ ਉਤਪਾਦਾਂ ਦੇ ਨੁਕਸਾਨ ਬਾਰੇ ਜਾਗੂਕ ਕਰਨਾ ਅਤੇ ਉਨ੍ਹਾਂ ਨੂੰ ਤੰਬਾਕੂ ਛੱਡਣ ਲਈ ਪ੍ਰੇਰਿਤ ਕਰਨਾ ਹੈ। ਇਸ ਦੌਰਾਨ ਹਾਜ਼ਰੀਨ ਨੂੰ ਤੰਬਾਕੂ ਦਾ ਸੇਵਨ ਨਾ ਕਰਨ ਅਤੇ ਦੂਜਿਆਂ ਨੂੰ ਸੁਚੇਤ ਕਰਨ ਸੰਬਧੀ ਇੱਕ ਸੰਹੁ ਚੁਕਾਈ ਗਈ।




# ਕੱਟਾਂ 'ਚ ਸਾਲਾਨਾ ਕਬੱਡੀ ਟੂਰਨਾਮੈਂਟ ਕਰਵਾਇਆ




**ਬੰਗਾ (ਅਵਤਾਰ ਕਲੇਰ)**

ਸ਼ਹੀਦਾਂ ਦੇ ਸਿਰਤਾਜ ਸ੍ਰੀ ਗੁਰੂ ਅਰਜਨ ਦੇਵ ਜੀ ਦੀ ਯਾਦ 'ਚ 6ਵਾਂ ਸਾਲਾਨਾ ਕਬੱਡੀ ਟੂਰਨਾਮੈਂਟ ਪਿੰਡ ਕੱਟਾਂ ਵਿਖੇ ਐਨ ਆਰ ਆਈ ਵੀਰਾਂ ਦੇ ਸਹਿਯੋਗ ਨਾਲ ਸਮੂਹ ਨਗਰ ਨਿਵਾਸੀਆਂ ਅਤੇ ਸੱਜਣਾਂ ਮਿੱਤਰਾਂ ਦੇ ਸਹਿਯੋਗ ਨਾਲ ਕਰਵਾਇਆ ਗਿਆ। ਪ੍ਰਬੰਧਕਾਂ ਵੱਲੋਂ ਨਸ਼ਿਆਂ ਦੀ ਦਲਦਲ ਵਿੱਚ ਫਸੀ ਨੌਜਵਾਨੀ ਨੂੰ ਬਚਾਉਣ ਦਾ ਇਹ ਇੱਕ ਸਾਰਥਕ ਉਪਰਾਲਾ ਹੈ। ਇਸ ਟੂਰਨਾਮੈਂਟ 'ਚ 50 ਸਾਲ ਤੋਂ ਵੱਧ ਉਮਰ ਦੇ ਖਿਡਾਰੀਆਂ ਦਾ ਮੈਚ ਬਹੁਤ ਹੀ ਵਧੀਆ ਰਿਹਾ। ਇਸ ਮੈਚ ਵਿੱਚ ਮੇਜ਼ਬਾਨ ਕੱਟਾਂ ਦੀ ਟੀਮ ਜੇਤੂ ਰਹੀ। ਇਸੇ ਤਰ੍ਹਾਂ ਛੋਟੇ ਬੱਚਿਆਂ ਦਾ ਮੈਚ ਵੀ ਕਾਫੀ ਦਿਲਚਸਪ ਸੀ। ਇਸ ਮੈਚ ਵਿੱਚ ਵੀ ਕੱਟਾਂ ਦੀ ਟੀਮ ਜੇਤੂ ਰਹੀ।ਓਪਨ ਦੇ ਫਾਈਨਲ ਮੈਚ ਵਿੱਚ ਰੁੜਕੇ ਦੀ ਟੀਮ ਜੇਤੂ ਰਹੀ ਜਿਸ ਦਾ ਮੁਕਾਬਲਾ ਲਿੱਤਰਾਂ ਦੀ ਟੀਮ ਨਾਲ ਹੋਇਆ।ਪਹਿਲੇ ਨੰਬਰ 'ਤੇ ਰਹਿਣ ਵਾਲੀ ਕਬੱਡੀ ਕਲੱਬ ਨੂੰ 50 ਹਜ਼ਾਰ ਰੁਪਏ ਦਾ ਨਕਦ ਇਨਾਮ ਅਤੇ ਦੂਜੇ ਸਥਾਨ 'ਤੇ ਰਹਿਣ ਵਾਲੀ ਟੀਮ ਨੂੰ 40 ਹਜ਼ਾਰ ਰੁਪਏ ਦਾ ਨਕਦ ਇਨਾਮ ਅਤੇ ਯਾਦਗਾਰੀ ਟਰਾਫੀਆਂ ਦਿੱਤੀਆਂ ਗਈਆਂ। ਬੈਸਟ ਰੇਡਰ ਅਤੇ ਬੈਸਟ ਜਾਫੀ ਨੂੰ ਐਲ ਏ ਡੀ ਦੇ ਕੇ ਸਨਮਾਨਤ ਕੀਤਾ ਗਿਆ। ਛੋਟੇ ਬੱਚਿਆਂ ਨੂੰ ਵੀ ਯਾਦਗਾਰੀ ਟਰਾਫੀਆਂ ਅਤੇ ਨਕਦ ਇਨਾਮਾਂ ਨਾਲ ਸਨਮਾਨਤ ਕੀਤਾ ਗਿਆ। ਪ੍ਰਬੰਧਕਾਂ ਵੱਲੋਂ ਦਰਸ਼ਕਾਂ ਲਈ ਠੰਢੇ, ਆਈਸ ਕਰੀਮ ਅਤੇ ਲੰਗਰ ਦਾ ਪ੍ਰਬੰਧ ਕੀਤਾ ਗਿਆ ਸੀ।

ਪ੍ਰਵਾਸੀ ਵੀਰਾਂ ਨੇ ਐਲਾਨ ਕੀਤਾ ਕਿ ਅਗਲੇ ਸਾਲ ਨੂੰ ਇਹ ਟੂਰਨਾਮੈਂਟ ਹੋਰ ਵੀ ਵੱਡੇ ਇਨਾਮਾਂ ਨਾਲ ਕਰਵਾਇਆ ਜਾਵੇਗਾ। ਜਿਸ ਵਿਚ ਜੇਤੂ ਟੀਮ ਨੂੰ ਇੱਕ ਲੱਖ ਰੁਪਏ ਦਾ ਨਕਦ ਇਨਾਮ ਅਤੇ ਉੱਪ ਜੇਤੂ ਟੀਮ ਨੂੰ 75 ਹਜ਼ਾਰ ਰੁਪਏ ਦਾ ਇਨਾਮ ਦਿੱਤਾ ਜਾਵੇਗਾ। ਇਸ ਮੌਕੇ ਦਰਸ਼ਕਾਂ ਨੂੰ ਲੱਕੀ ਕੂਪਨ ਇਨਾਮ ਵਿਚ ਪੱਖੇ ਵੀ ਕੱਢੇ ਗਏ।

## ਔਜਲਾ ਨੂੰ ਜਨਰਲ ਸਕੱਤਰ ਤੇ ਤੀਰਥ ਰਾਜਪੁਰਾ ਨੂੰ ਕੋਆਰਡੀਨੇਟਰ ਲਗਾਉਣ 'ਤੇ ਆਗੂਆਂ ਦਾ ਧੰਨਵਾਦ

**ਨੂਰਮਹਿਲ (ਬਾਲ ਕ੍ਰਿਸ਼ਨ ਬਾਲੀ)**- ਮਿਸ਼ਨਰੀ ਸਾਥੀ ਲਾਲ ਚੰਦ ਔਜਲਾ ਨੂੰ ਪੰਜਾਬ ਦਾ ਜਨਰਲ ਸਕੱਤਰ ਨਿਯੁਕਤ ਕਰਨ ਅਤੇ ਤੀਰਥ ਰਾਜਪੁਰਾ ਬਹੁਜਨ ਸਮਾਜ ਪਾਰਟੀ ਪੰਜਾਬ ਦੇ ਕੋਆਰਡੀਨੇਟਰ ਲਗਾਉਣ 'ਤੇ ਬਹੁਜਨ ਸਮਾਜ ਪਾਰਟੀ ਜ਼ਿਲ੍ਹਾ ਜਲੰਧਰ ਦੇ ਪ੍ਰਧਾਨ ਜਗਦੀਸ਼ ਸ਼ੇਰਪੁਰੀ ਅਤੇ ਵਿਧਾਨ ਸਭਾ ਹਲਕਾ ਨਕੋਦਰ ਦੇ ਸਾਬਕਾ ਪ੍ਰਧਾਨ ਮਲਕੀਤ ਚੁੰਬਰ ਵੱਲੋਂ ਬਸਪਾ ਦੇ ਰਾਸ਼ਟਰੀ ਪ੍ਰਧਾਨ ਪਰਮ ਸਤਿਕਾਰਯੋਗ ਭੈਣ ਕੁਮਾਰੀ ਮਾਇਆਵਤੀ ਸਾਬਕਾ ਮੁੱਖ ਮੰਤਰੀ ਉੱਤਰ ਪ੍ਰਦੇਸ਼, ਰਣਧੀਰ ਸਿੰਘ ਬੈਨੀਪਾਲ ਨੈਸ਼ਨਲ ਕੋਆਰਡੀਨੇਟਰ, ਵਿਪੁਲ ਕੁਮਾਰ ਕੇਂਦਰੀ ਪ੍ਰਭਾਰੀ ਅਤੇ ਡਾਕਟਰ ਅਵਤਾਰ ਸਿੰਘ ਕਰੀਮਪੁਰੀ ਪ੍ਰਧਾਨ ਬਹੁਜਨ ਸਮਾਜ ਪਾਰਟੀ ਪੰਜਾਬ ਸਾਬਕਾ ਸੰਸਦ, ਸਾਬਕਾ ਐਮ ਐਲ ਏ, ਇੰਚਾਰਜ ਜੰਮੂ ਕਸ਼ਮੀਰ ਅਤੇ ਚੰਡੀਗੜ੍ਹ ਦਾ ਬਹੁਤ ਬਹੁਤ ਧੰਨਵਾਦ ਕਰਦੇ ਅਤੇ ਲਾਲ ਚੰਦ ਔਜਲਾ ਨੂੰ ਸੂਬਾ ਜਨਰਲ ਸਕੱਤਰ ਬਸਪਾ ਪੰਜਾਬ ਇੰਚਾਰਜ ਵਿਧਾਨ ਸਭਾ ਹਲਕਾ ਫਿਲੌਰ ਬਣਨ ਅਤੇ ਤੀਰਥ ਰਾਜਪੁਰਾ ਨੂੰ ਬਹੁਜਨ ਸਮਾਜ ਪਾਰਟੀ ਪੰਜਾਬ ਦੇ ਕੋਆਰਡੀਨੇਟਰ ਬਣਨ 'ਤੇ ਬਹੁਜਨ ਸਮਾਜ ਪਾਰਟੀ ਜ਼ਿਲ੍ਹਾ ਜਲੰਧਰ ਅਤੇ ਹਲਕਾ ਫਿਲੌਰ ਤੇ ਨਕੋਦਰ ਹਲਕੇ ਵੱਲੋਂ ਬਹੁਤ ਬਹੁਤ ਮੁਬਾਰਕਾਂ।



## ਵਿਕਰਮਜੀਤ ਸਿੰਘ ਚੌਧਰੀ ਦੀ ਕਾਂਗਰਸ 'ਚ ਵਾਪਸੀ 'ਤੇ ਹਲਕਾ ਫਿਲੌਰ ਦੇ ਸਮੁੱਚੇ ਵਰਕਰਾਂ 'ਚ ਭਾਰੀ ਉਤਸ਼ਾਹ : ਡਾ. ਆਸ਼ੂ

**ਫਿਲੌਰ (ਬੀ ਐਸ ਕੈਨੇਡੀ)**- ਫਿਲੌਰ ਤੋਂ ਕਾਂਗਰਸ ਦੇ ਹਲਕਾ ਵਿਧਾਇਕ ਵਿਕਰਮਜੀਤ ਸਿੰਘ ਚੌਧਰੀ ਦੀ ਮੁਅੱਤਲੀ ਕਾਂਗਰਸ ਹਾਈਕਮਾਂਡ ਵੱਲੋਂ ਰੱਦ ਕਰ ਦਿੱਤੀ ਗਈ ਸੀ ਤੇ ਉਨ੍ਹਾਂ ਦੀ ਕਾਂਗਰਸ 'ਚ ਵਾਪਸੀ ਆਉਣ 'ਤੇ ਫਿਲੌਰ ਦੇ ਕਾਂਗਰਸੀ ਵਰਕਰਾਂ 'ਚ ਕਾਫ਼ੀ ਚਹਿਲ ਪਹਿਲ ਨਜ਼ਰ ਆ ਰਹੀ, ਇਸ ਮੌਕੇ ਡਾ. ਅਸ਼ਵਨੀ ਕੁਮਾਰ ਆਸ਼ੂ ਜਨਰਲ ਸਕੱਤਰ, ਜ਼ਿਲ੍ਹਾ ਜਲੰਧਰ ਦਿਹਾਤੀ ਸੋਮਪਾਲ ਮੈਂਗੜਾ, ਪੀਯੂਸ਼, ਗੁਰਪ੍ਰੀਤ ਜੌਹਲ, ਗਗਨ ਸਾਬਕਾ ਪੰਚ ਨੇ ਚੌਧਰੀ ਵਿਕਰਮਜੀਤ ਸਿੰਘ ਦਾ ਮੂੰਹ ਮਿੱਠਾ ਕਰਵਾਇਆ। ਕਾਂਗਰਸ ਪਾਰਟੀ 'ਚ ਦੁਬਾਰਾ ਆਉਣ 'ਤੇ ਵਧਾਈ ਦਿੱਤੀ। ਇਸ ਮੌਕੇ ਵਿਕਰਮਜੀਤ ਸਿੰਘ ਚੌਧਰੀ ਨੇ ਕਾਂਗਰਸ ਦੇ ਹਾਈਕਮਾਂਡ ਵਿਰੋਧੀ ਧਿਰ ਦੇ ਨੇਤਾ ਪ੍ਰਤਾਪ ਸਿੰਘ ਬਾਜਵਾ ਕਾਂਗਰਸ ਪੰਜਾਬ ਦੇ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ, ਸਾਬਕਾ ਮੰਤਰੀ ਗੁਰਕੀਰਤ ਸਿੰਘ ਕੋਟਲੀ ਦਾ ਵੀ ਧੰਨਵਾਦ ਕੀਤਾ।



# ਗਲੋਬਲ ਵਿਜ਼ਡਮ ਇੰਟਰਨੈਸ਼ਨਲ ਸਕੂਲ ਵਿਖੇ ਅਧਿਆਪਕਾਂ ਨੂੰ ਕੀਤਾ ਸਸ਼ਕਤ



**ਡੇਰਾ ਬੱਸੀ (ਵਿਨੈ ਕੁਮਾਰ ਜੈਨ)**-ਗਲੋਬਲ ਵਿਜ਼ਡਮ ਇੰਟਰਨੈਸ਼ਨਲ ਸਕੂਲ, ਡੇਰਾਬੱਸੀ ਨੇ ਅੱਜ ਅਧਿਆਪਨ ਸਟਾਫ਼ ਲਈ ਕਲਾਸਰੂਮ ਪ੍ਰਬੰਧਨ ਤੇ ਇੱਕ ਇੰਟਰਐਕਟਿਵ ਅਤੇ ਸੂਝਵਾਨ ਸਿਖਲਾਈ ਸੈਸ਼ਨ ਸਫਲਤਾਪੂਰਵਕ ਆਯੋਜਿਤ ਕੀਤਾ। ਇਸ ਸੈਸ਼ਨ ਦੀ ਸਹੂਲਤ ਜਸਪ੍ਰੀਤ ਅਧਿਆਪਕ ਸਿਖਲਾਈ ਮਾਹਰ, ਦੁਆਰਾ ਦਿੱਤੀ ਗਈ ਸੀ। ਸੈਸ਼ਨ ਦਾ ਮੁੱਖ ਉਦੇਸ਼ ਅਧਿਆਪਕਾਂ ਨੂੰ ਇੱਕ ਸਕਾਰਾਤਮਕ, ਦਿਲਚਸਪ ਅਤੇ ਉਤਪਾਦਕ ਸਿੱਖਣ ਵਾਤਾਵਰਣ ਨੂੰ ਉਤਸ਼ਾਹਿਤ ਕਰਨ ਲਈ ਵਿਹਾਰਕ ਤਕਨੀਕਾਂ ਨਾਲ ਜਾਣੂ ਕਰਵਾਉਣਾ ਸੀ। ਸੈਸ਼ਨ ਵਿੱਚ ਕਲਾਸਰੂਮ ਅਨੁਸ਼ਾਸਨ ਬਣਾਈ ਰੱਖਣ, ਪ੍ਰਭਾਵਸ਼ਾਲੀ ਸਮਾਂ ਪ੍ਰਬੰਧਨ, ਮਜ਼ਬੂਤ ਅਧਿਆਪਕ-ਵਿਦਿਆਰਥੀ ਸਬੰਧ ਬਣਾਉਣ, ਅਤੇ ਢਾਂਚਾਗਤ ਅਤੇ ਸਹਾਇਕ ਸਿੱਖਣ ਵਾਤਾਵਰਣ ਬਣਾਉਣ ਦੀ ਮਹੱਤਤਾ ਤੇ ਜ਼ੋਰ ਦਿੱਤਾ। ਬਿਹਤਰ ਸਿੱਖਣ ਦੇ ਨਤੀਜਿਆਂ ਲਈ ਆਧੁਨਿਕ ਕਲਾਸਰੂਮ ਰਣਨੀਤੀਆਂ ਨੂੰ ਲਾਗੂ ਕਰਨ ਲਈ ਇੱਕ ਨਵੀਂ ਵਚਨਬੱਧਤਾ ਨੂੰ ਜਗਾਇਆ। ਸਕੂਲ ਦੀ ਪ੍ਰਿੰਸੀਪਲ, ਡਾ. ਬਸੁੰਧਰਾ ਨੇ ਸਰੋਤ ਵਿਅਕਤੀ ਦਾ ਆਪਣੀ ਮੁਹਾਰਤ ਸਾਂਝੀ ਕਰਨ ਲਈ ਅਤੇ ਸੈਸ਼ਨ ਨੂੰ ਸੰਭਵ ਬਣਾਉਣ ਵਿੱਚ ਉਨ੍ਹਾਂ ਦੇ ਯਤਨਾਂ ਲਈ ਪ੍ਰਬੰਧਕ ਟੀਮ ਦਾ ਧੰਨਵਾਦ ਕੀਤਾ। ਇਸ ਤੋਂ ਇਲਾਵਾ, ਪ੍ਰਿੰਸੀਪਲ ਨੇ ਸਾਰੇ ਅਧਿਆਪਕਾਂ ਨੂੰ ਸਿਖਲਾਈ ਵਿੱਚ ਹਿੱਸਾ ਲੈਣ ਅਤੇ ਪ੍ਰਾਪਤ ਸੂਝਾਂ ਨੂੰ ਆਪਣੇ ਕਲਾਸਰੂਮਾਂ ਵਿੱਚ ਅੱਗੇ ਵਧਾਉਣ ਅਤੇ ਸਿੱਖਿਅਕਾਂ ਵਜੋਂ ਅੱਗੇ ਵਧਣ ਲਈ ਉਨ੍ਹਾਂ ਦੇ ਸਮਰਪਣ ਅਤੇ ਉਤਸ਼ਾਹ ਲਈ ਪ੍ਰੇਰਿਤ ਕੀਤਾ।

## ਵਿਰਾਸਤ-ਏ-ਸੱਭਿਆਚਾਰ 'ਚ ਛਾਏ ਐੱਸ ਟੀ ਐੱਸ ਵਰਲਡ ਸਕੂਲ ਦੇ ਵਿਦਿਆਰਥੀ

**ਗੁਰਾਇਆ (ਬਿੰਦਰ ਸੁਮਨ)**-ਨਵਾਂਸ਼ਹਿਰ ਵਿਖੇ ਹਾਲ ਹੀ ਵਿੱਚ ਕਰਵਾਏ ਗਏ ਵਿਰਾਸਤ-ਏ-ਸੱਭਿਆਚਾਰ ਸੀਜ਼ਨ 2 ਸਮਾਗਮ ਵਿੱਚ ਐੱਸ.ਟੀ.ਐੱਸ ਵਰਲਡ ਸਕੂਲ ਦੇ ਵਿਦਿਆਰਥੀਆਂ ਨੇ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਸਕੂਲ ਦਾ ਨਾਮ ਰੌਸ਼ਨ ਕੀਤਾ।ਇਸ ਸਮਾਗਮ ਵਿੱਚ ਬਲਕਿਰਤ ਕੌਰ ਨੇ ਮਿਸ ਪੰਜਾਬਣ ਦਾ ਤਾਜ ਲਈ ਹੋਣ ਵਾਲੇ ਸਮਾਗਮ ਲਈ ਚੁਣੀ ਗਈ। ਗਰੁੱਪ ਡਾਂਸ ਸ਼੍ਰੇਣੀ ਵਿੱਚ ਬਲਕੀਰਤ ਕੌਰ, ਸੁਖਜੋਬਨਪ੍ਰੀਤ ਕੌਰ, ਹਰਮਨ ਕੌਰ, ਰੁਪਿੰਦਰ ਕੌਰ ਅਤੇ ਗੁਰਵੀਨ ਕੌਰ ਨੇ ਪਹਿਲਾ ਸਥਾਨ ਪ੍ਰਾਪਤ ਕੀਤਾ। ਗੁਰਵੀਨ ਕੌਰ ਜ਼ਿਲ੍ਹਾ ਪੱਧਰ ਲਈ ਚੁਣੀ ਗਈ।ਇਹ ਪੂਰਾ ਨਾਚ ਪ੍ਰਸਿੱਧ ਡਾਂਸ ਕੋਰੀਓਗ੍ਰਾਫਰ ਰਾਜੀਵ ਕੁਮਾਰ ਦੀ ਅਗਵਾਈ ਹੇਠ ਤਿਆਰ ਕੀਤਾ ਗਿਆ ਸੀ। ਸਾਰੇ ਭਾਗੀਦਾਰਾਂ ਨੂੰ ਟਿਕਟ ਟੂ ਫਾਈਨਲ ਅਤੇ ਪ੍ਰਸ਼ੰਸਾ ਪੱਤਰ ਦੇ ਕੇ ਸਨਮਾਨਤ ਕੀਤਾ ਗਿਆ।ਇਸ ਮੌਕੇ ਸਕੂਲ ਦੀ ਪ੍ਰਿੰਸੀਪਲ ਪ੍ਰਭਜੋਤ ਗਿੱਲ ਨੇ ਸਾਰੇ ਜੇਤੂਆਂ ਨੂੰ ਵਧਾਈਆਂ ਦਿੱਤੀਆਂ ਅਤੇ ਉਨ੍ਹਾਂ ਦੇ ਸੁਨਹਿਰੇ ਭਵਿੱਖ ਲਈ ਸ਼ੁੱਭਕਾਮਨਾਵਾਂ ਪ੍ਰਗਟ ਕੀਤੀਆਂ।



## ਠੰਢੇ ਮਿੱਠੇ ਜਲ ਦੀ ਛਬੀਲ ਲਗਾਈ

**ਨਵਾਂਸ਼ਹਿਰ (ਕੁਲਵਿੰਦਰ ਸਿੰਘ ਦੁਰਗਾਪੁਰੀਆ)**- ਕੁਲਾਮ ਰੋਡ 'ਤੇ ਦੁਕਾਨਦਾਰ ਮਾਰਕੀਟ ਸੰਗਤ ਦੇ ਸਹਿਯੋਗ ਨਾਲ ਠੰਡੇ ਮਿੱਠੇ ਜਲ ਦੀ ਛਬੀਲ ਅਤੇ ਜਲੇਬੀਆਂ ਦਾ ਲੰਗਰ ਦਾਲ ਫੁਲਕਾ ਵਰਤਾਇਆ ਗਿਆ।ਜਿਸ ਵਿੱਚ ਭਾਰੀ ਗਿਣਤੀ ਵਿੱਚ ਰਾਹਗੀਰਾਂ ਨੇ ਜਲ ਅਤੇ ਜਲੇਬੀ ਦਾ ਲੰਗਰ ਛਕਿਆ ਅਤੇ ਸੰਗਤਾਂ ਨੂੰ ਮਿੱਠੇ ਜਲ ਦੀ ਸੇਵਾ ਕੀਤੀ ਅਤੇ ਸੰਗਤਾਂ ਨੂੰ ਸ਼ਰਧਾ ਭਾਵਨਾ ਨਾਲ ਲੰਗਰ ਛਕਾਇਆ ਗਿਆ। ਦੁਰਗਾਪੁਰ ਸਰਪੰਚ ਰੋਸ਼ਨ ਕੁਮਾਰ, ਸਾਬਕਾ ਸਰਪੰਚ ਆਤਮਾ ਰਾਮ, ਤਰਸੇਮ ਲਾਲ,ਜੋਗਿੰਦਰ ਸਤਨਾਮ ਸਿੰਘ ਚੂਹੜਪੁਰ ਸਤਨਾਮ ਕੁਲਾਮ, ਗਿਆਨ ਚੰਦ ਬਾਲੀ, ਮੋਹਿਤ ਬਾਲੀ, ਅਮਰਚੰਦ, ਸੋਢੀ ਮਿਸਤਰੀ, ਸਰਪੰਚ ਰੋਸ਼ਨ ਕੁਮਾਰ ਦੁਰਗਾਪੁਰ ਨੇ ਕਿਹਾ ਕਿ ਮਨੁੱਖਤਾ ਦੀ ਸੇਵਾ ਹੀ ਸੱਚੀ ਸੇਵਾ ਹੈ।ਇਸ ਮੌਕੇ ਪਾਲਾ, ਠੇਕੇਦਾਰ ਰਵੀ ਪਰਮਜੀਤ ਪੰਮਾ ਨੇ ਸੇਵਾ ਕੀਤੀ।

